21-MAR-PAGE-1.qxd 3/20/2025 9:14 PM Page 1

ਸ਼ੁੱਕਰਵਾਰ, 21 ਮਾਰਚ, 2025
8 ਚੇਤ { ਨਾਨਕਸ਼ਾਹੀ 557 / ਬਿਕਰਮੀ 2081
ਜਿਲਦ/VOL. : 73
ਅੰਕ/NO. : 289

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 21 MARCH, 2025
ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਕੇਂਦਰੀ ਮੰਤਰੀ ਦੇ ਭਾਣਜੇ ਟੂਟੀ ਦੇ ਪਾਣੀ ਤੋਂ ਲੜੇ, ਇੱਕ ਹਲਾਕ

**ਭਾਗਲਪੁਰ** : ਬਿਹਾਰ ਦੇ ਪਿੰਡ ਵਿੱਚ ਵੀਰਵਾਰ ਨੂੰ ਟੂਟੀ ਦਾ ਪਾਣੀ ਲੈਣ ਦੇ ਮਾਮਲੇ 'ਤੇ ਹੋਇਆ ਝਗੜਾ ਭਿਆਨਕ ਲੜਾਈ ਤੇ ਗੋਲੀਬਾਰੀ ਵਿੱਚ ਬਦਲ ਗਿਆ, ਜਿਸ ਕਾਰਨ ਕੇਂਦਰੀ ਮੰਤਰੀ ਨਿਤਿਆਨੰਦ ਰਾਏ ਦੇ ਭਾਣਜੇ ਦੀ ਮੌਤ ਹੋ ਗਈ। ਪੁਲਸ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਗੋਲੀਬਾਰੀ ਵਿੱਚ ਮ੍ਰਿਤਕ ਦੀ ਮਾਂ ਅਤੇ ਭਰਾ ਗੰਭੀਰ ਜ਼ਖਮੀ ਹੋ ਗਏ।

ਨੌਗਾਚੀਆ ਦੇ ਐੱਸ ਪੀ ਪ੍ਰੇਰਨਾ ਕੁਮਾਰ ਨੇ ਕਿਹਾ ਕਿ ਇਹ ਘਟਨਾ ਭਾਗਲਪੁਰ ਦੇ ਨਾਲ ਲੱਗਦੇ ਨੌਗਾਚੀਆ ਪੁਲਸ ਜ਼ਿਲ੍ਹੇ ਦੇ ਜਗਤਪੁਰ ਪਿੰਡ ਵਿੱਚ ਵਾਪਰੀ, ਜਿੱਥੇ ਦੋ ਭਰਾਵਾਂ ਵਿਸ਼ਵਜੀਤ ਅਤੇ ਜੈਜੀਤ ਯਾਦਵ ਦਾ ਇੱਕ ਟੂਟੀ ਤੋਂ ਪਾਣੀ ਲੈਣ ਨੂੰ ਲੈ ਕੇ ਝਗੜਾ ਹੋ ਗਿਆ। ਜਿਉਂ ਹੀ ਭਰਾਵਾਂ ਵਿੱਚ ਝਗੜਾ ਹੋਇਆ, ਉਨ੍ਹਾਂ ਦੀ ਮਾਂ ਨੇ ਦਖਲ ਦੇਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਵਿਸ਼ਵਜੀਤ ਨੂੰ ਗੋਲੀ ਮਾਰ ਦਿੱਤੀ ਗਈ ਅਤੇ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਉਸ ਦੇ ਭਰਾ ਅਤੇ ਮਾਂ ਨੂੰ ਹਸਪਤਾਲ ਲਿਜਾਇਆ ਗਿਆ। ਅਧਿਕਾਰੀਆਂ ਨੇ ਕਿਹਾ ਕਿ ਮਾਮਲੇ ਦੀ ਹੋਰ ਜਾਂਚ ਜਾਰੀ ਹੈ। ਜਦੋਂ ਉਨ੍ਹਾ ਤੋਂ ਪੁੱਛਿਆ ਗਿਆ ਕਿ ਕੀ ਮ੍ਰਿਤਕ ਕੇਂਦਰੀ ਗ੍ਰਹਿ ਰਾਜ ਮੰਤਰੀ ਨਿਤਿਆਨੰਦ ਰਾਏ ਦਾ 'ਭਾਣਜਾ' (ਭੈਣ ਦਾ ਪੁੱਤਰ) ਸੀ, ਜੋ ਕਿ ਵੈਸ਼ਾਲੀ ਜ਼ਿਲ੍ਹੇ ਦਾ ਰਹਿਣ ਵਾਲਾ ਹੈ, ਤਾਂ ਉਨ੍ਹਾ ਨੇ 'ਹਾਂ' ਵਿੱਚ ਜਵਾਬ ਦਿੱਤਾ।

# ਬੰਬਾਰਾਂ ਦੇ ਰੂਸੀ ਅੱਡੇ 'ਤੇ ਹਮਲਾ

**ਕੀਵ** : ਯੂਕਰੇਨ ਨੇ ਵੀਰਵਾਰ ਰੂਸ ਦੇ ਈਗਲਜ਼ ਸਟ੍ਰੈਟਜਿਕ ਬੰਬਰ ਬੇਸ 'ਤੇ ਡਰੋਨਾਂ ਨਾਲ ਹਮਲਾ ਕੀਤਾ। ਇਸ ਨਾਲ ਜ਼ਬਰਦਸਤ ਧਮਾਕਾ ਹੋਇਆ ਅਤੇ ਜੰਗ ਦੇ ਮੋਰਚਿਆਂ ਤੋਂ ਲਗਭਗ 700 ਕਿੱਲੋਮੀਟਰ ਤੱਕ ਅੱਗ ਨਜ਼ਰ ਆਈ। ਰੂਸੀ ਰੱਖਿਆ ਮੰਤਰਾਲੇ ਨੇ ਇਸ ਹਮਲੇ ਦੀ ਪੁਸ਼ਟੀ ਕੀਤੀ ਤੇ ਨਾਲ ਹੀ ਕਿਹਾ ਕਿ ਉਸ ਨੇ ਰੂਸੀ ਖੇਤਰ ਵਿੱਚ 132 ਡਰੋਨ ਸੁੱਟ ਲਏ। ਈਗਲਜ਼ ਬੇਸ ਵਿੱਚ ਸੋਵੀਅਤ ਵੇਲਿਆਂ ਦੇ ਬੰਬਾਰ ਪਏ ਹਨ। ਇਨ੍ਹਾਂ ਵਿੱਚ ਪ੍ਰਮਾਣੂ ਹਥਿਆਰ ਲਿਜਾਣ ਵਾਲਾ ਤੁਪੋਲੇਵ ਤੂ-160 ਵੀ ਹੈ, ਜਿਸ ਨੂੰ ਵ੍ਹਾਈਟ ਸਵੈਨ ਵੀ ਕਹਿੰਦੇ ਹਨ।

ਸਰਾਤੋਵ ਦੇ ਗਵਰਨਰ ਰੋਮਨ ਬੁਸਾਰਗਿਨ ਨੇ ਕਿਹਾ ਕਿ ਯੂਕਰੇਨੀ ਡਰੋਨ ਹਮਲੇ ਨਾਲ ਈਗਲਜ਼ ਸ਼ਹਿਰ ਵਿੱਚ ਏਅਰਫੀਲਡ 'ਚ ਅੱਗ ਲੱਗ ਗਈ ਤੇ ਨੇੜੇ ਰਹਿੰਦੇ ਲੋਕਾਂ ਨੂੰ ਉੱਥੋਂ ਹਟਾਉਣਾ ਪਿਆ। ਈਗਲਜ਼ ਬੇਸ ਇਲਾਕੇ ਦਾ ਮੁੱਖ ਏਅਰਫੀਲਡ ਦੱਸਿਆ ਜਾਂਦਾ ਹੈ। ਈਗਲ ਜ਼ਿਲ੍ਹਾ ਮੁਖੀ ਮੈਕਸਿਮ ਲਿਓਨੋਵ ਨੇ ਕਿਹਾ ਕਿ ਇਲਾਕੇ ਵਿੱਚ ਐਮਰਜੈਂਸੀ ਲਾ ਦਿੱਤੀ ਗਈ ਹੈ, ਪਰ ਉਸ ਨੇ ਹੋਰ ਵੇਰਵੇ ਨਹੀਂ ਦਿੱਤੇ। ਯੂਕਰੇਨ ਨੇ ਇਸ ਤੋਂ ਪਹਿਲਾਂ ਦਸੰਬਰ 2022 ਵਿੱਚ ਈਗਲ



ਏਅਰ ਬੇਸ 'ਤੇ ਹਮਲਾ ਕੀਤਾ ਸੀ। ਇਸ ਸਾਲ ਜਨਵਰੀ ਵਿੱਚ ਉਸ ਨੇ ਦਾਅਵਾ ਕੀਤਾ ਸੀ ਕਿ ਉਸ ਨੇ ਇਕ ਤੇਲ ਡਿਪੂ 'ਤੇ ਹਮਲਾ ਕੀਤਾ, ਜਿਹੜਾ ਏਅਰ ਬੇਸ ਨੂੰ ਤੇਲ ਸਪਲਾਈ ਕਰਦਾ ਹੈ। ਉੱਥੇ ਲੱਗੀ ਅੱਗ ਨੂੰ ਬੁਝਾਉਣ ਵਿੱਚ ਪੰਜ ਦਿਨ ਲੱਗੇ ਸਨ। ਯੂਕਰੇਨ ਦੇ ਇੱਕ ਸੁਰੱਖਿਆ ਸੂਤਰ ਨੇ ਕਿਹਾ ਕਿ ਉਨ੍ਹਾ ਤਾਜ਼ਾ ਹਮਲਾ ਉਸ ਥਾਂ ਕੀਤਾ, ਜਿੱਥੇ ਗਾਈਡਿਡ ਬੰਬ ਤੇ ਮਿਜ਼ਾਈਲ ਛੱਡਣ ਵਾਲੀਆਂ ਸਹੂਲਤਾਂ ਹਨ।

ਇਸੇ ਦੌਰਾਨ ਯੂਕਰੇਨ ਨੇ ਰੂਸ ਦੇ ਸਮਾਰਾ ਖੇਤਰ ਦੇ ਸਿਜ਼ਰਾਨ ਵਿੱਚ ਇੱਕ ਤੇਲ ਰਿਫਾਇਨਰੀ 'ਤੇ ਵੀ ਹਮਲਾ ਕੀਤਾ ਹੈ।

# ਤਸ਼ੱਦਦ ਤੇ ਚਲਾਕੀਆਂ ਨਾਲ ਸੰਘਰਸ਼ ਦਬਾਏ ਨਹੀਂ ਜਾ ਸਕਦੇ : ਰਾਜਨ

**• ਗ਼ਦਰੀ ਯੋਧਿਆਂ ਦੀ ਵਿਚਾਰਧਾਰਾ ਨਾਲ ਹੀ ਸੰਘਰਸ਼ ਜਿੱਤੇ ਜਾਣਗੇ • ਕੁੱਲ ਹਿੰਦ ਕਿਸਾਨ ਸਭਾ ਦੀ ਸੂਬਾਈ ਕਾਨਫਰੰਸ ਸ਼ੁਰੂ**

**ਤਰਨ ਤਾਰਨ** : ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੀ 31ਵੀਂ ਸੂਬਾਈ ਕਾਨਫਰੰਸ 'ਸੰਤ ਬਾਬਾ ਵਿਸਾਖਾ ਸਿੰਘ ਦਦੇਹਰ ਨਗਰ' ਤਰਨ ਤਾਰਨ ਵਿਖੇ ਜੋਸ਼ੋ-ਖਰੋਸ਼ ਅਤੇ ਇਨਕਲਾਬੀ ਨਾਹਰਿਆਂ ਦੀ ਗੂੰਜ ਵਿੱਚ ਸ਼ੁਰੂ ਹੋਈ। ਝੰਡਾ ਲਹਿਰਾਉਣ ਦੀ ਰਸਮ ਬਜ਼ੁਰਗ ਕਿਸਾਨ ਨੇਤਾ ਅਤੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਪ੍ਰਧਾਨ ਭੁਪਿੰਦਰ ਸਾਂਬਰ ਨੇ ਕੀਤੀ। ਇਸ ਸਮੇਂ ਦਿੱਲੀ ਅੰਦੋਲਨ ਦੌਰਾਨ ਸ਼ਹੀਦ ਹੋਏ ਸੈਂਕੜੇ ਕਿਸਾਨਾਂ, ਮਜ਼ਦੂਰਾਂ ਦੀ ਯਾਦ ਵਿੱਚ ਬਣਾਈ ਗਈ ਸ਼ਹੀਦੀ ਲਾਟ 'ਤੇ ਫੁੱਲ ਚੜ੍ਹਾ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਉਪਰੰਤ 'ਦੇਸ਼ ਭਗਤ ਬਾਬਾ ਅਰਜਨ ਸਿੰਘ ਗੜਗੱਜ ਹਾਲ' ਵਿੱਚ ਕਾਨਫਰੰਸ ਦਾ ਉਦਘਾਟਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਕੌਮੀ ਪ੍ਰਧਾਨ ਰਾਜਨ ਕਸ਼ੀਰ ਸਾਗਰ ਨੇ ਦੇਸ਼ ਦੀ ਕਿਸਾਨ ਲਹਿਰ ਵਿੱਚ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਨਿਭਾਏ ਗਏ ਸ਼ਾਨਦਾਰ ਇਤਿਹਾਸਕ ਰੋਲ ਦਾ ਵਰਣਨ ਕੀਤਾ।






ਅੱਜ ਦੀਆਂ ਹਾਲਤਾਂ 'ਤੇ ਚਰਚਾ ਕਰਦਿਆਂ ਸਾਥੀ ਰਾਜਨ ਨੇ ਕਿਹਾ ਕਿ ਪੂਰੀ ਦੁਨੀਆ ਦੇ ਅੰਦਰ ਕਾਰਪੋਰੇਟ ਘਰਾਣੇ ਆਪਣੀਆਂ ਪਿੱਠੂ ਸਰਕਾਰਾਂ ਰਾਹੀਂ ਕਿਸਾਨਾਂ ਤੋਂ ਖੇਤੀ ਅਤੇ ਸਹਾਇਕ ਧੰਦੇ ਖੋਹਣ ਲਈ ਧੜਾਧੜ ਅਜਿਹੀਆਂ ਨੀਤੀਆਂ ਲਾਗੂ ਕਰਵਾ ਰਹੇ ਹਨ, ਜਿਸ ਨਾਲ ਕਿਸਾਨਾਂ ਹੱਥੋਂ ਜ਼ਮੀਨਾਂ ਖੁੱਸਦੀਆਂ ਜਾ ਰਹੀਆਂ ਹਨ। ਜਿਥੇ ਕੇਂਦਰ ਦੀ ਮੋਦੀ ਸਰਕਾਰ ਵੱਖ-ਵੱਖ ਪ੍ਰੋਜੈਕਟ ਲਾਉਣ ਦੇ ਨਾਂਅ 'ਤੇ ਲੱਖਾਂ ਏਕੜ ਜ਼ਮੀਨ ਕਾਰਪੋਰੇਟ ਘਰਾਣਿਆਂ ਨੂੰ ਮੁਫਤ ਦੇ ਰਹੀ ਹੈ, ਉਥੇ ਦੇਸ਼ ਵਿੱਚ ਕਿਸਾਨਾਂ ਵੱਲੋਂ ਆਪਣੀ ਜ਼ਮੀਨ ਅਤੇ ਖੇਤੀ ਬਚਾਉਣ ਲਈ ਆਪਣੀਆਂ ਮੰਗਾਂ ਨੂੰ ਲੈ ਕੇ ਲੜੇ ਜਾ ਰਹੇ ਅੰਦੋਲਨਾਂ 'ਤੇ ਗੈਰ-ਕਾਨੂੰਨੀ ਤੇ ਗੈਰ-ਮਨੁੱਖੀ ਤਰੀਕੇ ਨਾਲ ਅੱਤਿਆਚਾਰ ਕਰਕੇ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਕੇਂਦਰ ਦੇ ਕਦਮਾਂ 'ਤੇ ਚਲਦਿਆਂ ਰਾਜਾਂ ਦੀਆਂ ਸਰਕਾਰਾਂ ਵੀ ਇਹਨਾਂ ਨੀਤੀਆਂ ਨੂੰ ਧੜਾਧੜ ਅੱਗੇ ਵਧਾ ਰਹੀਆਂ ਹਨ। ਪੰਜਾਬ ਦੀ ਮਾਨ ਸਰਕਾਰ ਵੱਲੋਂ ਸ਼ੰਭੂ ਅਤੇ ਖਨੌਰੀ ਬਾਰਡਰ ਅਤੇ ਪਿਛਲੇ ਦਿਨੀਂ ਸੰਯੁਕਤ ਕਿਸਾਨ ਮੋਰਚਾ ਵੱਲੋਂ ਚੰਡੀਗੜ੍ਹ ਧਰਨਾ ਲਾਉਣ ਜਾ ਰਹੇ ਕਿਸਾਨਾਂ ਉਪਰ ਕੀਤੇ ਤਸ਼ੱਦਦ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਤਾੜਨਾ ਕੀਤੀ ਕਿ ਪੰਜਾਬ ਸਰਕਾਰ ਨੂੰ ਪੁਰਅਮਨ ਚੱਲ ਰਹੇ ਕਿਸਾਨ ਅੰਦੋਲਨ ਉਪਰ ਜ਼ੁਲਮ ਕਰਨਾ ਬਹੁਤ ਮਹਿੰਗਾ ਪਵੇਗਾ ਅਤੇ ਪੰਜਾਬ ਦੇ ਬਹਾਦਰ ਲੋਕ ਇਸ ਦਾ ਮੂੰਹ-ਤੋੜ ਜਵਾਬ ਦੇਣਗੇ। ਉਹਨਾ ਮੰਗ ਕੀਤੀ ਕਿ ਦੇਸ਼ ਦੀ ਕਿਸਾਨੀ ਨੂੰ ਬਚਾਉਣ ਲਈ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਨਵਾਂ ਖੇਤੀ ਮੰਡੀਕਰਨ ਖਰੜਾ ਰੱਦ ਕਰ ਕਿਸਾਨਾਂ, ਮਜ਼ਦੂਰਾਂ ਦਾ ਕਰਜ਼ਾ ਮਾਫ ਕਰਨਾ, ਸਰਕਾਰੀ ਖੇਤਰ ਵਿੱਚ ਫਸਲੀ ਬੀਮਾ ਸਕੀਮ ਲਾਗੂ ਕਰਨਾ, ਫਸਲਾਂ ਦੀ ਖਰੀਦ ਲਈ ਕਾਨੂੰਨੀ ਗਰੰਟੀ ਕਰਨਾ, ਕਿਸਾਨਾਂ, ਮਜ਼ਦੂਰਾਂ ਅਤੇ ਪੇਂਡੂ ਦਸਤਕਾਰਾਂ ਲਈ 10 ਹਜ਼ਾਰ ਰੁਪਏ ਮਹੀਨਾ ਪੈਨਸ਼ਨ ਦੇਣਾ, ਨਰੇਗਾ ਸਕੀਮ ਨੂੰ ਖੇਤੀ ਵਿੱਚ ਲਾਗੂ ਕਰਨਾ ਆਦਿ ਜਲਦੀ ਪੂਰੀਆਂ ਕੀਤੀਆਂ ਜਾਣ। ਉਨ੍ਹਾ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਵੱਲੋਂ ਦਿੱਲੀ ਅੰਦੋਲਨ ਦੌਰਾਨ ਨਿਭਾਏ ਸ਼ਾਨਦਾਰ ਰੋਲ ਦੀ ਸ਼ਲਾਘਾ ਵੀ ਕੀਤੀ। ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਨੇ ਕਿਸਾਨ ਡੈਲੀਗੇਟਾਂ ਨੂੰ ਵਧਾਈ ਸੰਦੇਸ਼ ਦਿੰਦੇ ਹੋਏ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਦੀਆਂ ਲੋਕ-ਵਿਰੋਧੀ ਤੇ ਸਰਮਾਏਦਾਰ ਪੱਖੀ ਨੀਤੀਆਂ ਦਾ ਮੁਕਾਬਲਾ ਕਰਨ ਲਈ ਸਮੁੱਚੇ ਸਮਾਜ ਦੇ ਸਾਰੇ ਵਰਗਾਂ, ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਦੁਕਾਨਦਾਰਾਂ, ਛੋਟੇ ਵਪਾਰੀਆਂ ਨੂੰ ਇਕੱਠੇ ਕਰਕੇ ਹੀ ਮੁਕਾਬਲਾ ਕੀਤਾ ਜਾ ਸਕਦਾ ਹੈ। ਲੋਕਾਂ ਦੇ ਮਸਲੇ ਹੱਲ ਕਰਾਉਣ ਲਈ ਅੱਜ ਇੱਕ ਸਾਂਝੇ ਤੇ ਵੱਡੇ ਜਨਤਕ ਅੰਦੋਲਨ ਦੀ ਲੋੜ ਹੈ। ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਬਲਕਰਨ ਸਿੰਘ ਬਰਾੜ, ਬਲਦੇਵ ਸਿੰਘ ਨਿਹਾਲਗੜ੍ਹ, ਰਾਜਿੰਦਰਪਾਲ ਕੌਰ, ਹਰਦੇਵ ਸਿੰਘ ਬਖਸ਼ੀਵਾਲਾ, ਹਰਚੰਦ ਸਿੰਘ ਬਾਠ ਮੌਜੂਦ ਸਨ। ਇਸ ਸਮੇਂ ਕਿਸਾਨ ਸਭਾ ਦੇ ਆਗੂ ਸੂਰਤ ਸਿੰਘ ਧਰਮਕੋਟ, ਲਖਬੀਰ ਸਿੰਘ ਨਿਜ਼ਾਮਪੁਰ, ਕੁਲਦੀਪ ਸਿੰਘ ਭੋਲਾ, ਸੁਰਿੰਦਰ ਸਿੰਘ ਢੰਡੀਆਂ, ਰਾਣਾ ਰਾਜਿੰਦਰ ਸਿੰਘ, ਪੂਰਨ ਸਿੰਘ ਮਾੜੀਮੇਘਾ, ਕੁਲਵੰਤ ਸਿੰਘ ਮੌਲਵੀਵਾਲਾ, ਗੁਲਜ਼ਾਰ ਸਿੰਘ, ਗੁਰਪ੍ਰੀਤ ਸਿੰਘ ਗੰਡੀਵਿੰਡ, ਮਹਾਂਬੀਰ ਸਿੰਘ ਗਿੱਲ, ਹਰਪਾਲ ਸਿੰਘ ਸੰਧਾਂਵਾਲੀਆ, ਚਮਕੌਰ ਸਿੰਘ, ਬਲਕਾਰ ਸਿੰਘ ਵਲਟੋਹਾ ਤੇ ਦਵਿੰਦਰ ਸੋਹਲ ਆਦਿ ਨੇ ਵੀ ਵਿਚਾਰ ਰੱਖੇ।

## ਰੇੜਕਾ ਨਿੱਬੜਿਆ



**ਮੁੰਬਈ** : ਇੱਥੋਂ ਦੀ ਫੈਮਿਲੀ ਕੋਰਟ ਨੇ ਵੀਰਵਾਰ ਕ੍ਰਿਕਟਰ ਯੁਜਵੇਂਦਰ ਚਹਿਲ ਅਤੇ ਉਸ ਦੀ ਵੱਖ ਰਹਿ ਰਹੀ ਪਤਨੀ ਧਨਸ਼੍ਰੀ ਵਰਮਾ ਵੱਲੋਂ ਆਪਸੀ ਸਹਿਮਤੀ ਨਾਲ ਤਲਾਕ ਦੀ ਮੰਗ ਕਰਦੀ ਸਾਂਝੀ ਪਟੀਸ਼ਨ ਨੂੰ ਮਨਜ਼ੂਰੀ ਦੇ ਦਿੱਤੀ। ਜੋੜਾ ਬਾਂਦਰਾ ਵਿੱਚ ਕੋਰਟ ਵਿੱਚ ਪੇਸ਼ ਹੋਇਆ। ਕੋਰਟ ਨੇ ਨੋਟ ਕੀਤਾ ਕਿ ਦੋਵਾਂ ਧਿਰਾਂ ਨੇ ਸਹਿਮਤੀ ਦੀਆਂ ਸ਼ਰਤਾਂ ਦੀ ਪਾਲਣਾ ਕੀਤੀ ਹੈ। ਦੋਹਾਂ ਦਾ ਵਿਆਹ ਦਸੰਬਰ 2020 ਵਿੱਚ ਹੋਇਆ ਸੀ। ਉਹ ਜੂਨ 2022 ਵਿੱਚ ਵੱਖ ਹੋ ਗਏ ਸਨ। ਉਨ੍ਹਾਂ 5 ਫਰਵਰੀ ਨੂੰ ਆਪਸੀ ਸਹਿਮਤੀ ਨਾਲ ਤਲਾਕ ਦੀ ਮੰਗ ਕਰਦਿਆਂ ਸਾਂਝੀ ਪਟੀਸ਼ਨ ਦਾਇਰ ਕੀਤੀ।

## ਖੁਸ਼ਦਿਲ ਦੇਸ਼ਾਂ 'ਚ ਭਾਰਤ ਅਜੇ ਵੀ ਪਾਕਿਸਤਾਨ ਤੋਂ ਪਿੱਛੇ

**ਨਵੀਂ ਦਿੱਲੀ** : ਸੰਯੁਕਤ ਰਾਸ਼ਟਰ ਵੱਲੋਂ ਖੁਸ਼ਦਿਲ ਮੁਲਕਾਂ ਦੀ ਜਾਰੀ ਰਿਪੋਰਟ-2025 ਮੁਤਾਬਕ 147 ਦੇਸ਼ਾਂ ਵਿੱਚੋਂ ਭਾਰਤ 118ਵੇਂ ਰੈਂਕ 'ਤੇ ਹੈ। ਹਾਲਾਂਕਿ ਭਾਰਤ ਨੇ ਪਿਛਲੇ ਸਾਲ ਦੇ 126ਵੇਂ ਰੈਂਕ ਨਾਲੋਂ ਕੁਝ ਸੁਧਾਰ ਕੀਤਾ ਹੈ, ਪਰ ਇਹ ਟਕਰਾਅ ਮਾਰੇ ਯੂਕਰੇਨ, ਈਰਾਨ, ਇਰਾਕ, ਪਾਕਿਸਤਾਨ ਤੇ ਵੈਨਜ਼ੁਏਲਾ ਨਾਲੋਂ ਅਜੇ ਵੀ ਪਿੱਛੇ ਹੈ। ਭਾਰਤ ਦੇ ਗੁਆਂਢੀਆਂ ਵਿੱਚ ਸ੍ਰੀਲੰਕਾ ਦਾ ਰੈਂਕ 133, ਬੰਗਲਾਦੇਸ਼ ਦਾ 134, ਪਾਕਿਸਤਾਨ ਦਾ 109, ਨੇਪਾਲ ਦਾ 92 ਤੇ ਚੀਨ ਦਾ 68 ਹੈ। ਫਿਨਲੈਂਡ ਲਗਾਤਾਰ ਅੱਠਵੇਂ ਸਾਲ ਦੁਨੀਆ ਦਾ ਸਭ ਤੋਂ ਖੁਸ਼ ਰਹਿਣ ਵਾਲਾ ਦੇਸ਼ ਐਲਾਨਿਆ ਗਿਆ ਹੈ। ਕਿਸੇ ਦੇਸ਼ ਦੇ ਖੁਸ਼ ਰਹਿਣ ਦੇ ਰਾਜ਼ ਦਾ ਫੈਸਲਾ ਸਮਾਜੀ ਹਾਲਤਾਂ, ਪ੍ਰਤੀ ਜੀਅ ਜੀ ਡੀ ਪੀ, ਲੰਮੀ ਸਿਹਤਮੰਦ ਉਮਰ, ਆਜ਼ਾਦੀ ਤੇ ਦਰਿਆਦਿਲੀ ਤੋਂ ਲਾਇਆ ਜਾਂਦਾ ਹੈ। ਕੁਰੱਪਸ਼ਨ ਬਾਰੇ ਧਾਰਨਾ ਵੀ ਇਸ ਵਿੱਚ ਸ਼ਾਮਲ ਹੁੰਦੀ ਹੈ।

## ਨੋਟਾਂ ਦੀ ਵਰਖਾ

**ਮੁੰਬਈ** : ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਆਈ ਸੀ ਸੀ ਚੈਂਪੀਅਨਜ਼ ਟਰਾਫੀ ਜਿੱਤਣ ਵਾਲੀ ਭਾਰਤੀ ਟੀਮ ਨੂੰ 58 ਕਰੋੜ ਰੁਪਏ ਦਾ ਨਕਦ ਇਨਾਮ ਦੇਣ ਦਾ ਐਲਾਨ ਕੀਤਾ ਹੈ।

## ਛੇ ਮਹੀਨਿਆਂ ਤੱਕ ਇਲੈਕਟ੍ਰਿਕ ਤੇ ਪੈਟਰੋਲ ਵਾਹਨ ਇੱਕੋ ਰੇਟ 'ਤੇ : ਗਡਕਰੀ

**ਨਵੀਂ ਦਿੱਲੀ** : ਕੇਂਦਰੀ ਸੜਕੀ ਆਵਾਜਾਈ ਅਤੇ ਸ਼ਾਹਰਾਹ ਮੰਤਰੀ ਨਿਤਿਨ ਗਡਕਰੀ ਨੇ ਕਿਹਾ ਹੈ ਕਿ ਦੇਸ਼ ਵਿੱਚ ਛੇ ਮਹੀਨਿਆਂ ਦੇ ਅੰਦਰ ਇਲੈਕਟ੍ਰਿਕ ਵਾਹਨਾਂ ਦੀਆਂ ਕੀਮਤਾਂ ਪੈਟਰੋਲ ਵਾਹਨਾਂ ਦੇ ਬਰਾਬਰ ਹੋ ਜਾਣਗੀਆਂ। ਕੇਂਦਰੀ ਮੰਤਰੀ ਨੇ 32ਵੇਂ ਕਨਵਰਜੈਂਸ ਇੰਡੀਆ ਅਤੇ 10ਵੇਂ ਸਮਾਰਟ ਸਿਟੀਜ਼ ਇੰਡੀਆ ਐਕਸਪੋ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਦੀ ਨੀਤੀ ਦਰਾਮਦ ਬਦਲ, ਲਾਗਤ-ਪ੍ਰਭਾਵਸ਼ਾਲੀ, ਪ੍ਰਦੂਸ਼ਣ-ਮੁਕਤ ਅਤੇ ਸਵਦੇਸ਼ੀ ਉਤਪਾਦਨ ਨੂੰ ਹੁਲਾਰਾ ਦੇਣਾ ਹੈ। ਭਾਰਤ ਨੂੰ ਤੀਜੀ ਸਭ ਤੋਂ ਵੱਡੀ ਅਰਥ ਵਿਵਸਥਾ ਬਣਾਉਣ ਲਈ ਦੇਸ਼ ਨੂੰ ਆਪਣੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਸੁਧਾਰ ਕਰਨ ਦੀ ਲੋੜ ਹੈ।

## ਮਸਕ ਵੱਲੋਂ ਭਾਰਤ ਸਰਕਾਰ ਖਿਲਾਫ ਮੁਕੱਦਮਾ

**ਬੇਂਗਲੁਰੂ** : ਅਮਰੀਕੀ ਖਰਬਪਤੀ ਐਲੋਨ ਮਸਕ ਦੀ ਮਲਕੀਅਤ ਵਾਲੀ ਸੋਸ਼ਲ ਮੀਡੀਆ ਦਿਓ-ਕੱਦ ਕੰਪਨੀ 'ਐੱਕਸ' (ਪਹਿਲਾਂ ਟਵਿੱਟਰ) ਨੇ ਕਰਨਾਟਕ ਹਾਈ ਕੋਰਟ ਵਿੱਚ ਭਾਰਤ ਸਰਕਾਰ ਵਿਰੁੱਧ ਮੁਕੱਦਮਾ ਦਾਇਰ ਕੀਤਾ ਹੈ। ਕੰਪਨੀ ਨੇ ਭਾਰਤ ਸਰਕਾਰ ਉਤੇ ਆਪਣੇ ਆਈ ਟੀ ਐਕਟ ਰਾਹੀਂ ਗੈਰ-ਕਾਨੂੰਨੀ ਸਮੱਗਰੀ ਨੇਮਬੰਦੀ ਨਿਯਮ ਅਤੇ ਮਨਮਰਜ਼ੀ ਦੀ ਸੈਂਸਰਸ਼ਿਪ ਲਾਗੂ ਕਰਨ ਦਾ ਦੋਸ਼ ਲਾਇਆ ਹੈ। ਪਟੀਸ਼ਨ ਵਿੱਚ ਭਾਰਤ ਦੇ ਸੂਚਨਾ ਤਕਨਾਲੋਜੀ (ਆਈ ਟੀ) ਐਕਟ ਦੀ ਕੇਂਦਰ ਦੀ ਵਿਆਖਿਆ 'ਤੇ ਚਿੰਤਾ ਪ੍ਰਗਟ ਕੀਤੀ ਗਈ ਹੈ, ਖਾਸ ਕਰਕੇ ਧਾਰਾ 79 (3) (ਬੀ) ਦੀ ਵਰਤੋਂ ਦੀ, ਜਿਸ ਬਾਰੇ 'ਐੱਕਸ' ਦਲੀਲ ਦਿੰਦਾ ਹੈ ਕਿ ਇਹ ਸੁਪਰੀਮ ਕੋਰਟ ਦੇ ਫੈਸਲਿਆਂ ਦੀ ਉਲੰਘਣਾ ਕਰਦੀ ਹੈ ਅਤੇ ਆਨਲਾਈਨ ਪ੍ਰਗਟਾਵੇ ਦੀ ਆਜ਼ਾਦੀ ਨੂੰ ਖ਼ੋਰਾ ਲਾਉਂਦੀ ਹੈ। ਮੁਕੱਦਮੇ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਸਰਕਾਰ ਧਾਰਾ 69-ਏ ਵਿੱਚ ਦਰਸਾਈ ਗਈ ਢਾਂਚਾਗਤ ਕਾਨੂੰਨੀ ਪ੍ਰਕਿਰਿਆ ਨੂੰ ਬਾਈਪਾਸ ਕਰਦੇ ਹੋਏ ਸਮਾਨਾਂਤਰ ਸਮੱਗਰੀ-ਬਲੌਕਿੰਗ ਵਿਧੀ ਬਣਾਉਣ ਲਈ ਉਕਤ ਧਾਰਾ ਦੀ ਵਰਤੋਂ ਕਰ ਰਹੀ ਹੈ। ਐੱਕਸ ਨੇ ਦਾਅਵਾ ਕੀਤਾ ਕਿ ਇਹ ਪਹੁੰਚ ਸ਼੍ਰੇਆ ਸਿੰਘਲ ਮਾਮਲੇ ਵਿੱਚ ਸੁਪਰੀਮ ਕੋਰਟ ਦੇ 2015 ਦੇ ਫੈਸਲੇ ਦੇ ਉਲਟ ਹੈ, ਜਿਸ ਨੇ ਇਹ ਸਥਾਪਤ ਕੀਤਾ ਸੀ ਕਿ ਸਮੱਗਰੀ ਨੂੰ ਸਿਰਫ ਇੱਕ ਸਹੀ ਨਿਆਂਇਕ ਪ੍ਰਕਿਰਿਆ ਜਾਂ ਧਾਰਾ 69-ਏ ਤਹਿਤ ਕਾਨੂੰਨੀ ਤੌਰ 'ਤੇ ਪਰਿਭਾਸ਼ਤ ਤਰੀਕੇ ਰਾਹੀਂ ਹੀ ਬਲੌਕ ਕੀਤਾ ਜਾ ਸਕਦਾ ਹੈ। ਸੂਚਨਾ ਅਤੇ ਪ੍ਰਸਾਰਨ ਮੰਤਰਾਲੇ ਅਨੁਸਾਰ ਧਾਰਾ 79 (3) (ਬੀ) ਆਨਲਾਈਨ ਪਲੇਟਫਾਰਮਾਂ ਨੂੰ ਅਦਾਲਤ ਦੇ ਹੁਕਮ ਜਾਂ ਸਰਕਾਰੀ ਨੋਟੀਫਿਕੇਸ਼ਨ ਦੁਆਰਾ ਨਿਰਦੇਸ਼ਤ ਕੀਤੇ ਜਾਣ 'ਤੇ ਗੈਰ-ਕਾਨੂੰਨੀ ਸਮੱਗਰੀ ਨੂੰ ਹਟਾਉਣ ਦਾ ਆਦੇਸ਼ ਦਿੰਦੀ ਹੈ।

## 30 ਨਕਸਲੀ ਮਾਰਨ ਦਾ ਦਾਅਵਾ

**ਬੀਜਾਪੁਰ** : ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ ਵਿੱਚ ਬੀ ਐੱਸ ਐੱਫ ਤੇ ਡਿਸਟ੍ਰਿਕਟ ਰਿਜ਼ਰਵ ਗਾਰਡ ਦੀ ਸਾਂਝੀ ਟੀਮ ਨੇ ਵੀਰਵਾਰ ਦੋ ਮੁਕਾਬਲਿਆਂ ਵਿੱਚ 30 ਨਕਸਲੀ ਮਾਰਨ ਦਾ ਦਾਅਵਾ ਕੀਤਾ। ਇੱਕ ਗਾਰਡ ਵੀ ਮਾਰਿਆ ਗਿਆ। ਜ਼ਿਲ੍ਹੇ ਦੇ ਗੰਗਾਲੂਰ ਥਾਣਾ ਖੇਤਰ 'ਚ ਬੀਜਾਪੁਰ ਤੇ ਦੰਤੇਵਾੜਾ ਜ਼ਿਲ੍ਹੇ ਦੀ ਸੀਮਾ ਵਾਲੇ ਖੇਤਰ ਵਿੱਚ ਮੁਕਾਬਲੇ ਦੌਰਾਨ 26 ਨਕਸਲੀ ਮਾਰੇ ਗਏ, ਜਦਕਿ 4 ਨਕਸਲੀਆਂ ਨੂੰ ਕਾਂਕੇਰ ਇਲਾਕੇ ਵਿਚ ਮਾਰ ਦਿੱਤਾ ਗਿਆ। ਮੌਕੇ ਤੋਂ ਭਾਰੀ ਮਾਤਰਾ ਵਿੱਚ ਹਥਿਆਰ ਅਤੇ ਗੋਲਾ-ਬਾਰੂਦ ਬਰਾਮਦ

• ਬਾਕੀ ਸਫਾ 2 'ਤੇ

## ਮਕਬੂਲ ਫਿਦਾ ਹੁਸੈਨ ਦੀ ਕਿਰਤ 'ਗਰਾਮ ਯਾਤਰਾ' 118 ਕਰੋੜ 'ਚ ਵਿਕੀ



**ਨਵੀਂ ਦਿੱਲੀ** : ਮਰਹੂਮ ਚਿੱਤਰਕਾਰ ਮਕਬੂਲ ਫਿਦਾ ਹੁਸੈਨ ਦੀ 1950 ਦੇ ਦਹਾਕੇ ਦੀ ਪੇਂਟਿੰਗ 'ਗਰਾਮ ਯਾਤਰਾ' 118 ਕਰੋੜ ਰੁਪਏ ਤੋਂ ਵੱਧ ਵਿੱਚ ਨੀਲਾਮ ਹੋਈ ਹੈ। ਇਸ ਨੇ ਆਧੁਨਿਕ ਭਾਰਤੀ ਕਲਾ ਦੀ ਸਭ ਤੋਂ ਮਹਿੰਗੀ ਕਿਰਤ ਦਾ ਨਵਾਂ ਰਿਕਾਰਡ ਕਾਇਮ ਕਰ ਦਿੱਤਾ ਹੈ। ਨਿਊ ਯਾਰਕ ਵਿੱਚ 19 ਮਾਰਚ ਨੂੰ ਕ੍ਰਿਸਟੀ ਨੀਲਾਮਘਰ ਵਿੱਚ ਇਸ ਨੇ ਅੰਮ੍ਰਿਤਾ ਸ਼ੇਰਗਿੱਲ ਦੀ 1937 ਦੀ 'ਦੀ ਸਟੋਰੀ ਟੈਲਰ' ਨਾਲੋਂ ਲਗਭਗ ਦੁੱਗਣੀ ਕੀਮਤ ਹਾਸਲ ਕੀਤੀ ਹੈ। ਅੰਮ੍ਰਿਤਾ ਦੀ ਕਿਰਤ ਨੇ ਮੁੰਬਈ ਵਿੱਚ 2023 ਵਿੱਚ ਹੋਈ ਨਿਲਾਮੀ 'ਚ ਲਗਭਗ 61.8 ਕਰੋੜ ਰੁਪਏ ਵੱਟੇ ਸਨ। 'ਗਰਾਮ ਯਾਤਰਾ' ਦਾ ਅਰਥ 'ਪਿੰਡ ਦੀ ਤੀਰਥ ਯਾਤਰਾ' ਹੈ, ਜਿਸ ਨੂੰ ਹੁਸੈਨ ਦੀਆਂ ਕਿਰਤਾਂ ਦੀ ਨੀਂਹ ਮੰਨਿਆ ਜਾਂਦਾ ਹੈ ਅਤੇ ਇਹ ਕਿਰਤ ਆਜ਼ਾਦ ਹੋਏ ਨਵੇਂ ਰਾਸ਼ਟਰ ਦੀ ਵਿਵਧਤਾ ਤੇ ਗਤੀਸ਼ੀਲਤਾ ਨੂੰ ਦਰਸਾਉਂਦੀ ਹੈ। ਹੁਸੈਨ ਨੇ ਇਹ ਪੇਂਟਿੰਗ 1954 ਵਿੱਚ ਬਣਾਈ ਸੀ।

## ਇੱਕ ਪਾਸਾ ਖੁੱਲ੍ਹ ਗਿਆ



**ਪਟਿਆਲਾ** : ਸ਼ੰਭੂ ਬਾਰਡਰ ਉਤੇ ਅੰਦੋਲਨਕਾਰੀ ਕਿਸਾਨਾਂ ਵੱਲੋਂ ਬਣਾਏ ਗਏ ਆਰਜ਼ੀ ਘਰਾਂ/ ਰੈਣ-ਬਸੇਰਿਆਂ ਨੂੰ ਤਹਿਸ-ਨਹਿਸ ਕਰਨ ਤੋਂ ਬਾਅਦ ਵੀਰਵਾਰ ਕਰੀਬ 13 ਮਹੀਨਿਆਂ ਬਾਅਦ ਸ਼ੰਭੂ ਬਾਰਡਰ ਤੋਂ ਆਵਾਜਾਈ ਬਹਾਲ ਕਰ ਦਿੱਤੀ ਗਈ। ਪੰਜਾਬ ਅਤੇ ਹਰਿਆਣਾ ਵੱਲੋਂ ਸਵੇਰ ਤੋਂ ਹੀ ਆਪੋ-ਆਪਣੇ ਇਲਾਕੇ ਵਿੱਚੋਂ ਸੜਕ ਤੋਂ ਰੋਕਾਂ ਹਟਾਉਣ ਦਾ ਕੰਮ ਜ਼ੋਰ-ਸ਼ੋਰ ਨਾਲ ਜਾਰੀ ਸੀ। ਪੁਲਸ ਨੇ ਪੰਜਾਬ ਵਾਲੇ ਪਾਸਿਓਂ ਕਿਸਾਨਾਂ ਦੇ ਟਰੈਕਟਰ-ਟਰਾਲੀਆਂ ਲਾਂਭੇ ਕਰ ਦਿੱਤੇ ਅਤੇ ਹਰਿਆਣਾ ਪੁਲਸ ਨੇ ਵੀ ਲਾਈਆਂ ਗਈਆਂ ਜ਼ਬਰਦਸਤ ਰੋਕਾਂ ਪਾਸੇ ਤੋਂ ਹਟਾ ਦਿੱਤੀਆਂ ਅਤੇ ਸੜਕ ਦਾ ਇੱਕ ਪਾਸਾ ਪੂਰੀ ਤਰ੍ਹਾਂ ਖੋਲ੍ਹ ਦਿੱਤਾ ਗਿਆ। ਸ਼ਾਮੀ ਚਾਰ ਵਜੇ ਤੋਂ ਬਾਅਦ ਪਹਿਲਾਂ ਦੋਪਹੀਆ ਵਾਹਨਾਂ ਦੀ ਆਵਾਜਾਈ ਚਾਲੂ ਕਰ ਦਿੱਤੀ ਗਈ ਅਤੇ ਬਾਅਦ ਵਿੱਚ ਚਾਰ ਪਹੀਆ ਵਾਹਨਾਂ ਦੀ ਆਮਦੋ-ਰਫ਼ਤ ਵੀ ਸ਼ੁਰੂ ਹੋ ਗਈ। ਨਾ ਸਿਰਫ ਕਾਰਾਂ, ਬਲਕਿ ਟਰੱਕ ਵੀ ਲੰਘਣ ਲੱਗ ਗਏ ਹਨ। ਇਸ ਕਾਰਵਾਈ 'ਤੇ ਖਾਸਕਰ ਇਲਾਕੇ ਦੇ ਲੋਕਾਂ ਨੇ ਬੇਹੱਦ ਖੁਸ਼ੀ ਜ਼ਾਹਰ ਕੀਤੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਭਾਵੇਂ ਉਹ ਵੀ ਕਿਸਾਨਾਂ ਦੇ ਹਮਦਰਦ ਹਨ, ਪਰ ਉਨ੍ਹਾਂ ਦਾ ਅੰਬਾਲਾ ਵਿਖੇ ਨਿੱਤ ਦਾ ਆਉਣਾ-ਜਾਣਾ ਹੈ। ਕਿਸਾਨ ਅੰਦੋਲਨ ਕਾਰਨ ਬਾਰਡਰ ਬੰਦ ਹੋਣ ਦੇ ਸਿੱਟੇ ਵਜੋਂ ਉਨ੍ਹਾਂ ਨੂੰ ਕਾਫੀ ਲੰਮਾ ਵਲ਼ ਪਾ ਕੇ ਆਉਣਾ-ਜਾਣਾ ਪੈਂਦਾ ਸੀ। ਇਸ ਨਾਲ ਟਾਈਮ ਵੀ ਵੱਧ ਜ਼ਾਇਆ ਹੁੰਦਾ ਸੀ ਤੇ ਤੇਲ ਵੀ ਵੱਧ ਲੱਗਦਾ ਸੀ। ਸ਼ੰਭੂ ਵਿੱਚ ਹਾਈਵੇ ਦਾ ਉਹ ਅਹਿਮ ਹਿੱਸਾ ਵੀਰਵਾਰ ਸੁੰਨਸਾਨ ਦਿਖਾਈ ਦਿੱਤਾ, ਜਿੱਥੇ ਪਿਛਲੇ ਇਕ ਸਾਲ ਤੋਂ ਅੰਦੋਲਨ ਦੀਆਂ ਲਹਿਰਾਂ-ਬਹਿਰਾਂ ਲੱਗੀਆਂ ਹੋਈਆਂ ਸਨ। ਉਥੇ ਭਾਂਡੇ, ਐੱਲ ਪੀ ਜੀ ਸਿਲੰਡਰ, ਚਾਹ ਦੀਆਂ ਕੇਤਲੀਆਂ, ਫਰੀਜ਼ਰ, ਵਾਸ਼ਿੰਗ ਮਸ਼ੀਨਾਂ, ਕੁਰਸੀਆਂ, ਮੇਜ਼, ਬਿਸਤਰੇ ਅਤੇ ਕੱਪੜੇ ਸੜਕ 'ਤੇ ਖਿਲਰੇ ਹੋਏ ਦਿਖਾਈ ਦਿੱਤੇ। ਰਸੋਈ ਵਜੋਂ ਵਰਤੇ ਗਏ ਢਾਂਚਿਆਂ ਵਿੱਚੋਂ ਇੱਕ 'ਚ ਸਬਜ਼ੀਆਂ, ਦਾਲ, ਦੁੱਧ ਅਤੇ ਹੋਰ ਜ਼ਰੂਰੀ ਚੀਜ਼ਾਂ ਪਈਆਂ ਦਿਖਾਈ ਦਿੱਤੀਆਂ।

ਟਰਾਲੀਆਂ, ਜਿਨ੍ਹਾਂ ਨੂੰ ਆਰਜ਼ੀ ਆਸਰਾ ਟਿਕਾਣਿਆਂ ਵਿੱਚ ਬਦਲ ਦਿੱਤਾ ਗਿਆ ਸੀ, ਸੜਕ 'ਤੇ ਪਈਆਂ ਦਿਖਾਈ ਦਿੱਤੀਆਂ। ਇੱਕ ਪੁਲਸ ਅਧਿਕਾਰੀ ਨੇ ਕਿਹਾ ਕਿ ਕਿਸਾਨ ਆਪਣਾ ਸਾਮਾਨ ਵਾਪਸ ਲੈ ਸਕਦੇ ਹਨ।

## ਚੀਮਾ ਵੱਲੋਂ ਇੰਡਸਟਰੀਜ਼ ਦੇ ਬਕਾਇਆ ਪੈਸੇ ਰਿਲੀਜ਼ ਕਰਨ ਦਾ ਐਲਾਨ

**ਮੁਹਾਲੀ ਨੂੰ ਆਈ ਟੀ ਹੱਬ ਵਜੋਂ ਵਿਕਸਤ ਕੀਤਾ ਜਾਵੇਗਾ**

**ਚੰਡੀਗੜ੍ਹ (ਗੁਰਜੀਤ ਬਿੱਲਾ)**

ਫੈਡਰੇਸ਼ਨ ਆਫ ਇੰਡੀਅਨ ਚੈਂਬਰਜ਼ ਆਫ ਕਾਮਰਸ ਐਂਡ ਇੰਡਸਟਰੀ (ਫਿੱਕੀ) ਵੱਲੋਂ ਚੰਡੀਗੜ੍ਹ ਵਿਖੇ ਕੈਟਾਲਾਇਜਿੰਗ ਗ੍ਰੋਥ ਆਫ ਐੱਮ ਐੱਸ ਐੱਮ ਈਜ਼ ਇਨ ਪੰਜਾਬ ਥਰੂ ਐਮਰਜਿੰਗ ਫਾਇਨਾਂਸ਼ੀਅਲ ਇੰਸਟੀਟਿਊਸ਼ਨਸ ਲੈਂਡਸਕੇਪ ਵਿਸ਼ੇ 'ਤੇ ਆਯੋਜਿਤ ਕਾਨਫਰੰਸ ਬੁੱਧਵਾਰ ਦੇਰ ਸ਼ਾਮ ਤੱਕ ਚੱਲੀ। ਕਾਨਫਰੰਸ ਵਿੱਚ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਪੰਜਾਬ ਦੇ ਇੰਡਸਟਰੀ ਐਂਡ ਕਾਮਰਸ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ,



ਜਦਕਿ ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀ ਬੋਰਡ ਅਤੇ ਨੀਲ ਗਰਗ ਚੇਅਰਮੈਨ ਪੰਜਾਬ ਮੀਡੀਅਮ ਇੰਡਸਟਰੀਜ਼ ਡਿਵੈੱਲਪਮੈਂਟ ਬੋਰਡ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਗਈ। ਇਨ੍ਹਾਂ ਦੇ ਨਾਲ ਹੀ ਵੱਖ-ਵੱਖ ਬੈਂਕਾਂ, ਇੰਸ਼ੋਰੈਂਸ ਕੰਪਨੀਆਂ, ਪ੍ਰਾਈਵੇਟ ਕੰਪਨੀਆਂ, ਸਿੱਖਿਆ ਸੰਸਥਾਵਾਂ ਦੇ ਅਧਿਕਾਰੀਆਂ, ਵਪਾਰੀਆਂ ਸਮੇਤ ਹੋਰ ਲੋਕ ਵੀ ਮੌਜੂਦ ਸਨ। ਇਸ ਦੌਰਾਨ ਚੀਮਾ ਨੇ ਉਦਯੋਗਪਤੀਆਂ ਦੀ ਡਿਮਾਂਡ ਸੰਬੰਧੀ ਕਿਹਾ ਕਿ ਇਸ ਬਜਟ ਸੈਸ਼ਨ ਦੇ ਦੌਰਾਨ ਜਿਆਦਾ ਤੋਂ ਜਿਆਦਾ ਸਬਸਿਡੀ ਅਤੇ ਇੰਡਸਟਰੀ ਯੂਨਿਟ ਦੇ ਪੈਂਡਿੰਗ ਪਏ ਬਕਾਏ ਨੂੰ ਵੱਖ-ਵੱਖ ਤਰੀਕੀਆਂ ਨਾਲ ਰਿਲੀਜ਼ ਕੀਤਾ ਜਾਵੇਗਾ, ਤਾਂ ਜੋ ਸੂਬੇ ਵਿੱਚ ਇੰਡਸਟਰੀ ਹੋਰ ਜ਼ਿਆਦਾ ਉਭਰ ਸਕੇ।

ਸੌਂਦ ਨੇ ਕਿਹਾ ਕਿ ਮੋਹਾਲੀ ਨੂੰ ਆਈ ਟੀ ਹੱਬ ਵਜੋਂ ਵਿਕਸਤ ਕਰਨ ਜਾ ਰਹੇ ਹਾਂ ਅਤੇ ਵੱਡੀਆਂ ਕੰਪਨੀਆਂ ਨਾਲ ਗੱਲਬਾਤ ਮੁਕੰਮਲ ਹੋ ਚੁੱਕੀ ਹੈ। ਜਲਦ ਹੀ ਆਈ ਟੀ ਪਾਲਿਸੀ ਵੀ ਆ ਰਹੀ ਹੈ ਅਤੇ ਆਈ ਟੀ ਇੰਜੀਨੀਅਰਾਂ ਨੂੰ ਨੌਕਰੀਆਂ ਪ੍ਰੋਵਾਇਡ ਕਰਵਾਇਆਂ ਜਾਣਗੀਆਂ।

ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਨਵੇਂ ਸਟਾਰਟਅੱਪਸ ਲਈ ਬੈਂਕਾਂ ਨੂੰ ਅੱਗੇ ਆਉਣਾ ਚਾਹੀਦਾ ਹੈ ਅਤੇ ਨੌਜਵਾਨਾਂ ਨੂੰ ਵਪਾਰ ਸ਼ੁਰੂ ਕਰਨ ਵਿੱਚ ਮਦਦ ਕਰਨੀ ਚਾਹੀਦੀ ਹੈ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ। -ਮੈਨੇਜਰ

## ਅੱਜ-ਨਾਮਾ

ਪਿਛਲੇ ਵਕਤ ਵਿੱਚ ਕਿਸੇ ਸੀ ਕੀ ਕੀਤਾ,
ਇਹ ਤਾਂ ਹੁੰਦੀ ਇਤਹਾਸ ਦੀ ਗੱਲ ਬੇਲੀ।
ਪਵੇ ਲੋੜ ਤਾਂ ਇਹਦਾ ਕੁਝ ਜ਼ਿਕਰ ਹੁੰਦਾ,
ਫਸੀ ਹੋਈ ਗੱਡੀ ਵੀ ਪੈਂਦੜੀ ਚੱਲ ਬੇਲੀ।
ਇਹਦੇ ਨਾਲ ਵੀ ਰੋਜ਼ ਨਹੀਂ ਡੰਗ ਸਰਦਾ,
ਨੁਕਤਾ ਹੋਰ ਲੈਂਦਾ ਏ ਰਸਤੇ ਮੱਲ ਬੇਲੀ।
ਓਦੋਂ ਫਿਰ ਪੈਂਦੇ ਨੇ ਸੋਚਣੇ ਕਈ ਮਾਰਗ,
ਜਿਨ੍ਹਾਂ ਤੋਂ ਲੱਭਣਾ ਪੈਂਦਾ ਕੁਝ ਹੱਲ ਬੇਲੀ।
ਇੱਕੋ ਰੱਟ ਵਿੱਚ ਜਿਹੜੇ ਆ ਘੁੰਮੀ ਜਾਂਦੇ,
ਲੱਭਦੇ ਕਦੇ ਕੁਝ ਨਵਾਂ ਨਹੀਂ ਰਾਹ ਬੇਲੀ।
ਕੂਹਣੀ ਮੋੜ ਉੱਪਰ ਕਦੀ ਫਸਣਗੇ ਉਹ,
ਓਦੋਂ ਫਿਰ ਚੱਲਣੀ ਕੋਈ ਨਾ ਵਾਹ ਬੇਲੀ।

-ਤੀਸ ਮਾਰ ਖਾਂ

## ਕਰਨਲ ਤੇ ਬੇਟੇ ਦੀ ਕੁੱਟਮਾਰ ਦੀ ਜਾਂਚ ਆਈ ਏ ਐੱਸ ਅਫਸਰ ਹਵਾਲੇ

**ਪਟਿਆਲਾ** : ਪੰਜਾਬ ਸਰਕਾਰ ਨੇ 13 ਮਾਰਚ ਨੂੰ ਪਟਿਆਲਾ ਵਿੱਚ ਪੁਲਸ ਅਧਿਕਾਰੀਆਂ ਵੱਲੋਂ ਕਰਨਲ ਪੁਸ਼ਪਿੰਦਰ ਬਾਠ ਅਤੇ ਉਨ੍ਹਾ ਦੇ 24 ਸਾਲਾ ਪੁੱਤਰ ਅੰਗਦ ਸਿੰਘ 'ਤੇ ਹੋਏ ਬੇਰਹਿਮ ਹਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਤਿੰਨ ਹਫਤਿਆਂ ਦੇ ਅੰਦਰ ਪੂਰੀ ਕੀਤੀ ਜਾਣ ਵਾਲੀ ਜਾਂਚ ਦੀ ਅਗਵਾਈ ਆਈ ਏ ਐੱਸ ਅਧਿਕਾਰੀ ਪਰਮਵੀਰ ਸਿੰਘ ਕਰਨਗੇ, ਜਿਨ੍ਹਾ ਨੂੰ ਜਾਂਚ ਅਧਿਕਾਰੀ ਨਿਯੁਕਤ ਕੀਤਾ ਗਿਆ ਹੈ। ਇਸ ਦੌਰਾਨ ਪੀੜਤ ਪਰਵਾਰ ਨੇ ਵੀਰਵਾਰ ਸ਼ਾਮੀਂ ਚੰਡੀਗੜ੍ਹ ਵਿੱਚ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕਰਕੇ ਇਨਸਾਫ ਦੀ ਮੰਗ ਕੀਤੀ।

ਨਵੀਂ ਦਿੱਲੀ ਵਿੱਚ ਫੌਜ ਦੇ ਹੈੱਡਕੁਆਰਟਰ ਵਿੱਚ ਤਾਇਨਾਤ ਕਰਨਲ ਬਾਠ ਨੇ ਦੋਸ਼ ਲਗਾਇਆ ਸੀ ਕਿ ਉਨ੍ਹਾ ਅਤੇ ਉਨ੍ਹਾ ਦੇ ਪੁੱਤਰ 'ਤੇ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਨੇੜੇ ਪੁਲਸ ਵਾਲਿਆਂ ਨੇ ਹਮਲਾ ਕੀਤਾ। ਪਰਵਾਰਕ ਮੈਂਬਰਾਂ ਨੇ ਘਟਨਾ ਨਾਲ ਨਜਿੱਠਣ ਦੇ ਪੁਲਸ ਢੰਗ ਨਾਲ ਅਸੰਤੁਸ਼ਟੀ ਪ੍ਰਗਟ ਕੀਤੀ ਅਤੇ ਪੰਜਾਬ ਦੇ ਰਾਜਪਾਲ ਨੂੰ ਮਿਲਣ ਦਾ ਫੈਸਲਾ ਕੀਤਾ।

ਰਾਜ ਸਰਕਾਰ ਨੇ ਘਟਨਾ ਦੀ ਗੰਭੀਰਤਾ ਨੂੰ ਤਸਲੀਮ ਕਰਦਿਆਂ ਨਿਰਪੱਖ ਜਾਂਚ ਦਾ ਭਰੋਸਾ ਦਿੱਤਾ ਹੈ। ਪੁਲਸ ਨੇ ਹਮਲੇ ਦੇ ਸੰਬੰਧ ਵਿੱਚ ਤਿੰਨ ਇੰਸਪੈਕਟਰਾਂ ਸਮੇਤ 12 ਕਰਮਚਾਰੀਆਂ ਨੂੰ ਪਹਿਲਾਂ



ਹੀ ਮੁਅੱਤਲ ਕਰ ਦਿੱਤਾ ਹੈ। ਹਾਲਾਂਕਿ ਪਰਵਾਰ ਅਤੇ ਸਮਰਥਕ ਅਗਲੇਰੀ ਕਾਰਵਾਈ ਦੀ ਮੰਗ ਕਰ ਰਹੇ ਹਨ, ਜਿਸ ਵਿੱਚ ਸੰਬੰਧਤ ਪੁਲਸ ਅਧਿਕਾਰੀਆਂ ਦੀ ਗ੍ਰਿਫਤਾਰੀ ਦੀ ਮੰਗ ਸ਼ਾਮਲ ਹੈ। ਜਾਣਕਾਰੀ ਅਨੁਸਾਰ ਇਨਸਾਫ ਨਾ ਮਿਲਣ 'ਤੇ ਕਰਨਲ ਅਤੇ ਸਾਬਕਾ ਸੈਨਿਕ ਅਧਿਕਾਰੀਆਂ ਨੇ 22 ਮਾਰਚ ਨੂੰ ਪਟਿਆਲਾ ਵਿੱਚ ਵਿਰੋਧ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਹੈ।

ਕਰਨਲ ਦੀ ਪਤਨੀ ਜਸਵਿੰਦਰ ਬਾਠ ਦਾ ਕਹਿਣਾ ਹੈ ਕਿ ਪਟਿਆਲਾ ਪੁਲਸ ਨੇ ਪੱਖਪਾਤੀ ਭੂਮਿਕਾ ਨਿਭਾਈ ਹੈ, ਕਿਉਂਕਿ 12 ਮੁਅੱਤਲ ਕੀਤੇ ਗਏ ਅਧਿਕਾਰੀਆਂ ਦੇ ਨਾਂਅ ਹੁਣ ਤੱਕ ਜਨਤਕ ਨਹੀਂ ਕੀਤੇ ਗਏ ਹਨ। ਜੇ ਅਜਿਹਾ ਇਕ ਸੇਵਾ ਨਿਭਾ ਰਹੇ ਫੌਜੀ ਅਧਿਕਾਰੀ ਨਾਲ ਹੋ ਸਕਦਾ ਹੈ, ਤਾਂ ਤੁਸੀਂ ਆਮ ਆਦਮੀ ਦੀ ਦੁਰਦਸ਼ਾ ਦੀ ਕਲਪਨਾ ਕਰ ਸਕਦੇ ਹੋ। ਭਾਜਪਾ ਆਗੂ ਅਤੇ ਕਰਨਲ ਪਰਵਾਰ ਦੇ ਨਜ਼ਦੀਕੀ ਰਿਸ਼ਤੇਦਾਰ ਗੁਰਤੇਜ ਢਿੱਲੋਂ ਨੇ ਕਿਹਾ ਕਿ ਉਨ੍ਹਾ ਦੀਆਂ ਤਿੰਨ ਮੰਗਾਂ ਅਜੇ ਵੀ ਵਿਚਾਰ ਅਧੀਨ ਹਨ। ਉਨ੍ਹਾ ਦੱਸਿਆ ਕਿ ਕਰਨਲ ਪੁਸ਼ਪਿੰਦਰ ਬਾਠ ਦੀ ਸ਼ਿਕਾਇਤ ਪੁਲਸ ਕੋਲ ਵਿਚਾਰ ਅਧੀਨ ਹੈ ਅਤੇ ਇਸ ਦੇ ਆਧਾਰ 'ਤੇ ਐੱਫ ਆਈ ਆਰ ਦਰਜ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾ 'ਤੇ ਹਮਲਾ ਕਰਨ ਵਾਲੇ 12 ਪੁਲਸ ਮੁਲਾਜ਼ਮਾਂ ਨੂੰ ਵੀ ਗ੍ਰਿਫਤਾਰ ਕੀਤਾ ਜਾਵੇ। ਇਸ ਦੌਰਾਨ ਅੰਗਦ ਸਿੰਘ, ਜੋ ਕਿ 13 ਮਾਰਚ ਨੂੰ ਹੋਏ ਹਮਲੇ ਵਿੱਚ ਆਪਣੇ ਪਿਤਾ ਦੇ ਨਾਲ ਜ਼ਖਮੀ ਹੋ ਗਿਆ ਸੀ, ਨੇ ਦੋਸ਼ ਲਗਾਇਆ ਹੈ ਕਿ ਅੱਜ ਤੱਕ ਪੁਲਸ ਵਿਭਾਗ ਤਰਫੋਂ ਕੋਈ ਵੀ ਉਨ੍ਹਾਂ ਨੂੰ ਮਿਲਣ ਨਹੀਂ ਆਇਆ, ਬਿਆਨ ਦਰਜ ਕਰਨਾ ਤਾਂ ਦੂਰ ਹੈ। ਸੋਮਵਾਰ ਇੰਸਪੈਕਟਰ ਹੈਰੀ ਬੋਪਾਰਾਏ, ਰੌਨੀ ਸਿੰਘ ਅਤੇ ਹਰਜਿੰਦਰ ਢਿੱਲੋਂ ਤੋਂ ਇਲਾਵਾ ਨੌਂ ਹੋਰ ਪੁਲਸ ਮੁਲਾਜ਼ਮਾਂ ਨੂੰ ਮੁਅੱਤਲ ਕਰ ਦਿੱਤਾ ਗਿਆ। ਹਾਲਾਂਕਿ ਪੂਰੀ ਸੂਚੀ ਅਜੇ ਜਨਤਕ ਨਹੀਂ ਕੀਤੀ ਗਈ। ਅੰਗਦ ਸਿੰਘ ਨੇ ਕਿਹਾ, 'ਇਹ ਕੋਈ ਨਿਆਂ ਨਹੀਂ ਹੈ, ਕਿਉਂਕਿ ਮੁਅੱਤਲੀ ਅਜਿਹੇ ਬੇਰਹਿਮ ਹਮਲੇ ਲਈ ਕੋਈ ਸਜ਼ਾ ਨਹੀਂ ਹੈ, ਜਿੱਥੇ ਇੱਕ ਪਿਤਾ ਅਤੇ ਪੁੱਤਰ ਨੂੰ ਇੱਕ-ਦੂਜੇ ਦੇ ਸਾਹਮਣੇ ਬੇਇੱਜ਼ਤ ਕੀਤਾ ਗਿਆ, ਬੇਸਬਾਲ, ਬੈਟਾਂ ਨਾਲ ਕੁੱਟਿਆ ਗਿਆ ਅਤੇ ਲੱਤਾਂ ਮਾਰੀਆਂ ਗਈਆਂ। ਮੈਂ ਇਹ ਕਦੇ ਨਹੀਂ ਭੁੱਲ ਸਕਦਾ।'

ੴ ਸਤਿਗੁਰ ਪ੍ਰਸਾਦਿ
ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਪਾਠ ਦਾ ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ ਪਿਤਾ ਜੀ ਸਾਬਕਾ ਬੈਂਕ ਮੈਨੇਜਰ

**ਸ. ਸੁਰਜੀਤ ਸਿੰਘ ਬੇਦੀ**

ਸਪੁੱਤਰ ਸਵਰਗਵਾਸੀ ਸ. ਅਵਤਾਰ ਸਿੰਘ ਬੇਦੀ ਡੇਰਾ ਬਾਬਾ ਨਾਨਕ, ਜੋ ਮਿਤੀ 12-3-2025 ਨੂੰ ਅਚਾਨਕ ਗੁਰੂ ਚਰਨਾਂ 'ਚ ਜਾ ਬਿਰਾਜੇ ਸਨ, ਉਹਨਾ ਨਮਿਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਮਿਤੀ 22-3-2025 ਦਿਨ ਸ਼ਨੀਵਾਰ ਨੂੰ ਉਹਨਾ ਦੇ ਗ੍ਰਹਿ ਬਟਾਲਾ ਰੋਡ ਡੇਰਾ ਬਾਬਾ ਨਾਨਕ ਵਿਖੇ ਪਾਏ ਜਾਣਗੇ। ਉਪਰੰਤ ਕੀਰਤਨ ਤੇ ਅੰਤਿਮ ਅਰਦਾਸ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਸਾਹਮਣੇ ਯੁਵਰਾਜ ਗਾਰਡਨ, ਡੇਰਾ ਬਾਬਾ ਨਾਨਕ ਵਿਖੇ ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗੀ।
ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

**ਦੁਖੀ ਹਿਰਦੇ : ਸਮੂਹ ਬੇਦੀ ਪਰਵਾਰ**
ਸੰਪਰਕ : 88470-79072, 98788-20040, 98148-60038

CMYK

## ਐੱਚ ਏ ਐੱਮ ਕਾਲਜ ਵਿਖੇ 'ਨਸ਼ਾਖੋਰੀ' ਵਿਸ਼ੇ 'ਤੇ ਭਾਸ਼ਣ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਵਿਖੇ "ਨਸ਼ਾਖੋਰੀ" ਵਿਸ਼ੇ 'ਤੇ ਇੱਕ ਜਾਗਰੂਕਤਾ ਭਾਸ਼ਣ ਦਾ ਆਯੋਜਨ ਕੀਤਾ ਗਿਆ, ਜਿਸਦੀ ਪੇਸ਼ਕਾਰੀ ਡਾ. ਗੁਰਵੇਲ ਵੱਟਾ ਨੇ ਕੀਤੀ।ਇਸ ਲੈਕਚਰ ਦਾ ਮੁੱਖ ਉਦੇਸ਼ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਨੌਜਵਾਨਾਂ ਨੂੰ ਸਿਹਤਮੰਦ, ਨਸ਼ਾ ਮੁਕਤ ਜੀਵਨ ਵੱਲ ਪ੍ਰੇਰਿਤ ਕਰਨਾ ਸੀ।ਕਾਲਜ ਦੇ ਚੇਅਰਮੈਨ ਧਰਮਪਾਲ ਬਾਂਸਲ, ਡਾਇਰੈਕਟਰ ਯੋਗੇਸ਼ ਬਾਂਸਲ ਅਤੇ ਪ੍ਰਿੰਸੀਪਲ ਡਾ. ਸੁਮਨਲਤਾ ਨੇ ਇਸ ਮਹੱਤਵਪੂਰਨ ਉਪਰਾਲੇ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਸਮਾਜ ਵਿੱਚ ਨਸ਼ਾ ਛੁਡਾਊ ਪ੍ਰਤੀ ਜਾਗਰੂਕਤਾ ਵਧਾਉਣ ਲਈ ਲਗਾਤਾਰ ਯਤਨ ਕਰ ਰਿਹਾ ਹੈ।ਸਾਡਾ ਉਦੇਸ਼ ਪੰਜਾਬ ਨੂੰ ਦੁਬਾਰਾ ਖੁਸ਼ਹਾਲ, ਖੁਸ਼ਹਾਲ ਅਤੇ ਸਿਹਤਮੰਦ ਬਣਾਉਣਾ ਹੈ, ਜਿੱਥੇ ਨਸ਼ੇ ਦੀ ਲਤ ਲਈ ਕੋਈ ਥਾਂ ਨਹੀਂ ਹੈ।ਆਓ ਇਸ ਮੁਹਿੰਮ ਵਿੱਚ ਸ਼ਾਮਲ ਹੋਈਏ ਤੇ ਨਸ਼ਾ ਮੁਕਤ ਸਮਾਜ ਵੱਲ ਵਧੀਏ ਤੇ ਆਉਣ ਵਾਲੀ ਪੀੜ੍ਹੀ ਨੂੰ ਇੱਕ ਉੱਜਵਲ ਭਵਿੱਖ ਪ੍ਰਦਾਨ ਕਰੀਏ।

## ਇਤਰਾਜ਼ ਦੇ ਬਾਵਜੂਦ ਸੱਤਾਧਾਰੀ ਪਾਰਟੀ ਨੇ ਸਮੀਰ ਜੈਨ ਮੁੜ ਆੜ੍ਹਤੀਆ ਐਸੋਸੀਏਸ਼ਨ ਦਾ ਪ੍ਰਧਾਨ ਬਣਾਇਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਆੜ੍ਹਤੀਆ ਐਸੋਸੀਏਸ਼ਨ ਮੋਗਾ ਦੀਆਂ ਹਰ ਦੋ ਸਾਲ ਬਾਅਦ ਪ੍ਰਧਾਨਗੀ ਨੂੰ ਲੈ ਕੇ ਚੋਣਾਂ ਕੀਤੀਆਂ ਜਾਂਦੀਆਂ ਹਨ, ਜਿਸ ਨੂੰ ਲੈ ਕੇ ਬੀਤੇ ਦਿਨ ਆੜ੍ਹਤੀ ਐਸੋਸੀਏਸ਼ਨ ਦੇ ਦਫਤਰ ਵਿਖੇ ਇੱਕ ਮੀਟਿੰਗ ਰੱਖੀ ਗਈ ਸੀ, ਜਿਸ ਵਿੱਚ ਸੱਤਾਧਾਰੀ ਪਾਰਟੀ ਵੱਲੋਂ ਮੁੜ ਤੋਂ ਸੁਮੀਰ ਜੈਨ ਨੂੰ ਪ੍ਰਧਾਨ ਚੁਣ ਲਿਆ ਗਿਆ।ਇਸ 'ਤੇ ਕੁਝ ਆੜ੍ਹਤੀਆਂ ਵੱਲੋਂ ਇਤਰਾਜ਼ ਜਤਾਇਆ ਗਿਆ, ਪਰ ਸੱਤਾਧਾਰੀ ਪਾਰਟੀ ਨੇ ਸਮੀਰ ਜੈਨ ਨੂੰ ਹੀ ਪ੍ਰਧਾਨ ਨਿਯੁਕਤ ਕਰਦੇ ਹੋਏ ਸਾਰੇ ਆੜ੍ਹਤੀਆਂ ਦੇ ਹੱਥ ਕਰਕੇ ਪ੍ਰਵਾਨਗੀ ਲਈ ਤੇ ਉਨ੍ਹਾਂ ਦੇ ਹਾਰ ਪਾ ਕੇ ਵਧਾਈ ਦਿੱਤੀ।ਇਸ ਮੌਕੇ ਆੜ੍ਹਤੀ ਐਸੋਸੀਏਸ਼ਨ ਦੇ ਦਫਤਰ ਵਿੱਚ ਭਾਰੀ ਪੁਲਸ ਬਲ ਤੈਨਾਤ ਸਨ।ਇਸ ਮੌਕੇ ਪ੍ਰਧਾਨ ਸਮੀਰ ਜੈਨ ਨੇ ਉਨ੍ਹਾਂ ਨੂੰ ਦੁਬਾਰਾ ਪ੍ਰਧਾਨ ਬਣਾਏ ਜਾਣ 'ਤੇ ਕਿਹਾ ਕਿ ਉਹ ਜਿਸ ਤਰ੍ਹਾਂ ਪਹਿਲਾਂ ਆੜ੍ਹਤੀਆਂ ਦਾ ਕੰਮ ਕਰਦੇ ਆ ਰਹੇ ਹਨ, ਉਸੇ ਤਰ੍ਹਾਂ ਹੀ ਆੜ੍ਹਤੀਆਂ ਭਰਾਵਾਂ ਦਾ ਸਾਥ ਦਿੰਦੇ ਰਹਿਣਗੇ।ਉਨ੍ਹਾਂ ਵਿਧਾਇਕ ਮੋਗਾ ਡਾ. ਅਮਰਦੀਪ ਕੌਰ ਅਰੋੜਾ ਤੇ ਸਮੂਹ ਆੜ੍ਹਤੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਹਿਲਾਂ ਦੀ ਤਰ੍ਹਾਂ ਹੁਣ ਦੁਬਾਰਾ ਸੌਂਪੀ ਗਈ ਜ਼ਿੰਮੇਦਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਚੋਣਾਂ ਦਾ ਬਾਈਕਾਟ ਕਰਨ ਵਾਲੇ ਸਾਬਕਾ ਪ੍ਰਧਾਨ ਪ੍ਰਭਦੀਪ ਸਿੰਘ ਕਾਲਾ, ਸਾਬਕਾ ਚੇਅਰਮੈਨ ਰਣਵੀਰ ਸਿੰਘ ਲਾਲੀ, ਜੋਰਾ ਸਿੰਘ ਰਤੀਆ, ਸਾਬਕਾ ਸਕੱਤਰ ਦੀਪਕ ਤਾਇਲ, ਜਗਦੀਪ ਸਿੰਘ ਬਰਾੜ, ਵਿਕਾਸ ਗੁਪਤਾ, ਸੋਨੂ ਨੌਹਰੀਆ, ਜਸਵਿੰਦਰ ਸਿੰਘ ਕੁਕੀ ਸਰਪੰਚ, ਨਿਹਾਲ ਸਿੰਘ ਸਰਪੰਚ ਤੇ ਟਿੰਕੂ ਚੌਧਰੀ ਨੇ ਕਿਹਾ ਕਿ ਆੜ੍ਹਤੀ ਐਸੋਸੀਏਸ਼ਨ ਮੋਗਾ ਦੇ 21 ਮਾਰਚ ਨੂੰ ਚੋਣਾਂ ਹੋਣੀਆਂ ਸਨ, ਅੱਜ ਤਾਂ ਸਿਰਫ ਮੀਟਿੰਗ ਹੀ ਰੱਖੀ ਗਈ ਸੀ, ਪਰ ਅੱਜ ਸੱਤਾਧਾਰੀ ਪਾਰਟੀ ਦੇ ਬਾਹਰ ਤੋਂ ਆਏ ਕੁਝ ਆਦਮੀਆਂ ਨੇ ਪੁਲਸ ਦੇ ਜ਼ੋਰ 'ਤੇ ਸਮੀਰ ਜੈਨ ਨੂੰ ਪ੍ਰਧਾਨ ਚੁਣ ਲਿਆ ਤੇ ਉਸ ਨੂੰ ਪ੍ਰਧਾਨ ਬਣਾ ਦਿੱਤਾ, ਜਿਸ ਦਾ ਅਸੀਂ ਪੁਰਜ਼ੋਰ ਵਿਰੋਧ ਕਰਦੇ ਹਾਂ। ਉਨ੍ਹਾਂ ਕਿਹਾ ਕਿ ਸਾਰੇ ਆੜ੍ਹਤੀਆਂ ਨੂੰ ਅਸੀਂ ਦੁਬਾਰਾ 21 ਮਾਰਚ ਨੂੰ ਮੀਟਿੰਗ ਵਿੱਚ ਬੁਲਾ ਕੇ ਇਸ ਬਾਰੇ ਫੈਸਲਾ ਕਰਾਂਗੇ, ਜਿਸ ਨੂੰ ਵੀ ਆੜ੍ਹਤੀਏ ਕਹਿਣਗੇ, ਸਾਨੂੰ ਉਹ ਪ੍ਰਧਾਨ ਮਨਜ਼ੂਰ ਹੋਵੇਗਾ। ਉਨ੍ਹਾਂ ਕਿਹਾ ਕਿ ਆੜ੍ਹਤੀਆਂ ਦੀ ਭਾਈਚਾਰਕ ਸਾਂਝ ਨੂੰ ਕਦੇ ਵੀ ਖਤਮ ਨਹੀਂ ਕੀਤਾ ਜਾ ਸਕਦਾ ਇਹ ਸੱਤਾਧਾਰੀ ਪਾਰਟੀ ਵੱਲੋਂ ਨਵੀਂ ਪਿਰਤ ਸਾਡੇ ਵਪਾਰ ਵਿੱਚ ਪਾਈ ਜਾ ਰਹੀ ਹੈ, ਜੋ ਸਾਨੂੰ ਮਨਜ਼ੂਰ ਨਹੀਂ। ਇਸ ਮੀਟਿੰਗ ਵਿੱਚ ਸਕੱਤਰ ਰਾਹੁਲ ਗਰਗ, ਕੈਸ਼ੀਅਰ ਹਿਤੇਸ਼ ਗਰਗ, ਚੇਅਰਮੈਨ ਅੰਗਰੇਜ਼ ਸਿੰਘ ਸਮਰਾ, ਯੋਗੇਸ਼ ਗਰਗ, ਸਤੀਸ਼ ਚੰਦਰ ਜੈਨ, ਕਸ਼ਿਸ਼ ਬਾਂਸਲ, ਰਵੀ ਧੀਰ, ਮਦਨ ਲਾਲ, ਅਜੇ ਮੰਗਲਾ, ਨੈਬ ਸਿੰਘ, ਨਿਤਨ ਗੁਪਤਾ, ਪ੍ਰਵੀਣ ਗਰਗ, ਪ੍ਰਦੀਪ ਮੰਗਲਾ, ਬਿਪਣ ਕੁਮਾਰ ਬਿੱਟਾ, ਮੁਰਾਰੀ ਸਿੰਗਲਾ, ਰਜਿੰਦਰ ਕੁਮਾਰ, ਲਲਿਤ ਕੁਮਾਰ, ਤਰਸੇਮ ਲਾਲ, ਸੰਚਿਤ ਧੀਰ, ਰਜਿੰਦਰ ਜੈਨ, ਗੁਰਮਿੰਦਰਜੀਤ ਸਿੰਘ ਬਬਲੂ, ਰਿੰਕੂ ਤੇ ਗਿਆਨੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆੜ੍ਹਤੀਏ ਹਾਜ਼ਰ ਸਨ।

## ਟ੍ਰਾਂਸਫਾਰਮਰਾਂ ਦੀ ਚੋਰੀ ਤੋਂ ਇਲਾਕੇ ਦੇ ਕਿਸਾਨ ਚਿੰਤਤ



**ਸਮਰਾਲਾ (ਪ. ਪ.)**-ਸਮਰਾਲਾ ਇਲਾਕੇ ਦੇ ਪਿੰਡ ਖੱਟਰਾਂ, ਮੁੱਤੋਂ, ਮਾਦਪੁਰ ਆਦਿ ਵਿੱਚੋਂ ਲਗਾਤਾਰ ਹੋ ਰਹੀ ਬਿਜਲੀ ਟਰਾਂਸਫਾਰਮਰਾਂ ਦੀ ਚੋਰੀ ਤੋਂ ਇਲਾਕੇ ਦੇ ਕਿਸਾਨ ਬਹੁਤ ਚਿੰਤਤ ਹਨ।ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਨੇ ਇਸ ਦਾ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਟ੍ਰਾਂਸਫਾਰਮਰ ਚੋਰੀ ਕਾਰਨ ਕਿਸਾਨਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ, ਪਰ ਪ੍ਰਸ਼ਾਸਨ ਬੇਖਬਰ ਹੈ।ਯੂਨੀਅਨ ਆਗੂਆਂ ਪਰਮਿੰਦਰ ਸਿੰਘ ਪਾਲ ਮਾਜਰਾ ਸੂਬਾ ਜਨਰਲ ਸਕੱਤਰ, ਮਨਜੀਤ ਸਿੰਘ ਢੀਂਡਸਾ ਜ਼ਿਲ੍ਹਾ ਪ੍ਰਧਾਨ ਤੇ ਗੁਰਸੇਵਕ ਸਿੰਘ ਮੰਜਾਲੀਆਂ ਬਲਾਕ ਸਮਰਾਲਾ ਪ੍ਰਧਾਨ ਨੇ ਕਿਹਾ ਕਿ ਇਨ੍ਹਾਂ ਪਿੰਡਾਂ ਵਿੱਚ ਕਿਸਾਨਾਂ ਦੇ ਖੇਤਾਂ ਵਿੱਚ ਲੱਗੇ ਟਰਾਂਸਫਾਰਮਰ ਚੋਰੀ ਹੋਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਪਿਛਲੇ 20 ਦਿਨਾਂ ਦੌਰਾਨ ਇੱਕ ਰਾਤ ਛੇ ਫਰਾਂਸਫਾਰਮਰ, ਹੁਣ ਮੁੜ ਫਿਰ ਇੱਕ ਰਾਤ ਵਿੱਚ ਚਾਰ ਟ੍ਰਾਂਸਫਾਰਮਰ ਚੋਰੀ ਹੋ ਗਏ, ਜਿਨ੍ਹਾਂ ਵਿੱਚ ਅਜੇ ਇੱਕ ਤਾਂ ਚੋਰੀ ਤੋਂ ਬਾਅਦ ਕੱਲ੍ਹ ਹੀ ਮੁੜ ਦੋਬਾਰਾ ਰੱਖਿਆ ਸੀ।ਇਸ ਚੋਰੀ ਦੀ ਰਿਪੋਰਟ ਬਿਜਲੀ ਬੋਰਡ ਨੂੰ ਦਿੱਤੀ ਗਈ ਸੀ ਤੇ ਥਾਣਾ ਸਮਰਾਲਾ ਵਿਖੇ ਵੀ ਲਿਖਵਾਈ ਗਈ ਹੈ।ਉਨ੍ਹਾਂ ਕਿਹਾ ਕਿ ਚੋਰੀਆਂ ਕਾਰਨ ਕਿਸਾਨਾਂ ਦੀ ਫ਼ਸਲ ਦਾ ਭਾਰੀ ਨੁਕਸਾਨ ਹੋ ਰਿਹਾ ਹੈ।ਇਸ ਦੌਰਾਨ ਪੀ ਐੱਸ ਪੀ ਸੀ ਐੱਲ ਮੰਡਲ ਸਮਰਾਲਾ ਦੇ ਵਧੀਕ ਨਿਗਰਾਨ ਇੰਜੀਨੀਅਰ ਕੰਵਲਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਖੱਟਰਾਂ, ਮਾਦਪੁਰ, ਰੋਹਲੇ ਤੇ ਢੀਂਡਸਾ ਆਦਿ ਪਿੰਡਾਂ ਵਿੱਚੋਂ ਕੁਝ ਟ੍ਰਾਂਸਫਾਰਮਰ ਚੋਰੀ ਹੋਏ ਹਨ।ਕਿਸਾਨਾਂ ਦੀ ਸਹੂਲਤ ਦੇ ਮੱਦੇਨਜ਼ਰ ਟ੍ਰਾਂਸਫਾਰਮਰ ਤੁਰੰਤ ਤਬਦੀਲ ਕਰ ਦਿੱਤੇ।ਉਨ੍ਹਾਂ ਕਿਹਾ ਕਿ ਖੇਤਾਂ ਵਿੱਚ ਰੱਖੇ ਟਰਾਂਸਫਾਰਮਰਾਂ ਨੂੰ ਚੋਰੀ ਤੋਂ ਬਚਾਉਣ ਲਈ ਉਨ੍ਹਾਂ ਦੀ ਵੈਲਡਿੰਗ ਕਰਵਾ ਦਿੱਤੀ ਗਈ ਹੈ ਤੇ ਚੋਰੀ ਸਬੰਧੀ ਪੁਲਸ ਨੂੰ ਸੂਚਿਤ ਕੀਤਾ ਗਿਆ ਹੈ।ਉਨ੍ਹਾ ਦੱਸਿਆ ਕਿ ਪੁਲਸ ਵਿਭਾਗ ਨੇ ਯਕੀਨ ਦੁਆਇਆ ਕਿ ਚੋਰਾਂ ਨੂੰ ਜਲਦੀ ਕਾਬੂ ਕਰ ਲਿਆ ਜਾਵੇਗਾ।

## 40 ਪੰਚਾਇਤਾਂ ਨੇ ਨਸ਼ਾ ਤਸਕਰਾਂ ਦੀ ਮਦਦ ਨਾ ਕਰਨ ਦੇ ਮਤੇ ਪਾਏ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪਿੰਡ ਕੁਠਾਲਾ ਵਿਖੇ ਜ਼ਿਲ੍ਹਾ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਬਹੁਪੜਾਵੀ 'ਯੁੱਧ ਨਸ਼ਿਆਂ ਵਿਰੁੱਧ' ਜਿੱਤਣ ਲਈ ਤੇ ਮਾਲੇਰਕੋਟਲਾ ਜ਼ਿਲ੍ਹੇ ਨੂੰ ਨਸ਼ਾ ਮੁਕਤ ਬਣਾਉਣ ਲਈ ਆਪਣੇ ਕਿਸਮ ਦੀ ਸੰਪਰਕ ਪਹਿਲੀ ਪਬਲਿਕ ਮਿਲਣੀ ਆਯੋਜਤ ਕੀਤੀ ਗਈ।ਇਸ ਸੰਪਰਕ ਮਿਲਣੀ ਦੌਰਾਨ ਜ਼ਿਲ੍ਹੇ ਦੀਆਂ ਕਰੀਬ 40 ਪੰਚਾਇਤਾਂ ਨੇ ਸਰਬਸੰਮਤੀ ਨਾਲ ਮਤੇ ਪਾ ਕੇ 'ਯੁੱਧ ਨਸ਼ਿਆਂ ਵਿਰੁੱਧ 'ਆਰੰਭੀ ਫ਼ੈਸਲਾਕੁੰਨ ਜੰਗ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦਾ ਸਾਥ ਦੇਣ ਅਤੇ ਕਿਸੇ ਵੀ ਨਸ਼ਾ ਤਸਕਰ ਦੀ ਕੋਈ ਵੀ ਮਦਦ ਨਾ ਕਰਨ ਦੇ ਭਰੋਸਾ ਵਾਲੇ ਮਤੇ ਦਿੱਤੇ।ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਨੇ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸ਼ੁਰੂ ਕੀਤੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੀ ਜ਼ੋਰਦਾਰ ਢੰਗ ਨਾਲ ਪ੍ਰੋੜ੍ਹਤਾ ਕੀਤੀ ਤੇ ਪ੍ਰਸ਼ਾਸਨਿਕ ਤੇ ਕਾਨੂੰਨੀ ਕਾਰਵਾਈ ਦੌਰਾਨ ਤਸਕਰਾਂ ਦੀ ਕੋਈ ਵੀ ਮੱਦਦ ਨਾ ਕਰਨ ਦੀ ਸਹੁੰ ਚੁੱਕੀ।ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਬਹੁਪੜਾਵੀ 'ਯੁੱਧ ਨਸ਼ਿਆਂ ਵਿਰੁੱਧ' ਜਿੱਤਣ ਲਈ ਲੋਕਾਂ ਦਾ ਸਹਿਯੋਗ ਜ਼ਰੂਰੀ ਹੈ।ਉਨ੍ਹਾਂ ਆਮ ਲੋਕਾਂ ਅਤੇ ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਹੁਣ ਇਕ ਲੋਕ ਲਹਿਰ ਬਣ ਗਈ ਹੈ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮੁਹਿੰਮ ਨੂੰ ਦਿੱਤੇ ਸਹਿਯੋਗ ਸਦਕਾ ਪਿਛਲੇ 17 ਦਿਨਾਂ ਅੰਦਰ ਸੂਬੇ ਭਰ ਵਿੱਚ ਵੱਡੀ ਗਿਣਤੀ ਵਿੱਚ ਨਸ਼ਾ ਤਸਕਰ ਜੇਲ੍ਹਾਂ ਵਿੱਚ ਪਹੁੰਚਾਏ ਗਏ ਹਨ ਤੇ ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਕੀਤੀ ਗਈ ਹੈ।

## ਦੇਸ਼ ਭਗਤ 'ਵਰਸਿਟੀ ਵੱਲੋਂ ਗੁਰਮਤਿ ਸੰਗੀਤ ਬਾਰੇ ਅੰਤਰਰਾਸ਼ਟਰੀ ਸੈਮੀਨਾਰ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ ਨੇ ਸਮਾਜਿਕ ਵਿਗਿਆਨ ਵਿਭਾਗ ਦੁਆਰਾ ਗੁਰਮਤਿ ਸੰਗੀਤ ਬਾਰੇ ਇੱਕ ਅੰਤਰਰਾਸ਼ਟਰੀ ਸੈਮੀਨਾਰ ਕਰਾਇਆ, ਜਿਸ ਵਿੱਚ ਦੁਨੀਆ ਭਰ ਦੇ ਮਾਹਰਾਂ, ਵਿਦਵਾਨਾਂ ਨੂੰ ਸਿੱਖ ਸੰਗੀਤ ਦੀ ਅਮੀਰ ਪ੍ਰੰਪਰਾ ਵਿੱਚ ਡੂੰਘਾਈ ਨਾਲ ਜਾਨਣ ਲਈ ਇਕੱਠਾ ਕੀਤਾ ਗਿਆ।

ਯੂਨੀਵਰਸਿਟੀ ਦੇ ਅਤਿ-ਆਧੁਨਿਕ ਕੈਂਪਸ ਵਿੱਚ ਹੋਏ ਸਮਾਗਮ ਦਾ ਉਦੇਸ਼ ਸਿੱਖ ਧਰਮ ਦੇ ਭਗਤੀ ਸੰਗੀਤ, ਗੁਰਮਤਿ ਸੰਗੀਤ ਦੀ ਸਮਝ ਤੇ ਸੰਭਾਲ ਨੂੰ ਉਤਸ਼ਾਹਤ ਕਰਨਾ ਸੀ।ਸੈਮੀਨਾਰ ਵਿੱਚ ਪ੍ਰਸਿੱਧ ਗੁਰਮਤਿ ਸੰਗੀਤ ਵਿਦਵਾਨਾਂ, ਸੰਗੀਤ ਵਿਗਿਆਨੀਆਂ ਤੇ ਕਲਾਕਾਰਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਨੇ ਇਸ ਪਵਿੱਤਰ ਸੰਗੀਤ ਪ੍ਰੰਪਰਾ ਦੇ ਵੱਖ-ਵੱਖ ਪਹਿਲੂਆਂ 'ਤੇ ਆਪਣਾ ਗਿਆਨ ਤੇ ਸੂਝ ਸਾਂਝੀ ਕੀਤੀ।ਸਮਾਗਮ ਵਿੱਚ ਸਿੱਖ ਧਰਮ ਵਿੱਚ ਗੁਰਮਤਿ ਸੰਗੀਤ ਦੇ ਇਤਿਹਾਸਕ ਤੇ ਅਧਿਆਤਮਿਕ ਮਹੱਤਵ ਨੂੰ ਉਜਾਗਰ ਕਰਨ ਵਾਲੇ ਸੂਝਵਾਨ ਵਿਚਾਰ-ਵਟਾਂਦਰੇ, ਭਾਸ਼ਣ ਤੇ ਪ੍ਰਦਰਸ਼ਨ ਸ਼ਾਮਲ ਸਨ।

ਇਸ ਸਮਾਰੋਹ ਦੇ ਮੁੱਖ ਮਹਿਮਾਨ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਸਨ, ਪ੍ਰੋ. ਚਾਂਸਲਰ, ਡਾ. ਤਜਿੰਦਰ ਕੌਰ ਤੇ ਚਾਂਸਲਰ ਦੇ ਸਲਾਹਕਾਰ, ਡਾ. ਵਰਿੰਦਰ ਸਿੰਘ ਸ਼ਾਮਲ ਸਨ। ਇਸ ਅੰਤਰਰਾਸ਼ਟਰੀ ਸਮਾਗਮ ਦੇ ਕਨਵੀਨਰ ਡਾ. ਹਰਸ਼ ਸਦਾਵਰਤੀ, ਵਾਈਸ ਪ੍ਰੈਜ਼ੀਡੈਂਟ; ਡਾ. ਕੰਵਲਜੀਤ ਸਿੰਘ, ਮੁਖੀ ਸੰਗੀਤ ਅਤੇ ਗੁਰਮਤਿ ਸੰਗੀਤ ਵਿਭਾਗ ਸ਼ਾਮਲ ਸਨ। ਚਾਂਸਲਰ ਡਾ. ਜ਼ੋਰਾ ਸਿੰਘ ਨੇ ਭਾਗੀਦਾਰਾਂ ਦਾ ਸਵਾਗਤ ਕੀਤਾ ਤੇ ਅਜਿਹੀਆਂ ਪਹਿਲਕਦਮੀਆਂ ਰਾਹੀਂ ਸਿੱਖ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਤੇ ਉਤਸ਼ਾਹਤ ਕਰਨ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਪ੍ਰਗਟ ਕੀਤੀ।

ਸਮਾਗਮ ਦੇ ਮੁੱਖ ਮਹਿਮਾਨ ਪਦਮਸ਼੍ਰੀ ਸੁਰਿੰਦਰ ਸਿੰਘ ਸਿੰਘ ਬੰਧੂ ਨੇ ਗੁਰਮਤਿ ਸੰਗੀਤ ਦੀ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕੀਤੀ।ਮੁੱਖ ਬੁਲਾਰਿਆਂ ਵਿੱਚ ਭਾਰਤ ਤੇ ਵਿਦੇਸ਼ਾਂ ਦੀਆਂ ਉੱਘੀਆਂ ਸ਼ਖ਼ਸੀਅਤਾਂ ਸ਼ਾਮਲ ਸਨ, ਜਿਨ੍ਹਾਂ ਨੇ ਗੁਰਮਤਿ ਸੰਗੀਤ ਦੇ ਵਿਕਾਸ, ਗੁਰਬਾਣੀ (ਗੁਰੂ ਗ੍ਰੰਥ ਸਾਹਿਬ ਦੇ ਪਵਿੱਤਰ ਭਜਨ) ਨਾਲ ਇਸ ਦੇ ਸਬੰਧ ਤੇ ਸਿੱਖ ਧਾਰਮਿਕ ਸਮਾਰੋਹਾਂ ਵਿੱਚ ਇਸ ਦੀ ਭੂਮਿਕਾ ਦੀ ਪੜਚੋਲ ਕੀਤੀ।ਸੈਮੀਨਾਰ ਵਿੱਚ ਨੌਜਵਾਨ ਪੀੜ੍ਹੀ ਵਿੱਚ ਇਸ ਕਲਾ ਨੂੰ ਸੰਭਾਲਣ ਤੇ ਉਤਸ਼ਾਹਤ ਕਰਨ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ ਗਿਆ। ਡਾ. ਜਸਬੀਰ ਕੌਰ, ਸਾਬਕਾ ਡੀਨ ਪੰਜਾਬੀ ਯੂਨੀਵਰਸਿਟੀ ਅਤੇ ਡਾ. ਹਰਵਿੰਦਰ ਸਿੰਘ ਚੰਡੀਗੜ੍ਹ, ਡਾ. ਜਸਵੰਤ ਸਿੰਘ, ਡਾ. ਸਵਰਲੀਨ ਕੌਰ ਸ੍ਰੀ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ, ਡਾ. ਗਿਆਨ ਸਿੰਘ ਕੈਨੇਡਾ, ਡਾ. ਏ.ਪੀ. ਸਿੰਘ ਕੈਨੇਡਾ, ਡਾ. ਲਖਵਿੰਦਰ ਸਿੰਘ ਬੇਦੀ ਨੇ ਗੁਰਬਾਣੀ ਤੇ ਗੁਰਮਤ ਸੰਗੀਤ ਵਿੱਚ ਰਾਗਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

## ਐੱਸ ਕੇ ਐੱਮ ਸ਼ੰਭੂ ਤੇ ਖਨੌਰੀ ਬਾਰਡਰਾਂ 'ਤੇ ਕਿਸਾਨਾਂ ਉੱਪਰ ਹੋਏ ਜਬਰ ਦਾ ਵਿਰੋਧ ਕਰੇਗਾ : ਆਗੂ



**ਮਾਨਸਾ (ਆਤਮਾ ਸਿੰਘ ਪਮਾਰ)**-ਨੇੜਲੇ ਪਿੰਡ ਫਫੜੇ ਭਾਈ ਕੇ ਵਿਖੇ ਭਾਈ ਬਹਿਲੋ ਗੁਰਦੁਆਰਾ ਸਾਹਿਬ ਵਿਖੇ ਐੱਸ ਕੇ ਐੱਮ ਵਿੱਚ ਸ਼ਾਮਲ ਜ਼ਿਲ੍ਹੇ ਦੀਆਂ ਸਮੂਹ ਕਿਸਾਨ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਬੀ ਕੇ ਯੂ ਧਨੇਰ ਕੁਲਵੰਤ ਸਿੰਘ ਕਿਸ਼ਨਗੜ੍ਹ, ਕੁੱਲ ਹਿੰਦ ਕਿਸਾਨ ਸਭਾ ਦੇ ਕ੍ਰਿਸ਼ਨ ਚੌਹਾਨ ਤੇ ਬੀ ਕੇ ਯੂ ਮਾਲਵਾ ਦੇ ਮਲੂਕ ਸਿੰਘ ਹੀਰਕੇ ਦੇ ਪ੍ਰਧਾਨਗੀ ਮੰਡਲ ਹੇਠ ਹੋਈ।ਮੀਟਿੰਗ ਮੌਕੇ ਭਗਵੰਤ ਮਾਨ ਵੱਲੋਂ ਕੇਂਦਰ ਸਰਕਾਰ ਦੇ ਇਸ਼ਾਰੇ ਤੇ ਇੱਕ ਸਾਲ ਤੋਂ ਵੱਧ ਸਮੇਂ ਤੋਂ ਚਲਦੇ ਧਰਨੇ ਨੂੰ ਜਬਰੀ ਚੁੱਕਣ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਪੁਲਸ ਤੈਨਾਤ ਕਰਕੇ ਕਿਸਾਨਾਂ ਤੇ ਢਾਹੇ ਜਬਰ ਦੀ ਪੁਰਜ਼ੋਰ ਨਿਖੇਧੀ ਕੀਤੀ ਗਈ। ਆਗੂਆਂ ਨੇ ਕਿਹਾ ਕਿ ਐੱਸ ਕੇ ਐੱਮ ਗੈਰ-ਰਾਜਨੀਤਕ ਤੇ ਕਿਸਾਨ ਮਜ਼ਦੂਰ ਮੋਰਚੇ ਦੇ ਆਗੂਆਂ ਨੂੰ ਗੱਲਬਾਤ ਲਈ ਚੰਡੀਗੜ੍ਹ ਬੁਲਾ ਕੇ ਗ੍ਰਿਫ਼ਤਾਰ ਕਰਨਾ ਸਿਰੇ ਦਾ ਵਿਸ਼ਵਾਸਘਾਤ ਹੈ।ਆਗੂ ਰਹਿਤ ਹੋਏ ਕਿਸਾਨਾਂ ਤੇ ਬਲ ਦਾ ਪ੍ਰਯੋਗ ਕਰਨਾ ਲੋਕ ਤੰਤਰੀ ਕਦਰਾਂ ਕੀਮਤਾਂ ਦਾ ਸ਼ਰੇਆਮ ਘਾਣ ਹੈ।ਇੱਕ ਪਾਸੇ ਕੇਂਦਰ ਤੇ ਸੂਬਾ ਸਰਕਾਰਾਂ ਦੇ ਮੰਤਰੀ ਸਾਂਝੀ ਮੀਟਿੰਗ ਵਿੱਚ ਗੱਲਬਾਤ ਨੂੰ ਅੱਗੇ ਜਾਰੀ ਰੱਖਦੇ ਹੋਏ 4 ਮਈ ਨੂੰ ਦੁਆਰਾ ਮੀਟਿੰਗ ਦਾ ਸਮਾਂ ਤਹਿ ਕਰਦੇ ਹਨ ਤੇ ਪੰਜਾਬ ਦੇ ਮੰਤਰੀ ਪ੍ਰੈਸ ਕਾਨਫਰੰਸ ਮੌਕੇ ਪੱਤਰਕਾਰਾਂ ਕੋਲ ਬਲ ਪ੍ਰਯੋਗ ਰਾਹੀਂ ਧਰਨਾ ਉਠਾਉਣ ਤੋਂ ਸਾਫ਼ ਮੁਕਰ ਰਹੇ ਹਨ ਤੇ ਦੂਸਰੇ ਪਾਸੇ ਕਿਸਾਨਾਂ ਦੇ ਕੈਂਪ ਵਿੱਚ ਪੁਲਿਸ ਭੇਜ ਕੇ ਰਾਤ ਦਾ ਖਾਣਾ ਖਾ ਰਹੇ ਕਿਸਾਨਾਂ, ਬਜ਼ੁਰਗਾਂ ਤੇ ਔਰਤਾਂ ਨੂੰ ਧੂਹ ਕੇ ਬਾਹਰ ਕੱਢਿਆ ਗਿਆ।ਬੁਲਡੋਜ਼ਰਾਂ ਰਾਹੀਂ ਸਟੇਜ ਤੇ ਰਹਿਣ ਲਈ ਤੰਬੂਆਂ ਨੂੰ ਢਹਿ ਢੇਰੀ ਕਰ ਦਿੱਤਾ ਗਿਆ ਤੇ ਲੱਖਾਂ ਰੁਪਏ ਦੇ ਕੀਮਤੀ ਸਾਮਾਨ ਦੀ ਭੰਨ ਤੋੜ ਕੀਤੀ ਗਈ।ਐੱਸ ਕੇ ਐੱਮ ਇਸ ਜ਼ਬਰ ਦਾ ਮੂੰਹ ਤੋੜਵਾਂ ਜਵਾਬ ਦੇਵੇਗਾ ਤੇ 26 ਮਾਰਚ ਨੂੰ ਪਹਿਲਾਂ ਤੋਂ ਉਲੀਕੇ ਪ੍ਰੋਗਰਾਮ ਅਨੁਸਾਰ ਵੱਡੀ ਗਿਣਤੀ ਵਿੱਚ ਚੰਡੀਗੜ੍ਹ ਵਿਖੇ ਬਜ਼ਟ ਸੈਸ਼ਨ ਮੌਕੇ ਜ਼ੋਰਦਾਰ ਪ੍ਰਦਰਸ਼ਨ ਕੀਤਾ ਜਾਵੇਗਾ।ਮੀਟਿੰਗ ਦੌਰਾਨ ਅਮਰੀਕ ਫਫੜੇ, ਗੁਰਨਾਮ ਭੀਖੀ, ਰਾਮਫਲ ਚੱਕ ਅਲੀ ਸ਼ੇਰ, ਲਾਭ ਸਿੰਘ ਬਰਨਾਲਾ, ਜੁਗਰਾਜ ਸਿੰਘ ਅਹਿਮਦਪੁਰ, ਪਰਮਜੀਤ ਸਿੰਘ ਗਾਗੋਵਾਲ, ਭਜਨ ਸਿੰਘ ਘੁੰਮਣ, ਦੇਵੀ ਰਾਮ, ਮਹਿੰਦਰ ਸਿੰਘ ਭੈਣੀਬਾਘਾ, ਰਾਜ ਸਿੰਘ ਅਕਲੀਆਂ, ਬਲਵਿੰਦਰ ਸਿੰਘ ਮੂਸਾ, ਤੇਜ ਸਿੰਘ ਚਕੇਰੀਆਂ, ਜਗਤਾਰ ਖਿਆਲਾਂ, ਦੀਪ ਬਰਨਾਲਾ, ਦਿਲਬਾਗ ਸਿੰਘ ਕਲੀਪੁਰ, ਸਚਦੇਵ ਸਿੰਘ ਫਰੀਦਕੇ, ਜੁਗਰਾਜ ਸਿੰਘ ਗੋਰਖਨਾਥ ਆਦਿ ਆਗੂਆਂ ਨੇ ਸੰਬੋਧਨ ਕੀਤਾ।

## ਬਧਾਈ 'ਚ ਤੇਲ ਬੀਜ ਫ਼ਸਲਾਂ ਸੰਬੰਧੀ ਕਿਸਾਨ ਜਾਗਰੂਕਤਾ ਕੈਂਪ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਿੰਡ ਬਧਾਈ ਵਿਖੇ ਤੇਲ ਬੀਜ ਫਸਲਾਂ ਦੀ ਕਾਸ਼ਤ ਸਬੰਧੀ ਕਿਸਾਨ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਵਿੱਚ ਸ਼ਵਿੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ (ਜ.ਕ) ਨੇ ਤੇਲ ਬੀਜ ਫ਼ਸਲਾਂ ਦੀ ਸੁਚੱਜੀ ਕਾਸ਼ਤ ਅਤੇ ਮਾਰਕੀਟਿੰਗ ਸਬੰਧੀ, ਦਾਲਾਂ ਤੇ ਪਕਾਵੀਂ ਮੱਕੀ ਦੀ ਕਾਸ਼ਤ ਹੇਠ ਰਕਬਾ ਵਧਾਉਣ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ।ਦਾਲਾਂ ਤੇ ਪਕਾਵੀਂ ਮੱਕੀ ਦੀ ਕਾਸ਼ਤ ਲਈ ਸਰਕਾਰ ਦੁਆਰਾ ਦਿੱਤੀ ਜਾਣ ਵਾਲੀ ਪ੍ਰੋਤਸਾਹਨ ਰਾਸ਼ੀ ਬਾਰੇ ਵੀ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ।ਇਸ ਤੋਂ ਬਾਅਦ ਸ੍ਰੀ ਹਰਮਨਜੀਤ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ (ਪੀ.ਪੀ) ਵੱਲੋਂ ਕਣਕ ਅਤੇ ਸਰ੍ਹੋਂ ਦੀ ਫ਼ਸਲਾਂ ਸਬੰਧੀ ਸਰਵਪੱਖੀ ਕੀਟ ਪ੍ਰਬੰਧਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਸਾਨਾਂ ਨੂੰ ਕਣਕ ਦੀ ਫ਼ਸਲ ਦੇ ਕੀੜੇ ਤੇ ਬਿਮਾਰੀਆਂ ਜਿਵੇਂ ਤੇਲਾ, ਸੈਨਿਕ ਸੁੰਡੀ, ਪੀਲੀ ਕੁੰਗੀ ਆਦਿ ਬਾਰੇ ਲਗਾਤਾਰ ਫ਼ਸਲਾਂ ਦਾ ਨਿਰੀਖਣ ਕਰਦੇ ਰਹਿਣ ਦੀ ਸਲਾਹ ਦਿੱਤੀ ਤੇ ਫ਼ਸਲਾਂ ਦੇ ਮਿੱਤਰ ਕੀੜਿਆਂ ਦੀ ਮਦਦ ਨਾਲ ਪ੍ਰਬੰਧਨ ਕਰਨ ਬਾਰੇ ਜਾਗਰੂਕ ਕੀਤਾ।ਸ਼੍ਰੀਮਤੀ ਨਵਦੀਪ ਕੌਰ, ਖੇਤੀਬਾੜੀ ਉਪ—ਨਿਰੀਖਕ ਨੇ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਕੈਂਪ ਵਿੱਚ ਪਿੰਡ ਦੇ ਮੌਜੂਦਾ ਸਰਪੰਚ ਆਦਮੀ ਪਾਰਟੀ ਦੇ ਪ੍ਰਧਾਨ ਰੁਪਿੰਦਰ ਸਿੰਘ, ਦੀਪਇੰਦਰ ਸਿੰਘ ਤੇ ਪਿੰਡ ਦੇ ਸਮੂਹ ਮੋਹਤਬਾਰ ਕਿਸਾਨ ਸ਼ਾਮਲ ਸਨ।ਕੈਂਪ ਦੇ ਅੰਤ ਵਿੱਚ ਖੇਤੀਬਾੜੀ ਨਾਲ ਸਬੰਧਿਤ ਸਾਹਿਤ ਵੀ ਵੰਡਿਆ ਗਿਆ।

## ਆੜ੍ਹਤੀਆ ਐਸੋਸੀਏਸ਼ਨ ਵੱਲੋਂ ਸਰਬੱਤ ਦੇ ਭਲੇ ਲਈ ਅਖੰਡ ਪਾਠ




**ਜਗਰਾਉਂ (ਸੰਜੀਵ ਅਰੋੜਾ)**-ਏਸ਼ੀਆ ਦੀ ਦੂਸਰੀ ਸਭ ਤੋਂ ਵੱਡੀ ਅਨਾਜ ਮੰਡੀ ਜਗਰਾਉਂ ਦੇ ਆੜ੍ਹਤੀਆਂ ਵੱਲੋਂ ਸਰਬੱਤ ਦੇ ਭਲੇ ਲਈ ਇੱਕ ਧਾਰਮਿਕ ਸਮਾਗਮ ਕੀਤਾ ਗਿਆ। ਇਸ ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਤੋਂ ਇਲਾਵਾ ਅਨਾਜ ਮੰਡੀ ਵਿੱਚ ਪੂਰਾ ਦਿਨ ਲੰਗਰ ਚਲਾਇਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਕਨ੍ਹੱਈਆ ਲਾਲ ਬਾਂਕਾ, ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਭੱਲਾ ਤੇ ਮੀਤ ਪ੍ਰਧਾਨ ਅਪਾਰ ਸਿੰਘ ਨੇ ਕਿਹਾ ਕਿ ਇਸ ਮੰਡੀ ਦਾ ਸੀਜ਼ਨ ਖਤਮ ਹੋਣ ਤੋਂ ਬਾਅਦ ਹਰੇਕ ਸਾਲ ਆੜ੍ਹਤੀਆ ਐਸੋਸੀਏਸ਼ਨ ਵੱਲੋਂ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਗੁਰੂ ਦੀ ਮਿਹਰ ਸਦਕਾ ਜਗਰਾਉਂ ਅਨਾਜ ਮੰਡੀ ਦਾ ਹਰੇਕ ਕੰਮ ਸਫ਼ਲ ਹੁੰਦਾ ਹੈ। ਇਸ ਮੌਕੇ ਡੀ ਐੱਸ ਪੀ ਜਸਜੋਤ ਸਿੰਘ, ਮਾਰਕੀਟ ਕਮੇਟੀ ਜਗਰਾਉਂ ਦੇ ਸੈਕਟਰੀ ਕਮਲਪ੍ਰੀਤ ਸਿੰਘ ਕਲਸੀ, ਪ੍ਰਧਾਨ ਬਿੰਦਰ ਮਨੀਲਾ, ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਅੰਕੁਰ ਗੁਪਤਾ, ਪਨਗਰੇਨ ਦੇ ਏਐੱਫਐੱਸਓ ਬੇਅੰਤ ਸਿੰਘ ਹਾਂਸ, ਇੰਸਪੈਕਟਰ ਜਸਪਾਲ ਸਿੰਘ ਜੌਹਲ, ਮਾਰਕਫੈੱਡ ਦੇ ਇੰਸਪੈਕਟਰ ਸਤਨਾਮ ਸਿੰਘ ਮੋਗਾ, ਆੜ੍ਹਤੀਆ ਐਸੋਸੀਏਸ਼ਨ ਦੇ ਸਰਪ੍ਰਸਤ ਸੁਰਜੀਤ ਸਿੰਘ ਕਲੇਰ, ਜਗਜੀਤ ਸਿੰਘ ਸਿੱਧੂ, ਅੰਮ੍ਰਿਤ ਲਾਲ ਮਿੱਤਲ, ਹਰਪਾਲ ਸਿੰਘ ਹਾਂਸ, ਸੁਖਦੀਪ ਸਿੰਘ ਰਸੂਲਪੁਰ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਪ੍ਰਧਾਨ ਜੋਗਿੰਦਰ ਸਿੰਘ ਢਿੱਲੋਂ, ਨੰਬਰਦਾਰ ਜੋਗਿੰਦਰ ਸਿੰਘ ਬੁਜ਼ਰਗ, ਜਗਸੀਰ ਸਿੰਘ ਕਲੇਰ, ਪ੍ਰਧਾਨ ਜੱਟ ਗਰੇਵਾਲ, ਡਾਕਟਰ ਨਰਿੰਦਰ ਸਿੰਘ ਬੀ ਕੇ ਗੈਸ, ਜਗਜੀਤ ਸਿੰਘ ਕਾਉਂਕੇ, ਬੂਟਾ ਸਿੰਘ ਗਗੜਾ ਤੇ ਨੰਨੂ ਸਿੰਗਲਾ ਆਦਿ ਹਾਜ਼ਰ ਸਨ।

## ਵਿਧਾਇਕ ਸੁਖਾਨੰਦ ਨੇ ਪਾਈਪਲਾਈਨ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ

**ਇਸ ਪ੍ਰਾਜੈਕਟ ਨਾਲ ਕਿਸਾਨਾਂ ਨੂੰ ਹੋਵੇਗਾ ਵੱਡਾ ਲਾਭ : ਅੰਮ੍ਰਿਤਪਾਲ ਸਿੰਘ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਜ਼ਿਲ੍ਹਾ ਮੋਗਾ ਦੇ ਤਹਿਸੀਲ ਬਾਘਾ ਪੁਰਾਣਾ ਦੇ ਪਿੰਡ ਸੁਖਾਨੰਦ ਵਿੱਚ ਅੱਜ ਇੱਕ ਇਤਿਹਾਸਕ ਸਿੰਚਾਈ ਪ੍ਰਾਜੈਕਟ ਦਾ ਨਿਰਮਾਣ ਅਧਿਕਾਰਤ ਤੌਰ 'ਤੇ ਸ਼ੁਰੂ ਹੋ ਗਿਆ ਹੈ, ਜਿਸ ਦੀ ਰਸਮੀ ਸ਼ੁਰੂਆਤ ਵਿਧਾਇਕ ਬਾਘਾ ਪੁਰਾਣਾ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਕੀਤੀ। ਇਸ ਮੌਕੇ ਦੀ ਸ਼ੁਰੂਆਤ ਸਥਾਨਕ ਲਾਭਪਾਤਰੀਆਂ ਦੀ ਅਗਵਾਈ ਵਿੱਚ ਇੱਕ ਰਵਾਇਤੀ ਅਰਦਾਸ ਨਾਲ ਹੋਈ, ਜੋ ਇਸ ਮਹੱਤਵਾਕਾਂਖੀ ਪਹਿਲਕਦਮੀ ਦੀ ਸਫਲਤਾ ਲਈ ਇਕ ਸਾਂਝੀ ਉਮੀਦ ਦਾ ਪ੍ਰਤੀਕ ਹੈ।ਇਸ ਪ੍ਰਾਜੈਕਟ ਵਿੱਚ ਪਾਣੀ ਦੀ ਸੰਭਾਲ ਤੇ ਸਿੰਚਾਈ ਦੀਆਂ ਮਹੱਤਵਪੂਰਨ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਇਕ ਰੀਇਨਫੋਰਸਡ ਸੀਮੈਂਟ ਕੰਕਰੀਟ (ਆਰ ਸੀ ਸੀ) ਭੂਮੀਗਤ ਪਾਈਪਲਾਈਨ, ਜਿਸ ਨੂੰ ਮੋਘਾ ਨੰਬਰ 17013/ਆਰ ਵਜੋਂ ਨਾਮ ਦਿੱਤਾ ਗਿਆ ਹੈ, ਵਿਛਾਉਣਾ ਸ਼ਾਮਲ ਹੈ।500 ਮਿਲੀਮੀਟਰ ਦੇ ਵਿਆਸ ਤੇ 8,750 ਮੀਟਰ ਦੀ ਕੁੱਲ ਪਾਈਪਲਾਈਨ ਲੰਬਾਈ ਦੇ ਨਾਲ, ਇਹ ਸਿਸਟਮ 190 ਹੈਕਟੇਅਰ ਖੇਤੀਬਾੜੀ ਜ਼ਮੀਨ ਦੀ ਸਿੰਚਾਈ ਕਰੇਗਾ।ਲਗਭਗ 180 ਕਿਸਾਨ ਇਸ ਬੁਨਿਆਦੀ ਢਾਂਚੇ ਤੋਂ ਲਾਭ ਉਠਾਉਣਗੇ, ਜਿਸ ਵਿੱਚ 115 ਮਨੋਨੀਤ ਆਊਟਲੇਟਾਂ ਰਾਹੀਂ ਪਾਣੀ ਕੁਸ਼ਲਤਾ ਨਾਲ ਪਹੁੰਚਾਇਆ ਜਾਵੇਗਾ। ਇਸ ਪ੍ਰਾਜੈਕਟ ਦੀ ਕੁੱਲ ਲਾਗਤ 1 ਕਰੋੜ 31 ਲੱਖ 13 ਹਜ਼ਾਰ 500 ਹੈ।ਇਹ ਪਹਿਲ ਭੂਮੀ ਤੇ ਜਲ ਸੰਭਾਲ ਵਿਭਾਗ, ਪੰਜਾਬ ਦੁਆਰਾ, ਉਪ ਮੰਡਲ ਭੂਮੀ ਸੰਭਾਲ ਅਧਿਕਾਰੀ ਮੋਗਾ, ਸੁਖਦਰਸ਼ਨ ਸਿੰਘ ਦੀ ਨਿਗਰਾਨੀ ਹੇਠ ਲਾਗੂ ਕੀਤੀ ਜਾ ਰਹੀ ਹੈ।ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਦੱਸਿਆ ਕਿ ਬਾਘਾ ਪੁਰਾਣਾ ਬਲਾਕ ਆਪਣੇ ਤੇਜ਼ੀ ਨਾਲ ਘਟ ਰਹੇ ਪਾਣੀ ਦੇ ਪੱਧਰ ਨੂੰ ਹੱਲ ਕਰਨ ਦੀ ਤੁਰੰਤ ਲੋੜ ਦਾ ਸਾਹਮਣਾ ਕਰ ਰਿਹਾ ਹੈ।ਇਹ ਪ੍ਰਾਜੈਕਟ ਨਾ ਸਿਰਫ਼ ਪਾਣੀ ਦੀ ਵੰਡ ਨੂੰ ਬਿਹਤਰ ਬਣਾਉਣ ਲਈ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਇਸ ਕੀਮਤੀ ਸਰੋਤ ਨੂੰ ਸੁਰੱਖਿਅਤ ਰੱਖਣ ਲਈ ਵੀ ਤਿਆਰ ਕੀਤਾ ਗਿਆ ਹੈ।ਬਾਘਾ ਪੁਰਾਣਾ ਬਲਾਕ, ਜੋ ਕਿ ਆਪਣੇ ਖੇਤੀਬਾੜੀ ਯੋਗਦਾਨ ਲਈ ਜਾਣਿਆ ਜਾਂਦਾ ਹੈ, ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਗਿਰਾਵਟ ਦੀ ਚੁਣੌਤੀ ਨਾਲ ਜੂਝ ਰਿਹਾ ਹੈ, ਜਿਸ ਨਾਲ ਖੇਤਰ ਵਿੱਚ ਖੇਤੀ ਦੀ ਸਥਿਰਤਾ ਨੂੰ ਖ਼ਤਰਾ ਹੈ।ਇਸ ਪ੍ਰਾਜੈਕਟ ਨਾਲ ਇਨ੍ਹਾਂ ਚੁਣੌਤੀਆਂ ਨੂੰ ਘਟਾਉਣ ਤੇ ਕਿਸਾਨ ਭਾਈਚਾਰੇ ਲਈ ਇਕ ਬਿਹਤਰ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਇੱਕ ਮਹੱਤਵਪੂਰਨ ਯਤਨ ਦਰਸਾਉਂਦੇ ਹਨ।ਪੰਜਾਬ ਸਰਕਾਰ ਜਲ ਪ੍ਰਬੰਧਨ ਲਈ ਨਵੀਨਤਾਕਾਰੀ ਪਹੁੰਚਾਂ ਨੂੰ ਸਰਗਰਮੀ ਨਾਲ ਉਤਸ਼ਾਹਤ ਕਰ ਰਹੀ ਹੈ ਤੇ ਇਹ ਪ੍ਰਾਜੈਕਟ ਉਸ ਦਿਸ਼ਾ ਵਿੱਚ ਇਕ ਮਹੱਤਵਪੂਰਨ ਕਦਮ ਹੈ।ਆਰ.ਸੀ.ਸੀ. ਪਾਈਪਲਾਈਨਾਂ ਨੂੰ ਅਪਣਾ ਕੇ, ਰਾਜ ਦਾ ਉਦੇਸ਼ ਪਾਣੀ ਦੇ ਨੁਕਸਾਨ ਨੂੰ ਘਟਾਉਣਾ, ਸਿੰਚਾਈ ਕੁਸ਼ਲਤਾ ਵਧਾਉਣਾ ਤੇ ਟਿਕਾਊ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਤ ਕਰਨਾ ਹੈ।ਉਨ੍ਹਾਂ ਕਿਹਾ ਕਿ ਅੱਜ ਸੁਖਾਨੰਦ ਦੇ ਕਿਸਾਨਾਂ ਲਈ ਇੱਕ ਪਰਿਵਰਤਨਸ਼ੀਲ ਯਾਤਰਾ ਦੀ ਸ਼ੁਰੂਆਤ ਹੈ।ਆਧੁਨਿਕ ਜਲ ਸੰਭਾਲ ਤਕਨੀਕਾਂ ਨੂੰ ਅਪਣਾ ਕੇ, ਅਸੀਂ ਨਾ ਸਿਰਫ਼ ਆਪਣੇ ਖੇਤੀਬਾੜੀ ਖੇਤਰ ਦੀ ਖੁਸ਼ਹਾਲੀ ਨੂੰ ਯਕੀਨੀ ਬਣਾ ਰਹੇ ਹਾਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਦੀ ਭਲਾਈ ਨੂੰ ਵੀ ਯਕੀਨੀ ਬਣਾ ਰਹੇ ਹਾਂ।ਪ੍ਰਾਜੈਕਟ ਦਾ ਨੀਂਹ ਪੱਥਰ ਨਾ ਸਿਰਫ਼ ਉਸਾਰੀ ਦੀ ਸ਼ੁਰੂਆਤ ਨੂੰ ਦਰਸਾਉਂਦਾ ਹੈ, ਬਲਕਿ ਨਵੀਨਤਾਕਾਰੀ ਤੇ ਭਾਈਚਾਰਕ-ਸੰਚਾਲਿਤ ਹੱਲਾਂ ਰਾਹੀਂ ਪੰਜਾਬ ਦੇ ਪਾਣੀ ਸੰਕਟ ਨੂੰ ਹੱਲ ਕਰਨ ਲਈ ਸਮੂਹਕ ਵਚਨਬੱਧਤਾ ਨੂੰ ਵੀ ਦਰਸਾਉਂਦਾ ਹੈ।

## ਬਲਕਾਰ ਸਿੰਘ ਨੇ ਮਾਰਕੀਟ ਕਮੇਟੀ ਸਮਾਣਾ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ

**ਆਪ ਨੇ ਮਾਰਕੀਟ ਕਮੇਟੀ ਸਮਾਣਾ ਦੀ ਚੇਅਰਮੈਨੀ ਦਾ ਤਾਜ਼ ਇੱਕ ਆਮ ਵਰਕਰ ਦੇ ਸਿਰ ਸਜਾਇਆ : ਜੌੜਾਮਾਜਰਾ, ਕੋਹਲੀ**



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਮਾਰਕੀਟ ਕਮੇਟੀ ਸਮਾਣਾ ਦੇ ਨਵ-ਨਿਯੁਕਤ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਨੇ ਬਤੌਰ ਚੇਅਰਮੈਨ ਮਾਰਕੀਟ ਕਮੇਟੀ ਸਮਾਣਾ ਦਾ ਅਹੁਦਾ ਸੰਭਾਲ ਕੇ ਕੰਮ ਕਾਰ ਸ਼ੁਰੂ ਕਰ ਦਿੱਤਾ ਹੈ।ਇਸ ਤੋਂ ਪਹਿਲਾਂ ਉਨ੍ਹਾ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ, ਸੁਖਮਨੀ ਸਾਹਿਬ ਦੇ ਪਾਠ ਸਰਵਨ ਕੀਤੇ ਤੇ ਰਾਗੀ ਸਿੰਘਾਂ ਵੱਲੋਂ ਕੀਤੇ ਕੀਰਤਨ ਦਾ ਆਨੰਦ ਮਾਣਿਆ।ਇਸ ਮੌਕੇ ਬਲਕਾਰ ਸਿੰਘ ਗੱਜੂਮਾਜਰਾ ਨੂੰ ਚੇਅਰਮੈਨ ਦੀ ਕੁਰਸੀ 'ਤੇ ਬਿਠਾਉਣ ਲਈ ਸਥਾਨਕ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਵਿਧਾਇਕ ਪਟਿਆਲਾ ਅਜੀਤਪਾਲ ਸਿੰਘ ਕੋਹਲੀ, ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂਵਾਲਾ, ਵਿਧਾਇਕ ਨਾਭਾ ਗੁਰਦੇਵ ਸਿੰਘ ਦੇਵ ਮਾਨ, ਵਿਧਾਇਕ ਸ਼ੁਤਰਾਣਾ ਕੁਲਵੰਤ ਸਿੰਘ ਬਾਜ਼ੀਗਰ ਤੋਂ ਇਲਾਵਾ ਆਮ ਆਦਮੀ ਪਾਰਟੀ ਤੇ ਸਮੁੱਚੇ ਵਰਕਰਾਂ ਤੋਂ ਇਲਾਵਾ ਸ਼ਹਿਰ ਦੀਆਂ ਸਮੁੱਚੀਆਂ ਸਮਾਜਿਕ ਪਾਰਟੀਆਂ ਦੇ ਨੁਮਾਇੰਦੇ ਹਾਜ਼ਰ ਸਨ।ਬਲਕਾਰ ਸਿੰਘ ਨੂੰ ਚੇਅਰਮੈਨ ਦੀ ਕੁਰਸੀ 'ਤੇ ਬਿਠਾਉਣ ਉਪਰੰਤ ਵਿਧਾਇਕ ਚੇਤਨ ਸਿੰਘ ਚੌੜਾਮਾਜਰਾ ਨੇ ਕਿਹਾ ਕਿ ਬਲਕਾਰ ਸਿੰਘ ਗੱਜੂਮਾਜਰਾ ਪਾਰਟੀ ਦਾ ਸਭ ਤੋਂ ਪੁਰਾਣਾ ਤੇ ਵਫਾਦਾਰ ਵਰਕਰ ਅਤੇ ਆਮ ਆਦਮੀ ਹੈ।ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਪਾਰਟੀ ਪ੍ਰਧਾਨ ਅਰਵਿੰਦ ਕੇਜਰੀਵਾਲ ਨੇ ਆਮ ਆਦਮੀ ਪਾਰਟੀ ਦੇ ਵਰਕਰ ਬਲਕਾਰ ਸਿੰਘ ਗੱਜੂਮਾਜਰਾ ਨੂੰ ਮਾਰਕੀਟ ਕਮੇਟੀ ਸਮਾਣਾ ਦਾ ਚੇਅਰਮੈਨ ਬਣਾ ਕੇ ਆਮ ਆਦਮੀ ਦਾ ਸਤਿਕਾਰ ਕਾਇਮ ਕੀਤਾ ਹੈ। ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਤੇ ਹਲਕਾ ਨਾਭਾ ਦੇ ਵਿਧਾਇਕ ਦੇਵ ਮਾਨ ਨੇ ਬਲਕਾਰ ਸਿੰਘੂ ਗੱਜੂਮਾਜਰਾ ਨੂੰ ਚੇਅਰਮੈਨ ਦਾ ਅਹੁਦਾ ਸੰਭਾਲਣ 'ਤੇ ਮੁਬਾਰਕਬਾਦ ਦਿੱਤੀ।ਇਸ ਮੌਕੇ ਬਲਕਾਰ ਸਿੰਘ ਗੱਜੂਮਾਜਰਾ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਪ੍ਰਮਾਤਮਾ ਦੀ ਬਖਸ਼ਿਸ਼ ਨਾਲ ਉਨ੍ਹਾਂ ਨੂੰ ਮਾਰਕੀਟ ਕਮੇਟੀ ਸਮਾਣਾ ਦੀ ਚੇਅਰਮੈਨੀ ਮਿਲੀ ਹੈ।ਇਸ ਮੌਕੇ ਜੋ ਵੀ ਸੱਜਣ ਉਸ ਨੂੰ ਆਸ਼ੀਰਵਾਦ ਦੇਣ ਲਈ ਪਹੁੰਚੇ ਹਨ, ਉਹ ਉਨ੍ਹਾਂ ਸਾਰਿਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ।ਇਸ ਇਸ ਮੌਕੇ ਨਵ-ਨਿਯੁਕਤ ਚੇਅਰਮੈਨ ਬਲਕਾਰ ਸਿੰਘ ਗੱਜੂ ਮਾਜਰਾ ਨੂੰ ਵੱਖ-ਵੱਖ ਸੰਸਥਾਵਾਂ ਵੱਲੋਂ ਸਨਮਾਨਤ ਕੀਤਾ ਗਿਆ, ਜਿਨ੍ਹਾਂ ਵਿੱਚ ਆੜ੍ਹਤੀ ਐਸੋਸੀਏਸ਼ਨ ਸਮਾਣਾ, ਬਾਵਲਪੁਰ ਬਰਾਦਰੀ ਸਮਾਣਾ, ਸਬਜ਼ੀ ਮੰਡੀ ਸਮਾਣਾ, ਅਗਰਵਾਲ ਸਭਾ ਸਮਾਣਾ, ਮਾਰਕੀਟ ਕਮੇਟੀ ਸਮਾਣਾ ਤੋਂ ਇਲਾਵਾ ਆਸ਼ੀਰਵਾਦ ਦੇਣ ਲਈ ਪਹੁੰਚੇ ਐੱਸ ਡੀ ਐੱਮ ਸਮਾਣਾ ਸ੍ਰੀ ਤਰਸੇਮ ਚੰਦ, ਪੀ ਏ ਗੁਰਦੇਵ ਸਿੰਘ ਟਿਵਾਣਾ, ਅਗਰਵਾਲ ਧਰਮਸ਼ਾਲਾ ਤੇ ਸਰਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾਕਟਰ ਮਦਨ ਮਿੱਤਲ, ਹਰਜਿੰਦਰ ਸਿੰਘ ਮਿੰਟੂ, ਬਾਰ ਐਸੋਸੀਏਸ਼ਨ ਸਮਾਣਾ ਤੇ ਪ੍ਰਧਾਨ ਨਵਦੀਪ ਸਿੰਘ ਢਿੱਲੋਂ, ਐਕਸੀਅਨ ਕੰਵਰਦੀਪ ਸਿੰਘ, ਨਰਿੰਦਰ ਕੁਮਾਰ ਗਰਗ ਤੋਂ ਇਲਾਵਾ ਹੋਰ ਵੀ ਪਾਰਟੀ ਵਰਕਰ ਤੇ ਸ਼ਹਿਰ ਦੇ ਪਤਵੰਤੇ ਸੱਜਣ ਹਾਜ਼ਰ ਸਨ।

## ਠੁੱਲੀਵਾਲ ਬਹੁਮੰਤਵੀ ਖੇਤੀਬਾੜੀ ਸਹਿਕਾਰੀ ਸਭਾ ਦੀ ਚੋਣ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਦੀ ਠੁੱਲੀਵਾਲ ਬਹੁਮੰਤਵੀ ਖੇਤੀਬਾੜੀ ਸਹਿਕਾਰੀ ਸਭਾ ਦੇ ਕਮੇਟੀ ਮੈਂਬਰਾਂ ਦੀ ਚੋਣ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਸ਼ਾਂਤੀਪੂਰਵਕ ਢੰਗ ਨਾਲ ਹੋਈ।ਚੋਣ ਦੀ ਕਾਰਵਾਈ ਸਹਾਇਕ ਰਜਿਸਟਰਾਰ ਰੁਪਿੰਦਰ ਸਿੰਘ ਸਿੱਧੂ ਦੇ ਨਿਰਦੇਸ਼ਾਂ ਹੇਠ ਰਿਟਰਨਿੰਗ ਅਫਸਰ ਅਨਮੋਲ ਜਿੰਦਲ, ਨਵਲ ਕੁਮਾਰ ਤੇ ਹਲਕਾ ਨਿਰੀਖਕ ਗੁਰਪ੍ਰੀਤ ਸਿੰਘ ਵੱਲੋਂ ਮੁਕੰਮਲ ਕੀਤੀ ਗਈ।ਅਧਿਕਾਰੀਆਂ ਨੇ ਦੱਸਿਆ ਕਿ ਸਭਾ ਦੀ ਚੋਣ 'ਚ ਕੁੱਲ 15 ਉਮੀਦਵਾਰ ਚੋਣ ਮੈਦਾਨ 'ਚ ਸਨ, ਜਿਨ੍ਹਾਂ ਵਿੱਚੋਂ ਹਰਤੇਜ ਸਿੰਘ ਸਿੱਧੂ, ਮੇਜਰ ਸਿੰਘ, ਪ੍ਰੀਤਮ ਸਿੰਘ, ਲਖਬੀਰ ਸਿੰਘ, ਹਰਦੀਪ ਸਿੰਘ, ਗੁਰਮੀਤ ਕੌਰ, ਤਰਲੋਕ ਸਿੰਘ, ਗੁਰਮੀਤ ਸਿੰਘ, ਬੇਅੰਤ ਕੌਰ, ਦਰਸ਼ਨ ਸਿੰਘ, ਭੁਪਿੰਦਰ ਸਿੰਘ ਕਮੇਟੀ ਮੈਂਬਰ ਚੁਣੇ ਗਏ।ਉਨ੍ਹਾਂ ਕਿਹਾ ਕਿ ਸਭਾ ਦੇ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ 4 ਅਪ੍ਰੈਲ ਨੂੰ ਨਵੇਂ ਚੁਣੇ ਕਮੇਟੀ ਮੈਂਬਰ ਕਰਨਗੇ।ਇਸ ਮੌਕੇ ਵੱਖ ਵੱਖ ਆਗੂਆਂ ਨੇ ਜਿੱਤ ਪ੍ਰਾਪਤ ਕਰਨ ਵਾਲੇ ਕਮੇਟੀ ਮੈਂਬਰਾਂ ਨੂੰ ਵਧਾਈ ਦਿੰਦਿਆਂ ਸਨਮਾਨਤ ਕੀਤਾ।ਇਸ ਮੌਕੇ ਡੀ.ਐੱਸ.ਪੀ. ਮਹਿਲ ਕਲਾਂ ਸੁਬੇਗ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਨੇ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਚੋਣ ਪ੍ਰੋਗਰਾਮ ਨੂੰ ਅਮਨ ਸ਼ਾਂਤੀ ਨਾਲ ਨੇਪਰੇ ਚਾੜ੍ਹਿਆ।

## ਪ੍ਰੇਮੀ ਜੋੜੇ ਨੇ ਜ਼ਹਿਰੀਲਾ ਪਦਾਰਥ ਨਿਗਲ ਕੇ ਕੀਤੀ ਖੁਦਕੁਸ਼ੀ, 7 'ਤੇ ਮਾਮਲਾ ਦਰਜ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਇਕ ਵਿਅਕਤੀ ਤੇ ਉਸ ਦੀ ਮਹਿਲਾ ਦੋਸਤ ਨੇ ਜ਼ਹਿਰੀਲਾ ਪਦਾਰਥ ਨਿਗਲ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ।ਇਹ ਦੋਵੇਂ ਇੱਥੋਂ ਦੇ ਕੱਚਾ ਪੱਹਾ ਇਲਾਕੇ ਵਿੱਚ ਰਹਿੰਦੇ ਸਨ ਤੇ ਉਨ੍ਹਾਂ ਦਾ ਕਿਸੇ ਹੋਰ ਵਿਅਕਤੀ ਨਾਲ ਜਾਇਦਾਦ ਦਾ ਝਗੜਾ ਚੱਲ ਰਿਹਾ ਸੀ।ਪੁਲਸ ਦੇ ਹੱਥ ਇਕ ਸੁਸਾਈਡ ਨੋਟ ਵੀ ਮਿਲਿਆ ਹੈ, ਜਿਸ ਦੇ ਆਧਾਰ 'ਤੇ ਪੁਲਸ ਨੇ 7 ਦੋਸ਼ੀਆਂ ਖਿਲਾਫ ਮਰਨ ਲਈ ਮਜ਼ਬੂਰ ਕਰਨ ਦਾ ਮਾਮਲਾ ਦਰਜ ਕਰ ਲਿਆ ਹੈ।ਐੱਸ ਐੱਚ ਓ ਪ੍ਰਤੀਕ ਜਿੰਦਲ ਤੇ ਚੌਂਕੀ ਇੰਚਾਰਜ ਮਿੱਠੂ ਰਾਮ ਨੇ ਦੱਸਿਆ ਕਿ ਹਾਲ ਹੀ ਵਿੱਚ ਗਗਨਦੀਪ ਗੋਇਲ (32) ਆਪਣੀ ਪ੍ਰੇਮਿਕਾ ਕੋਮਲ ਗਰਗ (23) ਨਾਲ ਇੱਥੋਂ ਦੇ ਕੱਚਾ ਪਹਾ ਇਲਾਕੇ ਵਿੱਚ ਰਹਿੰਦਾ ਸੀ।ਬੁੱਧਵਾਰ ਰਾਤ ਨੂੰ ਦੋਵਾਂ ਨੇ ਜ਼ਹਿਰੀਲਾ ਪਦਾਰਥ ਨਿਗਲ ਲਿਆ ਤੇ ਸੁਨਾਮ ਦੇ ਸਰਕਾਰੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ, ਪਰ ਉਨ੍ਹਾਂ ਦੀ ਨਾਜ਼ੁਕ ਹਾਲਤ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਪਟਿਆਲਾ ਦੇ ਰਜਿੰਦਰਾ ਹਸਪਤਾਲ ਲਈ ਰੈਫਰ ਕਰ ਦਿੱਤਾ ਗਿਆ, ਜਿੱਥੇ ਦੋਵਾਂ ਦੀ ਮੌਤ ਹੋ ਗਈ।ਉਸ ਕੋਲੋਂ ਮਿਲੇ ਸੁਸਾਈਡ ਨੋਟ ਦੇ ਆਧਾਰ 'ਤੇ 7 ਲੋਕਾਂ ਖਿਲਾਫ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਸੁਸਾਈਡ ਨੋਟ 'ਚ ਮ੍ਰਿਤਕ ਨੇ ਦੋਸ਼ ਲਗਾਇਆ ਹੈ ਕਿ ਕੁਝ ਲੋਕਾਂ ਨੇ ਜ਼ਬਰਦਸਤੀ ਉਸ ਦੀ ਜਾਇਦਾਦ ਉਨ੍ਹਾਂ ਦੇ ਨਾਂਅ ਕਰਵਾ ਦਿੱਤੀ ਹੈ।ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ।

## ਬਿਜਲੀ ਬੋਰਡ ਦਾ ਜੇ ਈ 10000 ਰੁਪਏ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ, ਫਰੀਦਕੋਟ ਜ਼ਿਲ੍ਹੇ ਦੇ ਕੋਟਕਪੂਰਾ ਵਿੱਚ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ) ਦੇ ਸਬ-ਡਵੀਜ਼ਨ ਦਫ਼ਤਰ ਵਿੱਚ ਤਾਇਨਾਤ ਜੂਨੀਅਰ ਇੰਜੀਨੀਅਰ (ਜੇ ਈ) ਜਰਨੈਲ ਸਿੰਘ ਨੂੰ 10000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।ਇੱਥੇ ਇਹ ਖੁਲਾਸਾ ਕਰਦਿਆਂ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਮੁਕੱਦਮਾ ਫਰੀਦਕੋਟ ਦੇ ਕੋਠੇ ਚਾਹਲ ਸਿੰਘ ਦੇ ਇੱਕ ਵਸਨੀਕ ਵੱਲੋਂ ਦਾਇਰ ਕੀਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਪਰੋਕਤ ਜੇ ਈ ਨੇ ਉਸ ਦੇ ਟਿਊਬਵੈੱਲ ਕੁਨੈਕਸ਼ਨ ਨੂੰ ਬਦਲਣ ਤੇ ਉਸ ਦੀ ਜਾਣਕਾਰ ਦੇ ਘਰ ਘਰੇਲੂ ਬਿਜਲੀ ਮੀਟਰ ਲਗਾਉਣ ਬਦਲੇ 20000 ਰੁਪਏ ਦੀ ਮੰਗ ਕੀਤੀ ਹੈ। ਸ਼ਿਕਾਇਤਕਰਤਾ ਦੀ ਬੇਨਤੀ 'ਤੇ ਉਕਤ ਜੇਈ ਦੋ ਕਿਸ਼ਤਾਂ ਵਿੱਚ ਰਿਸ਼ਵਤ ਦੀ ਰਕਮ ਲੈਣ ਲਈ ਸਹਿਮਤ ਹੋ ਗਿਆ।ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸ਼ਿਕਾਇਤ ਦੀ ਤਸਦੀਕ ਤੋਂ ਬਾਅਦ ਫਿਰੋਜ਼ਪੁਰ ਰੇਂਜ ਦੀ ਇੱਕ ਵਿਜੀਲੈਂਸ ਟੀਮ ਨੇ ਇੱਕ ਜਾਲ ਵਿਛਾਇਆ, ਜਿਸ ਦੌਰਾਨ ਉਪਰੋਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 10000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਉਕਤ ਜੇ ਈ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ।

## ਕਿੰਡਰ ਗਾਰਟਨ ਦੇ ਬੱਚਿਆਂ ਲਈ ਗ੍ਰੈਜੂਏਸ਼ਨ ਸਮਾਰੋਹ ਕਰਾਇਆ



**ਜਗਰਾਉਂ (ਅਮਿਤ ਖੰਨਾ/ਸੰਜੀਵ ਅਰੋੜਾ)**-ਸ਼ਿਵਾਲਿਕ ਮਾਡਲ ਸਕੂਲ ਵਿੱਚ ਕਿੰਡਰਗਾਰਟਨ ਦੇ ਛੋਟੇ ਬੱਚਿਆਂ ਲਈ ਗ੍ਰੈਜੂਏਸ਼ਨ ਸਮਾਰੋਹ ਕਰਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ 'ਚ ਮਹਿਮਾਨਾਂ ਵੱਲੋਂ ਮਾਤਾ ਸਰਸਵਤੀ ਦੀ ਮੂਰਤੀ 'ਤੇ ਫੁੱਲ ਮਾਲਾਵਾਂ ਪਾ ਕੇ, ਦੀਪ ਜਗਾ ਕੇ ਤੇ ਸਰਸਵਤੀ ਵੰਦਨਾ ਨਾਲ ਪ੍ਰੋਗਰਾਮ ਦੀ ਰਸਮੀ ਸ਼ੁਰੂਆਤ ਕੀਤੀ ਗਈ। ਪ੍ਰੋਗਰਾਮ ਵਿੱਚ ਪ੍ਰੀ ਨਰਸਰੀ ਤੇ ਕਲਾਸ ਯੂਕੇਜੀ ਦੇ ਵਿਦਿਆਰਥੀਆਂ ਨੂੰ ਗ੍ਰੈਜੂਏਸ਼ਨ ਦੀਆਂ ਰੱਸੀਆਂ ਤੇ ਕੈਪਾਂ ਪਹਿਨਾਈਆਂ ਗਈਆਂ ਅਤੇ ਮਹਿਮਾਨਾਂ ਵੱਲੋਂ ਬੱਚਿਆਂ ਨੂੰ ਗ੍ਰੈਜੂਏਸ਼ਨ ਸਰਟੀਫਿਕੇਟ ਦਿੱਤੇ ਗਏ।ਇਸ ਮੌਕੇ ਬੱਚਿਆਂ ਨੇ ਆਪਣੇ ਭਾਸ਼ਣਾਂ ਰਾਹੀਂ ਅਧਿਆਪਕ, ਕੋਆਰਡੀਨੇਟਰ ਤੇ ਮੁੱਖ ਅਧਿਆਪਕ ਦੀ ਸ਼ਲਾਘਾ ਕੀਤੀ। ਬੱਚਿਆਂ ਨੇ ਆਪਣੇ ਗਰੈਜੂਏਸ਼ਨ ਸਰਟੀਫਿਕੇਟ ਪ੍ਰਾਪਤ ਕਰਨ ਤੋਂ ਬਾਅਦ ਆਪਣੀਆਂ ਟੋਪੀਆਂ ਹਵਾ ਵਿੱਚ ਸੁੱਟ ਕੇ ਖੁਸ਼ੀ ਦਾ ਇਜ਼ਹਾਰ ਕੀਤਾ। ਮਹਿਮਾਨਾਂ ਨੇ ਕਿਹਾ ਕਿ ਅਜਿਹੇ ਸਮਾਗਮਾਂ ਦੇ ਆਯੋਜਨ ਨਾਲ ਬੱਚਿਆਂ ਦੇ ਬੌਧਿਕ ਵਿਕਾਸ ਵਿੱਚ ਮਦਦ ਮਿਲਦੀ ਹੈ ਤੇ ਉਹ ਭਵਿੱਖ ਵਿੱਚ ਚੰਗਾ ਕੰਮ ਕਰਨਾ ਸਿੱਖਦੇ ਹਨ।ਮਹਿਮਾਨਾਂ ਵੱਲੋਂ ਸਮੂਹ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ।

## ਸੁਨੀਤਾ ਵਿਲੀਅਮਜ਼ ਦੀ ਵਾਪਸੀ 'ਤੇ ਲੱਡੂ ਵੰਡੇ



**ਦੋਰਾਹਾ (ਹਰਮਿੰਦਰ ਸੇਠ)**-ਦੋਰਾਹਾ ਵਿਖੇ ਸੁਨੀਤਾ ਵਿਲੀਅਮਜ਼ ਦੇ ਧਰਤੀ 'ਤੇ ਵਾਪਸ ਆਉਣ ਦੀ ਖੁਸ਼ੀ ਵਿੱਚ ਸੋਸ਼ਲ ਵਰਕਰ ਮਨਜੋਤ ਸਿੰਘ ਮਾਨ ਦੀ ਅਗਵਾਈ ਹੇਠ ਲੱਡੂ ਵੰਡੇ।ਇਸ ਮੌਕੇ ਉਨ੍ਹਾਂ ਕਿਹਾ ਕਿ ਆਪਾਂ ਨੂੰ ਆਪਣੇ ਬੱਚਿਆਂ ਨੂੰ ਇਨ੍ਹਾਂ ਬਾਰੇ ਦੱਸਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸੁਨੀਤਾ ਵਿਲੀਅਮਜ਼ 9 ਮਹੀਨੇ ਬਾਅਦ ਧਰਤੀ 'ਤੇ ਵਾਪਸ ਆਈ ਹੈ।ਉਸ ਨੇ ਆਪਣੇ ਦੇਸ਼ ਦਾ ਨਾਮ ਰੋਸ਼ਨ ਕੀਤਾ ਹੈ।ਉਨ੍ਹਾਂ ਕਿਹਾ ਕਿ ਸਾਰੇ ਦੇਸ਼ ਨੂੰ ਉਨ੍ਹਾਂ ਦੇ ਘਰ ਵਾਪਸ ਆਉਣ ਦੀ ਬਹੁਤ ਖੁਸ਼ੀ ਹੈ, ਜਿਸ ਕਰਕੇ ਸਾਡੇ ਵੱਲੋਂ ਅੱਜ ਲੱਡੂ ਵੰਡੇ ਗਏ ਹਨ।ਇਸ ਮੌਕੇ ਪੁਲਸ ਮੁਲਾਜ਼ਮ ਬਲਦੇਵ ਸਿੰਘ, ਮਨਜੀਤ ਸਿੰਘ, ਗੁਰਸੇਵਕ ਸਿੰਘ, ਰਿਟਾਇਰ ਪੁਲਸ ਮੁਲਾਜ਼ਮ ਮਨਜੀਤ ਸਿੰਘ, ਮਨਜੋਤ ਚੀਮਾ, ਨੰਨੂ ਦੋਰਾਹਾ ਆਦਿ ਹਾਜ਼ਰ ਸਨ।

## ...ਸਫ਼ਾ 1 ਦੇ ਬਾਕੀ

### 30 ਨਕਸਲੀ...

ਕੀਤਾ ਗਿਆ। ਇਸ ਘਟਨਾ ਵਿੱਚ ਬੀਜਾਪੁਰ ਜ਼ਿਲਾ ਰਿਜ਼ਰਵ ਗਾਰਡ ਦਾ ਇੱਕ ਜਵਾਨ ਵੀ ਮਾਰਿਆ ਗਿਆ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ—ਅੱਜ ਸਾਡੇ ਜਵਾਨਾਂ ਨੇ ਨਕਸਲ-ਮੁਕਤ ਭਾਰਤ ਅਭਿਆਨ ਦੀ ਦਿਸ਼ਾ ਵਿੱਚ ਇੱਕ ਹੋਰ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਮੋਦੀ ਸਰਕਾਰ ਆਤਮ-ਸਮਰਪਣ ਨਾ ਕਰਨ ਵਾਲੇ ਨਕਸਲੀਆਂ ਖਿਲਾਫ ਬੇਕਿਰਕ ਪਹੁੰਚ ਅਪਣਾ ਰਹੀ ਹੈ। ਦੇਸ਼ ਨੂੰ ਅਗਲੇ ਸਾਲ 31 ਮਾਰਚ ਤੱਕ ਨਕਸਲ-ਮੁਕਤ ਕਰ ਦਿੱਤਾ ਜਾਵੇਗਾ। ਬੀਜਾਪੁਰ ਵਿੱਚ 9 ਫਰਵਰੀ ਨੂੰ ਹੋਏ ਮੁਕਾਬਲੇ ਵਿੱਚ 31 ਮਾਓਵਾਦੀ ਤੇ 2 ਜਵਾਨ ਮਾਰੇ ਗਏ ਸਨ। ਇਸ ਸਾਲ ਹੁਣ ਤੱਕ 81 ਤੋਂ ਵੱਧ ਨਕਸਲੀ ਮਾਰੇ ਗਏ ਹਨ।

## ਨਕਸਲਬਾੜੀ ਲਹਿਰ ਦੇ ਸ਼ਹੀਦ ਬਖਸ਼ੀਸ਼ ਮੋਰਕਰੀਮਾ ਦੀ ਯਾਦ 'ਚ ਸ਼ਰਧਾਂਜਲੀ ਸਮਾਗਮ



**ਹਠੂਰ (ਨਛੱਤਰ ਸੰਧੂ)**-ਲੁਧਿਆਣਾ ਜ਼ਿਲ੍ਹੇ ਦੀਆਂ ਇਨਕਲਾਬੀ ਜਥੇਬੰਦੀਆਂ ਵੱਲੋਂ ਪਿੰਡ ਮੋਰਕਰੀਮਾ ਵਿਖੇ ਇਨਕਲਾਬੀ ਲਹਿਰ ਦੇ ਮਹਾਨ ਸੂਰਬੀਰ ਯੋਧੇ ਸ਼ਹੀਦ ਬਖਸ਼ੀਸ਼ ਮੋਰਕਰੀਮਾ ਦੀ ਯਾਦ 'ਚ ਸ਼ਰਧਾਂਜਲੀ ਸਮਾਗਮ ਕੀਤਾ ਗਿਆ।ਇਸ ਸਮੇਂ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ 1947 'ਚ ਭਾਰੀ ਮੁੱਲ ਚੁਕਾ ਕੇ ਦਸ ਲੱਖ ਬੇਕਸੂਰ ਲੋਕਾਂ ਦਾ ਫਿਰਕੂ ਕਤਲੇਆਮ ਕਰਾਕੇ ਹਾਸਲ ਅਜ਼ਾਦੀ ਦਾ ਰੰਗ ਜਲਦ ਹੀ ਫਿੱਕਾ ਪੈਣ ਲੱਗ ਗਿਆ ਸੀ, ਕਿਉਂਕਿ ਚਿੱਟੇ ਅੰਗਰੇਜ਼ਾਂ ਦੇ ਜਾਣ ਤੋਂ ਬਾਅਦ ਕਾਲੇ ਅੰਗਰੇਜ਼ ਦੇਸ਼ ਦੀ ਸੱਤਾ 'ਤੇ ਕਾਬਜ਼ ਹੋ ਗਏ ਸਨ, ਜਿਸ ਦੇ ਸਿੱਟੇ ਵਜੋਂ ਗਰੀਬ ਕਿਰਤੀ ਵਰਗ ਦਾ ਸੁਪਨਾ ਚਕਨਾਚੂਰ ਹੋਣਾ ਸ਼ੁਰੂ ਹੋ ਚੁੱਕਾ ਸੀ।ਵਾਹੁਣ ਬੀਜਣ ਵਾਲਾ ਮਾਲਕ ਨਹੀਂ, ਗ਼ੁਲਾਮ ਸੀ ਤਾਂ ਉਸ ਸਮੇਂ ਬੰਗਾਲ ਦੇ ਪਿੰਡ ਨਕਸਲਬਾੜੀ 'ਚੋਂ ਉੱਠੀ ਮੁਜ਼ਾਰਿਆਂ ਦੀ ਬਗਾਵਤ ਨੇ 'ਜ਼ਮੀਨ ਹਲਵਾਹਕ ਦੀ' ਦਾ ਨਾਅਰਾ ਦੇ ਕੇ ਜ਼ਮੀਨਾਂ ਬੇਜ਼ਮੀਨਿਆਂ 'ਚ ਵੰਡਣੀਆਂ ਸ਼ੁਰੂ ਕੀਤੀਆਂ ਸਨ।ਉਸ ਸਮੇਂ ਲੋਕ ਮੁਕਤੀ ਦੀ ਇਸ ਚਿੰਗਾਰੀ ਨੇ ਦੇਸ਼ ਭਰ 'ਚ ਨੌਜਵਾਨਾਂ ਨੂੰ ਲੁੱਟ ਤੇ ਜਬਰ ਦੇ ਰਾਜ ਦੇ ਖਾਤਮੇ ਦੇ ਹਥਿਆਰਬੰਦ ਸੰਘਰਸ਼ ਵੱਲ ਤੋਰਿਆ ਸੀ।ਪਿੰਡ ਮੋਰਕਰੀਮਾਂ ਦੇ ਦਲਿਤ ਪਰਿਵਾਰ ਦੇ ਜੰਮਪਲ ਬਖਸ਼ੀਸ਼ ਨੇ ਗੁਰੂ ਨਾਨਕ ਇੰਜ. ਕਾਲਜ ਦੀ ਪੜ੍ਹਾਈ ਵਿਚਾਲੇ ਛੱਡ ਕੇ ਨਕਸਲਬਾੜੀ ਦਾ ਰਾਹ ਫੜਿਆ ਸੀ, ਜਿਸ 'ਤੇ ਚੱਲਦਿਆਂ 19 ਮਾਰਚ 1970 ਨੂੰ ਨਵਾਂਸ਼ਹਿਰ ਦੇ ਰੇਲਵੇ ਸਟੇਸ਼ਨ ਤੇ ਪੁਲਸ ਮੁਕਾਬਲੇ ਦੌਰਾਨ ਭਰ ਜਵਾਨੀ 'ਚ ਬਖਸ਼ੀਸ਼ ਮੋਰਕਰੀਮਾ ਨੇ ਸ਼ਹਾਦਤ ਦਾ ਜਾਮ ਪੀ ਲਿਆ ਸੀ।ਇਸ ਸਮੇਂ ਬੋਲਦਿਆਂ ਬੁਲਾਰਿਆਂ ਨੇ ਕਿਹਾ ਕਿ ਅਜ਼ਾਦੀ ਦੀ ਪੌਣੀ ਸਦੀ ਬੀਤ ਜਾਣ ਦੇ ਬਾਵਜੂਦ ਅੱਜ ਵੀ ਅੱਸੀ ਕਰੋੜ ਲੋਕ ਸਰਕਾਰੀ ਰਾਸ਼ਨ ਨਾਲ ਜੀਵਨ ਨੂੰ ਧੱਕਾ ਦੇ ਰਹੇ ਹਨ।ਮਹਿੰਗਾਈ, ਬੇਰੁਜ਼ਗਾਰੀ ਹੱਦਾਂ ਬੰਨ੍ਹੇ ਟੱਪ ਰਹੀ ਹੈ, ਦੇਸ਼ ਦੇ ਹਾਕਮ ਟਰੰਪ ਜਿਹੇ ਸੰਸਾਰ ਸਾਮਰਾਜੀਆਂ ਦੇ ਸਰਗਨੇ ਦੇ ਇਸ਼ਾਰਿਆਂ 'ਤੇ ਦੇਸ਼ ਨੂੰ ਦੋਵੇਂ ਹੱਥੀਂ ਲੁਟਾ ਰਹੇ ਹਨ, ਦੇਸ਼ ਦੇ ਆਦਿ-ਵਾਸੀ ਸੂਬਿਆਂ 'ਚ ਜਲ, ਜੰਗਲ ਜ਼ਮੀਨ ਬਚਾਉਣ ਦੀ ਲੜਾਈ ਨੂੰ ਹਕੂਮਤਾਂ ਵੱਲੋਂ ਖ਼ੂਨ 'ਚ ਡੋਬਿਆ ਜਾ ਰਿਹਾ ਹੈ ਤਾਂ ਸਮਝਿਆ ਜਾ ਸਕਦਾ ਹੈ ਕਿ ਇਹ ਹਾਲਾਤ ਇੰਨਕਲਾਬ ਤੋਂ ਬਿਨਾਂ ਬਦਲੇ ਨਹੀਂ ਜਾ ਸਕਣਗੇ। ਇਸ ਸਮੇਂ ਬੁਲਾਰਿਆਂ 'ਚ ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਸੁਰਿੰਦਰ ਸਿੰਘ, ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਆਗੂ ਜਸਦੇਵ ਲਲਤੋਂ, ਜਮਹੂਰੀ ਅਧਿਕਾਰ ਸਭਾ ਦੇ ਆਗੂ ਜਸਵੰਤ ਜੀਰਖ, ਪੇਂਡੂ ਮਜ਼ਦੂਰ ਯੂਨੀਅਨ (ਮਸ਼ਾਲ) ਦੇ ਆਗੂ ਜਸਵਿੰਦਰ ਸਿੰਘ ਭਮਾਲ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਆਗੂ ਰਜਿੰਦਰ ਸਿੰਘ ਲੁਧਿਆਣਾ, ਸੁਰਜੀਤ ਸਿੰਘ ਦੌਧਰ ਤੇ ਮਨਜਿੰਦਰ ਸਿੰਘ ਮੋਰਕਰੀਮਾ ਸ਼ਾਮਲ ਸਨ। ਸ਼ਰਧਾਂਜਲੀ ਸਮਾਗਮ ਉਪਰੰਤ ਨਾਰਿਆਂ ਦੀ ਗੂੰਜ 'ਚ ਸ਼ਹੀਦੀ ਯਾਦਗਾਰ ਤੇ ਸ਼ਹੀਦ ਬਖਸ਼ੀਸ਼ ਦੇ ਵੱਡੇ ਭਰਾ ਮਾਸਟਰ ਸੁਰਜੀਤ ਸਿੰਘ ਵੱਲੋਂ ਲਾਲ ਝੰਡਾ ਝੁਲਾਉਣ ਦੀ ਰਸਮ ਅਦਾ ਕੀਤੀ ਗਈ।ਮੰਚ ਸੰਚਾਲਨ ਮਾਸਟਰ ਕੁਲਵਿੰਦਰ ਸਿੰਘ ਨੇ ਕੀਤਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

21 Mar Page-3.qxd 3/20/2025 11:00 PM Page 1



# ਇੱਕ ਹੋਰ ਡਰੱਗ ਮਨੀ ਤੇ ਨਜਾਇਜ਼ ਹਥਿਆਰ ਸਮੇਤ ਗ੍ਰਿਫਤਾਰ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਅਭਿਮੰਨਿਊ ਰਾਣਾ ਐਸ.ਐਸ.ਪੀ ਤਰਨ ਤਾਰਨ ਦੀ ਨਿਗਰਾਨੀ ਹੇਠ ਤਰਨ ਤਾਰਨ ਪੁਲਸ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਅਜੇਰਾਜ ਸਿੰਘ ਐਸ.ਪੀ (ਡੀ), ਰਜਿੰਦਰ ਸਿੰਘ ਮਿਨਹਾਸ ਡੀ.ਐਸ.ਪੀ (ਡੀ) ਤਰਨ ਤਾਰਨ ਅਤੇ ਰਿਪੁਤਾਪਨ ਸਿੰਘ ਉਪ ਕਪਤਾਨ ਪੁਲਸ ਸਬ ਡਵੀਜ਼ਨ ਤਰਨ ਤਾਰਨ ਅਤੇ ਅਸ਼ੋਕ ਮੀਨਾ ਮੁੱਖ ਅਫਸਰ ਥਾਣਾ ਝਬਾਲ ਦੀ ਨਿਗਰਾਨੀ ਹੇਠ ਇੰਸਪੈਕਟਰ ਅਮਨਦੀਪ ਸਿੰਘ ਇੰਚਾਰਜ ਸੀ.ਆਈ.ਏ ਸਟਾਫ ਤਰਨ ਤਾਰਨ ਵੱਲੋਂ ਮਾੜੇ ਅਨਸਰਾਂ 'ਤੇ ਕਾਬੂ ਪਾਉਣ ਲਈ ਵੱਖ-ਵੱਖ ਟੀਮਾਂ ਤਿਆਰ ਕਰਕੇ ਭੇਜੀਆਂ ਗਈਆਂ ਸਨ। ਜਿਸ ਤਹਿਤ ਸੀ.ਆਈ.ਏ ਸਟਾਫ ਤਰਨ ਤਾਰਨ ਦੀ ਟੀਮ ਨੇ ਤਕਨੀਕੀ ਇੰਟੈਲੀਜੈਂਸ ਅਤੇ ਹਿਊਮਨ ਇੰਟੈਲੀਜੈਂਸ ਰਾਹੀਂ ਵਰਿੰਦਰ ਸਿੰਘ ਉਰਫ ਵਿਜੇ ਪੁੱਤਰ ਬੂਟਾ ਸਿੰਘ ਵਾਸੀ ਭਰੋਭਾਲ ਥਾਣਾ ਘਰਿੰਡਾ, ਜਸ਼ਨਪ੍ਰੀਤ ਸਿੰਘ ਉਰਫ ਜਸ਼ਨ ਪੁੱਤਰ ਨਿਰਵੈਲ ਸਿੰਘ ਵਾਸੀ ਬਾਸਰਕੇ ਗਿੱਲਾ (ਜਿਹਨਾਂ ਦੇ ਮੁਕਾਬਲੇ ਦੌਰਾਨ ਗੋਲੀ ਲੱਗੀ ਸੀ), ਗੁਰਜੰਟ ਸਿੰਘ ਉਰਫ ਜੰਟਾ ਪੁੱਤਰ ਅੰਗਰੇਜ਼ ਸਿੰਘ ਵਾਸੀ ਭਰੋਭਾਲ ਥਾਣਾ ਘਰਿੰਡਾ ਅਤੇ ਸਤਨਾਮ ਸਿੰਘ ਉਰਫ ਸਾਗਰ ਪੁੱਤਰ ਸਾਹਿਬ ਸਿੰਘ ਵਾਸੀ ਬਾਸਰਕੇ ਗਿੱਲਾ ਨੂੰ ਮੌਕੇ ਤੋਂ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਇਹਨਾਂ ਪਾਸੋਂ 3 ਵਿਦੇਸ਼ੀ ਪਿਸਤੌਲ (ਪੀ.ਐਕਸ 5) ਸਮੇਤ 6 ਮੈਗਜ਼ੀਨ, 5 ਰੌਂਦ ਜ਼ਿੰਦਾ, 2 ਖਾਲੀ ਖੋਲ, 7 ਕਿੱਲੋ ਅਫੀਮ, 1




ਲੱਖ ਰੁਪਏ ਡਰੱਗ ਮਨੀ ਅਤੇ 2 ਮੋਟਰਸਾਈਕਲ ਬਰਾਮਦ ਕਰਕੇ ਮੁਕੱਦਮਾ ਥਾਣਾ ਝਬਾਲ ਦਰਜ ਰਜਿਸਟਰ ਕਰਕੇ ਅਗਲੀ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।ਮੁਢਲੀ ਤਫਤੀਸ਼ ਦੌਰਾਨ ਇਹ ਪਤਾ ਲੱਗਾ ਕਿ ਇਹ ਦੋਸ਼ੀ ਜੋ ਕਿ ਸਰਹੱਦ ਪਾਰੋਂ ਨਸ਼ੇ ਅਤੇ ਹਥਿਆਰਾਂ ਦੀ ਤਸਕਰੀ ਕਰਦੇ ਸਨ ਅਤੇ ਜੋ ਇਸ ਕੰਮ ਵਿੱਚ ਪੈਸਿਆਂ ਦੀ ਵੱਟਤ ਕਰਦੇ ਸਨ, ਉਹ ਇਹ ਡਰੱਗ ਮਨੀ ਇਕਬਾਲ ਸਿੰਘ ਪੁੱਤਰ ਹਰਜਿੰਦਰ ਸਿੰਘ ਵਾਸੀ ਖੱਬੇ ਰਾਜਪੂਤਾਂ ਥਾਣਾ ਸਰਹਾਲੀ ਹਵਾਲੇ ਰਾਹੀਂ ਵਿਦੇਸ਼ਾਂ ਤੱਕ ਪਹੁੰਚਾਉਂਦਾ ਹੈ। ਜਿਸ ਨੂੰ ਸੀ.ਆਈ.ਏ ਸਟਾਫ ਤਰਨ ਤਾਰਨ ਦੀ ਪੁਲਸ ਨੇ ਪਿੰਡ ਦੁੱਗਲਵਾਲਾ ਨਜ਼ਦੀਕ ਤੋਂ ਉਕਤ ਇਕਬਾਲ ਸਿੰਘ ਨੂੰ 12 ਲੱਖ ਰੁਪਏ ਡਰੱਗ ਮਨੀ, ਇੱਕ ਲਾਇਸੰਸੀ ਪਿਸਤੌਲ 32 ਬੋਰ ਸਮੇਤ 4 ਰੌਂਦ ਜ਼ਿੰਦਾ, ਇੱਕ ਮਨੀ ਕਾਊਂਟਿੰਗ ਮਸ਼ੀਨ ਅਤੇ ਇੱਕ ਸਵਿਫਟ ਕਾਰ ਸਮੇਤ ਗ੍ਰਿਫਤਾਰ ਕਰ ਲਿਆ ਗਿਆ ਹੈ। ਦੋਸ਼ੀ ਇਕਬਾਲ ਸਿੰਘ, ਜੋ ਕਿ ਪਿਛਲੇ ਕੁੱਝ ਮਹੀਨਿਆਂ ਦੌਰਾਨ 50 ਕਰੋੜ ਰੁਪਏ ਦੀ ਡਰੱਗ ਮਨੀ ਨੂੰ ਹਵਾਲੇ ਰਾਹੀਂ ਦੁਬਈ ਅਤੇ ਵੱਖ-ਵੱਖ ਦੇਸ਼ਾਂ ਵਿੱਚ ਭੇਜ ਚੁੱਕਾ ਹੈ।ਇਹ ਦੋਸ਼ੀ ਵੱਖ-ਵੱਖ ਸਮੱਗਲਰਾਂ ਪਾਸੋਂ ਪੈਸੇ ਇੱਕਠੇ ਕਰਕੇ ਦੁਬਈ ਭੇਜਦਾ ਸੀ ਅਤੇ ਦੁਬਈ ਤੋਂ ਇਹ ਡਰੱਗ ਕਾਰਟਲ ਜੋਬਨ ਕਲੇਰ ਅਤੇ ਗੁਰਪ੍ਰੀਤ ਗੋਪੀ ਠੱਠਾ ਲੋਪੋਕੇ ਚਲਾ ਰਹੇ ਹਨ।ਤਫਤੀਸ਼ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਦੋਸ਼ੀ ਇਕਬਾਲ ਸਿੰਘ ਬੀਤੇ ਦਿਨੀਂ ਇੱਕ ਦੋ ਦਿਨਾਂ ਬਾਅਦ 10 ਲੱਖ ਤੋਂ 1 ਕਰੋੜ ਤੱਕ ਡਰੱਗ ਮਨੀ ਦੀਆਂ ਖੇਪਾਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਵਿਦੇਸ਼ ਵਿੱਚ ਬੈਠੇ ਸਮੱਗਲਰਾਂ ਦੇ ਕਹਿਣ 'ਤੇ ਪਹੁੰਚਾਉਂਦਾ ਰਿਹਾ ਹੈ।ਇਸ ਹਵਾਲਾ ਅਤੇ ਡਰੱਗ ਕਾਰਟਲ ਵਿੱਚ ਹੋਰ ਗ੍ਰਿਫਤਾਰੀਆਂ ਵੀ ਸੰਭਾਵਿਤ ਹਨ। ਇਸ ਦੇ ਨਾਲ ਹੀ ਰਿਮਾਂਡ ਦੌਰਾਨ ਉਕਤ ਦੋਸ਼ੀ ਸਤਨਾਮ ਸਿੰਘ ਉਰਫ ਸਾਗਰ ਦੇ ਇੰਕਸ਼ਾਫ 'ਤੇ ਉਸ ਦੇ ਘਰੋਂ 10 ਲੱਖ 10 ਹਜ਼ਾਰ ਰੁਪਏ ਹੋਰ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਪੁੱਛਗਿੱਛ ਜਾਰੀ ਹੈ।

# ਲੋਕ ਨਿਰਮਾਣ ਮੰਤਰੀ ਨੇ ਸਾਢੇ 12 ਕਰੋੜ ਦੀ ਲਾਗਤ ਨਾਲ ਬਣਨ ਵਾਲੀਆਂ ਸੜਕਾਂ ਦਾ ਕੀਤਾ ਉਦਘਾਟਨ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਮੁਢਲੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਕਿਸੇ ਵੀ ਸੂਬੇ ਦੀ ਤਰੱਕੀ ਸੜਕਾਂ ਦੇ ਜਾਲ ਤੋਂ ਪਤਾ ਲਗਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਅੱਜ ਜੰਡਿਆਲਾ ਗੁਰੂ ਹਲਕੇ ਅਧੀਨ ਪੈਂਦੀਆਂ ਵੱਖ ਵੱਖ ਸੜਕਾਂ ਦਾ ਉਦਘਾਟਨ ਕਰਨ ਸਮੇਂ ਕੀਤਾ।ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਸਪੈਸ਼ਲ ਅਸੈਸਮੈਂਟ ਸਕੀਮ ਅਧੀਨ ਇਨ੍ਹਾਂ ਸੜਕਾਂ ਦਾ ਨਿਰਮਾਣ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸੜਕਾਂ ਉਪਰ ਤਕਰੀਬਨ 12 ਕਰੋੜ 50 ਲੱਖ ਰੁਪਏ ਖ਼ਰਚ ਆਉਣਗੇ ਤੇ ਇਨ੍ਹਾਂ ਸੜਕਾਂ ਦੀ ਉਸਾਰੀ ਹੋਣ ਨਾਲ ਇਥੋਂ ਦੇ ਵਸਨੀਕਾਂ ਨੂੰ ਆਵਾਜਾਈ ਵਿਚ ਕਾਫੀ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਜੰਡਿਆਲਾ ਹਲਕਾ ਵਿਕਾਸ ਦੇ ਕਾਰਜਾਂ ਵਿਚ ਸਭ ਤੋਂ ਅੱਗੇ ਹੈ ਅਤੇ ਜੰਡਿਆਲਾ ਗੁਰੂ ਦੇ ਹਲਕੇ ਨੂੰ ਸ਼ਹਿਰਾਂ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਜੰਡਿਆਲਾ ਗੁਰੂ ਹਲਕੇ ਅਧੀਨ ਪੈਂਦੇ ਪਿੰਡ ਨਵਾਂ ਕੋਟ ਵਿਚ 0.515 ਕਿਲੋਮੀਟਰ ਸੜਕ ਤੇ ਇੰਟਰਲਾਕਿੰਗ ਟਾਇਲਾਂ ਅਤੇ ਨਵਾਂ ਕੋਟ ਪਿੰਡ ਦੀ



2.520 ਕਿਲੋਮੀਟਰ ਸੜਕ ਦਾ ਨਿਰਮਾਣ ਕੀਤਾ ਜਾਵੇਗਾ ਜਿਸ 'ਤੇ 96.31 ਲੱਖ ਰੁਪਏ ਦੀ ਲਾਗਤ ਆਵੇਗੀ। ਇਸੇ ਤਰ੍ਹਾਂ ਪਿੰਡ ਬੱਲੀਆ ਮੰਜਪੁਰ ਤੋਂ ਨਰਾਇਣਗੜ੍ਹ ਰੇਲਵੇ ਕਰਾਸਿੰਗ ਤੱਕ 2.305 ਕਿਲੋਮੀਟਰ ਸੜਕ, ਰੋਡ ਕੈਪਟਨ ਹੀਰਾ ਸਿੰਘ ਪਿੰਡ ਬੱਲੀ 0.553 ਕਿਲੋਮੀਟਰ ਸੜਕ ਦੇ ਦੋਹਾਂ ਪਾਸੇ ਇੰਟਰਲਾਕਿੰਗ ਟਾਇਲਾਂ, ਨਰਾਇਣਗੜ੍ਹ ਫਾਟਕ ਤੋਂ ਬੱਲੀਆ ਮੰਜਪੁਰ ਅਤੇ ਮਾਲੋਵਾਲ ਤੋ ਨਰਾਇਣਗੜ੍ਹ ਤੱਕ ਦੀ 2.200 ਕਿਲੋਮੀਟਰ ਸੜਕ ਅਤੇ ਪਿੰਡ ਨਵਾਂ ਕੋਟ ਸੜਕ ਜਿਸ ਦੀ ਲੰਬਾਈ 2.420 ਹੈ, ਦੀ ਨਵੀ ਉਸਾਰੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸੜਕਾਂ ਦੀ ਕੁਲ ਲੰਬਾਈ 7.478 ਕਿਲੋਮੀਟਰ ਹੋਵੇਗੀ ਅਤੇ ਇਸ ਉਪਰ 376.68 ਲੱਖ ਰੁਪਏ ਖ਼ਰਚ ਆਉਣਗੇ। ਉਨ੍ਹਾਂ ਦੱਸਿਆ ਕਿ ਕੱਚਾ ਰਸਤਾ ਤੋਂ ਜੋਧਾਨਗਰੀ ਜਿਸ ਦੀ ਲੰਬਾਈ 0.212 ਹੈ, ਦੇ ਦੋਹਾਂ ਪਾਸੇ ਇੰਟਰਲਾਕਿੰਗ ਟਾਇਲਾਂ ਅਤੇ ਜੋਧਾਨਗਰੀ ਤੋਂ ਮੁੱਛਲ ਡੇਹਰੀਵਾਲ ਰੋਡ ਨਾਲ ਹੀ 7 ਮੀਟਰ ਸਪੈਨ ਬ੍ਰਿਜ ਜਿਸ ਦੀ ਲੰਬਾਈ 1 ਕਿਲੋਮੀਟਰ ਹੈ, ਦੀ ਨਵੀਂ ਉਸਾਰੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸੜਕਾਂ ਦੀ ਕੁਲ ਲੰਬਾਈ 1.212 ਕਿਲੋਮੀਟਰ ਹੋਵਗੀ ਅਤੇ ਇਸ ਉਪਰ 63.38 ਲੱਖ ਰੁਪਏ ਖ਼ਰਚ ਆਉਣਗੇ। ਈ.ਟੀ.ਓ ਨੇ ਦੱਸਿਆ ਕਿ ਇਸੇ ਤਰ੍ਹਾਂ ਪਿੰਡ ਖੁਜਾਲਾ ਰੋਡ ਦੀ ਫਿਰਨੀ ਜਿਸ ਦੀ ਲੰਬਾਈ ਇਕ ਕਿਲੋਮੀਟਰ ਦੀ ਵੀ ਨਵੀਂ ਉਸਾਰੀ ਕੀਤੀ ਜਾਵੇਗੀ ਜਿਸ 'ਤੇ 26.49 ਲੱਖ ਰੁਪਏ ਖ਼ਰਚ ਆਉਣਗੇ। ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਨਬਾਰਡ ਸਕੀਮ ਅਧੀਨ ਸਰਕਾਰ ਵਲੋਂ 678.23 ਲੱਖ ਰੁਪਏ ਦੀ ਲਾਗਤ ਨਾਲ 7.20 ਕਿਲੋਮੀਟਰ ਲੰਬੀ ਸੜਕ ਜੋ ਕਿ ਗਹਿਰੀ ਨਰਾਇਣਗੜ੍ਹ ਰੋਡ ਤੋਂ ਜੋਧਾਨਗਰੀ ਵਾਇਆ ਰਾਣਾਕਲਾਂ ਜੱਬੋਵਾਲ ਸੜਕ ਦੀ ਅਪਗ੍ਰੇਡੇਸ਼ਨ ਅਤੇ ਚੌੜਾ ਕਰਨ ਦਾ ਕੰਮ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸਾਰੇ ਕੰਮ ਸਬੰਧਤ ਠੇਕੇਦਾਰਾਂ ਨੂੰ ਅਲਾਟ ਹੋ ਚੁੱਕੇ ਹਨ ਅਤੇ ਇਨ੍ਹਾਂ ਸਾਰੇ ਕੰਮਾਂ ਦੀ ਮਿਆਦ 6 ਮਹੀਨੇ ਦੀ ਹੋਵੇਗੀ।ਈ.ਟੀ.ਓ ਨੇ ਜੰਡਿਆਲਾ ਗੁਰੂ ਦੇ ਅਧੀਨ ਪੈਂਦੇ ਇਲਾਕੇ ਸੇਖੂਪੁਰਾ ਵਿਚ ਨਵੀਆਂ ਗਲੀਆਂ ਬਣਾਉਣ ਦੇ ਕੰਮਾਂ ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਦੱਸਿਆ ਕਿ ਮੁਹੱਲੇ ਦੇ ਲੋਕਾਂ ਦੀ ਕਾਫੀ ਚਿਰ ਤੋਂ ਮੰਗ ਸੀ ਕਿ ਗਲੀਆਂ ਖ਼ਰਾਬ ਹੋ ਚੁੱਕੀਆਂ ਹਨ ਅਤੇ ਨਵੀਆਂ ਬਣਾਈਆਂ ਜਾਣ। ਉਨ੍ਹਾਂ ਦੱਸਿਆ ਕਿ 30 ਲੱਖ ਰੁਪਏ ਦੀ ਲਾਗਤ ਨਾਲ ਨਵੀਆਂ ਗਲੀਆਂ ਦੀ ਉਸਾਰੀ ਕੀਤੀ ਜਾਵੇਗੀ।ਲੋਕ ਨਿਰਮਾਣ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਕੰਮਾਂ ਵਿਚ ਕੋਈ ਕੁਤਾਹੀ ਬਰਦਾਸ਼ਤ ਨਹੀ ਕੀਤੀ ਜਾਵੇਗੀ ਅਤੇ ਸਾਰੇ ਕੰਮ ਗੁਣਵੱਤਾ ਭਰਪੂਰ ਹੋਣੇ ਚਾਹੀਦੇ ਹਨ।

# ਮਾਰਕੀਟ ਕਮੇਟੀ ਦੇ ਚੇਅਰਮੈਨ ਦੀਨਾਨਗਰ ਦੀ ਤਾਜਪੋਸ਼ੀ ਭਲਕੇ

**ਗੁਰਦਾਸਪੁਰ, (ਜਨਕ ਮਹਾਜਨ)**- ਵਿਧਾਨ ਸਭਾ ਹਲਕਾ ਦੀਨਾਨਗਰ ਦੇ ਯੂਥ ਸੀਨੀਅਰ ਆਗੂ ਬਲਜੀਤ ਸਿੰਘ ਖਾਲਸਾ ਸਰਪੰਚ ਪੁਰਾਣਾ ਸ਼ਾਲਾ ਨੇ ਗੱਲਬਾਤ ਦੌਰਾਨ



ਦੱਸਿਆ ਕਿ ਉਨ੍ਹਾਂ ਨੂੰ ਪੰਜਾਬ ਸਰਕਾਰ ਨੇ ਮਾਰਕੀਟ ਕਮੇਟੀ ਦੀਨਾਨਗਰ ਦਾ ਚੇਅਰਮੈਨ ਨਿਯੁਕਤ ਕੀਤਾ ਹੈ ਅਤੇ ਉਨ੍ਹਾਂ ਦੀ ਤਾਜਪੋਸ਼ੀ 22 ਮਾਰਚ ਨੂੰ ਸਵੇਰੇ 11 ਵਜੇ ਹੋਵੇਗੀ। ਉਨ੍ਹਾਂ ਦੀ ਤਾਜਪੋਸ਼ੀ 'ਤੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ, ਬਟਾਲਾ ਤੋਂ ਵਿਧਾਇਕ ਅਮਨ ਸ਼ੈਰੀ ਕਲਸੀ ਤੋਂ ਇਲਾਵਾ ਹਲਕਾ ਇੰਚਾਰਜ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਸ਼ਮਸ਼ੇਰ ਸਿੰਘ ਵੀ ਹਾਜ਼ਰ ਹੋਣਗੇ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਤਾਜਪੋਸ਼ੀ ਮੌਕੇ ਬੇਟ ਇਲਾਕੇ ਦੇ ਵਲੰਟੀਅਰ ਤੇ ਆਗੂ ਇਕ ਕਾਫਲੇ ਦੇ ਰੂਪ ਵਿੱਚ ਪਹੁੰਚ ਰਹੇ ਹਨ ਅਤੇ ਇਸ ਸਮਾਗਮ ਨੂੰ ਲੈ ਕੇ ਇਲਾਕੇ ਅੰਦਰ ਉਤਸ਼ਾਹ ਤੇ ਖ਼ੁਸ਼ੀ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਸਰਕਾਰ ਵਲੋਂ ਜੋ ਜ਼ਿੰਮੇਵਾਰੀ ਮੈਨੂੰ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣ ਵਿੱਚ ਕੋਈ ਕਸਰ ਨਹੀਂ ਛੱਡਣਗੇ। ਉਨ੍ਹਾਂ ਕਿਹਾ ਮਾਰਕੀਟ ਕਮੇਟੀ ਦਾ ਕੰਮ ਪਾਰਦਰਸ਼ੀ ਢੰਗ ਨਾਲ ਕਰਕੇ ਮੁਨਾਫੇ ਨੂੰ ਵਧਾਇਆ ਜਾਵੇਗਾ।

# ਖੇਤੀ ਸੰਕਟ ਦਾ ਕਾਰਪੋਰੇਟੀ ਹੱਲ ਮੜ੍ਹਨ ਲਈ ਦਰੜੇ ਕਿਸਾਨਾਂ ਦੇ ਜਮਹੂਰੀ ਹੱਕ: ਜਮਹੂਰੀ ਅਧਿਕਾਰ ਸਭਾ

**ਗੁਰਦਾਸਪੁਰ (ਦਿਨੇਸ਼ ਕੁਮਾਰ)**- ਪੰਜਾਬ ਸਰਕਾਰ ਵੱਲੋਂ ਕਿਸਾਨਾਂ, ਆਗੂਆਂ ਦੀਆਂ ਕੀਤੀਆਂ ਗ੍ਰਿਫਤਾਰੀਆਂ ਅਤੇ ਬੁਲਡੋਜ਼ਰ ਕਾਰਵਾਈ ਨਾਲ ਸ਼ੰਭੂ ਖਨੌਰੀ ਮੋਰਚਿਆਂ ਦਾ ਖਾਤਮਾ ਖੇਤੀ ਨੂੰ ਕਾਰਪੋਰੇਟਾਂ ਦੇ ਹਵਾਲੇ ਕਰਨ ਦੇ ਰਾਹ 'ਚ ਅੜਿਕਾ ਬਣ ਰਹੀ ਕਿਸਾਨ ਲਹਿਰ ਨੂੰ ਕੁਚਲਣ ਦੀ ਕੇਂਦਰ ਦੀ ਭਾਜਪਾ ਅਤੇ ਪੰਜਾਬ ਦੀ ਆਪ ਸਰਕਾਰ ਦੀ ਸਾਂਝੀ ਮਨਸਾ ਜੱਗ ਜ਼ਾਹਰ ਹੋ ਰਹੀ ਹੈ। ਅੱਜ ਪ੍ਰੈਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਜਮਹੂਰੀ ਅਧਿਕਾਰ ਸਭਾ ਦੇ ਸੂਬਾਈ ਪ੍ਰਧਾਨ ਪ੍ਰੋ. ਜਗਮੋਹਨ ਸਿੰਘ, ਜਨਰਲ ਸਕੱਤਰ ਪ੍ਰਿਤਪਾਲ ਸਿੰਘ ਅਤੇ ਪ੍ਰੈਸ ਸਕੱਤਰ ਅਮਰਜੀਤ ਸ਼ਾਸਤਰੀ ਨੇ ਕਿਹਾ ਕਿ ਪੇਂਡੂ ਖੇਤਰ ਦੇ ਸੰਕਟ ਨੂੰ ਸਰਕਾਰਾਂ ਬਿਲਕੁਲ ਨਜ਼ਰਅੰਦਾਜ਼ ਕਰ ਰਹੀਆਂ ਹਨ। ਇਹ ਸੰਕਟ ਭਾਰਤ ਭਰ ਦਾ ਹੈ ਜਿਸ ਦੀ ਇਕ ਮਿਸਾਲ ਮਹਾਰਾਸ਼ਟਰ ਦੇ ਇਨਾਮ ਯਾਫਤਾ ਕਿਸਾਨ ਦੀ ਆਤਮ ਹੱਤਿਆ ਵਾਸਤੇ ਲਿਖੇ ਗਏ ਨੋਟ ਤੋਂ ਪਰਗਟ ਹੁੰਦੀ ਹੈ ਕਿ ਉਸ ਦੀਆਂ ਖੇਤੀ ਸੰਕਟ ਨੂੰ ਹੱਲ ਕਰਨ ਦੀਆਂ ਕੋਸ਼ਿਸ਼ਾਂ ਨੂੰ ਉਥੋਂ ਦੀ ਭਾਜਪਾ ਸਰਕਾਰ ਨੇ ਅਣਗੌਲਿਆਂ ਕੀਤਾ ਹੈ। ਇਹੀ ਨੀਤੀ ਪੰਜਾਬ ਵਿੱਚ ਅਪਣਾਈ ਜਾ ਰਹੀ ਹੈ। ਪੰਜਾਬ ਸਰਕਾਰ ਨੇ ਪਿਛਲੇ ਦਿਨੀਂ ਵਪਾਰੀਆਂ ਤੇ ਕਾਰੋਬਾਰੀਆਂ ਨਾਲ ਮੀਟਿੰਗ ਕਰਕੇ ਇਹ ਬਿਲਕੁਲ ਹੀ ਝੂਠਾ ਬਿਰਤਾਂਤ ਸਿਰਜਣ ਦਾ ਯਤਨ ਕੀਤਾ ਕਿ ਸ਼ੰਭੂ ਖਨੌਰੀ ਮੋਰਚੇ ਪੰਜਾਬ ਦੀ ਆਰਥਿਕਤਾ ਨੂੰ ਨੁਕਸਾਨ ਪਹੁੰਚਾ ਰਹੇ ਹਨ ਜਦੋਂ ਕਿ ਇਹ ਕੌਮੀ ਰਾਹ ਪਿਛਲੇ ਸਾਲ ਫਰਵਰੀ ਦੇ ਸ਼ੁਰੂ ਤੋਂ ਹਰਿਆਣਾ ਸਰਕਾਰ ਨੇ ਕੰਕਰੀਟ ਦੀਆਂ ਕੰਧਾਂ ਕੱਢ ਕੇ ਅਤੇ ਕੰਡਿਆਲੀਆਂ ਤਾਰਾਂ ਲਾ ਕੇ



ਤੇ ਕਿੱਲ ਗੱਡ ਕੇ ਬੰਦ ਕੀਤੇ ਹੋਏ ਹਨ। ਕਿਸਾਨ ਦਿੱਲੀ ਜਾਣਾ ਚਾਹੁੰਦੇ ਸਨ। ਇਸੇ ਤਰ੍ਹਾਂ ਪੰਜਾਬ ਸਰਕਾਰ ਨੇ 3 ਮਾਰਚ ਦੀ ਗੱਲਬਾਤ ਵਿੱਚੇ ਛੱਡ ਕੇ 5 ਮਾਰਚ ਨੂੰ ਚੰਡੀਗੜ੍ਹ ਜਾ ਰਹੇ ਕਿਸਾਨ ਧਰਨੇ ਨੂੰ ਅਸਫਲ ਬਣਾਉਣ ਲਈ ਪੰਜਾਬ ਅੰਦਰ ਖੁਦ ਸਰਕਾਰ ਨੇ ਰੋਕਾਂ ਖੜ੍ਹੀਆਂ ਕੀਤੀਆਂ ਸਨ। ਜਦੋਂ ਕਿ ਮੁੱਖ ਮੰਤਰੀ ਭਗਵੰਤ ਮਾਨ ਇਹ ਕਹਿ ਰਹੇ ਹਨ ਕਿ ਕਿਸਾਨਾਂ ਦੀਆਂ ਮੰਗਾਂ ਕੇਂਦਰ ਸਰਕਾਰ ਨਾਲ ਸਬੰਧਤ ਹਨ, ਮੈਂ ਕਿਉਂ ਸਮਾਂ ਖਰਾਬ ਕਰਾਂ ਤਾਂ ਫਿਰ ਕੇਂਦਰ ਨਾਲ ਗੱਲਬਾਤ ਬਾਅਦ ਵਾਪਸ ਪਰਤ ਰਹੇ ਕਿਸਾਨ ਆਗੂਆਂ ਦੀਆਂ ਗ੍ਰਿਫਤਾਰੀਆਂ ਅਤੇ ਦਿੱਲੀ ਜਾ ਰਹੇ ਬਾਰਡਰਾਂ ਉਪਰ ਰੋਕੇ ਕਿਸਾਨਾਂ ਉਪਰ ਪੰਜਾਬ ਸਰਕਾਰ ਨੇ ਜਬਰ ਕਿਉਂ ਕੀਤਾ। ਹੁਣ ਕੇਂਦਰੀ ਖੇਤੀ ਮੰਤਰੀ ਨੇ ਅਗਲੀ ਗੱਲਬਾਤ ਤੋਂ ਪਹਿਲਾਂ ਬਾਰਡਰਾਂ ਦੇ ਧਰਨੇ ਖਤਮ ਕਰਨ ਲਈ ਕਿਹਾ ਹੈ। ਇਓਂ ਇਸ ਜਬਰ 'ਚ ਦੋਨਾਂ ਸਰਕਾਰਾਂ ਦੀ ਮਿਲੀ ਭੁਗਤ ਸਪੱਸ਼ਟ ਦਿਖਾਈ ਦਿੰਦੀ ਹੈ। ਕਿਸਾਨਾਂ ਦੇ ਜਮਹੂਰੀ ਹੱਕਾਂ 'ਤੇ ਹਮਲਾ ਕਰਕੇ ਇਹ ਸਰਕਾਰਾਂ ਖੇਤੀ ਨੂੰ ਕਾਰਪੋਰੇਟਾਂ ਦੇ ਹਵਾਲੇ ਕਰਨ ਲਈ ਰਾਹ ਬਣਾ ਰਹੀਆਂ ਹਨ। ਇਸ ਵਿਚ ਅੜਿੱਕਾ ਬਣ ਰਹੀ ਕਿਸਾਨ ਲਹਿਰ ਨੂੰ ਕੁਚਲਣਾ ਕੇਂਦਰ ਅਤੇ ਪੰਜਾਬ ਦੀਆਂ ਲੋਕ ਵਿਰੋਧੀ ਹਿਤਾਂ ਦਾ ਸਾਂਝਾ ਪ੍ਰਗਟਾਵਾ ਹੈ। ਜਿਵੇਂ ਪਿਛਲੇ ਦਿਨੀਂ ਭਾਰਤਮਾਲਾ ਪ੍ਰੈਜੈਕਟ ਅਤੇ ਗੈਸ ਪਾਈਪ ਲਾਈਨ ਲਈ ਰਾਹ ਪੱਧਰਾ ਕਰਨ ਲਈ ਗੁਰਦਾਸਪੁਰ, ਮਲੇਰਕੋਟਲਾ, ਦੁਨੇਵਾਲਾ, ਲੇਲੇਵਾਲਾ ਆਦਿ ਥਾਵਾਂ 'ਤੇ ਕਿਸਾਨਾਂ ਉਪਰ ਵਹਿਸ਼ੀ ਲਾਠੀਚਾਰਜ ਇਸੇ ਨੀਤੀ ਦੀ ਪ੍ਰਗਟਾਵਾ ਹੈ। ਜਮਹੂਰੀ ਅਧਿਕਾਰ ਸਭਾ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਵਿਦਿਆਰਥੀਆਂ ਅਤੇ ਮੁਲਾਜ਼ਮਾਂ ਨੂੰ ਨਿੱਜੀਕਰਨ, ਸੰਸਾਰੀਕਰਨ ਅਤੇ ਉਦਾਰੀਕਰਨ ਦੀਆਂ ਨੀਤੀਆਂ ਨੂੰ ਸਮਝਣ, ਉਹਨਾਂ ਦਾ ਜਮਹੂਰੀ ਹੱਲ ਲੱਭਣ ਅਤੇ ਇਹਨਾਂ ਦਾ ਵਿਰੋਧ ਕਰਨ ਲਈ ਇਕਮੁੱਠ ਹੋਣ ਦਾ ਸੱਦਾ ਦਿੰਦੀ ਹੈ।

# ਆਪੇ ਬਣੇ ਸਟੈਨੋ ਨੂੰ ਸੀਟ ਤੋਂ ਹਟਾਉਣ ਦੀ ਮੰਗ

● ਪਿਛਲੇ 14 ਸਾਲਾਂ ਤੋਂ ਦਫਤਰ ਦੇ ਅਮਲੇ-ਫੈਲੇ ਨੂੰ ਪਾਇਆ ਗਧੀਗੇੜ 'ਚ

**ਵੇਰਕਾ (ਰਾਣਾ)**- ਜ਼ਿਲ੍ਹਾ ਸਿੱਖਿਆ ਦਫ਼ਤਰ (ਸੈ:ਸਿੱ:) ਅੰਮ੍ਰਿਤਸਰ ਵਿਖੇ ਲੱਗਭੱਗ ਪਿਛਲੇ 14 ਸਾਲਾਂ ਤੋਂ ਇੱਕੋ ਸੀਟ 'ਤੇ ਹੀ ਤੈਨਾਤ ਕਲਰਕ, ਜਿਹੜੀ ਅਸਾਮੀ ਉਕਤ ਦਫ਼ਤਰ ਅੰਮ੍ਰਿਤਸਰ ਵਿਖੇ ਹੈ ਵੀ ਨਹੀਂ, ਉਕਤ ਕਲਰਕ ਨੇ ਉਸ ਸੀਟ ਉੱਪਰ ਕਾਰਜਸ਼ੀਲ ਹੋ ਕੇ ਸਾਰੇ ਦਫ਼ਤਰੀ ਅਮਲੇ-ਫੈਲੇ ਨੂੰ ਗਧੀਗੇੜ/ਚੱਕਰਾਂ ਪਾਇਆ ਹੋਇਆ ਹੈ। ਨਾਲੇ ਸਮੇਂ-ਸਮੇਂ ਇੱਥੇ ਤੈਨਾਤ ਰਹੇ ਜ਼ਿਲ੍ਹਾ ਸਿੱਖਿਆ (ਸੈ:ਸਿੱ:) ਅਫ਼ਸਰਾਂ ਦਾ ਚਹੇਤਾ ਬਣ ਕੇ ਆਪਣੇ ਤੋਂ ਉੱਪਰਲੇ ਅਧਿਕਾਰੀਆਂ ਦਾ ਕਾਰਜਭਾਰ ਨਿਰੰਤਰ ਸੰਭਾਲਦਾ ਹੈ। ਇੱਥੇ ਹੀ ਬੱਸ ਨਹੀਂ, ਸਰਕਾਰ ਵੱਲੋਂ ਸਕੂਲਾਂ ਨੂੰ ਮਿਲਣ ਵਾਲੀਆਂ ਵੱਖ-ਵੱਖ ਮੰਤਵਾਂ ਤਹਿਤ ਗ੍ਰਾਂਟਾਂ/ਫੰਡਾਂ ਪ੍ਰਤੀ ਪੂਰੀ ਮੁਸਤੈਦੀ ਨਾਲ ਦੇਖ-ਰੇਖ ਕਰਦਾ ਹੋਇਆ ਲੈਣ-ਦੇਣ ਕਰਨ/ਕਰਵਾਉਣ ਵਿੱਚ ਚੰਗੀ ਮੁਹਾਰਤ ਰੱਖਦਾ ਹੈ। ਇਸ ਬਾਬਤ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀ ਭਲੀਭਾਂਤ ਸਭ ਕੁਝ ਜਾਣਦੇ ਹੋਏ ਵੀ ਮੂਕ-ਦਰਸ਼ਕ ਬਣੇ ਹੋਏ ਹਨ। ਕੁਝ ਅਤਿਅੰਤ ਦਫ਼ਤਰੀ ਭਰੋਸੇਯੋਗ ਸੂਤਰ ਦੱਸਦੇ ਹਨ ਕਿ ਉਕਤ ਕਲਰਕ ਜਿਹੜਾ ਜ਼ਿਲ੍ਹਾ ਸਿੱਖਿਆ ਅਫਸਰ (ਸੈ:) ਦਾ ਆਪੇ ਸਟੈਨੋ ਬਣਿਆ ਹੋਇਆ ਹੈ, ਨੂੰ ਲਗਭਗ 14 ਸਾਲਾਂ ਤੋਂ ਇਹੀ ਕੁਝ ਕਰਨ ਤੋਂ ਸਿਵਾਏ ਹੋਰ ਦਫਤਰੀ ਸੀਟ ਦਾ ਕੰਮ ਵੀ ਨਹੀਂ ਆਉਂਦਾ। ਜਦੋਂਕਿ ਸਰਕਾਰ ਤੇ ਵਿਭਾਗ ਦੇ ਨਿਯਮਾਂ ਅਨੁਸਾਰ ਇੱਕੋ ਸੀਟ 'ਤੇ ਏਨਾ ਲੰਮਾ ਸਮਾਂ ਕੋਈ ਵੀ ਕਲਰਕ ਕੰਮ ਨਹੀਂ ਕਰ ਸਕਦਾ। ਫਿਰ ਉਸ ਸੀਟ ਉੱਪਰ ਜਿਹੜੀ ਉਪਰੋਕਤ ਦਫਤਰ ਵਿਖੇ ਮੌਜੂਦ ਹੀ ਨਹੀਂ। ਇਸ ਸੰਬੰਧ ਵਿੱਚ ਜ਼ਿਲ੍ਹਾ ਸਿੱਖਿਆ ਦਫ਼ਤਰ (ਸੈ:ਸਿੱ:) ਅੰਮ੍ਰਿਤਸਰ ਦੇ ਦਫਤਰੀ ਅਮਲੇ-ਫੈਲੇ ਨੇ ਮੁੱਖ ਮੰਤਰੀ ਪੰਜਾਬ ਸਰਕਾਰ, ਸਿੱਖਿਆ ਮੰਤਰੀ ਪੰਜਾਬ ਸਰਕਾਰ, ਸਿੱਖਿਆ ਸਕੱਤਰ ਪੰਜਾਬ ਸਰਕਾਰ, ਡੀ.ਜੀ.ਐਸ.ਈ ਸਿੱਖਿਆ ਵਿਭਾਗ ਪੰਜਾਬ ਅਜੀਤਗੜ੍ਹ ਅਤੇ ਡੀ.ਪੀ.ਆਈ (ਸੈ:ਸਿੱ:) ਅਜੀਤਗੜ੍ਹ ਪਾਸੋਂ ਮੰਗ ਕੀਤੀ ਹੈ ਕਿ ਦਫਤਰ ਵਿਖੇ ਆਪੇ ਪੋਸਟ ਸੁਰਜੀਤ ਕਰਕੇ ਬਣੇ ਸਟੈਨੋ (ਕਲਰਕ) ਨੂੰ ਤੁਰੰਤ ਸੀਟ ਤੋਂ ਹਟਾ ਕੇ ਦਫਤਰ ਦੀ ਕਿਸੇ ਸੀਟ ਦਾ ਜ਼ਿੰਮਾ ਦਿੱਤਾ ਜਾਵੇ।

# ਛੋਟੀ ਸ਼ੈੱਡ 'ਚ ਬੰਨ੍ਹੇ ਸਨ ਗਾਵਾਂ-ਵੱਛੇ, ਮਾਮਲਾ ਦਰਜ

**ਗੁਰਦਾਸਪੁਰ, (ਦਿਨੇਸ਼ ਕੁਮਾਰ)**- ਛੋਟੀ ਸ਼ੈੱਡ ਵਿੱਚ ਬੁਰੀ ਤਰ੍ਹਾਂ ਨਾਲ ਬੰਨ੍ਹੀਆਂ ਗਾਵਾਂ ਅਤੇ ਵੱਛੇ ਬਰਾਮਦ ਹੋਣ ਦੇ ਮਾਮਲੇ ਵਿੱਚ ਥਾਣਾ ਦੀਨਾਨਗਰ ਦੀ ਪੁਲਸ ਨੇ 2 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਫਿਲਹਾਲ ਅਜੇ ਕਿਸੇ ਵੀ ਮੁਲਜ਼ਮ ਦੀ ਗ੍ਰਿਫਤਾਰੀ ਨਹੀਂ ਹੋ ਸਕੀ। ਏ ਐਸ ਆਈ ਜਸਵਿੰਦਰ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਕਰ ਰਹੇ ਸਨ ਕਿ ਇਸੇ ਦੌਰਾਨ ਇਕ ਇਤਲਾਹ ਮਿਲੀ ਕਿ ਪਿੰਡ ਮੱਦੋਵਾਲ ਵਿਖੇ ਦੋ ਵਿਅਕਤੀਆਂ ਵਲੋਂ ਜੋ ਕਿ ਡੰਗਰਾਂ ਦਾ ਕੰਮ ਕਰਦੇ ਹਨ ਨੇ ਇੱਕ ਸਾਂਝੀ ਸ਼ੈਡ ਵਿਜੇ ਮਸੀਹ ਦੇ ਘਰ ਨੇੜੇ ਬਣਾਈ ਹੋਈ ਹੈ ਜਿਸ ਵਿੱਚ ਇੱਕ ਛੋਟੀ ਖੁਰਲੀ ਬਣੀ ਹੋਈ ਹੈ। ਜਿਸ ਵਿੱਚ ਗਾਵਾਂ ਅਤੇ ਵੱਛੇ ਸਮਰਥਾ ਤੋਂ ਵੱਧ ਤੰਗ ਕਰਕੇ ਬੰਨ੍ਹੇ ਹੋਏ ਹਨ ਜਿਸ ਨਾਲ ਇਨ੍ਹਾਂ ਪਸ਼ੂਆਂ ਨੂੰ ਬੈਠਣ ਉਠਣ ਤੇ ਸਾਹ ਲੈਣ ਵਿੱਚ ਮੁਸ਼ਕਲ ਆ ਰਹੀ ਹੈ। ਇਸ ਸਬੰਧੀ ਇਤਲਾਹ ਮਿਲਣ 'ਤੇ ਉੱਕਤ ਜਗ੍ਹਾ 'ਤੇ ਰੇਡ ਕੀਤਾ ਜਿਥੇ ਕੋਈ ਵੀ ਹਾਜ਼ਰ ਨਹੀਂ ਮਿਲਿਆ। ਮੌਕੇ ਤੋਂ 8 ਗਊਆਂ ਅਤੇ ਇੱਕ ਵੱਛਾ ਇੱਕ ਛੋਟੀ ਸ਼ੈਡ ਵਿੱਚ ਸਮਰਥਾ ਤੋਂ ਵੱਧ ਬੰਨ੍ਹੇ ਹੋਏ ਸਨ, ਬਰਾਮਦ ਕੀਤੇ ਹਨ।

# ਗੁਰੂ ਨਾਨਕ ਦੇਵ 'ਵਰਸਿਟੀ 'ਚ ਈਕੋ ਕਾਮਰਸ ਦਾ ਆਯੋਜਨ



**ਪੱਟੀ (ਬਲਦੇਵ ਸਿੰਘ ਸੰਧੂ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਪੱਟੀ ਵਿੱਚ ਕਾਲਜ ਦੇ ਕਾਮਰਸ ਵਿਭਾਗ ਵੱਲੋਂ 'ਈਕੋ ਕਾਮਰਸ' ਦਾ ਆਯੋਜਨ ਕੀਤਾ ਗਿਆ। ਇਸ ਦਾ ਉਦਘਾਟਨ ਮੁੱਖ ਮਹਿਮਾਨ ਡਾ. ਗੁਰਿੰਦਰਜੀਤ ਕੌਰ ਪ੍ਰਿੰਸੀਪਲ ਸਰਕਾਰੀ ਕਾਲਜ ਤਰਨ ਤਾਰਨ ਅਤੇ ਕਾਲਜ ਦੇ ਪ੍ਰਿੰਸੀਪਲ ਮਿਸਿਜ਼ ਕਿੰਦਰਜੀਤ ਕੌਰ ਨੇ ਕੀਤਾ। ਉਹਨਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਕਿ ਵਿਦਿਆਰਥੀ ਆਪਣੀ ਪੜ੍ਹਾਈ ਦੇ ਨਾਲ-ਨਾਲ ਕੋਈ ਨਾ ਕੋਈ ਸਕਿੱਲ ਵੀ ਹਾਸਲ ਕਰਨ ਤਾਂ ਕਿ ਉਹ ਜੀਵਨ ਵਿੱਚ ਸਫਲਤਾ ਹਾਸਲ ਕਰ ਸਕਣ। ਇਸ ਮੌਕੇ ਗਰੀਨ ਕਾਮਰਸ ਥੀਮ ਅਧੀਨ ਵੱਖ ਵੱਖ ਤਰ੍ਹਾਂ ਦੇ ਪੌਦਿਆਂ ਅਤੇ ਹਰਬਲ ਉਤਪਾਦਾਂ ਦੇ ਸਟਾਲਾਂ ਦੇ ਨਾਲ-ਨਾਲ ਵਿਦਿਆਰਥੀਆਂ ਵੱਲੋਂ ਗੋਲਗੱਪੇ, ਚਾਟ, ਸੈਂਡਵਿਚ, ਆਈਸਕਰੀਮ, ਜੂਸ, ਕਾਫੀ ਸ਼ੇਕ, ਲੇਡੀਜ਼ ਸੂਟ, ਬੱਚਿਆਂ ਅਤੇ ਜੈਂਟਸ ਰੈਡੀਮੇਡ ਕੱਪੜਿਆਂ ਦੇ ਸਟਾਲ ਵੀ ਲਗਾਏ ਗਏ। ਇਸ ਤੋਂ ਇਲਾਵਾ ਗੇਮਿੰਗ ਜ਼ੋਨਜ਼ ਵਿੱਚ ਵੱਖ-ਵੱਖ ਖੇਡਾਂ ਦਾ ਵਿਦਿਆਰਥੀਆਂ ਨੇ ਭਰਪੂਰ ਅਨੰਦ ਮਾਣਿਆ। ਮੁੱਖ ਮਹਿਮਾਨ ਵੱਲੋਂ ਸਟਾਲਾਂ ਦਾ ਨਿਰੀਖਣ ਕੀਤਾ ਗਿਆ। ਉਹਨਾਂ ਦੇ ਨਾਲ ਡਾ. ਅਨੂ ਮਿੱਤਲ ਅਤੇ ਡਾ. ਰਮਨਪ੍ਰੀਤ ਕੌਰ ਔਲਖ ਨੇ ਵੀ ਵਿਭਾਗ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਮੇਲੇ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਖੂਬ ਖਰੀਦਦਾਰੀ ਕੀਤੀ। ਇਸ ਮੌਕੇ ਵਧੀਆ ਕਾਰਗੁਜ਼ਾਰੀ ਵਿਖਾਉਣ ਵਾਲੇ ਸਟਾਲਾਂ ਵਿੱਚੋਂ ਪਹਿਲੇ ਦੂਜੇ ਅਤੇ ਤੀਜੇ ਸਥਾਨ ਲਈ ਚੋਣ ਕੀਤੀ ਗਈ ਅਤੇ ਨਕਦ ਰਾਸ਼ੀ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਕਾਮਰਸ ਵਿਭਾਗ ਦੇ ਪ੍ਰੋ. ਕਾਜਲ ਚੌਧਰੀ, ਪ੍ਰੋ. ਕਿਰਨਪ੍ਰੀਤ ਕੌਰ, ਪ੍ਰੋ. ਪੂਨਮ ਸਰਮਾ, ਪ੍ਰੋ. ਪਰਮਿੰਦਰ ਸਿੰਘ ਨੇ ਕਿਹਾ ਕਿ ਇਸ ਮੇਲੇ ਦਾ ਉਦੇਸ਼ ਵਿਦਿਆਰਥੀਆਂ ਵਿੱਚ ਟਰੇਡ ਅਤੇ ਵਪਾਰ ਕਰਨ ਦੀ ਯੋਗਤਾ ਪੈਦਾ ਕਰਨਾ ਹੈ ਤਾਂ ਕਿ ਉਹ ਉਦਮੀ ਬਣ ਕੇ ਜੀਵਨ ਵਿੱਚ ਆਰਥਿਕ ਤੌਰ 'ਤੇ ਆਤਮ ਨਿਰਭਰ ਬਣ ਸਕਣ ਅਤੇ ਰੋਜ਼ਗਾਰ ਪੈਦਾ ਕਰਨ। ਇਸ ਮੌਕੇ ਪ੍ਰੋ. ਅਵਤਾਰ ਸਿੰਘ, ਜਸਦੇਵ ਸਿੰਘ, ਪ੍ਰੋ. ਹੇਮਰਾਜ, ਪ੍ਰੋ. ਰਵਿੰਦਰ ਸਿੰਘ, ਪ੍ਰੋ. ਸਮੀਕਸ਼ਾ, ਪ੍ਰੋ. ਤਨਬੀਰ ਕੌਰ, ਪ੍ਰੋ. ਅਨੁਪਮ ਸੂਦ, ਪ੍ਰੋ. ਪ੍ਰਿਤਪਾਲ ਸਿੰਘ, ਗੁਰਵਿੰਦਰ ਸਿੰਘ ਅਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ। ਕਾਮਰਸ ਵਿਭਾਗ ਵੱਲੋਂ ਇਸ ਪ੍ਰੋਗਰਾਮ ਦੇ ਪ੍ਰਬੰਧਨ ਵਿੱਚ ਕੀਤੇ ਸਹਿਯੋਗ ਲਈ ਸਮੂਹ ਸਟਾਫ ਦਾ ਧੰਨਵਾਦ ਕੀਤਾ ਗਿਆ।

# ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਨੂੰ ਕਮਿਸ਼ਨਡ ਅਫ਼ਸਰ ਬਣਨ ਦਾ ਮੌਕਾ ਦਿੰਦਾ : ਜ਼ਿਲ੍ਹਾ ਰੋਜ਼ਗਾਰ ਅਫ਼ਸਰ

**ਗੁਰਦਾਸਪੁਰ (ਜਨਕ ਮਹਾਜਨ)**- ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਮਾਈ ਭਾਗੋ ਏ.ਐਫ਼.ਪੀ.ਆਈ.) ਫ਼ਾਰ ਗਰਲਜ਼ ਪੰਜਾਬ ਸਰਕਾਰ ਦੁਆਰਾ ਇੱਕ ਵਿਸ਼ੇਸ਼ ਆਲ ਗਰਲਜ਼ ਟਰੇਨਿੰਗ ਇੰਸਟੀਚਿਊਟ ਵਜੋਂ ਸੈਕਟਰ 66 ਐੱਸ.ਏ.ਐੱਸ ਨਗਰ (ਮੁਹਾਲੀ) ਵਿੱਚ ਸਥਾਪਤ ਕੀਤਾ ਗਿਆ ਹੈ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪਰਸ਼ੋਤਮ ਸਿੰਘ ਨੇ ਦੱਸਿਆ ਕਿ ਇਹ ਦੇਸ਼ ਵਿੱਚ ਕੁੜੀਆਂ ਲਈ ਆਪਣੀ ਕਿਸਮ ਦੀ ਇੱਕ ਵਿਲੱਖਣ ਇੰਸਟੀਚਿਊਟ ਹੈ, ਜਿੱਥੇ ਨੌਜਵਾਨ ਕੁੜੀਆਂ ਨੂੰ ਰੱਖਿਆ ਸੇਵਾਵਾਂ ਵਿੱਚ ਕਮਿਸ਼ਨਡ ਅਫ਼ਸਰ ਵਜੋਂ ਕੈਰੀਅਰ ਲਈ ਸਿਖਲਾਈ ਦਿੱਤੀ ਜਾਂਦੀ ਹੈ। ਤਿੰਨ ਸਾਲਾਂ ਦੀ ਸਿਖਲਾਈ ਦੀ ਮਿਆਦ ਦੇ ਦੌਰਾਨ, ਲੇਡੀਕੈਡੇਟ ਐੱਮ.ਸੀ.ਐੱਮ ਡੀ.ਏ.ਵੀ. ਕਾਲਜ, ਚੰਡੀਗੜ੍ਹ ਤੋਂ ਬੀ.ਏ/ਬੀ.ਐੱਸ.ਸੀ (ਨਾਨ ਮੈਡੀਕਲ)/ ਬੀ.ਕਾਮ/ਕੰਪਿਊਟਰ ਐਪਲੀਕੇਸ਼ਨ ਨਾਨ ਗ੍ਰੈਜੂਏਟ ਵੀ ਹੁੰਦੀਆਂ ਹਨ। ਇਹ ਇੰਸਟੀਚਿਊਟ ਪੰਜਾਬ ਦੀਆਂ ਬਾਰ੍ਹਵੀਂ ਪੱਧਰ ਦੀਆਂ ਕੁੜੀਆਂ ਨੂੰ ਰੱਖਿਆ



ਸੇਵਾਵਾਂ ਵਿੱਚ ਕਮਿਸ਼ਨਡ ਅਫ਼ਸਰ ਵਜੋਂ ਇੱਕ ਉੱਚ ਪੱਧਰੀ ਕੈਰੀਅਰ ਚੁਣਨ ਦਾ ਜੀਵਨ ਭਰ ਦਾ ਸੁਨਹਿਰੀ ਮੌਕਾ ਪ੍ਰਦਾਨ ਕਰਦਾ ਹੈ। ਪਰਸ਼ੋਤਮ ਸਿੰਘ ਨੇ ਦੱਸਿਆ ਕਿ ਇਹ ਇੰਸਟੀਚਿਊਟ ਪੂਰੀ ਤਰ੍ਹਾਂ ਰਿਹਾਇਸ਼ੀ ਹੈ ਅਤੇ ਇਸ ਵਿੱਚ ਮਲਟੀ ਜਿਮ, ਤੈਰਾਕੀ, ਸ਼ੂਟਿੰਗ, ਖੇਡ ਖੇਤਰ, ਵਾਕਿੰਗ ਪਲਾਜ਼ਾ ਆਦਿ ਸ਼ਾਮਲ ਕਰਨ ਲਈ ਸਾਰੀਆਂ ਆਧੁਨਿਕ ਸਹੂਲਤਾਂ ਹਨ। ਸਿਖਲਾਈ, ਬੋਰਡਿੰਗ ਰਿਹਾਇਸ਼ ਮੈਸਿੰਗ, ਵਰਦੀਆਂ ਆਦਿ ਦੀ ਪੂਰੀ ਲਾਗਤ ਪੰਜਾਬ ਸਰਕਾਰ ਦੁਆਰਾ ਅਦਾ ਕੀਤੀ ਜਾਂਦੀ ਹੈ ਅਤੇ ਵਿਦਿਆਰਥੀਆਂ ਨੂੰ ਸਿਰਫ਼ ਕਾਲਜ ਫ਼ੀਸਾਂ ਦਾ ਭੁਗਤਾਨ ਕਰਨਾ ਪੈਂਦਾ ਹੈ ਜੋ ਕਿ ਬਹੁਤ ਘੱਟ ਹੈ। ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਵਿਖੇ ਗ੍ਰੈਜੂਏਟ ਬੈਚ ਲਈ ਹੋਣ ਵਾਲੀ ਲਿਖਤੀ ਪ੍ਰੀਖਿਆ ਲਈ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਆਨਲਾਈਨ ਅਰਜ਼ੀ ਦੇਣ ਦੀ ਆਖ਼ਰੀ ਮਿਤੀ 18 ਅਪ੍ਰੈਲ 2025 ਹੈ ਅਤੇ ਫ਼ੀਸ ਜਮ੍ਹਾਂ ਕਰਵਾਉਣ ਦੀ ਆਖ਼ਰੀ ਮਿਤੀ 20 ਅਪ੍ਰੈਲ 2025 ਹੈ।

# ਜਮਹੂਰੀ ਸਭਾ ਪੰਜਾਬ ਨੇ ਚੀਮਾ ਕਲਾਂ 'ਚ ਮਾਨ ਦਾ ਫੂਕਿਆ ਪੁਤਲਾ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਜਮਹੂਰੀ ਕਿਸਾਨ ਸਭਾ ਵੱਲੋਂ ਕਿਸਾਨਾਂ ਨੂੰ ਗ੍ਰਿਫ਼ਤਾਰ ਕਰਨ ਦੇ ਰੋਸ ਵਜੋਂ ਅੱਜ ਚੀਮਾ ਕਲਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਿਆ ਗਿਆ, ਜਿਸ ਦੀ ਅਗਵਾਈ ਤਹਿਸੀਲ ਆਗੂ ਜਸਪਾਲ ਸਿੰਘ ਚੀਮਾ, ਸਰਨਜੀਤ ਸਿੰਘ ਮੱਨਾ ਚੀਮਾ ਖੁਰਦ ਨੇ ਕੀਤੀ ਅਤੇ ਪੰਜਾਬ ਸਰਕਾਰ ਖਿਲਾਫ ਜੰਮ ਕੇ ਨਾਹਰੇਬਾਜ਼ੀ ਕੀਤੀ।ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸਭਾ ਦੇ ਆਗੂ ਅੰਮ੍ਰਿਤਪਾਲ ਸਿੰਘ ਚੀਮਾ, ਤਹਿਸੀਲ ਪ੍ਰਧਾਨ ਹਰਦੀਪ ਸਿੰਘ ਰਸੂਲਪੁਰ ਨੇ ਕਿਹਾ ਕਿ 19 ਮਾਰਚ ਦੀ ਸੈਂਟਰ ਨਾਲ ਮੀਟਿੰਗ ਖਤਮ ਹੋਣ ਤੋਂ ਬਾਅਦ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰ ਕੇ ਕਿਸਾਨਾਂ ਨਾਲ ਵਿਸ਼ਵਾਸ਼ਘਾਤ ਕੀਤਾ ਗਿਆ ਅਤੇ ਸ਼ੰਭੂ ਮੋਰਚਾ ਤੇ ਖਨੌਰੀ ਮੋਰਚਾ ਬੁਰੀ ਤਰ੍ਹਾ ਖਤਮ ਕਰਕੇ ਪੰਜਾਬ ਪੁਲਸ ਵਲੋਂ ਜੋ ਗੁੰਡਾਗਰਦੀ ਦਾ ਨਾਚ ਕੀਤਾ ਗਿਆ, ਪੰਜਾਬ ਦੇ ਸੂਰਮੇ ਕਿਸਾਨ ਕਦੀ ਵੀ ਸਹਿਣ ਨਹੀ ਕਰਨਗੇ ਤੇ ਆਉਣ ਵਾਲੇ ਸਮੇਂ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਸਮੇਂ ਕਿਸਾਨ ਬਚਿੱਤਰ ਸਿੰਘ ਖੁਰਦ, ਗੁਰਐਪਲ ਸਿੰਘ ਖੁਰਦ, ਸਿਮਰਨਜੀਤ ਸਿੰਘ ਰਸੂਲਪੁਰ, ਦਿਲਬਾਗ ਸਿੰਘ ਦੁਕਾਨ ਦਾਰ, ਸੋਨੂੰ ਭੱਲਾ, ਹਰਭਜਨ ਸਿੰਘ ਖੁਰਦ, ਗੁਰਦਿਆਲ ਸਿੰਘ, ਖੁਸ਼ ਚੀਮਾ, ਜਸ਼ਨ ਚੀਮਾ, ਨਿਰਮਲ ਸਿੰਘ ਬਗਵਾਲੇ, ਏਵਨ ਚੀਮਾ, ਜਿੰਦਾ ਚੀਮਾ, ਹਰਜੀਤ ਸਿੰਘ ਚੀਮਾ, ਰਮਨ ਨਾਗਾ ਹਾਜ਼ਰ ਸਨ।

# ਕੇਂਦਰੀ ਜੇਲ੍ਹ 'ਚ ਹਵਾਲਾਤੀ ਪਾਸੋਂ ਮਿਲਿਆ ਮੋਬਾਈਲ ਫ਼ੋਨ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਸਿਟੀ ਗੁਰਦਾਸਪੁਰ ਪੁਲਸ ਨੂੰ ਸੁਪਰਡੈਂਟ ਕੇਂਦਰੀ ਜੇਲ ਗੁਰਦਾਸਪੁਰ ਨੇ ਆਪਣੇ ਪੱਤਰ ਨੰਬਰ 1999 ਰਾਹੀਂ ਦੱਸਿਆ ਕਿ 13 ਮਾਰਚ ਨੂੰ ਸ਼ਾਮ 4 ਵਜੇ ਦੇ ਕਰੀਬ ਕੇਂਦਰੀ ਜੇਲ੍ਹ ਗੁਰਦਾਸਪੁਰ ਵਿਖੇ ਬੈਰਕ ਨੰਬਰ 6 ਦੀ ਤਲਾਸ਼ੀ ਕੀਤੀ ਤਾਂ ਬੈਰਕ ਨੰਬਰ 6 ਵਿੱਚੋਂ ਬੰਦ ਹਵਾਲਾਤੀ ਕੁਲਦੀਪ ਸਿੰਘ ਪੁੱਤਰ ਹੇਮ ਰਾਜ ਵਾਸੀ ਪਠਾਨਕੋਟ ਦੇ ਪਹਿਨੇ ਹੋਏ ਪਜ਼ਾਮੇ ਦੇ ਨੇਫੇ ਵਿਚੋਂ ਇਕ ਮੋਬਾਈਲ ਫੋਨ ਕੀ-ਪੈਡ ਵਾਲਾ ਸਮੇਤ ਬੈਟਰੀ ਅਤੇ ਸਿੰਮ ਬਰਾਮਦ ਹੋਇਆ ਹੈ। ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਉਕਤ ਹਵਾਲਾਤੀ ਖ਼ਿਲਾਫ਼ ਜੇਲ੍ਹ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਕਿਸਾਨ ਆਗੂਆਂ ਦੀ ਰਿਹਾਈ ਤੱਕ ਮੋਰਚੇ ਜਾਰੀ ਰੱਖਣ ਦਾ ਐਲਾਨ

**ਚੋਹਲਾ ਸਾਹਿਬ, ਤਰਨ ਤਾਰਨ (ਰਮਨ ਚੱਢਾ, ਪ੍ਰਿਤਪਾਲ ਸਿੰਘ)**- ਦੋਵਾਂ ਫੋਰਸਾਂ ਦੇ ਸੱਦੇ ਉਤੇ ਅੱਜ ਤਰਨ ਤਾਰਨ, ਅੰਮ੍ਰਿਤਸਰ, ਮੋਗਾ, ਫਿਰੋਜ਼ਪੁਰ, ਸੰਗਰੂਰ, ਪਟਿਆਲਾ, ਮਲੇਰਕੋਟਲਾ ਅਤੇ ਐਸ ਡੀ ਐਮ ਸ਼ਾਹਕੋਟ ਉਤੇ ਭਗਵੰਤ ਮਾਨ ਤੇ ਕੇਂਦਰ ਸਰਕਾਰ ਵੱਲੋਂ ਸ਼ੰਭੂ ਖਨੌਰੀ ਬਾਰਡਰ 'ਤੇ ਕੀਤੇ ਜਬਰ ਤੇ ਕੇਂਦਰੀ ਮੰਤਰੀਆਂ ਨਾਲ ਮੀਟਿੰਗ ਮਗਰੋਂ ਕਿਸਾਨ ਆਗੂਆਂ ਨੂੰ ਵਿਸ਼ਵਾਸਘਾਤ ਕਰਦਿਆਂ ਗ੍ਰਿਫ਼ਤਾਰ ਕਰਨ ਵਿਰੁੱਧ ਧਰਨੇ ਸ਼ੁਰੂ ਕੀਤੇ ਗਏ। ਇਹਨਾਂ ਧਰਨਿਆਂ ਵਿੱਚ ਸ਼ਾਮਲ ਹੋਏ ਹਜ਼ਾਰਾਂ ਕਿਸਾਨਾਂ, ਮਜ਼ਦੂਰਾਂ, ਬੀਬੀਆਂ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ



ਸਤਨਾਮ ਸਿੰਘ ਪੰਨੂ, ਸੁਵਿੰਦਰ ਸਿੰਘ ਚੁਤਾਲਾ, ਜਸਬੀਰ ਸਿੰਘ ਪੀਦੀ, ਸੁਖਵਿੰਦਰ ਸਿੰਘ ਸਭਰਾ, ਰਣਬੀਰ ਸਿੰਘ ਰਾਣਾ, ਹਰਪ੍ਰੀਤ ਸਿੰਘ ਸਿੱਧਵਾਂ, ਸਤਨਾਮ ਸਿੰਘ ਮਾਣੋਚਾਹਲ, ਹਰਜਿੰਦਰ ਸਿੰਘ ਸ਼ਕਰੀ ਨੇ ਕਿਹਾ ਕਿ ਇਹ ਧਰਨੇ ਓਨਾ ਚਿਰ ਜਾਰੀ ਰਹਿਣਗੇ ਜਿੰਨਾ ਚਿਰ ਤੱਕ ਗ੍ਰਿਫ਼ਤਾਰ ਕੀਤੇ ਸਾਰੇ ਕਿਸਾਨ ਆਗੂ ਰਿਹਾਅ ਨਹੀਂ ਕੀਤੇ ਜਾਂਦੇ। ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਭਗਵੰਤ ਮਾਨ ਦੇ ਮੰਤਰੀ ਮੀਡੀਆ ਵਿੱਚ ਝੂਠ ਬੋਲ ਰਹੇ ਹਨ ਕਿ ਸ਼ੰਭੂ ਖਨੌਰੀ ਬਾਰਡਰਾਂ 'ਤੇ ਸੜਕ ਰੋਕੀ ਸੀ, ਇਸ ਨਾਲ ਪੰਜਾਬ ਵਿੱਚ ਵਿਕਾਸ ਤੇ ਵਪਾਰ ਰੁਕ ਰਿਹਾ ਸੀ ਪਰ ਸਚਾਈ ਇਹ ਹੈ ਕਿ 13 ਫਰਵਰੀ 2024 ਨੂੰ ਕਿਸਾਨਾਂ ਨੇ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਦਿੱਲੀ ਕੂਚ ਦਾ ਐਲਾਨ ਕੀਤਾ ਸੀ ਨਾ ਕਿ ਸੜਕਾਂ ਰੋਕਣ ਦਾ। ਸੜਕਾਂ ਕੇਂਦਰ ਤੇ ਹਰਿਆਣਾ ਸਰਕਾਰ ਵਲੋਂ ਗੈਰਕਾਨੂੰਨੀ ਤੌਰ 'ਤੇ ਕੰਧਾਂ ਕੱਢ ਕੇ, ਕਿੱਲ ਗੱਡ ਕੇ, ਕਿਸਾਨਾਂ ਉੱਤੇ ਡਰੋਨਾਂ ਰਾਹੀਂ ਗੋਲੀਆਂ ਦਾ ਮੀਂਹ ਵਰ੍ਹਾ ਕੇ ਰੋਕੀਆਂ ਹਨ। ਇਸ ਦੀ ਪੁਸ਼ਟੀ 24 ਜੁਲਾਈ 2024 ਨੂੰ ਪੰਜਾਬ ਹਰਿਆਣਾ ਹਾਈਕੋਰਟ ਵਲੋਂ ਕੀਤੇ ਫੈਸਲੇ ਨਾਲ ਹੋ ਗਈ ਸੀ ਜਿਸ ਵਿੱਚ ਅਦਾਲਤ ਨੇ ਹਰਿਆਣਾ ਸਰਕਾਰ ਨੂੰ ਦੋਸ਼ੀ ਠਹਿਰਾਇਆ ਸੀ। ਇਸ ਤੋਂ ਬਾਅਦ ਹਰਿਆਣਾ ਸਰਕਾਰ ਵੱਲੋਂ ਸੁਪਰੀਮ ਕੋਰਟ ਵਿੱਚ ਕੀਤੀ ਅਪੀਲ ਦੇ ਮੱਦੇਨਜ਼ਰ ਸੁਪਰੀਮ ਕੋਰਟ ਨੇ ਇਥੇ ਸਟੇਟਸ ਕੋ ਦਿੱਤਾ ਹੋਇਆ ਹੈ ਜੋ ਅੱਜ ਵੀ ਲਾਗੂ ਹੈ। ਇਸ ਲਈ ਪੰਜਾਬ ਤੇ ਕੇਂਦਰ ਸਰਕਾਰ ਨੇ ਧਰਨੇ ਉਖੇੜ ਕੇ ਹਾਈਕੋਰਟ ਤੇ ਸੁਪਰੀਮ ਕੋਰਟ ਦੇ ਹੁਕਮਾਂ ਦੀ ਉਲੰਘਣਾ ਕੀਤੀ ਹੈ। ਇਸ ਲਈ ਭਗਵੰਤ ਮਾਨ ਦੀ ਸਰਕਾਰ ਝੂਠਾ ਬਿਰਤਾਂਤ ਰਚ ਰਹੀ ਹੈ, ਜਿਸ ਦਾ ਜੁਆਬ ਪੰਜਾਬ ਦੇ ਲੋਕ ਦੇਣਗੇ। ਕਿਸਾਨ ਮੰਗਾਂ ਮਨਵਾਉਣ ਤੱਕ ਧਰਨਾ ਜਾਰੀ ਰੱਖਣਗੇ। ਇਸ ਮੌਕੇ ਸਰਵਨ ਸਿੰਘ ਬਾਊਪੁਰ, ਸ਼ੇਰ ਸਿੰਘ, ਦਿਆਲ ਸਿੰਘ, ਬਲਵਿੰਦਰ ਸਿੰਘ, ਜਰਨੈਲ ਸਿੰਘ, ਫਤਹਿ ਸਿੰਘ, ਨਿਰੰਜਨ ਸਿੰਘ, ਕੁਲਵੰਤ ਸਿੰਘ, ਮਨਜਿੰਦਰ ਸਿੰਘ, ਗੁਰਭੇਜ ਸਿੰਘ, ਮੇਹਰ ਸਿੰਘ, ਦਿਲਬਾਗ਼ ਸਿੰਘ, ਸਲਵਿੰਦਰ ਸਿੰਘ, ਕੁਲਵਿੰਦਰ ਸਿੰਘ, ਪਰਮਜੀਤ ਸਿੰਘ, ਜਵਾਹਰ ਸਿੰਘ, ਇਕਬਾਲ ਸਿੰਘ, ਸਵਿੰਦਰ ਸਿੰਘ, ਮੁਖਤਿਆਰ ਸਿੰਘ, ਸੁਖਚੈਨ ਸਿੰਘ, ਮਨਜੀਤ ਕੌਰ, ਦਵਿੰਦਰ ਕੌਰ ਹਾਜ਼ਰ ਸਨ।

# ਨਵਾਂ ਪਿੰਡ 'ਚ ਗੁਰਬਾਣੀ ਦੇ ਸਪੀਕਰ ਤੇ ਆਲੇ-ਦੁਆਲੇ ਸੀ ਸੀ ਟੀ ਵੀ ਕੈਮਰੇ ਲਗਾਏ



**ਗੁਰਦਾਸਪੁਰ (ਜਨਕ ਮਹਾਜਨ)**- ਬਲਾਕ ਗੁਰਦਾਸਪੁਰ ਅੰਦਰ ਪੈਂਦੇ ਪਿੰਡ ਨਵਾਂ ਪਿੰਡ ਦੇ ਸਰਪੰਚ ਹਰਜਿੰਦਰ ਸਿੰਘ ਜੱਜ ਨੇ ਆਪਣੀ ਟੀਮ ਸਮੇਤ ਪਿੰਡ ਨੂੰ ਆਧੁਨਿਕ ਸਹੂਲਤਾਂ ਮੁਹੱਈਆਂ ਕਰਵਾਈਆਂ ਹਨ ਅਤੇ ਹਲਕਾ ਇੰਚਾਰਜ ਤੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਗੁਰਦਾਸਪੁਰ ਸ਼ਮਸ਼ੇਰ ਸਿੰਘ ਦੀ ਬਦੌਲਤ ਪਿੰਡ ਨੂੰ ਵਧੀਆ ਤੇ ਸੁੰਦਰ ਬਣਾਉਣ ਦਾ ਤਹੱਈਆ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਰਪੰਚ ਹਰਜਿੰਦਰ ਸਿੰਘ ਜੱਜ, ਮੈਂਬਰ ਮਨਿੰਦਰ ਸਿੰਘ, ਲਖਵਿੰਦਰ ਸਿੰਘ, ਬਲਕਾਰ ਸਿੰਘ, ਮਨਿੰਦਰ ਕੌਰ, ਪ੍ਰੀਤੀ, ਹਰਜਿੰਦਰ ਕੌਰ, ਮੈਂਬਰ ਵੀਨਾ ਨੇ ਦੱਸਿਆ ਕਿ ਪਿੰਡ ਦੇ ਆਲੇ-ਦੁਆਲੇ ਸ਼ਾਨਦਾਰ ਅਤੇ ਫਲਦਾਰ ਬੂਟੇ ਲਗਾਉਣ ਦੇ ਨਾਲ 35 ਕੁਰਸੀਆਂ ਲੋਕਾਂ ਦੇ ਬੈਠਣ ਵਾਸਤੇ ਲਗਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਗੁਰਬਾਣੀ ਦੇ ਸਪੀਕਰ ਵੀ ਪਿੰਡ ਦੇ ਆਲੇ-ਦੁਆਲੇ ਲਗਾਏ ਗਏ ਹਨ ਅਤੇ ਖਾਸ ਕਰਕੇ ਪਿੰਡ ਦੀ ਸੁਰੱਖਿਆ ਨੂੰ ਲੈ ਕੇ ਸੀ.ਸੀ.ਟੀ.ਵੀ. ਕੈਮਰਿਆਂ ਨੂੰ ਵੀ ਚੌਂਕਾਂ ਵਿੱਚ ਲਗਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਪਿੰਡ ਦੀ ਚਰਚ ਦੇ ਸਾਹਮਣੇ 10 ਕੁਰਸੀਆਂ ਕਮੇਟੀ ਅਨੁਸਾਰ ਲਗਾਈਆਂ ਗਈਆਂ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਪਿੰਡ ਦੇ ਸਰਬਪੱਖੀ ਵਿਕਾਸ ਵਾਸਤੇ ਆਮ ਆਦਮੀ ਪਾਰਟੀ ਦਾ ਪੂਰਨ ਸਹਿਯੋਗ ਮਿਲ ਰਿਹਾ ਹੈ ਅਤੇ ਆਉਂਦੇ ਦੋ ਸਾਲਾਂ ਵਿੱਚ ਪਿੰਡ ਨੂੰ ਹੋਰ ਸੁੰਦਰ ਅਤੇ ਵਧੀਆ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਆਮ ਨਾਗਰਿਕਾਂ ਨੂੰ ਵੀ ਹਰ ਸਹੂਲਤ ਮੁਹੱਈਆ ਕਰਵਾਉਣ ਦਾ ਤਹੱਈਆ ਕੀਤਾ।

# ਸ਼ਹੀਦੀ ਦਿਹਾੜਾ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ ਜਾਵੇਗਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਦਲਜੀਤ ਸਿੰਘ ਦਿਆਲਪੁਰਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ 23 ਮਾਰਚ ਦਾ ਸ਼ਹੀਦੀ ਦਿਹਾੜਾ ਸਾਮਰਾਜ ਵਿਰੋਧੀ ਦਿਵਸ ਵਜੋਂ ਤਰਨ ਤਾਰਨ ਭਿੱਖੀਵਿੰਡ ਪੱਟੀ 'ਚ ਮਨਾਉਣ ਦਾ ਫੈਸਲਾ ਕੀਤਾ ਗਿਆ। 13 ਅਪ੍ਰੈਲ ਜਲ੍ਹਿਆਂ ਵਾਲੇ ਬਾਗ ਦੇ ਸ਼ਹੀਦ ਅਤੇ



ਖਾਲਸੇ ਦੀ ਸਾਜਨਾ ਦਿਵਸ 'ਤੇ ਤਰਨ ਤਾਰਨ 'ਚ ਸੈਮੀਨਾਰ ਕਰਨ ਅਤੇ 14 ਅਪ੍ਰੈਲ ਨੂੰ ਡਾਕਟਰ ਭੀਮਰਾਓ ਅੰਬੇਡਕਰ ਸਾਹਿਬ ਦੀ ਜੈਅੰਤੀ 'ਤੇ ਪੱਟੀ 'ਚ ਸਮਾਗਮ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਕਿਹਾ ਕੇਂਦਰ ਦੀ ਮੋਦੀ ਸਰਕਾਰ ਦੇਸ਼ 'ਚ ਹਿੰਦੂਤਵ ਦੇ ਨਾਂਅ 'ਤੇ ਘੱਟ-ਗਿਣਤੀਆਂ 'ਤੇ ਹਮਲੇ ਕਰ ਰਹੀ ਹੈ।ਦੇਸ਼ ਦੇ ਕੁਦਰਤੀ ਸਰੋਤ ਜਲ, ਜੰਗਲ, ਜ਼ਮੀਨ, ਖਣਿਜ ਆਦਿ ਕਾਰਪੋਰੇਟ ਘਰਾਣਿਆਂ ਨੂੰ ਦੋਹੀਂ ਹੱਥੀਂ ਲੁਟਾਏ ਜਾ ਰਹੇ ਹਨ। ਪਬਲਿਕ ਅਦਾਰਿਆਂ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ। ਜਾਮਾਰਾਏ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਬਾਰੇ ਬੋਲਦਿਆਂ ਕਿਹਾ ਕਿ ਲੋਕਾਂ ਨੂੰ ਬਦਲ ਦੇ ਨਾਂ 'ਤੇ ਰਾਜ ਸੱਤਾ 'ਤੇ ਕਬਜ਼ਾ ਕਰਨ ਵਾਲੀ ਸਰਕਾਰ ਦੀਆਂ ਨੀਤੀਆਂ ਵਿੱਚ ਕੋਈ ਅੰਤਰ ਨਹੀਂ। ਇਸ ਸਰਕਾਰ ਨੇ ਵੀ ਲਾਰਿਆਂ ਦੇ ਸਿਵਾਏ ਕੱਖ ਨਹੀਂ ਕੀਤਾ।ਕਿਸਾਨਾਂ, ਮਜ਼ਦੂਰਾਂ, ਮੁਲਾਜਮਾਂ, ਬੇਰੁਜ਼ਗਾਰ ਨੌਜਵਾਨਾਂ ਨੂੰ ਸੜਕਾਂ 'ਤੇ ਹੀ ਰੋਲਿਆ ਹੈ। ਮੀਟਿੰਗ ਵਿੱਚ ਇਕ ਮਤੇ ਰਾਹੀ ਗੈਰ ਕਾਨੂੰਨੀ ਢੰਗ ਨਾਲ ਗੱਲਬਾਤ ਕਰਨ ਗਏ ਕਿਸਾਨਾਂ ਨੂੰ ਗ੍ਰਿਫ਼ਤਾਰ ਕਰਨ ਦੀ ਨਿਖੇਧੀ ਕਰਦਿਆਂ ਜਮਹੂਰੀਅਤ ਦਾ ਘਾਣ ਦੱਸਿਆ।ਮੀਟਿੰਗ ਵਿੱਚ ਪਿਛਲੇ ਕੰਮਾਂ ਦਾ ਰੀਵਿਊ ਕੀਤਾ ਗਿਆ ਅਤੇ ਆਉਣ ਵਾਲੇ ਕੰਮਾਂ ਬਾਰੇ ਵਿਉਂਤਬੰਦੀ ਕੀਤੀ ਗਈ।ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲਾ, ਚਮਨ ਲਾਲ ਦਰਾਜਕੇ, ਬਲਦੇਵ ਸਿੰਘ ਪੰਡੋਰੀ, ਮਨਜੀਤ ਸਿੰਘ ਬੱਗੂ, ਸੁਲੱਖਣ ਸਿੰਘ ਤੁੜ, ਰੇਸ਼ਮ ਸਿੰਘ ਫੈਲੋਕੇ, ਦਾਰਾ ਸਿੰਘ ਮੁੰਡਾ ਪਿੰਡ, ਧਰਮ ਸਿੰਘ, ਹਰਭਜਨ ਸਿੰਘ, ਨਰਿੰਦਰ ਕੌਰ ਆਦਿ ਆਗੂਆਂ ਨੇ ਸੰਬੋਧਨ ਕੀਤਾ।

# ਈ ਟੀ ਓ ਨੇ 220 ਕੇ ਵੀ ਗਰਿਡ ਸਬ-ਸਟੇਸ਼ਨ ਬਣਾਉਣ ਦੇ ਕੰਮ ਦੀ ਕੀਤੀ ਸ਼ੁਰੂਆਤ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਜੰਡਿਆਲਾ ਗੁਰੂ ਵਿਖੇ ਮੌਜੂਦਾ 132 ਕੇ ਵੀ ਗਰਿਡ ਸਬ ਸਟੇਸ਼ਨ 220 ਕੇ ਵੀ ਗਰਿਡ ਸਬ ਸਟੇਸ਼ਨ ਨੂੰ ਪੀ ਐਸ ਟੀ ਸੀ ਐਲ ਦੁਆਰਾ 42 ਕਰੋੜ ਦੀ ਲਾਗਤ ਨਾਲ ਅਪਗ੍ਰੇਡ ਕਰਨ ਦੀ ਸਕੀਮ ਪੰਜਾਬ ਸਰਕਾਰ ਵੱਲੋਂ ਪਾਸ ਕੀਤੀ ਗਈ ਸੀ ਦੇ ਕੰਮ ਦੀ ਸ਼ੁਰੂਆਤ ਅੱਜ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਕੀਤੀ।ਇਸ ਨਾਲ ਜੰਡਿਆਲਾ ਗੁਰੂ ਹਲਕੇ ਦੇ ਆਸਪਾਸ ਪੈਂਦੇ ਪਿੰਡਾਂ ਦੇ ਲੋਕਾਂ ਨੂੰ ਕਾਫੀ ਰਾਹਤ ਮਿਲੇਗੀ।ਇਸ ਸਬੰਧੀ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਦੱਸਿਆ ਕਿ ਇਸ ਗਰਿਡ ਦੀ ਉਸਾਰੀ ਦਾ ਕੰਮ ਮੈਸ: ਪੋਲਐਂਡ ਕੰਪਨੀ ਨੂੰ ਅਲਾਟ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਇਸ ਨਵੇ ਉਸਾਰੇ ਜਾ ਰਹੇ 220 ਕੇ ਵੀ ਸਬ-ਸਟੇਸ਼ਨ ਜੰਡਿਆਲਾ ਗੁਰੂ ਦੇ ਚਾਲੂ ਹੋਣ ਨਾਲ 132 ਕੇ ਵੀ ਗਰਿਡ ਸਬ ਸਟੇਸ਼ਨ ਜੰਡਿਆਲਾ ਗੁਰੂ, 66 ਕੇ ਵੀ ਗਰਿਡ ਸਬ ਸਟੇਸ਼ਨ ਮਾਨਾਵਾਲਾ ਅਤੇ 66 ਕੇ ਵੀ ਗਰਿਡ ਸਬ ਸਟੇਸ਼ਨ ਫੋਕਲ ਪੁਆਇੰਟ ਅਧੀਨ ਆ ਰਹੀਆਂ ਵੱਖ-ਵੱਖ ਰਿਹਾਇਸ਼ੀ ਕਲੋਨੀਆਂ, ਸਰਕਾਰੀ ਹਸਪਤਾਲ, ਵਿੱਦਿਅਕ ਅਦਾਰੇ ਅਤੇ ਵੱਡੇ-ਵੱਡੇ ਉਦਯੋਗਿਕ/ਵਪਾਰਕ ਅਦਾਰਿਆਂ ਨੂੰ ਬਿਹਤਰ ਬਿਜਲੀ ਸਪਲਾਈ/ਕੁਨੈਕਸ਼ਨ ਦੇਣ ਲਈ ਸਿਸਟਮ ਵਿਚ



ਸੁਧਾਰ ਹੋਵੇਗਾ। ਇਸ ਨਾਲ ਇਹਨਾਂ ਸਬ ਸਟੇਸ਼ਨ ਤੋਂ ਚਲਦੇ 41 ਨੰ: 11 ਕੇ ਵੀ ਫੀਡਰਾਂ ਉਪਰ ਆਉਂਦੇ ਜੰਡਿਆਲਾ ਗੁਰੂ ਸ਼ਹਿਰ ਅਤੇ 35 ਨੰ: ਪਿੰਡ ਗਹਿਰੀ, ਗਦਲੀ, ਭੰਗਵਾਂ, ਦੇਵੀਦਾਸਪੁਰ, ਧੀਰੇਕੋਟ, ਧਾਰੜ, ਸ਼ੇਖਫੱਤਾ, ਤਾਰਾਗੜ੍ਹ, ਮੱਲੀਆ, ਨਿਊ ਫੋਕਲ ਪੁਆਇੰਟ ਵੱਲਾ, ਖਾਨਕੋਟ, ਮਾਨਾਵਾਲਾ ਖੁਰਦ, ਜਾਣੀਆ, ਗੋਰੇਵਾਲ, ਗੁਨੋਵਾਲ, ਬੁੱਤ, ਅਮਰਕੋਟ, ਵਡਾਲੀ, ਮਾਨਾਵਾਲਾ, ਰੱਖ ਮਾਨਾਵਾਲਾ, ਮੇਹਰਬਾਨਪੁਰਾ, ਨਿੱਜਰਪੁਰਾ, ਨਵਾਂਕੋਟ, ਬਿਸ਼ੰਬਰਪੁਰਾ, ਰਾਜੇਵਾਲ, ਸੁੱਖੇਵਾਲ, ਠੱਠੀਆ, ਸ਼ੀਤੇ ਕਲਾਂ, ਸ਼ੀਤੇ ਖੁਰਦ, ਰੱਖ ਸ਼ੀਤਾ, ਭਗਤੂਪੁਰਾ, ਰਾਮਪੁਰਾ, ਦਬੁਰਜੀ, ਪੰਡੋਰੀ, ਜਰਨੈਲ ਸਿੰਘ ਵਾਲਾ ਮਹਿਮਾ ਆਦਿ ਨੂੰ ਬਿਜਲੀ ਦੀ ਨਿਰੰਤਰ ਸਪਲਾਈ 'ਚ ਹੋਰ ਸੁਧਾਰ ਹੋਣ ਤੋਂ ਇਲਾਵਾ ਬਿਜਲੀ ਨੈਟਵਰਕ ਪਹਿਲਾਂ ਨਾਲੋਂ ਜ਼ਿਆਦਾ ਮਜ਼ਬੂਤ ਅਤੇ ਭਰੋਸੇਯੋਗ ਹੋਵੇਗਾ।ਬਿਜਲੀ ਮੰਤਰੀ ਨੇ ਦੱਸਿਆ ਕਿ ਨਵੇਂ 220 ਕੇ ਵੀ ਗਰਿਡ ਸਬਸਟੇਸ਼ਨ ਜੰਡਿਆਲਾ ਗੁਰੂ ਦੇ ਬਣਨ ਨਾਲ 132 ਕੇ ਵੀ ਟਾਂਗਰਾ, 132 ਕੇ ਵੀ ਬੁਟਾਰੀ, 132 ਕੇ ਵੀ ਏਕਲਗੱਡਾ, 132 ਕੇ ਵੀ ਏ ਮਾਲ ਮੰਡੀ, 132 ਕੇ ਵੀ ਏ ਜੀ ਟੀ ਰੋਡ, 132 ਕੇ ਵੀ ਵੇਰਕਾ ਸਬ ਸਟੇਸ਼ਨਾਂ ਦਾ ਬਿਜਲੀ ਨੈਟਵਰਕ ਹੋਰ ਮਜ਼ਬੂਤ ਹੋਵੇਗਾ ਅਤੇ ਇਹਨਾਂ ਸਬ-ਸਟੇਸ਼ਨਾਂ ਦੇ ਖਪਤਕਾਰਾਂ ਨੂੰ ਵੀ ਨਿਰਵਿਘਨ ਅਤੇ ਵੱਧ ਬਿਜਲੀ ਸਪਲਾਈ ਦਿੱਤੀ ਜਾ ਸਕੇਗੀ। ਇਸ ਕਾਰਜ ਅਧੀਨ ਨਵੇਂ ਗਰਿਡ ਸਬ ਸਟੇਸ਼ਨ ਜੰਡਿਆਲਾ ਗੁਰੂ ਵਿਖੇ 2 ਨੰ: ਨਵੇ ਪਾਵਰ ਟਰਾਸਫਾਰਮਰ ਲਗਾਏ ਜਾਣਗੇ ਅਤੇ 4 ਕਿਲੋਮੀਟਰ ਲੰਬੀ ਨਵੀ 220 ਕੇ ਵੀ ਟਰਾਂਸਮਿਸ਼ਨ ਲਾਈਨ ਦੀ ਉਸਾਰੀ ਕੀਤੀ ਜਾਵੇਗੀ। ਇਸ ਨਾਲ ਪੀ ਐਸ ਐਸ ਸੀ ਐਲ ਦੇ ਵੱਖ-ਵੱਖ ਖਪਤਕਾਰਾਂ ਨੂੰ ਨਵੇਂ ਬਿਜਲੀ ਕੁਨੈਕਸ਼ਨ, ਲੋਡ ਵਿਚ ਵਾਧਾ ਆਦਿ ਵਿਚ ਕੋਈ ਔਕੜ ਪੇਸ਼ ਨਹੀ ਆਵੇਗੀ ਅਤੇ ਇਸ ਸਮੂਹ ਇਲਾਕੇ ਦਾ ਬਿਜਲੀ ਨੈਟਵਰਕ ਪਹਿਲਾਂ ਨਾਲੋਂ ਬਹੁਤ ਜ਼ਿਆਦਾ ਮਜ਼ਬੂਤ ਹੋ ਜਾਵੇਗਾ।ਬਿਜਲੀ ਮੰਤਰੀ ਨੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਨੇ ਜੰਡਿਆਲਾ ਗੁਰੂ ਦੀ ਕੋਈ ਸਾਰ ਨਹੀਂ ਲਈ ਅਤੇ 42 ਸਾਲ ਬਾਅਦ ਸਬ ਗਰਿਡ ਦੀ ਸੁਣੀ ਗਈ ਹੈ।ਇਸ ਮੌਕੇ ਇੰਜੀ ਦੇਸ ਰਾਜ ਬੰਗੜ, ਮੁੱਖ ਇੰਜੀਨੀਅਰ ਬਾਰਡਰ ਜ਼ੋਨ ਅੰਮ੍ਰਿਤਸਰ, ਇੰਜੀ: ਸੰਜੀਵ ਸੂਦ ਪ੍ਰਮੁੱਖ ਇੰਜੀ:/ਟੀ ਐਸ ਪਟਿਆਲਾ, ਇੰਜੀ: ਬਲਕਾਰ ਸਿੰਘ, ਉਪ ਮੁੱਖ ਇੰਜੀਨੀਅਰ ਸਬ-ਅਰਬਨ ਹਲਕਾ ਅੰਮ੍ਰਿਤਸਰ, ਇੰਜੀ: ਚਰਨਕੰਵਲ ਸਿੰਘ ਕਾਹਲੋਂ, ਉਪ ਮੁੱਖ ਇੰਜੀਨੀਅਰ ਸਿਵਲ ਉਸਾਰੀ ਹਲਕਾ ਪਟਿਆਲਾ, ਇੰਜੀ: ਸਰਬਜੀਤ ਸਿੰਘ ਉਪ ਮੁੱਖ ਇੰਜੀ:/ਪੀ ਐਸ ਟੀ ਸੀ ਐਲ ਜਲੰਧਰ, ਇੰਜੀ: ਗੁਰਮੁੱਖ ਸਿੰਘ, ਵਧੀਕ ਨਿਗਰਾਨ ਇੰਜੀਨੀਅਰ ਮੰਡਲ ਜੰਡਿਆਲ ਗੁਰੂ, ਇੰਜੀ: ਯਤਿਨ ਚਲਹੋਤਰਾ, ਸੀਨੀਅਰ ਕਾਰਜਕਾਰੀ ਇੰਜੀਨੀਅਰ ਸਿਵਲ ਉਸਾਰੀ ਮੰਡਲ ਜਲੰਧਰ, ਸਮੂਹ ਉਪ ਮੰਡਲ ਅਫਸਰ ਅਧੀਨ ਮੰਡਲ ਜੰਡਿਆਲਾ ਗੁਰੂ, ਸਮੂਹ ਸਟਾਫ ਬਿਜਲੀ ਵਿਭਾਗ ਅਤੇ ਹਲਕਾ ਜੰਡਿਆਲਾ ਗੁਰੂ ਨਿਵਾਸੀ ਹਾਜ਼ਰ ਸਨ।ਇਸ ਸਬ-ਸਟੇਸ਼ਨ ਦੀ ਅਪਗ੍ਰੇਡੇਸ਼ਨ ਦਾ ਕਾਰਜ ਅਗਸਤ 2026 ਤੱਕ ਮੁਕੰਮਲ ਕਰ ਦਿੱਤਾ ਜਾਵੇਗਾ।

# ਕਸੀਰਸਾਗਰ, ਸਿਰਸਾ ਤੇ ਪੰਨੂੰ ਕਿਸਾਨ ਸਭਾ ਦੀ ਕਾਨਫਰੰਸ ਨੂੰ ਸੰਬੋਧਨ ਕਰਨਗੇ : ਨਿਹਾਲਗੜ੍ਹ 'ਤੇ ਵਲਟੋਹਾ



**ਝਬਾਲ (ਮੱਖਣ ਮਨੋਜ, ਹਰਜਿੰਦਰ ਸਿੰਘ ਸੋਨੀ)**- ਕੁੱਲ ਹਿੰਦ ਕਿਸਾਨ ਸਭਾ ਦੀ ਸੂਬਾਈ ਕਾਨਫਰੰਸ ਦੇ ਉਦਘਾਟਨੀ ਸਮਾਰੋਹ ਮੌਕੇ ਆਲ ਇੰਡੀਆ ਪ੍ਰਧਾਨ ਕਸੀਰਸਾਗਰ ਮੱਧ ਪ੍ਰਦੇਸ਼ ਤੋਂ ਉਚੇਚੇ ਤੌਰ 'ਤੇ ਸ਼ਾਮਲ ਹੋ ਰਹੇ ਹਨ। ਉੱਘੇ ਵਿਦਵਾਨ ਪ੍ਰੋਫੈਸਰ ਸੁਖਦੇਵ ਸਿੰਘ ਸਿਰਸਾ ਤੇ ਉੱਘੇ ਪੱਤਰਕਾਰ ਜਤਿੰਦਰ ਪੰਨੂੰ ਵੀ ਇਸ ਮੌਕੇ ਆ ਕੇ ਕਿਸਾਨ ਕਾਨਫਰੰਸ ਨੂੰ ਸੰਬੋਧਨ ਕਰਨਗੇ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕਿਸਾਨ ਸਭਾ ਦੇ ਸੂਬਾਈ ਜਨਰਲ ਸਕੱਤਰ ਬਲਦੇਵ ਸਿੰਘ ਨਿਹਾਲਗੜ੍ਹ ਤੇ ਜ਼ਿਲ੍ਹਾ ਸਕੱਤਰ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਕਿ ਇਸ ਸਮੇਂ ਕਾਰਪੋਰੇਟ ਘਰਾਣਿਆਂ ਦੀ ਨੀਤੀ ਸਮੁੱਚੇ ਲੋਕਾਈ ਨੂੰ ਆਪਣੇ ਗੁਲਾਮ ਬਣਾਉਣ ਦੀ ਹੈ। ਪੰਜਾਬ ਦੇ ਕਿਸਾਨਾਂ ਵੱਲੋਂ ਇਹਨਾਂ ਸਾਮਰਾਜੀ ਸ਼ਕਤੀਆਂ ਵਿਰੁੱਧ ਸ਼ੁਰੂ ਹੋਇਆ ਸੰਘਰਸ਼ ਸਾਰੇ ਭਾਰਤ ਵਿੱਚ ਫੈਲਿਆ ਤੇ ਦਿੱਲੀ ਦੀਆਂ ਬਰੂਹਾਂ ਤੋਂ ਉਦੋਂ ਉਠਿਆ ਜਦੋਂ ਲੋਕ ਮਾਰੂ ਕਾਨੂੰਨ ਕੇਂਦਰ ਦੀ ਮੋਦੀ ਸਰਕਾਰ ਨੇ ਵਾਪਸ ਲਏ। ਅੱਜ ਹਰ ਛੋਟਾ ਤੇ ਦਰਮਿਆਨਾ ਕਾਰੋਬਾਰ ਖ਼ਤਰੇ ਵਿਚ ਹੈ ਕਿਉਂਕਿ ਕਾਰਪੋਰੇਟ ਜਗਤ ਹਰ ਕਿੱਤੇ ਨੂੰ ਆਪਣੇ ਅਧੀਨ ਕਰਨਾ ਚਾਹੁੰਦਾ ਹੈ ਤਾਂ ਉਸ ਦੇ ਮੁਨਾਫ਼ੇ ਹੋਰ ਵੱਡੇ ਹੋ ਸਕਣ। ਇਸ ਕਰਕੇ ਅੱਜ ਲੋਕ ਪੱਖੀ ਪੱਤਰਕਾਰਾਂ ਤੇ ਵਿਦਵਾਨਾਂ ਨੂੰ ਲੋਕਾਂ ਨਾਲ ਸੰਵਾਦ ਰਚਾਉਣਾ ਜ਼ਰੂਰੀ ਹੈ। ਕੁੱਲ ਹਿੰਦ ਕਿਸਾਨ ਸਭਾ ਵੱਲੋਂ ਇਸੇ ਕਰਕੇ ਸੂਬਾਈ ਕਾਨਫਰੰਸ ਤਰਨ ਤਾਰਨ ਵਿਖੇ ਰੱਖੀ ਹੈ ਕਿਉਂਕਿ ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਵਸਾਇਆ ਇਹ ਸ਼ਹਿਰ ਵੱਡੇ ਲੋਕ ਇਤਿਹਾਸ ਦਾ ਵੀ ਵਾਰਸ ਹੈ।ਇਸੇ ਧਰਤੀ 'ਤੇ ਤੀਜੇ ਗੁਰੂ ਸ੍ਰੀ ਅਮਰ ਦਾਸ ਜੀ ਤੇ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਉਸ ਸਮੇਂ ਦੇ ਸੰਕਟ ਸਮੇਂ ਅਕਬਰ ਬਾਦਸ਼ਾਹ ਤੋਂ ਕਿਸਾਨਾਂ ਦਾ ਮਾਲੀਆ ਮੁਆਫ਼ ਕਰਾਇਆ ਸੀ।ਇਸ ਇਲਾਕੇ ਦੇ ਹਰੇਕ ਪਿੰਡ ਵਿੱਚ ਗ਼ਦਰੀ ਬਾਬੇ ਹੋਏ ਹਨ। ਜਿਹੜੇ ਕੁੱਲ ਹਿੰਦ ਕਿਸਾਨ ਸਭਾ ਦੇ ਝੰਡਾਬਰਦਾਰ ਵੀ ਰਹੇ।ਇਸ ਮੌਕੇ ਕਿਸਾਨ ਸਭਾ ਦੇ ਆਗੂ ਮਹਾਂਬੀਰ ਸਿੰਘ ਗਿੱਲ, ਦਵਿੰਦਰ ਸੋਹਲ, ਕੰਵਲਜੀਤ ਸਿੰਘ ਢਿੱਲੋਂ, ਗੁਰਬਿੰਦਰ ਸਿੰਘ ਸੋਹਲ, ਗੁਰਦਿਆਲ ਸਿੰਘ ਵਰਨਾਲਾ, ਸੁਰਿੰਦਰ ਬਿੱਲਾ ਤੇ ਬਲਵਿੰਦਰ ਸਿੰਘ ਠੱਟਾ ਵੀ ਹਾਜ਼ਰ ਸਨ।

ਨਵਾਂ ਜ਼ਮਾਨਾ
ਸ਼ੁੱਕਰਵਾਰ, 21 ਮਾਰਚ 2025

# ਕਬਰ ਦੀ ਸਿਆਸਤ

*ਇਤਿਹਾਸ ਨੂੰ ਹਥਿਆਰ ਬਣਾ ਕੇ ਕਿੰਝ ਸਿਆਸੀ ਲਾਭ ਉਠਾਇਆ ਜਾਂਦਾ ਹੈ, ਇਸ ਦੀ ਸਭ ਤੋਂ ਵੱਡੀ ਮਿਸਾਲ ਔਰੰਗਜ਼ੇਬ ਦੀ ਕਬਰ ਨੂੰ ਲੈ ਕੇ ਹਾਲ ਹੀ ਵਿੱਚ ਖੜ੍ਹਾ ਕੀਤਾ ਗਿਆ ਵਿਵਾਦ ਹੈ। ਇਹ ਸਧਾਰਨ ਜਿਹੀ ਕਬਰ, ਜੋ ਸਦੀਆਂ ਤੱਕ ਕਿਸੇ ਲਈ ਮਾਅਨੇ ਨਹੀਂ ਰੱਖਦੀ ਸੀ, ਅਚਾਨਕ ਇੱਕ ਕੌਮੀ ਮੁੱਦਾ ਬਣਾ ਦਿੱਤੀ ਗਈ ਹੈ। ਟੀ ਵੀ ਚੈਨਲਾਂ ਦੀਆਂ ਬਹਿਸਾਂ ਤੇ ਸੋਸ਼ਲ ਮੀਡੀਆ ਦੀ ਮੁਹਿੰਮ ਨਾਲ ਲੋਕਾਂ ਨੂੰ ਦੱਸਿਆ ਜਾ ਰਿਹਾ ਹੈ ਕਿ ਇਹ ਕਬਰ ਕੌਮੀ ਆਨ ਲਈ ਖਤਰਾ ਹੈ, ਪਰ ਇਹ ਸਵਾਲ ਕੋਈ ਨਹੀਂ ਪੁੱਛਦਾ ਕਿ ਜੇ ਇਹ ਕਬਰ ਏਨੀ ਹੀ ਖਤਰਨਾਕ ਸੀ ਤਾਂ ਪਿਛਲੇ 300 ਸਾਲਾਂ ਤੱਕ ਇਹ ਮੁੱਦਾ ਕਿਉਂ ਨਾ ਬਣੀ? ਜੇ ਕਬਰਾਂ ਰਾਸ਼ਟਰ ਲਈ ਖਤਰਾ ਹੁੰਦੀਆਂ ਤਾਂ ਕਿਤੇ ਵੀ ਸਭਿਆ ਦੇਸ਼ ਆਪਣੇ ਇਤਿਹਾਸਕ ਸਥੱਲਾਂ ਨੂੰ ਸੰਭਾਲ ਕੇ ਨਾ ਰੱਖਦੇ। ਕੀ ਜਰਮਨੀ ਨੇ ਹਿਟਲਰ ਦੇ ਬੰਕਰ ਨੂੰ ਮਿਟਾ ਦਿੱਤਾ? ਕੀ ਰੂਸ ਨੇ ਜ਼ਾਰ ਨਿਕੋਲਸ ਦੂਜੇ ਦੀ ਕਬਰ ਨੂੰ ਢਾਹਿਆ? ਕੀ ਅਮਰੀਕਾ ਨੇ ਆਪਣੇ ਜ਼ਾਲਮ ਅਤੀਤ ਨਾਲ ਜੁੜੀਆਂ ਯਾਦਗਾਰਾਂ ਨੂੰ ਹਟਾਇਆ? ਨਹੀਂ, ਕਿਉਂਕਿ ਇਤਿਹਾਸ ਨੂੰ ਮਿਟਾਉਣ ਨਾਲ ਇਤਿਹਾਸ ਨਹੀਂ ਬਦਲਦਾ, ਪਰ ਇੱਥੇ ਇੱਕ ਕਬਰ ਨੂੰ ਮੁੱਦਾ ਬਣਾ ਕੇ ਇਹ ਸਾਬਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਹਿੰਦੂਆਂ ਤੇ ਮੁਸਲਮਾਨਾਂ ਵਿਚਾਲੇ ਦੁਸ਼ਮਣੀ ਅੱਜ ਵੀ ਓਨੀ ਹੈ, ਜਿੰਨੀ ਮੁਗਲ ਕਾਲ ਵੇਲੇ ਸੀ। ਸਵਾਲ ਇਹ ਉੱਠਦਾ ਹੈ ਕਿ ਜਿਨ੍ਹਾਂ ਲੋਕਾਂ ਨੂੰ ਔਰੰਗਜ਼ੇਬ ਨਾਲ ਏਨੀ ਨਫਰਤ ਹੈ, ਉਹ ਅੰਗਰੇਜ਼ਾਂ ਦੇ ਅੱਤਿਆਚਾਰਾਂ 'ਤੇ ਵੀ ਏਨੇ ਹਮਲਾਵਰ ਕਿਉਂ ਨਹੀਂ ਹੁੰਦੇ? ਭਾਰਤ 'ਤੇ ਸਭ ਤੋਂ ਵੱਧ ਅੱਤਿਆਚਾਰ ਬ੍ਰਿਟਿਸ਼ ਹਕੂਮਤ ਨੇ ਕੀਤਾ। ਉਸ ਨੇ ਭਾਰਤੀ ਕਿਸਾਨਾਂ ਤੋਂ ਜਬਰੀ ਨੀਲ ਦੀ ਖੇਤੀ ਕਰਵਾਈ, ਕਾਲ ਵੇਲੇ ਅਨਾਜ ਬ੍ਰਿਟੇਨ ਭੇਜ ਦਿੱਤਾ, ਜਲ੍ਹਿਆਂਵਾਲਾ ਬਾਗ ਵਿੱਚ ਕਤਲੇਆਮ ਕੀਤਾ, ਪਰ ਅੰਗਰੇਜ਼ਾਂ ਵਿਰੁੱਧ ਕੋਈ ਅੰਦੋਲਨ ਨਹੀਂ ਚੱਲਦਾ। ਲਾਰਡ ਕਰਜ਼ਨ ਦੇ ਬੁੱਤ ਹਟਾਉਣ ਦੀ ਮੰਗ ਨਹੀਂ ਉੱਠਦੀ। ਲਾਰਡ ਮਾਊਂਟਬੇਟਨ ਦੇ ਨਾਂਅ 'ਤੇ ਬਣੀਆਂ ਇਮਾਰਤਾਂ ਨੂੰ ਡੇਗਣ ਦੀ ਗੱਲ ਨਹੀਂ ਹੁੰਦੀ। ਜੇ ਸੱਚ ਵਿੱਚ ਇਤਿਹਾਸਕ ਬੇਇਨਸਾਫੀ ਦਾ ਹਿਸਾਬ ਬਰਾਬਰ ਕਰਨਾ ਹੈ ਤਾਂ ਕੀ ਅੰਗਰੇਜ਼ਾਂ ਤੋਂ ਬਦਲਾ ਲਿਆ ਜਾਵੇਗਾ, ਜਿਨ੍ਹਾਂ ਸਾਨੂੰ ਏਨੇ ਸਾਲ ਗੁਲਾਮ ਬਣਾਈ ਰੱਖਿਆ। ਕੀ ਬੇਰੁਜ਼ਗਾਰੀ, ਮਹਿੰਗਾਈ, ਸਿੱਖਿਆ ਤੇ ਸਿਹਤ ਦੇ ਮੁੱਦਿਆਂ 'ਤੇ ਵੀ ਏਨਾ ਰੋਹ ਦਿਖਾਇਆ ਜਾਵੇਗਾ? ਹਕੀਕਤ ਇਹ ਹੈ ਕਿ ਸੱਤਾ ਵਿੱਚ ਬੈਠੇ ਲੋਕ ਇਨ੍ਹਾਂ ਸਵਾਲਾਂ ਦੇ ਜਵਾਬ ਨਹੀਂ ਦੇਣਾ ਚਾਹੁੰਦੇ, ਇਸ ਕਰਕੇ ਉਹ ਲੋਕਾਂ ਦਾ ਧਿਆਨ ਵੰਡਣ ਲਈ ਅਜਿਹੇ ਮੁੱਦੇ ਉਛਾਲਦੇ ਹਨ, ਜਿਨ੍ਹਾਂ ਨਾਲ ਜਜ਼ਬਾਤ ਭੜਕਦੇ ਹਨ। ਉਹ ਚਾਹੁੰਦੇ ਹਨ ਕਿ ਲੋਕ ਬੇਰੁਜ਼ਗਾਰੀ 'ਤੇ ਨਹੀਂ, ਇਤਿਹਾਸ 'ਤੇ ਬਹਿਸ ਕਰਨ। ਸਿੱਖਿਆ ਦੀ ਕਮੀ 'ਤੇ ਨਹੀਂ, ਸਗੋਂ ਮੰਦਰ-ਮਸਜਿਦ 'ਤੇ ਝਗੜਨ। ਮੀਡੀਆ ਇਸ ਵਿੱਚ ਸਭ ਤੋਂ ਵੱਡਾ ਹਥਿਆਰ ਬਣ ਜਾਂਦਾ ਹੈ। ਪਹਿਲਾਂ ਭੀੜ ਤਿਆਰ ਕੀਤੀ ਜਾਂਦੀ ਹੈ, ਫਿਰ ਉਨ੍ਹਾਂ ਦੀਆਂ ਮੰਗਾਂ ਨੂੰ ਵਧਾ-ਚੜ੍ਹਾ ਕੇ ਦਿਖਾਇਆ ਜਾਂਦਾ ਹੈ ਅਤੇ ਜਦ ਕੋਈ ਪ੍ਰਤੀਕਿਰਿਆ ਦਿੰਦਾ ਹੈ ਤਾਂ ਉਸ ਨੂੰ 'ਕੱਟੜਤਾ' ਦਾ ਨਾਂਅ ਦੇ ਦਿੱਤਾ ਜਾਂਦਾ ਹੈ। ਇਹ ਖੇਡ ਵਾਰ-ਵਾਰ ਦੁਹਰਾਈ ਜਾਂਦੀ ਹੈ। ਭੀੜ ਇਹ ਸੋਚ ਕੇ ਖੁਸ਼ ਹੋ ਜਾਂਦੀ ਹੈ ਕਿ ਉਹ ਕੋਈ ਮਹਾਨ ਕੰਮ ਕਰ ਰਹੀ ਹੈ, ਜਦਕਿ ਅਸਲ ਵਿੱਚ ਉਹ ਕਿਸੇ ਹੋਰ ਦੇ ਇਸ਼ਾਰਿਆਂ 'ਤੇ ਨੱਚ ਰਹੀ ਹੁੰਦੀ ਹੈ। ਟੀ ਵੀ ਚੈਨਲ ਦਿਨ-ਰਾਤ ਇਹ ਨੈਰੇਟਿਵ ਚਲਾਉਂਦੇ ਹਨ ਕਿ ਔਰੰਗਜ਼ੇਬ ਅੱਤਿਆਚਾਰੀ ਸੀ, ਇਸ ਲਈ ਉਸ ਦੀ ਕਬਰ ਮਿਟਾ ਦੇਣੀ ਚਾਹੀਦੀ ਹੈ, ਪਰ ਉਹ ਇਹ ਨਹੀਂ ਦੱਸਦੇ ਕਿ ਕਬਰ ਤੋੜਨ ਨਾਲ ਕਿਸੇ ਬੇਰੁਜ਼ਗਾਰ ਨੂੰ ਨੌਕਰੀ ਨਹੀਂ ਮਿਲੇਗੀ, ਕਿਸੇ ਗਰੀਬ ਦਾ ਇਲਾਜ ਨਹੀਂ ਹੋਵੇਗਾ, ਕਿਸੇ ਕਿਸਾਨ ਦਾ ਕਰਜ਼ਾ ਮੁਆਫ ਨਹੀਂ ਹੋਵੇਗਾ।*

*ਇਤਿਹਾਸ ਦਾ ਉਦੇਸ਼ ਇਹ ਨਹੀਂ ਕਿ ਅਸੀਂ ਪੁਰਾਣੀਆਂ ਦੁਸ਼ਮਣੀਆਂ ਨੂੰ ਜ਼ਿੰਦਾ ਕਰੀਏ, ਸਗੋਂ ਇਹ ਹੈ ਕਿ ਅਸੀਂ ਉਨ੍ਹਾਂ ਤੋਂ ਸਿੱਖੀਏ। ਇਹ ਦੇਖੀਏ ਕਿ ਉਸ ਸਮੇਂ ਦੀਆਂ ਗਲਤੀਆਂ ਤੋਂ ਸਿੱਖ ਕੇ ਅਸੀਂ ਅੱਜ ਕੀ ਸੁਧਾਰ ਕਰ ਸਕਦੇ ਹਾਂ। ਜੇ ਇਤਿਹਾਸ ਨੂੰ ਸਿਰਫ ਬਦਲਾ ਲੈਣ ਲਈ ਇਸਤੇਮਾਲ ਕੀਤਾ ਜਾਵੇਗਾ ਤਾਂ ਭਾਰਤ ਕਦੇ ਅੱਗੇ ਨਹੀਂ ਵਧ ਸਕੇਗਾ। ਭਾਰਤ ਦਾ ਇਤਿਹਾਸ ਸਿਰਫ ਹਿੰਦੂ-ਮੁਸਲਿਮ ਸੰਘਰਸ਼ਾਂ ਦਾ ਇਤਿਹਾਸ ਨਹੀਂ ਹੈ। ਇਹ ਸਹਿਹੋਂਦ, ਸੰਸਕ੍ਰਿਤੀ, ਕਲਾ, ਵਿਗਿਆਨ ਤੇ ਖੁਸ਼ਹਾਲੀ ਦਾ ਇਤਿਹਾਸ ਵੀ ਹੈ। ਇਹ ਗੰਗਾ-ਜਮਨੀ ਤਹਿਜ਼ੀਬ ਦਾ ਇਤਿਹਾਸ ਹੈ, ਜਿਸ ਵਿੱਚ ਹਿੰਦੂਆਂ ਤੇ ਮੁਸਲਮਾਨਾਂ ਦੋਹਾਂ ਨੇ ਮਿਲ ਕੇ ਇਸ ਦੇਸ਼ ਦੀ ਵਿਰਾਸਤ ਬਣਾਈ ਹੈ, ਪਰ ਸੱਤਾ ਲਈ ਇਸ ਸਾਂਝੇ ਇਤਿਹਾਸ ਨੂੰ ਤੋੜਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜੇ ਅਸੀਂ ਅੱਜ ਵੀ ਨਾ ਸਮਝੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਇਸੇ ਇਤਿਹਾਸ ਦੇ ਝੂਠੇ ਨਾਇਕਾਂ ਤੇ ਨਫਰਤ ਦੀ ਸਿਆਸਤ ਵਿੱਚ ਗੁੰਮ ਹੁੰਦਾ ਹੋਇਆ ਪਾਉਣਗੀਆਂ।*

# ਹਿੰਦੂ ਧਰਮ ਸੰਕਟ 'ਚ!



ਡਾ. ਅਰੁਣ ਮਿੱਤਰਾ

ਸਾਡੇ ਦੇਸ ਵਿੱਚ ਜਿੱਥੇ ਵਿਭਿੰਨ ਵਿਸ਼ਵਾਸਾਂ ਅਤੇ ਪਰੰਪਰਾਵਾਂ ਸਹਿ-ਮੌਜੂਦ ਹਨ, ਤਰਕਸੀਲ ਸੋਚ ਅਤੇ ਵਿਗਿਆਨਕ ਸੁਭਾਅ ਨੂੰ ਉਤਸ਼ਾਹਿਤ ਕਰਨਾ ਬਹੁਤ ਮਹੱਤਵਪੂਰਨ ਹੈ। ਅੰਧ-ਵਿਸ਼ਵਾਸ, ਅੰਨ੍ਹੇ ਅਭਿਆਸ ਅਤੇ ਰਸਮਾਂ ਵਿਕਾਸ ਦੇ ਰਾਹ ਵਿੱਚ ਰੁਕਾਵਟ ਹੁੰਦੇ ਹਨ। ਵਿਗਿਆਨਕ ਸੁਭਾਅ ਸਿਰਫ ਵਿਗਿਆਨ ਦਾ ਗਿਆਨ ਨਹੀਂ, ਸਗੋਂ ਘਟਨਾਵਾਂ ਦਾ ਵਿਸ਼ਲੇਸ਼ਣ ਕਰਨ ਦਾ ਇੱਕ ਤਰਕਸ਼ੀਲ ਤਰੀਕਾ ਹੈ ਅਤੇ ਕਿਸੇ ਗੱਲ ਨੂੰ ਡੂੰਘਾਈ ਨਾਲ ਸਮਝਣ ਦਾ ਰਸਤਾ ਹੈ। ਇਸ ਲਈ ਕਿਸੇ ਵੀ ਸਮਾਜ ਦੀ ਤਰੱਕੀ ਲਈ ਪ੍ਰਸ਼ਨ ਕਰਨ ਵਾਲਾ, ਸਮਾਵੇਸ਼ੀ ਅਤੇ ਸਮਰੂਪ ਹੋਣਾ ਜਰੂਰੀ ਹੈ। 1976 ਵਿੱਚ 42ਵੀਂ ਸੋਧ ਵਿੱਚ ਸਾਡੇ ਦੇਸ਼ ਦੇ ਸੰਵਿਧਾਨ ਵਿੱਚ ਵਿਗਿਆਨਕ ਸੁਭਾਅ ਨੂੰ ਬੁਨਿਆਦੀ ਕਰਤੱਵਾਂ ਦੇ ਤਹਿਤ ਜੋੜਿਆ ਗਿਆ ਸੀ, ਜਿਨ੍ਹਾਂ ਵਿੱਚ ਕਿਹਾ ਗਿਆ ਹੈ: 'ਭਾਰਤ ਦੇ ਹਰ ਨਾਗਰਿਕ ਦਾ ਫਰਜ਼ ਹੋਵੇਗਾ' ਵਿਗਿਆਨਕ ਸੁਭਾਅ, ਮਾਨਵਤਾਵਾਦ ਅਤੇ ਪ੍ਰਸ਼ਨ ਕਰਨ ਅਤੇ ਸੁਧਾਰ ਦੀ ਭਾਵਨਾ ਨੂੰ ਵਿਕਸਤ ਕਰਨਾ।

ਪਿਛਲੇ ਕੁਝ ਸਾਲਾਂ ਵਿੱਚ ਰਾਜ ਦੁਆਰਾ ਸਵਾਲ ਕਰਨ ਜਾਂ ਵਿਸ਼ਲੇਸ਼ਣ ਕਰਨ ਦੀ ਬਜਾਏ ਅੰਨ੍ਹੇ ਵਿਸ਼ਵਾਸ 'ਤੇ ਚੱਲਣ ਦੀ ਪ੍ਰਵਿਰਤੀ ਵਿਕਸਤ ਕਰਨ ਲਈ ਇੱਕ ਬਿਰਤਾਂਤ ਬਣਾਇਆ ਜਾ ਰਿਹਾ ਹੈ। ਜੇਕਰ ਸਰਕਾਰੀ ਅੰਕੜਿਆਂ 'ਤੇ ਵਿਸ਼ਵਾਸ ਕੀਤਾ ਜਾਵੇ ਤਾਂ 50 ਕਰੋੜ ਲੋਕਾਂ ਨੇ ਪ੍ਰਯਾਗਰਾਜ ਵਿੱਚ ਕੁੰਭ ਮੇਲੇ ਦੌਰਾਨ ਨਾ ਸਿਰਫ ਬਹੁਤ ਜ਼ਿਆਦਾ ਪ੍ਰਦੂਸ਼ਤ ਪਾਣੀ ਵਿੱਚ ਇਸ਼ਨਾਨ ਕੀਤਾ, ਸਗੋਂ ਇਸ ਨੂੰ ਪੀਤਾ, ਬੋਤਲਾਂ ਵਿੱਚ ਭਰਿਆ ਅਤੇ ਦੂਜਿਆਂ ਲਈ 'ਚਰਨ ਅੰਮ੍ਰਿਤ' ਵਜੋਂ ਆਪਣੇ ਨਾਲ ਲੈ ਗਏ ਅਤੇ ਇਸ ਨੂੰ ਆਪਣੇ ਘਰਾਂ ਅਤੇ ਆਂਢ-ਗੁਆਂਢ ਦੇ ਲੋਕਾਂ ਨੂੰ ਦਿੱਤਾ। ਇਹ ਸਭ ਉਦੋਂ ਹੋਇਆ, ਜਦੋਂ ਸਰਕਾਰੀ ਸੰਸਥਾਵਾਂ, ਰਾਸ਼ਟਰੀ ਗ੍ਰੀਨ ਟ੍ਰਿਬਿਊਨਲ (ਐੱਨ ਜੀ ਟੀ) ਅਤੇ ਕੇਂਦਰੀ ਪ੍ਰਦੂਸ਼ਣ ਰੋਕਥਾਮ ਬੋਰਡ (ਸੀ ਪੀ ਸੀ ਬੀ) ਨੇ ਚੇਤਾਵਨੀ ਦਿੱਤੀ ਸੀ ਕਿ ਇਹ ਪਾਣੀ ਬਹੁਤ ਜ਼ਿਆਦਾ ਪ੍ਰਦੂਸ਼ਤ ਹੈ ਅਤੇ ਨਹਾਉਣ ਦੇ ਯੋਗ ਨਹੀਂ, ਪੀਣ ਦੀ ਤਾਂ ਗੱਲ ਹੀ ਛੱਡੋ। ਬਿਹਾਰ ਪ੍ਰਦੂਸ਼ਣ ਰੋਕਥਾਮ ਬੋਰਡ ਦੁਆਰਾ ਵੀ ਇਸੇ ਤਰ੍ਹਾਂ ਦੀ ਇੱਕ ਰਿਪੋਰਟ ਪੇਸ਼ ਕੀਤੀ ਗਈ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਬਿਹਾਰ ਵਿੱਚ ਗੰਗਾ ਨਦੀ ਦਾ ਪਾਣੀ ਜ਼ਿਆਦਾਤਰ ਥਾਵਾਂ 'ਤੇ ਨਹਾਉਣ ਦੇ ਯੋਗ ਨਹੀਂ ਹੈ।

ਇਨ੍ਹਾਂ ਚੇਤਾਵਨੀਆਂ ਦੇ ਬਾਵਜੂਦ ਲੋਕ ਵਿਸ਼ਵਾਸ ਦੇ ਨਾਂਅ 'ਤੇ ਅਤੇ 'ਸਵਰਗੀ ਲਾਭ' ਪ੍ਰਾਪਤ ਕਰਨ ਲਈ ਖੁਸ਼ੀ ਨਾਲ ਪ੍ਰਦੂਸ਼ਤ ਪਾਣੀ ਪੀਂਦੇ ਰਹੇ। ਜਿੱਥੇ ਇਸ ਨੇ ਗੰਗਾ ਦੀ ਸਫਾਈ ਬਾਰੇ ਸਰਕਾਰ ਦੇ ਦਾਅਵਿਆਂ ਨੂੰ ਬੇਨਕਾਬ ਕੀਤਾ ਹੈ, ਉੱਥੇ ਇਸ ਨੇ ਇਹ ਵੀ ਸਾਹਮਣੇ ਲਿਆਂਦਾ ਹੈ ਕਿ ਸਾਡਾ ਸਮਾਜ ਸੱਤਾ ਵਿੱਚ ਬੈਠੇ ਲੋਕਾਂ ਦੁਆਰਾ ਫੈਲਾਏ ਗਏ ਮਿਥਿਹਾਸਕ ਅਤੇ ਗੈਰ-ਵਿਗਿਆਨਕ ਵਿਚਾਰਾਂ ਤੋਂ ਕਿੰਨਾ ਪ੍ਰਭਾਵਤ ਹੈ। ਇਹ ਚਿੰਤਾ ਦਾ ਕਾਰਨ ਹੈ ਕਿ ਲੋਕ ਏਨੇ ਤਰਕਹੀਣ ਵਿਚਾਰਾਂ ਨੂੰ ਦਿਮਾਗ 'ਤੇ ਪਰਦਾ ਪਾ ਕੇ ਕਿਵੇਂ ਅਪਣਾ ਸਕਦੇ ਹਨ।

ਇਹ ਧਿਆਨ ਦੇਣ ਯੋਗ ਹੈ ਕਿ ਜਦੋਂ ਲੋਕ ਕੁੰਭ ਵਿੱਚ ਡੂੰਘੀਆਂ ਡੁਬਕੀਆਂ ਲਗਾ ਰਹੇ ਸਨ, ਤਾਂ ਮਹਾਰਾਸ਼ਟਰ ਨਵਨਿਰਮਾਣ ਸੈਨਾ (ਐੱਮ ਐੱਨ ਐੱਸ) ਦੇ ਮੁਖੀ ਰਾਜ ਠਾਕਰੇ, ਜਿਨ੍ਹਾ ਦੇ ਸਮਾਜਿਕ-ਰਾਜਨੀਤਕ ਵਿਚਾਰ ਤੇ ਵਿਸ਼ਵਾਸ ਚੰਗੀ ਤਰ੍ਹਾਂ ਜਾਣੇ ਜਾਂਦੇ ਹਨ, ਨੇ ਗੰਗਾ ਨਦੀ ਦੀ ਸਫਾਈ ਬਾਰੇ ਸਵਾਲ ਖੜ੍ਹੇ ਕੀਤੇ ਅਤੇ ਨਦੀ ਵਿੱਚ 'ਪਵਿੱਤਰ ਡੁਬਕੀ' ਲਗਾਉਣ ਤੋਂ ਇਨਕਾਰ ਕਰ ਦਿੱਤਾ। 'ਅੰਧਵਿਸ਼ਵਾਸ ਤੋਂ ਬਾਹਰ ਆਓ ਅਤੇ ਆਪਣੇ ਸਿਰ ਦੀ ਸਹੀ ਵਰਤੋਂ ਕਰੋ,' ਠਾਕਰੇ ਨੇ ਲੋਕਾਂ ਨੂੰ ਤਾਕੀਦ ਕੀਤੀ। ਉਨ੍ਹਾ ਪ੍ਰਯਾਗਰਾਜ ਵਿੱਚ ਹਾਲ ਹੀ ਵਿੱਚ ਸਮਾਪਤ ਹੋਏ ਮਹਾਂਕੁੰਭ ਤੋਂ ਆਪਣੀ ਪਾਰਟੀ ਦੇ ਇੱਕ ਨੇਤਾ ਬਾਲਾ ਨੰਦਗਾਂਵਕਰ ਦੁਆਰਾ ਲਿਆਂਦੇ ਗਏ 'ਪਵਿੱਤਰ' ਪਾਣੀ ਨੂੰ ਪੀਣ ਤੋਂ ਇਨਕਾਰ ਕਰ ਦਿੱਤਾ।

ਮੈਨੂੰ ਕਦੇ ਵੀ ਇਹ ਮਹਿਸੂਸ ਨਹੀਂ ਹੋਇਆ ਕਿ ਹਿੰਦੂ ਧਰਮ ਖਤਰੇ ਵਿੱਚ ਹੈ, ਕਿਉਂਕਿ ਇਹ ਸਮਾਵੇਸ਼ੀ ਅਤੇ ਗੱਲਬਾਤ ਰਾਹੀਂ ਵਿਚਾਰਾਂ ਨੂੰ ਸਾਂਝਾ ਕਰਨ ਲਈ ਤਿਆਰ ਰਹਿੰਦਾ ਹੈ, ਪਰ ਕੁੰਭ ਮੇਲੇ ਤੋਂ ਬਾਅਦ ਮੈਨੂੰ ਡਰ ਹੈ ਕਿ ਹਿੰਦੂ ਧਰਮ ਇੱਕ ਬਹੁਤ ਡੂੰਘੇ ਸੰਕਟ ਵਿੱਚ ਦਾਖਲ ਹੋ ਰਿਹਾ ਹੈ।

ਕੁੰਭ ਅਸਲ ਵਿੱਚ ਵੱਖ-ਵੱਖ ਧਰਮਾਂ ਦੇ ਲੋਕਾਂ ਲਈ ਦਇਆ ਅਤੇ ਕੁਰਬਾਨੀ ਦੀ ਭਾਵਨਾ ਨਾਲ ਮਿਲਣ ਦਾ ਕੇਂਦਰ ਬਣਿਆ। ਭਾਵੇਂ ਸਮੁੰਦਰ ਮੰਥਨ ਨਾਲ ਸੰਬੰਧਤ ਕੁੰਭ ਦਾ ਮਿਥਿਹਾਸਕ ਵਰਣਨ ਹੈ, ਪਰ ਇਹ ਰਾਜਾ ਹਰਸ਼ਵਰਧਨ ਸੀ, ਜੋ ਨਿਯਮਿਤ ਤੌਰ 'ਤੇ ਤ੍ਰਿਵੈਣੀ ਵਿੱਚ ਇਸ਼ਨਾਨ ਅਭਿਆਸ ਦਾ ਆਯੋਜਨ ਕਰਦੇ ਸਨ। ਚੀਨੀ ਯਾਤਰੀ ਹਿਊਨ ਸਾਂਗ ਨੇ ਇਨ੍ਹਾਂ ਘਟਨਾਵਾਂ ਦਾ ਦਸਤਾਵੇਜ਼ੀਕਰਨ ਕੀਤਾ ਅਤੇ ਹਰਸ਼ਵਰਧਨ ਦੀ ਉਦਾਰਤਾ ਅਤੇ ਸ਼ਰਧਾ ਦਾ ਵਰਣਨ ਕੀਤਾ, ਜਿਸ ਨੇ 606 ਤੋਂ 647 ਈਸਵੀ ਦੇ ਵਿਚਕਾਰ ਤ੍ਰਿਵੈਣੀ ਸੰਗਮ ਵਿੱਚ ਹਰ ਪੰਜ ਸਾਲਾਂ ਬਾਅਦ ਇੱਕ ਵੱਡਾ ਧਾਰਮਿਕ ਇਕੱਠ ਆਯੋਜਿਤ ਕਰਦੇ ਰਹੇ, ਜਿਸ ਵਿੱਚ ਵੱਖ-ਵੱਖ ਵਿਚਾਰਾਂ ਅਤੇ ਵਿਸ਼ਵਾਸਾਂ ਦੇ ਲੋਕਾਂ ਨੇ ਹਿੱਸਾ ਲਿਆ। ਰਾਜਾ ਹਰਸ਼ਵਰਧਨ ਨੇ ਆਪਣੀ ਨਿੱਜੀ ਦੌਲਤ, ਜਿਸ ਵਿੱਚ ਕੱਪੜੇ ਅਤੇ ਗਹਿਣੇ ਸ਼ਾਮਲ ਹਨ, ਗਰੀਬਾਂ ਅਤੇ ਧਾਰਮਿਕ ਸੰਸਥਾਵਾਂ ਨੂੰ ਦਾਨ ਕਰ ਦਿੱਤੀ। ਇਸ ਤਰ੍ਹਾਂ ਇਹ ਸਮਾਗਮ ਕੁਰਬਾਨੀ ਅਤੇ ਹਮਦਰਦੀ ਦਾ ਪ੍ਰਤੀਬਿੰਬ ਸੀ।

ਇਸ ਵਾਰ 'ਮਹਾਕੁੰਭ' ਨੂੰ ਰਾਜ ਵੱਲੋਂ ਹੋਰ ਧਾਰਮਿਕ ਸਮੂਹਾਂ, ਖਾਸ ਕਰਕੇ ਮੁਸਲਮਾਨਾਂ ਵਿਰੁੱਧ ਮਿੱਥਾਂ ਅਤੇ ਨਫਰਤ ਫੈਲਾਉਣ ਲਈ ਵਰਤਿਆ ਗਿਆ ਹੈ। ਬਹੁਤ ਸਾਰੇ ਮੁਸਲਮਾਨਾਂ ਨੂੰ ਕੁੰਭ ਦੌਰਾਨ ਆਪਣੀਆਂ ਦੁਕਾਨਾਂ ਬੰਦ ਕਰਨ ਲਈ ਕਿਹਾ ਗਿਆ ਸੀ, ਹਾਲਾਂਕਿ ਅਜਿਹੀਆਂ ਰਿਪੋਰਟਾਂ ਹਨ ਕਿ ਉਨ੍ਹਾਂ ਵਿੱਚੋਂ ਬਹੁਤਿਆਂ ਨੇ ਹਿੰਦੂ ਸ਼ਰਧਾਲੂਆਂ ਨੂੰ ਜਗ੍ਹਾ ਪ੍ਰਦਾਨ ਕਰਨ ਲਈ ਮਸਜਿਦਾਂ ਖੋਲ੍ਹੀਆਂ ਸਨ। ਇਸ ਤਰ੍ਹਾਂ ਹਿੰਦੂ ਦਰਸ਼ਨ ਦੇ ਸਾਰ, ਜੋ ਵਾਸੁਦੇਵ ਕੁਟੁੰਬਕਮ ਅਤੇ ਵਿਸ਼ਵ ਸਾਂਤੀ ਦੀ ਗੱਲ ਕਰਦਾ ਹੈ ਨੂੰ ਝੁਠਲਾਇਆ ਗਿਆ।

"ਹਿੰਦੂ", ਅਸਲ ਵਿੱਚ ਪ੍ਰਾਚੀਨ ਸਮੇਂ ਵਿੱਚ ਯੂਨਾਨੀਆਂ ਅਤੇ ਫਾਰਸੀਆਂ ਦੁਆਰਾ ਸਿੰਧ ਨਦੀ (ਸਿੰਧੂ ਨਦੀ) ਤੋਂ ਪਾਰ ਦੀ ਧਰਤੀ ਅਤੇ ਲੋਕਾਂ ਨੂੰ ਦਰਸਾਇਆ ਜਾਂਦਾ ਸੀ। ਇਹ ਕਿਹਾ ਜਾਂਦਾ ਹੈ ਕਿ ਫਾਰਸੀ 'ਸ' ਦਾ ਉਚਾਰਨ ਕਰਨ ਵਿੱਚ ਅਸਮਰੱਥ ਸਨ, ਇਸ ਲਈ ਉਹ ਇਸ ਨੂੰ 'ਹ' ਕਹਿੰਦੇ ਸਨ। ਇਸ ਤਰ੍ਹਾਂ "ਹਿੰਦੂ" ਸ਼ਬਦ "ਸਿੰਧੂ" ਦਾ ਇੱਕ ਫਾਰਸੀ ਰੂਪ ਹੈ, ਜੋ ਕਿ ਸਿੰਧ ਨਦੀ ਦਾ ਨਾਂਅ ਹੈ। "ਹਿੰਦੂ ਧਰਮ" ਸ਼ਬਦ 19ਵੀਂ ਸਦੀ ਵਿੱਚ ਹੀ ਆਮ ਵਰਤੋਂ ਵਿੱਚ ਆਇਆ। 'ਹਿੰਦੂਵਾਦ (ਹਿੰਦੂ ਧਰਮ)' ਸ਼ੁਰੂ ਵਿੱਚ ਬਾਹਰੀ ਲੋਕਾਂ ਦੁਆਰਾ ਹਿੰਦੂਆਂ ਦਾ ਵਰਣਨ ਕਰਨ ਲਈ ਅਤੇ ਬਾਅਦ ਵਿੱਚ ਹਿੰਦੂਆਂ ਦੁਆਰਾ ਆਪਣੇ ਆਪ ਨੂੰ ਮੁਸਲਮਾਨਾਂ ਅਤੇ ਦੂਜਿਆਂ ਤੋਂ ਵੱਖਰਾ ਕਰਨ ਲਈ ਵਰਤਿਆ ਜਾਂਦਾ ਸੀ। "ਹਿੰਦੂ ਧਰਮ" ਦੀ ਵਰਤੋਂ ਕਰਨ ਵਾਲਾ ਪਹਿਲਾ ਭਾਰਤੀ 1816-17 ਵਿੱਚ ਰਾਜਾ ਰਾਮ ਮੋਹਨ ਰਾਏ ਹੋ ਸਕਦੇ ਹਨ। 1830 ਦੇ ਆਸ-ਪਾਸ ਕੁਝ ਭਾਰਤੀਆਂ ਨੇ ਆਪਣੇ ਆਪ ਨੂੰ "ਹਿੰਦੂ" ਅਤੇ "ਹਿੰਦੂ ਧਰਮ" ਨੂੰ ਆਪਣਾ ਧਰਮ ਕਹਿਣਾ ਸ਼ੁਰੂ ਕਰ ਦਿੱਤਾ।

ਰਾਜਾ ਰਾਮ ਮੋਹਨ ਰਾਏ 'ਤੇ ਆਪਣੇ ਲੇਖ ਵਿੱਚ ਡਾ. ਰਿਤੂ ਖੋਸਲਾ ਦੱਸਦੇ ਹਨ ਕਿ ਰਾਏ ਇਹ ਸਾਬਤ ਕਰਨਾ ਚਾਹੁੰਦੇ ਸਨ ਕਿ ਅੰਧ-ਵਿਸ਼ਵਾਸ ਅਤੇ ਅੰਧਵਿਸ਼ਵਾਸੀ ਵਿਸ਼ਵਾਸਾਂ ਅਤੇ ਅਭਿਆਸਾਂ ਦਾ ਮੂਲ ਹਿੰਦੂ ਧਰਮ ਵਿੱਚ ਕੋਈ ਆਧਾਰ ਨਹੀਂ ਸੀ। ਰਾਏ ਦੇ ਅਨੁਸਾਰ ਵਿਗੜਦੇ ਰਾਜਨੀਤਕ ਅਤੇ ਸਮਾਜਿਕ ਮਾਹੌਲ ਲਈ ਭਾਰਤੀ ਸਮਾਜ ਦਾ ਸਮਾਜਿਕ ਪਤਨ ਜ਼ਿੰਮੇਵਾਰ ਸੀ। ਉਹ ਇੱਕ ਨਵਾਂ ਭਾਰਤੀ ਸਮਾਜ ਬਣਾਉਣਾ ਚਾਹੁੰਦੇ ਸਨ, ਜਿੱਥੇ ਸਹਿਣਸ਼ੀਲਤਾ, ਹਮਦਰਦੀ, ਤਰਕ, ਆਜ਼ਾਦੀ, ਸਮਾਨਤਾ ਅਤੇ ਭਾਈਚਾਰੇ ਦੇ ਸਿਧਾਂਤਾਂ ਦਾ ਸਨਮਾਨ ਕੀਤਾ ਜਾਵੇਗਾ।

ਹਿੰਦੂਆਂ ਦੀ ਵਿਚਾਰਧਾਰਾ ਅਤੇ ਅਭਿਆਸਾਂ ਵਿੱਚ ਬਹੁਤ ਵਿਭਿੰਨਤਾ ਹੈ। ਹਿੰਦੂਆਂ ਵਿੱਚ ਕੁਦਰਤ ਦੇ ਪੁਜਾਰੀ, ਮੂਰਤੀ ਪੂਜਕ, ਅਤੇ ਵੱਡੀ ਗਿਣਤੀ ਵਿੱਚ ਉਹ ਲੋਕ ਵੀ ਹਨ, ਜੋ ਕਿਸੇ ਵੀ ਬ੍ਰਹਮ ਸ਼ਕਤੀ ਵਿੱਚ ਵਿਸ਼ਵਾਸ ਨਹੀਂ ਰੱਖਦੇ, ਪਰ ਇਹ ਸਾਰੇ ਕਦੇ ਵੀ ਇੱਕ-ਦੂਜੇ ਦੇ ਵਿਰੋਧੀ ਨਹੀਂ ਸਨ, ਸਗੋਂ ਸਦਭਾਵਨਾ ਵਿੱਚ ਰਹਿੰਦੇ ਸਨ। ਉਨ੍ਹਾਂ ਦੂਰ-ਦੂਰ ਤੋਂ ਆਉਣ ਵਾਲੇ ਲੋਕਾਂ ਦੇ ਵਿਚਾਰਾਂ ਨੂੰ ਵੀ ਅਪਣਾਇਆ ਅਤੇ ਸਮੇਂ-ਸਮੇਂ 'ਤੇ ਆਪਣੇ ਆਪ ਨੂੰ ਵਿਚਾਰਕ ਤੌਰ 'ਤੇ ਅਮੀਰ ਬਣਾਇਆ। ਇਸ ਤਰ੍ਹਾਂ ਹਿੰਦੂ ਧਰਮ ਇੱਕ ਮਜ਼ਬੂਤ ਧਰਮ ਵਜੋਂ ਵਿਕਸਤ ਹੋਇਆ, ਇੱਕ ਅਜਿਹਾ ਧਰਮ, ਜੋ ਪਿਆਰ ਅਤੇ ਦਇਆ ਦਾ ਪ੍ਰਚਾਰ ਕਰਦਾ ਹੈ ਅਤੇ ਸਮਾਵੇਸ਼ੀ ਹੈ, ਪਰ ਇਸ ਦੀ ਇੱਕ ਕਮਜ਼ੋਰੀ ਵੀ ਰਹੀ ਹੈ, ਜੋ ਕਿ ਸਮਾਜ ਨੂੰ ਉੱਚ ਅਤੇ ਨੀਚੀ ਜਾਤੀਆਂ ਵਿੱਚ ਵੰਡਦੀ ਹੈ। ਲਗਭਗ ਇੱਕ ਚੌਥਾਈ ਆਬਾਦੀ ਨੂੰ ਇਸ ਆਧਾਰ 'ਤੇ ਦਬਾਇਆ ਗਿਆ ਅਤੇ ਬੁਨਿਆਦੀ ਮਨੁੱਖੀ ਅਧਿਕਾਰਾਂ ਤੋਂ ਵੀ ਵਾਂਝਾ ਰੱਖਿਆ ਗਿਆ।

ਸੱਤਾ 'ਤੇ ਕਾਬਜ਼ ਸਰਕਾਰ ਦੁਆਰਾ ਲੋਕਾਂ ਨੂੰ ਮਿੱਥਾਂ ਵਿੱਚ ਸ਼ਾਮਲ ਰੱਖਣ ਲਈ ਇੱਕ ਸੂਖਮ ਕੋਸ਼ਿਸ਼ ਕੀਤੀ ਜਾ ਰਹੀ ਹੈ, ਤਾਂ ਕਿ ਉਹ ਗੈਰ-ਵਿਗਿਆਨਕ ਧਾਰਨਾਵਾਂ ਵਿੱਚ ਉਲਝੇ ਰਹਿਣ। ਇਹ ਹਿੰਦੂਆਂ ਦੀ ਮਾਨਸਿਕਤਾ ਨੂੰ ਮੱਧਯੁਗੀ ਸਮੇਂ ਵੱਲ ਧੱਕ ਦੇਵੇਗਾ।

ਇਸ ਤਰ੍ਹਾਂ ਹਿੰਦੂ ਧਰਮ ਕਿਸੇ ਬਾਹਰੀ ਤਾਕਤ ਤੋਂ ਨਹੀਂ, ਸਗੋਂ ਅੰਦਰੋਂ ਉਨ੍ਹਾਂ ਤਾਕਤਾਂ ਤੋਂ ਖਤਰੇ ਵਿੱਚ ਹੈ, ਜੋ ਲਗਾਤਾਰ ਪੱਛੜੇ ਹੋਏ, ਰੂੜ੍ਹੀਵਾਦੀ, ਅਸਪੱਸ਼ਟ ਵਿਚਾਰਾਂ ਨੂੰ ਫੈਲਾਉਂਦੀਆਂ ਰਹਿੰਦੀਆਂ ਹਨ। ਹੁਣ ਸਮਾਂ ਆ ਗਿਆ ਹੈ ਕਿ ਅਸੀਂ ਉਨ੍ਹਾਂ ਦੇ ਮਨਸੂਬਿਆਂ ਨੂੰ ਸਮਝੀਏ ਅਤੇ ਵਿਚਾਰਧਾਰਕ ਸੰਘਰਸ਼ ਨੂੰ ਮਜ਼ਬੂਤੀ ਨਾਲ ਅੱਗੇ ਤੋਰੀਏ। ਆਰ ਐੱਸ ਐੱਸ, ਇਸ ਦੀ ਸਰਪ੍ਰਸਤੀ ਪ੍ਰਾਪਤ ਭਾਜਪਾ ਸਰਕਾਰ ਅਤੇ ਉਨ੍ਹਾਂ ਦੀਆਂ ਹੋਰ ਜਥੇਬੰਦੀਆਂ ਅਜਿਹੇ ਅਸਪੱਸ਼ਟ ਵਿਚਾਰਾਂ ਨੂੰ ਉਭਾਰਨ ਅਤੇ ਲੋਕਾਂ ਨੂੰ ਸੋਚਣ ਅਤੇ ਆਪਣੇ ਦਿਮਾਗ ਦੀ ਤਰਕ ਨਾਲ ਵਰਤੋਂ ਨਾ ਕਰਨ ਦੀ ਮਾਨਸਿਕਤਾ ਬਣਾਉਣ ਲਈ ਕਾਹਲੀ ਨਾਲ ਕੰਮ ਕਰ ਰਹੀਆਂ ਹਨ। ਆਰ ਐੱਸ ਐੱਸ, ਜੋ ਪ੍ਰਚਾਰ ਕਰ ਰਿਹਾ ਹੈ, ਉਹ ਹਿੰਦੂਵਾਦ ਨਹੀਂ ਹੈ, ਸਗੋਂ ਮੂਲ, ਫਿਰਕਾਪ੍ਰਸਤੀ, ਅੰਧਵਿਸਵਾਸ, ਅਸਪਸਟਤਾ, ਹਿੰਸਾ ਅਤੇ ਨਫਰਤ ਹੈ। ਇਹ ਹਿੰਦੂਵਾਦ ਨਹੀਂ ਹੈ, ਸਗੋਂ ਇਸ ਦੀਆਂ ਕਦਰਾਂ-ਕੀਮਤਾਂ ਅਤੇ ਲੋਕਾਚਾਰ ਦਾ ਖੰਡਨ ਹੈ। ਉਨ੍ਹਾਂ ਦੇ ਪ੍ਰਚਾਰ ਨੂੰ ਚੁਣੌਤੀ ਦੇਣੀ ਪਵੇਗੀ, ਨਹੀਂ ਤਾਂ ਸਭ ਤੋਂ ਵੱਧ ਹਿੰਦੂਆਂ ਨੂੰ ਹੀ ਭੁਗਤਣਾ ਪਏਗਾ।

**# ਸੰਪਰਕ : 94170-00360**

# ਕੁਦਰਤ ਦੀ ਘਾਟ ਵਿਕਾਰ

ਡਾ. ਸੁਖਰਾਜ ਸਿੰਘ ਬਾਜਵਾ

ਕੁਦਰਤ ਦੀ ਘਾਟ ਵਿਕਾਰ ਇੱਕ ਸ਼ਬਦ ਹੈ, ਜੋ ਕੁਦਰਤ ਵਿੱਚ ਬਹੁਤ ਘੱਟ ਸਮਾਂ ਬਿਤਾਉਣ ਦੇ ਮਾੜੇ ਪ੍ਰਭਾਵਾਂ ਦਾ ਵਰਣਨ ਕਰਨ ਲਈ ਵਰਤਿਆ ਜਾਂਦਾ ਹੈ।ਅੱਜ ਦੇ ਯੁੱਗ ਵਿਚ ਚਾਹੇ ਬੱਚੇ ਹਨ ਜਾਂ ਫੇਰ ਵੱਡੇ, ਹਰ ਕੋਈ ਆਪਣਾ ਜ਼ਿਆਦਾ ਸਮਾਂ ਬੰਦ ਕਮਰਿਆਂ ਤੇ ਚਾਰਦੀਵਾਰੀ ਅੰਦਰ ਹੀ ਗੁਜ਼ਾਰਦਾ ਹੈ। ਸਕੂਲ ਹੋਵੇ ਜਾ ਦਫਤਰ ਜਾਂ ਫੇਰ ਘਰ ਆਉਣ ਤੋਂ ਬਾਅਦ ਵੀ ਬਹੁਤਾ ਸਮਾਂ ਬੰਦ ਕਮਰਿਆਂ ਵਿੱਚ ਗੁਜ਼ਾਰਨ ਵਾਲੇ ਕੁਦਰਤ ਦੀ ਘਾਟ ਤੋਂ ਹੋਣ ਵਾਲੇ ਵਿਕਾਰਾਂ ਨਾਲ ਪੀੜਤ ਹਨ।

ਕੁਦਰਤ ਘਾਟ ਵਿਕਾਰ ਦਾ ਇਕ ਕਾਰਨ ਜਾਣਕਾਰੀ ਓਵਰਲੋਡ ਹੋਣਾ ਵੀ ਹੈ ਜੋ ਲੋਕਾਂ ਨੂੰ ਬਾਹਰ ਘੱਟ ਸਮਾਂ ਬਿਤਾਉਣ ਵਿੱਚ ਯੋਗਦਾਨ ਪਾ ਸਕਦੀ ਹੈ। ਅੱਜ ਦੇ ਆਧੁਨਿਕ ਮੀਡੀਆ ਲੈਂਡਸਕੇਪ ਵਿੱਚ ਅਸੀਂ ਹਰ ਕਿਸਮ ਦੀ ਡਰਾਉਣੀ ਜਾਣਕਾਰੀ ਨਾਲ ਭਰੇ ਹੋਏ ਹਾਂ ਕਿ ਸਾਡੇ ਨਾਲ ਬਾਹਰ ਕੀ ਹੋ ਸਕਦਾ ਹੈ।ਅਸੀਂ ਬਿਮਾਰੀਆਂ, ਜਾਨਵਰਾਂ ਦੇ ਹਮਲਿਆਂ, ਅਪਰਾਧ ਪੀੜਤਾਂ, ਹਾਦਸਿਆਂ, ਖਤਰਨਾਕ ਮੌਸਮ ਦੀਆਂ ਸਥਿਤੀਆਂ ਅਤੇ ਹੋਰ ਬਹੁਤ ਕੁਝ ਬਾਰੇ ਕਹਾਣੀਆਂ ਸੁਣਦੇ ਹਾਂ। ਇਹਨਾ ਡਰਾਉਣੀਆਂ ਖਬਰਾਂ ਕਾਰਨ ਕੁਝ ਲੋਕ ਸਿਰਫ਼ ਇਹ ਫ਼ੈਸਲਾ ਕਰਦੇ ਹਨ ਕਿ ਬਾਹਰ ਹੋਣ ਦੇ ਜੋਖਮ ਦੀ ਬਜਾਏ ਘਰ ਦੇ ਅੰਦਰ ਰਹਿਣਾ ਸੁਰੱਖਿਅਤ ਹੈ

**ਕੁਦਰਤੀ ਘਾਟ ਵਿਕਾਰ ਕੀ ਹਨ ?**

**ਸਰੀਰਕ** : ਬੰਦ ਕਮਰੇ ਜਾਂ ਚਾਰਦੀਵਾਰੀ ਦੇ ਅੰਦਰ ਰਹਿਣ ਕਾਰਨ ਇੰਦਰੀਆਂ ਦੀ ਘੱਟ ਵਰਤੋਂ ਹੁੰਦੀ ਹੈ, ਜਿਸ ਦਾ ਅਸਰ ਇੰਦਰੀਆਂ ਦੀ ਸੰਵੇਦਨਸ਼ੀਲਤਾ ਤੇ ਪੈਂਦਾ ਹੈ, ਜਿਸ ਕਾਰਨ ਇਹਨਾ ਦੀ ਕਾਰਜ ਪ੍ਰਣਾਲੀ ਪ੍ਰਭਾਵਿਤ ਹੁੰਦੀ ਹੈ। ਬੰਦ ਕਮਰਿਆਂ ਵਿਚ ਬੈਠੇ ਰਹਿਣ ਕਾਰਨ ਮੋਟਾਪਾ ਵਧਦਾ ਹੈ ਅਤੇ ਇਸ ਦੇ ਕਾਰਨ ਕਈ ਗੰਭੀਰ ਬਿਮਾਰੀਆਂ ਜਨਮ ਲੈਂਦੀਆਂ ਹਨ ।ਸਰੀਰ ਬਹੁਤਾ ਸਮਾਂ ਕੁਦਰਤੀ ਧੁੱਪ ਤੋਂ ਵਾਂਝਾ ਰਹਿਣ ਕਾਰਨ ਇਸ ਵਿਚ ਵਿਟਾਮਿਨ ਡੀ ਦੀ ਕਮੀ ਹੋਣ ਲੱਗਦੀ ਹੈ।

**ਮਨੋਵਿਗਿਆਨਕ** : ਕੁਦਰਤ ਤੋਂ ਦੂਰ ਰਹਿਣ ਕਾਰਨ ਕਈ ਮਨੋਵਿਗਿਆਨਕ ਰੋਗ ਦੇਖਣ ਨੂੰ ਮਿਲਦੇ ਹਨ, ਜਿਨ੍ਹਾਂ ਵਿਚ ਘੱਟ ਧਿਆਨ ਦੀ ਮਿਆਦ, ਨਕਾਰਾਤਮਕ ਮੂਡ ਅਤੇ ਡਿਪਰੈਸ਼ਨ ਵਿਚ ਵਾਧਾ ਮੁੱਖ ਹਨ।

**ਵਿਵਹਾਰਕ** : ਕੁਦਰਤ ਤੋਂ ਦੂਰ ਬੰਦ ਕਮਰਿਆਂ ਵਿੱਚ ਜ਼ਿਆਦਾ ਸਮਾਂ ਗੁਜ਼ਾਰਨ ਕਰਨ ਕਈ ਵਿਵਹਾਰਿਕ ਬਦਲਾਅ ਜਿਨ੍ਹਾਂ ਵਿਚ ਜ਼ਿਆਦਾ ਗੁੱਸੇਖੋਰ ਹੋਣਾ, ਹਮਲਾਵਰ ਹੋਣਾ, ਮਨੋਦਸ਼ਾ ਦੇ ਵਿਕਾਰ, ਬੇਚੈਨੀ ਅਤੇ ਚਿੰਤਾ ਦੇ ਪੱਧਰ ਵਿਚ ਵਾਧਾ ਹੋਣਾ ਆਮ ਹਨ।

**ਬੱਚਿਆਂ ਵਿੱਚ ਕੁਦਰਤ ਦੀ ਘਾਟ ਵਿਕਾਰ ਦੇ ਲੱਛਣ** : ਜਦੋਂ ਬੱਚੇ ਬਾਹਰ ਨਹੀਂ ਜਾਂਦੇ ਅਤੇ ਇਸ ਦੀ ਬਜਾਏ ਸਕ੍ਰੀਨ ਵੱਲ ਦੇਖਦੇ ਹੋਏ ਆਪਣਾ ਜ਼ਿਆਦਾ ਸਮਾਂ ਬਿਤਾਉਂਦੇ ਹਨ, ਤਾਂ ਇਸ ਦੇ ਨਤੀਜੇ ਵਜੋਂ ਧਿਆਨ ਦੀ ਮਿਆਦ ਘੱਟ ਹੋ ਸਕਦੀ ਹੈ, ਸਮੱਸਿਆ ਹੱਲ ਕਰਨ ਦੇ ਹੁਨਰ ਵਿੱਚ ਕਮੀ, ਮੋਟਾਪਾ ਅਤੇ ਉਹਨਾਂ ਦੀ ਭਾਵਨਾਤਮਕ ਅਤੇ ਸਰੀਰਕ ਸਿਹਤ ਨਾਲ ਸੰਬੰਧਤ ਹੋਰ ਸਮੱਸਿਆਵਾਂ ਹੋ ਸਕਦੀਆਂ । ਪੜ੍ਹਾਈ ਪ੍ਰਤੀ ਇਕਾਗਰਤਾ ਨਹੀਂ ਬਣ ਪਾਉਂਦੀ, ਜਿਸ ਨਾਲ ਬੱਚਾ ਪੜ੍ਹਾਈ ਦੇ ਨਾਂਅ ਤੋਂ ਦੂਰ ਭੱਜਦਾ ਹੈ।

ਕੁਦਰਤ-ਘਾਟ ਵਿਕਾਰ ਸਿਰਫ਼ ਬੱਚਿਆਂ ਨੂੰ ਹੀ ਪ੍ਰਭਾਵਿਤ ਨਹੀਂ ਕਰਦਾ, ਇਹ ਵਾਤਾਵਰਨ ਦੇ ਭਵਿੱਖ ਨੂੰ ਵੀ ਨਕਾਰਾਤਮਕ ਤੌਰ 'ਤੇ ਪ੍ਰਭਾਵਿਤ ਕਰਦਾ ਹੈ। ਜੇਕਰ ਬੱਚਿਆਂ ਦਾ ਕੁਦਰਤ ਨਾਲ ਸਕਾਰਾਤਮਕ ਅਨੁਭਵ ਨਹੀਂ ਹੈ, ਤਾਂ ਉਹ ਬਾਲਗਾਂ ਦੇ ਰੂਪ ਵਿੱਚ ਕੁਦਰਤ ਦੀ ਰੱਖਿਆ ਅਤੇ ਸੰਭਾਲ ਲਈ ਲੋੜੀਂਦੇ ਕਦਮ ਚੁੱਕਣ ਲਈ ਘੱਟ ਝੁਕਾਵ ਰੱਖਣਗੇ।

**ਕੁਦਰਤੀ ਘਾਟ ਵਿਕਾਰ ਨੂੰ ਕਿਵੇਂ ਦਰੁਸਤ ਕਰ ਸਕਦੇ ਹਾਂ** : ਕੁਦਰਤ ਵਿੱਚ ਸਮਾਂ ਬਿਤਾਓ, ਸੈਰ ਲਈ ਜਾਓ, ਪਿਕਨਿਕ ਕਰੋ, ਜਾਂ ਇੱਕ ਰੁੱਖ ਲਗਾਓ

**ਕੁਦਰਤ ਨਾਲ ਜੁੜੋ** : ਇੱਕ ਬੈਠਣ ਵਾਲੀ ਥਾਂ ਚੁਣੋ ਅਤੇ ਉੱਥੇ ਰਹਿਣ ਵਾਲੇ ਪੌਦਿਆਂ ਅਤੇ ਜਾਨਵਰਾਂ ਦਾ ਨਿਰੀਖਣ ਕਰੋ।

**ਕੁਦਰਤ ਬਾਰੇ ਜਾਣੋ**: ਕਿਤਾਬਾਂ ਪੜ੍ਹੋ, ਡਾਕੂਮੈਂਟਰੀ ਦੇਖੋ ਜਾਂ ਜੰਗਲ ਦਰਸ਼ਨ ਲਈ ਜਾਓ, ਧਿਆਨ ਦਿਓ ਕਿ ਸਮੇਂ ਦੇ ਨਾਲ ਤੁਹਾਡੇ ਆਲੇ-ਦੁਆਲੇ ਕੀ ਬਦਲਾਅ ਆਏ ਹਨ।

**ਕੁਦਰਤ ਨਾਲ ਸਾਂਝ ਮਹੱਤਵਪੂਰਨ ਕਿਉਂ ਹੈ?**

ਕੁਦਰਤ ਲੋਕਾਂ ਨੂੰ ਵਧੇਰੇ ਆਰਾਮਦਾਇਕ ਮਹਿਸੂਸ ਕਰਨ, ਆਪਸੀ ਸਾਂਝ ਬਹਾਲ ਕਰਨ ਅਤੇ ਦੂਜਿਆਂ ਨਾਲ ਜੁੜਨ ਵਿੱਚ ਮਦਦ ਕਰ ਸਕਦੀ ਹੈ

ਕੁਦਰਤ ਲੋਕਾਂ ਨੂੰ ਆਪਣੇ ਅਤੇ ਆਪਣੇ ਆਲੇ-ਦੁਆਲੇ ਬਾਰੇ ਵਧੇਰੇ ਸਕਾਰਾਤਮਕ ਮਹਿਸੂਸ ਕਰਨ ਵਿੱਚ ਮਦਦ ਕਰ ਸਕਦੀ ਹੈ

ਕੁਦਰਤ ਲੋਕਾਂ ਨੂੰ ਘੱਟ ਤਣਾਅ ਅਤੇ ਭਾਵਨਾਤਮਕ ਤੌਰ 'ਤੇ ਚੰਗੀ ਤਰ੍ਹਾਂ ਮਹਿਸੂਸ ਕਰਨ ਵਿੱਚ ਮਦਦ ਕਰ ਸਕਦੀ ਹੈ ਜੇਕਰ ਤੁਸੀਂ ਬੱਚਿਆਂ ਨੂੰ ਬਾਹਰ ਰਹਿਣ ਦਾ ਮੌਕਾ ਦਿੰਦੇ ਹੋ ਤਾਂ ਕੁਦਰਤ ਲਈ ਉਹਨਾਂ ਦੀ ਉਤਸੁਕਤਾ ਅਕਸਰ ਵਧੇਗੀ, ਪਰ ਸਾਵਧਾਨ ਰਹੋ ਕਿ ਆਪਣੇ ਬੱਚਿਆਂ ਨੂੰ ਬਾਹਰ ਜਾਣ ਲਈ ਬਹੁਤ ਜ਼ਿਆਦਾ ਧੱਕਾ ਨਾ ਕਰੋ । ਉਦਾਹਰਨ ਲਈ ਇਲੈਕਟ੍ਰਾਨਿਕ ਡਿਵਾਈਸਾਂ 'ਤੇ ਬਹੁਤ ਜ਼ਿਆਦਾ ਸਮਾਂ ਬਿਤਾਉਣ ਕਾਰਨ ਓਹਨਾ ਨੂੰ ਬਾਹਰ ਭੇਜਣ ਜਾਂ ਖੜੇ ਰੱਖਣਾ ਸਜ਼ਾ ਨਹੀਂ ਹੋਣਾ ਚਾਹੀਦਾ ਹੈ। ਇੱਕ ਰਣਨੀਤੀ ਇੱਕ ਨਿਯਮ ਸਥਾਪਤ ਕਰੋ ਕਿ ਇੱਕ ਇਲੈਕਟ੍ਰਾਨਿਕ ਡਿਵਾਈਸ 'ਤੇ ਬਿਤਾਏ ਹਰ ਘੰਟੇ ਲਈ ਇੱਕ ਘੰਟਾ ਬਾਹਰ ਖੇਡਣ ਵਿੱਚ ਬਿਤਾਉਣਾ ਜ਼ਰੂਰੀ ਹੈ। ਇਸ ਤਰ੍ਹਾਂ ਕਰਨ ਨਾਲ ਤੁਸੀਂ ਬੱਚੇ ਨੂੰ ਕੁਦਰਤ ਨਾਲ ਜੋੜਨ ਵਿਚ ਕਾਮਯਾਬ ਹੋ ਸਕੋਗੇ।

**ਮਿਸਾਲ ਕਾਇਮ ਕਰੋ** : ਉਨ੍ਹਾਂ ਲਈ ਚੰਗੀ ਮਿਸਾਲ ਕਾਇਮ ਕਰੋ। ਜੇਕਰ ਤੁਹਾਡਾ ਬੱਚਾ ਤੁਹਾਨੂੰ ਬਾਹਰ ਮਸਤੀ ਕਰਦੇ ਦੇਖਦਾ ਹੈ, ਤਾਂ ਉਹ ਆਪ ਵੀ ਉਸ ਵਿਚ ਸ਼ਾਮਲ ਹੋਣਾ ਚਾਹੇਗਾ। ਪਤੰਗ ਉਡਾਉਣਾ, ਬਾਗ਼ ਲਗਾਉਣਾ ਜਾਂ ਪੱਤਿਆਂ ਨੂੰ ਢੇਰ ਵਿੱਚ ਉਛਾਲਣਾ ਅਤੇ ਉਨ੍ਹਾਂ ਵਿੱਚ ਛਾਲ ਮਾਰਨਾ ਇੱਕ ਮਜ਼ੇਦਾਰ ਕਿਰਿਆ ਹੋ ਸਕਦੀ ਹੈ, ਜਿਸ ਵਿੱਚ ਬੱਚੇ ਸ਼ਾਮਲ ਹੋਣਾ ਚਾਹੁਣਗੇ।

ਅੰਤ ਵਿੱਚ, ਬਾਹਰ ਮਜ਼ੇਦਾਰ ਗਤੀਵਿਧੀਆਂ ਲਈ ਯੋਜਨਾਵਾਂ ਬਣਾਓ। ਉਹਨਾਂ ਦੀ ਪਹਿਲਾਂ ਤੋਂ ਹੀ ਯੋਜਨਾ ਬਣਾਓ ਤਾਂ ਜੋ ਤੁਸੀਂ ਉਹਨਾਂ ਨੂੰ ਆਪਣੇ ਬੱਚਿਆਂ ਤੱਕ ਪਹੁੰਚਾ ਸਕੋ ਅਤੇ ਉਮੀਦ ਦਾ ਮਾਹੌਲ ਬਣਾ ਸਕੋ। ਅਸੀਂ ਚਾਰ ਦਿਨਾਂ ਵਿੱਚ ਝੀਲ ਦੇ ਕੰਢੇ ਕੈਂਪਿੰਗ ਕਰਨ ਜਾ ਰਹੇ ਹਾਂ! ਇਹ ਬਹੁਤ ਮਜ਼ੇਦਾਰ ਹੋਣ ਜਾ ਰਿਹਾ ਹੈ ਅਤੇ ਮੈਂ ਇੰਤਜ਼ਾਰ ਨਹੀਂ ਕਰ ਸਕਦਾ! ਅਸੀਂ ਮੱਛੀਆਂ ਫੜਨ ਜਾ ਰਹੇ ਹਾਂ, ਅਸੀਂ ਪਹਾੜਾਂ 'ਤੇ ਟਰੈਕਿੰਗ ਲਈ ਜਾ ਰਹੇ ਹਾਂ, ਕਮਾਨ ਅਤੇ ਤੀਰ ਚਲਾਵਾਂਗੇ ਅਤੇ ਅਸੀਂ ਬਹੁਤ ਸਾਰੀਆਂ ਚੀਜ਼ਾਂ ਖਾਣ ਜਾ ਰਹੇ ਹਾਂ। ਇਹ ਸਭ ਕਰਨ ਨਾਲ ਜਿੱਥੇ ਤੁਹਾਡੀ ਆਪਣੀ ਸਿਹਤ ਅਤੇ ਵਿਵਹਾਰ ਵਿਚ ਬਦਲਾਅ ਆਵੇਗਾ, ਉੱਥੇ ਬੱਚਿਆਂ ਦਾ ਵੀ ਨਾ ਸਿਰਫ ਸਰੀਰਕ, ਸਗੋਂ ਮਾਨਸਿਕ ਵਿਕਾਸ ਹੋਵੇਗਾ।

**# ਸੰਪਰਕ : 78886-84597**

# ਹੌਸਲੇ ਤੇ ਹਿੰਮਤ ਦੀ ਮਿਸਾਲ ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼

ਉਜਾਗਰ ਸਿੰਘ

ਸੁਨੀਤਾ ਵਿਲੀਅਮਜ਼ ਅਤੇ ਬੈਰੀ ਬੁੱਚ ਵਿਲਮੋਰ 9 ਮਹੀਨੇ 14 ਦਿਨ ਅਰਥਾਤ 287 ਦਿਨ ਪੁਲਾੜ ਵਿਚ ਬਿਤਾਉਣ ਤੋਂ ਬਾਅਦ ਬੁੱਧਵਾਰ ਨੂੰ ਧਰਤੀ 'ਤੇ ਆ ਗਏ ਹਨ। ਉਨ੍ਹਾਂ ਦਾ ਡਰੈਗਨ ਪੁਲਾੜ ਯਾਨ ਭਾਰਤੀ ਸਮੇਂ ਅਨੁਸਾਰ 19 ਮਾਰਚ ਨੂੰ ਸਵੇਰੇ 3.27 ਵਜੇ ਪਾਣੀ ਵਿੱਚ ਫਲੋਰੀਡਾ ਦੇ ਸਮੁੰਦਰੀ ਤੱਟ 'ਤੇ ਡੇਲਾਹਾਸੇ ਜਲ ਖੇਤਰ ਵਿੱਚ ਉਤਾਰਿਆ ਗਿਆ। ਉਹ ਮੰਗਲਵਾਰ 18 ਮਾਰਚ ਨੂੰ 08.35 ਵਜੇ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਤੋਂ ਰਵਾਨਾ ਹੋਏ ਸਨ। ਜਦੋਂ ਪੁਲਾੜ ਯਾਨ ਧਰਤੀ ਦੇ ਵਾਯੂਮੰਡਲ ਵਿੱਚ ਦਾਖਲ ਹੋਇਆ ਤਾਂ ਇਸ ਦਾ ਤਾਪਮਾਨ 1650 ਡਿਗਰੀ ਸੈਲਸੀਅਸ ਤੋਂ ਵੱਧ ਗਿਆ ਸੀ ਪ੍ਰੰਤੂ ਕੈਪਸੂਲ ਦੇ ਪੁਲਾੜ ਨਾਲੋਂ ਵੱਖ ਹੋਣ ਸਮੇਂ ਡਰੈਗਨ ਦੀ ਪਲਾਜ਼ਮਾ ਸ਼ੀਲਡ ਦਾ ਤਾਪਮਾਨ ਵਧ ਕੇ 1927 ਸੈਲਸੀਅਸ ਤੱਕ ਪਹੁੰਚ ਗਿਆ ਸੀ, ਜਿਸ ਕਰਕੇ 7 ਮਿੰਟ ਕੈਪਸੂਲ ਨਾਲੋਂ ਸੰਪਰਕ ਟੁੱਟਿਆ ਰਿਹਾ ਸੀ। ਤੁਰੰਤ ਗੋਤਾਖੋਰਾਂ ਨੇ ਕੈਪਸੂਲ ਨੂੰ ਰਿਕਵਰੀ ਸ਼ਿਪ 'ਤੇ ਚੜ੍ਹਾ ਲਿਆ। ਇੱਕ ਘੰਟੇ ਬਾਅਦ ਪੁਲਾੜ ਯਾਤਰੀਆਂ ਨੂੰ ਬਾਹਰ ਨਿਕਾਲਿਆ ਗਿਆ ਤੇ ਸਟਰੇਚਰ 'ਤੇ ਪਾ ਕੇ ਲਿਜਾਇਆ ਗਿਆ। ਵਾਪਸ ਆਉਣ ਲਈ ਉਨ੍ਹਾਂ ਨੂੰ 17 ਘੰਟੇ ਸਮਾਂ ਲੱਗਿਆ। ਸੁਨੀਤਾ ਵਿਲੀਅਮਜ਼ ਅਤੇ ਬੈਰੀ ਬੁੱਚ ਵਿਲਮੋਰ ਨੂੰ ਵਾਪਸ ਲਿਆਉਣ ਲਈ ਕਰੂ-9 ਵਿੱਚ ਅਮਰੀਕਾ ਦੇ ਨਿੰਗ ਹੇਗ ਅਤੇ ਰੂਸ ਦੇ ਐਲਗਜ਼ੈਂਡਰ ਗੋਰਬੁਨੋਟ ਗਏ ਸਨ। ਪੁਲਾੜ 27359 ਕਿਲੋਮੀਟਰ ਪ੍ਰਤੀ ਘੰਟਾ ਰਫ਼ਤਾਰ ਨਾਲ ਆਇਆ ਹੈ ਤੇ ਉਸ ਨੇ 12 ਕਰੋੜ 10 ਲੱਖ ਮੀਲ ਦਾ ਸਫ਼ਰ ਤਹਿ ਕੀਤਾ ਹੈ। ਉਨ੍ਹਾਂ ਦੇ ਸਫਲਤਾ-ਪੂਰਬਕ ਜ਼ਮੀਨੀ ਸਤਹ 'ਤੇ ਆਉਣ ਨਾਲ ਸਮੁੱਚੇ ਸੰਸਾਰ ਅਤੇ ਨਾਸਾ ਦੇ ਵਿਗਿਆਨੀਆਂ ਨੇ ਸੁੱਖ ਦਾ ਸਾਹ ਲਿਆ, ਕਿਉਂਕਿ ਇੱਕ ਵਾਰ ਪਹਿਲਾਂ ਵੀ ਉਨ੍ਹਾਂ ਨੂੰ ਵਾਪਸ ਲਿਆਉਣ ਦੀ ਯੋਜਨਾ ਨੁਕਸ ਪੈ ਜਾਣ ਕਰਕੇ ਅੱਗੇ ਪਾਉਣੀ ਪਈ ਸੀ। ਲੋਕਾਂ ਵਿੱਚ ਉਨ੍ਹਾਂ ਦੀ ਵਾਪਸੀ ਲਈ ਬਹੁਤ ਉਤਸ਼ਾਹ ਅਤੇ ਅਸਥਿਰਤਾ ਬਣੀ ਹੋਈ ਸੀ।

ਬੈਰੀ ਬੁੱਚ ਵਿਲਮੋਰ ਅਤੇ ਸੁਨੀਤਾ ਲੀਨਾ ਪਾਂਡਿਆ ਵਿਲੀਅਮਜ਼ 6 ਜੂਨ 2024 ਨੂੰ ਅੰਤਰਰਾਸ਼ਟਰੀ ਸਪੇਸ ਸਟੇਸ਼ਨ ਲਈ ਸਿਰਫ 8 ਦਿਨ ਠਹਿਰਨ ਵਾਸਤੇ ਗਏ ਸਨ ਅਤੇ ਉਸੇ ਪੁਲਾੜ ਵਿੱਚ ਵਾਪਸ ਆਉਣਾ ਸੀ, ਪ੍ਰੰਤੂ ਪੁਲਾੜ ਜ਼ਹਾਜ ਵਿੱਚ ਨੁਕਸ ਪੈਣ ਕਰਕੇ ਉਨ੍ਹਾਂ ਨੂੰ ਉਥੇ ਲੰਬਾ ਸਮਾਂ ਰਹਿਣਾ ਪਿਆ। ਇਕ ਬੋਰਡ ਸਪੇਸ ਕਰਾਫਟ ਐਲਨ ਮਸਕ ਦੇ ਸਪੇਸ ਐਕਸ ਦਾ ਸੀ। ਰਾਸ਼ਟਰਪਤੀ ਟਰੰਪ ਦੇ ਅਹੁਦਾ ਸੰਭਾਲਣ ਤੋਂ ਤੁਰੰਤ ਬਾਅਦ ਟਰੰਪ ਅਤੇ ਐਲਨ ਮਸਕ ਨੇ ਐਲਾਨ ਕੀਤਾ ਸੀ ਕਿ ਦੋਹਾਂ ਪੁਲਾੜ ਯਾਤਰੀਆਂ ਨੂੰ ਜਲਦੀ ਵਾਪਸ ਲਿਆਂਦਾ ਜਾਵੇਗਾ। ਸਪੇਸ ਐਕਸ ਅਤੇ ਨਾਸਾ ਵਧਾਈ ਦੇ ਪਾਤਰ ਹਨ। ਉਨ੍ਹਾਂ ਨੂੰ ਟੈਕਸਾਸ ਰਾਜ ਦੇ ਹੂਸਟਨ ਵਿੱਚ ਸਥਿਤ ਨਾਸਾ ਦੇ ਜੌਹਨਸਨ ਸਪੇਸ ਸੈਂਟਰ ਵਿੱਚ ਲਿਜਾਇਆ ਗਿਆ ਹੈ। ਇਥੇ ਉਨ੍ਹਾਂ ਦੇ ਵਾਈਟਲ ਅੰਗਾਂ ਦਾ ਮੁਆਇਨਾ ਕੀਤਾ ਜਾਵੇਗਾ। ਉਨ੍ਹਾਂ ਨੂੰ 45 ਦਿਨ ਲਈ ਹਸਪਤਾਲ ਵਿੱਚ ਡਾਕਟਰਾਂ ਦੀ ਰੇਖ-ਰੇਖ ਵਿੱਚ ਰੱਖਿਆ ਜਾਵੇਗਾ ਕਿਉਂਕਿ ਲੰਬਾ ਸਮਾਂ ਪੁਲਾੜ ਵਿੱਚ ਰਹਿਣ ਕਰਕੇ ਉਨ੍ਹਾਂ ਦੇ ਸਰੀਰ ਦੇ ਕਈ ਅੰਗਾਂ ਵਿੱਚ ਥੋੜ੍ਹੀ-ਬਹੁਤੀ ਤਬਦੀਲੀ ਆ ਗਈ ਹੋਵੇਗੀ। ਪੂਰੇ ਤੰਦਰੁਸਤ ਹੋਣ ਤੋਂ ਬਾਅਦ ਉਹ ਸਭ ਤੋਂ ਪਹਿਲਾਂ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਓਵਲ ਹਾਊਸ ਵਿੱਚ ਮਿਲਣ ਜਾਣਗੇ। ਚਾਰ ਵਾਰ ਸਫ਼ਲਤਾ-ਪੂਰਵਕ ਪੁਲਾੜ ਦੀ ਯਾਤਰਾ ਕਰਨ ਵਾਲੀ ਭਾਰਤੀ ਮੂਲ ਦੀ ਅਮਰੀਕੀ ਸੁਨੀਤਾ ਵਿਲੀਅਮਜ਼ ਸੰਸਾਰ ਦੀ ਪਹਿਲੀ ਇਸਤਰੀ ਸਭ ਤੋਂ ਲੰਬਾ ਸਮਾਂ ਪੁਲਾੜ ਵਿੱਚ ਸਮਾਂ ਬਿਤਾਉਣ ਵਾਲਾ ਵਿਅਕਤੀ ਬਣ ਗਈ ਹੈ। ਸੁਨੀਤਾ ਵਿਲੀਅਮਜ਼ ਨੇ ਚਾਰ ਵਾਰੀ ਪੁਲਾੜ ਦੀ ਯਾਤਰਾ ਸਮੇਂ ਕੁਲ 606 ਦਿਨ ਦਾ ਸਮਾਂ ਬਿਤਾਇਆ ਹੈ। ਇਸ ਦੇ ਨਾਲ ਹੀ ਉਹ ਭਾਰਤੀ ਮੂਲ ਦੀ ਦੂਜੀ ਪੁਲਾੜ ਯਾਤਰੀ ਹੈ। ਇਹ ਯਾਤਰਾਵਾਂ ਉਸ ਨੇ 31 ਜਨਵਰੀ, 4 ਫਰਵਰੀ, 9 ਫਰਵਰੀ 2007 ਅਤੇ 18 ਮਾਰਚ 2025 ਵਿੱਚ ਕੀਤੀਆਂ ਹਨ। ਇਸ ਤੋਂ ਪਹਿਲਾਂ ਭਾਰਤੀ ਮੂਲ ਦੀ ਕਲਪਨਾ ਚਾਵਲਾ ਪੁਲਾੜ ਵਿੱਚ ਗਈ ਸੀ, ਜਿਸ ਦੀ ਵਾਪਸੀ ਸਮੇਂ ਪੁਲਾੜ ਜਹਾਜ਼ ਵਿੱਚ ਤਕਨੀਕੀ ਖ਼ਰਾਬੀ ਕਰਕੇ ਦੁਰਘਟਨਾ ਵਿੱਚ ਮੌਤ ਹੋ ਗਈ ਸੀ। ਕਲਪਨਾ ਚਾਵਲਾ ਭਾਰਤ ਦੇ ਹਰਿਆਣਾ ਅਤੇ ਸੁਨੀਤਾ ਵਿਲੀਅਮਜ਼ ਪੱਛਵੀ ਗੁਜਰਾਤ ਸੂਬੇ ਨਾਲ ਸੰਬੰਧ ਰੱਖਦੀ ਹੈ। ਨਾਸਾ ਦੀ ਜਾਣਕਾਰੀ ਅਨੁਸਾਰ ਇਸ ਦੇ ਨਾਲ ਹੀ ਸੁਨੀਤਾ ਵਿਲੀਅਮਜ਼ ਪੁਲਾੜ ਵਿੱਚ ਸਭ ਤੋਂ ਵੱਧ ਸਮਾਂ ਬਿਤਾਉਣ ਵਾਲੇ ਪੁਲਾੜ ਯਾਤਰੀਆਂ ਵਿੱਚ ਦੂਜੇ ਸਥਾਨ 'ਤੇ ਪਹੁੰਚ ਗਈ ਹੈ। ਇਸ ਮਿਸ਼ਨ ਵਿੱਚ ਸੁਨੀਤਾ ਵਿਲੀਅਮਜ਼ ਨੇ ਪੁਲਾੜ ਵਿੱਚ ਲਗਾਤਾਰ 286 ਦਿਨ ਬਿਤਾਅ ਕੇ ਇਤਿਹਾਸ ਸਿਰਜ ਦਿੱਤਾ ਹੈ। ਪੁਲਾੜ ਵਿੱਚ ਰਹਿੰਦਿਆਂ ਉਸ ਨੇ 4576 ਵਾਰ ਧਰਤੀ ਦੀ ਪਰਿਕਰਮਾ ਕੀਤੀ। ਸੁਨੀਤਾ ਵਿਲੀਅਮਜ਼ ਨੂੰ ਭਾਰਤ ਸਰਕਾਰ ਨੇ ਪੁਲਾੜ ਦੇ ਖੇਤਰ ਵਿੱਚ ਸਫ਼ਲਤਾ ਪ੍ਰਾਪਤ ਕਰਨ ਲਈ 2007 ਵਿੱਚ ਪਦਮ ਭੂਸ਼ਣ ਦਾ ਖ਼ਿਤਾਬ ਦੇ ਕੇ ਸਨਮਾਨਤ ਕੀਤਾ ਸੀ। ਉਹ 2007 ਅਤੇ 2013 ਵਿੱਚ ਭਾਰਤ ਆਈ ਸੀ। ਉਸ ਸਮੇਂ ਉਸ ਨੇ ਆਪਣੇ ਪਿੰਡ ਝੂਲਾਸਨ ਦੇ ਡੋਲਾ ਮਾਤਾ ਮੰਦਰ ਵਿੱਚ ਪੂਜਾ ਕੀਤੀ ਸੀ। ਜਦੋਂ 2024 ਵਿੱਚ ਪੁਲਾੜ ਯਾਤਰਾ 'ਤੇ ਗਈ ਸੀ, ਉਦੋਂ ਦੀ ਹੀ ਇਸ ਮੰਦਰ ਵਿੱਚ ਅਖੰਡ ਜਯੋਤੀ ਲਗਾਤਾਰ ਜਲ ਰਹੀ ਹੈ। ਪਿੰਡ ਦੀਆਂ ਇਸਤਰੀਆਂ ਉਸ ਦੇ ਸੁਰੱਖਿਅਤ ਆਉਣ ਦੀਆਂ ਪ੍ਰਾਰਥਨਾਵਾਂ ਕਰਦੀਆਂ ਸਨ। ਸੁਨੀਤਾ ਦੇ ਵਾਪਸ ਸੁਰੱਖਿਅਤ ਆਉਣ 'ਤੇ ਪਿੰਡ ਵਿੱਚ ਖ਼ੁਸ਼ੀਆਂ ਮਨਾਈਆਂ ਗਈਆਂ, ਪਟਾਕੇ ਚਲਾਏ ਤੇ ਮਠਿਆਈਆਂ ਵੰਡੀਆਂ ਗਈਆਂ।



ਮਹਿਜ਼ 22 ਸਾਲ ਦੀ ਉਮਰ ਵਿੱਚ 1987 ਵਿੱਚ ਸੁਨੀਤਾ ਵਿਲੀਅਮਜ਼ ਨੇ ਨੇਵਲ ਅਕਾਡਮੀ ਤੋਂ ਸਰੀਰਕ ਵਿਗਿਆਨ ਵਿੱਚ ਬੈਚੂਲਰ ਆਫ਼ ਸਾਇੰਸ ਦੀ ਡਿਗਰੀ ਪ੍ਰਾਪਤ ਕਰਕੇ ਸਟੇਟ ਨੇਵੀ ਵਿੱਚ ਭਰਤੀ ਹੋ ਗਈ ਸੀ। ਉਸ ਨੂੰ ਨਵਲ ਕੋਸਟਲ ਸਿਸਟਮ ਕਮਾਂਡ ਵਿੱਚ ਛੇ ਮਹੀਨੇ ਜ਼ਿੰਮੇਵਾਰੀ ਨਿਭਾਉਣ ਤੋਂ ਬਾਅਦ ਬੇਸਿਕ ਡਾਈਵਿੰਗ ਅਧਿਕਾਰੀ ਨਿਯੁਕਤ ਕਰ ਦਿੱਤਾ ਸੀ। ਉਸ ਤੋਂ ਬਾਅਦ 1989 ਵਿੱਚ ਸੁਨੀਤਾ ਵਿਲੀਅਮਜ਼ ਨੂੰ ਏਵੀਏਟਰ ਨਾਮਜ਼ਦ ਕਰ ਦਿੱਤਾ ਸੀ। ਉਸ ਨੇ ਹੈਲੀਕਾਪਟਰ ਲੜਾਈ ਸਪੋਰਟ ਸਕੁਐਡਰਨ-3 (ਐੱਚ.ਸੀ-3) ਵਿੱਚ ਸ਼ੁਰੂਆਤੀ ਐੱਚ-46 ਸਾਗਰ ਨਾਈਟ ਦੀ ਸਿਖਲਾਈ ਵੀ ਪ੍ਰਾਪਤ ਕੀਤੀ। ਫਿਰ ਉਸ ਨੂੰ ਹੈਲੀਕਾਪਟਰ ਲੜਾਈ ਸਪੋਰਟਸ ਵਿੱਚ ਨਿਯੁਕਤ ਕੀਤਾ ਗਿਆ। ਉਸ ਤੋਂ ਬਾਅਦ ਸੁਨੀਤਾ ਵਿਲੀਅਮਜ਼ ਦੀ ਨਾਰਫੋਕ, ਵਰਜੀਨੀਆ ਵਿੱਚ ਸਕੁਐਡਰਨ 8 (ਐੱਚ.ਸੀ-8) ਜਿਸ ਨਾਲ ਉਸ ਨੇ ਮੈਡੀਟੇਰੀਅਨ, ਲਾਲ ਸਾਗਰ ਅਤੇ ਫਾਰਸ ਦੀ ਖਾੜੀ ਅਪ੍ਰੇਸ਼ਨ ਪ੍ਰੋਵਾਈਡ ਕੰਫਰਟ ਲਈ ਵਿਦੇਸ਼ ਤਾਇਨਾਤੀ ਸਮੇਂ ਕੰਮ ਕੀਤਾ। ਸਤੰਬਰ 1992 ਵਿੱਚ ਉਹ ਯੂ.ਐੱਸ.ਐੱਸ.ਸਿਲਵਾਨੀਆ ਵਿੱਚ ਤੂਫ਼ਾਨ ਐਂਡਿਰ ਰੀਲੀਫ਼ ਤਹਿਤ ਕਾਰਜਾਂ ਲਈ ਸਿਖਲਾਈ ਵਾਸਤੇ ਫਲੋਰੀਡਾ ਭੇਜੀ ਗਈ, ਜੋ ਐੱਚ.46 ਦੀ ਟੁਕੜੀ ਦੀ ਅਧਿਕਾਰੀ ਸੀ। 1993 ਵਿੱਚ ਸੰਯੁਕਤ ਰਾਜ ਦੇ ਨੇਵਲ ਟੈਸਟ ਪਾਇਲਟ ਸਕੂਲ ਵਿੱਚ ਸਿਖਲਾਈ ਲਈ ਅਤੇ ਦਸੰਬਰ ਵਿੱਚ ਗ੍ਰੈਜੂਏਸ਼ਨ ਕੀਤੀ। ਉਸ ਨੂੰ ਰੋਟਰੀ ਵਿੰਗ ਏਅਰ ਕਰਾਫਟ ਟੈਸਟ ਡਾਇਰੈਕਟੋਰੇ ਐੱਚ.46 ਪ੍ਰੋਜੈਕਟ ਅਧਿਕਾਰੀ ਅਤੇ ਟੀ.2 ਵਿੱਚ ਵੀ 22 ਚੇਜ਼ ਪਾਇਲਟ ਵਜੋਂ ਨਿਯੁਕਤ ਕੀਤਾ। ਉਸ ਤੋਂ ਬਾਅਦ ਸਕੁਐਡਰਨ ਸੇਫਟੀ ਅਫ਼ਸਰ ਨਿਯੁਕਤ ਕਰ ਦਿੱਤਾ। 1995 ਵਿੱਚ ਫਲੋਰੀਡਾ ਇੰਸਟੀਚਿਊਟ ਆਫ਼ ਟੈਕਨਾਲੋਜੀ ਤੋਂ ਇੰਜੀਨੀਅਰਿੰਗ ਮੈਨੇਜਮੈਂਟ ਵਿੱਚ ਮਾਸਟਰ ਆਫ਼ ਸਾਇੰਸ ਦੀ ਡਿਗਰੀ ਪ੍ਰਾਪਤ ਕੀਤੀ। 1998 ਵਿੱਚ ਉਹ ਨਾਸਾ ਵਿੱਚ ਭਰਤੀ ਹੋ ਗਈ ਸੀ। ਸੁਨੀਤਾ ਵਿਲੀਅਮਜ਼ 17 ਸਤੰਬਰ 2012 ਨੂੰ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਦੀ ਕਮਾਂਡਰ ਬਣੀ ਸੀ। ਸੰਸਾਰ ਦੇ ਤਜਰਬੇਕਾਰ ਪੁਲਾੜ ਯਾਤਰੀਆਂ ਵਿੱਚ ਨੌਂਵੇਂ ਸਥਾਨ 'ਤੇ ਆਉਂਦੀ ਹੈ। 16 ਅਪ੍ਰੈਲ 2007 ਨੂੰ ਪੁਲਾੜ ਸਟੇਸ਼ਨ ਤੋਂ ਮੈਰਾਥਨ ਦੌੜਨ ਵਾਲਾ ਪਹਿਲਾ ਵਿਅਕਤੀ ਹੈ। ਸ਼ਟਲ ਡਿਸਕਵਰੀ 'ਤੇ ਸਵਾਰ ਹੋਣ ਤੋਂ ਬਾਅਦ ਸੁਨੀਤਾ ਵਿਲੀਅਮਜ਼ ਨੇ ਆਪਣੇ ਟੱਟੂ ਦੀ ਪੂਛ ਨੂੰ ਲੋਕਮ ਆਫ਼ ਲਵ ਨੂੰ ਦਾਨ ਕਰਨ ਦਾ ਪ੍ਰਬੰਧ ਵੀ ਕੀਤਾ। ਉਸ ਨੇ ਚਾਰ ਸਪੇਸਵਾਕਾਂ ਵਿੱਚ 9 ਵਾਰ 62 ਘੰਟੇ ਸੈਰ ਕੀਤੀ। ਉਹ ਜੌਹਨ ਹਿਗਿਨ ਨਾਲ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਦੀ ਮੰਜ਼ਲ ਪ੍ਰਯੋਗਸ਼ਾਲਾ ਵਿੱਚ ਕਨੇਡਾਰਮ 2 ਦੇ ਨਿਯੰਤਰਣ ਦਾ ਕੰਮ ਕਰਦੇ ਰਹੇ ਹਨ। ਉਸ ਨੇ ਅਲੱਗ-ਅਲੱਗ ਪੁਲਾੜ ਯੰਤਰਾਂ ਵਿੱਚ ਲੱਗਭੱਗ 3000 ਉਡਾਨਾਂ ਭਰੀਆਂ। ਸੁਨੀਤਾ ਵਿਲੀਅਮਜ਼ ਨੂੰ ਬਹੁਤ ਸਾਰੇ ਮਾਣ-ਸਨਮਾਨ ਮਿਲੇ ਹਨ, ਜਿਨ੍ਹਾਂ ਵਿੱਚ ਨੇਵ ਕਮਾਂਡੇਸ਼ਨ ਮੈਡਲ, ਨੇਵੀ ਐਂਡ ਮੈਰੀਨ ਸ਼ਾਰਪ ਅਚੀਵਮੈਂਟ ਮੈਡਲ ਅਤੇ ਹਿਊਮੈਨੇਟਰੀ ਸਰਵਿਸ ਮੈਡਲ ਸ਼ਾਮਲ ਹਨ। ਉਹ ਸੋਸਾਇਟੀ ਆਫ਼ ਐਕਸਪੈਰੀਮੈਂਟਲ, ਟੈਸਟ ਪਾਇਲਟਸ ਇੰਜੀਨੀਅਰਿੰਗ ਅਤੇ ਅਮਰੀਕੀ ਹੈਲੀਕਾਪਟਰ ਐਸੋਸੀਏਸ਼ਨ ਨਾਲ ਜੁੜੀ ਹੋਈ ਹੈ। ਉਹ ਅਮਲੀ ਤੌਰ 'ਤੇ ਕੰਮ ਕਰਨ ਵਿੱਚ ਯਕੀਨ ਰੱਖਦੀ ਹੈ। ਸੁਨੀਤਾ ਵਿਲੀਅਮਜ਼ ਟਿਕ ਕੇ ਵਿਹਲੀ ਨਹੀਂ ਬੈਠ ਸਕਦੀ, ਉਹ ਲਗਾਤਾਰ ਕੁਝ ਨਾ ਕੁਝ ਕਰਨ ਵਿੱਚ ਰੁੱਝੀ ਰਹਿੰਦੀ ਹੈ। ਇਸ ਸਮੇਂ ਉਸ ਦਾ ਪਰਵਾਰ ਜੋ ਮੈਸੇਚਿਊਸੇਟਸ ਵਿੱਚ ਰਹਿੰਦਾ ਹੈ। ਸੁਨੀਤਾ ਵਿਲੀਅਮਜ਼ ਦੇ ਸੁਰੱਖਿਅਤ ਵਾਪਸ ਆਉਣ 'ਤੇ ਪਿੰਡ ਵਿੱਚ ਉਸ ਦੇ ਪਰਿਵਾਰ ਦੇ ਨਜ਼ਦੀਕੀਆਂ ਨੇ ਖ਼ੁਸ਼ੀਆਂ ਮਨਾਈਆਂ ਹਨ ਅਤੇ ਉਥੇ ਵਿਆਹ ਵਰਗਾ ਮਾਹੌਲ ਹੈ।

ਸੁਨੀਤਾ ਲਿਨ ਪਾਂਡਿਆ ਦਾ ਜਨਮ 19 ਸਤੰਬਰ 1965 ਨੂੰ ਓਹਾਈਓ ਰਾਜ ਦੇ ਯੂਕਲਿਡ ਨਗਰ (ਕਲੀਵਲੈਂਡ) ਵਿੱਚ ਪਿਤਾ ਦੀਪਕ ਪਾਂਡਿਆ ਅਤੇ ਮਾਤਾ ਉਰਸੁਲਾਈਨ ਬੋਨੀ (ਜ਼ਾਲੋਕਰ) ਪਾਂਡਿਆ ਦੀ ਕੁੱਖੋਂ ਹੋਇਆ। ਉਨ੍ਹਾਂ ਦੇ ਪਿਤਾ ਡਾ. ਦੀਪਕ ਪਾਂਡਿਆ ਨਿਊਰੋਆਟੋਮਿਸਟ ਸਨ। ਦੀਪਕ ਪਾਂਡਿਆ ਦੀ 2020 ਵਿੱਚ ਮੌਤ ਹੋ ਗਈ ਸੀ। ਸੁਨੀਤਾ ਦੀ ਮਾਤਾ ਸੋਲਵਾਨੀਆ ਤੋਂ ਹਨ। ਸੁਨੀਤਾ ਆਪਣੇ ਭਰਾ ਜੈ ਥਾਮਸ ਪਾਂਡਿਆ ਅਤੇ ਭੈਣ ਦੀਨਾ ਅਨਾਦਜ਼ ਤੋਂ ਛੋਟੀ ਹੈ। ਸੁਨੀਤਾ ਦੇ ਪਿਤਾ ਡਾਕਟਰੀ ਦੀ ਪੜ੍ਹਾਈ ਕਰਨ ਲਈ 1958 ਵਿੱਚ ਅਮਰੀਕਾ ਗਏ ਸਨ। ਸੁਨੀਤਾ ਵਿਲੀਅਮਜ਼ ਦੇ ਚਾਚੇ-ਤਾਇਆਂ ਦਾ ਵੱਡਾ ਪਰਿਵਾਰ ਹੈ। ਝੂਲਾਸਨ ਪਿੰਡ ਵਿੱਚ ਸੁਨੀਤਾ ਵਿਲੀਅਮ ਦੀ ਦਾਦੀ ਰਾਮ ਬਹਿਨ ਨਰਮਦਾ ਸ਼ੰਕਰ ਪਾਂਡਿਆ ਦੀ ਯਾਦ ਵਿੱਚ ਲਾਇਬਰੇਰੀ ਸਥਾਪਤ ਕੀਤੀ ਹੋਈ ਹੈ। ਉਨ੍ਹਾਂ ਦਾ ਪਿੰਡ ਗੁਜਰਾਤ ਸੂਬੇ ਦੇ ਮਹਿਸਾਨਾ ਜ਼ਿਲ੍ਹੇ ਵਿੱਚ ਝੂਲਾਸਨ ਹੈ, ਜੋ ਗਾਂਧੀਨਗਰ ਤੋਂ 40 ਕਿਲੋਮੀਟਰ ਹੈ। ਸੁਨੀਤਾ ਨੇ 1983 ਵਿੱਚ ਨੀਡਹੋਮ ਮੈਸੇਚਿਊਸੇਟਸ ਦੇ ਸਕੂਲ ਵਿੱਚੋਂ ਗ੍ਰੈਜੂਏਸ਼ਨ ਕੀਤੀ ਸੀ। ਸੁਨੀਤਾ ਲੀਨਾ ਪਾਂਡਿਆ ਦਾ ਵਿਆਹ ਆਪਣੇ ਕਲਾਸ ਫੈਲੋ ਮਾਈਕਲ.ਜੇ.ਵਿਲੀਅਮਜ਼ ਨਾਲ ਹੋਇਆ ਹੈ। ਸੁਨੀਤਾ ਮਿਹਨਤੀ, ਆਤਮ-ਵਿਸ਼ਵਾਸੀ, ਦਲੇਰ, ਹੈਲੀਕਾਪਟਰ ਪਾਇਲਟ, ਜਲ ਸੈਨਿਕ, ਗੋਤਾਖੋਰ, ਤੈਰਾਕ, ਜਲਸੈਨਾ ਪੋਡ ਚਾਲਕ ਤੇ ਪਸ਼ੂ ਪ੍ਰੇਮੀ ਇਸਤਰੀ ਹੈ। ਉਹ ਹਰ ਕੰਮ ਨੂੰ ਵੰਗਾਰ ਸਮਝ ਕੇ ਕਰਦੀ ਹੈ। ਇਸ ਕਰਕੇ ਇੱਕ ਸਾਧਾਰਨ ਪਰਵਾਰ ਵਿੱਚੋਂ ਉੱਠ ਕੇ ਏਨੇ ਵੱਡੇ ਕਾਰਜ ਕੀਤੇ ਹਨ।

**# ਸੰਪਰਕ : 94178-13072**

# ਲਾਰੈਂਸ ਬਿਸ਼ਨੋਈ ਤੇ ਜੱਗੂ ਭਗਵਾਨਪੁਰੀਆ ਗੈਂਗ ਦੇ 2 ਗੁਰਗੇ ਮੁੱਠਭੇੜ ਉਪਰੰਤ ਕਾਬੂ

## ਇੱਕ ਪਿਸਟਲ, 2 ਜ਼ਿੰਦਾ ਰੌਂਦ ਤੇ ਸਕਾਰਪੀਓ ਬਰਾਮਦ



**ਫਰੀਦਕੋਟ (ਐਲਿਗਜੈਂਡਰ ਡਿਸੂਜਾ, ਗੁਰਪ੍ਰੀਤ ਸਿੰਘ ਬੇਦੀ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੰਜਾਬ ਨੂੰ ਅਪਰਾਧ ਮੁਕਤ ਸੂਬਾ ਬਣਾਉਣ ਲਈ ਮੁਹਿੰਮ ਦੀ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਲਗਾਤਾਰ ਅਪਰਾਧਕ ਅਨਸਰਾਂ ਨੂੰ ਕਾਬੂ ਕੀਤਾ ਜਾ ਰਿਹਾ ਹੈ।ਇਸੇ ਲੜੀ ਤਹਿਤ ਫਰੀਦਕੋਟ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਲਾਰੈਂਸ ਬਿਸ਼ਨੋਈ ਗੈਂਗ ਤੇ ਜੱਗੂ ਭਗਵਾਨਪੁਰੀਆਂ ਗੈਂਗ ਦੇ 2 ਗੁਰਗਿਆਂ ਨੂੰ ਫਰੀਦਕੋਟ ਦੇ ਜੈਤੋ ਨਜ਼ਦੀਕ ਮੁੱਠਭੇੜ ਤੋਂ ਬਾਅਦ ਕਾਬੂ ਕੀਤਾ ਗਿਆ। ਫਰੀਦਕੋਟ ਪੁਲਸ ਦੇ ਸੀ.ਆਈ.ਏ. ਸਟਾਫ ਜੈਤੋ ਦੀਆਂ ਟੀਮਾਂ ਵੱਲੋਂ ਜੈਤੋ ਨਜ਼ਦੀਕ ਡਰੇਨ ਪੁੱਲ ਪਰ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੇ ਸਬੰਧੀ ਨਾਕਾਬੰਦੀ ਕੀਤੀ ਹੋਈ ਸੀ, ਉਸ ਸਮੇਂ ਸਕਾਰਪਿਓ ਗੱਡੀ 'ਤੇ ਸਵਾਰ 2 ਵਿਅਕਤੀ ਆਉਂਦੇ ਦਿਖਾਈ ਦਿੱਤੇ, ਜਿਨ੍ਹਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਉਨ੍ਹਾਂ ਨੇ ਪੁਲਸ ਟੀਮ 'ਤੇ ਹਮਲਾ ਕਰ ਦਿੱਤਾ, ਜਿਸ ਵਿੱਚ ਕੁਝ ਫਾਇਰ ਬੈਰੀਕੇਡ ਉੱਪਰ ਵੀ ਲੱਗੇ, ਜਿਸ ਦੇ ਜਵਾਬ ਵਿੱਚ ਪੁਲਸ ਨੇ ਆਤਮਰੱਖਿਆ ਵਿੱਚ ਕਾਰਵਾਈ ਕਰਦਿਆਂ ਜਵਾਬੀ ਫਾਇਰਿੰਗ ਕੀਤੀ, ਜਿਸ ਵਿੱਚ ਇੱਕ ਮੁਲਜ਼ਮ ਜ਼ਖ਼ਮੀ ਹੋ ਗਿਆ।ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਪਹਿਚਾਣ ਸੁਰਿੰਦਰ ਸਿੰਘ ਉਰਫ ਗਗਨ ਪੁੱਤਰ ਮਨਜੀਤ ਸਿੰਘ ਵਾਸੀ ਡਾ. ਅੰਬੇਡਕਰ ਨਗਰ, ਜੈਤੋ ਤੇ ਲਖਵਿੰਦਰ ਸਿੰਘ ਉਰਫ ਲੱਖੂ ਪੁੱਤਰ ਰਾਜੂ ਵਾਸੀ ਡਾ. ਅੰਬੇਡਕਰ ਨਗਰ, ਜੈਤੋ ਵਜੋਂ ਹੋਈ ਹੈ।

ਪੁਲਸ ਟੀਮਾਂ ਨੇ ਇਨ੍ਹਾਂ ਤੋਂ ਇੱਕ ਪਿਸਟਲ .32 ਬੋਰ ਤੇ 2 ਰੌਂਦ ਬਰਾਮਦ ਕੀਤੇ ਹਨ, ਇਸ ਦੇ ਨਾਲ ਹੀ ਉਨ੍ਹਾਂ ਦੀ ਸਕਾਰਪੀਓ ਗੱਡੀ ਵੀ ਜ਼ਬਤ ਕੀਤੀ ਗਈ ਹੈ, ਜਿਸ 'ਤੇ ਉਹ ਸਵਾਰ ਹੋ ਕੇ ਆ ਰਹੇ ਸਨ।ਜਦ ਇਨ੍ਹਾਂ ਦੇ ਕ੍ਰਿਮੀਨਲ ਰਿਕਾਰਡ ਚੈੱਕ ਕੀਤੇ ਗਏ ਤਾਂ ਇਹ ਸਾਹਮਣੇ ਆਇਆ ਕਿ ਸੁਰਿੰਦਰ ਸਿੰਘ ਉਰਫ ਗਗਨ ਪੁੱਤਰ ਮਨਜੀਤ ਸਿੰਘ ਵਾਸੀ ਡਾ. ਅੰਬੇਡਕਰ ਨਗਰ, ਜੈਤੋ ਖਿਲਾਫ ਇਸ ਤੋਂ ਪਹਿਲਾਂ ਵੀ ਮੁਕੱਦਮੇ ਦਰਜ ਸਨ।

# ਟ੍ਰਾਈਡੈਂਟ ਗਰੁੱਪ ਵੱਲੋਂ ਇੰਡੀਅਨ ਰੈੱਡ ਕਰਾਸ ਵਿਭਾਗ ਦੇ ਸਹਿਯੋਗ ਨਾਲ 'ਯੁੱਧ ਨਸ਼ਿਆਂ ਵਿਰੁੱਧ' ਸੈਮੀਨਾਰ



**ਬਰਨਾਲਾ (ਰਾਜਿੰਦਰ ਬਰਾੜ, ਸੁਨੀਲ ਕਾਲਾ)**-ਪੰਜਾਬ, ਜੋ ਇੱਕ ਵਾਰ ਗੁਰੂਆਂ ਦੀ ਤਪੋ ਭੂਮੀ ਸੀ, ਅੱਜ ਨਸ਼ਿਆਂ ਦੀ ਭਿਆਨਕ ਚਪੇਟ ਵਿੱਚ ਆ ਗਿਆ ਹੈ।ਨੌਜਵਾਨ, ਜੋ ਕਦੇ ਇਨ੍ਹਾਂ ਖੇਤਾਂ ਵਿੱਚ ਸੁਪਨੇ ਬੁਣਦੇ ਸਨ, ਅੱਜ ਨਸ਼ਿਆਂ ਦੀ ਲਤ ਕਾਰਨ ਆਪਣੀ ਜ਼ਿੰਦਗੀ ਖੋਹ ਰਹੇ ਹਨ।ਇਸ ਗੰਭੀਰ ਮੁੱਦੇ ਨੂੰ ਧਿਆਨ ਵਿੱਚ ਰੱਖਦੇ ਹੋਏ, ਰੈੱਡ ਕਰਾਸ ਵਿਭਾਗ ਬਰਨਾਲਾ ਵੱਲੋਂ ਟ੍ਰਾਈਡੈਂਟ ਗਰੁੱਪ ਦੇ ਸਹਿਯੋਗ ਨਾਲ ਸੰਘੇੜਾ ਵਿਖੇ ਡਿਪਟੀ ਕਮਿਸ਼ਨਰ ਬਰਨਾਲਾ ਸ਼੍ਰੀ ਟੀ ਬੈਨਿਥ ਜੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਹੋਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਸੈਮੀਨਾਰ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਸਿਵਿਲ ਹਸਪਤਾਲ ਵੱਲੋਂ ਡਾ. ਲਿਪਸੀ ਮੋਦੀ, ਸੋਸ਼ਲ ਕੌਂਸਲਰ ਰਾਜਵੀਰ ਕੌਰ ਨੇ ਨਸ਼ਿਆਂ ਦੇ ਵਧ ਰਹੇ ਕਹਿਰ ਤੇ ਚਿੰਤਾ ਪ੍ਰਗਟਾਈ ਤੇ ਟਰਾਈਡੈਂਟ ਵਿੱਚ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇੱਕ ਨਸ਼ਾਬੰਦੀ ਅਭਿਆਨ ਸਿਰਫ਼ ਸਰਕਾਰੀ ਜਾਂ ਸਮਾਜਿਕ ਸੰਸਥਾਵਾਂ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਪਿਤਾ, ਹਰ ਮਾਂ, ਹਰ ਗੁਰੂ ਤੇ ਹਰ ਨੌਜਵਾਨ ਨੂੰ ਇਸ ਯੁੱਧ ਵਿੱਚ ਹਿੱਸਾ ਲੈਣਾ ਹੋਵੇਗਾ, ਰੈੱਡ ਕਰਾਸ ਵਿਭਾਗ ਵੱਲੋਂ ਮਨਦੀਪ ਸਿੰਘ ਤੇ ਚਮਕੌਰ ਸਿੰਘ ਨੇ ਸ਼ਿਰਕਤ ਕੀਤੀ। ਸੋਸ਼ਲ ਕੌਂਸਲਰ ਰਾਜਵੀਰ ਕੌਰ ਨੇ ਕਾਨੂੰਨੀ ਪੱਖ 'ਤੇ ਚਾਨਣ ਪਾਉਂਦੇ ਹੋਏ ਦੱਸਿਆ ਕਿ ਕਿਵੇਂ ਨਸ਼ਾ ਮਾਫੀਆ ਨੌਜਵਾਨਾਂ ਨੂੰ ਇਸ ਜਾਲ ਵਿੱਚ ਫਸਾ ਰਹੀ ਹੈ ਤੇ ਕਿਵੇਂ ਸਮਾਜ ਇਕਜੁੱਟ ਹੋ ਕੇ ਇਸ ਬੁਰਾਈ ਨੂੰ ਖ਼ਤਮ ਕਰ ਸਕਦਾ ਹੈ।ਡਾ. ਲਿਪਸੀ ਮੋਦੀ ਨੇ ਨਸ਼ਿਆਂ ਦੇ ਸਰੀਰ ਤੇ ਮਨ 'ਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਇਸ ਸਮਾਗਮ ਵਿੱਚ ਟਰਾਈਡੈਂਟ ਸਟਾਫ ਮੈਂਬਰ ਲਗਭਗ 400 ਦੀ ਗਿਣਤੀ ਵਿੱਚ ਸ਼ਾਮਲ ਹੋਏ।ਇਸ ਦੇ ਨਾਲ ਨਾਲ ਟਰਾਈਡੈਂਟ ਪਰਿਵਾਰ ਵੱਲੋਂ ਟੀਮ ਮੈਂਬਰ ਰੁਪਿੰਦਰ ਗੁਪਤਾ, ਰਮਨ ਚੌਧਰੀ, ਰੋਹਨ ਭਾਰਗਵ, ਮਨੋਜ ਸਿੰਘ, ਸਾਹਿਲ ਗੁਲਾਟੀ, ਦੀਪਕ ਗਰਗ, ਰਿਚਾ ਪ੍ਰਭਾਕਰ ਐਡਮਿਨ ਟੀਮ ਤੇ ਵੈੱਲਫੇਅਰ ਟੀਮ ਨੇ ਇਹ ਵਾਅਦਾ ਕੀਤਾ ਕਿ ਸਿਰਫ਼ ਖੁਦ ਹੀ ਨਹੀਂ, ਸਗੋਂ ਆਪਣੇ ਆਲੇ ਦੁਆਲੇ ਨੂੰ ਵੀ ਨਸ਼ਿਆਂ ਦੀ ਭਟਕਣ ਤੋਂ ਬਚਾਉਣ ਲਈ ਹਰ ਸੰਭਵ ਕੋਸ਼ਿਸ਼ ਕਰਨਗੇ।ਇਹ ਸੈਮੀਨਾਰ ਸਿਰਫ਼ ਇੱਕ ਇਵੈਂਟ ਨਹੀਂ, ਸਗੋਂ ਨਵੇਂ ਭਵਿੱਖ ਦੀ ਸ਼ੁਰੂਆਤ ਸੀ।ਇੱਕ ਅਜਿਹਾ ਭਵਿੱਖ, ਜਿੱਥੇ ਨਸ਼ਿਆਂ ਦੀ ਨਹੀਂ, ਸਗੋਂ ਨੌਜਵਾਨੀ ਦੀ ਗੂੰਜ ਹੋਵੇਗੀ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਕਿਸਾਨਾਂ 'ਤੇ ਜਬਰ ਢਾਹੁਣ ਵਿਰੁੱਧ ਅਰਥੀ ਫੂਕ ਮੁਜ਼ਾਹਰਾ

**ਜਲਾਲਾਬਾਦ (ਜੀਤ ਕੁਮਾਰ)**

ਕੇਂਦਰੀ ਤੇ ਪੰਜਾਬ ਦੇ ਮੰਤਰੀਆਂ ਦੁਆਰਾ ਕਿਸਾਨੀ ਦੀਆਂ ਹੱਕੀ ਮੰਗਾਂ ਨੂੰ ਲੈ ਕੇ 13 ਮਹੀਨਿਆਂ ਤੋਂ ਸ਼ੰਭੂ ਤੇ ਖਨੌਰੀ ਬਾਰਡਰ ਤੇ ਸ਼ਾਂਤਮਈ ਲੱਗੇ ਮੋਰਚਿਆਂ ਵਿੱਚ ਬੈਠੇ ਕਿਸਾਨਾਂ ਦੇ ਆਗੂਆਂ ਨਾਲ ਸੱਤਵੇਂ ਗੇੜ ਦੀ ਗੱਲਬਾਤ ਤੋਂ ਬਾਅਦ ਉਨ੍ਹਾਂ ਨੂੰ ਚੰਡੀਗੜ੍ਹ ਬਾਰਡਰ 'ਤੇ ਗ੍ਰਿਫਤਾਰ ਕਰਨ ਤੇ ਮੋਰਚਿਆਂ 'ਚ ਸ਼ਾਮਲ ਕਿਸਾਨਾਂ ਨੂੰ ਧੱਕੇਸ਼ਾਹੀ ਨਾਲ ਖਿੰਡਾਉਣ ਲਈ ਭਾਰੀ ਪੁਲਸ ਫੋਰਸ ਤਾਇਨਾਤ ਕਰਨ ਦੀ ਕਿਰਤੀ ਕਿਸਾਨ ਯੂਨੀਅਨ ਵੱਲੋਂ ਪਿੰਡ ਚੱਕ ਸੈਦੋਕੇ ਵਿਖੇ ਅਰਥੀ ਫੂਕ ਕੇ ਸਖ਼ਤ ਨਿਖੇਧੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਤੇ ਜ਼ਿਲ੍ਹਾ ਸਕੱਤਰ ਮਨਦੀਪ ਸਿੰਘ ਨੇ ਦੋਸ਼ ਲਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਦੇ ਇਸ਼ਾਰਿਆਂ 'ਤੇ ਸੰਘਰਸ਼ ਕਰਦਿਆਂ ਕਿਸਾਨਾਂ ਨਾਲ ਦੁਸ਼ਮਣ ਦੇਸ਼ ਵਾਲਾ ਰਵੱਈਆ ਅਪਣਾਇਆ ਹੈ। ਪਤਾ ਲੱਗਾ ਹੈ ਕਿ ਸ਼ੰਭੂ ਬਾਰਡਰ 'ਤੇ ਤਾਂ ਕਿਸਾਨਾਂ ਨੂੰ ਲਾਠੀਆਂ ਨਾਲ ਖਦੇੜਨ ਲਈ ਤਾਣ ਲਗਾਇਆ ਗਿਆ ਤੇ ਭੰਨਤੋੜ ਵਰਗੇ ਹੋਰ ਜਾਬਰ ਹਥਕੰਡੇ ਵੀ ਵਰਤੇ ਗਏ। ਔਰਤਾਂ ਬੱਚਿਆਂ ਨੂੰ ਵੀ ਨਹੀਂ ਬਖਸ਼ਿਆ ਗਿਆ। ਉਨ੍ਹਾਂ ਦੋਸ਼ ਲਾਇਆ ਕਿ ਪਹਿਲਾਂ ਚੰਡੀਗੜ੍ਹ ਮੋਰਚੇ ਵੇਲੇ ਐੱਸ ਕੇ ਐੱਮ ਦੇ ਸੈਂਕੜੇ ਆਗੂਆਂ ਨੂੰ ਗ੍ਰਿਫਤਾਰ ਕਰਨ ਤੇ ਹੁਣ ਇਹ ਜਾਬਰ ਹੱਲਾ ਸਰਕਾਰਾਂ ਦਾ ਕਾਰਪੋਰੇਟ ਨੀਤੀਆਂ ਪ੍ਰਤੀ ਡੁੱਲ੍ਹ ਡੁੱਲ੍ਹ ਪੈਂਦੇ ਹੇਜ ਤੇ ਕਿਸਾਨਾਂ ਨਾਲ ਨੰਗੀ ਚਿੱਟੀ ਦੁਸ਼ਮਣੀ ਦਾ ਸਬੂਤ ਹੈ। ਮੋਦੀ ਸਰਕਾਰ ਵੱਲੋਂ ਸਾਮਰਾਜੀ ਅਮਰੀਕਾ ਨਾਲ ਖੁੱਲ੍ਹੇ ਵਪਾਰ ਦਾ ਸਮਝੌਤਾ ਤੇ ਹੋਰ ਸਾਮਰਾਜੀ ਤਾਕਤਾਂ ਨਾਲ ਅਜਿਹੇ ਮੇਲ ਮਿਲਾਪ ਦੇ ਯਤਨ ਇਹੀ ਦਰਸਾਉਂਦੇ ਹਨ। ਉਨ੍ਹਾਂ ਵੱਲੋਂ ਮੰਗ ਕੀਤੀ ਗਈ ਹੈ ਕਿ ਖੁਦ ਹਰਿਆਣਾ ਪੁਲਸ ਵੱਲੋਂ ਜਾਮ ਕੀਤੇ ਕੌਮੀ ਸੜਕ ਮਾਰਗ ਖੁੱਲ੍ਹਵਾਉਣ ਦੀ ਬਜਾਏ ਕਿਸਾਨਾਂ 'ਤੇ ਜਬਰ ਢਾਹੁਣਾ ਜਮਹੂਰੀਅਤ ਦੀਆਂ ਧੱਜੀਆਂ ਉਡਾਉਣਾ ਹੈ। ਪੂਰੇ ਦੇਸ਼ ਦੇ ਕਿਸਾਨ ਐੱਮ ਐੱਸ ਪੀ ਦੀ ਕਾਨੂੰਨੀ ਗਰੰਟੀ ਸਮੇਤ ਦਿੱਲੀ ਘੋਲ ਮੁਲਤਵੀ ਕਰਨ ਸਮੇਂ ਕੇਂਦਰੀ ਖੇਤੀ ਮੰਤਰਾਲੇ ਵੱਲੋਂ ਜਾਰੀ ਕੀਤੇ ਗਏ ਲਿਖਤੀ ਵਾਅਦਾ ਪੱਤਰ ਦੀਆਂ ਸਾਰੀਆਂ ਮੰਗਾਂ ਤੇ ਨਵਾਂ ਖੇਤੀ ਮੰਡੀਕਰਨ ਨੀਤੀ ਖਰੜਾ ਸਾਰੇ ਸੂਬਿਆਂ ਵਿੱਚ ਰੱਦ ਕਰਨ ਦੀਆਂ ਬਿਲਕੁਲ ਹੱਕੀ ਮੰਗਾਂ ਲਈ ਲਗਾਤਾਰ ਸੰਘਰਸ਼ਸ਼ੀਲ ਹਨ। ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਗ੍ਰਿਫਤਾਰ ਕਿਸਾਨ ਆਗੂਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਤੇ ਕਿਸਾਨ ਸੰਘਰਸ਼ ਦੀਆਂ ਇਹ ਹੱਕੀ ਮੰਗਾਂ ਤੁਰੰਤ ਪੂਰੀਆਂ ਕੀਤੀਆਂ ਜਾਣ। ਕਿਸਾਨ ਆਗੂਆਂ ਨੇ ਸਮੂਹ ਕਿਸਾਨਾਂ ਮਜ਼ਦੂਰਾਂ ਤੇ ਸਾਮਰਾਜ ਪੱਖੀ ਨੀਤੀਆਂ ਦੇ ਝੰਬੇ ਮੁਲਾਜ਼ਮਾਂ, ਛੋਟੇ ਵਪਾਰੀਆਂ ਆਦਿ ਸਾਰੇ ਕਿਰਤੀ ਲੋਕਾਂ ਨੂੰ ਸਾਂਝੇ ਸੰਘਰਸ਼ਾਂ ਦੇ ਮੈਦਾਨ ਵਿੱਚ ਨਿੱਤਰਨ ਦਾ ਸੱਦਾ ਦਿੱਤਾ। ਇਸ ਮੌਕੇ ਬਲਜੀਤ ਸਿੰਘ, ਜਗਮੀਤ ਸਿੰਘ, ਸਰਦੂਲ ਸਿੰਘ, ਅਰਸ਼ਦੀਪ ਸਿੰਘ, ਸੁਖਮੰਦਰ ਸਿੰਘ, ਗੁਰਸੇਵਕ ਸਿੰਘ, ਪਾਲ ਸਿੰਘ, ਜਗਵੰਤ ਸਿੰਘ, ਸੁਖਪਾਲ ਸਿੰਘ ਆਦਿ ਹਾਜ਼ਰ ਸਨ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਦੇ ਸਾਰੇ ਹੀ ਜ਼ੋਨਾਂ ਦੀਆਂ ਵੱਖ-ਵੱਖ ਇਕਾਈਆਂ ਦੇ ਸੈਂਕੜੇ ਕਿਸਾਨਾਂ ਮਜ਼ਦੂਰਾਂ ਵੱਲੋਂ ਸ਼ੰਭੂ ਤੇ ਖਨੌਰੀ ਚੱਲ ਰਹੇ ਸ਼ਾਂਤਮਈ ਕਿਸਾਨੀ ਮੰਗਾਂ ਤੇ ਮੋਰਚਿਆਂ ਨੂੰ ਜਬਰੀ ਭਗਵੰਤ ਮਾਨ ਸਰਕਾਰ ਦੇ ਇਸ਼ਾਰੇ 'ਤੇ ਪੁਲਸ ਪ੍ਰਸ਼ਾਸਨ ਵੱਲੋਂ ਚੁੱਕਣ ਤੇ ਕੇਂਦਰ ਦੀ ਸਰਕਾਰ ਨਾਲ ਮੀਟਿੰਗ ਕਰਕੇ ਵਾਪਸ ਆ ਰਹੇ ਕਿਸਾਨ ਆਗੂਆਂ ਨੂੰ ਜਬਰੀ ਡਿਟੇਨ ਕਰਕੇ ਬੰਦ ਕਰਨ ਦੇ ਰੋਸ ਵਜੋਂ ਡੀ ਸੀ ਦਫਤਰ ਸ਼ਾਂਤਮਈ ਧਰਨਾ ਸ਼ੁਰੂ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਜ਼ਿਲ੍ਹਾ ਸਕੱਤਰ ਗੁਰਮੇਲ ਸਿੰਘ ਫੱਤੇਵਾਲਾ ਨੇ ਕਿਹਾ ਕਿ ਜਿਨ੍ਹਾਂ ਚਿਰ ਬਿਨਾਂ ਸ਼ਰਤ ਕਿਸਾਨ ਆਗੂਆਂ ਨੂੰ ਰਿਹਾਅ ਨਹੀਂ ਕੀਤਾ ਜਾਂਦਾ, ਉਨ੍ਹਾਂ ਸਮਾਂ ਮੋਰਚੇ ਨਿਰੰਤਰ ਜਾਰੀ ਰਹਿਣਗੇ ਤੇ ਆਉਣ ਵਾਲੇ ਦਿਨਾਂ ਵਿੱਚ ਜਥੇਬੰਦੀ ਦੇ ਫੋਰਮਾਂ ਵੱਲੋਂ ਮੀਟਿੰਗਾਂ ਕਰਕੇ ਸੰਘਰਸ਼ਾਂ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਭਗਵੰਤ ਮਾਨ ਸਰਕਾਰ ਦੀ ਹੋਵੇਗੀ। ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਵੱਲੋਂ ਜੋ ਕਿ ਆਮ ਲੋਕਾਂ ਦੀ ਸਰਕਾਰ ਹੋਣ ਦਾ ਹੋਕਾ ਦਿੰਦੀ ਹੈ, ਜਬਰੀ ਆਵਾਜ਼ ਨੂੰ ਦਬਾ ਕੇ ਕਾਰਪੋਰੇਟ ਘਰਾਣਿਆਂ ਦੇ ਮਨਸੂਬਿਆਂ ਨੂੰ ਸਫਲ ਬਣਾਉਣ ਲਈ ਤਤਪਰ ਹੈ, ਜੋ ਕਿ ਕਿਸਾਨ ਮਜ਼ਦੂਰ ਕਦੇ ਵੀ ਨਹੀਂ ਹੋਣ ਦੇਣਗੇ, ਚਾਹੇ ਆਪਣੀਆਂ ਜਾਨਾਂ ਦੀ ਅਹੂਤੀ ਹੀ ਕਿਉਂ ਨਾ ਦੇਣੀ ਪਵੇ।ਇਸ ਮੌਕੇ ਬਲਜਿੰਦਰ ਸਿੰਘ ਤਲਵੰਡੀ ਨਿਪਾਲਾਂ, ਧਰਮ ਸਿੰਘ ਸਿੱਧੂ, ਰਣਜੀਤ ਸਿੰਘ ਖੱਚਰ ਵਾਲਾ, ਅਮਰਜੀਤ ਸਿੰਘ ਕੱਚਰਭੰਨ, ਨਰਿੰਦਰ ਪਾਲ ਸਿੰਘ ਜਤਾਲਾ, ਸੁਰਜੀਤ ਸਿੰਘ ਫੌਜੀ, ਹਰਭੁਲ ਸਿੰਘ ਦੂਲੇਵਾਲਾ, ਬਲਰਾਜ ਸਿੰਘ, ਵੀਰ ਸਿੰਘ, ਰਸ਼ਪਾਲ ਸਿੰਘ, ਗੁਰਮੇਲ ਸਿੰਘ, ਗੁਰਬਖ਼ਸ਼ ਸਿੰਘ ਮੱਖਣ ਸਿੰਘ ਆਦਿ ਕਿਸਾਨ ਆਗੂ ਹਾਜ਼ਰ ਸਨ।



ਜਲਾਲਾਬਾਦ



ਫਿਰੋਜ਼ਪੁਰ



ਮੋਗਾ/ਬੱਧਨੀ ਕਲਾਂ



ਸੁਨਾਮ/ਊਧਮ ਸਿੰਘ ਵਾਲਾ



ਪਾਤੜਾਂ

**ਮੋਗਾ/ਬੱਧਨੀ ਕਲਾਂ (ਇਕਬਾਲ ਸਿੰਘ ਖਹਿਰਾ/ਲਵਲੀ)**-ਕਿਸਾਨੀ ਮੰਗਾਂ ਨੂੰ ਲੈ ਕੇ 13 ਮਹੀਨਿਆਂ ਤੋਂ ਸ਼ੰਭੂ ਖਨੌਰੀ ਸ਼ਾਂਤਮਈ ਮੋਰਚਿਆਂ ਵਿੱਚ ਬੈਠੇ ਕਿਸਾਨਾਂ ਦੇ ਆਗੂਆਂ ਨਾਲ ਸੱਤਵੇਂ ਗੇੜ ਦੀ ਗੱਲਬਾਤ ਤੋਂ ਬਾਅਦ ਉਨ੍ਹਾਂ ਨੂੰ ਚੰਡੀਗੜ੍ਹ ਬਾਰਡਰ 'ਤੇ ਗ੍ਰਿਫਤਾਰ ਕਰਨ ਤੇ ਮੋਰਚਿਆਂ 'ਚ ਸ਼ਾਮਲ ਕਿਸਾਨਾਂ ਨੂੰ ਪੁਲਸ ਜ਼ੋਰ ਦੇ ਉਠਾਉਣ ਖ਼ਿਲਾਫ਼ ਬੱਧਨੀ ਕਲਾਂ ਵਿੱਚ ਬੀਕੇਯੂ ਏਕਤਾ ਉਗਰਾਹਾਂ ਦੀ ਜ਼ਿਲ੍ਹਾ ਕਮੇਟੀ ਵੱਲੋਂ ਪੁਤਲਾ ਫੂਕਿਆ ਗਿਆ।ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋਕੇ, ਜਨਰਲ ਸਕੱਤਰ ਗੁਰਮੀਤ ਸਿੰਘ ਕਿਸ਼ਨਪੁਰਾ ਕਲਾਂ ਤੇ ਵਿੱਤ ਸਕੱਤਰ ਬਲੌਰ ਸਿੰਘ ਘੱਲ ਕਲਾਂ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੱਲ੍ਹ ਸ਼ੰਭੂ ਖਨੌਰੀ ਬਾਰਡਰ ਤੇ ਕਿਸਾਨਾਂ ਨੂੰ ਲਾਠੀਆਂ ਨਾਲ ਖਦੇੜਨ, ਭੰਨਤੋੜ ਵਰਗੇ ਹੋਰ ਜਾਬਰ ਹਥਕੰਡੇ ਨਾਲ ਮੋਰਚਿਆਂ ਨੂੰ ਉਖਾੜਿਆ ਗਿਆ ਤੇ ਔਰਤਾਂ, ਬੱਚਿਆਂ ਨੂੰ ਵੀ ਨਹੀਂ ਬਖਸ਼ਿਆ।ਜ਼ਿਲ੍ਹਾ ਆਗੂ ਜੰਗੀਰ ਸਿੰਘ ਹਿੰਮਤਪੁਰਾ ਨੇ ਦੋਸ਼ ਲਾਇਆ ਕਿ ਪਹਿਲਾਂ ਚੰਡੀਗੜ੍ਹ ਮੋਰਚੇ ਵੇਲੇ ਐੱਸ ਕੇ ਐੱਮ ਦੇ ਸੈਂਕੜੇ ਆਗੂਆਂ ਨੂੰ ਗ੍ਰਿਫਤਾਰ ਕਰਨ ਤੇ ਹੁਣ ਇਹ ਜਾਬਰ ਹੱਲਾ ਸਰਕਾਰਾਂ ਦਾ ਕਾਰਪੋਰੇਟ ਨੀਤੀਆਂ ਪ੍ਰਤੀ ਡੁੱਲ੍ਹ ਡੁੱਲ੍ਹ ਪੈਂਦੇ ਹੇਜ ਤੇ ਕਿਸਾਨਾਂ ਨਾਲ ਨੰਗੀ ਚਿੱਟੀ ਦੁਸ਼ਮਣੀ ਦਾ ਸਬੂਤ ਹੈ। ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਗ੍ਰਿਫਤਾਰ ਕਿਸਾਨ ਆਗੂਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਕਿਸਾਨ ਸੰਘਰਸ਼ ਦੀਆਂ ਇਹ ਹੱਕੀ ਮੰਗਾਂ ਤੁਰੰਤ ਪੂਰੀਆਂ ਕੀਤੀਆਂ ਜਾਣ।ਕਿਸਾਨ ਆਗੂਆਂ ਨੇ ਸਮੂਹ ਕਿਸਾਨਾਂ, ਮਜ਼ਦੂਰਾਂ ਤੇ ਸਾਮਰਾਜ ਪੱਖੀ ਨੀਤੀਆਂ ਦੇ ਝੰਬੇ ਮੁਲਾਜ਼ਮਾਂ, ਛੋਟੇ ਵਪਾਰੀਆਂ ਆਦਿ ਸਾਰੇ ਕਿਰਤੀ ਲੋਕਾਂ ਨੂੰ ਸਾਂਝੇ ਸੰਘਰਸ਼ਾਂ ਦੇ ਮੈਦਾਨ ਵਿੱਚ ਨਿੱਤਰਨ ਦਾ ਸੱਦਾ ਦਿੱਤਾ।ਮੀਟਿੰਗ ਵਿੱਚ 21 ਮਾਰਚ ਠੇਕਾ ਮੁਲਾਜ਼ਮ ਸੰਘਰਸ਼ ਮੋਰਚੇ ਦੀ ਖੰਨਾ ਰੈਲੀ ਵਿੱਚ ਸ਼ਾਮਲ ਹੋਣ, 23 ਮਾਰਚ ਦੇ ਸ਼ਹੀਦਾਂ ਦਾ ਪ੍ਰੋਗਰਾਮ ਮੋਗਾ ਡੀ ਸੀ ਦਫ਼ਤਰ ਮੂਹਰੇ ਮਨਾਉਣ ਤੇ 26 ਮਾਰਚ ਚੰਡੀਗੜ੍ਹ ਵਿੱਚ ਹਰ ਹਾਲਤ ਜਾਣ ਦਾ ਸੱਦਾ ਦਿੱਤਾ ਗਿਆ।ਇਸ ਸਮੇਂ ਬਲਾਕ ਬਾਘਾ ਪੁਰਾਣਾ ਦੇ ਪ੍ਰਧਾਨ ਗੁਰਦਾਸ ਸਿੰਘ ਸੇਖਾ, ਬਲਾਕ ਮੋਗਾ 2 ਦੇ ਇਕਬਾਲ ਸਿੰਘ ਸਿੰਘਾਂਵਾਲਾ, ਬਲਾਕ ਮੋਗਾ 1 ਲਖਵੀਰ ਸਿੰਘ ਚੜਿੱਕ, ਬਲਾਕ ਧਰਮਕੋਟ ਦੇ ਆਗੂ ਗੁਰਦੇਵ ਸਿੰਘ ਵਰ੍ਹੇ ਤੇ ਬਲਾਕ ਨਿਹਾਲ ਸਿੰਘ ਵਾਲਾ ਦੇ ਜਰਨਲ ਸਕੱਤਰ ਬੂਟਾ ਸਿੰਘ ਭਾਗੀਕੇ ਸਮੇਂ ਬਲਾਕਾਂ ਦੇ ਆਗੂ ਹਾਜ਼ਰ ਸਨ।

**ਸੁਨਾਮ ਊਧਮ ਸਿੰਘ ਵਾਲਾ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਸੰਗਰੂਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਡੂਆਂ ਦੀ ਅਗਵਾਈ ਹੇਠ ਹੋਈ ਮੀਟਿੰਗ ਨੂੰ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਨੇ ਵਿਸ਼ੇਸ਼ ਤੌਰ 'ਤੇ ਸੰਬੋਧਨ ਕੀਤਾ। ਇਸ ਮੌਕੇ ਆਉਣ ਵਾਲੇ ਸੰਘਰਸ਼ ਦੀ ਰੂਪ ਰੇਖਾ ਉਲੀਕੀ ਗਈ ਅਤੇ 23 ਮਾਰਚ ਨੂੰ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ, ਸੁਖਦੇਵ ਤੇ ਚੰਦਰਸ਼ੇਖਰ ਆਜ਼ਾਦ ਦਾ ਸ਼ਹੀਦੀ ਦਿਹਾੜਾ ਜ਼ਿਲ੍ਹਾ ਸੰਗਰੂਰ ਵੱਲੋਂ ਸੁਨਾਮ ਦੀ ਦਾਣਾ ਮੰਡੀ ਵਿੱਚ ਮਨਾਇਆ ਜਾਵੇਗਾ। ਇਸ ਮੌਕੇ ਆਗੂਆਂ ਨੇ ਕਿਹਾ ਕਿ 19 ਮਾਰਚ 25 ਨੂੰ ਕੇਂਦਰ ਸਰਕਾਰ ਨੇ ਬਾਰਡਰਾਂ 'ਤੇ ਬੈਠੇ ਕਿਸਾਨਾਂ ਨਾਲ ਮੀਟਿੰਗ ਰੱਖੀ ਸੀ, ਪਰ ਜਦੋਂ ਆਗੂ ਮੀਟਿੰਗ ਕਰਕੇ ਬਾਹਰ ਆਏ ਤਾਂ ਪੰਜਾਬ ਪੁਲਸ ਨੇ ਕਿਸਾਨ ਆਗੂਆਂ ਨੂੰ ਗ੍ਰਫਤਾਰ ਕਰ ਲਿਆ ਤੇ ਬਾਰਡਰਾਂ 'ਤੇ ਬੈਠੇ ਕਿਸਾਨਾਂ 'ਤੇ ਅੰਨ੍ਹਾ ਤਸ਼ੱਦਦ ਕੀਤਾ। ਇਸ ਲਈ ਪੁਲਸ ਦੇ ਇਸ ਜਬਰ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਸੂਬਾ ਪੱਧਰੀ ਮੌਕੇ 'ਤੇ ਜ਼ਿਲ੍ਹਾ ਸੰਗਰੂਰ ਵੱਲੋਂ ਸੁਨਾਮ ਵਿਖੇ ਰੋਸ ਮਾਰਚ ਕੀਤਾ ਗਿਆ ਅਤੇ ਆਈ ਟੀ ਆਈ ਚੌਕ ਵਿੱਚ ਪੰਜਾਬ ਸਰਕਾਰ ਦੀ ਅਰਥੀ ਸਾੜੀ ਗਈ ਅਤੇ ਇਸ ਜਬਰ ਦੀ ਸਖਤ ਨਿਖੇਧੀ ਕੀਤੀ ਗਈ। ਇਸ ਮੌਕੇ ਸੂਬਾ ਆਗੂ ਜਨਕ ਸਿੰਘ ਭੁਟਾਲ ਸੂਬਾ ਪ੍ਰਚਾਰਕ ਸਕੱਤਰ ਜਗਤਾਰ ਸਿੰਘ ਕਾਲਾ ਝਾੜ, ਜ਼ਿਲ੍ਹਾ ਆਗੂ ਦਰਬਾਰਾ ਸਿੰਘ ਛਾਜਲਾ, ਬਹਾਲ ਢੀਂਡਸਾ, ਦਰਸ਼ਨ ਚੰਗਾਲੀ ਵਾਲਾ, ਬਲਾਕ ਸੁਨਾਮ ਦੇ ਪ੍ਰਧਾਨ ਜਸਵੰਤ ਸਿੰਘ ਤੋਲਾਵਾਲ, ਬਲਾਕ ਆਗੂ ਮਨਜੀਤ ਸਿੰਘ ਘਰਾਚੋਂ, ਹਰਜੀਤ ਸਿੰਘ ਮਹਿਲਾਂ, ਹਰਬੰਸ ਲੱਡਾ, ਹਰਸੇਵਕ ਲੇਲ ਕਲਾਂ, ਰਿੰਕੂ ਮੂਨਕ, ਰਣਜੀਤ ਲੌਂਗੋਵਾਲ ਆਦਿ ਹਾਜ਼ਰ ਸਨ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕਿਸਾਨਾਂ ਉੱਤੇ ਕੀਤੇ ਗਏ ਜਬਰ ਦੇ ਵਿਰੋਧ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਵਿੱਚ ਪੁਤਲਾ ਫੂਕ ਮੁਜ਼ਾਹਰਾ ਕੀਤਾ ਗਿਆ। ਇਸ ਦੌਰਾਨ ਇਕੱਤਰ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਕੇਂਦਰ ਤੇ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਪ੍ਰਧਾਨ ਅਮਰੀਕ ਸਿੰਘ ਘੱਗਾ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਕਿਸਾਨਾਂ ਦਾ ਹਿਤੈਸ਼ੀ ਹੋਣ ਦਾ ਦਮ ਭਰਦਾ ਸੀ, ਪਰ ਆਪਣੀਆਂ ਮੰਗਾਂ ਦੇ ਹੱਕ ਵਿੱਚ ਪ੍ਰਦਰਸ਼ਨ ਕਰਨ ਵਾਲੇ ਕਿਸਾਨਾਂ 'ਤੇ ਜਬਰੀ ਕਾਰਵਾਈ ਕਰਨ ਨੇ ਸਰਕਾਰ ਦਾ ਮਖੌਟਾ ਲਾ ਕੇ ਰੱਖ ਦਿੱਤਾ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਪੁਲਸ ਵੱਲੋਂ ਕੀਤੇ ਗਏ ਜਬਰ ਦੌਰਾਨ ਗ੍ਰਿਫਤਾਰ ਕੀਤੇ ਗਏ ਕਿਸਾਨਾਂ ਨੂੰ ਜਲਦ ਤੋਂ ਜਲਦ ਰਿਹਾਅ ਕੀਤਾ ਜਾਵੇ, ਨਹੀਂ ਤਾਂ ਕਿਸਾਨ ਜਥੇਬੰਦੀਆਂ ਇਕਜੁੱਟ ਹੋ ਕੇ ਵੱਡਾ ਸੰਘਰਸ਼ ਸ਼ੁਰੂ ਕਰਨ ਲਈ ਮਜਬੂਰ ਹੋਣਗੀਆਂ।

# ਨਾਟਕਕਾਰ ਅਜਮੇਰ ਔਲਖ ਦੀ ਯਾਦ 'ਚ 28ਵਾਂ ਕਲਾ ਕਿਤਾਬ ਮੇਲਾ ਭਲਕ ਤੋਂ

## *ਮੇਲੇ 'ਚ ਚਾਰ ਨਾਟਕਾਂ ਦੀ ਹੋਵੇਗੀ ਪੇਸ਼ਕਾਰੀ : ਪ੍ਰਿੰ. ਦਰਸ਼ਨ ਸਿੰਘ*

**ਮਾਨਸਾ (ਆਤਮਾ ਸਿੰਘ ਪਮਾਰ)**-ਸ਼ਹੀਦ ਭਗਤ ਸਿੰਘ ਕਲਾ ਮੰਚ ਪੰਜਾਬ ਵੱਲੋਂ ਭਾਰਤੀ ਸਾਹਿਤ ਅਕਾਦਮੀ, ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਤੇ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੇ ਸਹਿਯੋਗ ਨਾਲ ਵਿਸ਼ਵ ਰੰਗਮੰਚ, ਭਗਤ ਸਿੰਘ, ਰਾਜਗੁਰੂ, ਸੁਖਦੇਵ ਤੇ ਜੁਝਾਰਵਾਦੀ ਕਵੀ ਅਵਤਾਰ ਪਾਸ਼ ਦੇ ਸ਼ਹੀਦੀ ਦਿਵਸ ਮੌਕੇ ਨਾਟਕਕਾਰ ਅਜਮੇਰ ਸਿੰਘ ਔਲਖ ਦੀ ਯਾਦ ਨੂੰ ਸਮਰਪਤ 28ਵਾਂ ਕਲਾ ਕਿਤਾਬ ਮੇਲਾ 22, 23 ਤੇ 24 ਮਾਰਚ ਨੂੰ ਮਾਤਾ ਸੁੰਦਰੀ ਯੂਨੀਵਰਸਿਟੀ ਗਰਲਜ਼ ਕਾਲਜ ਮਾਨਸਾ ਵਿਖੇ ਕਰਵਾਇਆ ਜਾ ਰਿਹਾ ਹੈ। ਤਿੰਨ ਦਿਨ ਤੇ ਤਿੰਨ ਰਾਤਾਂ ਚੱਲਣ ਵਾਲੇ ਇਸ ਮੇਲੇ ਵਿੱਚ ਵੱਖ-ਵੱਖ ਟੀਮਾਂ ਵੱਲੋਂ ਚਾਰ ਨਾਟਕਾਂ ਦੀ ਪੇਸ਼ਕਾਰੀ ਕੀਤੀ ਜਾਵੇਗੀ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਲਾ ਮੰਚ ਦੇ ਸਰਪ੍ਰਸਤ ਪ੍ਰਿੰਸੀਪਲ ਦਰਸ਼ਨ ਸਿੰਘ ਵੱਲੋਂ ਕੀਤਾ ਗਿਆ।

ਪ੍ਰਿੰ. ਦਰਸ਼ਨ ਸਿੰਘ ਨੇ ਦੱਸਿਆ ਕਿ 22 ਮਾਰਚ ਮੇਲੇ ਦੀ ਪਹਿਲੀ ਸ਼ਾਮ ਨੂੰ ਸੱਤ ਵਜੇ ਰੂਪਕ ਕਲਾ ਤੇ ਵੈੱਲਫੇਅਰ ਸੁਸਾਇਟੀ ਮੋਹਾਲੀ ਵੱਲੋਂ ਸੰਗੀਤਾ ਗੁਪਤਾ ਦੀ ਨਿਰਦੇਸ਼ਨਾ ਹੇਠ ਵੀਨਾ ਵਰਮਾ ਦੀਆਂ ਕਹਾਣੀਆਂ 'ਤੇ ਅਧਾਰਤ ਨਾਟਕ 'ਬੋਲ ਕਿਉਂ ਲਬ ਖਾਮੋਸ਼ ਹੈਂ ਤੇਰੇ' ਖੇਡਿਆ ਜਾਵੇਗਾ।ਦੂਸਰੇ ਦਿਨ ਆਗਾਜ਼ ਡਰਾਮੈਟਿਕਸ ਚੰਡੀਗੜ੍ਹ ਦੀ ਟੀਮ ਵੱਲੋਂ ਪਰਵਾਜ਼ ਤੇ ਲਵੇਸ਼ ਦੀ ਨਿਰਦੇਸ਼ਨਾ ਹੇਠ ਅਵਤਾਰ ਪਾਸ਼ ਦੀਆਂ ਕਵਿਤਾਵਾਂ 'ਤੇ ਅਧਾਰਤ ਨਾਟਕ 'ਪ੍ਰਸ਼ਨ-ਚਿੰਨ੍ਹ' ਤੇ ਸਿਰਜਣਾ ਆਰਟ ਗਰੁੱਪ ਰਾਏਕੋਟ ਵੱਲੋਂ ਡਾ. ਕੁਲਦੀਪ ਦੀਪ ਦਾ ਲਿਖਿਆ ਇੱਕ ਪਾਤਰੀ ਨਾਟਕ ਸੋਮਪਾਲ ਹੀਰਾ ਦੀ ਨਿਰਦੇਸ਼ਨਾ ਹੇਠ ਪੇਸ਼ ਕੀਤਾ ਜਾਵੇਗਾ।ਇਸੇ ਤਰ੍ਹਾਂ ਨਾਟਕ ਮੇਲੇ ਦੇ ਅੰਤਿਮ ਦਿਨ ਨਾਦ ਰੰਗਮੰਚ ਪਟਿਆਲਾ ਦੀ ਟੀਮ ਵੱਲੋਂ ਲੇਖਕ ਤੇ ਨਿਰਦੇਸ਼ਕ ਬਲਵਿੰਦਰ ਬੁਲਟ ਦਾ ਨਾਟਕ 'ਬੋਲ ਮਿੱਟੀ ਦਿਆ ਬਾਵਿਆ' ਦਾ ਮੰਚਨ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਮਾਨਸਾ ਸ਼ਹਿਰ ਤੇ ਆਸ-ਪਾਸ ਦੇ ਪਿੰਡਾਂ ਦੀਆਂ ਪੰਚਾਇਤਾਂ, ਸਮਾਜਿਕ ਸੰਸਥਾਵਾਂ, ਯੂਥ ਕਲੱਬਾਂ, ਕਿਸਾਨਾਂ, ਮਜ਼ਦੂਰਾਂ, ਅਧਿਆਪਕਾਂ ਤੇ ਵਿਦਿਆਰਥੀ ਜਥੇਬੰਦੀਆਂ ਨੂੰ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਨ ਦੀ ਅਪੀਲ ਕੀਤੀ।ਇਸ ਸਮੇਂ ਮੇਲੇ ਦੀ ਪ੍ਰਬੰਧਕ ਕਮੇਟੀ ਦੇ ਆਗੂ ਤੇ ਵੱਡੀ ਗਿਣਤੀ 'ਚ ਸਾਹਿਤ ਪ੍ਰੇਮੀ ਵੀ ਹਾਜ਼ਰ ਸਨ।

# ਦੇਸ਼ ਦੇ ਅੰਨਦਾਤੇ ਦੇ ਭਵਿੱਖ ਤੇ ਜ਼ਮੀਨਾਂ ਨੂੰ ਬਚਾਉਣ ਲਈ ਸਾਂਝੇ ਘੋਲ ਸਮੇਂ ਦੀ ਲੋੜ : ਚੌਹਾਨ/ਕਿਸ਼ਨਗੜ੍ਹ

## ਮੁਜ਼ਾਰਾ ਲਹਿਰ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਤ ਕਿਸ਼ਨਗੜ੍ਹ 'ਚ ਕਾਨਫਰੰਸ



**ਬਰੇਟਾ (ਰੀਤਵਾਲ)**-ਪੈਪਸੂ ਮੁਜ਼ਾਰਾ ਲਹਿਰ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਤ ਸ਼ਹੀਦੀ ਕਾਨਫਰੰਸ ਕਿਸ਼ਨਗੜ੍ਹ ਵਿਖੇ ਕਾਮਰੇਡ ਰੂਪ ਸਿੰਘ ਢਿੱਲੋਂ, ਭੂਰਾ ਸਿੰਘ ਤੇ ਕੁਲਵੰਤ ਸਿੰਘ ਜੇ ਈ ਦੇ ਪ੍ਰਧਾਨਗੀ ਮੰਡਲ ਹੇਠ ਇਨਕਲਾਬੀ ਜੋਸ਼ੋ ਖਰੋਸ਼ ਨਾਲ ਸੀ ਪੀ ਆਈ ਦੇ ਜ਼ਿਲ੍ਹਾ ਸਹਾਇਕ ਸਕੱਤਰ ਸੀਤਾ ਰਾਮ ਗੋਬਿੰਦਪੁਰਾ ਦੀ ਅਗਵਾਈ ਹੇਠ ਕੀਤੀ ਗਈ। ਇਨਕਲਾਬੀ ਨਾਹਰਿਆਂ ਦੀ ਗੂੰਜ ਵਿੱਚ ਝੰਡਾ ਚੜ੍ਹਾਇਆ ਗਿਆ।ਕਾਨਫਰੰਸ ਮੌਕੇ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕ੍ਰਿਸ਼ਨ ਸਿੰਘ ਚੌਹਾਨ, ਬੀ ਕੇ ਯੂ ਧਨੇਰ ਦੇ ਸੂਬਾ ਆਗੂ ਕੁਲਵੰਤ ਸਿੰਘ ਕਿਸ਼ਨਗੜ੍ਹ ਤੇ ਸੀ ਪੀ ਆਈ ਦੇ ਸੀਤਾਰਾਮ ਗੋਬਿੰਦਪੁਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦਾਂ ਦੀ ਯਾਦ 'ਤੇ 75ਵੀਂ ਕਾਨਫਰੰਸ ਮੌਕੇ ਸਾਨੂੰ ਸਾਡੇ ਇਤਿਹਾਸ 'ਤੇ ਝਾਤ ਮਾਰਨ ਦੀ ਲੋੜ ਹੈ, ਕਿਉਂਕਿ ਤੀਹਰੀ ਗੁਲਾਮੀ ਤੋਂ ਨਿਜ਼ਾਤ ਪਾਉਣ ਲਈ 784 ਪਿੰਡਾਂ ਦੇ ਮੁਜ਼ਾਰਿਆਂ ਨੂੰ ਘੱਟ ਨੁਕਸਾਨ ਤੇ ਵੱਡੀ ਪ੍ਰਾਪਤੀ ਸੰਘਰਸ਼ ਜ਼ਰੀਏ ਕੀਤੀ ਗਈ ਸੀ, ਪ੍ਰੰਤੂ ਹੁਣ ਸਮੇਂ ਦੀਆਂ ਸਰਕਾਰਾਂ ਅੰਨਦਾਤੇ ਤੋਂ ਜ਼ਮੀਨਾਂ ਖੋਹ ਕੇ ਕਾਰਪੋਰੇਟ ਘਰਾਣਿਆਂ ਨੂੰ ਕੌਡੀਆਂ ਦੇ ਭਾਅ ਦੇਣ ਲਈ ਕਾਲੇ ਕਾਨੂੰਨਾਂ ਦਾ ਸਹਾਰਾ ਲੈ ਰਹੀਆਂ ਹਨ,ਜਿਸ ਖਿਲਾਫ ਸਾਂਝੇ ਘੋਲ ਸਮੇਂ ਦੀ ਮੁੱਖ ਲੋੜ ਹੈ।ਬੀ ਕੇ ਯੂ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਲਛਮਣ ਸਿੰਘ ਚੱਕ ਅਲੀ ਸ਼ੇਰ, ਬੀ ਕੇ ਯੂ ਧਨੇਰ ਦੇ ਲਖਵੀਰ ਸਿੰਘ ਅਕਲੀਆਂ, ਕੁੱਲ ਹਿੰਦ ਕਿਸਾਨ ਸਭਾ ਦੇ ਮਲਕੀਤ ਸਿੰਘ ਮੰਦਰਾਂ, ਜਮਹੂਰੀ ਕਿਸਾਨ ਸਭਾ ਦੇ ਅਮਰੀਕ ਸਿੰਘ ਫਫੜੇ, ਬੀ ਕੇ ਯੂ ਅਜ਼ਾਦ ਜਰਨੈਲ ਸਿੰਘ ਕਿਸ਼ਨਗੜ੍ਹ, ਇਨਕਲਾਬੀ ਕੇਂਦਰ ਦੇ ਤਾਰਾ ਚੰਦ ਬਰੇਟਾ ਆਦਿ ਆਗੂਆਂ ਨੇ ਨਵੇਂ ਖੇਤੀਬਾੜੀ ਮਾਰਕੀਟਿੰਗ ਖਰੜੇ ਦੇ ਵਿਰੋਧ ਦਾ ਸੱਦਾ ਦਿੰਦਿਆਂ ਕਿਹਾ ਕਿ ਕੇਂਦਰੀ ਤੇ ਸੂਬਾਈ ਸਰਕਾਰਾਂ ਕਾਰਪੋਰੇਟ ਪੱਖੀ ਨੀਤੀਆਂ ਨੂੰ ਲਾਗੂ ਕਰਨ ਲਈ ਤੱਤਪਰ ਹਨ, ਜਿਨ੍ਹਾਂ ਖਿਲਾਫ ਸੰਘਰਸ਼ ਜਾਰੀ ਰਹੇਗਾ।ਇਸ ਮੌਕੇ ਕਿਸਾਨ ਮਜ਼ਦੂਰਾਂ ਦੇ ਕਰਜ਼ ਮੁਆਫੀ, ਨਸ਼ੇ, ਲੁੱਟਾਂ-ਖੋਹਾਂ, ਕਤਲੇਆਮ ਖਿਲਾਫ ਸਮੇਤ ਮੰਗਾਂ 'ਤੇ ਸਰਕਾਰ ਨੂੰ ਫੌਰੀ ਕਾਰਵਾਈ ਦੀ ਮੰਗ ਕੀਤੀ ਗਈ।ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 26 ਮਾਰਚ ਨੂੰ ਵਿਧਾਨ ਸਭਾ ਦੇ ਅਜਲਾਸ ਮੌਕੇ ਚੰਡੀਗੜ੍ਹ ਜਾਣ ਦੀ ਅਪੀਲ ਕੀਤੀ।ਕਾਨਫਰੰਸ ਦੌਰਾਨ ਔਰਤ ਆਗੂ ਮਨਜੀਤ ਕੌਰ ਗਾਮੀਵਾਲਾ ਕਤਲ ਕਾਂਡ ਵਿੱਚ ਸੱਚ ਨੂੰ ਉਜਾਗਰ ਕਰਨ ਲਈ ਸਿੱਟ ਬਣਾਉਣ ਤੇ ਇਨਸਾਫ਼ ਦੀ ਮੰਗ ਕੀਤੀ।ਇਸ ਮੌਕੇ ਮਸ਼ਹੂਰ ਕਵਿਸ਼ਰੀ ਜੱਥਾ ਸਵਰਨ ਸਿੰਘ ਰਸੂਲਪੁਰ ਤੇ ਲੋਕ ਪੱਖੀ ਗਾਇਕ ਮੇਲਾ ਸਿੰਘ ਨੇ ਲੋਕ ਪੱਖੀ ਗੀਤ ਪੇਸ਼ ਕੀਤੇ ਗਏ।ਇਸ ਮੌਕੇ ਹੋਰਨਾਂ ਤੋਂ ਕਾਮਰੇਡ ਧਰਮ ਸਿੰਘ ਫੱਕਰ ਦੇ ਪੋਤਰੇ ਬਲਵੰਤ ਸਿੰਘ ਦਲੇਲ ਸਿੰਘ ਵਾਲਾ, ਬੰਤ ਸਿੰਘ ਅਲੀਸ਼ੇਰ ਦੇ ਬੇਟੇ ਲਛਮਣ ਸਿੰਘ ਅਲੀਸ਼ੇਰ, ਗਿੰਦਰ ਸਿੰਘ, ਰਿੰਪੀ ਸਿੰਘ, ਗੁਰਜੰਟ ਸਿੰਘ ਬਰੇਟਾ ਨੌਜਵਾਨ ਆਗੂ, ਵੇਦ ਪ੍ਰਕਾਸ਼ ਬਰੇਟਾ, ਪਵਨ ਬੁਢਲਾਡਾ, ਸੁਲੱਖਣ ਸਿੰਘ, ਪਤਲਾ ਸਿੰਘ, ਜਗਦੀਸ਼ ਪਾਪੜਾ, ਮੱਖਣ ਸਿੰਘ ਭੈਣੀ ਬਾਘਾ ਆਦਿ ਆਗੂਆਂ ਨੇ ਸੰਬੋਧਨ ਕੀਤਾ।

# ਕੇਂਦਰੀ ਜੇਲ੍ਹ 'ਚੋਂ ਮੋਬਾਇਲ ਤੇ ਨਸ਼ੀਲੇ ਪਦਾਰਥ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਵਿੱਚੋਂ ਤਲਾਸ਼ੀ ਦੌਰਾਨ 1 ਮੋਬਾਇਲ ਫੋਨ ਤੇ ਨਸ਼ੀਲੇ ਪਦਾਰਥ ਬਰਾਮਦ ਹੋਏ ਹਨ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਇੱਕ ਕੈਦੀ ਤੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਦੇਵ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 1689 ਰਾਹੀਂ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਉਹ ਬੀਤੇ ਦਿਨ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਦੇ ਤਲਾਸ਼ੀ ਦੌਰਾਨ ਕੈਦੀ ਹਰਿੰਦਰ ਵਧਵਾ ਉਰਫ ਹੈਪੀ ਪੁੱਤਰ ਜਨਕ ਰਾਜ ਵਾਸੀ ਗਲੀ ਨੰਬਰ 5 ਰਾਧਾ ਸਵਾਮੀ ਕਾਲੋਨੀ ਫਾਜ਼ਿਲਕਾ, ਥਾਣਾ ਫਾਜ਼ਿਲਕਾ ਦੇ ਵਿਛੇ ਬਿਸਤਰੇ ਵਿੱਚੋਂ ਐੱਨ ਐੱਲ ਜੇ ਡੀ ਮਸ਼ੀਨ ਦੀ ਮੱਦਦ ਨਾਲ 1 ਮੋਬਾਇਲ ਫੋਨ ਕੀਪੈਡ ਸਮੇਤ ਬੈਟਰੀ ਤੇ ਸਿੰਮ ਕਾਰਡ ਅਤੇ ਚਿੱਟੇ ਰੰਗ ਦੀਆਂ ਟੁੱਟੀਆਂ, ਪੀਸੀਆਂ ਹੋਈਆਂ ਨਸ਼ੀਲੀਆਂ ਜਾਪਦੀਆਂ ਗੋਲੀਆਂ ਬਰਾਮਦ ਹੋਈਆਂ। ਸਹਾਇਕ ਥਾਣੇਦਾਰ ਗੁਰਦੇਵ ਸਿੰਘ ਨੇ ਦੱਸਿਆ ਕਿ ਇਕ ਹੋਰ ਪੱਤਰ ਨੰਬਰ 1831 ਰਾਹੀਂ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 16 ਮਾਰਚ 2025 ਨੂੰ ਕੇਂਦਰੀ ਜੇਲ੍ਹ ਫਿਰੋਜ਼ਪੁਰ ਦੇ ਬਾਹਰੋਂ ਕਿਸੇ ਅਣਪਛਾਤੇ ਵਿਅਕਤੀ ਵੱਲੋਂ 6 ਪੀਲੇ ਰੰਗ ਦੀ ਟੇਪ ਵਿੱਚ ਲਿਪਟੇ ਫੈਂਕੇ (ਥਰੋ) ਕੀਤੇ ਬਰਾਮਦ ਹੋਏ, ਜਿਨ੍ਹਾਂ ਵਿੱਚੋਂ 81 ਕੌਫੀ ਰੰਗ ਦੇ ਕੈਪਸੂਲ ਨਸ਼ੀਲੇ ਜਾਪਦੇ ਤੇ 40 ਪੁੜੀਆਂ ਜਰਦਾ (ਤੰਬਾਕੂ) ਬਰਾਮਦ ਹੋਇਆ।

# ਕਲਿਆਣ ਰਜਬਾਹੇ 'ਚ ਚੱਲ ਰਹੇ ਪਾਣੀ ਨੂੰ ਕਿਸਾਨਾਂ ਵੱਲੋਂ ਬੰਦ ਕਰਨ ਦੀ ਮੰਗ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਕਲਿਆਣ ਰਜਬਾਹੇ ਵਿੱਚ ਚੱਲ ਰਿਹਾ ਤੇਜ਼ ਨਹਿਰੀ ਪਾਣੀ ਕਿਸਾਨਾਂ ਲਈ ਭਾਰੀ ਸਿਰਦਰਦੀ ਬਣਿਆ ਹੋਇਆ ਹੈ।ਇਹ ਜਾਣਕਾਰੀ ਭਾਕਿਯੂ ਡਕੌਂਦਾ ਦੇ ਆਗੂ ਗੁਰਪ੍ਰੀਤ ਸਿੰਘ ਸਹਿਜੜਾ, ਮਨਪ੍ਰੀਤ ਸਿੰਘ ਠੀਕਰੀਵਾਲਾ, ਕੇਵਲ ਸਿੰਘ, ਚਰਨ ਸਿੰਘ ਧਾਲੀਵਾਲ, ਅਮਰੀਕ ਸਿੰਘ, ਰਣਜੋਧ ਸਿੰਘ, ਜਗਸੀਰ ਸਿੰਘ ਧਾਲੀਵਾਲ ਨੇ ਸਾਂਝੇ ਤੌਰ 'ਤੇ ਦਿੱਤੀ।

ਕਿਸਾਨਾਂ ਦਾ ਕਹਿਣਾ ਹੈ ਕਿ ਕਣਕ ਦੀ ਫਸਲ ਪੱਕਣ 'ਤੇ ਆਈ ਹੋਣ ਕਰਕੇ ਜ਼ਿਆਦਾ ਪਾਣੀ ਦੀ ਵਰਤੋਂ ਨਹੀਂ ਹੋ ਰਹੀ।ਕਲਿਆਣ ਰਜਬਾਹੇ ਦਾ ਪਾਣੀ ਜ਼ਿਆਦਾ ਆਉਣ ਨਾਲ ਫ਼ਸਲ ਦਾ ਨੁਕਸਾਨ ਹੋਣ ਦਾ ਡਰ ਬਣਿਆ ਹੋਇਆ ਹੈ।ਕਿਸਾਨਾਂ ਨੇ ਮੰਗ ਕੀਤੀ ਕਿ ਇਸ ਨਹਿਰੀ ਪਾਣੀ ਨੂੰ ਬੰਦ ਕੀਤਾ ਜਾਵੇ, ਕਿਉਂਕਿ ਰਜਬਾਹੇ ਦਾ ਸਾਰਾ ਪਾਣੀ ਇੱਕ ਖਾਲ਼ ਵਿੱਚ ਦੀ ਲੰਘ ਰਿਹਾ ਹੈ।ਇਹ ਇਕੱਲਾ ਖਾਲ ਹੀ ਚਲਦਾ ਹੈ।ਬਾਕੀ ਖਾਲ ਬੰਦ ਹਨ, ਕਿਉਂਕਿ ਇਨ੍ਹਾਂ ਦਿਨਾਂ ਵਿੱਚ ਕਣਕ ਦੀ ਫ਼ਸਲ ਨੂੰ ਘੱਟ ਪਾਣੀ ਲਾਉਣ ਦੀ ਲੋੜ ਪੈਂਦੀ ਹੈ।ਕਿਸਾਨਾਂ ਨੇ ਦੱਸਿਆ ਕਿ ਕਈ ਥਾਈਂ ਖਾਲ ਟੁੱਟੇ ਹੋਣ ਤੇ ਨਹਿਰੀ ਪਾਣੀ ਦੀ ਸਪਲਾਈ ਜ਼ਿਆਦਾ ਹੋਣ ਕਾਰਨ ਕਣਕ ਦੀ ਫ਼ਸਲ ਦਾ ਨੁਕਸਾਨ ਹੋ ਰਿਹਾ ਹੈ।

ਪੀੜਤ ਕਿਸਾਨਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਹੈ ਕਿ ਕਲਿਆਣ ਰਜਬਾਹੇ ਦਾ ਪਾਣੀ ਬੰਦ ਕਰ ਕੇ ਟੁੱਟੇ ਹੋਏ ਖਾਲ ਮੁਰੰਮਤ ਕਰਵਾਏ ਜਾਣ ਤਾਂ ਜੋ ਕਿਸਾਨਾਂ ਦੀ ਮੁਸ਼ਕਲ ਦਾ ਹੱਲ ਹੋ ਸਕੇ।

# ਕੈਬਨਿਟ ਮੰਤਰੀ ਵੱਲੋਂ ਮਲੋਟ ਨੂੰ ਵੈਲਕਮ ਟੂ ਮਲੋਟ ਪ੍ਰੋਜੈਕਟ ਦਾ ਤੋਹਫਾ

## ਤਿੰਨ ਸਾਲਾਂ 'ਚ ਮਲੋਟ ਦੇ ਵਿਕਾਸ ਨੂੰ ਮਿਲੀ ਨਵੀਂ ਦਿਸ਼ਾ : ਡਾ. ਬਲਜੀਤ ਕੌਰ




**ਮਲੋਟ (ਗੁਰਮੀਤ ਸਿੰਘ ਮੱਕੜ)**-ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਆਪਣੇ ਵਿਧਾਨ ਸਭਾ ਹਲਕੇ ਵਿੱਚ ਮਲੋਟ ਸ਼ਹਿਰ ਨੂੰ ਇੱਕ ਸੌਗਾਤ ਦਿੰਦਿਆਂ ਵੈਲਕਮ ਟੂ ਮਲੋਟ ਪ੍ਰੋਜੈਕਟ ਦਾ ਉਦਘਾਟਨ ਕੀਤਾ। ਸ਼ਹਿਰ ਦੇ ਬਠਿੰਡਾ ਚੌਕ ਵਿੱਚ ਜਿੱਥੇ ਅਬੋਹਰ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ ਤੇ ਬਠਿੰਡਾ ਤੋਂ ਸ਼ਹਿਰ ਵਿੱਚ ਦਾਖਲ ਹੋਇਆ ਜਾਂਦਾ ਹੈ, ਉੱਥੇ ਇੱਕ ਸ਼ਾਨਦਾਰ ਸਵਾਗਤੀ ਪਾਰਕ ਬਣਾਇਆ ਗਿਆ ਹੈ। ਇਸ ਮੌਕੇ ਸ੍ਰ. ਦਲਜੀਤ ਸਿੰਘ ਨਿਗਰਾਨ ਇੰਜੀਨੀਅਰ ਪੰਜਾਬ ਰਾਜ ਬਿਜਲੀ ਨਿਗਮ ਵੀ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਨਾਲ ਹਾਜ਼ਰ ਰਹੇ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਇਸ ਦਾ ਉਦਘਾਟਨ ਕਰਦਿਆਂ ਕਿਹਾ ਕਿ ਤਿੰਨ ਸਾਲ ਪਹਿਲਾਂ ਮਲੋਟ ਇਲਾਕੇ ਦੇ ਲੋਕਾਂ ਨੇ ਉਨ੍ਹਾਂ ਨੂੰ ਸੇਵਾ ਦਾ ਮੌਕਾ ਦਿੱਤਾ ਸੀ ਤੇ ਉਹ ਲਗਾਤਾਰ ਹਲਕੇ ਦੇ ਵਿਕਾਸ ਲਈ ਯਤਨਸ਼ੀਲ ਹਨ। ਉਨ੍ਹਾਂ ਇਸ ਪ੍ਰੋਜੈਕਟ ਦੀ ਸਥਾਪਨਾ ਵਿੱਚ ਸਹਿਯੋਗ ਲਈ ਆਈ ਸੀ ਆਈ ਸੀ ਆਈ ਬੈਂਕ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜਦ ਅਸੀਂ ਨਿੱਜ ਤੋਂ ਉੱਪਰ ਉੱਠ ਕੇ ਸਮਾਜ ਲਈ ਕੰਮ ਕਰਦੇ ਹਾਂ ਤਾਂ ਇਹ ਇੱਕ ਸ਼ਲਾਘਾਯੋਗ ਕਾਰਜ ਬਣ ਜਾਂਦਾ ਹੈ। ਉਨ੍ਹਾਂ ਮਲੋਟ ਤੋਂ ਸ੍ਰੀ ਮੁਕਤਸਰ ਸਾਹਿਬ ਸੜਕ ਦੇ ਹੋਏ ਨਿਰਮਾਣ ਦਾ ਜ਼ਿਕਰ ਕਰਦਿਆਂ ਕਿਹਾ ਕਿ ਲਗਭਗ ਦੋ ਦਹਾਕਿਆਂ ਤੋਂ ਲਟਕੇ ਹੋਏ ਪ੍ਰੋਜੈਕਟ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦੀ ਪਹਿਲਕਦਮੀ ਨਾਲ ਪੂਰਾ ਕਰਵਾਇਆ ਗਿਆ ਹੈ। ਉਨ੍ਹਾਂ ਆਖਿਆ ਕਿ ਮਲੋਟ ਸ਼ਹਿਰ ਨੂੰ ਸੁੰਦਰ ਤੇ ਸਵੱਛ ਬਣਾਉਣ ਲਈ ਵਿਸ਼ੇਸ਼ ਉਪਰਾਲਿਆਂ ਦੀ ਲੜੀ ਤਹਿਤ ਸ਼ਹਿਰ ਦੇ ਵੱਡੇ ਹਿੱਸੇ ਵਿੱਚ ਸੀਵਰੇਜ ਦਾ ਕੰਮ ਮੁਕੰਮਲ ਹੋ ਗਿਆ ਹੈ, ਜਦਕਿ ਰਹਿੰਦਾ ਕੰਮ ਵੀ ਅਗਲੇ ਵਿੱਤੀ ਸਾਲ ਦੌਰਾਨ ਪੂਰਾ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿੱਚੋਂ ਲੰਘਦੀ ਰੇਲਵੇ ਲਾਈਨ ਹੇਠੋਂ ਅੰਡਰ ਬ੍ਰਿਜ ਬਣਾਉਣ ਦਾ ਕੰਮ ਵੀ ਜਲਦੀ ਸ਼ੁਰੂ ਹੋਵੇਗਾ, ਜਦੋਂਕਿ ਸ਼ਹਿਰ ਦੀ ਟੈਕਨੀਕਲ ਸਿੱਖਿਆ ਸੰਸਥਾ ਮਿਮਿਟ ਨੂੰ ਮਜ਼ਬੂਤ ਕੀਤਾ ਗਿਆ ਹੈ। ਉਹਨਾਂ ਨੇ ਕਿਹਾ ਕਿ ਆਉਣ ਵਾਲੇ ਵਿੱਤੀ ਸਾਲ ਵਿੱਚ ਸ਼ਹਿਰ ਦੇ ਵਿਕਾਸ ਲਈ ਕਈ ਨਵੇਂ ਪ੍ਰੋਜੈਕਟ ਆਉਣਗੇ। ਇਸ ਮੌਕੇ ਸ਼ਹਿਰ ਵਾਸੀਆਂ ਨੇ ਇਸ ਪ੍ਰੋਜੈਕਟ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਮਲੋਟ ਸ਼ਹਿਰ ਦੀ ਦਿੱਖ ਨਿਖਾਰਨ ਵਾਲਾ ਪ੍ਰੋਜੈਕਟ ਹੈ। ਇਸ ਮੌਕੇ ਆਈਸੀਆਈਸੀਆਈ ਬੈਂਕ ਦੇ ਜ਼ੋਨਲ ਹੈੱਡ ਕੋਮਲ ਸ਼ਰਮਾ, ਖੇਤਰੀ ਹੈੱਡ ਮਾਨਵਪ੍ਰੀਤ ਤੇ ਸਥਾਨਕ ਬ੍ਰਾਂਚ ਹੈੱਡ ਨਵਜੋਤ ਕੌਰ, ਕਾਰਜ ਸਾਧਕ ਅਫਸਰ ਮੰਗਤ ਕੁਮਾਰ, ਪੰਕਜ ਮੌਰੀਆ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਜਸ਼ਨ ਬਰਾੜ, ਰਾਜੀਵ ਉੱਪਲ, ਮਨਜਿੰਦਰ ਸਿੰਘ ਕਾਕਾ ਉੜਾਂਗ, ਰਮੇਸ਼ ਅਰਨੀਵਾਲਾ, ਗਗਨਦੀਪ ਸਿੰਘ ਔਲਖ, ਅਰਸ਼ਦੀਪ ਸਿੰਘ ਪੀ ਏ, ਸ਼ਿੰਦਰਪਾਲ ਸਿੰਘ ਪੀ ਏ, ਪਰਮਜੀਤ ਸਿੰਘ ਗਿੱਲ ਬਲਾਕ ਇੰਚਾਰਜ, ਸੁਨੀਲ ਗੋਇਲ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਝੂਠੇ ਪੁਲਸ ਮੁਕਾਬਲਿਆਂ ਦਾ ਦੌਰ ਚਿੰਤਾਜਨਕ : ਗੁਰਜੰਟ ਕੱਟੂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਨਰਲ ਸਕੱਤਰ ਭਾਈ ਗੁਰਜੰਟ ਸਿੰਘ ਕੱਟੂ ਹਲਕਾ ਇੰਚਾਰਜ ਮਹਿਲ ਕਲਾਂ ਨੇ ਪੰਜਾਬ ਸਰਕਾਰ ਵੱਲੋਂ ਪੰਜਾਬ ਪੁਲਸ ਨੂੰ ਝੂਠੇ ਪੁਲਸ ਮੁਕਾਬਲੇ ਬਣਾਉਣ ਦੀ ਦਿੱਤੀ ਖੁੱਲ੍ਹ 'ਤੇ ਚਿੰਤਾ ਜ਼ਾਹਰ ਕਰਦਿਆਂ ਮੁੱਖ ਮੰਤਰੀ ਨੂੰ ਸਲਾਹ ਦਿੱਤੀ ਕਿ ਇਹ ਵਰਤਾਰਾ ਤੁਰੰਤ ਬੰਦ ਕੀਤਾ ਜਾਵੇ, ਕਿਉਂਕਿ ਪੰਜਾਬ ਦੀ ਜੁਆਨੀ ਨੂੰ ਅਜਿਹੇ ਗੈਰ-ਕਨੂੰਨੀ ਢੰਗ ਤਰੀਕਿਆਂ ਰਾਹੀਂ ਪੰਜਾਬ ਪੁਲਸ ਤੇ ਸੁਰੱਖਿਆ ਬਲਾਂ ਵੱਲੋਂ ਖ਼ਤਮ ਕੀਤਾ ਜਾ ਚੁੱਕਾ ਹੈ, ਜਿਸ ਕਾਰਨ ਪੰਜਾਬ ਨੂੰ ਭਾਰੀ ਸੰਤਾਪ ਭੁਗਤਣਾ ਪਿਆ, ਸਿੱਖ ਕੌਮ ਅੱਜ ਤੱਕ ਮਾਲੀ ਤੌਰ 'ਤੇ ਮਜ਼ਬੂਤ ਨਹੀਂ ਹੋ ਸਕੀ।ਆਗੂ ਕੱਟੂ ਨੇ ਅੱਗੇ ਕਿਹਾ ਕਿ ਰਾਜ ਸਰਕਾਰ ਪੰਜਾਬ 'ਚੋਂ ਨਸ਼ੇ ਖ਼ਤਮ ਕਰਨ ਲਈ ਤੇ ਗੈਂਗਸਟਰਵਾਦ ਨੂੰ ਨੱਥ ਪਾਉਣ ਲਈ ਸੱਚ-ਮੁੱਚ ਸੁਹਿਰਦ ਹੈ, ਤਾਂ ਇਸ ਪਿੱਛੇ ਛੁਪੇ ਕਾਰਨਾਂ ਨੂੰ ਸਮਝਣ ਦਾ ਯਤਨ ਕਰੇ, ਪੰਜਾਬ ਦੇ ਜਿਨ੍ਹਾਂ ਸਿਆਸਤਦਾਨਾਂ ਨੇ ਪੰਜਾਬ ਦੀ ਜੁਆਨੀ ਨੂੰ ਇਸ ਰਸਤੇ 'ਤੇ ਤੋਰਿਆ, ਉਨ੍ਹਾਂ ਦੇ ਨਾਂਅ ਮੀਡੀਆ ਰਾਹੀਂ ਜਨਤਕ ਹੋ ਚੁੱਕੇ ਹਨ, ਉਨ੍ਹਾਂ ਖਿਲਾਫ ਸਖਤ ਕਾਰਵਾਈ ਕਰਨ ਤੋਂ ਪੰਜਾਬ ਸਰਕਾਰ ਕਿਉਂ ਭੱਜ ਰਹੀ ਹੈ, ਜਦਕਿ ਚੋਣਾਂ 'ਚ ਨਸ਼ਿਆਂ ਦੇ ਸੌਦਾਗਰਾਂ ਨੂੰ ਫੜਨ ਦਾ ਵਾਅਦਾ ਭਗਵੰਤ ਮਾਨ ਨੇ ਕੀਤਾ ਸੀ।ਹੁਣ ਕੀਤੇ ਵਾਅਦਿਆਂ ਤੋਂ ਮੁੱਕਰਨਾ ਪੰਜਾਬ ਨਿਵਾਸੀਆਂ ਨਾਲ ਬਹੁਤ ਵੱਡਾ ਧੋਖਾ ਹੈ।

# ਦੋਰਾਹੇ ਦੇ ਲੋਕ ਗੰਦੇ ਪਾਣੀ 'ਚ ਰਹਿਣ ਲਈ ਮਜਬੂਰ : ਕਾਲੀ ਪਾਇਲ



**ਦੋਰਾਹਾ (ਹਰਮਿੰਦਰ ਸੇਠ)**-ਸਥਾਨਕ ਸ਼ਹਿਰ ਦੇ ਲੋਕ ਲੰਬੇ ਸਮੇਂ ਤੋਂ ਲਗਾਤਾਰ ਸ਼ਹਿਰ ਅੰਦਰ ਪਾਏ ਹੋਏ ਕਰੋੜਾਂ ਰੁਪਏ ਦੀ ਲਾਗਤ ਨਾਲ ਸੀਵਰੇਜ ਸਿਸਟਮ ਤੋਂ ਡਾਢੇ ਦੁਖੀ ਹਨ। ਲੋਕ ਇਹ ਕਹਿ ਰਹੇ ਹਨ ਕਿ ਸੀਵਰੇਜ ਸਿਸਟਮ ਨਾਲੋਂ ਤਾਂ ਗਲੀਆਂ ਨਾਲੀਆਂ ਹੀ ਵਧੀਆ ਸਨ, ਪਾਣੀ ਤਾਂ ਨਾਲੀਆਂ ਰਾਹੀਂ ਨਿਕਾਸ ਹੋ ਕੇ ਸ਼ਹਿਰ ਤੋਂ ਬਾਹਰ ਚਲੇ ਜਾਂਦਾ ਸੀ। ਸੀਵਰੇਜ ਸਿਸਟਮ ਪੈਣ ਤੋਂ ਬਾਅਦ ਪਾਣੀ ਨਾਲੀਆਂ ਰਾਹੀਂ ਬਾਹਰ ਜਾਣ ਦੀ ਬਜਾਏ ਸਾਡੇ ਘਰਾਂ ਤੇ ਗਲੀਆਂ ਵਿੱਚ ਅੰਦਰ ਵੜਨ ਲੱਗ ਗਿਆ, ਜੋ ਸਾਨੂੰ ਬਿਮਾਰੀਆਂ ਵੰਡ ਰਿਹਾ ਹੈ, ਕਿਰਪਾ ਕਰਕੇ ਸੀਵਰ ਸਿਸਟਮ ਬੰਦ ਕਰ ਦਿਓ ਤੇ ਨਾਲੀਆਂ ਚਾਲੂ ਕਰਾ ਦਿਓ ਤਾਂ ਜੋ ਪਾਣੀ ਤਾਂ ਬਾਹਰ ਜਾ ਸਕੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਾਰਡ ਨੰਬਰ-5 ਸੁੰਦਰ ਨਗਰ ਤੇ ਜੈਲਦਾਰ ਮੁਹੱਲਾ ਦੇ ਲੋਕਾਂ ਦੁਆਰਾ ਲੰਬੇ ਸਮੇਂ ਤੋਂ ਸੀਵਰੇਜ ਦੇ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਅੱਜ ਵਿਧਾਨ ਸਭਾ ਹਲਕਾ ਪਾਇਲ ਤੋਂ ਆਜ਼ਾਦ ਚੋਣ ਲੜ ਚੁੱਕੇ ਉਮੀਦਵਾਰ ਗੁਰਦੀਪ ਸਿੰਘ ਕਾਲੀ ਸਮੇਤ ਵਾਰਡ ਦੇ ਲੋਕਾਂ ਨੇ ਰੋਸ ਪ੍ਰਦਰਸ਼ਨ ਕੀਤਾ ਅਤੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਨਗਰ ਕੌਂਸਲ 'ਤੇ ਕਾਬਜ਼ ਅਧਿਕਾਰੀਆਂ ਤੇ ਰਾਜਨੀਤਕ ਲੋਕਾਂ ਨੂੰ ਖੂਬ ਕੋਸਿਆ।

ਮੱਹਲਾ ਨਿਵਾਸੀ ਜਸਵਿੰਦਰ ਸਿੰਘ ਸਮੇਤ ਮੁਹੱਲੇ ਦੀਆਂ ਔਰਤਾਂ ਤੇ ਮਰਦਾਂ ਨੇ ਕਿਹਾ ਕਿ ਅੱਜ ਜਦ ਵਾਰਡ ਦੇ ਕੌਂਸਲਰ ਤੇ ਨਗਰ ਕੌਂਸਲ ਨੂੰ ਪਤਾ ਲੱਗਾ ਕਿ ਇੱਥੇ ਮੀਡੀਏ ਨੇ ਆਉਣਾ ਹੈ ਤਾਂ ਵਾਰਡ ਦੇ ਕੌਂਸਲਰ ਤੇ ਨਗਰ ਕੌਂਸਲ ਨੇ ਇੱਕ ਟੈਂਕਰ ਭੇਜ ਦਿੱਤਾ ਅਤੇ ਪਾਣੀ ਕਢਵਾ ਦਿੱਤਾ, ਪ੍ਰੰਤੂ ਇੱਕ ਟੈਂਕਰ ਭਰਨ ਤੋਂ ਬਾਅਦ ਵੀ ਗਲੀਆਂ ਤੇ ਨਾਲੀਆਂ ਜਿਉਂ ਦੀਆਂ ਤਿਉਂ ਭਰੀਆਂ ਰਹੀਆਂ ਜੋ ਕਿ ਸਾਨੂੰ ਬਿਮਾਰੀਆਂ ਬਣ ਰਹੀਆਂ ਹਨ।

ਅਸੀਂ ਨਗਰ ਕੌਂਸਲ ਮੈਂਬਰ ਤੇ ਨਗਰ ਕੌਂਸਲ ਦੋਰਾਹਾ ਦੇ ਅਧਿਕਾਰੀਆਂ ਤੇ ਪ੍ਰਧਾਨਾਂ ਨੂੰ ਕਹਿ ਕਹਿ ਕੇ ਅੱਕ ਚੁੱਕੇ ਹਾਂ, ਪ੍ਰੰਤੂ ਗੰਦੇ ਪਾਣੀ ਦੀ ਨਿਕਾਸੀ ਨਹੀਂ ਹੋ ਰਹੀ। ਇਸ ਮੌਕੇ ਗੁਰਦੀਪ ਸਿੰਘ ਕਾਲੀ ਨੇ ਕਿਹਾ ਕਿ ਦੋਰਾਹਾ ਸ਼ਹਿਰ ਅੰਦਰ ਸੀਵਰੇਜ ਦੀ ਵੱਡੀ ਸਮੱਸਿਆ ਦਾ ਕਾਰਨ ਦੋਰਾਹਾ ਨਿਵਾਸੀ ਖੁਦ ਹਨ, ਕਿਉਂਕਿ ਇਹ ਲੋਕ ਆਪਣੀਆਂ-ਆਪਣੀਆਂ ਰਾਜਨੀਤਕ ਪਾਰਟੀਆਂ ਦੀ ਭਗਤੀ ਵਿੱਚ ਲਗਨ ਮਗਨ ਹਨ।

ਨਗਰ ਕੌਂਸਲ ਸਮੇਂ ਸਮੇਂ 'ਤੇ ਸੀਵਰੇਜ ਸਿਸਟਮ ਦੇ ਨਾਂ 'ਤੇ ਮਸ਼ੀਨਰੀ ਤੇ ਹੋਰ ਸਾਜ਼ੋ ਸਾਮਾਨ ਦਾ ਖਰਚਾ ਕਰਦੇ ਹਨ ਅਤੇ ਕਰੋੜਾਂ ਰੁਪਈਆ ਖਰਚਣ ਤੋਂ ਬਾਅਦ ਵੀ ਦੋਰਾਹਾ ਸ਼ਹਿਰ ਗੰਦਗੀ ਨਾਲ ਭਰਿਆ ਹੋਇਆ ਹੈ ਅਤੇ ਗਲੀਆਂ ਵਿੱਚ ਗੰਦਾ ਪਾਣੀ ਆਮ ਦੇਖਿਆ ਜਾ ਸਕਦਾ ਹੈ। ਇਸ ਕਾਰਨ ਜੇਕਰ ਦੋਰਾਹਾ ਸ਼ਹਿਰ ਅੰਦਰ ਕੋਈ ਬਿਮਾਰੀ ਫੈਲਦੀ ਹੈ ਤਾਂ ਉਸ ਦੀ ਜ਼ਿੰਮੇਵਾਰ ਨਗਰ ਕੌਂਸਲ ਦੋਰਾਹਾ ਹੈ। ਜੇਕਰ ਦੋਰਾਹੇ ਦੇ ਲੋਕਾਂ ਨੇ ਸੀਵਰੇਜ ਸਿਸਟਮ ਦਾ ਹੱਲ ਕਰਨਾ ਹੈ ਤਾਂ ਉਨ੍ਹਾਂ ਨੂੰ ਰਾਜਨੀਤਕ ਪਾਰਟੀਆਂ ਦੀ ਭਗਤੀ ਛੱਡ ਕੇ ਸੰਘਰਸ਼ ਕਰ ਰਹੇ ਲੋਕਾਂ ਦਾ ਸਾਥ ਦੇਣਾ ਚਾਹੀਦਾ ਹੈ।

# ਲੋਕ ਮੋਰਚਾ ਪੰਜਾਬ ਵੱਲੋਂ ਕਿਸਾਨਾਂ 'ਤੇ ਤਸ਼ੱਦਦ ਦੀ ਸਖਤ ਨਿੰਦਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਲੋਕ ਮੋਰਚਾ ਪੰਜਾਬ ਨੇ ਗੱਲਬਾਤ ਲਈ ਸੱਦੇ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰਨ, ਡੰਡੇ ਦੇ ਜ਼ੋਰ 'ਤੇ ਕਿਸਾਨਾਂ ਨੂੰ ਖਦੇੜਨ ਤੇ ਜਬਰ ਨਾਲ ਕਿਸਾਨ ਮੋਰਚਾ ਖਿੰਡਾਉਣ ਦੀ ਪੁਲਸ ਕਾਰਵਾਈ ਦਾ ਜ਼ੋਰਦਾਰ ਵਿਰੋਧ ਕੀਤਾ ਹੈ। ਇਸ ਕਾਰਵਾਈ ਨੇ ਭਗਵੰਤ ਮਾਨ ਸਰਕਾਰ ਦੇ ਕਿਸਾਨ ਹਿਤੈਸ਼ੀ ਹੋਣ ਦੇ ਦਾਅਵਿਆਂ ਦਾ ਪੂਰੀ ਤਰ੍ਹਾਂ ਪਰਦਾਫਾਸ਼ ਕਰ ਦਿੱਤਾ ਹੈ। ਲੋਕ ਮੋਰਚਾ ਪੰਜਾਬ ਦੇ ਸੂਬਾ ਸਕੱਤਰ ਜਗਮੇਲ ਸਿੰਘ ਤੇ ਸੂਬਾ ਆਗੂ ਗੁਰਦੀਪ ਸਿੰਘ ਨੇ ਕਿਹਾ ਕਿ ਪੰਜਾਬ ਪੁਲਸ ਦੀ ਇਹ ਕਾਰਵਾਈ ਇੱਥੇ ਨਕਲੀ ਜਮਹੂਰੀਅਤ ਦੀ ਪੁਸ਼ਟੀ ਕਰਦੀ ਹੈ। ਪੰਜਾਬ ਸਰਕਾਰ ਲੋਕਾਂ ਦੀ ਹੱਕੀ ਆਵਾਜ਼ ਨੂੰ ਡੰਡੇ ਦੇ ਜ਼ੋਰ ਦਬਾਉਣਾ ਚਾਹੁੰਦੀ ਹੈ ਤੇ ਸੂਬੇ ਨੂੰ ਪੁਲਸ ਰਾਜ ਵਿੱਚ ਤਬਦੀਲ ਕਰ ਰਹੀ ਹੈ। ਕਿਸਾਨਾਂ ਦੀਆਂ ਵਾਜਬ ਤੇ ਮੰਨੀਆਂ ਮੰਗਾਂ ਨੂੰ ਮੋਦੀ ਸਰਕਾਰ ਨੇ ਪੂਰੀ ਤਰ੍ਹਾਂ ਦਰਕਿਨਾਰ ਕੀਤਾ ਹੈ। ਹੁਣ ਤੱਕ ਕੇਂਦਰ ਦੇ ਵਿਰੋਧ ਵਿੱਚ ਕਿਸਾਨਾਂ ਨਾਲ ਖੜ੍ਹੇ ਹੋਣ ਦਾ ਪਾਖੰਡ ਕਰਨ ਵਾਲੀ ਭਗਵੰਤ ਮਾਨ ਸਰਕਾਰ ਮੋਦੀ ਸਰਕਾਰ ਦੇ ਹੱਕ ਵਿੱਚ ਪੂਰੀ ਤਰ੍ਹਾਂ ਭੁਗਤੀ ਹੈ। ਸਗੋਂ ਹੁਣ ਕੇਂਦਰ ਹਕੂਮਤ ਤੋਂ ਵੀ ਦੋ ਕਦਮ ਅਗਾਂਹ ਜਾਂਦਿਆਂ ਉਸ ਨੇ ਧੋਖੇ ਤੇ ਜਬਰ ਨਾਲ ਕਿਸਾਨ ਸੰਘਰਸ਼ ਨੂੰ ਖੇਰੂੰ-ਖੇਰੂੰ ਕਰਨ ਦੀ ਕੋਸ਼ਿਸ਼ ਕੀਤੀ ਹੈ।

ਆਗੂਆਂ ਨੇ ਕਿਹਾ ਕਿ ਕਿਸਾਨਾਂ ਦੀਆਂ ਮੰਗਾਂ ਬਿਲਕੁੱਲ ਵਾਜਬ ਹਨ ਤੇ ਇਨ੍ਹਾਂ ਦਾ ਪੂਰੇ ਹੋਣਾ ਇਕੱਲੇ ਕਿਸਾਨਾਂ ਲਈ ਨਹੀਂ, ਸਗੋਂ ਦੇਸ਼ ਦੇ ਸਮੁੱਚੇ ਲੋਕਾਂ ਲਈ ਜ਼ਰੂਰੀ ਹੈ। ਇਨ੍ਹਾਂ ਮੰਗਾਂ ਪ੍ਰਤੀ ਸੰਜੀਦਗੀ ਨਾ ਦਿਖਾ ਕੇ ਤੇ ਕਿਸਾਨਾਂ ਨੂੰ ਸਾਲਾਂਬੱਧੀ ਬਾਰਡਰਾਂ 'ਤੇ ਬੈਠਣ ਲਈ ਮਜਬੂਰ ਕਰਕੇ ਰਸਤੇ ਰੋਕਣ ਦੀ ਅਸਲ ਦੋਸ਼ੀ ਕੇਂਦਰ ਸਰਕਾਰ ਹੈ। ਹਰਿਆਣਾ ਸਰਕਾਰ ਨੇ ਵੀ ਬੈਰੀਕੇਡ ਲਗਾ ਕੇ ਕਿਸਾਨਾਂ ਨੂੰ ਰੋਕਣ ਦੇ ਨਾਂ ਹੇਠ ਰਸਤੇ ਬੰਦ ਕਰੀ ਰੱਖੇ ਹਨ। ਹੁਣ ਬਿਨਾਂ ਮੰਗਾਂ ਮੰਨੇ, ਰਸਤਾ ਖੁੱਲ੍ਹਵਾਉਣ ਦੇ ਨਾਂਅ ਹੇਠ ਕਿਸਾਨਾਂ 'ਤੇ ਤਸ਼ੱਦਦ ਢਾਹੁਣਾ ਸਿਰੇ ਦੀ ਧੱਕੜ ਕਾਰਵਾਈ ਹੈ। ਆਗੂਆਂ ਨੇ ਲੋਕਾਂ ਦੇ ਸਮੂਹ ਹਿੱਸਿਆਂ ਨੂੰ ਇਸ ਜਬਰ ਵਿਰੁੱਧ ਆਵਾਜ਼ ਉਠਾਉਣ ਦਾ ਸੱਦਾ ਦਿੰਦਿਆਂ ਮੰਗ ਕੀਤੀ ਕਿ ਗ੍ਰਿਫਤਾਰ ਕੀਤੇ ਕਿਸਾਨ ਆਗੂਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਤੇ ਕਿਸਾਨਾਂ ਦੀਆਂ ਮੰਗਾਂ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਤੁਰੰਤ ਮੰਨੀਆਂ ਜਾਣ।

## ਸਰਕਾਰੀ ਸੀਨੀ. ਸੈਕੰਡਰੀ ਸਕੂਲ ਬਾਰੇ ਕੇ ਵਿਖੇ ਹੁਨਰ ਮੁਕਾਬਲੇ ਕਰਵਾਏ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮੱਗਰਾ ਸਿੱਖਿਆ ਅਭਿਆਨ ਅਧੀਨ, ਮੁਨੀਲਾ ਅਰੋੜਾ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਫਿਰੋਜ਼ਪੁਰ ਅਤੇ ਡਾ.ਸਤਿੰਦਰ ਸਿੰਘ ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਫਿਰੋਜ਼ਪੁਰ ਦੀ ਯੋਗ ਅਗਵਾਈ ਹੇਠ ਨੌਵੀਂ ਤੋਂ ਬਾਰਵੀਂ ਜਮਾਤ ਦੇ ਐੱਨ ਐੱਸ ਕਿਉ_ਐੱਫ ਵੋਕੇਸ਼ਨਲ 'ਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਸ ਮੌਕੇ ਮੁਨੀਲਾ ਅਰੋੜਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਦੀ ਸਰਬਪੱਖੀ ਸ਼ਖ਼ਸ਼ੀਅਤ ਨੂੰ ਉਭਾਰਦੇ ਹਨ।ਡਾ. ਸਤਿੰਦਰ ਸਿੰਘ ਨੇ ਦੱਸਿਆ ਕਿ ਹੁਨਰ ਮੁਕਾਬਲੇ ਵਿਭਾਗੀ ਹੁਕਮਾਂ ਤਹਿਤ ਕਰਵਾਏ ਜਾ ਰਹੇ ਹਨ।ਡਾ. ਸਤਿੰਦਰ ਸਿੰਘ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਮੁਕਾਬਲੇ ਵਿਦਿਆਰਥੀਆਂ ਅੰਦਰ ਸਾਰਥਕ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ ਅਤੇ ਉਨ੍ਹਾਂ ਦੀ ਸ਼ਖ਼ਸ਼ੀਅਤ ਨੂੰ ਨਿਖਾਰਦੇ ਹਨ।ਇਸ ਮੌਕੇ ਤੇ 50 ਤੋਂ ਵੱਧ ਅਧਿਆਪਕਾਂ ਅਤੇ ਸਟਾਫ ਮੈਂਬਰਾਂ ਨੇ ਹਿੱਸਾ ਲਿਆ।ਅਸ਼ਵਿੰਦਰ ਸਿੰਘ ਜ਼ਿਲ੍ਹਾ ਵੋਕੇਸ਼ਨਲ ਕੋਆਰਡੀਨੇਟਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਮੁਕਾਬਲੇ ਵਿਦਿਆਰਥੀਆਂ ਨੂੰ ਸਵੈ ਰੋਜ਼ਗਾਰ ਦੇਣ ਵਿੱਚ ਸਹਾਈ ਹੁੰਦੇ ਹਨ। ਇਸ ਮੌਕੇ ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਰਜਨੀ ਜੱਗਾ ਨੇ ਬਾਖੂਬੀ ਨਿਭਾਈ। ਅਨੂ, ਰਜਨੀ ਕਪੂਰ, ਕਮਲੇਸ਼, ਮਨਦੀਪ ਕੌਰ ਨੇ ਸਹਿਯੋਗ ਦਿੱਤਾ।ਅਮਨਪ੍ਰੀਤ ਕੌਰ, ਤਬਿੰਦਾ, ਪਰਮਜੀਤ ਕੌਰ ਨੇ ਰਜਿਸਟ੍ਰੇਸ਼ਨ ਦੀ ਡਿਊਟੀ ਨਿਭਾਈ।ਇਸ ਮੌਕੇ ਰਿਤੂ ਗਲਹੋਤਰਾ, ਚੰਚਲ ਅਤੇ ਸੰਦੀਪ ਗਲਹੋਤਰਾ ਹਾਜ਼ਰ ਸਨ।

## ਡਾ. ਅਮਨਦੀਪ ਕੌਰ ਅਰੋੜਾ ਨੇ ਨਵੇਂ ਬੋਰ ਦਾ ਕੀਤਾ ਉਦਘਾਟਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗੇ ਦੇ ਵਿਕਾਸ ਕਾਰਜਾਂ ਦੇ ਅਧੀਨ ਹਲਕਾ ਮੋਗਾ ਦੇ ਵਾਰਡ ਨੰਬਰ: 15 ਵਿਖੇ 19 ਲੱਖ ਦੀ ਲਾਗਤ ਨਾਲ ਪੀਣ ਵਾਲੇ ਪਾਣੀ ਦੇ ਨਵੇਂ ਬੋਰ ਦਾ ਉਦਘਾਟਨ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਨਗਰ ਨਿਗਮ ਮੋਗਾ ਦੇ ਮੇਅਰ ਬਲਜੀਤ ਸਿੰਘ ਚਾਨੀ ਅਤੇ ਕੌਂਸਲਰ ਪ੍ਰਵੀਨ ਕੁਮਾਰੀ, ਸਾਬਕਾ ਕੌਂਸਲਰ ਦਵਿੰਦਰ ਸਿੰਘ ਤਿਵਾੜੀ ਨਾਲ ਮਿਲ ਕੇ ਕੀਤਾ।ਇਸ ਸਮੇਂ ਕੌਂਸਲਰ ਸਾਹਿਬਾਨ ਤੇ ਵਾਰਡ ਨਿਵਾਸੀ ਭਾਰੀ ਗਿਣਤੀ ਵਿੱਚ ਮੌਜੂਦ ਰਹੇ।ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਮੇਰਾ ਮੁੱਖ ਮਕਸਦ ਆਪਣੇ ਹਲਕੇ ਮੋਗੇ ਦਾ ਸਰਬਪੱਖੀ ਵਿਕਾਸ ਕਰਨਾ ਹੈ।ਉਨ੍ਹਾਂ ਕਿਹਾ ਕਿ ਵਾਰਡ ਦੀ ਕੌਂਸਲਰ ਪ੍ਰਵੀਨ ਕੁਮਾਰੀ ਤੇ ਉਨ੍ਹਾਂ ਦੇ ਪਤੀ ਦਵਿੰਦਰ ਤਿਵਾੜੀ ਵੱਲੋਂ ਵਾਰਡ ਵਿਖੇ ਪੀਣ ਵਾਲੇ ਪਾਣੀ ਦੀ ਸਮੱਸਿਆ ਧਿਆਨ ਵਿੱਚ ਲਿਆਂਦੀ ਗਈ ਸੀ, ਜਿਸ 'ਤੇ ਉਨ੍ਹਾਂ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਧਿਆਨ ਵਿੱਚ ਲਿਆਂਦੀ ਗਈ, ਸਰਕਾਰ ਤੋਂ ਵਾਰਡ ਲਈ 19 ਲੱਖ ਰੁਪਏ ਦੀ ਗ੍ਰਾਂਟ ਪਾਸ ਕਰਾ ਕੇ ਵਾਰਡ ਵਿਖੇ ਪੀਣ ਵਾਲੇ ਪਾਣੀ ਦੇ ਨਵੇਂ ਬੋਰ ਦਾ ਉਦਘਾਟਨ ਕਰਕੇ ਕੰਮ ਸ਼ੁਰੂ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਾਰਡ ਨਿਵਾਸੀ ਨੂੰ ਕਿਸੇ ਪ੍ਰਕਾਰ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ, ਜਿਸਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ ਵਾਰਡ ਦੇ ਕੌਂਸਲਰ ਪ੍ਰਵੀਨ ਕੁਮਾਰੀ ਤੇ ਉਨ੍ਹਾਂ ਦੇ ਪਤੀ ਦਵਿੰਦਰ ਤਿਵਾੜੀ ਵੱਲੋਂ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਮੇਅਰ ਬਲਜੀਤ ਸਿੰਘ ਚਾਨੀ ਦਾ ਵਾਰਡ ਵਿਖੇ ਪੀਣ ਵਾਲੇ ਪਾਣੀ ਦੇ ਨਵੇਂ ਬੋਰ ਦਾ ਉਦਘਾਟਨ ਕਰਨ ਤੇ ਧੰਨਵਾਦ ਕਰਦਿਆ ਉਨ੍ਹਾਂ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ।

## ਪੰਜਾਬ ਵਕਫ਼ ਬੋਰਡ ਦੇ ਚੇਅਰਮੈਨ ਵੱਲੋਂ ਵਿੱਦਿਅਕ ਅਦਾਰਿਆਂ ਦਾ ਦੌਰਾ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਵਕਫ਼ ਬੋਰਡ ਦੇ ਨਵ-ਨਿਯੁਕਤ ਚੇਅਰਮੈਨ ਮੁਹੰਮਦ ਓਵੈਸ ਨੇ ਵਕਫ਼ ਬੋਰਡ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਇਸਲਾਮੀਆ ਵਿੱਦਿਅਕ ਅਦਾਰਿਆਂ ਦਾ ਦੌਰਾ ਕਰਕੇ ਸਮੁੱਚੇ ਵਿੱਦਿਅਕ ਪ੍ਰਬੰਧਾਂ ਦਾ ਜਾਇਜ਼ਾ ਲਿਆ।ਉਨ੍ਹਾਂ ਨਾਲ ਬੋਰਡ ਦੇ ਮੁੱਖ ਕਾਰਜਕਾਰੀ ਅਫ਼ਸਰ (ਸੀਈਓ) ਲਤੀਫ਼ ਅਹਿਮਦ ਥਿੰਦ ਸਮੇਤ ਵਕਫ਼ ਬੋਰਡ ਦੇ ਕਈ ਸਥਾਨਕ ਮੈਂਬਰ ਵੀ ਮੌਜੂਦ ਸਨ।ਚੇਅਰਮੈਨ ਮੁਹੰਮਦ ਓਵੈਸ ਨੇ ਲੜਕੀਆਂ ਤੇ ਲੜਕਿਆਂ ਦੇ ਇਸਲਾਮੀਆ ਸੀਨੀਅਰ ਸੈਕੰਡਰੀ ਸਕੂਲਾਂ ਤੇ ਇਸਲਾਮੀਆ ਗਰਲਜ ਕਾਲਜ ਦੇ ਦੌਰੇ ਦੌਰਾਨ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤਾਲੀਮ ਹਾਸਲ ਕਰਨਾ ਹਰੇਕ ਮੁਸਲਮਾਨ 'ਤੇ ਫ਼ਰਜ਼ ਹੈ ਤੇ ਸਿੱਖਿਆ ਪ੍ਰਾਪਤ ਕਰਕੇ ਹੀ ਇਕ ਵਿਅਕਤੀ ਪੂਰਨ ਇਨਸਾਨ ਬਣਦਾ ਹੈ।ਤਾਲੀਮ ਨੂੰ ਕਿਸੇ ਵੀ ਸਮਾਜ ਦਾ ਆਇਨਾ ਦੱਸਦਿਆਂ ਉਨ੍ਹਾਂ ਕਿਹਾ ਕਿ ਕੋਈ ਵੀ ਸਮਾਜ ਤਾਲੀਮ ਦੇ ਪਹੀਆਂ ਉਤੇ ਹੀ ਤਰੱਕੀ ਕਰ ਸਕਦਾ ਹੈ ਤੇ ਤਾਲੀਮ ਹੀ ਇਨਸਾਨੀ ਹੱਕ-ਹਕੂਕ ਤੋਂ ਆਗਾਹੀ ਤਰੱਕੀ ਵੱਲ ਜਾਣ ਦਾ ਪਹਿਲਾ ਰਸਤਾ ਹੈ।ਉਨ੍ਹਾਂ ਯਕੀਨ ਦਿਵਾਇਆ ਕਿ ਤਾਲੀਮ ਸਬੰਧੀ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਭਲਾਈ ਲਈ ਜਿਹੜੇ ਵੀ ਉਪਾਅ ਕਰਨ ਦੀ ਜ਼ਰੂਰਤ ਹੋਵੇਗੀ ਪਹਿਲ ਦੇ ਆਧਾਰ 'ਤੇ ਕੀਤੇ ਜਾਣਗੇ।ਚੇਅਰਮੈਨ ਮੁਹੰਮਦ ਓਵੈਸ ਨੇ ਕਿਹਾ ਕਿ ਲੜਕੀਆਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨ ਲਈ ਦੀਨੀ ਤਾਲੀਮ ਦੇ ਨਾਲ ਨਾਲ ਰੁਜ਼ਗਾਰ ਮੁਖੀ ਪੜ੍ਹਾਈ ਦਾ ਪ੍ਰਬੰਧ ਕੀਤਾ ਜਾਣਾ ਵੀ ਬਹੁਤ ਜ਼ਰੂਰੀ ਹੈ।ਉਨ੍ਹਾਂ ਅਧਿਆਪਕਾਂ ਨਾਲ ਮੀਟਿੰਗ ਕਰਕੇ ਵਿਦਿਅਕ ਸੰਸਥਾਵਾਂ ਦੀਆਂ ਸਮੱਸਿਆਵਾਂ ਅਤੇ ਬਿਹਤਰੀ ਲਈ ਕੀਤੇ ਜਾ ਸਕਣ ਵਾਲੇ ਯਤਨਾਂ ਬਾਰੇ ਵਿਚਾਰ ਚਰਚਾ ਕੀਤੀ।ਚੇਅਰਮੈਨ ਮੁਹੰਮਦ ਓਵੈਸ ਨੇ ਵਕਫ਼ ਬੋਰਡ ਵੱਲੋਂ ਚਲਾਏ ਜਾ ਰਹੇ ਹਜ਼ਰਤ ਹਲੀਮਾ ਹਸਪਤਾਲ ਦਾ ਵੀ ਦੌਰਾ ਕੀਤਾ ਤੇ ਡਾਕਟਰਾਂ ਤੇ ਮਰੀਜ਼ਾਂ ਨੂੰ ਮਿਲ ਕੇ ਸਥਾਨਕ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ।

## ਖੇਤੀਬਾੜੀ ਵਿਭਾਗ ਵੱਲੋਂ ਕਿਸਾਨ ਸਿਖਲਾਈ ਕੈਂਪ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡਾ. ਜਗਦੀਸ਼ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਜ਼ਿਲ੍ਹਾ ਬਠਿੰਡਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਾ. ਬਲਜਿੰਦਰ ਸਿੰਘ ਖੇਤੀਬਾੜੀ ਅਫ਼ਸਰ ਬਲਾਕ ਬਠਿੰਡਾ ਦੀ ਅਗਵਾਈ ਹੇਠ ਪਿੰਡ ਸਿਵੀਆ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ।ਕੈਂਪ ਦੀ ਸ਼ੁਰੂਆਤ ਵਿੱਚ ਡਾ. ਪ੍ਰਭਜੋਤ ਕੌਰ ਸਿਖਲਾਈ ਅਫ਼ਸਰ ਨੇ ਕੈਂਪ ਵਿੱਚ ਪਹੁੰਚੇ ਕਿਸਾਨਾਂ ਦਾ ਸੁਆਗਤ ਕੀਤਾ।ਉਪਰੰਤ ਉਨ੍ਹਾਂ ਖੇਤੀ ਖਰਚੇ ਘਟਾਉਣ ਦੀ ਗੱਲ ਕਰਦੇ ਹੋਏ ਕਿਹਾ ਕਿ ਕਿਸਾਨ ਭਰਾ ਲੋੜ ਅਨੁਸਾਰ ਘਰੇਲੂ ਬੀਜ ਜ਼ਰੂਰ ਸਾਂਭਣ।ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਖੇਤੀ ਦੇ ਨਾਲ ਨਾਲ ਸਹਾਇਕ ਧੰਦੇ ਜ਼ਰੂਰ ਆਪਣਾਉਣੇ ਚਾਹੀਦੇ ਹਨ ਤਾਂ ਕਿ ਆਮਦਨ ਵਿੱਚ ਵਾਧਾ ਹੋ ਸਕੇ।ਭੂਮੀ ਰੱਖਿਆ ਵਿਭਾਗ ਤੋਂ ਉਚੇਚੇ ਤੌਰ 'ਤੇ ਪਹੁੰਚੇ ਮੈਡਮ ਰਾਜਵੀਰ ਕੌਰ ਉਪ-ਨਰੀਖਕ ਨੇ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਬਸਿਡੀਆਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਸਾਂਝੀ ਕੀਤੀ।ਡਾ. ਹਰਜਸਪਾਲ ਸਿਖਲਾਈ ਅਫ਼ਸਰ ਨੇ ਕਣਕ ਦੀ ਫ਼ਸਲ ਵਿੱਚ ਕੀੜੇ ਮਕੌੜੇ ਤੇ ਬਿਮਾਰੀਆਂ ਬਾਰੇ ਦੱਸਿਆ। ਡਾ. ਜਸਵਿੰਦਰ ਕੌਰ ਖੇਤੀਬਾੜੀ ਵਿਕਾਸ ਅਫਸਰ (ਟ੍ਰੇਨਿੰਗ) ਨੇ ਮੋਟੇ ਅਨਾਜਾਂ ਜਿਵੇਂ ਕੰਗਣੀ, ਕੋਧਰਾ ਆਦਿ ਦੀ ਕਾਸ਼ਤ ਸਬੰਧੀ ਜਾਣਕਾਰੀ ਦਿੱਤੀ।ਇਸ ਮੌਕੇ ਡਾ. ਮਨਜਿੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ, ਸੁਖਮੰਦਰ ਸਿੰਘ ਸੈਕਟਰੀ, ਸੁਰਿੰਦਰ ਸਿੰਘ ਬੇਲਦਾਰ ਤੇ ਵੱਡੀ ਗਿਣਤੀ ਵਿੱਚ ਪਿੰਡ ਸਿਵੀਆ ਦੇ ਕਿਸਾਨ ਮੌਜੂਦ ਸਨ।

## ਕੌਮਾਂਤਰੀ ਤੈਰਾਕ ਕਰਨ ਬਰਾੜ ਨੂੰ ਮਹਾਰਾਜਾ ਰਣਜੀਤ ਸਿੰਘ ਸਟੇਟ ਪੁਰਸਕਾਰ




**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਜ਼ਿਲ੍ਹੇ ਦੇ ਅੰਤਰਰਾਸ਼ਟਰੀ ਤੈਰਾਕ ਸ੍ਰ. ਕਰਨ ਬਰਾੜ ਨੂੰ ਖੇਡਾਂ ਵਿੱਚ ਉੱਤਮਤਾ ਲਈ ਵੱਕਾਰੀ ਮਹਾਰਾਜਾ ਰਣਜੀਤ ਸਿੰਘ ਸਟੇਟ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਉਨ੍ਹਾ ਨੂੰ ਇਹ ਸਨਮਾਨ ਵਿਸ਼ੇਸ਼ ਸਕੱਤਰ ਖੇਡਾਂ ਸ੍ਰ. ਸਰਵਜੀਤ ਸਿੰਘ ਵੱਲੋਂ ਪ੍ਰਦਾਨ ਕੀਤਾ ਗਿਆ।ਜ਼ਿਕਰਯੋਗ ਹੈ ਕਿ ਸ੍ਰ. ਕਰਨ ਸਿੰਘ ਬਰਾੜ ਪਹਿਲਾਂ ਫਰੀਦਕੋਟ ਵਿਖੇ ਬਤੌਰ ਜ਼ਿਲ੍ਹਾ ਪ੍ਰੋਗਰਾਮ ਅਫਸਰ ਸੇਵਾਵਾਂ ਵੀ ਦੇ ਚੁੱਕੇ ਹਨ ਤੇ ਹੁਣ ਸੀ.ਡੀ.ਪੀ.ਓ. ਧਰਮਕੋਟ ਵਿਖੇ ਸੇਵਾਵਾਂ ਦੇ ਰਹੇ ਹਨ।ਉਨ੍ਹਾ ਨੇ ਸਾਲ 2015 ਵਿੱਚ ਵਿਸ਼ਵ ਯੂਨੀਵਰਸਿਟੀ ਖੇਡਾਂ ਦੱਖਣੀ ਕੋਰੀਆ, ਸਾਲ 2014 ਵਿੱਚ ਵਿਸ਼ਵ ਜੀਵਨ ਰੱਖਿਅਕ ਖੇਡਾਂ ਵਿੱਚ ਭਾਗ ਲਿਆ। ਇਸ ਦੇ ਨਾਲ ਹੀ ਉਨ੍ਹਾਂ ਸਾਲ 2013 ਵਿੱਚ ਮਲੇਸ਼ੀਅਨ ਓਪਨ 2 ਚਾਂਦੀ, 1 ਕਾਂਸੀ ਤਮਗਾ ਹਾਸਲ ਕੀਤਾ ਤੇ ਸਾਲ 2011 ਵਿੱਚ ਰਾਸ਼ਟਰੀ ਸਕੂਲ ਖੇਡਾਂ ਵਿੱਚ ਸੋਨਾ, ਚਾਂਦੀ, ਕਾਂਸੀ ਤਮਗਾ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਉਨ੍ਹਾਂ ਨੇ ਐਸੋਸੀਏਸ਼ਨ ਆਫ ਇੰਡੀਅਨ ਯੂਨੀਵਰਸਿਟੀ ਵੱਲੋਂ ਕਰਵਾਈਆਂ ਖੇਡਾਂ ਵਿੱਚ ਸਾਲ 2012 'ਚ 3 ਸੋਨ ਤਮਗਾ, ਸਾਲ 2013 'ਚ 2 ਸੋਨ ਤਮਗਾ, 4 ਚਾਂਦੀ, 3 ਕਾਂਸੀ ਤਮਗੇ ਪ੍ਰਾਪਤ ਕੀਤੇ।ਸਾਲ 2014 'ਚ 3 ਸੋਨ ਤਮਗੇ, 1 ਕਾਂਸੀ ਤਮਗਾ ਤੇ ਸਾਲ 2015 'ਚ 5 ਸੋਨ ਤਮਗੇ, ਸਾਲ 2016 'ਚ 5 ਸੋਨ ਤਮਗੇ ਤੇ ਸਾਲ 2017 'ਚ 3 ਸੋਨ ਤੇ 1 ਕਾਂਸੀ ਤਮਗਾ ਪ੍ਰਾਪਤ ਕੀਤਾ ਸੀ।ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਤੇ ਸਮੂਹ ਜ਼ਿਲ੍ਹਾ ਪ੍ਰਸ਼ਾਸਨ ਤੋਂ ਇਲਾਵਾ ਵੱਖ ਵੱਖ ਸੰਸਥਾਵਾਂ ਨੇ ਸ੍ਰੀ ਕਰਨ ਬਰਾੜ ਨੂੰ ਇਸ ਮਾਣਮੱਤੀ ਸਫਲਤਾ ਲਈ ਵਧਾਈ ਦਿੱਤੀ।

## ਸ਼ਹਿਰ ਦੇ ਗੰਦੇ ਪਾਣੀ ਦੀਆਂ ਲਾਈਨਾਂ ਟਰੀਟਮੈਂਟ ਪਲਾਂਟ ਨਾਲ ਜੋੜਨ ਦੇ ਜਤਨ ਜਾਰੀ : ਗਿੱਲ

**ਸਮਰਾਲਾ (ਸੁਰਜੀਤ ਸਿੰਘ)** ਸਮਰਾਲਾ ਸ਼ਹਿਰ ਦੇ ਸਾਰੇ ਗਲੀਆਂ ਅਤੇ ਮੁਹੱਲਿਆਂ ਦੀਆਂ ਗੰਦੇ ਪਾਣੀ ਦੀਆਂ ਲਾਈਨਾਂ ਨੂੰ ਟਰੀਟਮੈਂਟ ਪਲਾਂਟ ਨਾਲ ਜੋੜਨ ਦੇ ਜਤਨ ਜਾਰੀ ਹਨ। ਅਜਿਹਾ ਕਰਨ ਨਾਲ ਸ਼ਹਿਰ ਦੇ ਗੰਦੇ ਪਾਣੀ ਦਾ ਹੱਲ ਜਲਦੀ ਹੀ ਜਾਣ ਦੀ ਸੰਭਾਵਨਾ ਹੈ।ਇਹ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਬੀ ਐਸ ਗਿੱਲ ਨੇ ਕਿਹਾ ਕਿ ਸ਼ਹਿਰ ਨੂੰ ਸਾਫ ਸੁਥਰਾ ਅਤੇ ਗੰਦਗੀ ਰਹਿਤ ਬਣਾਉਣਾ ਨਗਰ ਕੌਂਸਲ ਦੀ ਪਹਿਲਤ ਹੈ।

ਇਸ ਦੌਰਾਨ ਲੋਕ ਸੰਘਰਸ਼ ਕਮੇਟੀ ਦੇ ਕਨਵੀਨਰ ਸਿਕੰਦਰ ਸਿੰਘ ਅਤੇ ਕੋ ਕਨਵੀਨਰ ਕੁਲਵੰਤ ਤਰਕ ਨੇ ਖੰਨਾ ਰੋਡ 'ਤੇ ਸੀਵਰੇਜ ਲੀਕੇਜ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਇਸ ਸਬੰਧੀ ਉਹ ਪਹਿਲਾਂ ਵੀ ਅਧਿਕਾਰੀਆਂ ਨੂੰ ਮਿਲ ਕੇ ਮੰਗ ਕਰ ਚੁੱਕੇ ਹਨ ਕਿ ਇਸ ਲੀਕੇਜ ਦਾ ਪੱਕਾ ਪ੍ਰਬੰਧ ਕੀਤਾ ਜਾਵੇ।ਉਹਨਾਂ ਕਿਹਾ ਕਿ ਸੀਵਰੇਜ ਲੀਕੇਜ਼ ਕਾਰਣ ਗੰਦਾ ਪਾਣੀ ਸੜਕ 'ਤੇ ਫੈਲਣ ਕਾਰਨ ਜਿੱਥੇ ਬਦਬੂ ਨਾਲ ਆਲੇ ਦੁਆਲੇ ਦੇ ਲੋਕਾਂ ਦਾ ਜਿਊਣਾ ਮੁਹਾਲ ਹੋ ਰਿਹਾ ਹੈ, ਉਥੇ ਇਹ ਪਾਣੀ ਸੜਕ ਨੂੰ ਤਾਂ ਤੋੜ ਹੀ ਰਿਹਾ ਹੈ, ਨਾਲ ਹੀ ਇਹ ਸੜਕ 'ਤੇ ਹਾਦਸਿਆਂ ਦਾ ਸਬੱਬ ਵੀ ਬਣ ਸਕਦਾ ਹੈ।ਉਹਨਾਂ ਮੰਗ ਕੀਤੀ ਕਿ ਇਹ ਗੰਦਾ ਪਾਣੀ ਲਾਗਲੇ ਟੋਭੇ ਵਿਚ ਪਾਉਣ ਦੀ ਬਜਾਏ ਟਰੀਟਮੈਂਟ ਪਲਾਂਟ ਵਿੱਚ ਪਾਇਆ ਜਾਵੇ ਅਤੇ ਲੋਕਾਂ ਨੂੰ ਗੰਦੇ ਪਾਣੀ ਦੀ ਮੁਸੀਬਤ ਤੋਂ ਨਿਜ਼ਾਤ ਦੁਆਈ ਜਾਵੇ।ਕਾਰਜਸਾਧਕ ਅਫ਼ਸਰ ਬੀ ਐੱਸ ਗਿੱਲ ਨੇ ਦੱਸਿਆ ਕਿ ਸੀਵਰੇਜ ਵਿੱਚ ਵੱਡੀ ਬਲਾਕੇਜ ਆਉਣ ਕਾਰਨ ਇਹ ਲੀਕੇਜ਼ ਹੋ ਰਹੀ ਹੈ। ਉਹਨਾਂ ਕਿਹਾ ਕਿ ਨਗਰ ਕੌਂਸਲ ਦਾ ਸਟਾਫ ਇਸ ਲੀਕੇਜ ਨੂੰ ਦਰੁਸਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ ਤੇ ਇਹ ਕੰਮ ਦੋ ਕੁ ਦਿਨਾਂ ਵਿਚ ਨਿਪਟਾ ਲਿਆ ਜਾਵੇਗਾ।

## ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਖੋਹ ਕਰਨ ਵਾਲੇ 72 ਘੰਟਿਆਂ 'ਚ ਕਾਬੂ

### ਖੋਹ ਕੀਤਾ ਮੋਟਰਸਾਈਕਲ ਤੇ ਵਾਰਦਾਤ ਦੌਰਾਨ ਵਰਤਿਆ ਕਾਪਾ ਬਰਾਮਦ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਡਾ. ਪ੍ਰਗਿਆ ਜੈਨ ਆਈ.ਪੀ.ਐੱਸ ਐੱਸ.ਐੱਸ.ਪੀ. ਫਰੀਦਕੋਟ ਦੀ ਅਗਵਾਈ ਹੇਠ ਫਰੀਦਕੋਟ ਪੁਲਸ ਵੱਲੋਂ ਲਗਾਤਾਰ ਮਾੜੇ ਅਨਸਰਾਂ ਖ਼ਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ, ਜਿਸ ਤਹਿਤ ਸ੍ਰੀ ਜਸਮੀਤ ਸਿੰਘ ਐੱਸ ਪੀ (ਇੰਨਵੈਸਟੀਗੇਸ਼ਨ) ਫਰੀਦਕੋਟ ਦੀ ਰਹਿਨੁਮਾਈ ਹੇਠ ਤੇ ਸ੍ਰੀ ਤਰਲੋਚਨ ਸਿੰਘ ਡੀ.ਐੱਸ.ਪੀ. (ਸਬ-ਡਵੀਜ਼ਨ) ਫਰੀਦਕੋਟ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਥਾਣਾ ਸਦਰ ਫਰੀਦਕੋਟ ਵੱਲੋਂ ਧਮਕਾ ਕੇ ਖੋਹ ਕਰਨ ਵਾਲੇ 2 ਮੁਲਜ਼ਮਾਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ।ਮੁਕੱਦਮਾ ਨੰਬਰ 45 ਮਿਤੀ 15.03.2025 ਅਧੀਨ ਧਾਰਾ 304, 351(3) ਬੀ.ਐੱਨ.ਐੱਸ. ਥਾਣਾ ਸਦਰ ਫਰੀਦਕੋਟ ਬਰਬਿਆਨ ਟਿੱਕਾ ਸਾਹਿਬ ਪੁੱਤਰ ਜੰਗੀਰ ਸਿੰਘ ਵਾਸੀ ਬਲਵੀਰ ਐਵੀਨਿਊ, ਫਰੀਦਕੋਟ ਦਰਜ ਰਜਿਸਟਰ ਹੋਇਆ ਕਿ ਉਹ ਜਲ ਸਰੋਤ ਵਿਭਾਗ ਵਿੱਚ ਬਤੌਰ ਪਟਵਾਰੀ ਵਜੋਂ ਨੌਕਰੀ ਕਰਦੇ ਹਨ ਤੇ ਜਦ ਬੀਤੀ 14 ਮਾਰਚ 2025 ਨੂੰ ਆਪਣੇ ਮੋਟਰਸਾਈਕਲ 'ਤੇ ਡਿਊਟੀ ਖਤਮ ਕਰਨ ਉਪਰੰਤ ਝਾੜੀਵਾਲਾ ਤੋਂ ਅੱਗੇ ਸੇਮ ਵਾਲਾ ਵਿਚਕਾਰ ਪਹੁੰਚੇ ਤਾਂ ਉਨ੍ਹਾ ਦੇ ਪਿੱਛੋਂ ਦੀ ਇੱਕ ਮੋਟਰਸਾਈਕਲ 'ਤੇ ਸਵਾਰ 3 ਨੌਜਵਾਨ ਆਏ, ਜਿਨ੍ਹਾਂ ਦੇ ਮੂੰਹ ਢਕੇ ਹੋਏ ਸਨ, ਨੇ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਰੋਕਿਆ ਤੇ ਉਸ ਦਾ ਮੋਟਰਸਾਈਕਲ, ਮੋਬਾਇਲ ਫੋਨ, ਬਟੂਆ ਜਿਸ ਵਿੱਚ ਨਕਦੀ ਤੇ ਦਸਤਾਵੇਜ਼ ਅਤੇ ਹੋਰ ਸਾਮਾਨ ਸਮੇਤ ਖੋਹ ਕਰਕੇ ਲੈ ਗਏ ਸਨ।ਇਸ 'ਤੇ ਫਰੀਦਕੋਟ ਪੁਲਸ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਟੈਕਨੀਕਲ ਇੰਨਪੁੱਟ ਤੇ ਹਿਊਮਨ ਇੰਟੈਲੀਜੈਂਸ ਦੇ ਅਧਾਰ 'ਤੇ ਪੁਲਸ ਟੀਮਾਂ ਬਣਾ ਕੇ ਮੁਲਜ਼ਮਾਂ ਦੀ ਭਾਲ ਸ਼ੁਰੂ ਕੀਤੀ ਗਈ, ਜਿਸ ਦੌਰਾਨ ਫਰੀਦਕੋਟ ਪੁਲਸ ਵੱਲੋਂ 2 ਮੁਲਜ਼ਮਾਂ ਲਖਵਿੰਦਰ ਸਿੰਘ ਉਰਫ ਲੱਖਾ ਪੁੱਤਰ ਵੀਰ ਸਿੰਘ ਵਾਸੀ ਝਾੜੀਵਾਲਾ ਤੇ ਨੀਲੂ ਪੁੱਤਰ ਮਕਬੂਲ ਸਿੰਘ ਵਾਸੀ ਸਾਈਆ ਵਾਲਾ ਨੂੰ ਗ੍ਰਿਫਤਾਰ ਕੀਤਾ ਗਿਆ।ਪੁਲਸ ਪਾਰਟੀ ਵੱਲੋਂ ਮੁਲਜ਼ਮਾਂ ਵੱਲੋਂ ਖੋਹ ਕੀਤਾ ਮੋਟਰਸਾਈਕਲ ਤੇ ਵਾਰਦਾਤ ਦੌਰਾਨ ਵਰਤਿਆ ਕਾਪਾ ਵੀ ਬਰਾਮਦ ਕੀਤਾ ਗਿਆ ਹੈ।ਜਾਣਕਾਰੀ ਮੁਤਾਬਿਕ ਗ੍ਰਿਫਤਾਰ ਮੁਲਜ਼ਮਾਂ ਵੱਲੋਂ ਪਹਿਲਾਂ ਵੀ ਅਜਿਹੀਆਂ ਕਈ ਵਾਰਦਾਤਾਂ ਨੂੰ ਅੰਜਾਮ ਦਿੱਤਾ ਗਿਆ ਸੀ।ਮੁਲਜ਼ਮਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ।ਰਿਮਾਂਡ ਹਾਸਲ ਕਰਨ ਉਪਰੰਤ ਮੁਲਜ਼ਮਾਂ ਪਾਸੋਂ ਹੋਰ ਪੁੱਛਗਿੱਛ ਕੀਤੀ ਜਾਵੇਗੀ।

## ਕਾਂਗਰਸੀ ਆਗੂ 'ਤੇ ਦੋ ਨਾਬਾਲਗ ਲੜਕਿਆਂ ਦੀ ਕੁੱਟਮਾਰ ਕਰਨ ਦੇ ਦੋਸ਼



**ਮਲੋਟ (ਗੁਰਮੀਤ ਸਿੰਘ ਮੱਕੜ)**

ਸ਼ਹਿਰ ਦੇ ਕਾਂਗਰਸੀ ਆਗੂ 'ਤੇ ਦੋ ਨਾਬਾਲਗ ਲੜਕਿਆਂ ਦੀ ਕੁੱਟਮਾਰ ਕਰਨ ਦਾ ਦੋਸ਼ ਲਗਾਇਆ ਹੈ, ਜਿਸ ਦੀ ਇੱਕ ਵੀਡੀਓ ਵੀ ਵਾਇਰਲ ਹੋਈ ਹੈ। ਸਾਬਕਾ ਕੌਂਸਲਰ ਤੇ ਭਾਜਪਾ ਆਗੂ ਓਮ ਪ੍ਰਕਾਸ਼ ਚਾਨਣਾ ਨੇ ਦੋਸ਼ ਲਗਾਇਆ ਕਿ ਉਸ ਦਾ ਪੋਤਰਾ ਤੇ ਉਸ ਦਾ ਦੋਸਤ ਬਾਜ਼ਾਰ ਵਿੱਚ ਜਾ ਰਹੇ ਸਨ ਕਿ ਕਾਂਗਰਸੀ ਆਗੂ ਨੇ ਉਨ੍ਹਾਂ ਨੂੰ ਰੋਕ ਕੇ ਉਨ੍ਹਾਂ ਦੀ ਕੁੱਟਮਾਰ ਕੀਤੀ, ਜੋ ਕਿ ਦੋਵੇਂ ਨਾਬਾਲਗ ਹਨ, ਜਿਨ੍ਹਾਂ ਦਾ ਸਿਵਲ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਦੂਜੇ ਪਾਸੇ ਜ਼ੇਰੇ ਇਲਾਜ ਨੈਤਿਕ ਨੇ ਦੱਸਿਆ ਕਿ ਉਹ ਅਤੇ ਉਸਦਾ ਦੋਸਤ ਬਾਜ਼ਾਰ ਵਿਚ ਜਾ ਰਹੇ ਸੀ ਕਿ ਆਂਟੀ ਨੂੰ ਭੁਲੇਖਾ ਲੱਗਿਆ ਕਿ ਉਨ੍ਹਾਂ ਵੱਲੋਂ ਉਸ ਨੂੰ ਕੋਈ ਕਮੈਂਟ ਕੀਤਾ, ਪਰ ਉਨ੍ਹਾਂ ਅਜਿਹਾ ਨਹੀਂ ਕੀਤਾ।

ਉਸ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਮੁਆਫ਼ੀ ਮੰਗਣ 'ਤੇ ਵੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਦੂਜੇ ਪਾਸੇ ਬਲਾਕ ਕਾਂਗਰਸ ਪ੍ਰਧਾਨ ਸ਼ਿਵ ਕੁਮਾਰ ਸ਼ਿਵਾ ਨੇ ਦੱਸਿਆ ਕਿ ਉਨ੍ਹਾਂ ਦੀ ਪਾਰਟੀ ਦੇ ਵਰਕਰ ਦੀ ਪਰਿਵਾਰਕ ਔਰਤ ਨਾਲ ਛੇੜਛਾੜ ਕੀਤੀ ਸੀ, ਜਿਸ ਨੂੰ ਲੈ ਕੇ ਇਨ੍ਹਾਂ ਨੂੰ ਸਮਝਾਇਆ ਗਿਆ ਸੀ। ਦੂਜੇ ਪਾਸੇ ਥਾਣਾ ਸਿਟੀ ਮਲੋਟ ਦੇ ਥਾਣਾ ਮੁੱਖੀ ਵਰੁਣ ਯਾਦਵ ਨੇ ਦੱਸਿਆ ਕਿ ਕੁੱਟਮਾਰ ਦੀ ਐੱਮ ਐੱਲ ਆਰ ਆ ਗਈ ਹੈ, ਜਿਸ ਦੇ ਆਧਾਰ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

## ਸਿੱਖਿਆ ਵਿਭਾਗ ਵੱਲੋਂ ਦਾਖਲਾ ਮੁਹਿੰਮ ਤਹਿਤ ਉਦੇਕਰਨ 'ਚ ਸਮਾਗਮ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਸਕੂਲਾਂ ਵਿੱਚ ਦਾਖਲਾ ਵਧਾਉਣ ਲਈ ਦਿੱਤੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ. ਸਿੱਖਿਆ) ਜਸਪਾਲ ਮੌਂਗਾ ਦੀ ਅਗਵਾਈ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਉਦੇਕਰਨ ਵਿਖੇ ਸਮਾਗਮ ਕਰਵਾਇਆ ਗਿਆ।ਸਮਾਗਮ ਵਿੱਚ ਜਗਦੀਪ ਸਿੰਘ ਕਾਕਾ ਬਰਾੜ ਵਿਧਾਇਕ ਮੁਕਤਸਰ ਸਾਹਿਬ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ।ਜ਼ਿਲ੍ਹਾ ਸਿੱਖਿਆ ਅਫ਼ਸਰ ਜਸਪਾਲ ਮੌਂਗਾ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾਕਿ ਪੰਜਾਬ ਸਰਕਾਰ ਸਿੱਖਿਆ ਵਿੱਚ ਸੁਧਾਰ ਕਰਨ ਲਈ ਬਹੁਤ ਸੰਜੀਦਾ ਹੈ। ਸਕੂਲਾਂ ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਲਿਆਉਣ ਲਈ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾਂ ਅਧਿਆਪਕ ਨੂੰ ਸਕੂਲਾਂ ਵਿੱਚ ਦਾਖਲਾ ਵਧਾਉਣ ਲਈ ਸਮਾਜ ਦੇ ਮੋਹਤਬਰ ਲੋਕਾਂ ਦਾ ਸਹਿਯੋਗ ਲੈਣ ਦੀ ਅਪੀਲ ਕੀਤੀ।ਵਿਧਾਇਕ ਕਾਕਾ ਬਰਾੜ ਨੇ ਲੋਕਾਂ ਨੂੰ ਅਧਿਆਪਕਾਂ ਦਾ ਸਤਿਕਾਰ ਕਰਨ ਤੇ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਦੀ ਅਪੀਲ ਕੀਤੀ।ਇਸ ਮੌਕੇ ਡਿਪਟੀ ਡੀਈਓ ਰਾਜਿੰਦਰ ਕੁਮਾਰ ਸੋਨੀ, ਅਜੇ ਸ਼ਰਮਾ, ਪ੍ਰਿੰਸੀਪਲ ਸੰਜੀਵ ਕੁਮਾਰ ਡਾਇਟ ਬਰਕੰਦੀ, ਬੀਪੀਈਓ ਜਗਦੀਪ ਸਿੰਘ, ਪ੍ਰਿੰਸੀਪਲ ਇਕਬਾਲ ਸਿੰਘ, ਸਕੂਲ ਦੀ ਹੈੱਡ ਟੀਚਰ ਕੁਲਵਿੰਦਰ ਕੌਰ, ਸੁਖਚਰਨ ਸਿੰਘ ਨਿੱਕਾ ਸਰਪੰਚ, ਐੱਮ ਸੀ ਜਗਮੀਤ ਸਿੰਘ ਜੱਗਾ, ਸੀ ਐੱਚ ਟੀ ਸਰਵਸ੍ਰੀ ਪ੍ਰਗਟ ਸਿੰਘ ਜੰਬਰ, ਗੁਰਮੀਤ ਸਿੰਘ, ਚਰਨਜੀਤ ਸਿੰਘ, ਰਾਜਪਾਲ ਸਿੰਘ, ਜਸਵੰਤ ਸਿੰਘ, ਰਵਿੰਦਰ ਕੁਮਾਰ, ਸਾਹਿਬ ਸਿੰਘ ਜ਼ਿਲ੍ਹਾ ਕੁਆਰਡੀਨੇਟਰ ਕਮਲਪ੍ਰੀਤ ਸਿੰਘ, ਰਾਜੀਵ ਪਾਹਵਾ, ਗੁਰਵਿੰਦਰ ਸਿੰਘ ਢਿੱਲੋਂ, ਕਰਨਵੀਰ ਸਿੰਘ ਬਰਾੜ ਮੰਚ ਸੰਚਾਲਨ ਦੀ ਭੂਮਿਕਾ ਬੀਐੱਨਓ ਗੁਰਮੇਲ ਸਿੰਘ ਸੱਗੂ ਨੇ ਬਾਖੂਬੀ ਨਿਭਾਈ।

## ਐਮ ਪੀ ਏ ਪੀ ਦੀ ਜ਼ਿਲ੍ਹਾ ਇਕਾਈ ਮਾਨਸਾ ਦੀ ਅਹਿਮ ਮੀਟਿੰਗ

**ਮਾਨਸਾ (ਆਤਮਾ ਸਿੰਘ ਪਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੀ ਜ਼ਿਲ੍ਹਾ ਇਕਾਈ ਮਾਨਸਾ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾ. ਸੱਤਪਾਲ ਰਿਸ਼ੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸਮੂਹ ਜ਼ਿਲ੍ਹਾ ਕਮੇਟੀ ਤੇ ਬਲਾਕ ਦੇ ਅਹੁਦੇਦਾਰਾਂ ਨੇ ਭਾਗ ਲਿਆ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾਈ ਪ੍ਰਧਾਨ ਵੈਦ ਧੰਨਾ ਮੱਲ ਗੋਇਲ, ਸਹਾਇਕ ਕੈਸ਼ੀਅਰ ਵੈਦ ਤਾਰਾ ਚੰਦ ਭਾਵਾ, ਜ਼ਿਲ੍ਹਾ ਚੇਅਰਮੈਨ ਡਾ. ਰਘਵੀਰ ਚੰਦ ਸ਼ਰਮਾ, ਸਕੱਤਰ ਡਾ. ਸਿਮਰਜੀਤ ਸਿੰਘ ਗਾਗੋਵਾਲ, ਕੈਸ਼ੀਅਰ ਡਾ. ਅਮਰੀਕ ਸਿੰਘ ਮਾਖਾ, ਸਹਾਇਕ ਸਕੱਤਰ ਡਾ. ਹਰਬੰਸ ਸਿੰਘ ਦਿਆਲਪੁਰਾ, ਸਹਾਇਕ ਕੈਸ਼ੀਅਰ ਡਾ. ਅਸ਼ੋਕ ਕੁਮਾਰ ਗਾਮੀਵਾਲਾ, ਡਾ.ਗੁਰਪ੍ਰੀਤ ਸਿੰਘ ਉਭਾ ਆਗੂਆਂ ਨੇ ਆਪਣੇ ਵਿਚਾਰ ਪੇਸ਼ ਕੀਤੇ ਤੇ ਕਿਹਾ ਕਿ ਐਸੋਸੀਏਸ਼ਨ ਵੱਲੋਂ ਕਿਸੇ ਵੀ ਸਮਾਜ ਵਿਰੋਧੀ ਅਲਾਮਤ, ਨਸ਼ਾ ਤੇ ਭਰੂਣ ਹੱਤਿਆਂ ਕਰਨ ਵਾਲੇ ਦਾ ਸਾਥ ਨਹੀਂ ਦਿੱਤਾ ਜਾਂਦਾ, ਸਗੋਂ ਸਮੇਂ ਸਮੇਂ ਨੁੱਕੜ ਮੀਟਿੰਗਾਂ ਅੇ ਸੈਮੀਨਾਰ ਕਰਕੇ ਜਨ ਜਾਗ੍ਰਤੀ ਮੁਹਿੰਮ ਪਿਰਤ ਅਨੁਸਾਰ ਚਲਾਈ ਜਾਂਦੀ ਹੈ।ਇਸ ਸਮੇਂ ਬਲਾਕ ਮਾਨਸਾ ਦੇ ਪ੍ਰਧਾਨ ਡਾ ਗੁਰਪ੍ਰੀਤ ਸਿੰਘ ਭੈਣੀ ਬਾਘਾ, ਬਲਾਕ ਜੋਗਾ ਦੇ ਪ੍ਰਧਾਨ ਡਾ. ਗੁਰਵਿੰਦਰ ਸਿੰਘ, ਝੁਨੀਰ ਦੇ ਡਾ.ਅੰਗਰੇਜ਼ ਸਿੰਘ ਸਾਹਨੇਵਾਲੀ , ਬੁਢਲਾਡਾ ਦੇ ਡਾ. ਗੁਰਜੀਤ ਸਿੰਘ ਬਰੇ, ਬੋਹਾ ਦੇ ਸੁਖਪਾਲ ਸਿੰਘ ਹਾਕਮਵਾਲਾ, ਭੀਖੀ ਦੇ ਸਤਵੰਤ ਸਿੰਘ ਮੋਹਰ ਸਿੰਘ ਵਾਲਾ, ਬਰੇਟਾ ਦੇ ਸਕੱਤਰ ਬਿੱਟੂ ਸ਼ਰਮਾ, ਸਰਦੂਲਗੜ੍ਹ ਦੇ ਪ੍ਰਧਾਨ ਦੀਪਕ ਬਜਾਜ ਨੇ 23 ਮਾਰਚ ਦੇ ਮਹਾਨ ਸ਼ਹੀਦਾਂ ਭਗਤ ਸਿੰਘ ਰਾਜਗੁਰੂ ਤੇ ਸੁਖਦੇਵ ਦਾ ਸ਼ਹੀਦੀ ਦਿਹਾੜਾ ਪਿਰਤ ਅਨੁਸਾਰ ਬਲਾਕ ਪੱਧਰੀ ਮਨਾਉਣ ਦਾ ਵੀ ਅਹਿਦ ਲਿਆ।ਉਨ੍ਹਾਂ ਕਿਹਾ ਕਿ ਜੇਕਰ ਰਜਿਸਟ੍ਰੇਸ਼ਨ ਦੀ ਅਣਹੋਂਦ ਤੇ ਨਸ਼ਿਆਂ ਦੀ ਆੜ ਵਿੱਚ ਸਾਫ਼ ਸੁਥਰੀ ਪ੍ਰੈਕਟਿਸ ਕਰਦੇ ਕਿਸੇ ਵੀ ਮੈਡੀਕਲ ਪ੍ਰੈਕਟੀਸ਼ਨਰ ਨੂੰ ਤੰਗ ਪ੍ਰੇਸ਼ਾਨ ਕੀਤਾ ਗਿਆ ਤਾਂ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਮੀਟਿੰਗ 'ਚ ਡਾ. ਸੁਧੀਰ ਚਿਲਾਣਾ, ਡਾ. ਹਰੀਸ਼ ਕੁਮਾਰ, ਵੈਦ ਅਮਰੀਕ ਸਿੰਘ, ਡਾ. ਰਣਵੀਰ ਸਿੰਘ, ਡਾ. ਹਰਬੰਸ ਸਿੰਘ ਭੀਮੜਾ, ਡਾ. ਕੇਵਲ ਸਿੰਘ, ਡਾ. ਜੀਵਨ ਸਿੰਘ, ਵੈਦ ਗੁਰਨਾਮ ਸਿੰਘ, ਡਾ. ਰਵਿੰਦਰ ਸਿੰਘ ਕਾਲੂ ਆਦਿ ਬਲਾਕ ਆਗੂ ਹਾਜ਼ਰ ਸਨ।

**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ/ਮਾਲਭਾੜਾ, ਉੱਤਰ ਰੇਲਵੇ, ਫ਼ਿਰੋਜ਼ਪੁਰ ਦੁਵਾਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫ਼ਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ :

| ਨੀਲਾਮੀ ਸੂਚੀ ਨੰ: | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-45 | 04.04.2025 ਨੂੰ 11.00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ ਉਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਮਪਾਰਟਮੈਂਟ) : 22462/F1, 12460/F1, 12014/F1, 14036/R1, 12238/F2, 14036/F1, 19804/F1, 14036/F2, 12030/F1 & 16788/F1. |

ਪੂਰੀ ਜਾਣਕਾਰੀ ਅਤੇ ਰਜਿਸਟਰੈਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੈੱਬਸਾਈਟ www.ireps.gov.in ਉਤੇ ਜਾਉ। 869/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਗਵਰਨਮੈਂਟ ਇੰਪਲਾਈਜ਼ ਕੋ-ਆਪ ਹਾਊਸ ਬਿਲਡਿੰਗ ਸੋਸਾਇਟੀ (ਫਸਟ) ਲਿਮ.**

ਦਫ਼ਤਰ : ਮਯੂਰ ਵਿਹਾਰ ਸੈਕਟਰ-48 ਏ, ਚੰਡੀਗੜ੍ਹ

ਰਜਿ ਨੰ. 647 ਮਿਤੀ 28.05.2003

**ਜਨਤਕ ਸੂਚਨਾ**

ਇਹ ਆਮ ਜਨਤਾ ਸਾਰੇ ਸਬੰਧਿਤ ਦੀ ਜਾਣਕਾਰੀ ਹਿੱਤ ਅਧਿਸੂਚਿਤ ਕੀਤਾ ਜਾਂਦਾ ਹੈ ਕਿ ਹੇਠਾਂ ਵਰਨਣ ਬਿਨੇਕਾਰਾਂ ਨੇ ਚੰਡੀਗੜ੍ਹ ਪ੍ਰਸ਼ਾਸਨ ਦੀ ਪਰਿਵਾਰਕ ਤਬਾਦਲਾ ਨੀਤੀ ਅਨੁਸਾਰ ਸੋਸਾਇਟੀ/ਰਜਿਸਟਰਾਰ ਸਹਿਕਾਰੀ ਸਭਾਵਾਂ, ਯੂ.ਟੀ. ਚੰਡੀਗੜ੍ਹ ਦੀ ਪ੍ਰਬੰਧਕ ਕਮੇਟੀ ਦੇ ਸਨਮੁੱਖ ਪਟਾ ਅਧਿਕਾਰ ਬੈਨਾਮਾ ਤਬਦੀਲ ਕਰਨ ਲਈ ਆਪਣੇ ਸ਼ੇਅਰ/ਫਲੈਟ ਨੂੰ ਬਦਲਣ ਅਤੇ ਐਨ ਓ ਸੀ/ ਇਜ਼ਾਜਤ ਲਈ ਬਿਨੇ ਕੀਤਾ ਹੈ।

| ਲੜੀ ਨੰ. | ਵੇਰਵੇ | ਵਰਗ | ਫਲੈਟ ਨੰਬਰ |
|---|---|---|---|
| 1. | ਸ./ਸ੍ਰੀ ਨਰੇਸ਼ ਕੁਮਾਰ ਖੁਰਾਣਾ, ਰਾਜੇਸ਼ ਕੁਮਾਰ ਖੁਰਾਣਾ, ਰਾਕੇਸ਼ ਕੁਮਾਰ ਖੁਰਾਣਾ ਪੁੱਤਰਾਨ ਸਵਰਗਵਾਸੀ ਵਾਸੂਦੇਵ ਖੁਰਾਣਾ (ਤਬਦੀਲ ਕਰਤਾ) ਦੀ ਮੈਂਬਰਸ਼ਿਪ ਦੇ ਸ਼ੇਅਰ ਆਪਣੇ ਭਰਾ ਸ੍ਰੀ ਅਰੁਣ ਕੁਮਾਰ ਖੁਰਾਣਾ ਪੁੱਤਰ ਸਵ. ਸ੍ਰੀ ਵਾਸੂਦੇਵ ਖੁਰਾਣਾ (ਟਰਾਂਸਫਰੀ) ਦੇ ਨਾਮ ਬਦਲੀ ਕਰਨ ਵਾਸਤੇ | 'ਏ' | #113 (ਹੇਠਲੀ ਮੰਜ਼ਲ) ਮਯੂਰ ਵਿਹਾਰ, ਸੈਕਟਰ-48 ਏ, ਚੰਡੀਗੜ੍ਹ |

ਜੇਕਰ ਕਿਸੇ ਵਿਅਕਤੀ ਨੂੰ ਸੋਸਾਇਟੀ ਦੇ ਉੱਪਰ ਵਰਨਣ ਫਲੈਟ ਦੇ ਮਾਲਕੀ ਅਧਿਕਾਰੀ ਜਾਂ ਹਿੱਤ ਬਿਨੇਕਾਰ ਦੇ ਪੱਖ ਵਿੱਚ ਤਬਦੀਲ ਕੀਤੇ ਜਾਣ ਪ੍ਰਤੀ ਕੋਈ ਇਤਰਾਜ਼ ਹੈ ਤਾਂ ਉਹ (ਪੁਰਸ਼/ਮਹਿਲਾ) ਲਿਖਤੀ ਰੂਪ ਵਿੱਚ ਲੋੜੀਂਦੇ ਦਸਤਾਵੇਜ਼ਾਂ ਸਮੇਤ ਨਿਮਨ ਹਸਤਾਖਰੀ ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੇ 30 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਜਮ੍ਹਾਂ ਕਰਵਾ ਸਕਦਾ ਹੈ। ਅਸਫਲ ਰਹਿਣ ਦੀ ਸੂਰਤ ਵਿੱਚ ਉਪਰੋਕਤ ਦਰਸਾਏ ਫਲੈਟ ਦੀ ਮਾਲਕੀਅਤ ਬਿਨੇਕਾਰ ਦੇ ਪੱਖ ਵਿੱਚ ਤਬਦੀਲ ਕਰ ਦਿੱਤੀ ਜਾਵੇਗੀ।

ਇਸ ਤੋਂ ਬਾਅਦ ਕਿਸੇ ਵੀ ਤਰੀਕੇ ਨਾਲ ਕਿਸੇ ਦਾਅਵੇ ਨੂੰ ਵਿਚਾਰਿਆ ਨਹੀਂ ਜਾਵੇਗਾ।

ਮਿਤੀ : 21.03.2025 ਪ੍ਰਧਾਨ/ਸਕੱਤਰ

ਸਥਾਨ : ਚੰਡੀਗੜ੍ਹ ਵਾਸਤੇ ਸਰਕਾਰੀ ਕਰਮਚਾਰੀ ਸਹਿਕਾਰੀ ਐਚ/ਬੀ ਸੋਸਾਇਟੀ (ਪਹਿਲੀ) ਲਿਮ.

## ਸਬ-ਰਜਿਸਟਰਾਰ ਦੀ ਤਰਫੋਂ 5,50,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ 'ਚ ਵਸੀਕਾ ਨਵੀਸ ਗ੍ਰਿਫ਼ਤਾਰ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਫਤਿਹਗੜ੍ਹ ਸਾਹਿਬ ਦੇ ਵਸੀਕਾ ਨਵੀਸ ਅਨੁਪਮ ਸ਼ਰਮਾ ਉਰਫ ਮੋਨੂ ਨੂੰ ਸਬ-ਰਜਿਸਟਰਾਰ ਬੱਸੀ ਪਠਾਣਾ ਦੀ ਤਰਫੋਂ 5,50,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਬੱਸੀ ਪਠਾਣਾ ਦੇ ਵਸਨੀਕ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਗਈ ਆਨਲਾਈਨ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ ਹੈ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਜਾਇਦਾਦਾਂ ਦੀ ਰਜਿਸਟਰੀ ਕਰਵਾਉਣ ਬਦਲੇ ਉਕਤ ਮੁਲਜ਼ਮ ਨੇ ਤਹਿਸੀਲ ਬੱਸੀ ਪਠਾਣਾਂ ਦੇ ਸਬ-ਰਜਿਸਟਰਾਰ ਦੀ ਤਰਫੋਂ ਇਹ ਰਿਸ਼ਵਤ ਮੰਗੀ ਹੈ।ਸ਼ਿਕਾਇਤਕਰਤਾ ਨੇ ਵਸੀਕਾ ਨਵੀਸ ਤੇ ਸਬ-ਰਜਿਸਟਰਾਰ ਨਾਲ ਹੋਈ ਆਪਣੀ ਗੱਲਬਾਤ ਰਿਕਾਰਡ ਕਰ ਲਈ।ਜਾਂਚ ਦੌਰਾਨ ਵਿਜੀਲੈਂਸ ਬਿਊਰੋ ਨੇ ਸ਼ਿਕਾਇਤ ਵਿੱਚ ਲਗਾਏ ਦੋਸ਼ ਸਹੀ ਪਾਏ, ਜਿਸ ਕਰਕੇ ਉਕਤ ਮੁਲਜ਼ਮ ਵਸੀਕਾ ਨਵੀਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਇਸ ਸਬੰਧੀ ਉਕਤ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ।ਉਸ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।ਬੁਲਾਰੇ ਨੇ ਅੱਗੇ ਦੱਸਿਆ ਕਿ ਅਗਲੇਰੀ ਜਾਂਚ ਦੌਰਾਨ ਉਕਤ ਮਾਲ ਅਧਿਕਾਰੀ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ।ਜ਼ਿਕਰਯੋਗ ਹੈ ਕਿ ਇਹ ਤਹਿਸੀਲਦਾਰਾਂ ਦੇ ਨਾਮ 'ਤੇ ਲੰਮੇ ਸਮੇਂ ਤੋਂ ਲੁੱਟ ਕਰ ਰਿਹਾ ਸੀ।

**AXIS BANK**

**Retail Asset Centre:** AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
**Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai- 400025
**Registered Office:** 'Trishul', 3rd Floor, opposite Samartheswar Temple, Law garden, Ellisbridge, Ahmadabad- 380006

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ, ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਨ੍ਹਾਂ ਨੂੰ ਦਰਸਾਏ ਰੂਲ ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਵਰਨਣ ਜਾਇਦਾਦ ਦਾ ਹੇਠਾਂ ਦਰਸਾਈਆਂ ਮਿਤੀਆਂ ਨੂੰ ਸੰਕੇਤਕ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖ਼ਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਾਸ਼ੀ (ਰੁਪਏ) |
|---|---|
| 1. ਮੈਸਰਜ਼ ਐੱਸ ਐੱਨ ਫੂਡਜ਼ (ਰਾਹੀਂ ਇਸ ਦੇ ਹਿੱਸੇਦਾਰਾਂ) ਪਿੰਡ ਹਾਜ਼ੀਪੁਰ ਸਲੈਚਾਂ ਸ਼ਾਹਕੋਟ ਜਲੰਧਰ ਪੰਜਾਬ-144702<br>2. ਸ੍ਰੀਮਤੀ ਸ਼ਵੇਤਾ ਮਲਹੋਤਰਾ ਪਤਨੀ ਸ੍ਰੀ ਮਨੀਸ਼ ਮਲਹੋਤਰਾ (ਹਿੱਸੇਦਾਰ) # 1506 ਨੇੜੇ ਹਨੂੰਮਾਨ ਮੰਦਰ, ਵਾਰਡ ਨੰ. 6, ਸ਼ਾਹਕੋਟ, ਜਲੰਧਰ-144702<br>3. ਸ੍ਰੀਮਤੀ ਨੀਰਾ ਮਲਹੋਤਰਾ ਪਤਨੀ ਸ੍ਰੀ ਰਿਪੁ ਦਮਨ ਮਲਹੋਤਰਾ (ਹਿੱਸੇਦਾਰ) # 1033 ਨੇੜੇ ਹਨੂੰਮਾਨ ਮੰਦਰ, ਵਾਰਡ ਨੰ. 6, ਸ਼ਾਹਕੋਟ, ਜਲੰਧਰ-144702 | 16 ਦਸੰਬਰ 2024<br>17 ਮਾਰਚ 2025<br>ਰੁਪਏ 1,16,53,611.38/- (ਰੁਪਏ ਇੱਕ ਕਰੋੜ ਸੋਲਾਂ ਲੱਖ ਤਰਵੰਜਾ ਹਜ਼ਾਰ ਛੇ ਸੌ ਗਿਆਰਾਂ ਅਤੇ ਅਠੱਤੀ ਪੈਸੇ ਕੇਵਲ) |

ਅਚੱਲ ਜਾਇਦਾਦਾਂ ਦਾ ਵੇਰਵਾ : ਟਰਾਂਸਫਰ ਡੀਡ ਨੰ. 2023-24/177/1/1382 ਮਿਤੀ 29 ਨਵੰਬਰ 2023 ਤਹਿਤ ਸ੍ਰੀਮਤੀ ਸ਼ਵੇਤਾ ਮਲਹੋਤਰਾ ਦੇ ਨਾਂਅ 'ਤੇ ਰਜਿਸਟਰਡ ਹਾਜ਼ੀਪੁਰ ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਵਿਖੇ ਸਥਿਤ ਜਮ੍ਹਾਂਬੰਦੀ ਵਾਸਤੇ ਸਾਲ 2021-2022 ਹੱਦਬਸਤ ਨੰ. 81 ਮੁਤਾਬਕ ਖੇਵਟ ਖਤੌਨੀ ਨੰ. 91/94 ਕਿਲਾ ਨੰ. 11//12 (8-0), 13/1 (2-19) ਵਿੱਚ ਸ਼ਾਮਲ ਕੁੱਲ ਜ਼ਮੀਨ 10 ਕਨਾਲ-19 ਮਰਲੇ ਦਾ 290/876 ਸ਼ੇਅਰ ਜਾਇਦਾਦ ਰਕਬਾ 3 ਕਨਾਲ 13 ਮਰਲੇ ਵਿੱਚ ਜਾਇਦਾਦ 'ਤੇ ਉਸਾਰੀ ਕੀਤੀਆਂ ਇਮਾਰਤਾਂ ਅਤੇ ਢਾਂਚਿਆਂ, ਧਰਤੀ ਨਾਲ ਜੁੜੇ ਫਿਕਚਰਜ਼, ਫਿਟਿੰਗਜ਼, ਸਾਰੇ ਪਲਾਂਟ ਅਤੇ ਮਸ਼ੀਨਰੀ ਦੇ ਜ਼ਮੀਨ ਸਮੇਤ ਸਾਰੇ ਹਿੱਸੇ। ਹੱਦਾਂ : ਪੂਰਬ : ਰਾਜੂ ਪੁੱਤਰ ਜੋਗਿੰਦਰ ਸਿੰਘ, ਪੱਛਮ : ਸੜਕ, ਉੱਤਰ : ਰਮੇਸ਼, ਦੱਖਣ : ਤਰਸੇਮ ਸਿੰਘ ਦੀ ਖੇਤੀਬਾੜੀ ਵਾਲੀ ਜ਼ਮੀਨ।

ਮਿਤੀ : 21 ਮਾਰਚ 2025, ਸਥਾਨ : ਜਲੰਧਰ ਸਹੀ/-ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

## ਪੰਜਾਬ ਸਰਕਾਰ ਬਜਟ ਸੈਸ਼ਨ 'ਚ ਨਵੀਂ ਸਿੱਖਿਆ ਨੀਤੀ ਨੂੰ ਰੱਦ ਕਰਨ ਦਾ ਮਤਾ ਪਾਸ ਕਰੇ : ਜੀ ਟੀ ਯੂ ਪੰਜਾਬ

### ਜਿਹੜਾ ਖਜ਼ਾਨੇ 'ਚੋਂ ਇੱਕ ਰੁਪਈਆ ਵੀ ਫਾਇਦਾ ਲੈਂਦਾ ਹੈ, ਉਨ੍ਹਾਂ ਸਾਰਿਆਂ ਦੇ ਬੱਚੇ ਸਰਕਾਰੀ ਸਕੂਲਾਂ 'ਚ ਪੜ੍ਹਨਾ ਲਾਜ਼ਮੀ ਕਰੇ ਸਰਕਾਰ : ਚਾਹਲ, ਸਸਕੌਰ



**ਜ਼ੀਰਾ (ਨਰਿੰਦਰ ਅਨੇਜਾ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਵਿੱਤ ਸਕੱਤਰ ਅਮਨਦੀਪ ਸ਼ਰਮਾ, ਪ੍ਰੈਸ ਸਕੱਤਰ ਕਰਨੈਲ ਫਿਲੌਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬਜਟ ਸੈਸ਼ਨ ਵਿੱਚ ਨਵੀਂ ਸਿੱਖਿਆ ਨੀਤੀ 2020 ਨੂੰ ਰੱਦ ਕਰਨ ਦਾ ਮਤਾ ਪਾਸ ਕੀਤਾ ਜਾਵੇ ਤੇ ਪੰਜਾਬ ਦੇ ਸੱਭਿਆਚਾਰ, ਧਰਾਤਲ ਤੇ ਵਿਰਸੇ ਅਤੇ ਪੰਜਾਬ ਦੇ ਹਾਲਾਤਾਂ ਨੂੰ ਮੁੱਖ ਰੱਖ ਕੇ ਆਪਣੀ ਨਵੀਂ ਸਿੱਖਿਆ ਨੀਤੀ ਬਣਾਈ ਜਾਵੇ। ਆਗੂਆਂ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ ਕਾਰਨ ਪੰਜਾਬ ਦੀ ਸਿੱਖਿਆ ਤਬਾਹ ਹੋ ਜਾਵੇਗੀ ਤੇ ਨਿੱਜੀ ਸੰਸਥਾਵਾਂ ਦੇ ਦਖਲ ਕਾਰਨ ਸਿੱਖਿਆ ਮਹਿੰਗੀ ਹੋ ਜਾਵੇਗੀ ਤੇ ਗਰੀਬ ਲੋਕਾਂ ਤੋਂ ਖੁੱਸ ਜਾਵੇਗੀ।

ਆਗੂਆਂ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ ਦੇਸ਼ ਦੇ ਵੱਖਰੇ ਵੱਖਰੇ ਸੱਭਿਆਚਾਰ ਨੂੰ ਖਤਮ ਕਰ ਦੇਵੇਗੀ, ਜਿਸ ਕਾਰਨ ਪੰਜਾਬ ਦੀ ਆਪਣੀ ਪਹਿਚਾਣ ਖਤਰੇ ਵਿੱਚ ਹੈ। ਬਹੁਤ ਸਾਰੇ ਰਾਜਾਂ ਨੇ ਨਵੀਂ ਸਿੱਖਿਆ ਨੀਤੀ ਨੂੰ ਲਾਗੂ ਨਾ ਕਰਨ ਦਾ ਫੈਸਲਾ ਕੀਤਾ ਹੈ, ਜਿਸ ਤੋਂ ਪੰਜਾਬ ਨੂੰ ਵੀ ਸੇਧ ਲੈਣੀ ਚਾਹੀਦੀ ਹੈ। ਆਗੂਆਂ ਨੇ ਹੋਰ ਅੱਗੇ ਕਿਹਾ ਕਿ 2015 ਨੂੰ ਮਾਣਯੋਗ ਇਲਾਹਾਬਾਦ ਹਾਈਕੋਰਟ ਦੇ ਫੈਸਲੇ ਅਨੁਸਾਰ ਸਾਰੇ ਮੁਲਾਜ਼ਮਾਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਹਾਸਲ ਕਰਨ ਨੂੰ ਹੋਰ ਸੋਧ ਕੇ ਲਾਗੂ ਕੀਤਾ ਜਾਵੇ ਕਿ ਜਿਹੜਾ ਵਿਅਕਤੀ ਪੰਜਾਬ ਦੇ ਖਜ਼ਾਨੇ ਵਿੱਚੋਂ ਇੱਕ ਰੁਪਈਆ ਵੀ ਕੋਈ ਫਾਇਦਾ ਲੈਂਦਾ ਹੈ, ਉਨ੍ਹਾਂ ਸਾਰਿਆਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਨੇ ਚਾਹੀਦੇ ਹਨ, ਭਾਵੇਂ ਕੋਈ ਮੁਲਾਜ਼ਮ, ਵਿਧਾਇਕ, ਮੰਤਰੀ ਜਾਂ ਮੈਂਬਰ ਪਾਰਲੀਮੈਂਟ ਹੀ ਕਿਉਂ ਨਾ ਹੋਵੇ। ਕਾਮਨ ਸਕੂਲ ਪ੍ਰਣਾਲੀ ਲਾਗੂ ਕਰਨ ਦਾ ਮਤਾ ਵੀ ਪਾਸ ਕਰਨਾ ਚਾਹੀਦਾ ਹੈ ਤਾਂ ਕਿ ਸਾਰੇ ਲੋਕਾਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਹਾਸਲ ਕਰਨ ਤਾਂ ਹੀ ਲੋਕਾਂ ਨੂੰ ਪ੍ਰਾਈਵੇਟ ਸਕੂਲਾਂ ਦੀ ਲੁੱਟ ਤੋਂ ਬਚਾਇਆ ਜਾ ਸਕਦਾ ਹੈ। ਇਸ ਮੌਕੇ ਹੁਸ਼ਿਆਰਪੁਰ ਤੋਂ ਅਮਨਦੀਪ ਸ਼ਰਮਾ ਤੇ ਸੁਨੀਲ ਕੁਮਾਰ, ਗੁਰਦਾਸਪੁਰ ਤੋਂ ਮੰਗਲਦੀਪ, ਨਵਾਂ ਸ਼ਹਿਰ ਤੋਂ ਕੁਲਦੀਪ ਸਿੰਘ ਦੌੜਕਾ, ਮੋਗਾ ਤੋਂ ਜੱਜਪਾਲ ਸਿੰਘ ਬਾਜੇ ਕੇ ਤੇ ਗੁਰਪ੍ਰੀਤ ਸਿੰਘ ਅੰਮੀਵਾਲ, ਮੁਕਤਸਰ ਤੋਂ ਮਨੋਹਰ ਲਾਲ ਸ਼ਰਮਾ, ਸੰਗਰੂਰ ਤੋਂ ਸਰਬਜੀਤ ਸਿੰਘ, ਪਟਿਆਲਾ ਤੋਂ ਜਗਪ੍ਰੀਤ ਸਿੰਘ ਭਾਟੀਆ ਫਤਹਿਗੜ੍ਹ ਸਾਹਿਬ ਤੋਂ ਰਾਜੇਸ਼ ਕੁਮਾਰ, ਫਿਰੋਜ਼ਪੁਰ ਤੋਂ ਬਲਵਿੰਦਰ ਸਿੰਘ ਭੁੱਟੋ, ਜਸਵਿੰਦਰ ਸਿੰਘ, ਰੋਪੜ ਤੋਂ ਗੁਰਬਿੰਦਰ ਸਸਕੌਰ ਪਠਾਨਕੋਟ ਤੋਂ ਸੁਭਾਸ਼ ਕੁਮਾਰ, ਅੰਮ੍ਰਿਤਪਾਲ ਮਾਨਸਾ ਤੋਂ ਨਰਿੰਦਰ ਸਿੰਘ ਮਾਖਾ, ਲਖਵਿੰਦਰ ਸਿੰਘ, ਗੁਰਪ੍ਰੀਤ ਸਿੰਘ ਮੋਹਾਲੀ ਤੋਂ ਮਨਪ੍ਰੀਤ ਸਿੰਘ, ਪ੍ਰਸ਼ੋਤਮ ਲਾਲ, ਸ੍ਰੀ ਅੰਮ੍ਰਿਤਸਰ ਤੋਂ ਸੁੱਚਾ ਸਿੰਘ ਟਰਪਈ, ਲੁਧਿਆਣਾ ਤੋਂ ਜਗਜੀਤ ਸਿੰਘ ਮਾਨ, ਬਰਨਾਲਾ ਤੋਂ ਹਰਿੰਦਰ ਮਲੀਆ ਤਰਨ ਤਾਰਨ ਤੋਂ ਸਰਬਜੀਤ ਸਿੰਘ ਜਲੰਧਰ ਤੋਂ ਤੀਰਥ ਸਿੰਘ ਬਾਸੀ ਤੇ ਨਿਰਮੋਲਕ ਸਿੰਘ ਹੀਰਾ ਆਦਿ ਅਧਿਆਪਕ ਆਗੂ ਸ਼ਾਮਲ ਸਨ।

## ਅੱਜ ਬਿਜਲੀ ਬੰਦ ਰਹੇਗੀ

**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਜਲਾਲਾਬਾਦ ਦੇ ਐੱਸ.ਡੀ.ਓ. ਸੰਦੀਪ ਕੁਮਾਰ ਨੇ ਦੱਸਿਆ ਕਿ 66 ਕੇ.ਵੀ. ਵੈਰੋਕੇ ਲਾਈਨ (ਫੱਤਣਵਾਲਾ) ਦੀ ਮੈਂਟੀਨੈਂਸ ਦੇ ਜ਼ਰੂਰੀ ਕੰਮ ਕਰਨ ਦੇ ਮੱਦੇਨਜ਼ਰ 21 ਮਾਰਚ 2025 ਨੂੰ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ 66 ਕੇ.ਵੀ. ਸਬ ਸਟੇਸ਼ਨ ਚੱਕ ਵੈਰੋਕੇ, 66 ਕੇ.ਵੀ. ਸਬ ਸਟੇਸ਼ਨ ਪੱਕਾ ਕਾਲੇਵਾਲਾ, 66 ਕੇ.ਵੀ. ਸਬ ਸਟੇਸ਼ਨ ਝਾੜੀ ਵਾਲਾ ਤੇ 66 ਕੇ.ਵੀ. ਗਰਾਸਪਿੰਨਜ਼ ਮਿੱਲ, ਚੱਕ ਸੈਦੋਕੇ ਤੋਂ ਚੱਲਦੀ ਸਾਰੀ ਸਪਲਾਈ ਪ੍ਰਭਾਵਿਤ ਰਹੇਗੀ।

## ਕਰਨ ਭੀਖੀ ਨੂੰ ਸਦਮਾ, ਜੀਜੇ ਦਾ ਦੇਹਾਂਤ

**ਭੀਖੀ (ਧਰਮਵੀਰ ਸ਼ਰਮਾ)**-ਪੱਤਰਕਾਰ ਤੇ ਪੰਜਾਬੀ ਵਿਰਸਾ ਹੈਰੀਟੇਜ ਫਾਊਂਡੇਸ਼ਨ ਦੇ ਪ੍ਰਧਾਨ ਕਰਨ ਭੀਖੀ ਦੇ ਜੀਜਾ ਸੁਖਵੀਰ ਸਿੰਘ (36) ਦਾ ਅਚਨਚੇਤ ਦਿਹਾਂਤ ਹੋ ਗਿਆ, ਜਿਸ ਕਾਰਨ ਪਰਵਾਰ ਨੂੰ ਭਾਰੀ ਸਦਮਾ ਲੱਗਾ ਹੈ।

ਵੱਖ-ਵੱਖ ਜਥੇਬੰਦੀਆਂ ਵੱਲੋਂ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਭੁਪਿੰਦਰ ਫੌਜੀ ਪ੍ਰਧਾਨ ਨਵਯੁਗ ਸਾਹਿਤ ਕਲਾ ਮੰਚ, ਐਡਵੋਕੇਟ ਅੰਗਰੇਜ ਸਿੰਘ ਕਲੇਰ, ਹਰਪ੍ਰੀਤ ਹੈਪੀ ਰਮਦਿੱਤੇ ਵਾਲਾ, ਮਾਸਟਰ ਸੁਰਜੀਤ ਸਿੰਘ ਪੁਮਾਰ, ਮਾਸਟਰ ਸ਼ਿੰਗਾਰਾ ਸਿੰਘ ਝੰਡਾ ਕਲਾਂ, ਦਿਲਬਾਗ ਸਿੰਘ ਰਿਉਂਦ, ਗੁਰਤੇਜ ਸਿੰਘ ਮਾਨਸਾ ਆਦਿ ਵੱਲੋਂ ਦੁੱਖ ਦਾ ਸਾਂਝਾ ਕੀਤਾ ਗਿਆ।



ਬੀ ਜੇ ਪੀ ਆਗੂ ਐੱਸ ਪੀ ਮੁਖਤਿਆਰ ਸਿੰਘ ਨਾਲ ਕੰਜ਼ਿਊਮਰ ਰਾਈਟ ਆਰਗਨਾਈਜੇਸ਼ਨ ਦੀ ਮੀਟਿੰਗ ਹੋਈ, ਜਿਸ ਵਿੱਚ ਮੰਡੀ ਦੇ ਸੰਬੰਧ ਵਿੱਚ ਰਹਿੰਦੇ ਕੰਮਾਂ ਬਾਰੇ ਤੇ ਸ਼ਹਿਰੀ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਆਪਣੇ ਸੰਗਠਨ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਸੁਰਿੰਦਰ ਕੁਮਾਰ, ਗੁਰਪ੍ਰੀਤ ਸਿੰਘ, ਜਸਵਿੰਦਰ ਸਿੰਘ ਸੋਨੀ, ਰਾਜ ਕੁਮਾਰ, ਕੁਲਜੀਤ ਸਿੰਘ ਆਦਿ ਮੈਂਬਰ ਹਾਜ਼ਰ ਸਨ। (ਫੋਟੋ ਤੇ ਵੇਰਵਾ : ਲਵਲੀ ਮਾਛੀਕੇ, ਨਿਹਾਲ ਸਿੰਘ ਵਾਲਾ)

**ਉਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-46 | 07/04/25 ਨੂੰ 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ): 22552/F1, 22446/F1, 12470/F1, 12752/F1, 12498/F1, 22430/F1, 14612/F1, 12266/F1, 19028/F1 & 12238/R1. |
| EAFZR-SLR25-47 | 08/04/25 ਨੂੰ 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ): 15098/F1, 12422/F1, 11450/F1, 15532/F1, 16318/F1, 12478/F1, 14632/F1, 14632/R1, 12446/F1 & 12476/F1. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। 872/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਪੱਤਰ ਨੰ. :-331-2024-25-DEN-TRACK-FZR ਤਾਰੀਕ: 19.03.2025

ਸੀਨੀਅਰ ਮੰਡਲ-ਟ੍ਰੈਕ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 10.04.2025 ਸਮਾਂ 15.00 ਵਜੇ ਤਕ www.ireps.gov.in 'ਤੇ ਮੰਗ ਕੀਤੀ ਜਾਂਦੀ ਹੈ ਟੈਂਡਰਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਮੈਨੂੰਅਲ ਨਿਵਿਦਾ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ 'ਨਿਵਿਦਾ ਸੁਰੱਖਿਆ ਐਲਾਨ ਪੱਤਰ' ਤੈਅ ਫਾਰਮੈਟ ਵਿਚ ਨਿਵਿਦਾ ਦੇ ਨਾਲ ਈ-ਪੋਰਟਲ ਤੇ ਨਥੀ ਕਰੇਗਾ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁੱਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਮਿਤੀ ਅਤੇ ਸਮਾਂ |
| 18.03.2025 | 27.03.2025 | 10.04.2025 & 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 331-2024-25-DEN-Track-FZR | ਫਿਰੋਜਪੁਰ ਮੰਡਲ ਤੇ ਐਫਆਰਐਮ ਦੁਆਰਾ ਛੱਡੇ ਗਏ ਸੋਲਡਰ ਬੈਲਸਟ ਦੀ ਸਕ੍ਰੀਨਿੰਗ ਦੇ ਸਬੰਧ ਵਿਚ ਪੂਰਵ ਅਤੇ ਬਾਅਦ ਦੇ ਕੰਮ ਤੇ ਧਿਆਨ ਦੇਣ ਦਾ ਕੰਮ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 1,50,63,036.72/- | 2,25,300.00/- | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ- "ਸੀਟੀਆਰ/ਟੀਆਰਆਰ/ਟੀਐਫਆਰ/ਟੀਟੀਆਰ ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ, ਡੀਪ ਸਕ੍ਰੀਨਿੰਗ, ਟ੍ਰੈਕ ਨੂੰ ਡਿਸਟ੍ਰੇਸ ਕਰਨਾ, ਟ੍ਰੈਕ ਰਖਰਖਾਅ ਮਸ਼ੀਨ ਜਿਵੇਂ ਟੈਂਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ ਰੇਗੂਲੇਟਿੰਗ ਮਸ਼ੀਨ/ ਬੈਲਾਸਟ ਸਕ੍ਰੀਨਿੰਗ/ ਰੇਗੂਲੇਟਿੰਗ ਮਸ਼ੀਨ ਅਤੇ ਟੀਟੀਆਰ ਦੇ ਲਈ ਪੂਰਵ ਅਤੇ ਬਾਅਦ ਦੇ ਕੰਮ ਸ਼ਾਮਲ ਹੈ।" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ।
2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ। 860/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# 10ਵੀਂ ਦੀ ਪ੍ਰੀਖਿਆ 'ਚ ਨਕਲ ਕਰਵਾਉਣ ਦੇ ਮਾਮਲੇ 'ਚ ਦੋ ਅਧਿਆਪਕ ਮੁਅੱਤਲ

**ਚੰਡੀਗੜ੍ਹ (ਗੁਰਜੀਤ ਬਿੱਲਾ)** ਸੂਬੇ ਵਿੱਚ ਸਿੱਖਿਆ ਦੇ ਮਿਆਰ ਨੂੰ ਬਰਕਰਾਰ ਰੱਖਣ ਲਈ ਸਖ਼ਤ ਰੁਖ਼ ਅਪਨਾਉਂਦਿਆਂ ਪੰਜਾਬ ਸਕੂਲ ਸਿੱਖਿਆ ਵਿਭਾਗ ਨੇ ਅੱਜ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਗੁਰਦਾਸਪੁਰ (ਪ੍ਰੀਖਿਆ ਕੇਂਦਰ-241251) ਵਿਖੇ ਸੁਪਰਡੈਂਟ ਅਤੇ ਇਨਵਿਜੀਲੇਟਰ (ਨਿਗਰਾਨ) ਵਜੋਂ ਤਾਇਨਾਤ ਦੋ ਅਧਿਆਪਕਾਂ ਨੂੰ 10ਵੀਂ ਜਮਾਤ ਦੀ ਬੋਰਡ ਪ੍ਰੀਖਿਆ ਦੌਰਾਨ ਨਕਲ ਕਰਵਾਏ ਜਾਣ ਦੇ ਮਾਮਲੇ ਵਿੱਚ ਸ਼ਾਮਲ ਪਾਏ ਜਾਣ ਕਾਰਨ ਮੁਅੱਤਲ ਕਰ ਦਿੱਤਾ ਹੈ।ਵਿਭਾਗ ਵੱਲੋਂ ਇਹ ਸਖ਼ਤ ਕਾਰਵਾਈ ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੇ ਨਿਰਦੇਸ਼ਾਂ 'ਤੇ ਕੀਤੀ ਗਈ ਹੈ।ਸ. ਬੈਂਸ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਫਲਾਇੰਗ ਸਕੁਐਡ ਟੀਮਾਂ ਨੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਗੁਰਦਾਸਪੁਰ ਵਿਖੇ ਪ੍ਰੀਖਿਆ ਪ੍ਰੋਟੋਕੋਲ ਦੀ ਗੰਭੀਰ ਉਲੰਘਣਾ ਦਾ ਪਰਦਾਫਾਸ਼ ਕੀਤਾ ਹੈ। ਜ਼ਿਕਰਯੋਗ ਹੈ ਕਿ 17 ਮਾਰਚ ਨੂੰ ਹੋਈ ਦੱਸਵੀਂ ਜਮਾਤ ਦੀ ਅੰਗਰੇਜ਼ੀ ਦੀ ਪ੍ਰੀਖਿਆ ਦੌਰਾਨ ਫਲਾਇੰਗ ਸਕੁਐਡ ਨੇ ਪਾਇਆ ਕਿ ਨਿਗਰਾਨ ਕਿਰਨਦੀਪ ਕੌਰ, ਜੋ ਹਿੰਦੀ ਮਿਸਟ੍ਰੈਸ ਹੈ, ਵਿਦਿਆਰਥੀਆਂ ਦੀ ਸਹਾਇਤਾ ਲਈ ਆਪਣੇ ਮੋਬਾਈਲ ਫੋਨ 'ਤੇ ਵੱਟਸਐਪ ਰਾਹੀਂ ਪ੍ਰਸ਼ਨਾਂ ਦੇ ਉੱਤਰ ਮੰਗਵਾ ਰਹੀ ਸੀ।ਪ੍ਰੀਖਿਆ ਪ੍ਰਣਾਲੀ ਦੀ ਇਹ ਸਪੱਸ਼ਟ ਉਲੰਘਣਾ ਪ੍ਰੀਖਿਆ ਕੇਂਦਰ ਦੇ ਸੁਪਰਡੈਂਟ ਅਸ਼ਵਨੀ ਕੁਮਾਰ, ਲੈਕਚਰਾਰ, ਦੀ ਡਿਊਟੀ ਵਿੱਚ ਕੁਤਾਹੀ ਕਾਰਨ ਹੋਈ, ਜਿਸ ਨੇ ਲਾਪਰਵਾਹੀ ਵਰਤਦਿਆਂ ਪ੍ਰੀਖਿਆ ਹਾਲ ਦੇ ਅੰਦਰ ਮੋਬਾਈਲ ਲਿਜਾਣ ਦੀ ਆਗਿਆ ਦਿੱਤੀ।ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਦਿਆਂ ਦੋਵੇਂ ਅਧਿਆਪਕਾਂ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਗਿਆ ਹੈ। ਆਪਣੀ ਮੁਅੱਤਲੀ ਦੌਰਾਨ ਉਹ ਜ਼ਿਲ੍ਹਾ ਸਿੱਖਿਆ ਅਧਿਕਾਰੀ, ਗੁਰਦਾਸਪੁਰ ਨੂੰ ਰਿਪੋਰਟ ਕਰਨਗੇ, ਜਿੱਥੇ ਮੁਅੱਤਲ ਕੀਤੇ ਦੋਵਾਂ ਅਧਿਆਪਕਾਂ ਦਾ ਹੈੱਡਕੁਆਟਰ ਬਣਾਇਆ ਗਿਆ ਹੈ। ਸਕੂਲ ਸਿੱਖਿਆ ਮੰਤਰੀ ਨੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਾਧੂ ਵਿਸ਼ੇਸ਼ ਟੀਮਾਂ ਗਠਿਤ ਕਰਕੇ ਅਤੇ ਫਲਾਇੰਗ ਸਕੁਐਡ ਦੀ ਨਫ਼ਰੀ ਵਧਾ ਕੇ ਚੌਕਸੀ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਅਜਿਹੇ ਮਾੜੇ ਅਮਲਾਂ ਦਾ ਮੁਕੰਮਲ ਖ਼ਾਤਮਾ ਕਰਕੇ ਪੂਰੇ ਪਾਰਦਰਸ਼ੀ ਤੇ ਨਿਰਪੱਖ ਢੰਗ ਨਾਲ ਪ੍ਰੀਖਿਆਵਾਂ ਕਰਵਾਈਆਂ ਜਾ ਸਕਣ।

# ਗ੍ਰਿਫਤਾਰ ਕਿਸਾਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ : ਜਥੇਦਾਰ ਸੁਖਦੀਪ ਸਿੰਘ

**ਬੰਗਾ (ਅਵਤਾਰ ਕਲੇਰ)** ਭਗਵੰਤ ਮਾਨ ਸਰਕਾਰ ਸੱਤਾ ਦੇ ਨਸ਼ੇ ਵਿੱਚ ਚੂਰ ਅਤੇ ਕੇਂਦਰ ਸਰਕਾਰ ਦੀ ਮਿਲੀਭੁਗਤ ਨਾਲ ਕਿਸਾਨਾਂ 'ਤੇ ਜ਼ੁਲਮ ਕਰ ਰਹੀ ਹੈ। ਮਾਨ ਸਰਕਾਰ ਨੇ ਕਿਸਾਨ ਆਗੂਆਂ ਅਤੇ ਵਰਕਰਾਂ ਨੂੰ ਗ੍ਰਿਫਤਾਰ ਕਰ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਇਹ ਸਰਕਾਰ ਕਿਸਾਨ ਵਿਰੋਧੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਸੁਖਦੀਪ ਸਿੰਘ ਸ਼ੁਕਰ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਦੇ ਨਾਂਅ 'ਤੇ ਵੋਟਾਂ ਪਾ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ ਪਰ ਲੋਕਾਂ ਦੇ ਪੱਲੇ ਨਿਰਾਸ਼ਾ ਹੀ ਪਈ। ਪੰਜਾਬ 'ਚ ਨਸ਼ਿਆਂ ਦਾ ਦੌਰ ਜ਼ੋਰਾਂ 'ਤੇ ਹੈ। ਸੜਕਾਂ ਟੁੱਟੀਆਂ ਹੋਈਆਂ ਹਨ। ਪਿੰਡਾਂ ਨੂੰ ਗ੍ਰਾਂਟਾਂ ਨਹੀਂ ਮਿਲ ਰਹੀਆਂ। ਸਾਰੇ ਪਾਸੇ ਹਾਹਾਕਾਰ ਮਚੀ ਹੋਈ ਹੈ। ਪੰਜਾਬ ਸਰਕਾਰ ਕੇਂਦਰ ਦੀ ਭਾਜਪਾ ਸਰਕਾਰ ਦੀ ਬੀ ਟੀਮ ਬਣ ਕੇ ਕੰਮ ਕਰ ਰਹੀ ਹੈ। ਉਹਨਾਂ ਕਿਹਾ ਕਿ ਕਿਸਾਨਾਂ 'ਤੇ ਜ਼ੁਲਮ ਕਿਸੇ ਵੀ ਤਰ੍ਹਾਂ ਬਰਦਾਸ਼ਿਤ ਨਹੀਂ ਕੀਤੇ ਜਾਣਗੇ। ਸ਼੍ਰੋਮਣੀ ਅਕਾਲੀ ਦਲ ਬਾਦਲ ਪਹਿਲਾਂ ਦੀ ਤਰ੍ਹਾਂ ਹੀ ਕਿਸਾਨਾਂ ਦਾ ਡਟ ਕੇ ਸਾਥ ਦੇਵੇਗਾ। ਉਹਨਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਗ੍ਰਿਫਤਾਰ ਕੀਤੇ ਗਏ ਕਿਸਾਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।



# ਲਾਇਲਪੁਰ ਖ਼ਾਲਸਾ ਕਾਲਜ ਨੇ ਫੁੱਲਾਂ ਦੀ ਪ੍ਰਦਰਸ਼ਨੀ 'ਚ ਮਾਰੀਆਂ ਮੱਲਾਂ



**ਜਲੰਧਰ (ਸ਼ੈਲੀ ਐਲਬਰਟ )**- ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਐਚ.ਐਮ.ਵੀ. ਕਾਲਜ ਵਿਖੇ ਕਰਵਾਈ ਗਈ 'ਫੁੱਲਾਂ ਦੀ ਪ੍ਰਦਰਸ਼ਨੀ' ਵਿੱਚ ਜਿੱਤ ਦਰਜ ਕੀਤੀ ਹੈ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਦਿਆਰਥੀਆਂ ਨੂੰ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ।। ਉਨਾਂ ਕਿਹਾ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕਾਲਜ ਸਦਾ ਉਨ੍ਹਾਂ ਨੂੰ ਮੌਕੇ ਪ੍ਰਦਾਨ ਕਰਦਾ ਰਿਹਾ ਹੈ ਅਤੇ ਅੱਗੇ ਤੋਂ ਵੀ ਇਸ ਲਈ ਵਚਨਬੱਧ ਹੈ। ਅਜਿਹੇ ਹੋਣਹਾਰ ਵਿਦਿਆਰਥੀਆਂ ਕਰਕੇ ਹੀ ਕਾਲਜ ਤਰੱਕੀ ਦੀ ਲੰਮੀਆਂ ਪੁਲਾਘਾਂ ਪੁਟ ਰਿਹਾ ਹੈ । ਇਨ੍ਹਾਂ ਮੁਕਾਬਲਿਆਂ ਵਿਚ ਕਾਲਜ ਦੇ ਜੁਆਲੋਜੀ ਅਤੇ ਬਾਟਨੀ ਵਿਭਾਗ ਦੇ ਬੀ.ਐਸਸੀ. ਦੀਆਂ ਵਿਦਿਆਰਥਣਾਂ ਨੇ ਭਾਗ ਲਿਆ। ਡਾ. ਗਗਨਦੀਪ ਕੌਰ ਮੁਖੀ ਜੁਆਲੋਜੀ ਅਤੇ ਬਾਟਨੀ ਵਿਭਾਗ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿਚ ਬੀ.ਐਸਸੀ. ਮੈਡੀਕਲ ਦੀ ਸੁਖਨੀਤ ਕੌਰ, ਰੂਹੀ ਅਤੇ ਨੇਹਾ ਨੇ ਸੁਕੂਲੈਂਟਸ ਅਤੇ ਕੈਕਈ ਸ਼੍ਰੇਣੀ ਵਿਚ ਪਹਿਲਾ ਸਥਾਨ ਪ੍ਰਾਪਤ ਕੀਤਾ। ਪੱਤੇਦਾਰ ਪੌਦਿਆਂ ਦੀ ਸ਼੍ਰੇਣੀ ਵਿਚ ਤਾਨੀਆਂ, ਪ੍ਰਿਯਕਾ ਅਤੇ ਸੰਜਨਾ ਨੇ ਦੂਜਾ ਸਥਾਨ ਹਾਸਲ ਕੀਤਾ । ਏਸੇ ਤਰ੍ਹਾਂ ਰਚਨਾਤਮਕ ਸਬਜ਼ੀਆਂ ਦੀ ਟੋਕਰੀ ਪ੍ਰਬੰਧਨ ਵਿਚ ਹਰਸ਼ਪ੍ਰੀਤ ਕੌਰ, ਪਰਮਿੰਦਰ ਕੌਰ ਅਤੇ ਮਾਨਸੀ ਨੇ ਤੀਸਰਾ ਸਥਾਨ ਹਾਸਲ ਕੀਤਾ।ਇਸ ਮੌਕੇ ਵਾਈਸ-ਪ੍ਰਿੰਸੀਪਲ ਪ੍ਰੋ. ਨਵਦੀਪ ਕੌਰ ਤੋਂ ਇਲਾਵਾ ਡਾ. ਜਸਵਿੰਦਰ ਕੌਰ (ਮੁਖੀ ਇਨਵਾਇਰਨਮੈਂਟ ਵਿਭਾਗ), ਡਾ. ਉਪਮਾ ਅਰੋੜਾ, ਡਾ. ਹੇਮਿੰਦਰ ਸਿੰਘ ਅਤੇ ਡਾ. ਸਰਬਜੀਤ ਸਿੰਘ ਅਤੇ ਅਤੇ ਹੋਰ ਅਧਿਆਪਕ ਵੀ ਹਾਜ਼ਰ ਸਨ।

# ਕਿਸਾਨ ਆਗੂਆਂ ਨੂੰ ਗ੍ਰਿਫ਼ਤਾਰ ਕਰਨ ਦੀ ਨਿਖੇਧੀ

**ਜਲੰਧਰ (ਨ.ਜ਼.ਸ)** ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕ੍ਰੇਸੀ ਨੇ ਪੰਜਾਬ ਸਰਕਾਰ ਵੱਲੋਂ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰਨ ਦੀ ਨਿਖੇਧੀ ਕੀਤੀ ਹੈ।ਪਾਰਟੀ ਦੀ ਪੰਜਾਬ ਇਕਾਈ ਦੇ ਸੀਨੀਅਰ ਆਗੂ ਕਾਮਰੇਡ ਅਜਮੇਰ ਸਿੰਘ ਨੇ ਪ੍ਰੈਸ ਬਿਆਨ ਜਾਰੀ ਕਰਕੇ ਆਖਿਆ ਕਿ ਇੱਕ ਪਾਸੇ ਮੁੱਖ ਮੰਤਰੀ ਇਹ ਦਾਅਵਾ ਕਰਦੇ ਹਨ ਕਿ ਉਹ ਕਿਸਾਨਾਂ ਦੇ ਮਿੱਤਰ ਹਨ। ਪੰਜਾਬ ਸਰਕਾਰ ਦੇ ਨੁਮਾਇੰਦੇ ਕਿਸਾਨ ਆਗੂਆਂ ਦੀ ਕੇਂਦਰ ਸਰਕਾਰ ਨਾਲ ਹੋਈ ਮੀਟਿੰਗ ਵਿੱਚ ਸ਼ਾਮਲ ਹੁੰਦੇ ਹਨ ਅਤੇ ਦੂਜੇ ਪਾਸੇ ਉਹਨਾਂ ਹੀ ਆਗੂਆਂ ਨੂੰ ਪੰਜਾਬ 'ਚ ਦਾਖਲ ਹੁੰਦਿਆਂ ਹੀ ਆਪਣੀ ਪੁਲਸ ਰਾਹੀਂ ਗ੍ਰਿਫਤਾਰ ਕਰਕੇ ਕਿਸਾਨ ਲਹਿਰ ਨੂੰ ਕੁਚਲਣ ਦੇ ਰਾਹ ਪੈ ਗਈ ਹੈ।ਉਹਨਾਂ ਕਿਹਾ ਕਿ ਪੰਜਾਬ ਸਰਕਾਰ ਜਬਰ ਨਾਲ ਕਿਸਾਨ ਲਹਿਰ ਨੂੰ ਦਬਾਉਣ ਦਾ ਸੁਪਨਾ ਲੈਣਾ ਛੱਡ ਦੇਵੇ ਅਤੇ ਉਸ ਨੂੰ ਕਿਸਾਨਾਂ ਦੀਆਂ ਹੱਕੀ ਮੰਗਾਂ, ਭਾਵੇਂ ਕੇਂਦਰ ਨਾਲ ਸਬੰਧਿਤ ਹੋਣ ਤੇ ਭਾਵੇਂ ਪੰਜਾਬ ਨਾਲ ਸਬੰਧਿਤ ਹੋਣ, ਪ੍ਰਤੀ ਉਸਾਰੂ ਭੂਮਿਕਾ ਨਿਭਾਉਣੀ ਚਾਹੀਦੀ ਹੈ ਨਾ ਕਿ ਕਿਸਾਨ ਲਹਿਰ ਨੂੰ ਕੁਚਲਣ ਦਾ ਰਸਤਾ ਅਖਤਿਆਰ ਕਰਨਾ ਚਾਹੀਦਾ ਹੈ।ਜੇਕਰ ਸਰਕਾਰ ਇਹ ਰਸਤਾ ਨਹੀਂ ਛੱਡਦੀ ਤਾਂ ਪੰਜਾਬ ਸਰਕਾਰ ਨੂੰ ਕਿਸਾਨ ਅੰਦੋਲਨ ਦਾ ਸੇਕ ਝੱਲਣ ਲਈ ਤਿਆਰ ਰਹਿਣਾ ਚਾਹੀਦਾ ਹੈ।

# ਸਰਕਾਰੀ ਬਹੁਤਕਨੀਕੀ ਕਾਲਜ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੁਰੂ ਨਾਨਕ ਭਵਨ, ਲੁਧਿਆਣਾ ਵਿਖੇ ਸਤਿਗੁਰੂ ਰਾਮ ਸਿੰਘ ਸਰਕਾਰੀ ਬਹੁਤਕਨੀਕੀ ਕਾਲਜ, ਲੁਧਿਆਣਾ ਵੱਲੋਂ ਪੀ:ਟੀ:ਆਈ:ਐਸ: ਦੀ



ਮੇਜ਼ਬਾਨੀ ਤਹਿਤ ਰਾਜ ਪੱਧਰੀ ਤਿੰਨ ਦਿਨਾਂ ਇੰਟਰ ਪੋਲੀਟੈਕਨਿਕ ਕਾਲਜ ਯੂਥ ਫੈਸਟੀਵਲ ਆਯੋਜਿਤ ਕਰਵਾਇਆ ਗਿਆ। ਇਸ ਯੂਥ ਫੈਸਟੀਵਲ ਵਿੱਚ ਗਿੱਧਾ, ਭੰਗੜਾ, ਲੋਕ ਗੀਤ, ਲੋਕ ਨਾਚ, ਕੋਰੀਓਗ੍ਰਾਫੀ, ਰੰਗੋਲੀ, ਸ਼ਬਦ ਗਾਇਨ ਆਦਿ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਪੰ: ਜਗਤ ਰਾਮ ਸਰਕਾਰੀ ਬਹੁਤਕਨੀਕੀ ਕਾਲਜ, ਹੁਸ਼ਿਆਰਪੁਰ ਦੇ ਵਿਦਿਆਰਥੀਆਂ ਕਾਲਜ ਨੇ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਗਿੱਧੇ ਵਿੱਚ ਪਹਿਲਾ, ਰੰਗੋਲੀ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਦੇ ਪ੍ਰਿੰਸੀਪਲ ਰਾਜੇਸ਼ ਕੁਮਾਰ ਧੁੰਨਾ ਨੇ ਵਿਦਿਆਰਥੀਆਂ ਦੀ ਤਾਰੀਫ਼ ਕੀਤੀ ਅਤੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਟੀਮ ਇੰਚਾਰਜਾਂ ਨੂੰ ਵਧਾਈ ਦਿੱਤੀ।

# ਵਿਜ ਨੇ ਸੁਨੀਤਾ ਵਿਲਿਅਮਜ਼ ਦੀ ਵਾਪਸੀ 'ਤੇ ਖੁਸ਼ੀ ਪ੍ਰਗਟਾਈ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** - ਹਰਿਆਣਾ ਦੇ ਊਰਜਾ, ਕਿਰਤ ਅਤੇ ਟ੍ਰਾਂਸਪੋਰਟ ਮੰਤਰੀ ਸ੍ਰੀ ਅਨਿਲ ਵਿਜ ਨੇ ਸਪੇਸ ਯਾਤਰੀ ਸੁਨੀਤਾ ਵਿਲਿਅਮਸ ਦੀ ਸਫਲ ਵਾਪਸੀ 'ਤੇ ਖੁਸ਼ੀ ਜਾਹਰ ਕੀਤੀ। ਉਨ੍ਹਾਂ ਨੇ ਹਰਿਆਣਾ ਵਿਧਾਨ ਸਭਾ ਦੇ ਬਜਟ ਸੈਸ਼ਨ ਵਿਚ ਇਹ ਸੁਝਾਅ ਰੱਖਿਆ ਕਿ ਇਹ ਸਦਨ ਉਨ੍ਹਾਂ ਦੀ ਸਕੁਸ਼ਲ ਵਾਪਸੀ 'ਤੇ ਖੁਸ਼ੀ ਵਿਅਕਤ ਕਰਨ ਅਤੇ ਇਸ ਭਾਵਨਾ ਨੂੰ ਰਸਮੀ ਰੂਪ ਨਾਲ ਸੁਨੀਤਾ ਵਿਲਿਅਮਸ ਤੱਕ ਪਹੁੰਚਾਇਆ ਜਾਵੇ।ਸ੍ਰੀ ਵਿਜ ਨੇ ਇਹ ਵੀ ਵਰਨਣ ਕੀਤਾ ਕਿ ਸੁਨੀਤਾ ਵਿਲਿਅਮਸ ਦੀਆਂ ਜੜ੍ਹਾਂ ਭਾਰਤ ਨਾਲ ਜੁੜੀਆਂ ਹਨ ਅਤੇ ਉਹ ਆਪਣੇ ਹਰੇਕ ਸਪੇਸ ਮਿਸ਼ਨ ਵਿਚ ਭਾਰਤੀ ਸੱਭਿਆਚਾਰ ਅਤੇ ਪ੍ਰੰਪਰਾ ਦਾ ਸਨਮਾਨ ਕਰਦੀ ਹੈ। ਉਨ੍ਹਾਂ ਵਿਗਿਆਨਕਾਂ ਅਤੇ ਮਾਹਰਾਂ ਦੇ ਪ੍ਰਤੀ ਵੀ ਸ਼ੁਕਰਗੁਜਾਰੀ ਪ੍ਰਗਟ ਕੀਤੀ, ਜਿਨ੍ਹਾਂ ਨੇ ਇਸ ਸਪੇਸ ਮਿਸ਼ਨ ਨੂੰ ਸਫਲ ਬਨਾਉਣ ਵਿਚ ਮਹਤੱਵਪੂਰਣ ਯੋਗਦਾਨ ਦਿੱਤਾ।

# ਐੱਮ ਜੀ ਐੱਸ ਐੱਮ ਜਨਤਾ ਕਾਲਜ ਦਾ ਨਤੀਜਾ ਰਿਹਾ ਸ਼ਾਨਦਾਰ



**ਕਰਤਾਰਪੁਰ (ਹਰਮੇਸ਼ ਦੱਤ)** ਮਾਸਟਰ ਗੁਰਬੰਤਾ ਸਿੰਘ ਮੈਮੋਰੀਅਲ ਜਨਤਾ ਕਾਲਜ ਕਰਤਾਰਪੁਰ ਦੇ ਐਮ.ਏ ਸੰਗੀਤ ਵਿਭਾਗ ( ਸਮੈਸਟਰ ਚੌਥਾ) , ਬੀ. ਸੀ ਏ ਅਤੇ ਬੀ.ਏ (ਸਮੈਸਟਰ ਪੰਜਵਾਂ ) ਦਾ ਨਤੀਜਾ ਸ਼ਾਨਦਾਰ ਰਿਹਾ। ਨਤੀਜੇ ਦੀ ਖਾਸੀਅਤ ਇਹ ਰਹੀ ਕਿ ਸਧਾਰਨ ਪਿੰਡਾਂ ਵਿੱਚੋ ਆ ਕੇ ਆਪਣੀ ਮਿਹਨਤ ਦੇ ਜ਼ਰੀਏ ਵਿਦਿਆਰਥੀਆਂ ਨੇ ਆਪਣੇ ਮਾਪਿਆਂ ਤੇ ਅਧਿਆਪਕਾਂ ਦਾ ਨਾਂਅ ਰੌਸ਼ਨ ਕੀਤਾ । ਬੀ.ਏ ( ਸਮੈਸਟਰ ਪੰਜਵਾਂ ) ਦੀ ਅਸ਼ਮੀਤਾ ਨੇ ਨੇ ਪਹਿਲਾ ਸਥਾਨ ਤੇ ਗੀਤਿਕਾ ਨੇ ਦੂਜਾ ਸਥਾਨ ਤੇ ਲਕਸ਼ਮੀ ਕੁਮਾਰੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ । ਸੰਗੀਤ ਵਿਭਾਗ (ਵੋਕਲ ਵਿੰਗ) ਦੇ ਵਿਦਿਆਰਥੀਆਂ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ। ਬੀ.ਸੀਏ ਸਮੈਸਟਰ ਪੰਜਵਾਂ ਦੀ ਵਿਦਿਆਰਥਣ ਮਮਤਾ ਨੇ ਪਹਿਲਾ ਸਥਾਨ ਹਾਸਿਲ ਕਰਕੇ ਕਾਲਜ ਦੇ ਮਾਣ ਵਿੱਚ ਵਾਧਾ ਕੀਤਾ। ਦੂਜੇ ਸਥਾਨ 'ਤੇ ਸਿਮਰਨ ਕੌਰ ਰਹੀ। ਤੀਜੇ ਸਥਾਨ 'ਤੇ ਪ੍ਰਿਆ ਅਤੇ ਕਮਲਜੀਤ ਕੌਰ ਨੇ ਕਬਜ਼ਾ ਕੀਤਾ। ਇਸੇ ਤਰ੍ਹਾਂ ਐਮ. ਏ (ਸੰਗੀਤ ਵਿਭਾਗ) ਸਮੈਸਟਰ ਚੌਥਾ ਦੇ ਧਰਵਿੰਦਰ ਸਿੰਘ ਨੇ ਏ+ ਗਰੇਡ ਨਾਲ ਪਹਿਲਾ ਸਥਾਨ ਹਾਸਿਲ ਕੀਤਾ। ਮਲਕੀਤ ਸਿੰਘ (ਏ ਗਰੇਡ) ਨਾਲ ਦੂਜਾ ਤੇ ਵਿਵੇਕਾ( ਏ ਗਰੇਡ) ਨਾਲ ਤੀਜੇ ਸਥਾਨ 'ਤੇ ਰਹੀ। ਪ੍ਰਿੰਸੀਪਲ ਡਾ.ਪ੍ਰੈਟੀ ਸੋਢੀ ਨੇ ਵਿਦਿਆਰਥੀਆਂ ਤੇ ਮਾਪਿਆਂ ਦੇ ਨਾਲ ਕਾਲਜ ਦੇ ਸਾਰੇ ਪ੍ਰੋਫੈਸਰਾਂ ਨੂੰ ਵਧਾਈ ਦਿੱਤੀ । ਕਾਲਜ ਪ੍ਰਧਾਨ ਤੇ ਸਾਬਕਾ ਐਮ. ਐਲ. ਏ (ਹਲਕਾ ਕਰਤਾਰਪੁਰ) ਚੌਧਰੀ ਸੁਰਿੰਦਰ ਸਿੰਘ ਤੇ ਸਕੱਤਰ ਹਰੀ ਪਾਲ ਨੇ ਨਤੀਜਿਆਂ ਤੇ ਖੁਸ਼ੀ ਵਿਅਕਤ ਕਰਦਿਆਂ ਕਿਹਾ ਇਹ ਵਿਦਿਆਰਥੀ ਸਾਡੇ ਦੇਸ਼ ਦਾ ਭਵਿੱਖ ਹਨ ਤੇ ਸਾਰੇ ਵਿਦਿਆਰਥੀ ਸਖ਼ਤ ਮਿਹਨਤ ਦੇ ਜ਼ਰੀਏ ਉੱਚੇ ਤੋਂ ਉੱਚਾ ਮੁਕਾਮ ਵੀ ਹਾਸਿਲ ਕਰ ਸਕਦੇ ਹਨ ।

# 'ਮੈਂ ਫਿਰ ਆਵਾਂਗਾ' ਨਾਟਕ ਨੇ ਦਿੱਤਾ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਦਾ ਸੱਦਾ

**ਮਹਿਤਪੁਰ (ਰਾਜਾ)** ਸੰਘਰਸ਼ਸ਼ੀਲ ਜਥੇਬੰਦੀਆਂ ਨੌਜਵਾਨ ਭਾਰਤ ਸਭਾ, ਕਿਰਤੀ ਕਿਸਾਨ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਪੰਜਾਬ ਸਟੂਡੈਂਟਸ ਯੂਨੀਅਨ, ਡੈਮੋਕ੍ਰੇਟਿਕ ਟੀਚਰਜ਼ ਫਰੰਟ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਅਤੇ ਇਸਤਰੀ ਜਾਗ੍ਰਿਤੀ ਮੰਚ ਵਲੋਂ ਮੋਦੀ ਸਰਕਾਰ ਦੀਆਂ ਮਜ਼ਦੂਰ ਕਿਸਾਨ, ਵਿਦਿਆਰਥੀ, ਮੁਲਾਜ਼ਮ, ਦੁਕਾਨਦਾਰ ਵਿਰੋਧੀ ਨੀਤੀਆਂ ਖ਼ਿਲਾਫ਼ ਸ਼ਹੀਦ ਭਗਤ ਸਿੰਘ, ਰਾਜਗੁਰੂ ਸੁਖਦੇਵ ਦੇ ਸ਼ਹੀਦੀ ਦਿਨ ਨੂੰ ਸਮਰਪਿਤ ਪਿੰਡ ਮੰਡਿਆਲਾ (ਮਹਿਤਪੁਰ) ਵਿਖੇ ਸਮਾਗਮ ਅਤੇ ਨਾਟਕ ਮੇਲਾ ਕਰਵਾਇਆ ਗਿਆ, ਜਿਸ ਵਿਚ ਪਰਵਾਜ਼ ਰੰਗ ਮੰਚ ਵਲੋਂ 'ਮੈਂ ਫਿਰ ਆਵਾਂਗਾ' ਨਾਟਕ ਅਤੇ ਕੋਰੀਓਗ੍ਰਾਫੀ ਕੀਤੀ ਗਈ।ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਪੰਜਾਬ ਸਟੂਡੈਂਟਸ ਯੂਨੀਅਨ ਦੇ ਸੂਬਾ ਆਗੂ ਮੰਗਲਜੀਤ ਪੰਡੋਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਸਾਡੇ ਤੋਂ ਕੁਝ ਆਸ ਕਰਦੇ ਹਨ ਕਿ ਅਸੀਂ ਮਜ਼ਦੂਰ ਕਿਸਾਨਾਂ ਦੀ ਹੋ ਰਹੀ ਲੁੱਟ ਖ਼ਿਲਾਫ਼ ਲਾਮਬੰਦ ਹੋਈਏ ।ਜਦੋਂ ਸਰਕਾਰਾਂ ਸਭ ਕੁਝ ਹੀ ਪ੍ਰਾਈਵੇਟ ਹੱਥਾਂ ਚ ਸੌਂਪ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਕਿਸਾਨਾਂ, ਮਜ਼ਦੂਰਾਂ, ਵਿਦਿਆਰਥੀਆਂ, ਮੁਲਾਜ਼ਮਾਂ, ਦੁਕਾਨਦਾਰਾਂ ਦੇ ਸੰਘਰਸ਼ ਨੂੰ ਡੰਡੇ ਦੇ ਜ਼ੋਰ ਦਬਾਉਣ ਦਾ ਯਤਨ ਕਰ ਰਹੀ ਹੈ। ਆਪ ਸਰਕਾਰ ਬੀਜੇਪੀ ਦੀ ਬੀ ਟੀਮ ਵਜੋਂ ਵਿਚਰ ਰਹੀ ਹੈ। ਉਨ੍ਹਾਂ ਕਿਹਾ ਕਿ ਅੱਜ ਜਦੋਂ ਹਰ ਪਾਸੇ ਲੁੱਟ, ਨਸ਼ਿਆਂ ਦਾ ਅਤੇ ਡੰਡੇ ਦਾ ਡੰਕਾ ਵਜਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ



ਤਾਂ ਉਸ ਸਮੇਂ ਸਾਡੇ ਸ਼ਹੀਦ ਸਾਡੇ ਤੋਂ ਆਸ ਕਰਦੇ ਹਨ ਕਿ ਇਸ ਜਬਰ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇ ਆਓ ਸਮੂਹ ਪੰਜਾਬੀਆਂ ਇਸ ਜਬਰ ਖ਼ਿਲਾਫ਼ ਉਠ ਰਹੇ ਸੰਘਰਸ਼ਾਂ ਦਾ ਹਿੱਸਾ ਬਣੀਏ ਅਤੇ ਸ਼ਹੀਦ ਭਗਤ ਸਿੰਘ, ਰਾਜਗੁਰੂ ਸੁਖਦੇਵ ਦੇ ਸ਼ਹੀਦੀ ਦਿਨ 'ਤੇ ਇਹੀ ਸੱਚੀ ਸ਼ਰਧਾਂਜਲੀ ਹੋਵੇਗੀ। ਇਸ ਮੌਕੇ ਜਮਹੂਰੀ ਅਧਿਕਾਰ ਸਭਾ ਦੇ ਆਗੂ ਗੁਰਮੇਲ ਸਿੰਘ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਜਿੰਦਰ ਸਿੰਘ ਮੰਡ, ਕਿਸਾਨ ਆਗੂ ਬਚਨ ਸਿੰਘ ਸਾਬਕਾ ਸਰਪੰਚ, ਜਸਵਿੰਦਰ ਸਿੰਘ ਮਾਨ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ, ਕਸ਼ਮੀਰ ਮੰਡਿਆਲਾ, ਦਰਸ਼ਨ ਪਾਲ ਬੰਡਾਲਾ, ਇਸਤਰੀ ਜਾਗ੍ਰਿਤੀ ਮੰਚ ਦੇ ਜ਼ਿਲ੍ਹਾ ਪ੍ਰਧਾਨ ਅਨੀਤਾ ਸੰਧੂ, ਡੈਮੋਕ੍ਰੇਟਿਕ ਆਸ਼ਾ ਅਤੇ ਨੌਜਵਾਨ ਭਾਰਤ ਸਭਾ ਦੇ ਸੁਖਦੇਵ ਮੰਡਿਆਲਾ, ਸਨੀ ਮਡਿਆਲਾ , ਜਸਵੀਰ ਸ਼ੀਰਾ, ਕੁਲਦੀਪ ਮਾਨ, ਐਡਵੋਕੇਟ ਸੋਨੀਆ, ਕੋਮਲ, ਤਮੰਨਾ, ਰਮਨਦੀਪ ਕੌਰ, ਨਵਜੋਤ ਸਿਆਣੀਵਾਲ ਆਦਿ ਸ਼ਾਮਲ ਹੋਏ।

# ਸੰਤ ਬਾਬਾ ਵਤਨ ਗਿਰ ਦੀ ਯਾਦ 'ਚ ਸੰਤ ਸੰਮੇਲਨ



**ਅੱਡਾ ਸਰਾਂ (ਜਸਵੀਰ ਕਾਜਲ)** ਡੇਰਾ ਨੰਗਲ ਖੁੰਗਾ ਵਿਖੇ ਸੱਚਖੰਡ ਵਾਸੀ ਸੰਤ ਬਾਬਾ ਵਤਨ ਗਿਰ ਯਾਦਗਾਰੀ 17ਵਾਂ ਮਹਾਨ ਸੰਤ ਸੰਮੇਲਨ ਤੇ ਯਾਦਗਾਰੀ ਸਮਾਗਮ ਕਰਵਾਇਆ ਗਿਆ।ਅਸਥਾਨ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਨਰੇਸ਼ ਗਿਰ ਦੀ ਸਰਪ੍ਰਸਤੀ ਹੇਠ ਹੋਏ ਇਸ ਸਮਾਗਮ ਵਿੱਚ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਸੰਤ ਰਾਮ ਗਿਰ ਰਾਜਪੁਰ ਕੰਡੀ ਵਾਲੇ, ਸੰਤ ਜਸਪਾਲ ਸਿੰਘ ਉਡਰੇ ਵਾਲੇ, ਸੰਤ ਪ੍ਰੇਮ ਦਾਸ ਰਸਪਾਲਵਾਂ, ਸੰਤ ਕਪੂਰ ਦਾਸ ਅਬਾਦਪੁਰ ਵਾਲੇ, ਸਵਾਮੀ ਚੰਦਰਸ਼ੇਖਰ ਦਾਸ ਸਕਰਾਲਾ ਵਾਲੇ , ਸੰਤ ਰੁਸਤਮ ਗਿਰ ਜੀ ਹੁਸ਼ਿਆਰਪੁਰ ਵਾਲੇ, ਸੰਤ ਲਛਮਣ ਦਾਸ ਜਲੰਧਰ ਵਾਲੇ, ਸੰਤ ਚਰਨ ਦਾਸ ਸ਼ਾਮ ਚੁਰਾਸੀ , ਸੰਤ ਓਂਕਾਰ ਸਿੰਘ ਲੈਬਰਪੁਰ, ਸੰਤ ਗੁਰਮੇਲ ਦਾਸ ਭਟੋਲੀਆਂ, ਸੰਤ ਗੋਲਡੀ ਦਾਸ ਸੰਧਵਾਲ , ਸੰਤ ਮਹਿੰਦਰ ਪਾਲ ਅੱਬੋਵਾਲ, ਸੰਤ ਜੋਗਿੰਦਰ ਦਾਸ ਸਾਹਰੀ, ਸੰਤ ਨਾਨਕ ਗਿਰ, ਸੰਤ ਨੀਲ ਕੰਠ ਪੰਜ ਭਾਈਆਂ, ਸੰਤ ਨਿਰਮਲ ਦਾਸ ਹਾਜੀਪੁਰ ਤੇ ਰਾਗੀ/ਢਾਡੀ ਜਥਿਆਂ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ । ਇਸ ਮੌਕੇ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਨਰੇਸ਼ ਗਿਰ ਜੀ ਨੇ ਸਮਾਗਮ ਵਿੱਚ ਪਹੁੰਚੇ ਸੰਤਾ ਮਹਾਂਪੁਰਸ਼ਾਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਦਾ ਧੰਨਵਾਦ ਕੀਤਾ । ਇਸ ਮੌਕੇ ਸਰਪੰਚ ਪਰਮਜੀਤ ਸਿੰਘ ਬਿੱਟੂ ਜੌਹਲ ਨੇ ਬਾਬਾ ਵਤਨ ਗਿਰ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਅਤੇ ਸੰਤਾਂ ਮਹਾਂਪੁਰਸ਼ਾਂ ਆਏ ਗਏ ਮਾਰਗ ਦੇ ਚਰਨਾਂ ਵਿੱਚ ਪ੍ਰੇਰਿਤ ਕੀਤਾ। ਇਸ ਮੌਕੇ ਸੰਗਤ ਦੀ ਸੇਵਾ ਵਾਸਤੇ ਚਾਹ ਪਕੌੜਿਆਂ ਅਤੇ ਗੁਰੂ ਵਰਤਾਏ ਗਏ।

# ਫਸਲੀ ਵਿਭਿੰਨਤਾ ਲਈ ਕਿਸਾਨਾਂ ਨੂੰ ਮਿਲਣਗੇ 8000 ਪ੍ਰਤੀ ਏਕੜ : ਸੈਣੀ

**ਚੰਡੀਗੜ੍ਹ, (ਗੁਰਜੀਤ ਬਿਲਾ)** ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਿਸਾਨ ਹਿੱਤ ਵਿਚ ਜਿਨ੍ਹੇ ਫੈਸਲੇ ਪਿਛਲੇ 10 ਸਾਲਾਂ ਵਿਚ ਮੌਜੂਦਾ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਲਏ ਗਏ ਹਨ,ਉਨੇ ਪਹਿਲਾਂ ਦੀਆਂ ਸਰਕਾਰਾਂ ਵੇਲੇ ਕਦੀ ਨਹੀਂ ਲਏ ਗਏ। ਉਨ੍ਹਾਂ ਕਿਹਾ ਕਿ ਮੇਰਾ ਪਾਣੀ-ਮੇਰੀ ਵਿਰਾਸਤ ਯੋਜਨਾ ਤਹਿਤ ਝੋਨੇ ਦੇ ਸਥਾਨ 'ਤੇ ਹੋਰ ਬਦਲਵੀਆਂ ਫਸਲਾਂ ਨੂੰ ਅਪਨਾਉਣ ਲਈ ਕਿਸਾਨਾਂ ਨੂੰ ਹੁਣ 8000 ਪ੍ਰਤੀ ਏਕੜ ਪ੍ਰੋਤਸਾਹਨ ਰਕਮ ਦਿੱਤੀ ਜਾਵੇਗੀ, ਜੋ ਪਹਿਲਾਂ 7000 ਰੁਪਏ ਪ੍ਰਤੀ ਏਕੜ ਸੀ। ਇੰਨਾਂ ਹੀ ਨਹੀਂ, ਕਿਸਾਨਾਂ ਨੂੰ ਸਹਿਕਾਰੀ ਬੈਂਕਾਂ ਤੋਂ ਜ਼ੀਰੋ ਫੀਸਦੀ ਵਿਆਜ ਦਰ 'ਤੇ ਫਸਲੀ ਕਰਜ਼ਾ ਉਪਲਬਧ ਕਰਵਾਇਆ ਜਾਂਦਾ ਹੈ। ਮੁੱਖ ਮੰਤਰੀ ਅੱਜ ਵਿਧਾਨਸਭਾ ਵਿਚ ਚੱਲ ਰਹੇ ਬਜਟ ਸੈਸ਼ਨ ਦੌਰਾਨ ਇਨੇਲੋ ਦੇ ਵਿਧਾਇਕ ਅਦਿਤਆ ਦੇਵੀ ਲਾਲ ਵੱਲੋਂ ਸੂਬੇ ਦੇ ਕਿਸਾਨਾਂ 'ਤੇ ਫਸਲੀ ਕਰਜ਼ੇ ਦੇ ਬਾਰੇ ਪੁੱਛੇ ਗਏ ਇੱਕ ਸੁਆਲ ਦੇ ਜਵਾਬ ਵਿਚ ਬੋਲ ਰਹੇ ਸਨ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਕਿਸਾਨ ਹਿੱਤ ਵਿਚ ਲਗਾਤਾਰ ਲਏ ਜਾ ਰਹੇ ਫੈਸਲਿਆਂ ਸਦਕਾ ਪਿਛਲੇ 10 ਸਾਲਾਂ ਵਿਚ ਕਿਸਾਨ ਦੀ ਪੈਦਾਵਾਰ ਵਿਚ ਵੀ ਵਿਲੱਖਣ ਵਾਧਾ ਹੋਇਆ ਹੈ।

# ਫਿੱਕੀ ਦੀ ਕਾਨਫਰੰਸ 'ਚ ਵਿੱਤ ਮੰਤਰੀ ਨੇ ਇੰਡਸਟਰੀਜ਼ ਦੇ ਬਕਾਏ ਪੈਸੇ ਰਿਲੀਜ਼ ਕਰਨ ਦਾ ਕੀਤਾ ਐਲਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)** ਫੈਡਰੇਸ਼ਨ ਆਫ ਇੰਡੀਅਨ ਚੈਂਬਰਜ਼ ਆਫ ਕਾਮਰਸ ਐਂਡ ਇੰਡਸਟਰੀ (ਫਿੱਕੀ) ਵੱਲੋਂ ਅੱਜ ਚੰਡੀਗੜ੍ਹ ਵਿਖੇ ਕੈਟਾਲਾਇਜਿੰਗ ਗ੍ਰੋਥ ਆਫ ਐਮ ਐਸ ਐਮ ਈਜ਼ ਇਨ ਪੰਜਾਬ ਥਰੂ ਐਮਰਜਿੰਗ ਫਾਇਨਾਂਸ਼ੀਅਲ ਇੰਸਟੀਟਯੂਸ਼ਨਸ ਲੈਂਡਸਕੇਪ (catalyzing growth of MSMEs in punjab through emerging financial institutions landscape) ਵਿਸ਼ੇ 'ਤੇ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਕਾਨਫਰੰਸ ਵਿੱਚ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਪੰਜਾਬ ਦੇ ਇੰਡਸਟਰੀ ਐਂਡ ਕਾਮਰਸ ਮੰਤਰੀ ਤਰੁਣਪ੍ਰੀਤ ਸਿੰਘ ਸੌਂਧ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਅਤੇ ਸ੍ਰੀ ਨੀਲ ਗਰਗ ਚੇਅਰਮੈਨ ਪੰਜਾਬ ਮੀਡੀਅਮ ਇੰਡਸਟਰੀਜ਼ ਡਿਵੈਲਪਮੈਂਟ ਬੋਰਡ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਗਈ। ਇਨ੍ਹਾਂ ਦੇ ਨਾਲ ਹੀ ਵੱਖ-ਵੱਖ ਬੈਂਕਾ, ਇੰਨਸ਼ੋਰੈਂਸ ਕੰਪਨੀਆਂ, ਪ੍ਰਾਈਵੇਟ ਕੰਪਨੀਆਂ, ਸਿੱਖਿਆ ਸੰਸਥਾਵਾਂ ਦੇ ਅਧਿਕਾਰੀਆਂ, ਵਪਾਰੀਆਂ ਸਮੇਤ ਹੋਰ ਲੋਕ ਵੀ ਮੌਜੂਦ ਰਹੇ। ਉਦਯੋਗਪਤੀਆਂ ਦੀ ਡਿਮਾਂਡ ਸਬੰਧੀ ਉਨ੍ਹਾਂ ਕਿਹਾ ਕਿ ਇਸ ਬਜਟ ਸੈਸ਼ਨ ਦੇ ਦੌਰਾਨ ਜ਼ਿਆਦਾ ਤੋਂ ਜ਼ਿਆਦਾ ਸਬਸਿਡੀ ਅਤੇ ਇੰਡਸਟਰੀ ਯੂਨਿਟ ਦੇ ਪੈਂਡਿੰਗ ਪਏ ਬਕਾਏ ਨੂੰ ਵੱਖ-ਵੱਖ ਤਰੀਕਿਆਂ ਨਾਲ ਰਿਲੀਜ਼ ਕੀਤਾ ਜਾਵੇਗਾ, ਤਾਂ ਜੋ ਸੂਬੇ ਵਿੱਚ ਇੰਡਸਟਰੀ ਹੋਰ ਜ਼ਿਆਦਾ ਉੱਭਰ ਸਕੇ।ਕੈਬੀਨੈਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਧ ਨੇ ਆਏ ਹੋਏ ਸਾਰੇ ਮਹਿਮਾਨਾਂ ਨੂੰ ਜੀ ਆਇਆ ਨੂੰ ਕਿਹਾ ਅਤੇ ਦੱਸਿਆ ਕਿ ਮੋਹਾਲੀ ਨੂੰ ਆਈ ਟੀ ਹੱਬ ਵਜੋਂ ਵਿਕਸਿਤ ਕਰਨ ਜਾ ਰਹੇ ਹਾਂ ਅਤੇ ਵੱਡੀਆਂ ਕੰਪਨੀਆਂ ਨਾਲ ਇਸ ਬਾਰੇ ਗੱਲਬਾਤ ਮੁਕੰਮਲ ਹੋ ਚੁੱਕੀ ਹੈ। ਜਲਦ ਹੀ ਆਈ ਟੀ ਪਾਲਿਸੀ ਵੀ ਆ ਰਹੀ ਹੈ ਅਤੇ ਆਈ ਟੀ ਇੰਜੀਨੀਅਰਾਂ ਨੂੰ ਨੌਕਰੀਆਂ ਦਿਤੀਆਂ ਜਾਣਗੀਆਂ।ਇਸ ਮੌਕੇ ਦੀਪਕ ਨੰਦਾ, ਮੈਨੇਜਿੰਗ ਡਾਇਰੈਕਟਰ ਟਰਾਇਡੈਂਟ ਗਰੁੱਪ, ਆਰ ਕੇ ਮੀਨਾ ਡੀ ਜੀ ਐਮ, ਐਸ ਐਲ ਬੀ ਸੀ ਪੰਜਾਬ, ਗੌਰਵ ਅਗਰਵਾਲ ਰਿਜ਼ਨਲ ਹੈੱਡ ਕੋਟਕ ਮਹਿੰਦਰਾ ਬੈਂਕ, ਜਸਵਿੰਦਰ ਸਿੰਘ ਡੀ ਜੀ ਐਮ ਪੰਜਾਬ ਓਰਿਐਂਟਲ ਇੰਸ਼ੋਰੈਂਸ ਕੰਪਨੀ, ਰਾਮਪਵਨ ਕੁਮਾਰ ਚੇਅਰਮੈਨ ਸੀ ਐਮ ਐਸ ਐਮ ਈ ਐਫ ਆਈ ਸੀ ਸੀ ਆਈ ਪੰਜਾਬ, ਮਨਦੀਪ ਸਿੰਘ ਕੋ-ਚੇਅਰਮੈਨ ਐਫ ਆਈ ਸੀ ਸੀ ਆਈ ਸੀ ਐਮ ਐਸ ਐਮ ਈ ਪੰਜਾਬ, ਵਿਰੇਂਦਰਪਾਲ ਸਿੰਘ ਮੋਂਗੀਆ ਰਿਜ਼ਨਲ ਹੈੱਡ ਐਕਸਪੋਰਟ ਇੰਨਪੋਰਟ ਬੈਂਕ ਆਫ ਇੰਡੀਆ, ਬਲਬੀਰ ਸਿੰਘ ਸੀ ਜੀ ਐਮ-ਰਿਜ਼ਨਲ ਹੈੱਡ ਐਸ ਆਈ ਡੀ ਬੀ ਆਈ, ਡਾ. ਅੰਕਿਤਾ ਭਾਰਦਵਾਜ ਪ੍ਰੋਗਰਾਮ ਚੇਅਰ, ਸਕੂਲ ਆਫ ਕਾਮਰਸ ਐਨ ਐਮ ਆਈ ਐਮ ਐਸ, ਚੰਡੀਗੜ੍ਹ, ਮਾਲਵਿਕਾ ਅੰਡਰ ਰਾਇਟਰ ਓਰਿਏਂਟਲ ਇੰਸ਼ੋਰੈਂਸ ਲਿਮ., ਸ੍ਰੀ ਸੁਧੀਰ ਕੁਮਾਰ ਜੈਨ ਲੇਖਕ / ਇੰਸ਼ੋਰੈਂਸ ਬਰੋਕਰ ਸਮੇਤ ਸਟੇਟ ਬੈਂਕ ਆਫ ਇੰਡੀਆ, ਆਈ ਡੀ ਬੀ ਆਈ, ਕੋਟਕ ਮਹਿੰਦਰਾ ਬੈਂਕ ਦੇ ਸੀਨੀਅਰ ਅਧਿਕਾਰੀਆਂ ਸਮੇਤ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਮੋਹਾਲੀ, ਪਟਿਆਲਾ, ਬਠਿੰਡਾ ਤੋਂ ਵੱਖ-ਵੱਖ ਖੇਤਰਾਂ ਦੇ ਇੰਡਸਟਰਲਿਸਟ ਮੌਜੂਦ ਰਹੇ।

# ਅੱਜ ਹੋਵੇਗਾ ਸ਼ਹੀਦਾਂ ਨੂੰ ਸਮਰਪਤ ਸਮਾਗਮ ਤੇ ਨਾਟਕ ਮੇਲਾ



**ਕਰਤਾਰਪੁਰ (ਹਰਮੇਸ਼ ਦੱਤ)** ਸੰਘਰਸ਼ਸ਼ੀਲ ਜਥੇਬੰਦੀਆਂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਕਿਰਤੀ ਕਿਸਾਨ ਯੂਨੀਅਨ, ਨੌਜਵਾਨ ਭਾਰਤ ਸਭਾ, ਪੰਜਾਬ ਸਟੂਡੈਂਟਸ ਯੂਨੀਅਨ, ਡੈਮੋਕ੍ਰੇਟਿਕ ਟੀਚਰਜ਼ ਫਰੰਟ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਅਤੇ ਇਸਤਰੀ ਜਾਗ੍ਰਿਤੀ ਮੰਚ ਵਲੋਂ ਮੋਦੀ ਸਰਕਾਰ ਦੀਆਂ ਮਜ਼ਦੂਰ ਕਿਸਾਨ, ਵਿਦਿਆਰਥੀ, ਮੁਲਾਜ਼ਮ, ਦੁਕਾਨਦਾਰ ਵਿਰੋਧੀ ਨੀਤੀਆਂ ਖ਼ਿਲਾਫ਼ ਸ਼ਹੀਦ ਭਗਤ ਸਿੰਘ, ਰਾਜਗੁਰੂ ਸੁਖਦੇਵ ਦੇ ਸ਼ਹੀਦੀ ਦਿਨ ਨੂੰ ਸਮਰਪਿਤ 21 ਮਾਰਚ ਨੂੰ ਦਾਣਾ ਮੰਡੀ ਕਰਤਾਰਪੁਰ ਵਿਖੇ ਸਮਾਗਮ ਅਤੇ ਨਾਟਕ ਮੇਲਾ ਕਰਵਾਇਆ ਜਾਵੇਗਾ।ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਆਗੂ ਗੁਰਪ੍ਰੀਤ ਸਿੰਘ ਚੀਦਾ,ਕੇ ਐੱਸ ਅਟਵਾਲ ਅਤੇ ਇਸਤਰੀ ਜਾਗ੍ਰਿਤੀ ਮੰਚ ਦੀ ਆਗੂ ਜਸਵੀਰ ਕੌਰ ਜੱਸੀ ਨੇ ਇਹ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਸਰਕਾਰਾਂ ਸਭ ਕੁਝ ਹੀ ਪ੍ਰਾਈਵੇਟ ਹੱਥਾਂ 'ਚ ਸੌਂਪ ਰਹੀਆਂ ਹਨ। ਬਸ ਸਰਕਾਰ ਹੀ ਸਰਕਾਰੀ ਹੈ ਬਾਕੀ ਸਭ ਕੁਝ ਨਿੱਜੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ, ਮਜ਼ਦੂਰਾਂ, ਵਿਦਿਆਰਥੀਆਂ, ਮੁਲਾਜ਼ਮਾਂ, ਦੁਕਾਨਦਾਰਾਂ ਦੇ ਸੰਘਰਸ਼ ਨੂੰ ਡੰਡੇ ਦੇ ਜ਼ੋਰ ਦਬਾਉਣ ਦਾ ਯਤਨ ਕਰ ਰਹੀ ਹੈ। ਆਪ ਸਰਕਾਰ ਬੀਜੇਪੀ ਦੀ ਬੀ ਟੀਮ ਵਜੋਂ ਵਿਚਰ ਰਹੀ ਹੈ। ਉਨ੍ਹਾਂ ਕਿਹਾ ਕਿ ਅੱਜ ਜਦੋਂ ਹਰ ਪਾਸੇ ਲੁੱਟ ਦਾ ਅਤੇ ਡੰਡੇ ਦਾ ਡੰਕਾ ਵਜਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਤਾਂ ਉਸ ਸਮੇਂ ਸਾਡੇ ਸ਼ਹੀਦ ਸਾਡੇ ਤੋਂ ਆਸ ਕਰਦੇ ਹਨ ਕਿ ਇਸ ਜਬਰ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇ।

# ਕਰਨਲ ਪਰਵਾਰ ਦੇ ਹੱਕ 'ਚ ਧਰਨਾ ਪ੍ਰਦਰਸ਼ਨ ਭਲਕੇ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਇਥੇ ਵੱਖ ਵੱਖ ਜਥੇਬੰਦੀਆਂ ਵੱਲੋਂ ਕਰਨਲ ਪਰਵਾਰ ਨਾਲ ਪੰਜਾਬ ਪੁਲਸ ਵੱਲੋਂ ਬੇਰਹਿਮੀ ਨਾਲ ਤਸ਼ੱਦਦ ਕਰਨ ਦਾ ਵਿਰੋਧ ਕੀਤਾ ਗਿਆ।ਮੀਟਿੰਗ



ਦੀ ਅਗਵਾਈ ਰਿਟਾ. ਕੈਪਟਨ ਅਮਰਜੀਤ ਸਿੰਘ ਗੁਲਪੁਰ ਅਤੇ ਕੇਵਲ ਸਿੰਘ ਸੂਬੇਦਾਰ ਵੱਲੋਂ ਕੀਤੀ ਗਈ। ਆਗੂਆਂ ਨੇ ਦੱਸਿਆ ਕਿ ਪਟਿਆਲਾ ਵਿਖੇ ਕਰਨਲ ਪੁਸ਼ਵਿੰਦਰ ਸਿੰਘ ਤੇ ਉਨ੍ਹਾਂ ਦੇ ਬੇਟੇ ਨੂੰ ਤਿੰਨ ਥਾਣੇਦਾਰ ਅਤੇ 9 ਪਲਿਸ ਮੁਲਾਜ਼ਮਾਂ ਨੇ ਬੜੀ ਹੀ ਬੇਰਹਿਮੀ ਨਾਲ ਕੁੱਟਿਆ । ਉਸ ਮਾਮਲੇ ਦੇ ਰੋਸ ਵਿਚ ਇਨਸਾਫ ਪਸੰਦ ਲੋਕਾਂ ਵੱਲੋਂ ਰੋਸ ਦੇ ਰੂਪ ਵਿਚ 22 ਮਾਰਚ ਨੂੰ 9 ਵਜੇ ਬੰਗਾ ਚੌਂਕ ਗੜ੍ਹਸ਼ੰਕਰ ਵਿਖੇ ਸ਼ਾਂਤਮਈ ਧਰਨਾ ਰੱਖਿਆ ਗਿਆ ਹੈ । ਮੈਡਮ ਸਰਿਤਾ ਸ਼ਰਮਾ ਐਕਸ ਡਾਇਰੈਕਟਰ ਵਾਟਰ ਸਪਲਾਈ ਐਂਡ ਸੀਵਰੇਜ ਬੋਰਡ ਪੰਜਾਬ ਨੇ ਕਿਹਾ ਆਰਮੀ ਸਾਡੇ ਦੇਸ਼ ਦੀ ਅਖੰਡਤਾ ਨੂੰ ਕਾਇਮ ਅਤੇ ਸ਼ਾਂਤੀ ਨੂੰ ਬਰਕਰਾਰ ਰੱਖਣ ਲਈ ਆਪਣੇ ਖੂਨ ਦਾ ਕਤਰਾ ਕਤਰਾ ਵਹਾ ਦੇਂਦੀ ਹੈ । ਜਦ ਤਕ ਕਰਨਲ ਦੇ ਪਰਿਵਾਰ ਨਾਲ ਨਿਆਂ ਨਹੀਂ ਹੋ ਜਾਂਦਾ ਸੰਘਰਸ਼ ਜਾਰੀ ਰਹੇਗਾ । ਮੀਟਿੰਗ ਵਿੱਚ ਕਿਸਾਨ ਆਗੂ ਜਸਵੰਤ ਸਿੰਘ ਭੱਠਲ ਪ੍ਰਧਾਨ ਸ਼ੇਰੇ ਪੰਜਾਬ ਕਿਸਾਨ ਯੂਨੀਅਨ,ਪਰਮਜੀਤ ਸਿੰਘ ਬੱਬਰ, ਹਰਵਿੰਦਰ ਸਿੰਘ ਬਾਠ, ਐਡਵੋਕੇਟ ਜਸਵੀਰ ਸਿੰਘ ਰਾਏ,ਵਰਿੰਦਰ ਸਿੰਘ ਮੱਟੂ ,ਗੁਰਵਿੰਦਰ ਸਿੰਘ ਮੋਹਣਵਾਲ, ਕੈਪ ਅਮਰਜੀਤ ਸਿੰਘ ਗੁਲਪੁਰ,ਸੂਬੇਦਾਰ ਕੇਵਲ ਸਿੰਘ ਭੱਜਲ,ਸੂਬੇਦਾਰ ਦਵਿੰਦਰ ਸਿੰਘ ਬੀਰਮਪੁਰ,ਲਖਵਿੰਦਰ ਕੁਮਾਰ ਪਾਰੋਵਾਲ, ਰਘਬੀਰ ਸਿੰਘ ਕਾਲੇਵਾਲ,ਕੁਲਦੀਪ ਸਿੰਘ ਖ਼ਾਨਪੁਰ,ਕੁਲਵਿੰਦਰ ਬਿੱਟੂ ਸੈਲਾ ਸਮੇਤ ਹੋਰ ਮੈਂਬਰ ਹਾਜ਼ਰ ਸਨ।

# ਕੰਟੇਨਰ ਨੇ ਵਿਅਕਤੀ ਨੂੰ ਕੁਚਲਿਆ, ਮੌਤ

**ਫਿਲੌਰ (ਨਿਰਮਲ)**- ਫਿਲੌਰ ਦੇ ਨਜ਼ਦੀਕ ਪਿੰਡ ਬੱਛੋਵਾਲ ਹਾਈਵੇ ਨਜ਼ਦੀਕ ਉਸ ਵੇਲੇ ਦਰਦਨਾਕ ਹਾਦਸਾ ਵਾਪਰਿਆ ਜਦੋਂ ਗੋਇਲ ਕੰਪਨੀ ਦੇ ਕੰਨਟੇਨਰ ਵੱਲੋਂ ਮੋਟਰਸਾਈਕਲ ਸਵਾਰ ਨੂੰ ਕੁਚਲ ਦਿਤਾ, ਜਿਸ ਦੀ ਮੌਕੇ 'ਤੇ ਮੌਤ ਹੋ ਗਈ। ਮ੍ਰਿਤਕ ਦੀ ਪਹਿਚਾਣ ਅਮਰਜੀਤ ਸਿੰਘ ਵਾਸੀ ਬੱਛੋਵਾਲ ਵੱਜੋਂ ਹੋਈ ਹੈ। ਹਾਦਸੇ ਵਾਲੀ ਥਾਂ 'ਤੇ ਪਹੁੰਚੇ ਪਰਿਵਾਰਕ ਮੈਂਬਰਾਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਇਹ ਕੰਨਟੇਨਰ ਪਿੰਡ ਬੱਛੋਵਾਲ ਸਥਿਤ ਬਿਸਕੁਟ ਫੈਕਟਰੀ ਤੋਂ ਲੋਡ ਹੋ ਕੇ ਹਾਈਵੇ ਵੱਲ ਜਾ ਰਿਹਾ ਸੀ ਕਿ ਅਮਰਜੀਤ ਸਿੰਘ ਪਿੰਡ ਬੱਛੋਵਾਲ ਨੂੰ ਮੁੜਨਾ ਲੱਗਾ ਤਾਂ ਉਹ ਕੰਨਟੇਨਰ ਹੇਠਾਂ ਆ ਗਿਆ ਅਤੇ ਉਸ ਦੀ ਮੌਕੇ 'ਤੇ ਮੌਤ ਹੋ ਗਈ।ਮੌਕੇ 'ਤੇ ਥਾਣਾ ਫਿਲੌਰ ਦੇ ਥਾਣੇਦਾਰ ਜੈ ਗੋਪਾਲ, ਐਸ ਐਸ ਐਫ ਟੀਮ ਦੇ ਇੰਚਾਰਜ ਜਸਵਿੰਦਰ ਸਿੰਘ ਥਾਣੇਦਾਰ ਪਹੁੰਚੇ। ਉਨ੍ਹਾਂ ਨੇ ਵਾਹਨ ਨੂੰ ਕਬਜ਼ੇ 'ਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮੌਕੇ ਤੋਂ ਡਰਾਈਵਰ ਫਰਾਰ ਹੋ ਗਿਆ।



# ਸਰਕਾਰੀ ਪ੍ਰਾਇਮਰੀ ਸਕੂਲ 'ਚ ਦਾਖਲਾ ਮੁਹਿੰਮ ਦਾ ਆਗਾਜ਼



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਬੀ ਪੀ ਈ ਓ ਡੇਰਾ ਬੱਸੀ- 2 ਸ਼੍ਰੀਮਤੀ ਜਸਬੀਰ ਕੌਰ ਦੀ ਸੁਚੱਜੀ ਅਗਵਾਈ ਵਿੱਚ ਦਾਖਲਾ ਮੁਹਿੰਮ 2025-26 ਦਾ ਆਗਾਜ਼ ਕੀਤਾ ਗਿਆ, ਜਿਸ ਵਿੱਚ ਬੀਐਨਓ ਸ਼੍ਰੀਮਤੀ ਰੰਜੂ ਬਿਆਲਾ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕਡਰੀ ਸਕੂਲ ਜੜੋਤ ਸ਼੍ਰੀਮਤੀ ਡਿੰਪੀ ਧੀਰ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਾਲੜੂ ਮੰਡੀ ਅਤੇ ਉੱਗੇ ਸਮਾਜ ਸੇਵੀ ਰਘੂ ਨਾਰੰਗ ਭੁਪੇਸ਼ ਗੁਪਤਾ ਪਵਨ ਨਾਰੰਗ ਮੁਕਟ ਬਿਹਾਰੀ ਐਸ ਐਮ ਸੀ ਚੇਅਰਮੈਨ ਨਰਾਤਾਰਾਮ ਅਤੇ ਡੇਰਾਬੱਸੀ 1 ਅਤੇ 2 ਦੇ ਵੱਖ-ਵੱਖ ਸਕੂਲਾਂ ਤੋਂ ਆਏ ਹੋਏ ਸੀ ਐਚ ਸੀ ਅਤੇ ਹੈੱਡ ਟੀਚਰਾਂ ਨੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਭਾਗ ਲਿਆ। ਦਾਖਲਾ ਮੁਹਿੰਮ ਨੂੰ ਸੰਬੋਧਨ ਕਰਦਿਆਂ ਬੀਐਨਓ ਸ਼੍ਰੀਮਤੀ ਰੰਜੂ ਬਿਆਲਾ ਨੇ ਕਿਹਾ ਕਿ ਸਾਰੇ ਹੀ ਮਾਪਿਆਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣੇ ਚਾਹੀਦੇ ਹਨ ਕਿਉਂਕਿ ਸਰਕਾਰੀ ਸਕੂਲਾਂ ਵਿੱਚ ਸਮਾਰਟ ਕਲਾਸ ਰੂਮ ਅਤੇ ਆਧੁਨਿਕ ਕੰਪਿਊਟਰ ਲੈਬਾਂ ਨਾਲ ਪੜ੍ਹਾਈ ਹੁੰਦੀ ਹੈ ਅਤੇ ਵਿਦਿਆਰਥੀਆਂ ਦਾ ਬਹੁਤ ਬਹੁ ਪੱਖੀ ਵਿਕਾਸ ਕਰਨ ਉੱਤੇ ਜ਼ੋਰ ਦਿੱਤਾ ਜਾਂਦਾ ਹੈ। ਸੈਂਟਰ ਸਕੂਲ ਲਾਲੜੂ ਮੰਡੀ ਦੇ ਹੈੱਡ ਟੀਚਰ ਸੁਰੇਸ਼ ਕੁਮਾਰ ਵੱਲੋਂ ਆਏ ਹੋਏ ਸਾਰੇ ਹੀ ਅਧਿਆਪਕਾਂ ਅਤੇ ਮਾਪਿਆਂ ਦਾ ਧੰਨਵਾਦ ਕੀਤਾ ਗਿਆ।

# ਇਨੋਸੈਂਟ ਹਾਰਟਸ ਵੱਲੋਂ ਇੰਟਰਵਿਊ ਸਕਿਲਸ ਤੇ ਪਰਸਨੈਲਟੀ ਡਿਵੈਲਪਮੈਂਟ 'ਤੇ ਵਰਕਸ਼ਾਪ

**ਜਲੰਧਰ (ਸ਼ੈਲੀ ਐਲਬਰਟ)**: ਇੰਨੋਸੈਂਟ ਹਾਰਟਸ ਗਰੁੱਪ ਆਫ ਇੰਸਟਿਟਿਊਸ਼ਨਜ਼ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਵੱਲੋਂ 'ਇੰਟਰਵਿਊ ਸਕਿਲਸ ਅਤੇ ਪਰਸਨੈਲਟੀ ਡਿਵੈਲਪਮੈਂਟ' 'ਤੇ ਇੱਕ ਵਿਸ਼ੇਸ਼ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ । ਜਿਸਦਾ ਉਦੇਸ਼ ਵਿਦਿਆਰਥੀਆਂ ਨੂੰ



ਨੌਕਰੀ ਇੰਟਰਵਿਊ ਅਤੇ ਪੇਸ਼ੇਵਰ ਜ਼ਿੰਦਗੀ ਵਿੱਚ ਕਾਮਯਾਬੀ ਲਈ ਲੋੜੀਂਦੇ ਹੁਨਰ ਪ੍ਰਦਾਨ ਕਰਨਾ ਸੀ । ਇਹ ਸੈਸ਼ਨ ਡਾ. ਨਕੁਲ ਕੁੰਦਰਾ, ਅਲਾਹਾਬਾਦ ਯੂਨੀਵਰਸਿਟੀ ਵਿੱਚ ਅੰਗਰੇਜ਼ੀ ਵਿਭਾਗ ਦੇ ਐਸੋਸੀਏਟ ਪ੍ਰੋਫੈਸਰ, ਵੱਲੋਂ ਲੈਕਚਰ ਰੂਪ ਵਿੱਚ ਪੇਸ਼ ਕੀਤਾ ਗਿਆ। ਉਨ੍ਹਾਂ ਨੇ ਰਿਜ਼ਿਊਮ ਤਿਆਰ ਕਰਨ, ਪ੍ਰਭਾਵਸ਼ਾਲੀ ਸੰਚਾਰ ਰਣਨੀਤੀਆਂ ਅਤੇ ਇੰਟਰਵਿਊ ਮੈਨੀਰਜ਼ ਦੀ ਮਹੱਤਵਪੂਰਨ ਜਾਣਕਾਰੀ ਦਿੱਤੀ। ਉਨ੍ਹਾਂ ਨੇ ਆਤਮ-ਵਿਸ਼ਵਾਸ, ਸਪਸ਼ਟ ਬੋਲਚਾਲ ਅਤੇ ਪ੍ਰੋਫੈਸ਼ਨਲ ਗ੍ਰੂਮਿੰਗ ਦੀ ਅਹਿਮੀਅਤ ਤੇ ਵੀ ਜ਼ੋਰ ਦਿੱਤਾ, ਜੋ ਕਿਸੇ ਵੀ ਇੰਟਰਵਿਊ ਵਿੱਚ ਚੰਗਾ ਪ੍ਰਭਾਵ ਛੱਡਣ ਲਈ ਬਹੁਤ ਜ਼ਰੂਰੀ ਹੈ। ਵਿਦਿਆਰਥੀਆਂ ਨੇ ਮੌਕ ਇੰਟਰਵਿਊ ਵਿੱਚ ਜੋਸ਼ ਨਾਲ ਭਾਗ ਲਿਆ, ਜਿਸ ਵਿੱਚ ਉਨ੍ਹਾਂ ਨੂੰ ਵਿਅਕਤੀਗਤ ਫੀਡਬੈਕ ਮਿਲੀ, ਤਾਂ ਜੋ ਉਹ ਆਪਣੇ ਪੇਸ਼ਕਾਰੀ ਢੰਗ ਵਿੱਚ ਸੁਧਾਰ ਕਰ ਸਕਨ । ਡਾ. ਕੁੰਦਰਾ ਨੇ ਆਮ ਇੰਟਰਵਿਊ ਵਿੱਚ ਹੋਣ ਵਾਲੀਆਂ ਗਲਤੀਆਂ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਘਬਰਾਹਟ ਦੂਰ ਕਰਨ ਅਤੇ ਆਪਣੇ ਪੇਸ਼ਕਾਰੀ ਹੁਨਰ ਨੂੰ ਵਧੀਆ ਬਣਾਉਣ ਲਈ ਵਿਸ਼ੇਸ਼ ਤਰੀਕੇ ਸਾਂਝੇ ਕੀਤੇ। ਇਹ ਇੰਟਰਐਕਟਿਵ ਸੈਸ਼ਨ ਵਿਦਿਆਰਥੀਆਂ ਲਈ ਬਹੁਤ ਹੀ ਲਾਭਦਾਇਕ ਰਿਹਾ, ਜਿਸ ਨਾਲ ਉਹ ਹੋਰ ਉਤਸ਼ਾਹਤ ਹੋਏ ਅਤੇ ਆਉਣ ਵਾਲੇ ਨੌਕਰੀ ਦੇ ਮੌਕਿਆਂ ਲਈ ਬਿਹਤਰ ਤਿਆਰ ਹੋਏ।

# 24 ਤੋਂ ਗੇਟ ਬੰਦ ਕਰ ਕੇ ਸਿੱਖਿਆ ਭਵਨ ਮੋਹਾਲੀ ਦੇ ਘਿਰਾਉ ਦਾ ਐਲਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਲਗਾਤਾਰ 10 ਪੈਂਨਲ ਮੀਟਿੰਗਾਂ ਕਰਕੇ ਸੂਬੇ ਦੀ ਅਫ਼ਸਰਸ਼ਾਹੀ ਨੂੰ ਹੁਕਮ ਕਰਨ ਦੇ ਬਾਵਜੂਦ ਮੁਲਾਜ਼ਮਾਂ ਦੇ ਮਸਲੇ ਹੱਲ ਨਾ ਹੋਣ ਦੇ ਰੋਸ ਵਜੋਂ ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦਫ਼ਤਰੀ ਕਾਮਿਆਂ ਵੱਲੋਂ 24 ਮਾਰਚ ਤੋਂ ਸਮੂਹਿਕ ਛੁੱਟੀ ਲੈ ਕੇ ਸਿੱਖਿਆ ਭਵਨ ਦੇ ਗੇਟ ਬੰਦ ਕਰਨ ਦਾ ਐਲਾਨ ਕਰ ਦਿੱਤਾ ਹੈ। ਮੁਲਾਜ਼ਮਾਂ ਨੂੰ ਦਸੰਬਰ 2024 ਅਤੇ ਜਨਵਰੀ 2025 ਦੀਆਂ ਤਨਖਾਹਾਂ ਨਸੀਬ ਨਹੀਂ ਹੋਈਆਂ ਹਨ।।ਪ੍ਰੈਸ ਬਿਆਨ ਜਾਰੀ ਕਰਦੇ ਹੋਏ ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਨੇ ਕਿਹਾ ਕਿ ਸਰਕਾਰ ਤਾਂ ਮੁਲਾਜ਼ਮਾਂ ਦੀਆ ਮੰਗਾਂ ਪ੍ਰਤੀ ਸੰਜੀਦਾ ਹੈ ਪਰ ਅਫਸਰ ਜਾਣਬੁੱਝ ਕੇ ਮੁਲਾਜ਼ਮਾਂ ਨੂੰ ਪ੍ਰੇਸ਼ਾਨ ਕਰ ਰਹੇ ਹਨ ਅਤੇ ਇਸ ਕਰਕੇ ਮੁਲਾਜ਼ਮ ਹੜਤਾਲ ਕਰਕੇ ਸੜਕਾਂ 'ਤੇ ਆਉਣ ਨੂੰ ਮਜਬੂਰ ਹਨ।ਆਗੂਆਂ ਨੇ ਕਿਹਾ ਕਿ 24 ਮਾਰਚ ਤੋਂ ਸ਼ੁਰੂ ਕੀਤਾ ਜਾ ਰਿਹਾ ਸੰਘਰਸ਼ ਤਨਖਾਹਾਂ ਤੇ ਬਾਕੀ ਮਸਲੇ ਹੱਲ ਹੋਣ ਤੱਕ ਜਾਰੀ ਰਹੇਗਾ।

# ਗੁਰੂ ਨਾਨਕ ਖਾਲਸਾ ਕਾਲਜ 'ਚ ਪ੍ਰਸ਼ਨੋਤਰੀ ਪ੍ਰਤੀਯੋਗਤਾ




**ਸੁਲਤਾਨਪੁਰ ਲੋਧੀ, (ਹਨੀ)** ਗੁਰੂ ਨਾਨਕ ਖਾਲਸਾ ਕਾਲਜ ਵਿਖੇ ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਅਤੇ ਕਾਮਰਸ ਵਿਭਾਗ ਦੇ ਮੁਖੀ ਡਾ. ਮਨੀ ਛਾਬੜਾ ਦੀ ਅਗਵਾਈ ਵਿਚ ਕਾਮਰਸ ਵਿਭਾਗ ਵੱਲੋਂ ਪ੍ਰਸ਼ਨੋਤਰੀ ਮੁਕਾਬਲਾ ਕਰਵਾਇਆ ਗਿਆ। ਇਸ ਦੌਰਾਨ ਕਾਮਰਸ ਵਿਭਾਗ ਤੋਂ ਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ । ਪ੍ਰਤੀਯੋਗਤਾ ਵਿਚ ਹਿੱਸਾ ਲੈਂਦਿਆਂ ਬੀ ਕਾਮ ਪਹਿਲਾ ਭਾਗ ਦੀਆਂ ਵਿਦਿਆਰਥਣਾਂ ਕਮਲਜੀਤ ਕੌਰ ਤੇ ਵੰਸ਼ਿਕਾ, ਬੀ ਕਾਮ ਦੂਜਾ ਦੀਆਂ ਚਰਨਪ੍ਰੀਤ ਕੌਰ ਤੇ ਗੁਰਲੀਨ ਕੌਰ, ਬੀ ਕਾਮ ਤੀਜਾ ਭਾਗ ਦੀਆਂ ਅਰਸਪ੍ਰੀਤ ਕੌਰ ਤੇ ਨਵਨੀਤ ਕੌਰ ਅਤੇ ਐਮ ਕਾਮ ਪਹਿਲਾ ਅਤੇ ਦੂਜੇ ਭਾਗ ਦੀਆ ਵਿਦਿਆਰਥਣਾਂ ਤਾਨੀਆ ਤੇ ਰਮਨੀਤ ਕੌਰ ਜੇਤੂ ਰਹੀਆਂ । ਇਸ ਮੌਕੇ ਪੰਜਾਬੀ ਵਿਭਾਗ ਦੇ ਮੁੱਖੀ ਪ੍ਰੋਫੈਸਰ ਰਾਜਦੀਪ ਕੌਰ, ਪ੍ਰੋਫੈਸਰ ਰਿਸੂ ਬਾਲਾ, ਪ੍ਰੋਫੈਸਰ ਹਰਪ੍ਰੀਤ ਸਿੰਘ, ਪ੍ਰੋਫੈਸਰ ਸਿਮਰਜੀਤ ਕੌਰ, ਪ੍ਰੋਫੈਸਰ ਕੋਮਲਪ੍ਰੀਤ ਕੌਰ, ਪ੍ਰੋਫੈਸਰ ਇਸ਼ਤਿਆ ਸ਼ਰਮਾ, ਪ੍ਰੋਫੈਸਰ ਰਮਨਦੀਪ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

# ਸਰਕਾਰ ਬਜ਼ਟ ਸੈਸ਼ਨ 'ਚ ਨਵੀਂ ਸਿੱਖਿਆ ਨੀਤੀ 2020 ਨੂੰ ਰੱਦ ਕਰਨ ਦਾ ਮਤਾ ਪਾਸ ਕਰੇ : ਚਾਹਲ, ਸਸਕੌਰ

**ਫਿਲੌਰ (ਨਿਰਮਲ)**- ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ , ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ , ਵਿੱਤ ਸਕੱਤਰ ਅਮਨਦੀਪ ਸ਼ਰਮਾ, ਪ੍ਰੈਸ ਸਕੱਤਰ ਕਰਨੈਲ ਫਿਲੌਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬਜ਼ਟ ਸੈਸ਼ਨ ਵਿੱਚ ਨਵੀਂ ਸਿੱਖਿਆ ਨੀਤੀ 2020 ਨੂੰ ਰੱਦ ਕਰਨ ਦਾ ਮਤਾ ਪਾਸ ਕੀਤਾ ਜਾਵੇ ਅਤੇ ਪੰਜਾਬ ਦੇ ਸੱਭਿਆਚਾਰ, ਧਰਾਤਲ ਅਤੇ ਵਿਰਸੇ ਅਤੇ ਪੰਜਾਬ ਦੇ ਹਾਲਾਤਾਂ ਨੂੰ ਮੁੱਖ ਰੱਖ ਕੇ ਆਪਣੀ ਨਵੀਂ ਸਿੱਖਿਆ ਨੀਤੀ ਬਣਾਈ ਜਾਵੇ। ਆਗੂਆਂ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ ਕਾਰਨ ਪੰਜਾਬ ਦੀ ਸਿੱਖਿਆ ਤਬਾਹ ਹੋ ਜਾਵੇਗੀ ਤੇ ਨਿੱਜੀ ਸੰਸਥਾਵਾਂ ਦੇ ਦਖ਼ਲ ਕਾਰਨ ਸਿੱਖਿਆ ਮਹਿੰਗੀ ਹੋ ਜਾਵੇਗੀ ਤੇ ਗਰੀਬ ਲੋਕਾਂ ਤੋਂ ਖੁੱਸ ਜਾਵੇਗੀ।ਆਗੂਆਂ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ ਦੇਸ਼ ਦੇ ਵੱਖਰੇ ਵੱਖਰੇ ਸੱਭਿਆਚਾਰਾਂ ਨੂੰ ਖਤਮ ਕਰ ਦੇਵੇਗੀ ਜਿਸ ਕਾਰਨ ਪੰਜਾਬ ਦੀ ਆਪਣੀ ਪਹਿਚਾਣ ਖਤਰੇ ਵਿਚ ਹੈ। ਬਹੁਤ ਸਾਰੇ ਰਾਜਾਂ ਨੇ ਨਵੀਂ ਸਿੱਖਿਆ ਨੀਤੀ ਨੂੰ ਲਾਗੂ ਨਾ ਕਰਨ ਦਾ ਫੈਸਲਾ ਕੀਤਾ ਹੈ ਜਿਸ ਤੋਂ ਪੰਜਾਬ ਨੂੰ ਵੀ ਸੇਧ ਲੈਣੀ ਚਾਹੀਦੀ ਹੈ।ਆਗੂਆਂ ਨੇ ਹੋਰ ਅੱਗੇ ਕਿਹਾ ਕਿ 2015 ਨੂੰ ਮਾਣਯੋਗ ਇਲਾਹਾਬਾਦ ਹਾਈਕੋਰਟ ਦੇ ਫੈਸਲੇ ਅਨੁਸਾਰ ਸਾਰੇ ਮੁਲਾਜ਼ਮਾਂ ਦੇ ਬੱਚੇ ਸਰਕਾਰੀ ਸਕੂਲਾਂ




ਵਿੱਚ ਸਿੱਖਿਆ ਹਾਸਲ ਕਰਨ ਨੂੰ ਹੋਰ ਸੋਧ ਕੇ ਲਾਗੂ ਕੀਤਾ ਜਾਵੇ ਕੇ ਜਿਹੜਾ ਵਿਅਕਤੀ ਪੰਜਾਬ ਦੇ ਖਜ਼ਾਨੇ ਵਿਚੋਂ ਇੱਕ ਰੁਪਈਆ ਵੀ ਕੋਈ ਫਾਇਦਾ ਲੈਂਦਾ ਹੈ ਉਹਨਾਂ ਸਾਰਿਆਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਨੇ ਚਾਹੀਦੇ ਹਨ ਕੋਈ ਮੁਲਾਜਮ, ਵਿਧਾਇਕ, ਮੰਤਰੀ ਜਾਂ ਮੈਂਬਰ ਪਾਰਲੀਮੈਂਟ ਹੀ ਕਿਉ ਨਾ ਹੋਵੇ। ਕਾਮਨ ਸਕੂਲ ਪ੍ਰਣਾਲੀ ਲਾਗੂ ਕਰਨ ਦਾ ਮਤਾ ਵੀ ਪਾਸ ਕਰਨਾ ਚਾਹੀਦਾ ਹੈ ਤਾਂ ਕਿ ਸਾਰੇ ਲੋਕਾਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਹਾਸਲ ਕਰਨ ਤਾਂ ਹੀ ਲੋਕਾਂ ਨੂੰ ਪ੍ਰਾਈਵੇਟ ਸਕੂਲਾਂ ਦੀ ਲੁੱਟ ਤੋਂ ਬਚਾਇਆ ਜਾ ਸਕਦਾ ਹੈ।ਇਸ ਮੌਕੇ ਹੁਸ਼ਿਆਰਪੁਰ ਤੋਂ ਅਮਨਦੀਪ ਸ਼ਰਮਾ ਤੇ ਸੁਨੀਲ ਕੁਮਾਰ , ਗੁਰਦਾਸਪੁਰ ਤੋਂ ਮੰਗਲਦੀਪ ਨਵਾਂਸ਼ਹਿਰ ਤੋਂ ਕੁਲਦੀਪ ਸਿੰਘ ਦੌੜਕਾ, ਮੋਗਾ ਤੋਂ ਜੱਜਪਾਲ ਸਿੰਘ ਬਾਜੇ ਕੇ ਅਤੇ ਗੁਰਪ੍ਰੀਤ ਸਿੰਘ ਅਮੀਵਾਲ ,ਮੁਕਤਸਰ ਤੋਂ ਮਨੋਹਰ ਲਾਲ ਸ਼ਰਮਾ, ਸੰਗਰੂਰ ਤੋਂ ਸਰਬਜੀਤ ਸਿੰਘ, ਪਟਿਆਲਾ ਤੋਂ ਜਗਪ੍ਰੀਤ ਸਿੰਘ ਭਾਟੀਆ ਫਤਹਿਗੜ੍ਹ ਸਾਹਿਬ ਤੋਂ ਰਾਜੇਸ਼ ਕੁਮਾਰ, ਫਿਰੋਜ਼ਪੁਰ ਤੋਂ ਬਲਵਿੰਦਰ ਸਿੰਘ ਭੁੱਟੋ ,ਜਸਵਿੰਦਰ ਸਿੰਘ,ਰੋਪੜ ਤੋਂ ਗੁਰਬਿੰਦਰ ਸਸਕੌਰ ਪਠਾਨਕੋਟ ਤੋਂ ਸੁਭਾਸ਼ ਕੁਮਾਰ,ਅਮ੍ਰਿਤਪਾਲ ਮਾਨਸਾ ਤੋਂ ਨਰਿੰਦਰ ਸਿੰਘ ਮਾਖਾ,ਲਖਵਿੰਦਰ ਸਿੰਘ, ਗੁਰਪ੍ਰੀਤ ਸਿੰਘ ਮੋਹਾਲੀ ਤੋਂ ਮਨਪ੍ਰੀਤ ਸਿੰਘ,ਪ੍ਰਸ਼ੋਤਮ ਲਾਲ,ਸ੍ਰੀ ਅੰਮ੍ਰਿਤਸਰ ਤੋਂ ਸੁੱਚਾ ਸਿੰਘ ਟਰਪਈ, ਲੁਧਿਆਣਾ ਤੋਂ ਜਗਜੀਤ ਸਿੰਘ ਮਾਨ, ਬਰਨਾਲਾ ਤੋਂ ਹਰਿੰਦਰ ਮਲੀਆ ਤਰਨਤਾਰਨ ਤੋਂ ਸਰਬਜੀਤ ਸਿੰਘ ਜਲੰਧਰ ਤੋਂ ਤੀਰਥ ਸਿੰਘ ਬਾਸੀ ਅਤੇ ਨਿਰਮੋਲਕ ਸਿੰਘ ਹੀਰਾ ਆਦਿ ਅਧਿਆਪਕ ਆਗੂ ਸ਼ਾਮਿਲ ਸਨ।

# ਪੀ.ਪੀ.ਪੀ.ਐੱਫ਼ ਵਲੋਂ 25 ਦੇ ਰੋਸ ਮਾਰਚ ਦੀਆਂ ਤਿਆਰੀਆਂ ਜ਼ੋਰਾਂ 'ਤੇ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ.ਪੀ.ਪੀ.ਐੱਫ਼.) ਬਲਾਕ ਇਕਾਈ ਦਸੂਹਾ ਦੀ ਮੀਟਿੰਗ ਨਿਰਮਲ ਸਿੰਘ ਨਿਹਾਲਪੁਰ, ਜਸਵਿੰਦਰ ਝਿੰਗੜ, ਜੀਵਨ ਕੁਮਾਰ ਸੰਧੂ ਅਤੇ ਜਸਵੀਰ ਬੋਦਲ ਆਦਿ ਆਗੂਆਂ ਦੀ ਅਗਵਾਈ ਹੇਠ ਦਸੂਹਾ ਵਿਖੇ ਹੋਈ।ਪੀ.ਪੀ.ਪੀ.ਐੱਫ਼. ਦੇ ਦੋਆਬਾ ਜੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ ਅਤੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ (ਡੀ.ਐੱਮ.ਐੱਫ਼.) ਦੇ ਜ਼ਿਲ੍ਹਾ ਜਨਰਲ ਸਕੱਤਰ ਮਨਜੀਤ ਸਿੰਘ ਦਸੂਹਾ ਨੇ ਦੱਸਿਆ ਕਿ ਪੰਜਾਬ ਦੀ ਮੌਜੂਦਾ ਸਰਕਾਰ ਨੇ 18 ਦਸੰਬਰ 2022 ਨੂੰ ਇੱਕ ਨੋਟੀਫਿਕੇਸ਼ਨ ਜਾਰੀ ਕਰਕੇ ਸੂਬੇ ਅੰਦਰ ਪੁਰਾਣੀ ਪੈਨਸ਼ਨ ਸਕੀਮ ਨੂੰ ਦੋਬਾਰਾ ਲਾਗੂ ਕਰਨ ਦਾ ਐਲਾਨ ਕੀਤਾ ਸੀ ਪਰ ਪੰਜਾਬ ਸਰਕਾਰ ਵਲੋਂ ਮੁਲਾਜ਼ਮਾਂ ਦਾ ਜੀ.ਪੀ.ਐੱਫ਼. ਕੱਟਣਾ ਸ਼ੁਰੂ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁਲਾਜ਼ਮ ਵਰਗ ਨੂੰ ਪੁਰਾਣੀ ਪੈਨਸ਼ਨ ਸਕੀਮ ਤੋਂ ਘੱਟ ਕੁੱਝ ਵੀ ਮਨਜ਼ੂਰ ਨਹੀਂ ਹੈ।ਇਸ ਮੌਕੇ ਹਾਜ਼ਰ ਸਮੂਹ ਆਗੂਆਂ ਨੇ ਐਲਾਨ ਕੀਤਾ ਕਿ ਆਪਣੀ ਪੁਰਾਣੀ ਪੈਨਸ਼ਨ ਦੀ ਮੰਗ ਨੂੰ ਲਾਗੂ ਕਰਵਾਉਣ ਲਈ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ 25 ਮਾਰਚ ਨੂੰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝੇ ਮੋਰਚੇ ਦੀ ਮੋਹਾਲੀ ਰੈਲੀ ਤੋਂ ਬਾਅਦ ਵਿਧਾਨ ਸਭਾ ਵੱਲ ਕੀਤੇ ਜਾਣ ਵਾਲੇ ਮਾਰਚ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰੇਗੀ।ਇਸ ਮੌਕੇ ਮੈਡਮ ਪ੍ਰਦੀਪ ਕੁਮਾਰੀ, ਸੁਰਜੀਤ ਕੌਰ ਓਢਰਾ, ਕਿਰਨ ਬਾਲਾ, ਜਸਵੀਰ ਕੌਰ ਠੱਕਰ, ਪ੍ਰਵੀਨ ਬਾਲਾ ਸ਼ਰਮਾ, ਲੈਕਚਰਾਰ ਹਰਪਾਲ ਸਿੰਘ ਭਾਨਾ, ਲੈਕਚਰਾਰ ਗੁਰਵਿੰਦਰ ਸਿੰਘ ਜੰਡੌਰ, ਦਲਜਿੰਦਰ ਸਿੰਘ ਜਲੋਟਾ, ਰਵਿੰਦਰ ਰਵੀ, ਰਾਜਨ ਕੁਮਾਰ, ਪਰਮਜੀਤ ਸਿੰਘ, ਬਲਦੇਵ ਸਿੰਘ, ਰਾਕੇਸ਼ ਕੁਮਾਰ, ਦਲਜੀਤ ਸਿੰਘ ਮੰਡ ਅਤੇ ਵਰਿੰਦਰ ਸੈਣੀ ਆਦਿ ਆਗੂ ਵੀ ਹਾਜ਼ਰ ਸਨ।

# ਬਾਲਦੀ ਗੋਤਰ ਦੇ ਜਠੇਰਿਆਂ ਦਾ ਮੇਲਾ 28 ਨੂੰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਲਦੀ ਗੋਤਰ ਜਠੇਰੇ ਦਾ ਮੇਲਾ ਬੜੀ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ । ਜਾਣਕਾਰੀ ਦਿੰਦੇ ਪ੍ਰਧਾਨ ਜਸਵੀਰ ਸਿੰਘ ਬੱਬੂ ਨੇ ਦੱਸਿਆ ਕਿ 28 ਮਾਰਚ ਦਿਨ ਸ਼ੁੱਕਰਵਾਰ ਨੂੰ ਸਤੀ ਮੰਦਿਰ ਪਿੰਡ ਰਾਮਰਾਏਪੁਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ( ਨਵਾਂ ਸ਼ਹਿਰ) ਵਿਖੇ ਸਾਲਾਨਾ ਮੇਲਾ ਬਾਲਦੀ ਗੋਤਰਾਂ ਜਠੇਰਿਆਂ ਮਨਾਇਆ ਜਾਵੇਗਾ, ਜਿਸ ਵਿਚ ਝੰਡੇ ਦੀ ਰਸਮ ਸਵੇਰੇ10 ਵਜੇ ਹੋਵੇਗੀ, ਭੰਡਾਰਾ ਸਵੇਰੇ 11ਵਜੇ ਕੰਜਕ ਪੂਜਾ ਤੋਂ ਬਾਅਦ ਕਰਵਾਇਆ ਜਾਵੇਗਾ। ਬਾਲਦੀ ਗੋਤਰਾਂ ਦੀ ਅਗਵਾਈ ਚ 28 ਮਾਰਚ ਦਿਨ ਸ਼ੁੱਕਰਵਾਰ ਨੂੰ ਕਸ਼ਯਪ ਰਾਜਪੂਤ (ਮੇਹਰਾ ਝਿਊਰ) ਜਾਤੀਆਂ ਦੇ ਜਠੇਰਿਆਂ ਗੋਤਰ ਮੇਲਾ ਕਮੇਟੀਆਂ ਵੱਲੋਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।

# ਸੀ ਟੀ ਗਰੁੱਪ ਦਾ ਫੈਸ਼ਨ ਸ਼ੋਅ ਨਵੀਨਤਾ ਤੇ ਟਿਕਾਊ ਫੈਸ਼ਨ ਦਾ ਅਨੋਖਾ ਮੇਲ



**ਜਲੰਧਰ (ਸ਼ੈਲੀ ਐਲਬਰਟ )** ਸੀ ਟੀ ਗਰੁੱਪ ਦੇ ਫੈਸ਼ਨ ਡਿਜ਼ਾਈਨ ਵਿਭਾਗ ਨੇ ਆਪਣੇ ਸਾਲਾਨਾ ਫੈਸ਼ਨ ਸ਼ੋਅ The Runway 2025 ਦਾ ਆਯੋਜਨ ਮਨਜੀਤ ਕੌਰ ਔਡੀਟੋਰੀਅਮ ਵਿੱਚ ਕੀਤਾ । ਇਹ ਸਮਾਗਮ ਰਚਨਾਤਮਕਤਾ, ਨਵੀਨਤਾ ਅਤੇ ਟਿਕਾਊ ਫੈਸ਼ਨ ਦਾ ਜਸ਼ਨ ਸੀ, ਜਿੱਥੇ ਉਭਰਦੇ ਡਿਜ਼ਾਈਨਰਾਂ ਨੂੰ ਵਿਸ਼ਵ ਪੱਧਰੀ ਟਰੈਂਡਸ ਤੋਂ ਪ੍ਰੇਰਿਤ ਆਪਣੇ ਅਨੋਖੇ ਕਲੈਕਸ਼ਨ ਪੇਸ਼ ਕਰਨ ਦਾ ਮੌਕਾ ਮਿਲਿਆ । ਇਸ ਸਾਲ ਦੇ ਸ਼ੋਅ ਵਿੱਚ ਵੈਡਿੰਗ ਕਲੈਕਸ਼ਨ, ਵਿੰਟੇਜ ਗੋਥ, ਫਿਊਜ਼ਨ ਅਟਾਇਰ, ਐਕਜ਼ੀਕਿਊਟਿਵ ਡ੍ਰੈਸਸ ਅਤੇ ਈਕੋ-ਫ੍ਰੈਂਡਲੀ ਐਨਸੈਂਬਲਸ ਵਰਗੇ ਵਿਸ਼ਿਆਂ ਦੀ ਇੱਕ ਸ਼ਾਨਦਾਰ ਲੜੀ ਦੇਖਣ ਨੂੰ ਮਿਲੀ। ਹਰੇਕ ਕਲੈਕਸ਼ਨ ਵਿੱਚ ਵਿਦਿਆਰਥੀਆਂ ਦੀ ਕਲਪਨਾ ਅਤੇ ਕਾਰੀਗਰੀ ਦੀ ਝਲਕ ਸੀ, ਜਿਨ੍ਹਾਂ ਨੇ ਪਰੰਪਰਾਗਤ ਸ਼ੈਲੀਆਂ ਨੂੰ ਆਧੁਨਿਕ ਡਿਜ਼ਾਈਨਾਂ ਨਾਲ ਮਿਲਾ ਕੇ ਇੱਕ ਨਵਾਂ ਆਯਾਮ ਦਿੱਤਾ। ਰਨਵੇ ਜੀਵੰਤ ਰੰਗਾਂ, ਦਲੇਰ ਧਾਰਨਾਵਾਂ ਅਤੇ ਪ੍ਰਯੋਗਾਤਮਕ ਸਿਲਹੂਟਾਂ ਨਾਲ ਭਰ ਉੱਠਿਆ, ਜਿਸ ਨੇ ਪਰੰਪਰਾਗਤ ਫੈਸ਼ਨ ਦੀਆਂ ਸੀਮਾਵਾਂ ਨੂੰ ਪਾਰ ਕਰ ਦਿੱਤਾ । ਕਈ ਇਨਾਮਾਂ ਨਾਲ ਉੱਤਮ ਪ੍ਰਦਰਸ਼ਨ ਨੂੰ ਸਨਮਾਨਿਤ ਕੀਤਾ ਗਿਆ।'ਕਾਰਪੋਰੇਟ ਡਿਊਡਸ' ਸ਼੍ਰੇਣੀ ਵਿੱਚ ਹਰਸ਼ ਨੂੰ ਬੈਸਟ ਮਾਡਲ ਚੁਣਿਆ ਗਿਆ, ਜਦੋਂ ਕਿ ਬੀ.ਐਸਸੀ ਫੈਸ਼ਨ ਡਿਜ਼ਾਈਨ ਸੈਮੇਸਟਰ 4 ਦੀ ਵਿਦਿਆਰਥੀ ਪਰਮੀਤ ਕੌਰ ਨੇ ਬੈਸਟ ਡਿਜ਼ਾਈਨਰ ਦਾ ਖਿਤਾਬ ਜਿੱਤਿਆ । ਭਾਰਤ ਦਾ ਲਿਬਾਸ ਵਿੱਚ CTIHM ਦੇ ਕਰਮ ਚੀਮਾ ਨੂੰ ਬੈਸਟ ਮਾਡਲ ਅਤੇ ਬੀ.ਐਸਸੀ ਫੈਸ਼ਨ ਡਿਜ਼ਾਈਨ ਸੈਮੇਸਟਰ 6 ਦੀ ਸੰਗੀਤਾ ਨੂੰ ਬੈਸਟ ਡਿਜ਼ਾਈਨਰ ਚੁਣਿਆ ਗਿਆ । ਕਿਊਟ ਕਡਲ ਸ਼੍ਰੇਣੀ ਵਿੱਚ ਗੁਨਿਕਾ (UKG) ਨੂੰ ਬੈਸਟ ਮਾਡਲ ਚੁਣਿਆ ਗਿਆ, ਜਦੋਂ ਕਿ ਬੀ.ਐਸਸੀ ਫੈਸ਼ਨ ਡਿਜ਼ਾਈਨ ਸੈਮੇਸਟਰ 2 ਦੀ ਜਗ੍ਰਿਤੀ, ਸਿਮਰਨ ਅਤੇ ਉਰਵਸ਼ੀ ਨੇ ਬੈਸਟ ਡਿਜ਼ਾਈਨਰ ਦਾ ਖਿਤਾਬ ਜਿੱਤਿਆ।'ਵਿੰਟੇਜ ਗੋਥ' ਕਲੈਕਸ਼ਨ ਨੇ ਸਭ ਦਾ ਧਿਆਨ ਖਿੱਚਿਆ, ਜਿਸ ਵਿੱਚ BTTM ਸੈਮੇਸਟਰ 2 ਦੇ ਹੈਨਰਿਕ ਨੂੰ ਬੈਸਟ ਮਾਡਲ ਅਤੇ ਐਮ.ਐਸਸੀ ਫੈਸ਼ਨ ਡਿਜ਼ਾਈਨ ਸੈਮੇਸਟਰ 2 ਦੀ ਗੁਰਲੀਨ ਕੌਰ ਨੂੰ ਬੈਸਟ ਡਿਜ਼ਾਈਨਰ ਚੁਣਿਆ ਗਿਆ। 'ਫਿਊਜ਼ਨ ਫਾਈਨੈਸ' ਵਿੱਚ ਸੰਗੀਤਾ ਨੂੰ ਬੈਸਟ ਮਾਡਲ ਅਤੇ ਬੀ.ਐਸਸੀ ਫੈਸ਼ਨ ਡਿਜ਼ਾਈਨ ਸੈਮੇਸਟਰ 6 ਦੇ ਭਵਨ ਅਤੇ ਹਿਮਾਂਸ਼ੂ ਨੂੰ ਬੈਸਟ ਡਿਜ਼ਾਈਨਰ ਚੁਣਿਆ ਗਿਆ । ਸਫੀਅਰ ਔਫ ਐਲੀਗੈਂਸ ਵਿੱਚ ਬੀ.ਵੋਕ ਫੈਸ਼ਨ ਡਿਜ਼ਾਈਨ ਦੀ ਲਵਲੀਨ ਕੌਰ ਨੂੰ ਬੈਸਟ ਮਾਡਲ ਅਤੇ ਨੇਹਾ ਨੂੰ ਬੈਸਟ ਡਿਜ਼ਾਈਨਰ ਚੁਣਿਆ ਗਿਆ । ਬਿਯੋਂਡ ਬਾਊਂਡਰੀਜ਼ ਸ਼੍ਰੇਣੀ ਵਿੱਚ ਬੀ.ਐਸਸੀ ਫੈਸ਼ਨ ਡਿਜ਼ਾਈਨ ਦੇ ਪ੍ਰਭਸਿਮਰਨ ਨੂੰ ਬੈਸਟ ਮਾਡਲ ਅਤੇ ਸੈਮੇਸਟਰ 4 ਦੇ ਏਕਮਪ੍ਰੀਤ ਅਤੇ ਏਕਜੋਤ ਨੂੰ ਬੈਸਟ ਡਿਜ਼ਾਈਨਰ ਚੁਣਿਆ ਗਿਆ । ਇਟਰਨਲ ਨੌਟ ਵਿੱਚ ਨਿਲਾਕਸ਼ਣੀ ਨੂੰ ਬੈਸਟ ਮਾਡਲ ਅਤੇ ਸੰਗੀਤਾ ਨੂੰ ਬੈਸਟ ਡਿਜ਼ਾਈਨਰ ਚੁਣਿਆ ਗਿਆ । ਸ਼ਾਮ ਦਾ ਸਮਾਪਨ ਵਿੰਟੇਜ ਗੋਥ ਕਲੈਕਸ਼ਨ ਨੂੰ ਓਵਰਆਲ ਬੈਸਟ ਕਲੈਕਸ਼ਨ ਦਾ ਖਿਤਾਬ ਮਿਲਣ ਨਾਲ ਹੋਇਆ । ਇਸ ਕਾਰਜਕ੍ਰਮ ਵਿੱਚ ਮੁੱਖ ਮਹਿਮਾਨ ਅਤੇ ਨਿਰਣਾਇਕ ਵਜੋਂ CKC ਸਟੂਡੀਓ ਦੀ ਮਾਲਕਿਣ ਪੰਕਜ ਠਾਕੁਰ, ਸਰਟੀਫਾਈਡ ਲਾਈਫ ਕੋਚ ਅਤੇ NLP ਪ੍ਰੈਕਟੀਸ਼ਨਰ ਤਰਵੀਨ ਕੌਰ, ਮਹਜ਼ਾਬ ਜਵੈਲਰਜ਼ ਦੀ ਮਾਲਕਿਣ ਅਵਨੀਤ ਅਤੇ ਮਸ਼ਹੂਰ ਡਿਜ਼ਾਈਨਰ ਸਿਮਰਨ ਨਰੂਲਾ ਨੇ ਸ਼ਿਰਕਤ ਕੀਤੀ। ਉਨ੍ਹਾਂ ਦੀ ਮੌਜੂਦਗੀ ਨੇ ਸ਼ੋਅ ਨੂੰ ਗਲੈਮਰ ਅਤੇ ਉਦਯੋਗ ਦੀ ਡੂੰਘੀ ਸਮਝ ਪ੍ਰਦਾਨ ਕੀਤੀ, ਜਿੱਥੇ ਉਨ੍ਹਾਂ ਨੇ ਵਿਦਿਆਰਥੀਆਂ ਦੀ ਰਚਨਾਤਮਕਤਾ ਅਤੇ ਨਵੀਨਤਾ ਨੂੰ ਨਜ਼ਦੀਕੀ ਤੋਂ ਦੇਖਿਆ। ਸਹਿ-ਚੇਅਰਪਰਸਨ ਪਰਨਿੰਦਰ ਕੌਰ, ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ, ਜੌਇੰਟ ਮੈਨੇਜਿੰਗ ਡਾਇਰੈਕਟਰ ਤਨਿਕਾ ਚੰਨੀ, ਪ੍ਰਿੰਸੀਪਲ ਦਿਵੇਯ ਛਾਬੜਾ ਅਤੇ CTIHM ਦੇ ਫੈਸ਼ਨ ਡਿਜ਼ਾਈਨ ਵਿਭਾਗ ਦੀ ਮੁਖੀ ਦੀਪਿਕਾ ਮਿਗਲਾਨੀ ਨੇ ਵੀ ਇਸ ਸ਼ੋਅ ਵਿੱਚ ਹਿੱਸਾ ਲਿਆ । ਉਨ੍ਹਾਂ ਨੇ ਪ੍ਰਤੀਭਾਗੀਆਂ ਦੀ ਮਿਹਨਤ ਦੀ ਸਰਾਹਨਾ ਕੀਤੀ ਅਤੇ ਅਜਿਹੇ ਆਯੋਜਨਾਂ ਦੇ ਮਹੱਤਵ 'ਤੇ ਪ੍ਰਕਾਸ਼ ਪਾਇਆ, ਜੋ ਵਿਵਹਾਰਿਕ ਹੁਨਰ ਵਿਕਸਿਤ ਕਰਨ, ਉਦਯੋਗ ਨਾਲ ਜੁੜਾਅ ਵਧਾਉਣ ਅਤੇ ਵਿਦਿਆਰਥੀਆਂ ਨੂੰ ਫੈਸ਼ਨ ਦੇ ਖੇਤਰ ਵਿੱਚ ਸਫਲ ਕਰੀਅਰ ਲਈ ਤਿਆਰ ਕਰਦੇ ਹਨ।

# ਕਰਨਲ ਤੇ ਉਸ ਦੇ ਪੁੱਤਰ ਦੀ ਕੁੱਟਮਾਰ ਕਰਨ ਵਾਲਿਆਂ ਵਿਰੁੱਧ ਹੋਵੇ ਸਖਤ ਕਾਰਵਾਈ : ਰਾਣਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਵੈਟਰਨ ਜਤਿੰਦਰ ਸਿੰਘ ਰਾਣਾ ਕਾਰਜਕਾਰੀ ਪ੍ਰਧਾਨ ਪੰਜਾਬ ਡਿਫੈਂਸ ਵੈਟਰਨਜ਼ ਆਰਗੇਨਾਈਜੇਸ਼ਨ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਪਿਛਲੇ ਦਿਨੀ ਪਟਿਆਲਾ ਵਿਖੇ ਇੱਕ ਫੌਜੀ ਅਧਿਕਾਰੀ ਤੇ ਉਸ ਦੇ ਪੁੱਤਰ ਦੀ ਪੁਲਸ ਮੁਲਾਜ਼ਮਾ ਵੱਲੋਂ ਕੀਤੀ ਗਈ ਨਜਾਇਜ਼ ਕੁੱਟਮਾਰ ਨੂੰ ਲੈ ਕੇ ਮਾਮਲਾ ਭਖਦਾ ਜਾ ਰਿਹਾ ਹੈ। ਇਸ ਘਟਨਾ ਦੀ ਸਾਰੇ ਪਾਸਿਓਂ ਨਿਖੇਧੀ ਕੀਤੀ ਜਾ ਰਹੀ ਹੈ। ਉੱਥੇ ਇਲਾਕੇ ਦੇ ਸੇਵਾਮੁਕਤ ਫੌਜੀ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋ ਇਕੱਠ ਕਰਕੇ ਐਲਾਨ ਕੀਤਾ ਗਿਆ ਕਿ ਜੇਕਰ ਕੁੱਟਮਾਰ ਕਰਨ ਵਾਲੇ ਪੁਲਸ ਮੁਲਾਜ਼ਮਾਂ 'ਤੇ ਸਖ਼ਤ ਕਾਨੂੰਨੀ ਕਾਰਵਾਈ ਨਾ ਕੀਤੀ ਗਈ ਤਾਂ ਉਹ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ।ਇਸ ਮੌਕੇ ਸੇਵਾਮੁਕਤ ਫੌਜੀ ਅਧਿਕਾਰੀਆਂ ਦੀ ਸੰਸਥਾ ਦੇ ਵੱਡੀ ਗਿਣਤੀ ਵਿੱਚ ਮੈਂਬਰ ਅਤੇ ਵੈਟਰਨ ਅਵਤਾਰ ਸਿੰਘ ਡਡਵਾਲ, ਵੈਟਰਨ ਨੰਦ ਸਿੰਘ, ਵੈਟਰਨ ਆਰ ਕੇ ਭਾਰਦਵਾਜ, ਜ਼ਿਲ੍ਹਾ ਖਜਾਨਚੀ ਵੈਟਰਨ ਪਰਮਜੀਤ ਸਿੰਘ, ਵੈਟਰਨ ਰਾਮ ਲੁਭਾਇਆ, ਵੈਟਰਨ ਅਮਰਜੀਤ ਸਿੰਘ ਅਤੇ ਵੈਟਰਨ ਸੁਰਜੀਤ ਸਿੰਘ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਨੂੰ ਲੈ ਕੇ ਕੀਤੀ ਵਿਚਾਰ-ਚਰਚਾ

**ਕਾਲਾ ਸੰਘਿਆਂ (ਮਨਜੀਤ ਮਾਨ)**- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਮੀਟਿੰਗ ਕੁਲਵਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਕਪੂਰਥਲਾ ਦੀ ਪ੍ਰਧਾਨਗੀ ਹੇਠ ਢਿੱਲਵਾਂ ਵਿਚ ਹੋਈ, ਜਿਸ ਵਿੱਚ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਨੂੰ ਲੈ ਕੇ ਵਿਚਾਰ ਚਰਚਾ ਕੀਤੀ ਗਈ ਤੇ ਹਲਕਾ ਭੁਲੱਥ ਤੋਂ ਪਾਰਟੀ ਉਮੀਦਵਾਰ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਭੁਲੱਥ, ਬੇਗੋਵਾਲ, ਨੂਰਪੁਰ ਲੁਬਾਣਾ, ਭੰਡਾਲ ਬੇਟ ਆਦਿ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਜਾਣਗੀਆਂ। ਇਸ ਮੌਕੇ ਰਜਿੰਦਰ ਸਿੰਘ ਫੌਜੀ ਅਜੇਗਟਿਵ ਮੈਂਬਰ, ਸੰਤੋਖ ਸਿੰਘ ਪ੍ਰਧਾਨ ਨੂਰਪੁਰ ਲੁਬਾਣਾ, ਮਲਕੀਤ ਸਿੰਘ ਪ੍ਰਧਾਨ ਢਿੱਲਵਾਂ, ਕੁਲਦੀਪ ਸਿੰਘ, ਜੋਗਾ ਸਿੰਘ ਵਾਇਸ ਪ੍ਰਧਾਨ ਢਿੱਲਵਾਂ, ਮਲਕੀਤ ਸਿੰਘ, ਹਰਵਿੰਦਰ ਸਿੰਘ ਬੱਲ, ਮੱਖਣ ਸਿੰਘ ਸਾਬਕਾ ਸਰਪੰਚ ਬੁਤਾਲਾ ਆਦਿ ਹਾਜ਼ਰ ਸਨ ।



# ਨਈਅਰ ਪਰਵਾਰ ਦੇ ਜਠੇਰਿਆਂ ਦਾ ਮੇਲਾ 28 ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਚੇਤ ਚੌਦਸ 28 ਮਾਰਚ ਨੂੰ ਨਈਅਰ ਪਰਵਾਰ ਦੇ ਜਠੇਰਿਆਂ ਦਾ ਸਾਲਾਨਾ ਮੇਲਾ ਚੀਮਾ ਰੋਡ ਸਥਿਤ ਸਤੀ ਮਾਤਾ ਦੇ ਪਾਵਨ ਦਰਬਾਰ 'ਤੇ ਧੂਮਧਾਮ ਨਾਲ ਸ਼ਰਧਪੂਰਵਕ ਮਨਾਇਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਪਿੰਡੀ ਰੂਪ ਵਿੱਚ ਮੌਜੂਦ ਕੁਲ ਦੇਵੀ ਨੂੰ ਸਵੇਰੇ ਪੰਚ ਅੰਮ੍ਰਿਤ ਇਸ਼ਨਾਨ ਕਰਵਾਉਣ ਉਪਰੰਤ ਪੂਜਾ ਅਰਚਨਾ ਅਤੇ ਮਾਤਾ ਰਾਣੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਵੇਗਾ।ਪ੍ਰਸਾਦ ਅਤੇ ਅਤੁੱਟ ਲੰਗਰ ਵਰਤਾਇਆ ਜਾਵੇਗਾ।

# ਸਥਾਨਕ ਸਰਕਾਰਾਂ ਮੰਤਰੀ ਵੱਲੋਂ ਫਾਇਰ ਸਟੇਸ਼ਨ ਦੀ ਨਵੀਂ ਥਾਂ ਦਾ ਦੌਰਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸਥਾਨਕ ਸ਼ਹਿਰ ਅੰਦਰ ਕੋਆਪ੍ਰੇਟਿਵ ਬੈਂਕ ਨੇੜੇ ਬਜ਼ਾਰ ਵਿਚ ਸਥਿਤ ਫਾਇਰ ਬ੍ਰਿਗੇਡ ਸਟੇਸ਼ਨ ਲਈ ਤਜਵੀਜ਼ਤ ਨਵੀਂ ਜਗ੍ਹਾ ਦਾ ਦੌਰਾ ਕਰਦਿਆਂ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਫਾਇਰ ਬ੍ਰਿਗੇਡ ਸਟੇਸ਼ਨ ਨੂੰ ਸ਼ਹਿਰ ਦੇ ਬਾਹਰ ਗਊਸ਼ਾਲਾ ਨੇੜੇ ਖੁੱਲ੍ਹੀ ਜਗ੍ਹਾ 'ਤੇ ਤਬਦੀਲ ਕੀਤਾ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਹੋਰਨਾਂ ਅਧਿਕਾਰੀਆਂ ਸਮੇਤ ਭੰਗੀ ਚੋਅ ਨੇੜੇ ਫਾਇਰ ਬ੍ਰਿਗੇਡ ਸਟੇਸ਼ਨ ਦੀ ਨਵੀਂ ਜਗ੍ਹਾ 'ਤੇ ਪਹੁੰਚ ਕੇ ਸਟੇਸ਼ਨ ਦੇ ਨਿਰਮਾਣ ਸਬੰਧੀ ਜਾਣਕਾਰੀ ਲੈਂਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਲੋੜੀਂਦੀ ਪ੍ਰਕਿਰਿਆ ਨੂੰ ਛੇਤੀਂ ਅਮਲ ਵਿਚ ਲਿਆਂਦਾ ਜਾਵੇ ਤਾਂ ਜੋ ਨਵੀਂ ਥਾਂ 'ਤੇ ਫਾਇਰ ਬ੍ਰਿਗੇਡ ਸਟੇਸ਼ਨ ਤਬਦੀਲ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਨਵੀਂ ਥਾਂ 'ਤੇ ਫਾਇਰ ਬ੍ਰਿਗੇਡ ਸਟੇਸ਼ਨ ਦੀ ਉਸਾਰੀ ਆਦਿ ਲਈ ਪੰਜਾਬ ਸਰਕਾਰ ਵਲੋਂ ਨਗਰ ਨਿਗਮ ਨੂੰ 2.50 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ।ਸਥਾਨਕ ਸਰਕਾਰਾਂ ਮੰਤਰੀ ਨੇ ਨਵੇਂ ਫਾਇਰ ਬ੍ਰਿਗੇਡ ਸਟੇਸ਼ਨ ਦਾ ਪ੍ਰਸਤਾਵਤ ਪਲਾਨ ਦੇਖਦਿਆਂ ਕਿਹਾ ਕਿ ਆਧੁਨਿਕ ਸਮੇਂ ਦੀ ਮੰਗ ਅਨੁਸਾਰ ਉਸਾਰੀ ਕਰਵਾਉਣ ਦੇ ਨਾਲ-ਨਾਲ ਸਟੇਸ਼ਨ 'ਤੇ ਹਰ ਪੱਖੋਂ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾ ਸਕਣ। ਉਨ੍ਹਾਂ ਕਿਹਾ ਸ਼ਹਿਰ ਦੇ ਅੰਦਰ ਬਜ਼ਾਰ ਵਿਚ ਸਥਿਤ ਪੁਰਾਣੇ ਸਟੇਸ਼ਨ ਤੋਂ ਐਮਰਜੈਂਸੀ ਵੇਲੇ ਗੱਡੀਆਂ ਕੱਢਣ ਵੇਲੇ ਆਉਂਦੀ ਦਿੱਕਤ ਨੂੰ ਦੇਖਦਿਆਂ ਪੰਜਾਬ ਸਰਕਾਰ ਵਲੋਂ ਨਵੀਂ ਥਾਂ 'ਤੇ ਫਾਇਰ ਸਟੇਸ਼ਨ ਦੀ ਉਸਾਰੀ ਨੂੰ ਪ੍ਰਵਾਨਗੀ ਦਿੰਦਿਆਂ ਲੋੜੀਂਦੇ ਫੰਡ ਜਾਰੀ ਕੀਤੇ ਜਾ ਚੁੱਕੇ ਹਨ। ਅਧਿਕਾਰੀਆਂ ਨੇ ਕੈਬਨਿਟ ਮੰਤਰੀ ਨੂੰ ਦੱਸਿਆ ਕਿ ਨਵੀਂ ਥਾਂ 'ਤੇ ਉਸਾਰੀ ਲਈ ਟੈਂਡਰ ਪ੍ਰਕਿਰਿਆ ਜਾਰੀ ਹੈ ਅਤੇ ਆਉਂਦੇ ਕੁਝ ਦਿਨਾਂ ਵਿਚ ਹੀ ਇਸ ਨੂੰ ਮੁਕੰਮਲ ਕਰਕੇ ਨਿਰਮਾਣ ਕਾਰਜ ਸ਼ੁਰੂ ਕਰਵਾਇਆ ਜਾਵੇਗਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ 2 ਕਨਾਲ ਤੋਂ ਵੱਧ ਜਗ੍ਹਾ 'ਤੇ ਬਣਨ ਵਾਲੇ ਫਾਇਰ ਬ੍ਰਿਗੇਡ ਸਟੇਸ਼ਨ 'ਤੇ ਹੰਗਾਮੀ ਹਾਲਤ ਵੇਲੇ ਕਾਬੂ ਪਾਉਣ ਲਈ ਗੱਡੀਆਂ ਆਦਿ ਦੇ ਪੁਖਤਾ ਪ੍ਰਬੰਧ ਹੋਣਗੇ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ, ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ ਦੇ ਵਾਈਸ ਚੇਅਰਮੈਨ ਹਰਮਿੰਦਰ ਸਿੰਘ ਬਖਸ਼ੀ, ਨਗਰ ਨਿਗਮ ਕਮਿਸ਼ਨਰ ਡਾ. ਅਮਨਦੀਪ ਕੌਰ ਆਦਿ ਵੀ ਮੌਜੂਦ ਸਨ।



# ਰਾਜਾ ਨੇ ਪ੍ਰਧਾਨ ਤੇ ਬੱਗਾ ਨੇ ਸੀਨੀ. ਮੀਤ ਪ੍ਰਧਾਨ ਵਜੋਂ ਸੰਭਾਲਿਆ ਅਹੁਦਾ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** —ਨਗਰ ਕੌਂਸਲ ਭੋਗਪੁਰ ਦੇ ਨਵ ਨਿਯੁਕਤ ਪ੍ਰਧਾਨ ਰਾਜ ਕੁਮਾਰ ਰਾਜਾ ਅਤੇ ਸੀਨੀਅਰ ਮੀਤ ਪ੍ਰਧਾਨ ਰਾਕੇਸ਼ ਬੱਗਾ ਵਲੋਂ ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ, ਵਿਧਾਇਕ ਬਲਕਾਰ ਸਿੰਘ ਅਤੇ ਰਮਨ ਅਰੋੜਾ ਦੀ ਮੌਜੂਦਗੀ ਵਿੱਚ ਆਪਣਾ ਅਹੁਦਾ ਸੰਭਾਲ ਲਿਆ ਗਿਆ।ਵਧਾਈ ਦਿੰਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਭੋਗਪੁਰ ਦੇ ਸਰਵਪੱਖੀ ਵਿਕਾਸ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਰਾਜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਉਹਨਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਪੂਰੀ ਲਗਨ ਤੇ ਮਿਹਨਤ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਭੋਗਪੁਰ ਸ਼ਹਿਰ ਦੇ ਵਿਕਾਸ ਲਈ ਹਮੇਸ਼ਾਂ ਯਤਨਸ਼ੀਲ ਰਹਿਣਗੇ।ਇਸ ਮੌਕੇ ਹਲਕਾ ਇੰਚਾਰਜ ਜੀਤ ਲਾਲ ਭੱਟੀ ਅਤੇ ਹੋਰ ਸਖਸ਼ੀਅਤਾਂ ਵੀ ਹਾਜ਼ਰ ਸਨ।

# ਜ਼ਿਲ੍ਹੇ ਨੂੰ 12 ਪ੍ਰਚੂਨ ਸ਼ਰਾਬ ਸਮੂਹਾਂ ਦੀ ਈ-ਨਿਲਾਮੀ ਤੋਂ ਮਿਲੇ 792.20 ਕਰੋੜ ਰੁਪਏ : ਕੋਮਲ ਮਿੱਤਲ

**ਐਸ.ਏ.ਐਸ.ਨਗਰ, (ਕ੍ਰਿਸ਼ਨ ਗਰਗ)** ਜ਼ਿਲ੍ਹੇ ਨੇ ਆਉਣ ਵਾਲੇ ਵਿੱਤੀ ਸਾਲ 2025-26 ਲਈ ਪ੍ਰਚੂਨ ਸ਼ਰਾਬ ਦੇ ਠੇਕਿਆਂ ਦੀ ਅਲਾਟਮੈਂਟ ਲਈ 12 ਪ੍ਰਚੂਨ ਸ਼ਰਾਬ ਸਮੂਹਾਂ ਦੀ ਈ-ਨਿਲਾਮੀ ਤੋਂ 792.20 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਕੀਤਾ ਹੈ।ਡਿਪਟੀ ਕਮਿਸ਼ਨਰ ਸ਼੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਬਾਕੀ ਬਚੇ ਇਕਹਿਰੇ ਗਰੁੱਪ ਦੀ ਅਲਾਟਮੈਂਟ ਲਈ ਈ-ਟੈਂਡਰਿੰਗ ਪ੍ਰਕਿਰਿਆ ਜਾਰੀ ਹੈ, ਜਿਸ ਲਈ ਬੋਲੀ ਲਾਉਣ ਦੀ ਆਖਰੀ ਮਿਤੀ ਕੱਲ੍ਹ 20 ਮਾਰਚ, 2025 ਰੱਖੀ ਗਈ ਹੈ।ਇਨ੍ਹਾਂ ਟੈਂਡਰਾਂ ਲਈ ਤਕਨੀਕੀ ਅਤੇ ਵਿੱਤੀ ਬੋਲੀ 17 ਮਾਰਚ, 2025 ਨੂੰ ਐਮ.ਆਈ.ਏ (ਮੁਹਾਲੀ ਇੰਡਸਟਰੀਅਲ ਐਸੋਸੀਏਸ਼ਨ) ਭਵਨ, ਉਦਯੋਗਿਕ ਖੇਤਰ, ਸੈਕਟਰ 78, ਐਸ.ਏ.ਐਸ. ਨਗਰ ਵਿਖੇ ਖੋਲ੍ਹੀ ਗਈ ਸੀ। ਕੁੱਲ 13 ਸਮੂਹਾਂ ਵਿੱਚੋਂ, 12 ਸਭ ਤੋਂ ਵੱਧ ਬੋਲੀਕਾਰਾਂ (8-1) ਨੂੰ ਸਫਲਤਾਪੂਰਵਕ ਅਲਾਟ ਕੀਤੇ ਗਏ ਸਨ। ਇਹਨਾਂ 12 ਸਮੂਹਾਂ ਲਈ ਕੁੱਲ ਰਾਖਵੀਂ ਕੀਮਤ 549.89 ਕਰੋੜ ਰੁਪਏ ਸੀ ਅਤੇ ਉਹਨਾਂ ਨੂੰ 792.20 ਕਰੋੜ ਰੁਪਏ ਦੀ ਰਾਸ਼ੀ ਤੇ ਅਲਾਟ ਕੀਤਾ ਗਿਆ ਸੀ, ਜੋ ਕਿ ਰਿਜ਼ਰਵ ਕੀਮਤ ਨਾਲੋਂ 242.20 ਕਰੋੜ ਰੁਪਏ (+44.06%) ਦੇ ਵਾਧੇ ਨੂੰ ਦਰਸਾਉਂਦਾ ਹੈ।ਸਹਾਇਕ ਕਮਿਸ਼ਨਰ (ਆਬਕਾਰੀ) ਅਸ਼ੋਕ ਚਲਹੋਤਰਾ ਨੇ ਦੱਸਿਆ ਕਿ ਐਸ.ਏ.ਐਸ.ਨਗਰ (ਮੁਹਾਲੀ) ਜ਼ਿਲ੍ਹੇ ਦੇ ਆਬਕਾਰੀ ਮਾਲੀਏ ਵਿੱਚ ਪਿਛਲੇ ਸਾਲਾਂ ਦੌਰਾਨ ਇਤਿਹਾਸਕ ਤੌਰ ਤੇ ਜ਼ਿਕਰਯੋਗ ਵਾਧਾ ਹੋਇਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੁਹਾਲੀ ਜ਼ਿਲ੍ਹੇ ਦੇ ਇੱਕ ਬਾਕੀ ਰਹਿ ਗਏ ਗਰੁੱਪ, ਨਿਊ ਚੰਡੀਗੜ੍ਹ ਦਾ ਟੈਂਡਰ ਟੈਕਨੀਕਲ ਇਵੈਲੂਏਸ਼ਨ ਕਮੇਟੀ (ਟੀ.ਈ.ਸੀ.) ਵੱਲੋਂ ਟੈਕਨੀਕਲ ਬੋਲੀ ਰੱਦ ਕੀਤੇ ਜਾਣ ਕਾਰਨ ਰੱਦ ਕਰ ਦਿੱਤਾ ਗਿਆ ਸੀ। ਇਸ ਸਮੂਹ ਲਈ ਇੱਕ ਨਵਾਂ ਟੈਂਡਰ ਜਾਰੀ ਕੀਤਾ ਗਿਆ ਹੈ, ਜਿਸ ਵਿੱਚ ਬੋਲੀ ਦੀ ਆਖਰੀ ਮਿਤੀ 20.03.2025 ਨੂੰ ਦੁਪਹਿਰ 12:05 ਵਜੇ ਨਿਰਧਾਰਤ ਕੀਤੀ ਗਈ ਹੈ। ਇਸ ਗਰੁੱਪ ਲਈ ਰਾਖਵੀਂ ਕੀਮਤ 45.11 ਕਰੋੜ ਰੁਪਏ ਹੈ।

# ਸੰਤ ਬਾਬਾ ਚਰਨ ਦਾਸ ਦੀ ਸਾਲਾਨਾ ਬਰਸੀ ਮਨਾਈ

**ਬੰਗਾ (ਅਵਤਾਰ ਕਲੇਰ)** ਮਹਾਨ ਤਪੱਸਵੀ ਸੰਤ ਬਾਬਾ ਚਰਨ ਦਾਸ ਮਹਾਰਾਜ ਦੀ ਸਾਲਾਨਾ 13ਵੀਂ ਬਰਸੀ ਸੰਤ ਬਾਬਾ ਅਮਰਦਾਸ ਦੇ ਤਪ ਅਸਥਾਨ ਅਮਰਪੁਰੀ ਕੁਟੀਆ ਚੱਕ ਕਲਾਲ ਵਿਖੇ ਗੱਦੀ ਨਸ਼ੀਨ ਸੰਤ ਸੁਖਦੇਵ ਸਿੰਘ ਦੀ ਅਗਵਾਈ ਹੇਠ ਮਨਾਈ ਗਈ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਧਾਰਮਿਕ ਦੀਵਾਨ ਸਜਾਏ ਗਏ । ਸੰਤ ਸੁਖਦੇਵ ਸਿੰਘ ਤੋਂ ਇਲਾਵਾ ਕੀਰਤਨੀ ਅਤੇ ਢਾਡੀ ਜੱਥਿਆਂ ਨੇ ਸੰਗਤਾਂ ਨੂੰ ਕੀਰਤਨ ਅਤੇ ਪ੍ਰਵਚਨਾਂ ਨਾਲ ਨਿਹਾਲ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਹੰਸ ਰਾਜ ਨੰਬਰਦਾਰ ਨੇ ਨਿਭਾਈ। ਇਸ ਮੌਕੇ ਸੰਤ ਬਚਿੱਤਰ ਸਿੰਘ ਜੰਡੂਸਿੰਘਾ,ਸੰਤ ਸਰਬਜੀਤ ਸਿੰਘ ਲੜੋਆ,ਸੰਤ ਕਪੂਰ ਦਾਸ,ਸੰਤ ਸ਼ਾਮ ਦਾਸ ਝੰਡੇਰਾਂ, ਜਥੇਦਾਰ ਦਲਜੀਤ ਸਿੰਘ ਸੋਢੀ ਮਾਹਿਲਪੁਰ,ਸੰਤ ਬਾਬਾ ਹਾਕਮ ਦਾਸ ਸੰਧਵਾਂ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।



# ਜੇ ਸੀ ਆਈ ਪ੍ਰਾਈਡ ਨੇ ਕ੍ਰਿਕਟ ਟੂਰਨਾਮੈਂਟ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**- ਜੇ ਸੀ ਆਈ. ਆਦਮਪੁਰ ਪ੍ਰਾਈਡ ਵਲੋਂ ਪਿੰਡ ਮਸਾਣੀਆਂ ਵਿਖੇ ਨਿੱਝਰ ਕ੍ਰਿਕੇਟ ਅਕੈਡਮੀ ਦੇ ਸਹਿਯੋਗ ਨਾਲ ਪਹਿਲਾ ਅੰਡਰ 17 ਵਰਗ ਕ੍ਰਿਕੇਟ ਟੂਰਨਾਮੈਂਟ ਜੇ ਸੀ ਆਈ. ਆਦਮਪੁਰ ਪ੍ਰਾਈਡ ਦੇ ਪ੍ਰਧਾਨ ਤਰੁਣ ਖੁਰਾਣਾ ਦੀ ਦੇਖਰੇਖ ਹੇਠ ਕਰਵਾਇਆ ਗਿਆ । ਖੁਰਾਣਾ ਨੇ ਦੱਸਿਆ ਕਿ ਉਨ੍ਹਾਂ ਵਲੋਂ ਕਰਵਾਏ ਗਏ ਇਸ ਕ੍ਰਿਕੇਟ ਟੂਰਨਾਮੈਂਟ 'ਚ ਆਸ ਪਾਸ ਦੇ ਪਿੰਡਾਂ ਦੀਆਂ 8 ਕ੍ਰਿਕੇਟ ਟੀਮਾਂ ਨੇ ਹਿੱਸਾ ਲਿਆ ਤੇ ਫਾਈਨਲ ਦੇ ਹੋਏ ਫਸਵੇਂ ਮੈਚ 'ਚ ਚੱਕ ਗੁੱਜਰਾਂ ਦੀ ਟੀਮ ਨੇ ਕਿੰਗਰਾਂ ਚੋ ਵਾਲਾ ਦੀ ਟੀਮ ਨੂੰ ਹਰਾ ਕੇ ਟੂਰਨਾਮੈਂਟ 'ਤੇ ਕਬਜ਼ਾ ਕੀਤਾ। ਜੇਤੂ ਟੀਮ ਨੂੰ 3100 ਤੇ ਉਪ ਜੇਤੂ ਟੀਮ ਨੂੰ 2100 ਰੁਪਏ ਦੀ ਨਗਦ ਰਾਸ਼ੀ ਤੇ ਟ੍ਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਟੂਰਨਾਮੈਂਟ ਦੇ ਪ੍ਰੋਜੈਕਟ ਤੇਜਿੰਦਰ ਵਰਮਾ, ਇੰਦਰਜੀਤ ਸਿੰਘ ਸਾਬੀ, ਪਰਮਿੰਦਰ ਸਿੰਘ, ਸੁੱਖਵਿੰਦਰ ਸਿੰਘ ਕੂਨਰ ਤੇ ਅਵਤਾਰ ਸਿੰਘ ਨਿੱਝਰ ਸਨ।



# ਹੈਰੋਇਨ ਸਮੇਤ ਕਾਬੂ

**ਕਾਲਾ ਸੰਘਿਆਂ (ਮਨਜੀਤ ਮਾਨ)**— ਢਿੱਲਵਾਂ ਪੁਲਸ ਨੇ 7 ਗ੍ਰਾਮ ਹੈਰੋਇਨ ਸਮੇਤ ਇਕ ਵਿਅਕਤੀ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ ਮਨਜੀਤ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਦਾਣਾ ਮੰਡੀ ਢਿੱਲਵਾਂ ਦੇ ਗੇਟ ਨਜਦੀਕ ਪੁੱਜੀ ਤਾਂ ਸਾਹਮਣੇ ਪਿੰਡ ਮਿਆਣੀ ਬਾਕਰਪੁਰ ਵੱਲੋ ਇੱਕ ਨੌਜਵਾਨ ਪੈਦਲ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਦੇਖ ਕੇ ਦਾਣਾ ਮੰਡੀ ਦੇ ਗੇਟ ਦੇ ਵਿੱਚ ਦੀ ਹੁੰਦਾ ਹੋਇਆ ਬਣੇ ਬੇਅਬਾਦ ਕਮਰੇ ਵਿੱਚ ਜਾ ਵੜਿਆ ਤਾਂ ਸਬ ਇੰਸਪੈਕਟਰ ਦਲਵਿੰਦਰ ਬੀਰ ਸਿੰਘ ਨੇ ਸ਼ੱਕ ਦੀ ਬਿਨਾਹ 'ਤੇ ਸਾਥੀ ਕਰਮਚਾਰੀਆਂ ਨੂੰ ਨਾਲ ਲੈ ਕਮਰੇ ਦੀ ਚੈਕਿੰਗ ਕੀਤੀ ਤਾਂ ਉਥੇ ਇੱਕ ਨੌਜਵਾਨ ਖੜਾ ਦਿਖਾਈ ਦਿੱਤਾ, ਜਿਸ ਨੇ ਆਪਣਾ ਨਾਂਅ ਸਰਬਜੀਤ ਸਿੰਘ ਉਰਫ ਸਾਬੀ ਵਾਸੀ ਡੋਗਰਾਂਵਾਲ ਥਾਣਾ ਸੁਭਾਨਪੁਰ ਦੱਸਿਆ। ਉਸ ਪਾਸੋਂ 07 ਗ੍ਰਾਮ ਹੈਰੋਇਨ ਬਰਾਮਦ ਹੋਣ 'ਤੇ ਮੁਕੱਦਮਾ ਦਰਜ ਕੀਤਾ ਗਿਆ।

# ਸਿਵਲ ਸਰਜਨ ਵੱਲੋਂ ਜ਼ਿਲ੍ਹਾ ਹਸਪਤਾਲ ਦੇ ਰਜਿਸਟਰੇਸ਼ਨ ਕਾਊਂਟਰ 'ਤੇ ਚੈਕਿੰਗ



**ਮੋਹਾਲੀ (ਗੁਰਜੀਤ ਬਿੱਲਾ)**- ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਸਵੇਰੇ ਅਚਨਚੇਤ ਜ਼ਿਲ੍ਹਾ ਹਸਪਤਾਲ ਦੇ ਰਜਿਸਟਰੇਸ਼ਨ ਕਾਊਂਟਰ 'ਤੇ ਪੁੱਜ ਕੇ ਮਰੀਜ਼ਾਂ ਦੀਆਂ ਪਰਚੀਆਂ ਬਣਾਉਣ ਦਾ ਕੰਮ ਵੇਖਿਆ। ਉਨ੍ਹਾਂ ਕੁੱਝ ਮਰੀਜ਼ਾਂ ਦੀਆਂ ਪਰਚੀਆਂ ਚੈੱਕ ਕੀਤੀਆਂ ਅਤੇ ਉਨ੍ਹਾਂ ਨਾਲ ਗੱਲਬਾਤ ਵੀ ਕੀਤੀ। ਉਨ੍ਹਾਂ ਵੇਖਿਆ ਕਿ ਰਜਿਸਟਰੇਸ਼ਨ ਕਾਊਂਟਰ ਹਸਪਤਾਲ ਖੁੱਲ੍ਹਣ ਦੇ ਤੈਅ ਸਮੇਂ ਤੋਂ ਅੱਧਾ ਘੰਟਾ ਪਹਿਲਾਂ ਖੁੱਲ੍ਹਾ ਸੀ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਸਿਹਤ ਅਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਹਦਾਇਤ ਕੀਤੀ ਸੀ ਕਿ ਰਜਿਸਟਰੇਸ਼ਨ ਕਾਊਂਟਰ ਅੱਧਾ ਘੰਟਾ ਪਹਿਲਾਂ ਖੋਲ੍ਹੇ ਜਾਣ। ਉਨ੍ਹਾਂ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਐਚ.ਐਸ. ਚੀਮਾ ਨੂੰ ਹਦਾਇਤ ਕੀਤੀ ਕਿ ਹਮੇਸ਼ਾ ਹੀ ਇਹ ਯਕੀਨੀ ਬਣਾਇਆ ਜਾਵੇ ਕਿ ਗਰਮੀਆਂ ਦੇ ਸਮੇਂ ਵਿਚ ਰਜਿਸਟਰੇਸ਼ਨ ਕਾਊਂਟਰ ਸਵੇਰੇ 7.30 ਵਜੇ ਅਤੇ ਸਰਦੀਆਂ ਵਿਚ ਸਵੇਰੇ 8.30 ਵਜੇ ਖੋਲ੍ਹਿਆ ਜਾਵੇ ਤਾਕਿ ਮਰੀਜ਼ਾਂ ਦੀਆਂ ਕਤਾਰਾਂ ਨਾ ਲੱਗਣ ਅਤੇ ਉਨ੍ਹਾਂ ਦੇ ਜਾਂਚ ਤੇ ਇਲਾਜ ਦਾ ਕੰਮ ਵੀ ਸਮੇਂ ਸਿਰ ਹੋ ਸਕੇ। ਉਨ੍ਹਾਂ ਕਿਹਾ ਕਿ ਅਜਿਹਾ ਕਰਨ ਨਾਲ ਡਾਕਟਰਾਂ ਨੂੰ ਮਰੀਜ਼ਾਂ ਦਾ ਇਲਾਜ ਕਰਨ ਵਿਚ ਵੀ ਸੌਖ ਰਹੇਗੀ ਅਤੇ ਮਰੀਜ਼ਾਂ ਦਾ ਵੀ ਸਮਾਂ ਬਚੇਗਾ। ਸਿਵਲ ਸਰਜਨ ਨੇ ਦੁਹਰਾਇਆ ਕਿ ਮਰੀਜ਼ਾਂ ਦੀ ਪਰਚੀ ਉਤੇ ਡਾਕਟਰ ਦੁਆਰਾ ਕੋਈ ਵੀ ਅਜਿਹੀ ਦਵਾਈ ਨਾ ਲਿਖੀ ਜਾਵੇ ਜਿਹੜੀ ਹਸਪਤਾਲ ਦੀ ਫ਼ਾਰਮੇਸੀ ਵਿਚ ਉਪਲਬਧ ਨਾ ਹੋਵੇ। ਜੇ ਕਿਸੇ ਕਾਰਨ ਦਵਾਈ ਪ੍ਰਾਈਵੇਟ ਕੈਮਿਸਟ ਕੋਲ ਉਪਲਬਧ ਹੈ ਤਾਂ ਮਰੀਜ਼ ਵਾਸਤੇ ਸਬੰਧਤ ਦਵਾਈ ਉਪਲਬਧ ਕਰਾਈ ਜਾਵੇ। ਡਾ. ਜੈਨ ਨੇ ਆਖਿਆ ਕਿ ਸਰਕਾਰੀ ਸਿਹਤ ਸੰਸਥਾਵਾਂ ਵਿਚ ਆਉਣ ਵਾਲੇ ਮਰੀਜ਼ਾਂ ਨੂੰ ਬਿਹਤਰ ਤੇ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਉਨ੍ਹਾਂ ਦਾ ਪਹਿਲਾ ਫ਼ਰਜ਼ ਹੈ।

# ਵਿਦਿਆਰਥੀ ਏਡਜ਼ ਬਾਰੇ ਸਮਾਜ 'ਚ ਜਾਗਰੂਕਤਾ ਲਈ ਯੋਗਦਾਨ ਪਾਉਣ : ਡਾ. ਸੁਖਮੀਤ ਬੇਦੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਰਿਆਤ ਬਾਹਰਾ ਮੈਨੇਜਮੈਂਟ ਕਾਲਜ ਦੇ ਪੈਰਾਮੈਡੀਕਲ ਸਾਇੰਸਜ਼ ਵਿਭਾਗ ਵਿੱਚ ਐਨ.ਜੀ.ਓ. 'ਸ਼ਾਨ' ਵੱਲੋਂ ਏਡਜ਼ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰਿੰਸੀਪਲ ਡਾ. ਹਰਿੰਦਰ ਸਿੰਘ ਗਿੱਲ ਅਤੇ ਵਿਭਾਗ ਇੰਚਾਰਜ ਡਾ. ਸੁਖਮੀਤ ਬੇਦੀ ਦੇ ਮਾਰਗਦਰਸ਼ਨ ਹੇਠ ਆਯੋਜਿਤ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਐਚ.ਆਈ.ਵੀ./ਏਡਜ਼, ਇਸਦੇ ਸੰਕਰਮਣ, ਰੋਕਥਾਮ ਬਾਰੇ ਜਾਗਰੂਕ ਕਰਨਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਵਿਭਾਗ ਇੰਚਾਰਜ ਡਾ. ਸੁਖਮੀਤ ਕੌਰ ਬੇਦੀ ਵੱਲੋਂ ਸਵਾਗਤੀ ਸੰਬੋਧਨ ਨਾਲ ਹੋਈ, ਜਿਸ ਵਿੱਚ ਉਨ੍ਹਾਂ ਏਡਜ਼ ਜਾਗਰੂਕਤਾ ਦੀ ਲੋੜ ਤੇ ਐਨ.ਜੀ.ਓ. 'ਸ਼ਾਨ' ਦੀ ਕੋਸ਼ਿਸ਼ ਦੀ ਸਰਾਹਨਾ ਕੀਤੀ। ਉਨ੍ਹਾਂ ਕਿਹਾ ਕਿ ਏਡਜ਼ ਵਰਗੀ ਗੰਭੀਰ ਬੀਮਾਰੀ ਬਾਰੇ ਜਾਗਰੂਕਤਾ ਫੈਲਾਉਣਾ ਸਮਾਜ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਉਤਸ਼ਾਹਤ ਕੀਤਾ ਕਿ ਉਹ ਇਸ ਵਿਸ਼ੇ 'ਤੇ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਅਤੇ ਜਾਗਰੂਕਤਾ ਫੈਲਾਉਣ ਵਿੱਚ ਆਪਣਾ ਯੋਗਦਾਨ ਪਾਉਣ।ਪ੍ਰੋਜੈਕਟ ਮੈਨੇਜਰ ਆਰਤੀ ਠਾਕੁਰ ਨੇ ਐਨ.ਜੀ.ਓ. ਦੀ ਗਤੀਵਿਧੀਆਂ ਅਤੇ ਉਦੇਸ਼ਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਏਡਜ਼ ਜਾਗਰੂਕਤਾ ਖੇਤਰ ਵਿੱਚ ਲਗਾਤਾਰ ਕੰਮ ਕਰ ਰਹੀ ਹੈ। ਪ੍ਰੋਗਰਾਮ ਦੇ ਮੁੱਖ ਵਕਤਾ ਐਡਵੋਕੇਟ ਮਨੋਜ ਨਾਗਪਾਲ ਨੇ ਐਚ.ਆਈ.ਵੀ./ਏਡਜ਼ ਨਾਲ ਜੁੜੇ ਕਾਨੂੰਨੀ ਅਧਿਕਾਰ, ਗੋਪਨੀਯਤਾ, ਭੇਦਭਾਵ ਵਿਰੋਧੀ ਕਾਨੂੰਨਾਂ ਅਤੇ ਸਰਕਾਰੀ ਨੀਤੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਮਾਜ ਨੂੰ ਇਸ ਮਾਮਲੇ ਵਿੱਚ ਸੰਵੇਦਨਸ਼ੀਲ ਹੋਣ ਦੀ ਲੋੜ ਹੈ, ਤਾਂ ਜੋ ਪ੍ਰਭਾਵਿਤ ਲੋਕਾਂ ਨੂੰ ਸਿੱਖਿਆ ਅਤੇ ਨੌਕਰੀਆਂ ਵਿੱਚ ਸਮਾਨ ਮੌਕੇ ਮਿਲ ਸਕਣ। ਉਨ੍ਹਾਂ ਸੰਕਰਮਣ ਦੇ ਵਿਗਿਆਨਕ ਪੱਖ, ਰੋਕਥਾਮ ਦੇ ਉਪਾਅ ਅਤੇ ਸੁਰੱਖਿਅਤ ਸਿਹਤ ਪ੍ਰਥਾਵਾਂ 'ਤੇ ਵੀ ਚਰਚਾ ਕੀਤੀ। ਵਿਦਿਆਰਥੀਆਂ ਨੇ ਜਾਗਰੂਕਤਾ ਸ਼ਿਵਿਰ ਵਿੱਚ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਵਿਸ਼ੇਸ਼ਗਿਆਨੀਆਂ ਨੂੰ ਆਪਣੇ ਪ੍ਰਸ਼ਨ ਪੁੱਛ ਕੇ ਆਪਣੇ ਸੰਦੇਹ ਦੂਰ ਕੀਤੇ।ਇਸ ਮੌਕੇ 'ਤੇ ਪ੍ਰੋ. ਅਦਿਤੀ, ਪ੍ਰੋ. ਸਾਕਿਬ, ਪ੍ਰੋ. ਇਰਸ਼ਾਦ, ਪ੍ਰੋ. ਆਕਾਸ਼, ਪ੍ਰੋ. ਮਸਰੂਰ, ਪ੍ਰੋ. ਮੁੱਦਸਰ, ਪ੍ਰੋ. ਹੁਮੈਰਾ, ਤਰਲੋਕ ਸਿੰਘ, ਰਜਨੀ, ਅਰਜੁਨ ਅਤੇ ਹਰਜਿੰਦਰ ਸਮੇਤ ਕਈ ਵਿਦਿਆਰਥੀ ਅਤੇ ਅਧਿਆਪਕ ਮੌਜੂਦ ਸਨ।

# ਮੇਹਰ ਚੰਦ ਪਾਲੀਟੈਕਨਿਕ ਕਾਲਜ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

**ਜਲੰਧਰ (ਸ਼ੈਲੀ ਐਲਬਰਟ)**- ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਰਹਿਨੁਮਾਈ ਹੇਠ ਮੇਹਰ ਚੰਦ ਪਾਲੀਟੈਕਨਿਕ ਕਾਲਜ ਦੇ ਵਿਦਿਆਰਥੀਆਂ ਨੇ ਪੀ. ਟੀ. ਆਈ. ਐਸ. ਯੁਵਕ ਮੇਲੇ 2025 ਵਿੱਚ ਹਿੱਸਾ ਲੈ ਕੇ ਇਵੈਂਟ "ਸ਼ਬਦ ਗਾਇਨ" ਵਿੱਚ ਦੂਜਾ, ਇਵੈਂਟ "ਕੋਰੀਓਗ੍ਰਾਫੀ" ਵਿੱਚ ਤੀਜਾ ਅਤੇ ਇਵੈਂਟ "ਲੋਕ ਗੀਤ" ਮੁਕਾਬਲੇ ਵਿੱਚ ਵੀ ਤੀਜਾ ਸਥਾਨ ਹਾਸਲ ਕੀਤਾ। ਕੋਰੀਓਗ੍ਰਾਫੀ ਮੁਕਾਬਲੇ ਵਿੱਚ ਈਸ਼ਾ, ਹਿਮਾਂਸ਼ੂ, ਰਾਹੁਲ ਯਾਦਵ, ਬੰਧਨ ਕੁਮਾਰ, ਸਿਮਰਨ ਅਤੇ ਅੰਕੁਰ ਨੇ ਪ੍ਰਦਰਸ਼ਨ ਕੀਤਾ। ਸ਼ਬਦ ਗਾਇਨ ਮੁਕਾਬਲੇ ਵਿੱਚ ਰਾਧਿਕਾ, ਸ਼ਰਨਜੀਤ ਕੌਰ ਅਤੇ ਗੁਰਜੋਤ ਸਿੰਘ ਅਤੇ ਲੋਕ ਗੀਤ ਮੁਕਾਬਲੇ ਵਿੱਚ ਰਾਧਿਕਾ ਸ਼ਾਮਲ ਸਨ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਮੇਜਰ ਪੰਕਜ ਗੁਪਤਾ (ਪ੍ਰਧਾਨ ਕਲਚਰਲ ਸੋਸਾਇਟੀ), ਮਿਸ ਪ੍ਰੀਤ ਕੰਵਲ (ਇੰਚਾਰਜ), ਮਨੀਸ਼ ਸਚਦੇਵਾ (ਇੰਚਾਰਜ) ਅਤੇ ਮਿਸ ਦੇਵਿਕਾ (ਇੰਚਾਰਜ) ਦੇ ਵਿਦਿਆਰਥੀਆਂ ਪ੍ਰਤੀ ਕੀਤੇ ਗਏ ਅਨਥਕ ਯਤਨਾਂ ਦੀ ਸ਼ਲਾਘਾ ਕੀਤੀ। ਵਿਦਿਆਰਥੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।



# ਸ਼ਹੀਦੀ ਦਿਵਸ 'ਤੇ ਹੋਵੇਗਾ ਗੁਰੂ ਗ੍ਰੰਥ ਸਾਹਿਬ ਦਾ ਪਾਠ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**— ਆਰ.ਟੀ.ਆਈ ਅਵੇਅਰਨੈਸ ਫੋਰਮ ਪੰਜਾਬ ਦੇ ਚੇਅਰਮੈਨ ਰਾਜੀਵ ਵਸ਼ਿਸ਼ਠ ਨੇ ਦੱਸਿਆ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਇੱਕ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਮਿੱਠਾ ਟਿਵਾਣਾ, ਹੁਸ਼ਿਆਰਪੁਰ ਵਿਖੇ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਤਹਿਤ 21 ਮਾਰਚ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੀ ਸ਼ੁਰੂਆਤ ਹੋਵੇਗੀ, ਜੋ 23 ਮਾਰਚ ਦੀ ਸਵੇਰ 9 ਵਜੇ ਸੰਪੰਨ ਹੋਵੇਗਾ। 21 ਮਾਰਚ ਦੀ ਸਵੇਰ 8 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਸ਼ੁਰੂਆਤ ਹੋਵੇਗੀ। 23 ਮਾਰਚ ਨੂੰ ਸਵੇਰ 9 ਵਜੇ ਪਾਠ ਦੇ ਭੋਗ ਪੈਣਗੇ, ਜਿਸ ਤੋਂ ਬਾਅਦ 9 ਵਜੇ ਤੋਂ 10 ਵਜੇ ਤੱਕ ਕੀਰਤਨ ਕੀਤਾ ਜਾਵੇਗਾ। 10 ਵਜੇ ਤੋਂ 10:30 ਵਜੇ ਤੱਕ ਮੁੱਖ ਬੁਲਾਰੇ ਸੰਗਤ ਨੂੰ ਸੰਬੋਧਨ ਕਰਨਗੇ। ਇਸ ਤੋਂ ਬਾਅਦ ਗੁਰੂ ਦਾ ਅਟੁੱਟ ਲੰਗਰ ਵਰਤਾਇਆ ਜਾਵੇਗਾ।ਇਸ ਮੌਕੇ 'ਤੇ ਹਾਜ਼ਰ ਮੁੱਖ ਬੁਲਾਰੇ ਵਿਧਾਇਕ ਅੰਮ੍ਰਿਤਸਰ ਕੁੰਵਰ ਵਿਜੈ ਪ੍ਰਤਾਪ ਸਿੰਘ, ਏ.ਡੀ.ਸੀ ਅੰਮ੍ਰਿਤਸਰ ਮੇਜਰ ਅਮਿਤ ਸਰੀਨ ਅਤੇ ਰਿਟਾਇਰਡ ਜ਼ਿਲ੍ਹਾ ਅਟਾਰਨੀ ਅਤੇ ਸੀਨੀਅਰ ਐਡਵੋਕੇਟ ਬੀ. ਐਸ. ਰਿਆੜ ਗੁਰੂ ਚਰਨਾਂ ਵਿਚ ਬੈਠੀ ਸੰਗਤ ਨੂੰ ਸੰਬੋਧਨ ਕਰਨਗੇ ਅਤੇ ਸ਼ਹੀਦਾਂ ਨੂੰ ਯਾਦ ਕਰਨਗੇ।

# ਪੁਲਸ ਮੁਲਾਜ਼ਮ ਵਿਰੁੱਧ ਐੱਸ ਸੀ ਐੱਸ ਟੀ ਐਕਟ ਦੀਆਂ ਧਾਰਾਵਾਂ ਵੀ ਜੋੜੀਆਂ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਅੰਮ੍ਰਿਤਸਰ ਵਿੱਚ ਅਰਧ ਸੈਨਿਕ ਬਲ ਦੇ ਇੱਕ ਜਵਾਨ ਨਾਲ ਪੰਜਾਬ ਪੁਲਸ ਦੇ ਮੁਲਾਜ਼ਮਾਂ ਵੱਲੋਂ ਕੁੱਟ ਮਾਰ ਕਰਨ ਅਤੇ ਜਾਤੀ ਸੂਚਕ ਸਬਦ ਬੋਲਣ ਦੇ ਮਾਮਲੇ ਵਿੱਚ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਦੇ ਦਖਲ ਤੋਂ ਬਾਅਦ ਅੰਮ੍ਰਿਤਸਰ ਪੁਲਸ ਵੱਲੋਂ ਪੰਜਾਬ ਪੁਲਸ ਦੇ ਮੁਲਾਜਮ ਵਿਰੁੱਧ ਕੁੱਟ ਮਾਰ ਦੇ ਮਾਮਲੇ ਵਿੱਚ ਐਸ.ਸੀ. ਐਸ.ਟੀ. ਐਕਟ ਦੀਆਂ ਧਾਰਾਵਾਂ ਪਰਚੇ ਵਿੱਚ ਜੋੜ ਦਿੱਤੀਆਂ ਗਈਆਂ ਹਨ।ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਪਰਮਿੰਦਰ ਕੌਰ ਪਤਨੀ ਭੂਸ਼ਨ ਕੁਮਾਰ ਵਾਸੀ ਮਕਾਨ ਨੰ: 610 ਗਲੀ ਨੰ:4 ਸ਼ਹੀਦ ਉਧਮ ਸਿੰਘ ਨਗਰ ਵੱਲੋਂ ਇੱਕ ਲਿਖਤੀ ਸ਼ਿਕਾਇਤ ਕਮਿਸ਼ਨ ਨੂੰ ਭੇਜੀ ਗਈ ਸੀ। ਜਿਸ ਵਿੱਚ ਉਹਨਾਂ ਦੱਸਿਆ ਸੀ ਕਿ ਮੇਰੇ ਪਤੀ ਭੂਸ਼ਨ ਕੁਮਾਰ ਨਾਲ ਏ.ਐਸ.ਆਈ. ਜਸਵਿੰਦਰ ਸਿੰਘ ਅਤੇ ਹਵਲਦਾਰ ਬਲਜਿੰਦਰ ਸਿੰਘ ਵੱਲੋਂ ਬਿਨਾਂ ਵਜ੍ਹਾ ਕੁੱਟ ਮਾਰ ਕੀਤੀ ਗਈ ਅਤੇ ਜਾਤੀ ਸੂਚਕ ਗਾਲਾਂ ਵੀ ਕੱਢੀਆਂ ਗਈਆਂ ਜਿਸ ਸਬੰਧੀ ਪੁਲਸ ਥਾਣੇ ਵਿੱਚ ਸ਼ਿਕਾਇਤ ਕੀਤੀ ਗਈ ਪਰੰਤੂ ਪੁਲਸ ਵੱਲੋਂ ਭੂਸ਼ਨ ਕੁਮਾਰ ਉੱਤੇ ਹੀ ਕਰਾਸ ਪਰਚਾ ਦਰਜ ਕਰ ਦਿੱਤਾ ਗਿਆ।ਏ.ਐਸ.ਆਈ. ਜਸਵਿੰਦਰ ਸਿੰਘ ਅਤੇ ਹਵਲਦਾਰ ਬਲਜਿੰਦਰ ਸਿੰਘ ਖਿਲਾਫ਼ ਜੋ ਮਾਮਲਾ ਦਰਜ ਕੀਤਾ ਗਿਆ ਉਸ ਵਿੱਚ ਐਸ.ਸੀ. ਐਸ.ਟੀ. ਐਕਟ ਦੀਆਂ ਧਾਰਾਵਾਂ ਨਹੀਂ ਜੋੜੀਆਂ ਗਈਆਂ। ਕਮਿਸ਼ਨ ਵੱਲੋਂ ਅੰਮ੍ਰਿਤਸਰ ਪੁਲਸ ਨੂੰ ਇਸ ਮਾਮਲੇ ਦੀ ਮੁੜ ਜਾਂਚ ਕਰਕੇ ਐਸ.ਸੀ. ਐਸ.ਟੀ. ਐਕਟ ਦੀਆਂ ਧਾਰਾਵਾਂ ਜੋੜਨ ਦਾ ਨਿਰਦੇਸ਼ ਦਿੱਤਾ ਗਿਆ ਸੀ ਜਿਸ ਤੋਂ ਬਾਅਦ ਇਹ ਧਾਰਾਵਾਂ ਜੋੜ ਦਿੱਤੀਆਂ ਗਈਆਂ ਅਤੇ ਕਮਿਸ਼ਨ ਨੂੰ ਭਰੋਸਾ ਦਵਾਇਆ ਕਿ ਭੂਸ਼ਨ ਕੁਮਾਰ 'ਤੇ ਦਰਜ ਪਰਚਾ ਵੀ ਜਲਦ ਹੀ ਰੱਦ ਕਰ ਦਿੱਤਾ ਜਾਵੇਗਾ।

# ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਹਰ ਤਰ੍ਹਾਂ ਦੇ ਯਤਨ ਕਰਾਂਗੇ : ਭੰਗੂ





**ਬਲਾਚੌਰ (ਜਸਵਿੰਦਰ ਬੈਂਸ)** ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਡਵੀਜ਼ਨ ਬਲਾਚੌਰ ਅੰਦਰ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ -ਸਿੱਖਿਆ ਦੇ ਮਿਆਰ ਨੂੰ ਉਚਾ ਚੁੱਕਣ ਲਈ ਵੱਧ ਤੋਂ ਵੱਧ ਯਤਨ ਕੀਤੇ ਜਾਣਗੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਪਿੰਡ ਗੜ੍ਹੀ ਕਾਨੂੰਗੋਆ ਵਿਖੇ ਸੇਂਟ ਜੋਜਫ ਪਬਲਿਕ ਸਕੂਲ ਦਾ ਸ਼ੁੱਭ ਮਹੂਰਤ ਕਰਨ ਵੇਲੇ ਇਲਾਕੇ ਦੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਸਕੂਲ ਦੀ ਚੇਅਰਪਰਸਨ ਹਰਨੂਰਜੀਤ ਕੌਰ ਭੰਗੂ ਨੇ ਕੀਤਾ। ਪ੍ਰਿੰਸੀਪਲ ਵਿਜੇ ਸੋਹਲ ਨੇ ਆਈਆਂ ਸਾਰੀਆਂ ਸ਼ਖਸ਼ੀਅਤਾਂ ਨੂੰ ਜੀ ਆਇਆ ਕਿਹਾ ਉਪਰੰਤ ਸਕੂਲ ਮਨੇਜਮੈਂਟ ਚੇਅਰਪਰਸਨ ਹਰਨੂਰਜੀਤ ਕੌਰ,ਸਕੂਲ ਦੇ ਸਰਪ੍ਰਸਤ ਜਗਮਿੰਦਰ ਸਿੰਘ ਭੰਗੂ, ਡਾਇਰੈਕਟਰ ਨਿਸ਼ਾ ਸ਼ਰਮਾ (ਰਿਵਰ ਵੁਡ ਸਮਾਰਟ ਸਕੂਲ (ਮੋਹਾਲੀ), ਪ੍ਰਿੰਸੀਪਲ ਵਿਜੇ ਸੋਹਲ, ਬਲਰਾਜ ਕੁਮਾਰ ਨੇ ਸਾਂਝੇ ਰੂਪ 'ਚ ਸ਼ਮ੍ਹਾਂ ਰੌਸ਼ਨ ਕੀਤੀ। ਸੋਹਲ ਨੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੇਸ਼ੱਕ ਕੰਪਿਊਟਰੀਕਰਨ ਦੇ ਯੁੱਗ ਅੰਦਰ ਅੱਜ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਚੰਗੇ ਸੰਸਕਾਰ ਦੇਣ ਦੀ ਲੋੜ ਹੈ ਤਾਂ ਜੋ ਬੱਚੇ ਉੱਚ ਵਿਦਿਆ ਹਾਸਲ ਕਰਨ ਦੇ ਨਾਲ - ਨਾਲ ਚੰਗੇ ਇਨਸਾਨ ਵੀ ਬਣ ਸਕਨ। ਇਸ ਮੌਕੇ ਵੱਖ - ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਨਸ਼ਿਆਂ ਖ਼ਿਲਾਫ਼ ਜਾਗਰੂਕ ਕਰਦੇ ਨਾਟਕ, ਕੋਰੀਓਗਰਾਫੀ, ਸਕਿਟਾਂ ਤੋਂ ਇਲਾਵਾ ਪ੍ਰੋਗਰਾਮ ਦੇ ਅੰਤ ਵਿੱਚ ਭੰਗੜਾ ਤੇ ਗਿੱਧਾ ਵੀ ਪੇਸ਼ ਕੀਤਾ। ਇਸ ਮੌਕੇ ਨੰਬਰਦਾਰ ਸੰਦੀਪ ਸਿੰਘ, ਮੋਹਨ ਸਿੰਘ ਅਟਵਾਲ ਸੇਵਾ ਮੁਕਤ ਪ੍ਰਿੰਸੀਪਲ, ਅਮਨਦੀਪ ਕੌਰ, ਸਰਪੰਚ ਬਲਵੀਰ ਲਾਲ, ਨੰਬਰਦਾਰ ਜਸਵੀਰ ਕੁਮਾਰ, ਟਰਾਂਸਪੋਟਰ ਇੰਚਾਰਜ ਗੁਰਨੂਰ ਸਿੰਘ ਭੰਗੂ, ਅਮਿਤ ਸ਼ਰਮਾ ਮੋਹਾਲੀ,ਨਿਸ਼ਾ ਸ਼ਰਮਾਂ ਤੋਂ ਇਲਾਵਾ ਇਲਾਕੇ ਦੇ ਪੰਚ-ਸਰਪੰਚ ਨੰਬਰਦਾਰ ਅਤੇ ਵਿਦਿਆਰਥੀਆਂ ਦੇ ਮਾਪੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਸਰਕਾਰ ਦੀ ਨਸ਼ਿਆਂ ਖਿਲਾਫ਼ ਜੰਗ ਸ਼ਲਾਘਾਯੋਗ ਕਦਮ : ਜਸਪ੍ਰੀਤ

**ਕਾਲਾ ਸੰਘਿਆਂ (ਮਨਜੀਤ ਮਾਨ)**— ਸਰਕਾਰ ਦੀ ਨਸ਼ਿਆਂ ਖਿਲਾਫ ਛੇੜੀ ਜੰਗ 'ਯੁੱਧ ਨਸ਼ਿਆਂ ਵਿਰੁੱਧ' ਬਹੁਤ ਹੀ ਸਲਾਹੁਣ ਯੋਗ ਕਦਮ ਹੈ ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਪਾਵਰ ਲਿਫਟਿੰਗ ਐਸੋਸੀਏਸ਼ਨ ਦੇ ਜਨਰਲ ਸਕੱਤਰ ਜਸਪ੍ਰੀਤ ਸਿੰਘ ਗੁਰਾਇਆ ਨੇ ਕੀਤਾ। ਗੁਰਾਇਆ ਨੇ ਆਖਿਆ ਕਿ ਪੰਜਾਬ ਸਰਕਾਰ ਤੇ ਪੰਜਾਬ ਪੁਲਸ ਵੱਲੋਂ ਛੇੜੀ ਇਸ ਮੁਹਿੰਮ ਨਾਲ ਅਨੇਕਾਂ ਨੌਜਵਾਨ ਨਸ਼ੇ -ਰੂਪੀ ਇਸ ਦੈਂਤ ਤੋਂ ਬਚਣਗੇ। ਉਨ੍ਹਾਂ ਕਿਹਾ ਕਿ ਹਰੇਕ ਵਰਗ ਦੇ ਲੋਕਾਂ ਨੂੰ ਇਕਜੁੱਟ ਹੋ ਕੇ ਇਸਦਾ ਮੁਕਾਬਲਾ ਕਰਨਾ ਹੋਵੇਗਾ ਤਾਂ ਹੀ ਨਸ਼ੇ ਰੂਪੀ ਦੈਂਤ ਤੋਂ ਬੱਚਿਆਂ, ਪਿੰਡ ਤੇ ਪੰਜਾਬ ਨੂੰ ਬਚਾਅ ਸਕਾਂਗੇ। ਉਹਨਾ ਨੌਜਵਾਨਾ ਨੂੰ ਅਪੀਲ ਕੀਤੀ ਕਿ ਉਹ ਪੜ੍ਹਾਈ ਦੇ ਨਾਲ -ਨਾਲ ਕਿਸੇ ਵੀ ਖੇਡ ਵਿੱਚ ਦਿਲਚਸਪੀ ਲੈਣ ਤੇ ਗਰਾਂਊਡ ਨਾਲ ਜੁੜ ਮਿਹਨਤ ਕਰਨ, ਤਾਂ ਹੀ ਅਸੀਂ ਪੰਜਾਬ ਨੂੰ ਰੰਗਲਾ ਪੰਜਾਬ ਬਣਾ ਸਕਾਂਗੇ । ਉਨਾ ਨਵੇਂ ਬਣੇ ਸਰਪੰਚਾਂ ਨੂੰ ਵੀ ਅਪੀਲ ਕੀਤੀ ਕਿ ਉਹ ਨਸ਼ਿਆਂ ਖਿਲਾਫ ਮਤੇ ਪਾਸ ਕਰਕੇ ਪਿੰਡ ਵਿੱਚ ਨਸ਼ੇ ਵੇਚਣ ਵਾਲਿਆਂ ਦਾ ਮੁਕੰਮਲ ਤੌਰ 'ਤੇ ਬਾਈਕਾਟ ਕਰਨ ਤੇ ਜੋ ਨੌਜਵਾਨ ਇਸ ਦਲਦਲ 'ਚੋਂ ਨਿਕਲਣਾ ਚਾਹੁੰਦੇ ਹਨ, ਉਹਨਾਂ ਦੀ ਮਦਦ ਕਰਕੇ ਸਾਥ ਦਿੱਤਾ ਜਾਵੇ।



# ਕੀਰਤਨ ਕਰਨ ਵਾਲੇ ਬੱਚਿਆਂ ਨੂੰ ਕੀਤਾ ਸਨਮਾਨਤ

**ਅੱਡਾ ਸਰਾਂ (ਜਸਵੀਰ ਕਾਜਲ)**- ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਪਿੰਡ ਕੰਧਾਲਾ ਜੱਟਾਂ ਵਿਖੇ ਪਿਛਲੇ ਇਕ ਸਾਲ ਤੋਂ ਰੋਜਾਨਾ ਸੰਧਿਆ ਵੇਲੇ ਕੀਰਤਨ ਕਰਨ ਵਾਲੇ ਬੱਚਿਆਂ ਨੂੰ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਰਵਿਦਾਸ ਸਭਾ ਰਜਿਸਟਰਡ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਸਨਮਾਨਿਤ ਹੋਣ ਵਾਲੇ ਬੱਚੇ ਪ੍ਰਭਜੋਤ ਕੌਰ, ਬਲਜੋਤ ਕੌਰ, ਬਲਜੀਤ ਕੌਰ , ਪ੍ਰਭਜੋਤ, ਨਵਜੋਤ, ਕੌਰ ,ਗੁਰਜੋਤ ਕੌਰ ਹਨ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕੈਪਟਨ ਹਰੀ ਓਮ ਸਿੰਘ, ਉਪ ਪ੍ਰਧਾਨ ਸੂਬੇਦਾਰ ਬਖਸ਼ੀਸ਼ ਸਿੰਘ, ਖਜਾਨਚੀ ਧਰਮ ਸਿੰਘ ,ਸਾਬਕਾ ਸਰਪੰਚ ਜੋਗਿੰਦਰ ਸਿੰਘ ਹੀਰ, ਸੈਕਟਰੀ ਅਮਰੀਕ ਸਿੰਘ ਮੀਕਾ, ਸੁੱਚਾ ਸਿੰਘ, ਉਪ ਖਜਾਨਚੀ ਮਨਦੀਪ ਸਿੰਘ, ਜਸਵੀਰ ਸਿੰਘ ਲੱਕੀ, ਪਵਿੱਤਰ ਸਿੰਘ ਅਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।



# ਚੀਮਾ ਨੇ ਸੰਭਾਲਿਆ ਨਗਰ ਸੁਧਾਰ ਟਰੱਸਟ ਕਪੂਰਥਲਾ ਦੇ ਚੇਅਰਮੈਨ ਦਾ ਅਹੁਦਾ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)** ਕਪੂਰਥਲਾ ਨਗਰ ਸੁਧਾਰ ਟਰੱਸਟ ਦੇ ਨਵ ਨਿਯੁਕਤ ਚੇਅਰਮੈਨ ਅਰਜਨ ਐਵਾਰਡੀ ਸ. ਸੱਜਣ ਸਿੰਘ ਚੀਮਾ ਨੇ ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਦੀ ਹਾਜ਼ਰੀ ਵਿਚ ਬਤੌਰ ਚੇਅਰਮੈਨ ਅਹੁਦਾ ਸੰਭਾਲ ਲਿਆ।ਇਸ ਮੌਕੇ ਕੈਬਨਿਟ ਮੰਤਰੀ ਡਾ.ਰਵਜੋਤ ਸਿੰਘ ਨੇ ਸ. ਚੀਮਾ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਵੱਡੇ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਚੀਮਾ ਪਾਰਟੀ ਦੇ ਵਫ਼ਾਦਾਰ ਸਿਪਾਹੀ ਹਨ, ਜਿਨ੍ਹਾਂ ਨੂੰ ਪਾਰਟੀ ਵੱਲੋਂ ਵੱਡੀ ਜ਼ਿੰਮੇਵਾਰੀ ਦਿੱਤੀ ਗਈ ਹੈ । ਉਨ੍ਹਾਂ ਆਸ ਪ੍ਰਗਟਾਈ ਕਿ ਸ. ਚੀਮਾ ਪੂਰੀ ਤਨਦੇਹੀ ਨਾਲ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਵਜੋਂ ਸੇਵਾ ਨਿਭਾਉਣਗੇ। ਆਪਣੀ ਨਿਯੁਕਤੀ ਲਈ ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਸ੍ਰੀ ਅਮਨ ਅਰੋੜਾ ਦਾ ਧੰਨਵਾਦ ਕਰਦਿਆਂ ਸ. ਚੀਮਾ ਨੇ ਕਿਹਾ ਕਿ ਸ਼ਹਿਰ ਵਿਚ ਲੋਕਾਂ ਨੂੰ ਵਾਜਬ ਦਰਾਂ 'ਤੇ ਰਿਹਾਇਸ਼ ਮੁਹੱਈਆ ਕਰਵਾਉਣ ਲਈ ਨਗਰ ਸੁਧਾਰ ਟਰੱਸਟ ਵਲੋਂ ਵਿਆਪਕ ਯੋਜਨਾਬੰਦੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਲਦ ਹੀ ਸਾਰੇ ਸ਼ਹਿਰ ਦਾ ਵਿਸ਼ੇਸ਼ ਸਰਵੇ ਕਰਵਾ ਕੇ ਰਿਹਾਇਸ਼ੀ ਤੇ ਵਪਾਰਕ ਖੇਤਰਾਂ ਲਈ ਮੌਜੂਦ ਸੰਭਾਵਨਾਵਾਂ ਦੀ ਤਲਾਸ਼ ਕਰਕੇ ਉਨ੍ਹਾਂ ਥਾਵਾਂ ਨੂੰ ਵਿਕਸਤ ਕੀਤਾ ਜਾਵੇਗਾ ਤਾਂ ਜੋ ਸ਼ਹਿਰ ਦੇ ਸਰਬਪੱਖੀ ਵਿਕਾਸ ਨੂੰ ਹੁਲਾਰਾ ਦਿੱਤਾ ਜਾ ਸਕੇ। ਦੱਸਣਯੋਗ ਹੈ ਕਿ ਸ.ਚੀਮਾ ਬਾਸਕਿਟਬਾਲ ਦੇ ਅੰਤਰਰਾਸ਼ਟਰੀ ਖਿਡਾਰੀ ਰਹੇ ਹਨ ਤੇ ਉਨ੍ਹਾਂ ਨੂੰ ਭਾਰਤ ਸਰਕਾਰ ਵਲੋਂ ਖੇਡਾਂ ਦੇ ਖੇਤਰ ਵਿਚ ਪਾਏ ਯੋਗਦਾਨ ਬਦਲੇ ਅਰਜਨ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਰਮਿੰਦਰ ਸਿੰਘ ਬਖਸ਼ੀ ਵਾਈਸ ਚੇਅਰਮੈਨ ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ ਲਿਮਟਡ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਪਰਸਨ ਲਲਿਤ ਸਕਲਾਨੀ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਵਰਿੰਦਰਪਾਲ ਸਿੰਘ ਬਾਜਵਾ, ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੌਜੀ ਦੇ ਮੈਂਬਰ ਕੰਵਰ ਇਕਬਾਲ ਸਿੰਘ, ਸੂਬਾ ਜੁਆਇੰਟ ਸਕੱਤਰ ਗੁਰਪਾਲ ਸਿੰਘ ਇੰਡੀਅਨ , ਆਮ ਆਦਮੀ ਪਾਰਟੀ ਦੇ ਆਗੂ ਮੰਜੂ ਰਾਣਾ , ਜੁਆਇੰਟ ਸਕੱਤਰ ਪਰਵਿੰਦਰ ਸਿੰਘ ਢੋਟ , ਭੁਪਿੰਦਰ ਸਿੰਘ ਪੂਨੀਆ ਕੋਚ , ਸਤੀਸ਼ ਕੁਮਾਰ ਸੇਵਾ ਮੁਕਤ ਡਿਪਟੀ ਡਾਇਰੈਕਟਰ ਤੇ ਆਮ ਆਦਮੀ ਪਾਰਟੀ ਦੇ ਆਗੂ ਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ ।



# ਹਿਮਾਚਲ ਵਾਲੇ ਸਿੱਖਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨਾ ਸਿੱਖਣ : ਦਲ ਖਾਲਸਾ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)** — ਪਿਛਲੇ ਦਿਨੀ ਹਿਮਾਚਲ ਪ੍ਰਦੇਸ਼ ਵਿੱਚ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਅਤੇ ਸਿੱਖਾਂ ਦੇ ਧਾਰਮਿਕ ਨਿਸ਼ਾਨ ਸਾਹਿਬ ਨੂੰ ਜਬਰਦਸਤੀ ਮੋਟਰਸਾਈਕਲਾਂ ਤੋਂ ਉਤਰਵਾਉਣ ਕਾਰਨ ਦੋਨਾ ਰਾਜਾਂ ਵਿੱਚ ਹਾਲਤ ਤਣਾਅਪੂਰਨ ਬਣਦੇ ਜਾ ਰਹੇ ਹਨ। ਦਲ ਖ਼ਾਲਸਾ ਵੱਲੋਂ ਹਿਮਾਚਲ ਦੀਆਂ ਬਸਾਂ ਉੱਤੇ ਸੰਤ ਜਰਨੈਲ ਸਿੰਘ ਦੀ ਤਸਵੀਰ ਲਗਾਉਣ ਤੋਂ ਬਾਅਦ ਇਹ ਮੁੱਦਾ ਹਿਮਾਚਲ ਦੀ ਵਿਧਾਨ ਸਭਾ ਵਿੱਚ ਵੀ ਉਠਇਆ ਗਿਆ ਸੀ, ਜਿਸ ਤੋਂ ਬਾਅਦ ਹਿਮਾਚਲ ਵੱਲੋਂ 10 ਬੱਸਾਂ ਦਾ ਪਰਮਿਟ ਵੀ ਸਸਪੈਂਡ ਕੀਤਾ ਗਿਆ ਹੈ।ਪੰਜਾਬ-ਹਿਮਾਚਲ ਸਰਹੱਦ ਉੱਤੇ ਹਿਮਾਚਲ ਦੇ ਸਾਧਨਾਂ ਉੱਤੇ ਸੰਤਾਂ ਦੀ ਤਸਵੀਰ ਲਗਾਉਣ ਦੀ ਜ਼ਿੰਮਵਾਰੀ ਜਥੇਬੰਦੀ ਦੇ ਕਾਰਜਕਾਰੀ ਪ੍ਰਧਾਨ ਪਰਮਜੀਤ ਸਿੰਘ ਮੰਡ ਨੇ ਮੀਡੀਆ ਸਾਹਮਣੇ ਵੀ ਲਈ ਅਤੇ ਇਸ ਗੱਲ ਦਾ ਐਲਾਨ ਕੀਤਾ ਕਿ ਜੇਕਰ ਭਵਿੱਖ ਇਸ ਸਾਰੇ ਮਸਲੇ ਲਈ ਜ਼ਿੰਮੇਵਾਰ ਅਮਨ ਸੂਦ ਉੱਤੇ ਕਾਰਵਾਈ ਨਾ ਕੀਤੀ ਗਈ ਅਤੇ ਸਿੱਖ ਨੌਜਵਾਨਾਂ ਉੱਤੇ ਦਰਜ ਕੀਤੇ ਪਰਚੇ ਰੱਦ ਨਾ ਕੀਤੇ ਗਏ ਤਾਂ ਅਗਲਾ ਪ੍ਰੋਗਰਾਮ ਹੋਰ ਤਿੱਖਾ ਹੋਵੇਗਾ।ਇੰਝ ਮਹਿਸੂਸ ਹੁੰਦਾ ਹੈ ਜਿਵੇਂ ਪਹਾੜੀ ਰਾਜਿਆਂ ਦੇ ਵਾਰਸਾਂ ਅੰਦਰ ਸਿੱਖੀ ਪ੍ਰਤੀ ਨਫ਼ਰਤ ਅੱਜ ਵੀ ਬਰਕਰਾਰ ਹੈ।ਗੱਲਬਾਤ ਦੌਰਾਨ ਉਨ੍ਹਾਂ ਪੰਜਾਬ ਅੰਦਰ ਹਿਮਾਚਲ ਵਾਲਿਆਂ ਦੀ ਵਧਦੀ ਗਿਣਤੀ ਬਾਰੇ ਵੀ ਚਿੰਤਾ ਪ੍ਰਗਟ ਕੀਤੀ।ਉਨ੍ਹਾਂ ਕਿਹਾ ਕਿ ਬਹੁਤ ਸਾਰੀਆਂ ਕੁਰਬਾਨੀਆਂ ਤੋਂ ਬਾਅਦ ਸਿੱਖ ਪੰਜਾਬ ਅੰਦਰ ਬਹੁਗਿਣਤੀ ਹੋਏ ਸਨ ਪਰ ਅੱਜ ਪਰਵਾਸੀਆਂ ਦੀ ਆਮਦ ਕਰਨ ਅਸੀਂ ਘੱਟ ਗਿਣਤੀ ਹੁੰਦੇ ਜਾ ਰਹੇ ਹਾਂ।ਉਨ੍ਹਾਂ ਕਿਹਾ ਕਿ ਜੇਕਰ ਹਿਮਾਚਲ ਨੂੰ ਸੰਤਾਂ ਦੀ ਤਸਵੀਰ ਵਾਲਾ ਝੰਡਾ ਚੁੱਭਦਾ ਹੈ ਤਾਂ ਸਾਨੂੰ ਵੀ ਬਹੁਤ ਸਾਰੇ ਚਿੰਨ੍ਹਾਂ ਤੋਂ ਇਤਰਾਜ਼ ਹੈ ਪਰ ਅਸੀਂ ਕਦੇ ਕਿਸੇ ਦਾ ਨਿਰਾਦਰ ਨਹੀਂ ਕੀਤਾ।ਇਸਦਾ ਹੱਲ ਪੁੱਛਣ ਉੱਤੇ ਭਾਈ ਮੰਡ ਨੇ ਕਿਹਾ ਕਿ ਹਮੇ ਹਮਾਰਾ ਖੂਬ, ਤੁਮਹੇ ਤੁਮਹਾਰਾ ਖੂਬ ।ਉਨ੍ਹਾਂ ਕਿਹਾ ਕਿ ਕੋਈ ਵੀ ਆਪਣਾ ਚਿੰਨ੍ਹ ਅਤੇ ਸੋਚ ਕਿਸੇ ਉੱਤੇ ਨਾ ਥੋਪੇ ਪਰ ਆਪਣੀ-ਆਪਣੀ ਜਗ੍ਹਾ ਆਪਣੇ ਆਪਣੇ ਚਿੰਨ੍ਹਾਂ ਦਾ ਸਤਿਕਾਰ ਕਾਇਮ ਰੱਖੇ।ਇਸ ਮੌਕੇ ਉਹਨਾਂ ਨਾਲ ਜਸਵੀਰ ਸਿੰਘ ਸੀਕਰੀ, ਤਜਿੰਦਰ ਸਿੰਘ, ਅਮਰਜੀਤ ਸਿੰਘ ਨਿੱਜਰ, ਜਸਵਿੰਦਰ ਸਿੰਘ, ਵਿਜੇਪਾਲ ਸਿੰਘ ਆਦਿ ਹਾਜ਼ਰ ਸਨ।



# ਗਰਮੀ ਤੋਂ ਬਚਣ ਲਈ ਡਾ. ਹਰਪ੍ਰੀਤ ਨੇ ਦਿੱਤੇ ਸੁਝਾਅ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )** ਰਾਓ ਮੋਹਣ ਮੈਮੋਰੀਅਲ ਹਸਪਤਾਲ ਮਾਲਿਕ ਗੜ੍ਹਸ਼ੰਕਰ ਦੇ ਡਾਕਟਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਗਰਮੀਆਂ ਦੇ ਮੌਸਮ 'ਚ ਚਮੜੀ ਦਾ ਖਾਸ ਧਿਆਨ ਰੱਖਣ ਦੀ ਲੋੜ ਹੁੰਦੀ ਹੈ।ਬਦਲਦੇ ਮੌਸਮ ਦੇ ਇਸ ਸਮੇਂ ਦੌਰਾਨ ਕੁਝ ਲੋਕਾਂ ਨੂੰ ਧੁੱਪ ਵਿਚ ਚਮੜੀ ਦੇ ਰੋਗ ਹੋਣ ਦੀ ਸੰਭਾਵਨਾ ਵੱਧ ਜਾਂਦੀ ਹੈ। ਇਸ ਲਈ ਅਜਿਹੇ ਲੋਕਾਂ ਨੂੰ ਜ਼ਿਆਦਾ ਦੇਰ ਧੁੱਪ 'ਚ ਨਹੀਂ ਰਹਿਣਾ ਚਾਹੀਦਾ।ਜਿਨ੍ਹਾਂ ਲੋਕਾਂ ਨੂੰ ਸੂਰਜ ਤੋਂ ਐਲਰਜੀ ਦੀ ਸਮੱਸਿਆ ਹੈ, ਉਨ੍ਹਾਂ ਨੂੰ ਡਾਕਟਰ ਦੀ ਸਲਾਹ ਤੋਂ ਬਿਨਾਂ ਕੋਈ ਵੀ ਦਵਾਈ ਨਹੀਂ ਲੈਣੀ ਚਾਹੀਦੀ।ਅਜਿਹਾ ਕਰਨ ਨਾਲ ਉਨ੍ਹਾਂ ਦੀ ਬੀਮਾਰੀ ਵਧ ਸਕਦੀ ਹੈ। ਬੱਚਿਆਂ ਦੀ ਚਮੜੀ ਨਰਮ ਹੁੰਦੀ ਹੈ।ਇਸ ਲਈ ਇਸ ਮੌਸਮ 'ਚ ਚਮੜੀ ਦੀ ਜ਼ਿਆਦਾ ਦੇਖਭਾਲ ਕਰਨ ਦੀ ਜ਼ਰੂਰਤ ਹੁੰਦੀ ਹੈ।ਡਾਕਟਰ ਹਰਪ੍ਰੀਤ ਨੇ ਕਿਹਾ ਕਿ ਬੱਚਿਆਂ ਦੀ ਚਮੜੀ ਨਾਜ਼ੁਕ ਹੋਣ ਕਾਰਨ ਸਾਨੂੰ ਉਨ੍ਹਾਂ ਦਾ ਖਾਸ ਖਿਆਲ ਰੱਖਣਾ ਚਾਹੀਦਾ ਹੈ। ਬੱਚਿਆਂ ਦੇ ਕੱਪੜੇ ਵੱਖਰੇ ਤੌਰ 'ਤੇ ਧੋਣੇ ਚਾਹੀਦੇ ਹਨ। ਇਸ ਦੇ ਨਾਲ ਹੀ ਉਨ੍ਹਾਂ ਦਾ ਤੌਲੀਆ ਵੀ ਵੱਖਰਾ ਰੱਖੋ।ਉਨ੍ਹਾ ਕਿਹਾ ਕਿ ਵਿਟਾਮਿਨ ਸੀ ਸਾਡੇ ਸਰੀਰ ਨੂੰ ਗਰਮੀ ਨੂੰ ਬਰਦਾਸ਼ਤ ਕਰਨ ਦੀ ਸ਼ਕਤੀ ਦਿੰਦਾ ਹੈ। ਇਨ੍ਹਾਂ ਤਰੀਕਿਆਂ ਨੂੰ ਅਪਣਾ ਕੇ ਅਸੀਂ ਮੌਸਮ ਕਾਰਨ ਹੋਣ ਵਾਲੀ ਖੁਜਲੀ ਤੋਂ ਵੀ ਬਚ ਸਕਦੇ ਹਾਂ। ਡਾਕਟਰ ਹਰਪ੍ਰੀਤ ਕੋਰ ਨੇ ਕਿਹਾ ਗਰਮੀਆਂ ਦੇ ਮੌਸਮ 'ਚ ਲੋਕਾਂ ਨੂੰ ਆਪਣੀ ਸਿਹਤ ਦਾ ਧਿਆਨ ਰੱਖਦਿਆਂ ਤਰਲ ਪਦਾਰਥਾਂ ਦਾ ਸੇਵਨ ਕਰਨ ਦੀ ਵੱਧ ਲੋੜ ਹੁੰਦੀ ਹੈ। ਡਾਕਟਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਗਰਮੀਆਂ ਵਿੱਚ ਤਰਬੂਜ਼ ਇੱਕ ਮਿੱਠਾ ਅਤੇ ਰਸੀਲਾ ਫਲ ਹੈ ਜਿਸ ਵਿੱਚ ਖਣਿਜ ਅਤੇ ਵਿਟਾਮਿਨਾਂ ਦੇ ਨਾਲ-ਨਾਲ ਭਰਪੂਰ ਮਾਤਰਾ ਵਿੱਚ ਪਾਣੀ ਵੀ ਹੁੰਦਾ ਹੈ, ਇਸ ਲਈ ਇਸ ਨੂੰ ਵੱਧ ਤੋਂ ਵੱਧ ਖਾਣਾ ਚਾਹੀਦਾ ਹੈ। ਇਸੇ ਤਰ੍ਹਾਂ ਤਰਬੂਜ ਅਤੇ ਨਿੰਬੂ ਪਾਣੀ ਦੀ ਵੀ ਜ਼ਿਆਦਾ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਗਰਮੀਆਂ ਵਿੱਚ ਰੋਜ਼ਾਨਾ ਨਿੰਬੂ ਪਾਣੀ ਪੀਣਾ ਚਾਹੀਦਾ ਹੈ।ਇਸ ਦੇ ਬਹੁਤ ਸਾਰੇ ਫਾਇਦੇ ਹਨ।



## ‘ਬੇਸਕਿਸ ਆਫ ਪਲਾਂਟ ਟਿਸ਼ੂ ਕਲਚਰ’ ਵਿਸ਼ੇ ’ਤੇ ਵਰਕਸ਼ਾਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੇਵ ਸਮਾਜ ਕਾਲਜ ਫਾਰ ਵੂਮੈਨ, ਫ਼ਿਰੋਜ਼ਪੁਰ ਦੇ ਪੋਸਟ ਗ੍ਰੇਜੂਏਟ ਬਨਸਪਤੀ ਵਿਭਾਗ ਵੱਲੋਂ “ਬੇਸਕਿਸ ਆਫ ਪਲਾਂਟ ਟਿਸ਼ੂ ਕਲਚਰ” ਵਿਸ਼ੇ ’ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਵਰਕਸ਼ਾਪ ਟਿਸ਼ੂ ਸੱਭਿਆਚਾਰ ਵਿੱਚ ਮੂਲ ਵਿਧੀਆਂ ’ਤੇ ਕੇਂਦ੍ਰਿਤ ਸੀ।ਵੱਖ-ਵੱਖ ਮੀਡੀਆ ਤਿਆਰੀ ਵਿਧੀਆਂ, ਮੀਡੀਆ ਰਚਨਾਵਾਂ, ਟਿਸ਼ੂ ਕਲਚਰ ਵਿਧੀਆਂ ’ਤੇ ਚਰਚਾ ਕੀਤੀ ਗਈ।ਭਾਗੀਦਾਰਾਂ ਨੇ ਵਜ਼ਨ ਸੰਤੁਲਨ, ਲੈਮੀਨਰ ਹਵਾ ਪ੍ਰਵਾਹ ਅਤੇ ਇਨਕਿਊਬੇਟਰ ਦੀ ਵਰਤੋਂ ਕਰਨ ਦਾ ਹੁਨਰ ਹਾਸਲ ਕੀਤਾ।ਬੀ ਐਸ ਸੀ ਮੈਡੀਕਲ ਦੇ ਵਿਦਿਆਰਥੀਆਂ ਨੇ ਵਰਕਸ਼ਾਪ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਸਟਾਕ, ਵਰਕਿੰਗ ਮੀਡੀਅਮ ਤਿਆਰ ਕੀਤੇ।ਪੌਦਿਆਂ ਦੇ ਟਿਸ਼ੂ ਕਲਚਰ ਦੀਆਂ ਮੂਲ ਗੱਲਾਂ ’ਤੇ ਵਰਕਸ਼ਾਪ ਦਾ ਮੁੱਖ ਉਦੇਸ਼ ਭਾਗੀਦਾਰਾਂ ਨੂੰ ਇੱਕ ਨਿਯੰਤਰਿਤ, ਨਿਰਜੀਵ ਵਾਤਾਵਰਣ ਵਿੱਚ ਪੌਦਿਆਂ ਦੇ ਸੈੱਲਾਂ, ਟਿਸ਼ੂਆਂ ਅਤੇ ਅੰਗਾਂ ਦੀ ਕਾਸ਼ਤ ਵਿੱਚ ਸ਼ਾਮਲ ਤਕਨੀਕਾਂ ਅਤੇ ਸਿਧਾਂਤਾਂ ਦੀ ਬੁਨਿਆਦੀ ਸਮਝ ਪ੍ਰਦਾਨ ਕਰਨਾ ਹੈ।ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਪ੍ਰੋਗਰਾਮ ਦੇ ਸਫਲ ਆਯੋਜਨ ’ਤੇ ਪ੍ਰੋਗਰਾਮ ਕੋਆਰਡੀਨੇਟਰ ਡਾ. ਮਨੀਸ਼ ਕੁਮਾਰ ਅਤੇ ਡਾ. ਮਨਿੰਦਰ ਕੌਰ ਅਤੇ ਕੋ-ਕੋਆਰਡਨੇਟਰ ਡਾ. ਗੀਤਾਂਜਲੀ,ਅਪਰਾਜਿਤਾ, ਸਹਾਇਕ ਪ੍ਰੋਫੈਸਰ, ਬੋਟਨੀ ਵਿਭਾਗ ਨੂੰ ਵਧਾਈ ਦਿੱਤੀ।ਕਾਲਜ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਨੇ ਆਪਣੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ।

## ਨਵਨਿਯੁਕਤ ਡੀ.ਸੀ ਨੂੰ ਮਿਲਿਆ ਸੀਨੀਅਰ ਸਿਟੀਜ਼ਨ ਕੌਂਸਲ ਦਾ ਵਫ਼ਦ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੀਨੀਅਰ ਸਿਟੀਜਨ ਕੌਂਸਲ ਸੇਵਾਮੁਕਤ ਕਰਮਚਾਰੀ ਦਾ ਵਫਦ ਫੈਡਰੇਸ਼ਨ ਪੰਜਾਬ ਦੇ ਸੀਨੀਅਰ ਉਪ ਪ੍ਰਧਾਨ ਤੇ ਕੌਂਸਲ ਪ੍ਰਧਾਨ ਸਰਦਾਰੀ ਲਾਲ ਕਾਮਰਾ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਮੋਗਾ ਦੇ ਨਵ ਨਿਯੁਕਤ ਡਿਪਟੀ ਕਮਿਸ਼ਨਰ ਸਾਗਰ ਸੇਤਿਆ ਆਈ. ਏ.ਐਸ.ਨੂੰ ਜੀ ਆਇਆਂ ਨੂੰ ਕਹਿਣ ਲਈ ਮਿਲਿਆ।ਕੌਂਸਲ ਵਲੋਂ ਉਨ੍ਹਾਂ ਨੂੰ ਤੇ ਚਾਰੂਮਿਤਾ ਪੀ.ਸੀ.ਐਸ.ਅਡੀਸ਼ਨਲ ਡਿਪਟੀ ਕਮਿਸ਼ਨਰ (ਜ) ਨੂੰ ਫੁੱਲਾਂ ਦਾ ਗੁਲਦਸਤਾ ਅਤੇ ਕੌਂਸਲ ਦੀ ਡਾਇਰੈਕਟਰੀ ਭੇਂਟ ਕੀਤੀ ਗਈ।ਉਪਰੰਤ ਕਾਮਰਾ ਨੇ ਜਾਣਕਾਰੀ ਦਿੱਤੀ ਕਿ ਪ੍ਰਬੰਧਕੀ ਕੰਪਲੈਕਸ ਦੇ ਜੇਹਲਮ ਬਲਾਕ ਵਿਖੇ ਦਫ਼ਤਰ ਦਾ 17 ਸਾਲ ਦਾ ਸ਼ਾਨਾਮੱਤੀ ਇਤਿਹਾਸ ਹੈ ਅਤੇ ਇਹ ਵੀ ਦੱਸਿਆ ਕਿ ਕੌਂਸਲ ਗੈਰ ਰਾਜਨੀਤਕ, ਗੈਰ ਧਾਰਮਿਕ ਤੇ ਪ੍ਰਸ਼ਾਸਨਿਕ ਪੱਖੀ ਹੈ।ਕੌਂਸਲ ਦੁਆਰਾ ਪਿਛਲੇ ਸਮੇਂ ਦਰਮਿਆਨ ਕੀਤੇ ਗਏ ਕੰਮਾਂ ਜਿਵੇਂ ਬਜ਼ੁਰਗ ਭਲਾਈ ਐਕਟ 2007 ਨੂੰ ਸਖਤੀ ਨਾਲ ਲਾਗੂ ਕਰਾਉਣਾ, ਹਰ ਸਰਕਾਰੀ ਦਫ਼ਤਰ ਵਿਖੇ ਬਜ਼ੁਰਗਾਂ ਲਈ ਅਲੱਗ ਕਾਊਂਟਰ ਖੁਲ੍ਹਵਾਉਣਾ, ਪਲਾਨਟੇਸ਼ਨ, ਨਸ਼ਾ ਵਿਰੋਧੀ ਦਿਨ ਮਨਾਉਣਾ, ਅੰਤਰਰਾਸ਼ਟਰੀ ਬਜ਼ੁਰਗ ਦਿਵਸ ਤੇ ਹੈਲਪੇਜ ਇੰਡੀਆ ਵਲੋਂ ਬਜ਼ੁਰਗਾਂ ਸਬੰਧੀ ਸਕੀਮਾਂ ਬਾਰੇ ਜਾਗਰੂਕਤਾ ਸੈਮੀਨਾਰ ਲਾਉਣ ਬਾਰੇ ਵੀ ਚਾਨਣਾ ਪਾਇਆ ਗਿਆ।ਸੇਤਿਆ ਕੌਂਸਲ ਦੇ ਕੀਤੇ ਕਾਰਜ ਸੁਣ ਕੇ ਬਹੁਤ ਪ੍ਰਭਾਵਤ ਹੋਏ ਤੇ ਮੈਂਬਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਬਜ਼ੁਰਗਾਂ ਦੇ ਹਰ ਮਸਲਿਆਂ ਨੂੰ ਪਹਿਲ ਦੇ ਆਧਾਰ ’ਤੇ ਹੱਲ ਕੀਤਾ ਜਾਵੇਗਾ।

## ਸੀਸੀਟੀਵੀ ਕੈਮਰਿਆਂ ਦੀ ਨਿਗਰਾਨੀ ਹੇਠ ਹੋਵੇਗੀ ਨੀਟ ਦੀ ਪ੍ਰੀਖਿਆ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਨੈਸ਼ਨਲ ਟੈਸਟਿੰਗ ਏਜੰਸੀ (ਐਨਟੀਏ) ਵੱਲੋਂ ਕਰਾਈ ਜਾਣ ਵਾਲੀ ਨੀਟ ਦੀ ਪ੍ਰੀਖਿਆ ਸੀਸੀਟੀਵੀ ਕੈਮਰਿਆਂ ਦੀ ਨਿਗਰਾਨੀ ਹੇਠ ਹੋਵੇਗੀ।ਵਧੀਕ ਡਿਪਟੀ ਕਮਿਸ਼ਨਰ (ਜਨਰਲ) ਗੁਰਪ੍ਰੀਤ ਸਿੰਘ ਥਿੰਦ ਨੇ ਜ਼ਿਲ੍ਹਾ ਪੱਧਰੀ ਕਮੇਟੀ ਦੀ ਬੈਠਕ ਦੀ ਪ੍ਰਧਾਨਗੀ ਕਰਦਿਆਂ ਜਾਣਕਾਰੀ ਦਿੱਤੀ।ਇਸ ਮੌਕੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਪਾਰਦਰਸ਼ੀ ਤੇ ਸ਼ਾਂਤਮਈ ਪ੍ਰੀਖਿਆ ਲਈ ਸਾਰੇ ਪ੍ਰਬੰਧ ਅਗੇਤੇ ਤੌਰ ’ਤੇ ਮੁਕੰਮਲ ਕੀਤੇ ਜਾਣ।ਪ੍ਰੀਖਿਆ ਕੇਂਦਰ ਬਣਾਉਣ ਲਈ ਸਕੂਲਾਂ ਦੀ ਚੋਣ ਤੋਂ ਇਲਾਵਾ ਉਸ ਇਲਾਕੇ ਵਿੱਚ ਪਾਰਕਿੰਗ ਦੀ ਸੁਵਿਧਾ, ਪ੍ਰੀਖਿਆ ਦੇਣ ਲਈ ਆਉਣ ਵਾਲੇ ਵਿਦਿਆਰਥੀਆਂ ਲਈ ਪੀਣ ਦੇ ਪਾਣੀ ਅਤੇ ਹੋਰ ਸੁਵਿਧਾਵਾਂ ਦੀ ਵਿਵਸਥਾ ਕਰਨ ਦੀ ਹਦਾਇਤ ਦਿੱਤੀ।ਉਨ੍ਹਾਂ ਕਿਹਾ ਕਿ ਪ੍ਰੀਖਿਆ ਕੇਂਦਰ ਤੇ ਮੈਡੀਕਲ ਟੀਮ ਵੀ ਤਾਇਨਾਤ ਰਹੇਗੀ ਤੇ ਸਾਰੀ ਪ੍ਰਕਿਰਿਆ ਦੀ ਨਿਗਰਾਨੀ ਸਹੀ ਤਰੀਕੇ ਨਾਲ ਕੀਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਕੁਆਰਡੀਨੇਟਰ ਪ੍ਰਿੰਸੀਪਲ ਸਤਪਾਲ ਕੁਲਹਾੜੀ ਨੇ ਜ਼ਿਲ੍ਹੇ ਵਿੱਚ ਕੀਤੀਆਂ ਜਾ ਰਹੀਆਂ ਤਿਆਰੀਆਂ ਦੀ ਜਾਣਕਾਰੀ ਦਿੱਤੀ।ਜ਼ਿਲ੍ਹਾ ਸਿੱਖਿਆ ਅਫਸਰ ਜਸਪਾਲ ਮੋਗਾ ਨੇ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ 4 ਮਈ ਨੂੰ ਹੋਣ ਵਾਲੀ ਪ੍ਰੀਖਿਆ ਲਈ 489 ਪ੍ਰੀਖਿਆਰਥੀ ਦਰਜ ਹੋਏ ਹਨ।ਬੈਠਕ ਵਿੱਚ ਐਸਪੀ ਕੰਵਲਪ੍ਰੀਤ ਸਿੰਘ ਚਾਹਲ, ਐਸਡੀਐਮ ਬਲਜੀਤ ਕੌਰ ਤੋਂ ਇਲਾਵਾ ਸਿੱਖਿਆ ਵਿਭਾਗ ਦੇ ਨੁਮਾਇੰਦੇ ਹਾਜ਼ਰ ਸਨ।

## ਲੋਕ ਸੇਵਾ ਸਹਾਰਾ ਕਲੱਬ ਵੱਲੋਂ ਖ਼ੂਨਦਾਨ ਕੈਂਪ



**ਦਿੜ੍ਹਬਾ (ਜਸਵੀਰ ਲਾਡੀ)**-ਲੋਕ ਸੇਵਾ ਸਹਾਰਾ ਕਲੱਬ ਵੱਲੋਂ ਸੰਤ ਬਾਬਾ ਅਤਰ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਪੰਦਰਵੇਂ ਖ਼ੂਨਦਾਨ ਕੈਂਪ ਦਾ ਆਯੋਜਨ ਵਿਸ਼ਵਕਰਮਾ ਮੰਦਰ ਚੀਮਾਂ ਵਿਖੇ ਕੀਤਾ ਗਿਆ, ਜਿਸ ਵਿੱਚ ਨੌਜਵਾਨ ਵਰਗ ਔਰਤਾਂ ਅਤੇ ਮਰਦਾਂ ਸਮੇਤ ਬਜ਼ੁਰਗਾਂ ਨੇ ਵੀ ਪੂਰੀ ਹਿੰਮਤ ਨਾਲ ਖ਼ੂਨਦਾਨ ਕੀਤਾ। ਇਸ ਮੌਕੇ ਬਨਿਟ ਮੰਤਰੀ ਅਤੇ ਪੰਜਾਬ ਪ੍ਰਧਾਨ ਅਮਨ ਅਰੋੜਾ, ਅਰਵਿੰਦ ਖੰਨਾ ਸੰਗਰੂਰ, ਰਜਿੰਦਰ ਦੀਪਾ ਸੁਨਾਮ, ਜਸਵਿੰਦਰ ਧੀਮਾਨ, ਦਮਨ ਬਾਜਵਾ, ਵਿਨਰਜੀਤ ਗੋਲਡੀ, ਰਾਹੁਲਇੰਦਰ ਸਿੱਧੂ, ਦੁਰਲੱਭ ਸਿੱਧੂ, ਅੰਮ੍ਰਿਤ ਰਾਜ ਚੱਠਾ, ਗੁਰਸ਼ਰਨ ਕੌਰ ਰੰਧਾਵਾ, ਮਹਿੰਦਰ ਸਿੰਘ ਸਿੱਧੂ ਚੇਅਰਮੈਨ ਪਨਸੀਡ ਸੁਰਿੰਦਰਪਾਲ ਸਿੰਘ ਸਿਬੀਆ ਗਿਆਨ ਸਿੰਘ ਮਾਨ ਸਤੌਜ, ਬੀਰਬਲ ਸਿੰਘ ਪ੍ਰਧਾਨ ਨਗਰ ਪੰਚਾਇਤ ਚੀਮਾਂ, ਮਨਪ੍ਰੀਤ ਮਨੀ ਮੀਤ ਪ੍ਰਧਾਨ, ਸੰਤ ਅਤਰ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਪ੍ਰਿੰਸੀਪਲ ਵਿਕਰਮ ਸ਼ਰਮਾ ਵੀ ਹਾਜ਼ਰ ਸਨ ਸੰਸਥਾ ਦੇ ਪ੍ਰਧਾਨ ਜਸਵਿੰਦਰ ਸ਼ਰਮਾ, ਚਮਕੌਰ ਸਿੰਘ ਅਤੇ ਹਰਜੀਤ ਸਿੰਘ ਬਬਲੀ ਨੇ ਦੱਸਿਆ ਕਿ ਕੈਂਪ ਵਿੱਚ ਵੀਹ ਔਰਤਾਂ ਤੋਂ ਇਲਾਵਾ 269 ਖ਼ੂਨਦਾਨੀਆਂ ਨੇ ਸਵੈ ਇੱਛਾ ਨਾਲ ਖ਼ੂਨਦਾਨ ਕੀਤਾ ।

## ਸੇਵਾ ਭਾਰਤੀ ਨੇ ਖੋਲ੍ਹਿਆ ਸਿਲਾਈ ਸੈਂਟਰ



**ਜਗਰਾਓਂ (ਅਮਿਤ ਖੰਨਾ)**-ਸੇਵਾ ਭਾਰਤੀ ਜਗਰਾਉਂ ਦੀ ਤਰਫੋਂ ਮੁਹੱਲਾ ਮੁਕੰਦਪੁਰੀ ਬਸਤੀ ਵਿੱਚ ਮਾਤਾ ਗੁਜਰੀ ਯਾਦਗਾਰੀ ਸਿਲਾਈ ਸੈਂਟਰ ਖੋਲ੍ਹਿਆ ਗਿਆ, ਜਿਸ ਦਾ ਉਦਘਾਟਨ ਬੀ ਕੇ ਗੈਸ ਏਜੰਸੀ ਜਗਰਾਉਂ ਦੇ ਮਾਲਕ ਡਾ: ਨਰਿੰਦਰ ਸਿੰਘ ਨੇ ਕੀਤਾ। ਇਸ ਸਮੇਂ ਸੇਵਾ ਭਾਰਤੀ ਦੇ ਮੁਖੀ ਡਾ: ਵਿਪਨ ਗੁਪਤਾ, ਸਕੱਤਰ ਸ੍ਰੀ ਵਿਪਨ ਸਿੰਘ ਬਾਂਸਲ ਨੇ ਕਿਹਾ ਕਿ ਇਹ ਸੇਵਾ ਭਾਰਤੀ ਵੱਲੋਂ ਕੀਤਾ ਗਿਆ ਬਹੁਤ ਵਧੀਆ ਕੰਮ ਹੈ। ਇਸ ਨਾਲ ਜੁੜੀਆਂ ਔਰਤਾਂ ਨੂੰ ਬਹੁਤ ਲਾਭ ਹੋਵੇਗਾ।ਆਉਣ ਵਾਲੇ ਸਮੇਂ ਵਿੱਚ ਉਹ ਆਪਣੇ ਪੈਰਾਂ ’ਤੇ ਖੜ੍ਹ ਕੇ ਆਪਣਾ ਜੀਵਨ ਉੱਚਾ ਚੁੱਕ ਸਕਦੀਆਂ ਹਨ। ਇਸ ਤੋਂ ਪਹਿਲਾਂ ਇੱਕ ਬਾਲ ਸੰਸਕਾਰ ਕੇਂਦਰ ਵੀ ਚਲਾਇਆ ਜਾ ਰਿਹਾ ਹੈ, ਜਿਸ ਵਿੱਚ ਬੱਚਿਆਂ ਦੇ ਉੱਜਵਲ ਭਵਿੱਖ ਲਈ ਕੰਮ ਕੀਤਾ ਜਾ ਰਿਹਾ।ਇਸ ਮੌਕੇ ਭਾਜਪਾ ਪ੍ਰਧਾਨ ਜਗਰਾਓਂ ਟੋਨੀ ਵਰਮਾ, ਮੋਹਿਤ ਅਗਰਵਾਲ ਜੀ, ਡਾ ਬੀ ਬੀ ਸਿੰਗਲਾ ਰਾਜ ਵਰਮਾ, ਐਡਵੋਕੇਟ ਬਲਦੇਵ ਰਾਜ ਜੀ, ਸ਼ਿਆਮ ਸੁੰਦਰ, ਅਸ਼ੋਕ ਬਾਂਸਲ, ਸੋਨੂੰ ਜੈਨ, ਸੰਜੂ ਚੋਪੜਾ, ਮੋਹਿਤ ਗਰਗ, ਬਲਰਾਮ ਬਾਂਸਲ, ਅਨੁਰਾਗ ਮੰਗਲਾ, ਆਕਾਸ਼ ਗੁਪਤਾ, ਆਦਿ ਮੈਂਬਰਾਂ ਨੇ ਹਾਜ਼ਰ ਹੋਏ ਪ੍ਰਧਾਨ ਵਿਪਨ ਗੁਪਤਾ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਗਿੱਦੜਬਾਹਾ ਦੀਆਂ 2 ਅਹਿਮ ਸੜਕਾਂ ਦਾ ਮੁੜ ਨਿਰਮਾਣ ਕੰਮ ਸ਼ੁਰੂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਬੀਤੇ ਕਈ ਸਾਲਾਂ ਤੋਂ ਆਪਣੀ ਖਸਤਾ ਹਾਲਤ ਤੇ ਹੰਝੂ ਵਹਾ ਰਹੀਆਂ 2 ਸੜਕਾਂ ਦੇ ਮੁੜ ਨਿਰਮਾਣ ਕੰਮਾਂ ਦੀ ਸ਼ੁਰੂਆਤ ਅੱਜ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਕੀਤੀ ਗਈ। ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਅੱਜ ਪਹਿਲਾਂ ਹੁਸਨਰ-ਸੋਥਾ ਰੋਡ ਅਤੇ ਉਸ ਤੋਂ ਬਾਅਦ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਵਿਧਾਇਕ ਢਿੱਲੋਂ ਵੱਲੋਂ ਗਿੱਦੜਬਾਹਾ-ਲੰਬੀ ਰੋਡ ਦੇ ਮੁੜ ਨਿਰਮਾਣ ਦੇ ਕੰਮਾਂ ਦੀ ਸ਼ੁਰੂਆਤ ਕੀਤੀ। ਇਸ ਮੌਕੇ ਆਪਣੇ ਸੰਬੋਧਨ ਵਿਚ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਿਹਾ ਕਿ ਜਿਮਨੀ ਚੋਣ ਦੌਰਾਨ 28 ਸਾਲ ਬਨਾਮ ਢਾਈ ਸਾਲ ਦੇ ਵਾਅਦੇ ਅਨੁਸਾਰ ਉਨ੍ਹਾਂ ਗਿੱਦੜਬਾਹਾ-ਸੋਥਾ ਅਤੇ ਗਿੱਦੜਬਾਹਾ-ਲੰਬੀ ਰੋਡ ਦੇ ਮੁੜ ਨਿਰਮਾਣ ਕੰਮ ਅੱਜ ਸ਼ੁਰੂ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਹ ਗਿੱਦੜਬਾਹਾ ਦੇ ਪੂਰਨ ਵਿਕਾਸ ਲਈ ਬਚਨਬੱਧ ਹਨ ਅਤੇ ਜਨਤਾ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਜਾਵੇਗਾ। ਇਸ ਮੌਕੇ ਐਸਡੀਐਮ ਜਸਪਾਲ ਸਿੰਘ, ਐਕਸੀਅਨ ਰੰਕਿਤ ਕੁਮਾਰ, ਐਸ ਡੀ ਓ ਬਲਰਾਮ ਕ੍ਰਿਸ਼ਨ, ਜੇਈ ਪ੍ਰਵੀਨ ਕੁਮਾਰ ਤੋਂ ਇਲਾਵਾ ਚੇਅਰਮੈਨ ਹਰਦੀਪ ਸਿੰਘ ਭੰਗਾਲ, ਟਰੱਕ ਯੂਨੀਅਨ ਦੇ ਪ੍ਰਧਾਨ ਕਿਰਨਪਾਲ ਸਿੰਘ ਮਾਨ, ਸੰਨੀ ਢਿੱਲੋਂ, ਅਸ਼ੋਕ ਕੁਮਾਰ ਬੁੱਟਰ, ਹਰਵਿੰਦਰ ਸਿੰਘ ਕਾਕਾ, ਕੌਂਸਲਰ ਰਾਜੀਵ ਮਿੱਤਲ, ਰਾਜੂ ਥਰਾਜਵਾਲਾ, ਸੁਭਾਸ਼ ਜੈਨ ਲਿੱਲੀ, ਸੰਜੀਵ ਕੁਮਾਰ ਬਬਲੂ, ਲਾਭ ਸਿੰਘ ਸਿੱਧੂ, ਨਵੀਨ ਕੁਮਾਰ, ਰੈਸਟੀ ਰੰਧਾਵਾ, ਜਸਵਿੰਦਰ ਢਿੱਲੋਂ, ਐਡਵੋਕੇਟ ਜਗਤਾਰ ਸਿੰਘ ਧਾਲੀਵਾਲ, ਸ਼ਮਿੰਦਰ ਕੋਟਲੀ, ਐਡਵੋਕੇਟ ਗੌਰਵ ਜੈਨ ਚੀਨੂੰ, ਸ਼ਮਿੰਦਰ ਕੋਟਲੀ, ਸੁਨੀਲ ਬਾਂਸਲ, ਸਰੂਪ ਗਿੱਲ, ਠੇਕੇਦਾਰ ਰਾਜੂ ਚੌਧਰੀ, ਨਵੀ ਮਧੀਰ, ਐਡਵੋਕੇਟ ਸੁਰੇਸ਼ ਗਰਗ, ਖੁਸ਼ਹਾਲ ਗਰਗ, ਕੁਲਭੂਸ਼ਨ ਸ਼ਰਮਾਂ, ਅਕਬਰ ਆਨੰਦ, ਰਾਜਵੀਰ ਸਿੰਘ ਨੰਬਰਦਾਰ, ਧਰਮਪਾਲ ਧੰਮੀ ਅਤੇ ਵਿੱਕੀ ਥੋਰੀਆ ਆਦਿ ਵੀ ਮੌਜੂਦ ਸਨ।

## ਬਜ਼ੁਰਗਾਂ ਤੇ ਵਿਦਿਆਰਥੀਆਂ ਦੀ ਭਲਾਈ ਲਈ ਬਾਰਾਂ ਸੀਮਿੰਟ ਦੇ ਬੈਂਚ ਦਾਨ ਕੀਤੇ

**ਚੌਂਕੀਮਾਨ/ਸੁਧਾਰ (ਇੰਜ ਬਲਬੀਰ ਸਿੰਘ ਮਾਨ)**-ਪੰਜਾਬ ਦੀ ਜਵਾਨੀ ਨੂੰ ਸੰਭਾਲਣ ਲਈ ਸਰਕਾਰਾਂ ਆਪਣੇ ਪੱਧਰ ’ਤੇ ਉਪਰਾਲੇ ਕਰ ਰਹੀਆਂ, ਉੱਥੇ ਪ੍ਰਵਾਸੀ ਪੰਜਾਬੀਆਂ ਵੱਲੋਂ ਵੀ ਆਪਣੇ ਬਜ਼ੁਰਗਾਂ ਦੇ ਪਾਏ ਪੂਰਨਿਆਂ ’ਤੇ ਚੱਲਦਿਆਂ ਪੁਰਖਿਆਂ ਦੇ ਸੰਸਕਾਰਾਂ ਨੂੰ ਯਾਦ ਕਰਦਿਆਂ ਆਪਣੇ ਵਿਛੜੇ ਪਰਵਾਰਕ ਮੈਂਬਰਾਂ ਦੀਆਂ ਯਾਦਾਂ ਨੂੰ ਤਾਜ਼ਾ ਕਰਦਿਆਂ ਲੋਕ ਸੇਵਾ ਦੇ ਕੰਮਾਂ ਵਿੱਚ ਸ਼ਾਮਲ ਹੋ ਕੇ ਲੋਕ ਹਿੱਤਾਂ ਲਈ ਆਪਣੀਆਂ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ, ਜਿਸ ਅੰਦਰ ਪਿੰਡ ਘੁਮਾਣ ਦੇ ਜਰਮਨ ਰਹਿੰਦੇ ਹਰਪਾਲ ਸਿੰਘ ਵੱਲੋਂ ਆਪਣੇ ਭਰਾ ਸਵ: ਗੁਰਸੇਵਕ ਸਿੰਘ ਜਰਮਨ ਸਪੁੱਤਰ ਸਵ: ਹਰਚੰਦ ਸਿੰਘ, ਸਤਿਕਾਰਯੋਗ ਪਰਵਾਰਕ ਮੈਂਬਰਾਂ ਦੀ ਯਾਦ ਵਿੱਚ ਬਾਰਾਂ ਸੀਮਿੰਟ ਦੇ ਬੈਂਚ ਸੈਰ ਕਰਨ ਵਾਲੇ ਬਜ਼ੁਰਗਾਂ, ਮਾਤਾਵਾਂ ਤੇ ਵਿਦਿਆਰਥੀਆਂ ਦੇ ਲਈ ਨਿਸ਼ਕਾਮ ਸੇਵਾ ਕੀਤੀ।

ਇਸ ਮੌਕੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਜਗਤਾਰ ਸਿੰਘ ਫੌਜੀ ਖ਼ਜ਼ਾਨਚੀ, ਪ੍ਰਧਾਨ ਹਰਦਿਆਲ ਸਿੰਘ ਘੁਮਾਣ, ਦਰਸ਼ਨ ਸਿੰਘ ਫੋਟੋਗ੍ਰਾਫ਼ਰ, ਮਨਜਿੰਦਰ ਸਿੰਘ ਚੀਨਾ, ਸਵਰਨ ਸਿੰਘ ਮੋਹਣਾ ਤੇ ਹੈਪੀ ਚਾਹਲ ਆਦਿ ਨੇ ਦਾਨੀ ਪਰਵਾਰਕ ਮੈਂਬਰਾਂ ਦਾ ਹਾਜ਼ਰ ਹੋ ਕੇ ਧੰਨਵਾਦ ਕੀਤਾ।

# ਬਾਬਾ ਦਾਮੂੰ ਸ਼ਾਹ ਪ੍ਰਬੰਧਕ ਕਮੇਟੀ ਵੱਲੋਂ 43ਵਾਂ ਸਾਲਾਨਾ ਖੇਡ ਮੇਲਾ ਯਾਦਾਂ ਛੱਡਦਾ ਸੰਪੰਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਦੇ ਲਾਗਲੇ ਪਿੰਡ ਲੁਹਾਰਾ ਵਿਖੇ ਮੋਗਾ-ਅੰਮ੍ਰਿਤਸਰ ਰੋਡ ’ਤੇ ਸਥਿਤ ਆਸਥਾ ਦੇ ਪ੍ਰਸਿੱਧ ਕੇਂਦਰ ਧੰਨ ਧੰਨ ਫੱਕਰ ਬਾਬਾ ਦਾਮੂੰਸ਼ਾਹ ਦੇ ਅਸਥਾਨ ’ਤੇ ਕਰਵਾਇਆ ਗਿਆ 43ਵਾਂ ਸਾਲਾਨਾ ਖ਼ੇਡ ਮੇਲਾ ਅਮਿੱਟ ਯਾਦਾਂ ਛੱਡਦਾ ਸੰਪੰਨ ਹੋ ਗਿਆ। ਖ਼ੇਡ ਤੇ ਮੇਲੇ ਦੌਰਾਨ ਦੇ ਆਖਰੀ ਦਿਨ ਕਬੱਡੀ ਓਪਨ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਕਾਉਂਕੇ ਕਲਾਂ ਦੀ ਟੀਮ ਨੇ ਪਹਿਲਾ ਤੇ ਲੁਹਾਰਾ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਸਰਪੰਚ ਜਗਜੀਵਨ ਸਿੰਘ ਲੁਹਾਰਾ, ਮੀਤ ਪ੍ਰਧਾਨ ਲਛਮਣ ਸਿੰਘ, ਖਜ਼ਾਨਚੀ ਸਾਬਕਾ ਸਰਪੰਚ ਕਰਮਜੀਤ ਸਿੰਘ ਤੇ ਸਕੱਤਰ ਜਸਪਾਲ ਸਿੰਘ ਆਦਿ ਆਗੂਆਂ ਨੇ ਜੇਤੂਆਂ ਨੂੰ ਨਗਦ ਰਾਸ਼ੀ, ਕਬੱਡੀ ਕੱਪ ਤੇ ਮੋਟਰਸਾਈਕਲ ਦੇ ਕੇ ਸਨਮਾਨਤ ਕੀਤਾ।ਪ੍ਰਬੰਧਕਾਂ ਨੇ ਦੱਸਿਆ ਕਿ ਕਬੱਡੀ ਆਲ ਓਪਨ ਦੀ ਜੇਤੂ ਟੀਮ ਨੂੰ 1 ਲੱਖ ਰੁਪਏ ਨਗਦ ਇਨਾਮ ਤੇ ਕੱਪ, ਜਦੋਂਕਿ ਦੂਜੇ ਸਥਾਨ ਦੀ ਟੀਮ ਨੂੰ 75 ਹਜ਼ਾਰ ਦੀ ਨਗਦ ਰਾਸ਼ੀ ਤੇ ਕੱਪ ਨਾਲ ਸਨਮਾਨਤ ਕੀਤਾ।ਉਨ੍ਹਾਂ ਕਿਹਾ ਕਿ ਕਬੱਡੀ ਓਪਨ ਦੇ ਬੈਸਟ ਰੇਡਰ ਬੂਟਾ ਤੇ ਮੋਟਾ ਕਾਉਂਕੇ, ਜਦੋਂਕਿ ਸੁੱਖਾ ਜਰਗੜੀ ਤੇ ਜੱਸਾ ਕਾਉਂਕੇ ਬੈਸਟ ਜਾਫ਼ੀ ਐਲਾਨੇ ਗਏ।

ਇਸ ਮੌਕੇ ਸਕੱਤਰ ਜਸਪਾਲ ਸਿੰਘ ਗਿੱਲ, ਗੁਰਨਾਮ ਸਿੰਘ ਜੌਹਲ, ਨਵਤੇਜ ਪਾਲ ਸਿੰਘ, ਦੇਵ ਸਿੰਘ ਨੰਬਰਦਾਰ, ਮੱਘਰ ਸਿੰਘ ਨੰਬਰਦਾਰ, ਮੱਖਣ ਸਿੰਘ ਸਾਬਕਾ ਸਰਪੰਚ, ਸਾਬਕਾ ਮੈਂਬਰ ਅਮਰਜੀਤ ਸਿੰਘ, ਬਲਵਿੰਦਰ ਸਿੰਘ ਪ੍ਰਧਾਨ ਲੋਕਲ ਕਮੇਟੀ, ਗੁਰਮੇਲ ਸਿੰਘ, ਜਸਵੰਤ ਸਿੰਘ ਚੀਮਾ, ਦਰਸ਼ਨ ਸਿੰਘ ਫੌਜੀ, ਹਰੀ ਸਿੰਘ, ਜਗਸੀਰ ਸਿੰਘ ਸੀਰਾ ਮੈਂਬਰ ਪੰਚਾਇਤ, ਗੁਰਦੀਪ ਸਿੰਘ ਜੌਹਲ, ਰਾਜਾ ਸਿੰਘ, ਗੁਰਤੇਜ ਸਿੰਘ ਮੈਂਬਰ, ਦਵਿੰਦਰ ਕੌਰ ਮੈਂਬਰ, ਮੁਖਤਿਆਰ ਕੌਰ ਮੈਂਬਰ, ਅਨੂਪਜੀਤ ਕੌਰ ਮੈਂਬਰ, ਮਨਜੀਤ ਕੌਰ, ਮਨਜੀਤ ਕੌਰ ਧਾਲੀਵਾਲ, ਕਲੱਬ ਦੇ ਪ੍ਰਧਾਨ ਗੁਰਦੀਪ ਸਿੰਘ, ਮੀਤ ਪ੍ਰਧਾਨ ਗੁਰਪ੍ਰੀਤ ਸਿੰਘ, ਲਖਵਿੰਦਰ ਸਿੰਘ ਕਲੱਬ ਸਕੱਤਰ, ਛਿੰਦਰ, ਗੋਪੀ, ਜੱਸਾ ਡੇਰੀ ਵਾਲਾ, ਰਾਮ ਸਿੰਘ, ਬੂਟਾ ਸਿੰਘ ਚੀਮਾ, ਲਵਪ੍ਰੀਤ ਸਿੰਘ, ਅਰਸ਼ਦੀਪ ਸਿੰਘ, ਹਰਮਨ ਸਿੰਘ, ਸਤਨਾਮ ਸਿੰਘ, ਲੱਖਾ ਸੰਘਾ, ਬਚਿੱਤਰ ਸਿੰਘ, ਡਾਕਟਰ ਕੁਲਵੰਤ ਸਿੰਘ, ਜੀਤਾ ਸੰਘਾ, ਬਲਵੀਰ ਸਿੰਘ ਜੱਗਾ, ਬੰਟੀ ਸਿੰਘ ਦੇ ਇਲਾਵਾ ਜੱਗਾ, ਬਿੱਲਾ, ਦੀਪਾ, ਜੀਤਾ, ਗੱਗੂ, ਲੱਖਾ ਗੋਪੀ, ਲਖਵੀਰ ਤੇ ਦੀਪਾ ਜੌਹਲ (ਸਾਰੇ ਟੂਰਨਾਮੈਂਟ ਕਮੇਟੀ ਮੈਂਬਰ) ਹਾਜ਼ਰ ਸਨ।

## ਜੈਸਲਮੇਰ ਗਏ ਸੱਭਿਆਚਾਰਕ ਟੂਰ ਨੇ ਕੀਤੀ ਕਮਾਲ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲੜਕੀਆਂ ਦੀ ਸਿੱਖਿਆ ਨੂੰ ਸਮਰਪਤ ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼ ਢੱਡੇ ਦੇ ਛੇ ਵਿਦਿਆਰਥੀਆਂ ਸੁਖਪ੍ਰੀਤ ਕੌਰ ਭਾਈ ਰੂਪਾ, ਅਮਨਜੋਤ ਕੌਰ ਡਿੱਖ, ਕਮਲਜੀਤ ਕੌਰ ਮੰਡੀ ਕਲਾਂ, ਖੁਸ਼ਪ੍ਰੀਤ ਕੌਰ ਡਿੱਖ ਤੇ ਨਵਦੀਪ ਕੌਰ ਮਹਿਰਾਜ ਨੇ ਯੁਵਕ ਸੇਵਾਵਾਂ ਵਿਭਾਗ ਪੰਜਾਬ ਸਰਕਾਰ ਵੱਲੋਂ ਜੈਸਲਮੇਰ ਵਿਖੇ ਆਯੋਜਤ ਕੀਤੇ ਸੱਭਿਆਚਾਰਕ ਟੂਰ ਵਿੱਚ ਭਾਗ ਲਿਆ ਗਿਆ, ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਕਾਲਜਾਂ ਤੇ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਸ ਸੱਭਿਆਚਾਰਕ ਟੂਰ ਨੂੰ ਪਦਮਜੀਤ ਮਹਿਤਾ ਮੇਅਰ ਬਠਿੰਡਾ, ਯੁਵਕ ਸੇਵਾਵਾਂ ਵਿਭਾਗ ਦੇ ਡਿਪਟੀ ਡਾਇਰੈਕਟਰ ਕੁਲਵਿੰਦਰ ਸਿੰਘ, ਸਹਾਇਕ ਡਾਇਰੈਕਟਰ ਬਠਿੰਡਾ ਰਘਵੀਰ ਸਿੰਘ ਮਾਨ ਤੇ ਸਹਾਇਕ ਡਾਇਰੈਕਟਰ ਲੁਧਿਆਣਾ ਦਵਿੰਦਰ ਸਿੰਘ ਲੋਟੇ ਵੱਲੋਂ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ।ਪੰਜ ਦਿਨਾਂ ਦੇ ਇਸ ਸੱਭਿਆਚਾਰਕ ਕੈਂਪ ਦੌਰਾਨ ਵਿਦਿਆਰਥੀਆਂ ਨੇ ਗਿੱਧਾ, ਭੰਗੜਾ, ਲੁੱਡੀ, ਲੋਕ ਗੀਤ ਤੇ ਵੱਖ-ਵੱਖ ਲੋਕ ਨਾਚ ਪੇਸ਼ ਕੀਤੇ।ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਮੈਨੇਜਿੰਗ ਡਾਇਰੈਕਟਰ ਗੁਰਵਿੰਦਰ ਸਿੰਘ ਸਿੱਧੂ ਤੇ ਡਾਇਰੈਕਟਰ ਐਡਮਿਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਅਸੀਂ ਯੁਵਕ ਸੇਵਾਵਾਂ ਵਿਭਾਗ ਪੰਜਾਬ ਸਰਕਾਰ ਦੇ ਬਹੁਤ ਧੰਨਵਾਦੀ ਹਾਂ ਕਿ ਉਨ੍ਹਾਂ ਦੁਆਰਾ ਨੌਜਵਾਨ ਵਿਦਿਆਰਥੀਆਂ ਨੂੰ ਵੱਖ-ਵੱਖ ਰਾਜਾਂ ਵਿੱਚ ਸੱਭਿਆਚਾਰਕ ਪ੍ਰੋਗਰਾਮ ਤੇ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ, ਜਿਸ ਨਾਲ ਨੌਜਵਾਨਾਂ ਦਾ ਸਰਵਪੱਖੀ ਵਿਕਾਸ ਹੁੰਦਾ ਹੈ।ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਦੱਸਿਆ ਕਿ ਇਸ ਪ੍ਰੋਗਰਾਮ ਦੌਰਾਨ ਰਾਜਸਥਾਨ ਦੇ ਸੱਭਿਆਚਾਰ, ਰਹਿਣ ਸਹਿਣ, ਭਗੋਲਿਕ, ਆਰਥਿਕ, ਖੇਤੀਬਾੜੀ, ਲੋਕ ਨਾਚ ਤੇ ਭਾਸ਼ਾ ਬਾਰੇ ਵੀ ਜਾਣਕਾਰੀ ਹਾਸਲ ਕੀਤੀ।ਮੈਡਮ ਸਿੰਬਲਜੀਤ ਕੌਰ ਡਾਇਰੈਕਟਰ ਅਤੇ ਮੈਡਮ ਪ੍ਰਸ਼ੋਤਮ ਕੌਰ ਖ਼ਜ਼ਾਨਚੀ ਨੇ ਇਨ੍ਹਾਂ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ।

## ਫੇਫੜਿਆਂ ਦੇ ਕੈਂਸਰ ਦਾ ਇਲਾਜ ਸਫ਼ਲਤਾਪੂਰਵਕ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਫੋਰਟਿਸ ਕੈਂਸਰ ਇੰਸਟੀਟਿਊਟ ਦੇ ਰੇਡੀਏਸ਼ਨ ਔਂਕੋਲੋਜੀ ਵਿਭਾਗ ਦੇ ਡਾਇਰੈਕਟਰ ਡਾ. ਨਰੇਂਦਰ ਭੱਲਾ ਦੇ ਨੇਤ੍ਰਤਵ ਵਿੱਚ ਹਾਲ ਹੀ ਵਿੱਚ ਇੱਕ 33 ਸਾਲ ਦੀ ਮਹਿਲਾ ਦਾ ਇਲਾਜ ਕੀਤਾ ਗਿਆ, ਜਿਸ ਨੂੰ ਐਡੇਨਾਇਡ ਸਿਸਟਿਕ ਕਾਰਸੀਨੋਮਾ ਨਾਮਕ ਦੁਰਲੱਭ ਕੈਂਸਰ ਮਰੀਜ਼ ਨੂੰ ਪਿਛਲੇ ਇੱਕ ਸਾਲ ਤੋਂ ਲਗਾਤਾਰ ਖੰਘ ਤੇ ਸਾਹ ਲੈਣ ਵਿੱਚ ਤਕਲੀਫ ਹੋ ਰਹੀ ਸੀ।ਉਨ੍ਹਾਂ ਨੇ ਇੱਕ ਸਧਾਰਨ ਡਾਕਟਰ ਤੋਂ ਸਲਾਹ ਲਈ, ਜਿਨ੍ਹਾਂ ਨੇ ਉਨ੍ਹਾਂ ਨੂੰ ਬ੍ਰੋਂਕੋਡਾਈਲੈਟਰ (ਸਾਹ ਦੀ ਨਲੀਆਂ ਨੂੰ ਖੋਲ੍ਹਣ ਵਾਲੀ ਦਵਾਈ) ਦਿੱਤੀ, ਪਰ ਇਸ ਨਾਲ ਕੋਈ ਰਾਹਤ ਨਹੀਂ ਮਿਲੀ।ਬਾਅਦ ਵਿੱਚ ਕੀਤੇ ਗਏ ਸਿਟੀ ਚੈਸਟ ਸਕੈਨ ਵਿੱਚ ਖੱਬੇ ਫੇਫੜੇ ’ਤੇ ਦਬਾਅ ਅਤੇ ਫੇਫੜੇ ਦੇ ਸਿਕੁੜਨ ਦਾ ਪਤਾ ਚਲਿਆ। ਮਰੀਜ਼ ਹਾਲ ਹੀ ਵਿੱਚ ਫੋਰਟਿਸ ਹਸਪਤਾਲ, ਮੋਹਾਲੀ ਵਿੱਚ ਡਾ. ਭੱਲਾ ਨਾਲ ਮਿਲੀ, ਜਿੱਥੇ ਜਾਂਚ ਦੇ ਬਾਅਦ ਪਤਾ ਲੱਗਾ ਕਿ ਉਨ੍ਹਾਂ ਨੂੰ ਐਡੇਨਾਇਡ ਸਿਸਟਿਕ ਕਾਰਸੀਨੋਮਾ ਨਾਮਕ ਕੈਂਸਰ ਹੈ ਅਤੇ ਉਨ੍ਹਾਂ ਦੀ ਬਿਮਾਰੀ ਉਨੱਤੀ ਸਥਿਤੀ ਵਿੱਚ ਹੈ।ਉਨ੍ਹਾਂ ਦਾ ਕੇਸ ਟਿਊਮਰ ਬੋਰਡ ਵਿੱਚ ਡਾਕਟਰਾਂ ਨਾਲ ਚਰਚਾ ਕੀਤਾ ਗਿਆ।ਡਾਕਟਰਾਂ ਨੇ ਦੱਸਿਆ ਕਿ ਸਰਜਰੀ ਕਰਨਾ ਜ਼ੋਖ਼ਮ ਵਾਲਾ ਹੋ ਸਕਦਾ ਹੈ, ਇਸ ਲਈ ਸਰਜਰੀ ਦੀ ਬਜਾਏ ਰੇਡੀਏਸ਼ਨ ਥੈਰੇਪੀ ਨਾਲ ਇਲਾਜ ਕਰਨ ਦਾ ਫੈਸਲਾ ਕੀਤਾ ਗਿਆ, ਤਾਂ ਜੁ ਉਨ੍ਹਾਂ ਦੀ ਬਿਮਾਰੀ ਨੂੰ ਕੰਟਰੋਲ ਕੀਤਾ ਜਾ ਸਕੇ ਅਤੇ ਦਰਦ ਵਿੱਚ ਰਾਹਤ ਮਿਲ ਸਕੇ। ਮਰੀਜ਼ ਨੂੰ ਐਲੇਕਟਾ ਵਰਸਾ ਐਚਡੀ ਰਾਹੀਂ ਸਹੀ ਰੇਡੀਏਸ਼ਨ ਥੈਰੇਪੀ ਦਿੱਤੀ ਗਈ, ਜੋ 4ਡੀ ਇਮੇਜ-ਗਾਈਡਿਡ ਰੇਡੀਓਥੈਰੇਪੀ (ਆਈ ਜੀ ਆਰ ਟੀ ) ਪ੍ਰਦਾਨ ਕਰਦੀ ਹੈ। ਇਹ ਤਕਨਾਲੋਜੀ ਬਹੁਤ ਛੋਟੇ ਅਤੇ ਹਿਲਦੇ-ਡੁਲਦੇ ਟਿਊਮਰਾਂ ਨੂੰ ਦੇਖਣ ਵਿੱਚ ਮਦਦ ਕਰਦੀ ਹੈ, ਜਿਨ੍ਹਾਂ ਨੂੰ 3ਡੀ ਇਮੇਜਿੰਗ ਨਾਲ ਨਹੀਂ ਦੇਖਿਆ ਜਾ ਸਕਦਾ।ਇਸ ਲਈ ਇਸ ਇਲਾਜ ਦੀ ਸਟੀਕਤਾ ਅਤੇ ਪ੍ਰਭਾਵਸ਼ੀਲਤਾ ਬਹੁਤ ਵੱਧ ਹੁੰਦੀ ਹੈ।ਮਰੀਜ਼ ਦੀ ਸੀਟੀ ਗਾਈਡਿਡ ਟਿਊਮਰ ਕਨਫਰਮੇਸ਼ਨ ਕੀਤੀ ਗਈ, ਜਿਸ ਤੋਂ ਬਾਅਦ ਸਿਮੂਲੇਸ਼ਨ ਕੀਤਾ ਗਿਆ ਤਾਂ ਜੁ ਟਿਊਮਰ ਨੂੰ ਸਹੀ ਤਰੀਕੇ ਨਾਲ ਸੰਗਠਿਤ ਅਤੇ ਨਿਸ਼ਾਨਾ ਬਣਾਇਆ ਜਾ ਡਾ. ਨਰੇਂਦਰ ਭੱਲਾ ਨੇ ਅਗੇ ਦੱਸਿਆ ਕਿ ਫੋਰਟਿਸ ਹਸਪਤਾਲ, ਮੋਹਾਲੀ ਉੱਤਰ ਭਾਰਤ ਦਾ ਇਕੋ ਜੇਹਾ ਹਸਪਤਾਲ ਹੈ ਜੋ ਐਲੇਕਟਾ ਵਰਸਾ ਐਚਡੀ ਲੀਨੀਅਰ ਐਕਸੀਲੇਰੇਟਰ ਨਾਲ ਸਭ ਤੋਂ ਉੱਨਤ ਐਸਜੀਆਰਟੀ ਤਕਨਾਲੋਜੀ ਪ੍ਰਦਾਨ ਕਰਦਾ ਹੈ।

# ਪੰਜਾਬ ’ਚ ਆਉਣ ਵਾਲਾ ਸਮਾਂ ਕਾਂਗਰਸ ਦਾ ਹੋਵੇਗਾ : ਸੰਨੀ ਦੁਆ




**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਵਿੱਚ ਮੌਜੂਦਾ ਰਾਜ ਕਰਦੀ ਆਮ ਆਦਮੀ ਪਾਰਟੀ ਆਪਣੀਆਂ ਲੋਕ ਵਿਰੋਧੀ ਨੀਤੀਆਂ ਤੇ ਦਿੱਲੀ ਵਿਚ ਮਿਲੀ ਕਰਾਰੀ ਹਾਰ ਕਾਰਨ ਹਾਸ਼ੀਏ ’ਤੇ ਆ ਗਈ ਹੈ।ਇਸੇ ਤਰ੍ਹਾਂ ਸ਼੍ਰੋਮਣੀ ਅਕਾਲੀ ਦਲ ਪਾਰਟੀ ਲੋਕਾਂ ਦੀਆਂ ਉਮੀਦਾਂ ’ਤੇ ਖਰਾ ਨਾ ਉਤਰਨ ਕਾਰਨ ਲੋਕ ਮਨਾਂ ਵਿਚੋਂ ਵੀ ਮਨਫੀ ਹੋ ਗਈ ਹੈ।ਅਜਿਹੇ ਹਾਲਾਤ ਵਿਚ ਪੰਜਾਬ ਦੇ ਲੋਕਾਂ ਕੋਲ ਕਾਂਗਰਸ ਪਾਰਟੀ ਹੀ ਇੱਕ ਉਮੀਦ ਦੀ ਕਿਰਨ ਹੈ, ਜੋ ਲੋਕਾਂ ਦੀਆਂ ਆਸਾਂ ’ਤੇ ਹਮੇਸ਼ਾ ਪੂਰਾ ਉਤਰਦੀ ਹੈ।ਪੰਜਾਬ ਦੇ ਲੋਕ ਹੁਣ ਕਾਂਗਰਸ ਪਾਰਟੀ ਨੂੰ ਸੱਤਾ ਦੀ ਵਾਗਡੋਰ ਸੰਭਾਲਣ ਲਈ ਕਾਹਲੇ ਹਨ। ਇਹ ਸ਼ਬਦਅੱਜ ਇੱਥੇ ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਅਤੇ ਕੌਂਸਲਰ ਸੰਨੀ ਦੁਆ ਨੇ ਕਾਂਗਰਸ ਦੇ ਸਰਗਰਮ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਕਹੇ।ਉਹਨਾਂ ਵਰਕਰਾਂ ਨੂੰ ਅਪੀਲ ਕੀਤਾ ਕਿ ਉਹ ਹੁਣ ਤੋਂ ਹੀ ਆਪਣੇ ਕਮਰ ਕਸੇ ਕੱਸ ਲੈਣ ਅਤੇ ਕਾਂਗਰਸ ਵਲੋਂ ‘ਜੁੜੇਗਾ ਬਲਾਕ, ਜਿੱਤੇਗੀ ਕਾਂਗਰਸ’ ਸਲੋਗਨ ਤਹਿਤ ਆਮ ਜਨ ਨੂੰ ਪਾਰਟੀ ਨਾਲ ਜੋੜਨ ਲਈ ਚਲਾਈ ਮੁਹਿੰਮ ਅਧੀਨ ਗ਼ਲੀ ਮੁਹੱਲੇ ਅਤੇ ਬਲਾਕ ਪੱਧਰ ’ਤੇ ਲੋਕਾਂ ਨਾਲ ਸੰਪਰਕ ਕਰਕੇ ਕਾਂਗਰਸ ਦੀਆਂ ਨੀਤੀਆਂ ਦਾ ਪ੍ਰਚਾਰ ਕਰਨ ਅਤੇ ਲੋਕਾਂ ਨੂੰ ਕਾਂਗਰਸ ਨਾਲ ਜੋੜਨ।

ਕਾਂਗਰਸ ਆਗੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਤਿੰਨ ਸਾਲਾਂ ਵਿਚ ਪੰਜਾਬ ਦੇ ਲੋਕਾਂ ਨੂੰ ਨਿਰਾਸ ਕੀਤਾ ਹੈ।ਬਲਾਕ ਪ੍ਰਧਾਨ ਸੰਨੀ ਦੁਆ ਦੀ ਪ੍ਰਧਾਨਗੀ ਹੇਠ 31 ਮੈਂਬਰੀ ਕਮੇਟੀ ਦੀ ਮੀਟਿੰਗ ਵਿੱਚ ਪਾਰਟੀ ਦੀ ਸਿਆਸੀ ਗਤੀਵਿਧੀਆਂ ’ਤੇ ਤੱਸਲੀ ਪ੍ਰਗਟਾਉਂਦਿਆਂ ਉਹਨਾਂ ਕਿਹਾ ਕਿ ਪਿਛਲੇ ਦਿਨੀਂ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵਲੋਂ ‘ਜੁੜੇਗਾ ਬਲਾਕ, ਜਿੱਤੇਗੀ ਕਾਂਗਰਸ’ ਮੁਹਿੰਮ ਅਧੀਨ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਵਿਚ ਹੋਇਆ ਸੰਪਰਕ ਪ੍ਰੋਗਰਾਮ ਪੂਰੀ ਤਰ੍ਹਾਂ ਸਫ਼ਲ ਰਿਹਾ। ਇਸ ਮੌਕੇ ਹਾਜ਼ਰ ਮੰਡਲ ਪ੍ਰਧਾਨ ਤਰਸੇਮ ਸ਼ਰਮਾ, ਪਾਰਟੀ ਦੇ ਸ਼ਿਕਾਇਤ ਨਿਵਾਰਣ ਸੈਲ ਦੇ ਵਾਈਸ ਚੇਅਰਮੈਨ ਅਮਰਨਾਥ ਤਾਗਰਾ, ਮਿੱਤਰਪਾਲ ਸਿੰਘ ਲਵਲੀ, ਮਨਦੀਪ ਖੁੱਲਰ, ਵਿਸ਼ਾਲ ਭਾਰਤੀ, ਜੁਗਲ ਕਿਸ਼ੋਰ ਸਾਹਨੀ, ਨਵਰੂਪ ਧਾਲੀਵਾਲ, ਰਿੰਕੂ ਥਾਪਰ, ਡਾਕਟਰ ਸੁਸ਼ੀਲ ਕੁਮਾਰ, ਮੋਹਿਤ ਦੂਆ, ਹਰਮਿੰਦਰ ਸਿੰਘ ਕਾਕਾ, ਰਾਕੇਸ਼ ਕਲਿਆਣ, ਰਜਿੰਦਰ ਮੱਟੂ, ਸੁਰੇਸ਼ ਕੁਮਾਰ, ਰਵੀ ਕਲਿਆਣ, ਸੁਵਿੰਦਰ ਸਿੰਘ, ਮਨਦੀਪ ਸਿੰਘ ਮਨੀ, ਅਜਮੇਰ ਸਿੰਘ, ਪਵਨਦੀਪ ਸਿੰਘ, ਆਸ਼ੂ ਵਰਮਾ, ਗਰੀਸ਼ ਦੁਆ, ਨਿਤਿਨ ਸ਼ੋਰੀਤੇ ਵਿਪਨ ਵਡੇਰਾ ਆਦਿ ਸ਼ਾਮਲ ਸਨ।

## ਸ਼ਹੀਦੀ ਦਿਹਾੜੇ ’ਤੇ ਖ਼ੂਨਦਾਨ ਕੈਂਪ 23 ਨੂੰ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਮਨੁੱਖਤਾ ਭਲਾਈ ਸੰਸਥਾ ਵੱਲੋਂ ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਜੀ ਦੇ ਸ਼ਹੀਦੀ ਦਿਹਾੜੇ ’ਤੇ 23 ਮਾਰਚ ਨੂੰ ਸੰਸਥਾ ਦੇ ਵਿੱਛੜੇ ਸਾਥੀਆਂ ਸੁਖਦੀਪ ਸਿੰਘ ਕਾਲਾ ਤੇ ਮਲਕੀਤ ਸਿੰਘ ਪਿੰਦਾ ਦੀ ਯਾਦ ਵਿੱਚ ਖ਼ੂਨਦਾਨ ਕੈਂਪ ਸਰਕਾਰੀ ਸਕੂਲ ਵਿਖੇ ਲਾਇਆ ਜਾ ਰਿਹਾ ਹੈ।

ਪੱਤਰਕਾਰ ਚਰਨਜੀਤ ਸਿੰਘ ਤੇ ਮਾਸਟਰ ਗੁਰਪ੍ਰੀਤ ਸਿੰਘ ਨੇ ਇਲਾਕਾ ਤੇ ਨਗਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਖ਼ੂਨਦਾਨ ਇੱਕ ਮਹਾਂਦਾਨ ਹੈ, ਜਿਸ ਨਾਲ ਕਿਸੇ ਸਮੇਂ ਵੀ ਦੁਰਘਟਨਾਗ੍ਰਸਤ ਵਿਅਕਤੀ ਨੂੰ ਲੋੜ ਪੈ ਸਕਦੀ ਹੈ। ਜੇਕਰ ਸਮੇਂ ’ਤੇ ਖ਼ੂਨਦਾਨ ਕੀਤਾ ਜਾਵੇ ਤਾਂ ਘੱਟੋ ਘੱਟ ਖ਼ੂਨ ਦੀ ਕਮੀ ਕਾਰਨ ਤਾਂ ਕਿਸੇ ਦੀ ਜਾਨ ਨਾ ਜਾਵੇ। ਇਸ ਲਈ ਖ਼ੂਨਦਾਨ ਕਰਨ ਦਾ ਜਦੋਂ ਵੀ ਮੌਕਾ ਮਿਲਦਾ ਹੈ ਤਾਂ ਇਸ ਨੂੰ ਅਜਾਈਂ ਨਹੀਂ ਗੁਆਉਣਾ ਚਾਹੀਦਾ। ਹੋ ਸਕਦਾ ਹੈ ਸਾਡਾ ਖ਼ੂਨ ਲੱਗਣ ਕਾਰਨ ਕਿਸੇ ਦੀ ਜਾਨ ਹੀ ਬਚ ਜਾਵੇ।

## ਭਗਤ ਧੰਨਾ ਜੀ ਦੇ ਅਵਤਾਰ ਪੁਰਬ ਨੂੰ ਸਮਰਪਤ ਸਮਾਗਮ 5 ਅਪ੍ਰੈਲ ਤੋਂ



**ਜਗਰਾਉਂ (ਸੰਜੀਵ ਅਰੋੜਾ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਤੇ ਸੱਚਖੰਡ ਵਾਸੀ ਸ੍ਰੀ ਮਾਨ ਸੰਤ ਬਾਬਾ ਰਤਨ ਸਿੰਘ ਜੀ ਗੁਰਦੁਆਰਾ ਸ੍ਰੀ ਅਤਰਸਰ ਸਾਹਿਬ (ਰਾੜਾ ਸਾਹਿਬ) ਵਾਲਿਆਂ ਦੀ ਦੇਖ-ਰੇਖ ਹੇਠ ਬਾਬਾ ਕਮਲਜੀਤ ਸਿੰਘ ਤੇ ਬਾਬਾ ਅਮਰਜੀਤ ਸਿੰਘ ਦੇ ਉੱਦਮ ਉਪਰਾਲੇ ਸਦਕਾ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਸ਼੍ਰੋਮਣੀ ਭਗਤ ਧੰਨਾ ਜੀ ਦੇ ਅਵਤਾਰ ਪੁਰਬ ਨੂੰ ਸਮਰਪਤ ਧਾਰਮਿਕ ਸਮਾਗਮ ਗੁਰਦੁਆਰਾ ਗੋਪਾਲ ਸਰ ਸਾਹਿਬ ਯਾਦਗਾਰ ਸ਼੍ਰੋਮਣੀ ਭਗਤ ਧੰਨਾ ਜੀ ਪਿੰਡ ਗਗੜਾ ਵਿਖੇ 5 ਅਪ੍ਰੈਲ ਤੋਂ ਸ਼ੁਰੂ ਹੋ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਕਮਲਜੀਤ ਸਿੰਘ ਤੇ ਮੁੱਖ ਸੇਵਾਦਾਰ ਬਾਬਾ ਅਮਰਜੀਤ ਸਿੰਘ ਨੇ ਦੱਸਿਆ ਕਿ ਇਹ ਸਮਾਗਮ 5 ਅਪ੍ਰੈਲ ਨੂੰ ਸ਼ੁਰੂ ਹੋਣਗੇ ਤੇ 21 ਅਪ੍ਰੈਲ ਨੂੰ ਮੁੱਖ ਸਮਾਗਮ ਹੋਵੇਗਾ। ਉਨ੍ਹਾਂ ਦੱਸਿਆ ਕਿ 5 ਅਪ੍ਰੈਲ ਤੋਂ ਸ੍ਰੀ ਅਖੰਡ ਪਾਠਾਂ ਦੀਆਂ ਲੜੀਆਂ ਆਰੰਭ ਹੋਣਗੀਆਂ ਤੇ 21 ਅਪ੍ਰੈਲ ਨੂੰ 151 ਅਖੰਡ ਪਾਠਾਂ ਦਾ ਭੋਗ ਪਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਮਾਗਮਾਂ ’ਚ ਵੱਖ-ਵੱਖ ਸੰਪ੍ਰਦਾਵਾਂ ਦੇ ਮਹਾਂਪੁਰਸ਼ਾਂ ਤੋਂ ਇਲਾਵਾ ਰਾਗੀ, ਢਾਡੀ ਜਥੇ ਵਿਸ਼ੇਸ਼ ਤੌਰ ’ਤੇ ਪਹੁੰਚ ਰਹੇ ਹਨ।

## 10 ਜ਼ਿੰਦਾ ਰੌਂਦ ਸਮੇਤ 2 ਘੜੀ ਵਾਲੇ ਸੈੱਲ ਬਰਾਮਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 10 ਜ਼ਿੰਦਾ ਰੌਂਦ ਮਾਰਕਾ 7.63 ਸਮੇਤ 2 ਘੜੀ ਵਾਲੇ ਸੈੱਲ ਬਰਾਮਦ ਕੀਤੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬਲਕਾਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਚੱਕ ਖੀਵਾ ਪੁੱਜੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਪੂਰਨ ਸਿੰਘ ਪੁੱਤਰ ਅਮੀਰ ਸਿੰਘ ਵਾਸੀ ਚੱਕ ਖੀਵਾ ਦੇ ਮੱਕੀ ਵਾਲੇ ਖੇਤ ਵਿੱਚੋਂ ਕਿਸੇ ਅਣਪਛਾਤੇ ਵਿਅਕਤੀਆਂ ਵੱਲੋਂ ਕੁਝ ਨਜਾਇਜ਼ ਜ਼ਿੰਦਾ ਰੌਂਦ ਜੋ ਕਿ ਪੁਲਸ ਜਾਂ ਬੀ.ਐੱਸ.ਐੱਫ. ਤੋਂ ਡਰਦੇ ਲੁਕਾ ਦਿੱਤੇ ਹਨ, ਜੇਕਰ ਸਰਚ ਕੀਤੀ ਜਾਵੇ ਤਾਂ ਹੋਰ ਅਸਲਾ ਮਿਲ ਸਕਦਾ ਹੈ, ਜਿਸ ’ਤੇ ਪੁਲਸ ਪਾਰਟੀ ਵੱਲੋਂ ਚਲਾਏ ਗਏ ਸਰਚ ਅਪ੍ਰੇਸ਼ਨ ਦੌਰਾਨ 10 ਜ਼ਿੰਦਾ ਰੌਂਦ ਮਾਰਕਾ 7.63 ਸਮੇਤ 2 ਘੜੀ ਵਾਲੇ ਸੈੱਲ ਬਰਾਮਦ ਕੀਤੇ ਗਏ ਹਨ। ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਨਰੇਗਾ ਮਜ਼ਦੂਰਾਂ ਵੱਲੋਂ ਡੀ ਸੀ ਦਫ਼ਤਰ ਵਿਖੇ ਅੱਜ ਧਰਨਾ ਮੁਲਤਵੀ

**ਮੋਗਾ (ਇਕਬਾਲ ਸਿੰਘ ਖਹਿਰਾ)**

ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਜ਼ਿਲ੍ਹਾ ਮੋਗਾ ਵੱਲੋਂ 21 ਮਾਰਚ ਨੂੰ ਡੀਸੀ ਦਫਤਰ ਅੱਗੇ ਦਿੱਤਾ ਜਾ ਰਿਹਾ ਧਰਨਾ ਕੁਝ ਨਾ ਟਾਲੇ ਜਾ ਸਕਣ ਵਾਲੇ ਕਾਰਨਾਂ ਕਰਕੇ ਮੁਲਤਵੀ ਕਰ ਦਿੱਤਾ ਗਿਆ ਹੈ। ਯੂਨੀਅਨ ਦੇ ਸੂਬਾ ਸਕੱਤਰ ਜਗਸੀਰ ਸਿੰਘ ਖੋਸਾ ਨੇ ਦੱਸਿਆ ਕਿ ਧਰਨੇ ਦੀ ਅਗਲੀ ਤਰੀਕ ਜਲਦੀ ਹੀ ਯੂਨੀਅਨ ਦੀ ਮੀਟਿੰਗ ਕਰਕੇ ਤੈਅ ਕੀਤੀ ਜਾਏਗੀ। ਉਨ੍ਹਾਂ ਅੱਗੇ ਕਿਹਾ ਕਿ ਨਰੇਗਾ ਪ੍ਰਸ਼ਾਸਨ ਵੱਲੋਂ ਮਜ਼ਦੂਰਾਂ ਨੂੰ ਕੰਮ ਮੰਗਣ ਦੀ ਰਸੀਦ ਨਾ ਦੇਣ ਕਰਕੇ ਉਨ੍ਹਾਂ ਨੂੰ 100 ਦਿਨਾਂ ਦੀ ਗਾਰੰਟੀ ਨਹੀਂ ਮਿਲ ਰਹੀ, ਬਲਕਿ ਨਰੇਗਾ ਪ੍ਰਸ਼ਾਸਨ ਆਪਣੀ ਮਰਜ਼ੀ ਨਾਲ ਥੋੜ੍ਹਾ-ਬਹੁਤਾ ਕੰਮ ਦੇ ਰਿਹਾ ਹੈ।ਆਪਣੇ 3 ਸਾਲ ਪੂਰੇ ਹੋਣ ’ਤੇ ਆਪਣੀਆਂ ਪ੍ਰਾਪਤੀਆਂ ਦਾ ਢਿੰਡੋਰਾ ਪਿੱਟ ਰਹੀ ਆਪ ਸਰਕਾਰ ਨੂੰ ਮੋਗਾ ਜ਼ਿਲ੍ਹੇ ਵਿੱਚ ਨਰੇਗਾ ਤਹਿਤ ਦਿੱਤੇ ਕੰਮ ਦੇ ਅੰਕੜਿਆਂ ’ਤੇ ਵੀ ਨਜ਼ਰ ਮਾਰਨੀ ਚਾਹੀਦੀ ਹੈ।31 ਮਾਰਚ ਨੂੰ ਚੱਲ ਰਿਹਾ ਆਰਥਿਕ ਸਾਲ ਖਤਮ ਹੋ ਜਾਵੇਗਾ।ਜ਼ਿਲ੍ਹੇ ਦੇ ਤਕਰੀਬਨ 36000 ਰੁਜ਼ਗਾਰ ਪ੍ਰਾਪਤ ਪਰਵਾਰਾਂ ਵਿਚੋਂ ਸਿਰਫ 60 ਪਰਿਵਾਰਾਂ ਨੂੰ ਹੀ 100 ਰੁਜ਼ਗਾਰ ਮਿਲਿਆ ਹੈ।12775 ਪਰਿਵਾਰਾਂ ਨੂੰ ਸਿਰਫ਼ 1 ਤੋਂ 14 ਦਿਨ ਦਾ ਰੁਜ਼ਗਾਰ ਮਹੁੱਈਆ ਕਰਾਇਆ ਗਿਆ ਅਤੇ ਸਿਰਫ 912 ਪਰਵਾਰ ਅਜਿਹੇ ਹਨ, ਜਿਨ੍ਹਾਂ ਨੂੰ 71ਤੋਂ 80 ਦਿਨਾਂ ਦਾ ਰੁਜ਼ਗਾਰ ਮਿਲਿਆ ਹੈ, ਜਦਕਿ ਸਾਰੇ ਐਕਟਿਵ ਪਰਿਵਾਰ 100 ਦਿਨ ਰੁਜ਼ਗਾਰ ਚਾਹੁੰਦੇ ਹਨ।ਜੇਕਰ ਸੂਬਾ ਸਰਕਾਰ ਮਜ਼ਦੂਰਾਂ ਨੂੰ ਉਨ੍ਹਾਂ ਦਾ ਕਾਨੂੰਨੀ ਹੱਕ ਵੀ ਨਹੀਂ ਦੇ ਸਕਦੀ ਤਾਂ ਫਿਰ ਹੋਰ ਮਜ਼ਦੂਰ ਇਸ ਸਰਕਾਰ ਤੋਂ ਕੀ ਆਸ ਰੱਖ ਸਕਦੇ ਹਨ। ਸਾਥੀ ਖੋਸਾ ਨੇ ਦੱਸਿਆ ਪਿਛਲੇ ਦਿਨੀਂ ਨਰੇਗਾ ਯੂਨੀਅਨ ਦਾ ਇੱਕ ਵਫ਼ਦ ਡਿਪਟੀ ਕਮਿਸ਼ਨਰ ਨੂੰ ਮਿਲਿਆ ਸੀ।ਉਨ੍ਹਾਂ ਜਲਦੀ ਨਰੇਗਾ ਪ੍ਰਸ਼ਾਸਨ ਦੀ ਯੂਨੀਅਨ ਨਾਲ ਮੀਟਿੰਗ ਕਰਾ ਕੇ ਨਰੇਗਾ ਸਬੰਧੀ ਮੰਗਾਂ, ਮੁਸ਼ਕਲਾਂ ਨੂੰ ਹੱਲ ਕਰਨ ਦਾ ਵਿਸ਼ਵਾਸ ਦਿਵਾਇਆ ਸੀ, ਪਰ ਇਸ ਸਬੰਧੀ ਹਾਲੇ ਤੱਕ ਕੋਈ ਮੀਟਿੰਗ ਨਹੀਂ ਸੱਦੀ ਗਈ, ਜਿਸ ਤੋਂ ਪ੍ਰਸ਼ਾਸਨ ਦਾ ਮਜ਼ਦੂਰਾਂ ਪ੍ਰਤੀ ਰੱਵਈਏ ਦਾ ਪਤਾ ਲੱਗਦਾ ਹੈ।

ਉਨ੍ਹਾਂ ਡਿਪਟੀ ਕਮਿਸ਼ਨਰ ਨੂੰ ਅਪੀਲ ਕੀਤੀ ਕਿ ਇਸ ਪਾਸੇ ਤੁਰੰਤ ਧਿਆਨ ਦਿੱਤਾ ਜਾਵੇ, ਤਾਂ ਕਿ ਨਰੇਗਾ ਮਜ਼ਦੂਰਾਂ ਨੂੰ ਉਨ੍ਹਾਂ ਦਾ ਹੱਕ ਮਿਲ ਸਕੇ।ਅੰਤ ਵਿੱਚ ਉਨ੍ਹਾਂ ਕਿਹਾ ਕਿ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ ) ਪਿਛਲੇ ਲੰਮੇ ਸਮੇਂ ਤੋਂ ਨਰੇਗਾ ਮਜ਼ਦੂਰਾਂ ਦੀ ਲੜਾਈ ਲੜ ਰਹੀ ਹੈ ਤੇ ਅੱਗੇ ਤੋਂ ਵੀ ਮਜ਼ਦੂਰਾਂ ਦੀਆਂ ਮੰਗਾਂ ਜਿਵੇਂ ਕਿ ਦਿਨਾਂ ਦੀ ਗਾਰੰਟੀ 200 ਦਿਨ ਕਰਾਉਣ, ਦਿਹਾੜੀ ਰੇਟ 1000 ਰੁਪਏ ਪ੍ਰਤੀ ਦਿਨ, ਕੰਮ ਵਾਲੀ ਜਗ੍ਹਾ ਤੇ ਮੌਤ ਜਾਂ ਪੂਰਨ ਅਪੰਗਤਾ ਤੇ ਐਕਸਗ੍ਰੇਸ਼ੀਆ ਗ੍ਰਾਂਟ 25000 ਤੋਂ ਵਧਾ ਕੇ 5 ਲੱਖ ਕਰਾਉਣ ਆਦਿ ਮੰਗਾਂ ਲਈ ਸੰਘਰਸ਼ ਜਾਰੀ ਰੱਖੇਗੀ।

## ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਧਿਗਾਣਾ ਮਾਈਨਰ ਦੇ ਨਵੀਨੀਕਰਨ ਦਾ ਉਦਘਾਟਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੇ ਖੇਤਾਂ ਤੱਕ ਪੂਰਾ ਨਹਿਰੀ ਪਾਣੀ ਪੁੱਜਦਾ ਕਰਨ ਲਈ ਲਗਾਤਾਰ ਨਹਿਰਾਂ ਤੇ ਖਾਲਿਆਂ ਨੂੰ ਪੱਕਾ ਕੀਤਾ ਜਾ ਰਿਹਾ ਹੈ।ਇਸੇ ਲੜੀ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਧਿਗਾਣਾ ਵਿਖੇ ਕੰਕਰੀਟ ਲਾਈਨਿੰਗ ਆਫ ਧਿਗਾਣਾ ਮਾਈਨਰ ਆਰ ਡੀ 0—3250 ਦਾ ਕੰਮ ਮੁਕੰਮਲ ਹੋਣ ’ਤੇ ਬੁੱਧਵਾਰ ਇਸ ਨਹਿਰ ਦਾ ਉਦਘਾਟਨ ਕੈਬਨਿਟ ਮੰਤਰੀ ਪੰਜਾਬ ਡਾ. ਬਲਜੀਤ ਕੌਰ ਵੱਲੋ ਕੀਤਾ ਗਿਆ ।ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਮਾਈਨਰ ਲਗਭਗ ਪਿਛਲੇ 30 ਸਾਲ ਤੋਂ ਕੱਚਾ ਚੱਲ ਰਿਹਾ ਸੀ।ਇਹ ਕੰਮ 23 ਲੱਖ ਰੁਪਏ ਦੀ ਲਾਗਤ ਨਾਲ ਪੂਰਾ ਕਰਵਾਇਆ ਗਿਆ ਹੈ, ਜਿਸ ਨਾਲ ਸਿੰਚਾਈ ਹੇਠ 1044 ਏਕੜ ਰਕਬੇ ਦੀ ਸਿੰਚਾਈ ਸੁਚੱਜੇ ਢੰਗ ਨਾਲ ਕੀਤੀ ਜਾਵੇਗੀ।ਡਾ. ਬਲਜੀਤ ਕੌਰ ਨੇ ਕਿਹਾ ਕਿ ਸਰਕਾਰ ਦੇ ਉੱਦਮ ਨਾਲ ਖੇਤਾਂ ਤੱਕ ਜਦੋਂ ਪੂਰਾ ਨਹਿਰੀ ਪਾਣੀ ਪਹੁੰਚ ਰਿਹਾ ਹੈ ਤਾਂ ਇਸ ਨਾਲ ਧਰਤੀ ਹੇਠਲੇ ਪਾਣੀ ’ਤੇ ਨਿਰਭਰਤਾ ਘਟਦੀ ਹੈ।ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਦੀ ਵਰਤੋਂ ਹੋਣ ਨਾਲ ਧਰਤੀ ਹੇਠਲੇ ਪਾਣੀ ਦੀ ਬੱਚਤ ਹੁੰਦੀ ਹੈ ਤੇ ਧਰਤੀ ਦੇ ਥੱਲੇ ਜਾ ਰਹੇ ਪਾਣੀ ਨੂੰ ਬਚਾਇਆ ਜਾ ਸਕਦਾ ਹੈ।ਇਸ ਮੌਕੇ ਕਾਰਜਕਾਰੀ ਇੰਜੀਨੀਅਰ ਰਮਨਪ੍ਰੀਤ ਸਿੰਘ ਮਾਨ ਤੇ ਉਪ-ਮੰਡਲ ਅਫਸਰ ਨਵਤੇਜ ਸਿੰਘ ਬਰਾੜ ਤੇ ਜੂਨੀਅਰ ਇੰਜੀਨੀਅਰ ਸਾਹਿਲ ਅਤੇ ਸ੍ਰੀ ਸਤਵੰਤ ਸਿੰਘ ਤੋਂ ਇਲਾਵਾ ਪਤਵੰਤੇ ਵਿਅਕਤੀ ਮੌਜੂਦ ਸਨ।

## ਚੋਟੀ ਦੇ ਕਿਸਾਨ ਆਗੂਆਂ ਨੂੰ ਗ੍ਰਿਫ਼ਤਾਰ ਕਰਨ ਤੇ ਸ਼ੰਭੂ, ਖਨੌਰੀ ਮੋਰਚਿਆਂ ਨੂੰ ਖਿਡਾਉਣ ਦੀ ਭਾਕਿਯੂ ਏਕਤਾ ਉਗਰਾਹਾਂ ਵੱਲੋਂ ਸਖ਼ਤ ਨਿਖੇਧੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੇਂਦਰੀ ਤੇ ਪੰਜਾਬ ਦੇ ਮੰਤਰੀਆਂ ਦੁਆਰਾ ਹੱਕੀ ਕਿਸਾਨੀ ਮੰਗਾਂ ਨੂੰ ਲੈ ਕੇ 13 ਮਹੀਨਿਆਂ ਤੋਂ ਸ਼ੰਭੂ, ਖਨੌਰੀ ਸ਼ਾਂਤਮਈ ਮੋਰਚਿਆਂ ਵਿੱਚ ਬੈਠੇ ਕਿਸਾਨਾਂ ਦੇ ਆਗੂਆਂ ਨਾਲ ਸੱਤਵੇਂ ਗੇੜ ਦੀ ਗੱਲਬਾਤ ਤੋਂ ਬਾਅਦ ਉਨ੍ਹਾਂ ਨੂੰ ਚੰਡੀਗੜ੍ਹ ਬਾਰਡਰ ’ਤੇ ਗ੍ਰਿਫਤਾਰ ਕਰਨ ਤੇ ਮੋਰਚਿਆਂ ’ਚ ਸ਼ਾਮਲ ਕਿਸਾਨਾਂ ਨੂੰ ਧੱਕੇਸ਼ਾਹੀ ਨਾਲ਼ ਖਿਡਾਉਣ ਲਈ ਭਾਰੀ ਪੁਲਸ ਫੋਰਸ ਤਾਇਨਾਤ ਕਰਨ ਦੀ ਭਾਕਿਯੂ ਏਕਤਾ ਉਗਰਾਹਾਂ ਵੱਲੋਂ ਸਖ਼ਤ ਨਿਖੇਧੀ ਕੀਤੀ ਗਈ ਹੈ।ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਵੱਲੋਂ ਇੱਥੇ ਜਾਰੀ ਕੀਤੇ ਗਏ ਸਾਂਝੇ ਬਿਆਨ ਰਾਹੀਂ ਸਰਕਾਰਾਂ ਦੇ ਇਸ ਜਾਬਰ ਵਤੀਰੇ ਨੂੰ ਕਿਸਾਨਾਂ ਨਾਲ਼ ਦੁਸ਼ਮਣੀ ਕਰਾਰ ਦਿੱਤਾ ਗਿਆ ਹੈ। ਪਤਾ ਲੱਗਾ ਹੈ ਕਿ ਸ਼ੰਭੂ ਬਾਰਡਰ ’ਤੇ ਤਾਂ ਕਿਸਾਨਾਂ ਨੂੰ ਲਾਠੀਆਂ ਨਾਲ ਖਦੇੜਨ ਲਈ ਤਾਣ ਲਾਇਆ ਜਾ ਰਿਹਾ ਹੈ ਅਤੇ ਭੰਨਤੋੜ ਵਰਗੇ ਹੋਰ ਜਾਬਰ ਹਥਕੰਡੇ ਵੀ ਵਰਤੇ ਜਾਣਗੇ।ਔਰਤਾਂ ਬੱਚਿਆਂ ਨੂੰ ਵੀ ਨਹੀਂ ਬਖਸ਼ਿਆ ਜਾਣਾ।ਉਨ੍ਹਾਂ ਦੋਸ਼ ਲਾਇਆ ਕਿ ਪਹਿਲਾਂ ਚੰਡੀਗੜ੍ਹ ਮੋਰਚੇ ਵੇਲੇ ਐੱਸ ਕੇ ਐੱਮ ਦੇ ਸੈਂਕੜੇ ਆਗੂਆਂ ਨੂੰ ਗ੍ਰਿਫਤਾਰ ਕਰਨ ਤੇ ਹੁਣ ਇਹ ਜਾਬਰ ਹੱਲਾ ਸਰਕਾਰਾਂ ਦਾ ਕਾਰਪੋਰੇਟ ਨੀਤੀਆਂ ਪ੍ਰਤੀ ਡੁੱਲ੍ਹ ਡੁੱਲ੍ਹ ਪੈਂਦੇ ਹੇਜ ਤੇ ਕਿਸਾਨਾਂ ਨਾਲ਼ ਨੰਗੀ ਚਿੱਟੀ ਦੁਸ਼ਮਣੀ ਦਾ ਸਬੂਤ ਹੈ।ਮੋਦੀ ਸਰਕਾਰ ਵੱਲੋਂ ਸਾਮਰਾਜੀ ਅਮਰੀਕਾ ਨਾਲ਼ ਖੁੱਲ੍ਹੇ ਵਪਾਰ ਦਾ ਸਮਝੌਤਾ ਤੇ ਹੋਰ ਸਾਮਰਾਜੀ ਤਾਕਤਾਂ ਨਾਲ ਅਜਿਹੇ ਮੇਲ ਮਿਲਾਪ ਦੇ ਯਤਨ ਇਹੀ ਦਰਸਾਉਂਦੇ ਹਨ।ਉਨ੍ਹਾਂ ਵੱਲੋਂ ਮੰਗ ਕੀਤੀ ਗਈ ਹੈ ਕਿ ਖੁਦ ਹਰਿਆਣਾ ਪੁਲਸ ਵੱਲੋਂ ਜਾਮ ਕੀਤੇ ਕੌਮੀ ਸੜਕ ਮਾਰਗ ਖੁੱਲ੍ਹਵਾਉਣ ਦੀ ਬਜਾਏ ਕਿਸਾਨਾਂ ’ਤੇ ਜਬਰ ਢਾਹੁਣਾ ਜਮਹੂਰੀਅਤ ਦੀਆਂ ਧੱਜੀਆਂ ਉਡਾਉਣਾ ਹੈ।ਪੂਰੇ ਦੇਸ਼ ਦੇ ਕਿਸਾਨ ਐੱਮ ਐੱਸ ਪੀ ਦੀ ਕਾਨੂੰਨੀ ਗਰੰਟੀ ਸਮੇਤ ਦਿੱਲੀ ਘੋਲ਼ ਮੁਲਤਵੀ ਕਰਨ ਸਮੇਂ ਕੇਂਦਰੀ ਖੇਤੀ ਮੰਤਰਾਲੇ ਵੱਲੋਂ ਜਾਰੀ ਕੀਤੇ ਗਏ ਲਿਖਤੀ ਵਾਅਦਾ ਪੱਤਰ ਦੀਆਂ ਸਾਰੀਆਂ ਮੰਗਾਂ ਤੇ ਨਵਾਂ ਖੇਤੀ ਮੰਡੀਕਰਨ ਨੀਤੀ ਖਰੜਾ ਰੱਦ ਕਰਨ ਦੀਆਂ ਬਿਲਕੁਲ ਹੱਕੀ ਮੰਗਾਂ ਲਈ ਲਗਾਤਾਰ ਸੰਘਰਸ਼ਸ਼ੀਲ ਹਨ।ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਗ੍ਰਿਫਤਾਰ ਕਿਸਾਨ ਆਗੂਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਤੇ ਕਿਸਾਨ ਸੰਘਰਸ਼ ਦੀਆਂ ਇਹ ਹੱਕੀ ਮੰਗਾਂ ਤੁਰੰਤ ਪੂਰੀਆਂ ਕੀਤੀਆਂ ਜਾਣ।ਕਿਸਾਨ ਆਗੂਆਂ ਨੇ ਸਮੂਹ ਕਿਸਾਨਾਂ ਮਜ਼ਦੂਰਾਂ ਤੇ ਸਾਮਰਾਜ ਪੱਖੀ ਨੀਤੀਆਂ ਦੇ ਝੰਬੇ ਮੁਲਾਜ਼ਮਾਂ, ਛੋਟੇ ਵਪਾਰੀਆਂ ਆਦਿ ਸਾਰੇ ਕਿਰਤੀ ਲੋਕਾਂ ਨੂੰ ਸਾਂਝੇ ਸੰਘਰਸ਼ਾਂ ਦੇ ਮੈਦਾਨ ਵਿੱਚ ਨਿੱਤਰਨ ਦਾ ਸੱਦਾ ਦਿੱਤਾ ਹੈ।

## ਵਿਧਾਇਕ ਲਾਡੀ ਢੋਸ ਦੀ ਅਗਵਾਈ ਹੇਠ ਕੋਈ ਮਕਾਨ ਕੱਚਾ ਰਹਿਣ ਨਹੀਂ ਦਿੱਤਾ ਜਾਵੇਗਾ : ਰਿੰਪੀ ਖੋਸਾ



**ਕੋਟ ਈਸੇ ਖਾਂ (ਅਰੋੜਾ)**-ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਪਿੰਡ ਖੋਸਾ ਰਣਧੀਰ ਵਿਖੇ ਸਰਪੰਚ ਰਮਨਦੀਪ ਸਿੰਘ ਰਿੰਪੀ ਦੀ ਅਗਵਾਈ ਹੇਠ ਸਮੂਹ ਪੰਚਾਇਤ ਮੈਂਬਰਾਂ ਵੱਲੋਂ ਕੱਚੇ ਘਰਾਂ ਦਾ ਸਰਵੇ ਕੀਤਾ ਗਿਆ।ਇਸ ਸਮੇਂ ਸਰਪੰਚ ਰਮਨਦੀਪ ਸਿੰਘ ਨੇ ਵਿਧਵਾ ਅਮਨਦੀਪ ਕੌਰ ਦੇ ਘਰ ਦਾ ਸਰਵੇ ਕਰਦਿਆਂ ਕਿਹਾ ਕਿ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਪਿੰਡ ਵਿੱਚ ਕੋਈ ਵੀ ਮਕਾਨ ਕੱਚਾ ਨਹੀਂ ਰਹਿਣ ਦਿੱਤਾ ਜਾਵੇਗਾ।ਉਨ੍ਹਾ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਘੱਟ ਆਮਦਨ ਵਾਲੇ ਪਰਵਾਰਾਂ ਨੂੰ ਘਰ ਬਣਾਉਣ ਲਈ ਸਹਾਇਤਾ ਦਿੱਤੀ ਜਾਂਦੀ ਹੈ, ਜਦਕਿ ਉਸ ਪਰਵਾਰ ਦਾ ਨਰੇਗਾ ਵਾਲਾ ਜੌਬ ਕਾਰਡ ਬਣਿਆ ਹੋਣਾ ਜ਼ਰੂਰੀ ਹੈ।ਇਹ ਸਹਾਇਤਾ ਪ੍ਰਾਪਤ ਕਰਨ ਲਈ ਪਿੰਡ ਵਾਸੀਆਂ ਨੂੰ ਆਪਣੇ ਦਸਤਾਵੇਜ਼ ਪੂਰੇ ਕਰਨ ਲਈ ਕਿਹਾ ਤਾਂ ਜੋ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ।ਸਮੂਹ ਪੰਚਾਇਤ ਨੇ ਘਰ ਘਰ ਜਾ ਕੇ ਉਨ੍ਹਾਂ ਪਰਵਾਰਾਂ ਦੀ ਜਾਂਚ ਕੀਤੀ, ਜੋ ਸਰਕਾਰ ਵੱਲੋਂ ਘਰ ਬਣਾਉਣ ਲਈ ਆਵਾਸ ਯੋਜਨਾ ਅਧੀਨ ਤਹਿਤ ਲਾਭ ਪ੍ਰਾਪਤ ਕਰਨ ਦੇ ਹੱਕਦਾਰ ਹਨ।ਇਸ ਮੌਕੇ ਉਨ੍ਹਾਂ ਨਾਲ ਮੰਦਰ ਸਿੰਘ ਮੈਂਬਰ, ਗੁਰਵਿੰਦਰ ਸਿੰਘ ਮੈਂਬਰ, ਲਖਬੀਰ ਸਿੰਘ ਮੈਂਬਰ, ਸਾਧੂ ਸਿੰਘ ਮੈਂਬਰ, ਰਣਜੀਤ ਸਿੰਘ ਬਬਲੂ ਮੈਂਬਰ ਆਦਿ ਹਾਜ਼ਰ ਸਨ।

## ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਨੇ ਵਿਧਾਇਕ ਬੁੱਧ ਰਾਮ ਨੂੰ ਸੌਂਪਿਆ ਮੰਗ ਪੱਤਰ



**ਮਾਨਸਾ (ਆਤਮਾ ਸਿੰਘ ਪਮਾਰ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਮਾਨਸਾ ਦੇ ਜ਼ਿਲ੍ਹਾ ਕਨਵੀਨਰ ਦਰਸ਼ਨ ਅਲੀਸ਼ੇਰ, ਕੋ-ਕਨਵੀਨਰ ਲਖਵਿੰਦਰ ਮਾਨ ਤੇ ਸੂਬਾਈ ਕੋ-ਕਨਵੀਨਰ ਕਰਮਜੀਤ ਤਾਮਕੋਟ ਦੀ ਅਗਵਾਈ ’ਚ ਸੂਬਾ ਪੱਧਰੀ ਉਲੀਕੇ ਪ੍ਰੋਗਰਾਮ ਤਹਿਤ ਹਲਕਾ ਵਿਧਾਇਕ ਬੁਢਲਾਡਾ ਬੁੱਧ ਰਾਮ ਨੂੰ ਪੁਰਾਣੀ ਪੈਨਸ਼ਨ ਬਹਾਲ ਕਰਵਾਉਣ ਲਈ ਮੰਗ ਪੱਤਰ ਸੌਂਪਿਆ।ਆਗੂਆਂ ਨੇ ਵਿਧਾਇਕ ਕੋਲ ਪੁਰਾਣੀ ਪੈਨਸ਼ਨ ਸੰਬੰਧੀ ਪੰਜਾਬ ਸਰਕਾਰ ਦੁਆਰਾ ਕੀਤੇ ਗਏ ਨੋਟੀਫਿਕੇਸ਼ਨ ਦੀ ਯਾਦ ਦਿਵਾਉਂਦਿਆਂ ਕਿਹਾ ਕਿ ਸਰਕਾਰ ਨੇ ਪੁਰਾਣੀ ਪੈਨਸ਼ਨ ਬਹਾਲ ਦਾ ਨੋਟੀਫਿਕੇਸ਼ਨ ਤਾਂ ਕਰ ਦਿੱਤਾ, ਪ੍ਰੰਤੂ ਲਾਗੂ ਕਰਨਾ ਭੁੱਲ ਗਈ ਹੈ।ਆਗੂਆਂ ਨੇ ਹਲਕਾ ਵਿਧਾਇਕ ਨੂੰ ਆਗਾਮੀ ਬਜਟ ਸੈਸ਼ਨ ਤੋਂ ਪਹਿਲਾਂ ਮਾਨਯੋਗ ਮੁੱਖ ਮੰਤਰੀ ਕੋਲ ਇਹ ਮੰਗ ਲਾਗੂ ਕਰਵਾਉਣ ਦੀ ਜ਼ੋਰਦਾਰ ਵਕਾਲਤ ਕਰਨ ਤੇ ਵਿਧਾਨ ਸਭਾ ਸੈਸ਼ਨ ਦੌਰਾਨ ਵੀ ਪੁਰਾਣੀ ਪੈਨਸ਼ਨ ਦੀ ਬਹਾਲੀ ਦਾ ਮੁੱਦਾ ਜ਼ਰੂਰ ਉਠਾਉਣ ਦੀ ਜ਼ੋਰਦਾਰ ਅਪੀਲ ਕੀਤੀ।ਵਿਧਾਇਕ ਬੁੱਧ ਰਾਮ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਉਹ ਇਸ ਮੰਗ ਨੂੰ ਮੁੱਖ ਮੰਤਰੀ ਕੋਲ ਹਰ ਹਾਲਤ ’ਚ ਪਹੁੰਚਣਗੇ ਤੇ ਸੈਸ਼ਨ ਦੌਰਾਨ ਵੀ ਮੁੱਦਾ ਰੱਖਣਗੇ। ਵਫ਼ਦ ਵਿੱਚ ਹਰਜਿੰਦਰ ਅਨੂਪਗੜ੍ਹ, ਰਾਜਵਿੰਦਰ ਬੈਹਣੀਵਾਲ, ਗੁਰਦੀਪ ਬਰਨਾਲਾ, ਗੁਰਪ੍ਰੀਤ ਦਲੇਲਵਾਲਾ, ਸ਼ਿੰਗਾਰਾ ਸਿੰਘ ਦਲੇਲਵਾਲਾ, ਰਾਜਿੰਦਪਾਲ ਜਵਾਹਰਕੇ, ਰਣਜੀਤ ਮਾਨ, ਮੱਘਰ ਹਾਕਮਵਾਲਾ, ਸੰਜੀਵ ਬੁਢਲਾਡਾ, ਜਸਵਿੰਦਰ ਮੰਡੇਰ, ਸੁੱਖਵਿੰਦਰ ਗਾਮੀਵਾਲਾ, ਰਾਜਿੰਦਰ ਸਿੰਘ ਐੱਚ ਟੀ, ਕੁਲਦੀਪ ਅੱਕਾਂਵਾਲੀ, ਸਿਕੰਦਰ ਦਲੇਲਵਾਲਾ, ਕੁਲਵਿੰਦਰ ਦਲੇਲਵਾਲਾ, ਜਸਵਿੰਦਰ ਕਾਮਰੇਡ ਆਦਿ ਆਗੂ ਹਾਜ਼ਰ ਸਨ।

## 600 ਬੋਤਲਾਂ ਅੰਗਰੇਜ਼ੀ ਸ਼ਰਾਬ ਸਮੇਤ ਦੋ ਕਾਰ ਸਵਾਰ ਕਾਬੂ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸੀ ਆਈ ਏ ਸਟਾਫ ਬਰਨਾਲਾ ਨੇ ਇੱਕ ਕਾਰ ਦੀ ਤਲਾਸ਼ੀ ਦੌਰਾਨ 50 ਪੇਟੀਆਂ (600 ਬੋਤਲਾਂ) ਅੰਗਰੇਜ਼ੀ ਸ਼ਰਾਬ ਬਰਾਮਦ ਕਰਕੇ ਦੋ ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਹੈ।ਥਾਣਾ ਠੁੱਲੀਵਾਲ ਦੇ ਮੁੱਖ ਅਫ਼ਸਰ ਮੈਡਮ ਕਿਰਨਜੀਤ ਕੌਰ ਨੇ ਦੱਸਿਆ ਕਿ ਇਹ ਕਾਰਵਾਈ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਐੱਸ.ਐੱਸ.ਪੀ. ਬਰਨਾਲਾ, ਮੁਹੰਮਦ ਸਰਫਰਾਜ਼ ਆਲਮ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੀਤੀ ਗਈ।ਉਨ੍ਹਾਂ ਦੱਸਿਆ ਕਿ ਸੀ ਆਈ ਏ ਸਟਾਫ ਬਰਨਾਲਾ ਦੀ ਟੀਮ ਨੇ ਹੌਲਦਾਰ ਦਲਜੀਤ ਸਿੰਘ ਦੀ ਅਗਵਾਈ ਹੇਠ ਥਾਣਾ ਠੁੱਲੀਵਾਲ ਪੁਲਸ ਦੇ ਸਹਿਯੋਗ ਨਾਲ ਮਿਲੀ ਸੂਚਨਾ ਦੇ ਆਧਾਰ ’ਤੇ ਪਿੰਡ ਮਨਾਲ ਤੋਂ ਬਰਨਾਲਾ ਵੱਲ ਜਾ ਰਹੀ ਇੱਕ ਸ਼ੱਕੀ ਸਵਿਫਟ ਕਾਰ ਨੂੰ ਰੋਕਿਆ।ਤਲਾਸ਼ੀ ਦੌਰਾਨ ਕਾਰ ਵਿੱਚੋਂ 600 ਬੋਤਲਾਂ ਅੰਗਰੇਜ਼ੀ ਸ਼ਰਾਬ ਬਰਾਮਦ ਹੋਈ।ਪੜਤਾਲ ਉਪਰੰਤ ਮੁਲਜ਼ਮਾਂ ਦੀ ਪਹਿਚਾਣ ਹਰਜਿੰਦਰ ਸਿੰਘ ਤੇ ਜਸਵੀਰ ਸਿੰਘ ਵਾਸੀ ਲੋਹਾਖੇੜਾ (ਲੌਂਗੋਵਾਲ) ਵਜੋਂ ਹੋਈ।ਇਸ ਸਬੰਧੀ ਥਾਣਾ ਠੁੱਲੀਵਾਲ ’ਚ ਪਰਚਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

# ਅਕਾਲੀ ਦਲ ਜ਼ਮੀਨ ਨਾਲ ਜੁੜ ਕੇ ਲੋਕਾਂ ਦੀ ਸੇਵਾ ਕਰਨ ਲਈ ਵਚਨਬੱਧ : ਜਥੇ. ਮਾਹਲਾ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਅਕਾਲੀ ਦਲ ਸਦਾ ਤੋਂ ਸਿੱਖ ਕੌਮ ਦੇ ਹੱਕਾਂ ਦੀ ਰੱਖਿਆ ਕਰਨ ਵਾਲੀ ਪਾਰਟੀ ਰਹੀ ਹੈ।ਪਾਰਟੀ ਨੇ ਨਾ ਸਿਰਫ ਧਾਰਮਿਕ ਮੁੱਦਿਆਂ ਨੂੰ ਸੇਧ ਦਿੱਤੀ ਹੈ, ਸਗੋਂ ਪੰਜਾਬ ਦੇ ਲੋਕਾਂ ਦੇ ਆਰਥਿਕ ਅਤੇ ਸਮਾਜਿਕ ਹਿੱਤਾਂ ਦੀ ਰੱਖਿਆ ਲਈ ਵੀ ਅਹਿਮ ਯੋਗਦਾਨ ਪਾਇਆ ਹੈ।ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਚੜ੍ਹਦੀ ਕਲਾ ਲਈ ਹਰ ਇਕ ਵਰਗ ਦੇ ਲੋਕਾਂ ਨੂੰ ਇਸ ਦੇ ਨਾਲ ਜੁੜਨ ਦੀ ਜ਼ਰੂਰਤ ਹੈ, ਤਾਂ ਜੁ ਪਾਰਟੀ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜਗਮੋਹਨ ਸਿੰਘ ਜੈ ਸਿੰਘ ਵਾਲਾ, ਲਵਲੀ ਬਾਂਸਲ ਲਧਾਈਕੇ ਵਾਲੇ, ਰਾਕੇਸ਼ ਜਿੰਦਲ ਤੋਤਾ ਤੇ ਵਿੱਕੀ ਫੂਲੇਵਾਲੀਆ ਨੇ ਜ਼ੋਰ ਦਿੱਤਾ ਕਿ ਪਾਰਟੀ ਦੇ ਸੰਸਕਾਰਾਂ ਤੇ ਇਤਿਹਾਸਕ ਦਾਅਵੇ ਨੂੰ ਅੱਗੇ ਵਧਾਉਣ ਲਈ ਪਾਰਟੀ ਵਰਕਰਾਂ ਨੂੰ ਇਮਾਨਦਾਰੀ ਨਾਲ ਆਪਣਾ ਕੰਮ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਤੀ ਉਨ੍ਹਾਂ ਦੀ ਸਮਰਪਣ ਦੀ ਭਾਵਨਾ ਅਟੁੱਟ ਹੈ ਤੇ ਉਹ ਹਮੇਸ਼ਾ ਪਾਰਟੀ ਦੇ ਪ੍ਰਤੀ ਵਫ਼ਾਦਾਰ ਰਹੇ ਹਨ। ਉਨ੍ਹਾਂ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਵਿਚ ਹਲਕਾ ਬਾਘਾ ਪੁਰਾਣਾ ਅੰਦਰ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਮਜ਼ਬੂਤ ਹੈ ਅਤੇ ਲੋਕ ਪਾਰਟੀ ਦੇ ਨਾਲ ਦਿਨੋਂ ਦਿਨ ਜੁੜ ਰਹੇ ਹਨ।ਉਨ੍ਹਾਂ ਅੱਗੇ ਦੱਸਿਆ ਕਿ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਹੀ ਪਾਰਟੀ ਪੂਰੀ ਤਰ੍ਹਾਂ ਮਜ਼ਬੂਤ ਹੋ ਸਕਦੀ ਇਸ ਲਈ ਹਰ ਪਾਰਟੀ ਆਗੂ ਤੇ ਵਰਕਰ ਨੂੰ ਇਸ ਔਖੇ ਸਮੇਂ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਨਾਲ ਖੜਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਕਾਂਗਰਸ ਪਾਰਟੀ ਤੇ ਮੌਜੂਦ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੂਰੀ ਤਰ੍ਹਾਂ ਮੋਹ ਭੰਗ ਹੋ ਚੁੱਕਾ ਹੈ ਤੇ ਲੋਕ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਲ ਨੂੰ ਅੱਜ ਯਾਦ ਕਰ ਰਹੇ ਹਨ, ਕਿਉਂਕਿ ਜਿਨ੍ਹਾਂ ਵੀ ਸੂਬੇ ਤੇ ਹਲਕਾ ਬਾਘਾ ਪੁਰਾਣਾ ਵਿਕਾਸ ਹੋਇਆ ਹੈ, ਉਹ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਹੀ ਹੋਇਆ ਹੈ।ਇਸ ਲਈ ਲੋਕ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਪੰਜਾਬ ਵਿਚ ਮੁੜ ਸੱਤਾ ਵਿਚ ਲਿਆਉਣਾ ਚਾਹੁੰਦੇ ਹਨ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜਗਮੋਹਨ ਸਿੰਘ ਜੈ ਸਿੰਘ ਵਾਲਾ, ਲਵਲੀ ਬਾਂਸਲ ਲਧਾਈਕੇ ਵਾਲੇ, ਰਾਕੇਸ਼ ਜਿੰਦਲ ਤੋਤਾ ਤੇ ਵਿੱਕੀ ਫੂਲੇਵਾਲੀਆ ਨੇ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ ਤੇ ਹਲਕਾ ਬਾਘਾ ਪੁਰਾਣਾ ਤੋਂ ਜਥੇਦਾਰ ਤੀਰਥ ਸਿੰਘ ਮਾਹਲਾ ਵੱਡੀ ਲੀਡ ਨਾਲ ਜਿੱਤ ਦਰਜ ਕਰਨਗੇ।

## ਲੋੜਵੰਦ ਬਜ਼ੁਰਗ ਨੂੰ ਟਰਾਈ ਸਾਈਕਲ ਦਿੱਤਾ



**ਜਗਰਾਓਂ (ਅਮਿਤ ਖੰਨਾ)**-ਆਲ ਇੰਡੀਆ ਹਿਊਮਨ ਰਾਈਟਸ ਟੀਮ ਦੀ ਅਗਵਾਈ ਹੇਠ ਲੋੜਵੰਦ ਬਜ਼ੁਰਗ ਨੂੰ ਟਰਾਈ ਸਾਈਕਲ ਦਿੱਤਾ ਗਿਆ। ਪ੍ਰਧਾਨ ਮਨਜਿੰਦਰ ਪਾਲ ਸਿੰਘ ਹਨੀ ਅਤੇ ਸੈਕਟਰੀ ਫਾਇਨਾਂਸ ਰਾਜਨ ਬਾਂਸਲ ਨੇ ਦੱਸਿਆ ਕਿ ਸੰਸਥਾ ਦੇ ਲੀਗਲ ਐਡਵਾਈਜ਼ਰ ਦਿਨੇਸ਼ ਕਤਿਆਲ ਦੀ ਪ੍ਰੇਰਨਾ ਸਦਕਾ ਕਨੇਡਾ ਵਾਸੀ ਸ਼ਿਵਦੀਪ ਸਿੰਘ ਰੂਮੀ ਨੇ ਲੱਤਾਂ ਤੋਂ ਅਪਾਹਜ ਵਿਅਕਤੀ ਨੂੰ ਟਰਾਈ ਸਾਈਕਲ ਦਿੱਤਾ। ਸ਼ਿਵਦੀਪ ਸਿੰਘ ਕਨੇਡਾ ਨੇ ਕਿਹਾ ਕਿ ਉਹ ਆਲ ਇੰਡੀਆ ਹਿਊਮਨ ਰਾਈਟਸ ਟੀਮ ਨਾਲ ਮੋਢੇ ਨਾਲ ਮੋਢਾ ਜੋੜ ਕੇ ਲੋਕ ਭਲਾਈ ਦੇ ਕੰਮਾਂ ਵਿੱਚ ਹਿੱਸਾ ਪਾਉਣਗੇ। ਸ਼ਿਵਦੀਪ ਸਿੰਘ ਹਾਕੀ ਦੇ ਉੱਚ ਕੋਟੀ ਦੇ ਖਿਡਾਰੀ ਵੀ ਹਨ। ਸੰਸਥਾ ਦੇ ਪਬਲਿਕ ਡੀਲਿੰਗ ਅਫ਼ਸਰ ਦੀਪਕ ਸੇਠੀ ਨੇ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ

# ਲੋਕ ਨਿਰਮਾਣ ਮੰਤਰੀ ਨੇ ਡੇਹਰੀਵਾਲ 'ਚ ਸੜਕ ਦਾ ਰੱਖਿਆ ਨੀਂਹ ਪੱਥਰ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਤਹੱਈਆ ਕੀਤਾ ਹੈ ਕਿ ਨਸ਼ਿਆਂ ਨੂੰ ਜੜ੍ਹ ਤੋਂ ਪੁੱਟਿਆ ਜਾਵੇ ਅਤੇ ਇਸ ਦੀ ਵਿਕਰੀ ਕਰਨ ਵਾਲਿਆਂ ਨੂੰ ਸਖਤ ਸਜ਼ਾ ਦਿੱਤੀ ਜਾਵੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਅੱਜ ਜੰਡਿਆਲਾ ਗੁਰੂ ਹਲਕੇ ਅਧੀਨ ਪੈਂਦੇ ਬਲਾਕ ਤਰਸਿੱਕਾ ਦੇ ਪਿੰਡ ਡੇਹਰੀਵਾਲ ਵਿੱਚ ਕਰੀਬ 8 ਕਰੋੜ 80 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਪਿੰਡ ਡੇਹਰੀਵਾਲ ਤੋਂ ਮਹਿਸਮਪੁਰ, ਜਸਪਾਲ ਨੂੰ ਜਾਂਦੀ ਸੜਕ ਨੂੰ ਅਪਗਰੇਡ ਕਰਕੇ 10 ਫੁੱਟ ਤੋਂ 18 ਫੁੱਟ ਚੌੜਿਆਂ ਕਰਨ ਦਾ ਨੀਂਹ ਪੱਥਰ ਰੱਖਣ ਮੌਕੇ ਸੰਬੋਧਨ ਕਰਦਿਆਂ ਕੀਤਾ। ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਸਪੈਸ਼ਲ ਅਸੈਸਮੈਂਟ ਸਕੀਮ ਅਧੀਨ ਇਨ੍ਹਾਂ ਸੜਕਾ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਕੋਈ ਵੀ ਅਜਿਹੀ ਸੜਕ ਨਹੀਂ ਰਹਿਣ ਦਿਆਂਗੇ ਜਿਸ ਕਾਰਨ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇ। ਉਹਨਾਂ ਕਿਹਾ ਕਿ ਜਿਸ ਤਰ੍ਹਾਂ ਤੁਸੀਂ 22 ਵਿੱਚ ਸਾਡਾ ਸਾਥ ਦਿੱਤਾ ਤੇ ਸਾਡੀ ਸਰਕਾਰ ਬਣਾਈ ਹੁਣ ਸਰਕਾਰ ਵੱਲੋਂ ਜੋ ਨਸ਼ੇ ਵਿਰੁੱਧ ਮੁਹਿੰਮ ਚਲਾਈ ਗਈ ਹੈ ਉਸ ਵਿੱਚ ਵੀ ਸਰਕਾਰ ਦਾ ਪੂਰਾ ਸਾਥ ਦਿੱਤਾ ਜਾਵੇ। ਕਿਸੇ ਵੀ ਤਰ੍ਹਾਂ ਦਾ ਕੋਈ ਨਸ਼ਾ ਤਸਕਰ ਹੈ ਉਸ ਵਿਰੁੱਧ ਜਨ ਅੰਦੋਲਨ ਬਣਾਉਣ ਦੀ ਲੋੜ ਹੈ। ਪਿੰਡ ਦੀ ਪੰਚਾਇਤ ਨੂੰ ਅਪੀਲ ਕੀਤੀ ਕਿ ਪਿੰਡ ਵਿੱਚ ਕਿਸੇ ਵੀ ਨਸ਼ਾ ਤਸਕਰ ਦੀ ਮਦਦ ਨਾ ਕੀਤੀ ਜਾਵੇ। ਉਹਨਾਂ ਦੱਸਿਆ ਕਿ ਇੱਕ ਅਪ੍ਰੈਲ ਤੋਂ ਅਸੀਂ ਇੱਕ ਹੋਰ ਮੁਹਿੰਮ ਛੇੜ ਰਹੇ ਹਾਂ, ਜਿਸ ਵਿੱਚ ਅਸੀਂ ਪਿੰਡਾਂ ਵਿੱਚ ਜਾ ਕੇ ਪੰਚਾਇਤਾਂ ਨੂੰ ਨਾਲ ਲੈ ਕੇ ਪਿੰਡਾਂ ਦੇ ਲੋਕਾਂ ਤੋਂ ਪੁੱਛਾਂਗੇ ਅਤੇ ਜਦੋਂ ਪੰਜਾਬ ਨਸ਼ਾ ਮੁਕਤ ਹੋ ਜਾਵੇਗਾ ਤਦ ਹੀ ਆਰਾਮ ਨਾਲ ਬੈਠਾਂਗੇ । ਚਾਹੇ ਸਾਨੂੰ ਕਿਸੇ ਵੀ ਤਰ੍ਹਾਂ ਦਾ ਲੀਗਲ ਐਕਸ਼ਨ ਲੈਣਾ ਪਵੇ। ਇਸ ਲਈ ਮੇਰੀ ਨਸ਼ਾ ਤਸਕਰਾਂ ਨੂੰ ਚੇਤਾਵਨੀ ਹੈ ਕਿ ਉਹ ਜਾਂ ਤਾਂ ਇਹ ਗੋਰਖ ਧੰਦਾ ਬੰਦ ਕਰ ਦੇਣ ਜਾਂ ਫਿਰ ਪੰਜਾਬ ਛੱਡ ਕੇ ਕਿਤੇ ਹੋਰ ਚਲੇ ਜਾਣ। ਇਸ ਮੌਕੇ ਮੈਡਮ ਸੁਹਿੰਦਰ ਕੌਰ, ਸਰਪੰਚ ਪਰਮਿੰਦਰ ਸਿੰਘ ਡੇਹਰੀਵਾਲ, ਸਾਬਕਾ ਸਰਪੰਚ ਪਰਮਜੀਤ ਸਿੰਘ ਡੇਹਰੀਵਾਲ, ਸਰਪੰਚ ਚਰਨਜੀਤ ਸਿੰਘ ਕੋਟਸ਼ਾਤ, ਸਰਪੰਚ ਗਿੰਦੂ ਬੇਰੀਆਂ, ਸਰਪੰਚ ਲਵਲੀ ਭੱਟੀ ਕੇ, ਬੂਟਾ ਸਿੰਘ ਜਲਾਲ, ਰਾਣਾ ਔਜਲਾ, ਜਸ਼ਨ ਔਜਲਾ, ਗੁਰਪ੍ਰੀਤ ਔਜਲਾ, ਚੇਅਰਮੈਨ ਛਨਾਖ ਸਿੰਘ ਵਡਾਲਾ ਜੌਹਲ, ਸਾਬਕਾ ਸਰਪੰਚ ਸੁਖਵਿੰਦਰ ਸਿੰਘ ਸੈਦੋਲੇਲ, ਆਪ ਆਗੂ ਮੇਜਰ ਸਿੰਘ ਸੈਦੋ ਲੇਹਲ, ਮੈਂਬਰ ਪੰਚਾਇਤ ਨਰਿੰਦਰ ਸਿੰਘ ਸੈਦੋਲੇਲ, ਸ਼ਹਿਰੀ ਪ੍ਰਧਾਨ ਸਰਬਜੀਤ ਸਿੰਘ ਡਿੰਪੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਸਰਪੰਚ ਸਾਹਿਬਾਨ,ਬਲਾਕ ਪ੍ਰਧਾਨ ਅਤੇ ਲੋਕ ਹਾਜ਼ਰ ਸਨ।

# ਕਟਾਰੂਚੱਕ ਵੱਲੋਂ ਸਰਕਾਰੀ ਸਕੂਲਾਂ ਦੀ ਦਾਖ਼ਲਾ ਮੁਹਿੰਮ ਦਾ ਆਗਾਜ਼



ਪਠਾਨਕੋਟ (ਦਵਿੰਦਰ ਸਿੰਘ )- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਖੇਤਰ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾ ਰਹੀ ਹੈ। ਮੌਜੂਦਾ ਸਰਕਾਰ ਵੱਲੋਂ ਪਹਿਲ ਦੇ ਅਧਾਰ 'ਤੇ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਅਤੇ ਗੁਣਵੱਤਾ ਵਾਲੀ ਸਿੱਖਿਆ ਪ੍ਰਣਾਲੀ ਪ੍ਰਦਾਨ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ। ਸਰਕਾਰ ਦੇ ਉਪਰਾਲਿਆਂ ਸਦਕਾ ਹੀ ਅੱਜ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਹੋਈ ਹੈ ਅਤੇ ਪਹਿਲਾ ਨਾਲੋਂ ਸਕੂਲਾਂ ਅੰਦਰ ਬੱਚਿਆਂ ਦੀ ਸੰਖਿਆ ਵਿੱਚ ਵੀ ਵਾਧਾ ਹੋਇਆ ਹੈ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਬਨੀ ਲੋਧੀ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਰਾਜੇਸ਼ ਕੁਮਾਰ, ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਕਮਲਦੀਪ ਕੌਰ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਅਮਨਦੀਪ ਕੁਮਾਰ ਦੀ ਅਗਵਾਈ ਹੇਠ ਦਾਖ਼ਲਾ ਮੁਹਿੰਮ ਦੇ ਆਗਾਜ਼ ਸਬੰਧੀ ਰੱਖੇ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਕੀਤਾ। ਸਮਾਰੋਹ ਦੌਰਾਨ ਡਿਪਟੀ ਕਮਿਸ਼ਨਰ ਪਠਾਨਕੋਟ ਆਦਿੱਤਿਆ ਉੱਪਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਕੈਬਨਿਟ ਮੰਤਰੀ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਅੰਦਰ ਕ੍ਰਾਂਤੀ ਲਿਆ ਕੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕੀਤੀ ਹੈ, ਜਿਸ ਦੇ ਚਲਦਿਆਂ ਹੁਣ ਸਰਕਾਰੀ ਸਕੂਲ ਪਹਿਲਾਂ ਨਾਲੋਂ ਬਹੁਤ ਚੰਗੀ ਹਾਲਤ ਵਿੱਚ ਹਨ ਅਤੇ ਵਧੀਆ ਸਿੱਖਿਅਤ ਢਾਂਚੇ ਦੇ ਨਾਲ ਨਾਲ ਸਿੱਖਿਅਤ ਸਟਾਫ ਅਤੇ ਹੋਰ ਸੁਵਿਧਾਵਾਂ ਦੇ ਨਾਲ ਸਰਕਾਰੀ ਸਕੂਲਾਂ ਅੰਦਰ ਬੱਚਿਆਂ ਦੀ ਸੰਖਿਆ ਵਿੱਚ ਭਾਰੀ ਵਾਧਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ ਚਲਾਈ ਜਾ ਰਹੀ ਦਾਖ਼ਲਾ ਮੁਹਿੰਮ ਦੌਰਾਨ ਤੋਂ ਪ੍ਰਭਾਵਿਤ ਹੋ ਕੇ ਕਈ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਅਤੇ ਸਰਕਾਰੀ ਅਧਿਆਪਕਾਂ ਵੱਲੋਂ ਵੀ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ। ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਕਿਉਂਕਿ ਹੁਣ ਸਰਕਾਰੀ ਸਕੂਲਾਂ ਵਿਚ ਕਾਫ਼ੀ ਬਦਲਾਅ ਹੋ ਚੁੱਕਿਆ ਹੈ ਅਤੇ ਪੜ੍ਹਾਈ ਅਤੇ ਬੁਨਿਆਦੀ ਢਾਂਚੇ ਵਿੱਚ ਪੂਰਾ ਸੁਧਾਰ ਲਿਆਂਦਾ ਗਿਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ 'ਚ ਇਸ ਤਰ੍ਹਾਂ ਦੇ ਸਰਕਾਰੀ ਸਕੂਲ ਤਿਆਰ ਕੀਤੇ ਜਾ ਰਹੇ ਹਨ ਜਿੱਥੇ ਪੂਰਾ ਸਟਾਫ਼ ਹੋਵੇਗਾ, ਵੱਖ-ਵੱਖ ਗਤੀਵਿਧੀਆਂ/ਖੇਡਾਂ ਦੇ ਕੋਚ ਹੋਣਗੇ, ਪ੍ਰਿੰਸੀਪਲ ਵਿਦੇਸ਼ਾਂ ਤੋਂ ਟਰੇਨਿੰਗ ਲੈ ਕੇ ਆ ਰਹੇ ਹਨ, ਬਿਜ਼ਨਸ ਕਲਾਸਾਂ ਲਗਾਈਆਂ ਜਾ ਰਹੀਆਂ ਹਨ, ਨਵੀਆਂ ਭਰਤੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਦਾ ਮਤਲਬ ਹੈ ਕਿ ਉਹ ਪ੍ਰਾਈਵੇਟ ਸਕੂਲਾਂ ਨੂੰ ਮਾਤ ਦੇਣ ਵਾਲੇ ਸਰਕਾਰੀ ਸਕੂਲ ਤਿਆਰ ਕਰ ਰਹੇ ਹਨ। ਕੈਬਨਿਟ ਮੰਤਰੀ ਕਟਾਰੂਚੱਕ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਸ਼ੁਰੂ ਕੀਤੇ ਗਏ ਨਸ਼ਿਆਂ ਦੇ ਛੇਵੇਂ ਦਰਿਆ ਨੂੰ ਖ਼ਤਮ ਕਰਨ ਲਈ ਪੰਜਾਬ ਸਰਕਾਰ ਵੱਲੋਂ ਕਮਰ ਕੱਸ ਲਈ ਗਈ ਹੈ। ਪੰਜਾਬ ਵਿੱਚ ਨਸ਼ੇ ਦੇ ਸੌਦਾਗਰਾਂ ਵੱਲੋਂ ਨਸ਼ਿਆਂ ਨਾਲ ਬਣਾਈਆਂ ਗਈਆਂ ਜਾਇਦਾਦਾਂ ਜ਼ਬਤ ਕੀਤੀਆਂ ਜਾ ਰਹੀਆਂ ਹਨ।

# ਪੁਲਸ ਨੇ ਨਸ਼ਾ ਤਸਕਰ ਦੀ ਕੋਠੀ ਢਾਹੀ



ਬਟਾਲਾ, ਮਾਰਚ (ਡਾਕਟਰ ਮਲਵਿੰਦਰ ਸਿੰਘ)- ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਅੱਜ ਬਟਾਲਾ ਪੁਲਸ ਨੇ ਨਸ਼ਾ ਤਸਕਰ ਜੀਵਨ ਕੁਮਾਰ ਪੁੱਤਰ ਗੁਲਸ਼ਨ ਕੁਮਾਰ ਵਾਸੀ ਗਾਂਧੀ ਨਗਰ ਕੈਂਪ ਬਟਾਲਾ ਦੀ ਕੋਠੀ ਜੇ.ਸੀ.ਬੀ ਮਸ਼ੀਨਾਂ ਲਗਾ ਕੇ ਢਾਹ ਦਿੱਤੀ ਗਈ।

ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਬਟਾਲਾ ਦੇ ਐਸ.ਐਸ.ਪੀ ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਇਸ ਨਸ਼ਾ ਤਸਕਰ ਖਿਲਾਫ਼ ਵੱਖ-ਵੱਖ ਥਾਣਿਆਂ ਵਿੱਚ ਮੁਕੱਦਮੇ ਦਰਜ ਹਨ। ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰ ਜੀਵਨ ਕੁਮਾਰ 'ਤੇ ਐਨ.ਡੀ.ਪੀ.ਐਸ ਐਕਟ ਤਹਿਤ ਤਿੰਨ ਪਰਚੇ ਦਰਜ ਹਨ। ਉਨ੍ਹਾਂ ਕਿਹਾ ਕਿ ਇਸ ਉੱਤੇ ਲੱਗੀਆਂ ਧਾਰਾਵਾਂ ਅਤੇ ਇਸ ਦੀ ਕੇਸ ਹਿਸਟਰੀ ਤੋਂ ਸਪਸ਼ਟ ਹੈ ਕਿ ਇਹ ਨਸ਼ਾ ਤਸਕਰੀ ਦੇ ਧੰਦੇ ਵਿੱਚ ਲੰਮੇ ਸਮੇਂ ਤੋਂ ਸ਼ਾਮਲ ਹੈ।ਐਸ.ਐਸ.ਪੀ ਨੇ ਨਸ਼ਾ ਤਸਕਰਾਂ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੋ ਵੀ ਵਿਅਕਤੀ ਕਿਸੇ ਵੀ ਗੈਰ ਕਾਨੂੰਨੀ ਕਾਰਵਾਈ ਵਿੱਚ ਸ਼ਾਮਲ ਹੈ, ਉਸ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਸ ਖਿਲਾਫ ਠੋਸ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਉਨਾਂ ਕਿਹਾ ਕਿ ਇਹ ਕਾਰਵਾਈ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਲੋਕ ਮੁੱਖ ਧਾਰਾ ਵਿੱਚ ਆ ਨਹੀਂ ਜਾਂਦੇ ਜਾਂ ਉਹ ਪੰਜਾਬ ਛੱਡ ਕੇ ਪੰਜਾਬ ਤੋਂ ਬਾਹਰ ਚਲੇ ਨਹੀਂ ਜਾਂਦੇ।

ਐਸ.ਐਸ.ਪੀ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਡੀ ਜੀ ਪੀ ਗੌਰਵ ਯਾਦਵ ਵੱਲੋਂ ਇਸ ਬਾਬਤ ਬੜੀਆਂ ਸਪੱਸ਼ਟ ਹਦਾਇਤਾਂ ਹਨ ਕਿ ਜੋ ਵੀ ਵਿਅਕਤੀ ਨਸ਼ਾ ਤਸਕਰੀ ਦੇ ਧੰਦੇ ਵਿੱਚ ਸ਼ਾਮਲ ਹੈ, ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਤੇਜਿੰਦਰਪਾਲ ਸਿੰਘ ਗੁਰਾਇਆ ਡੀ.ਐਸ.ਪੀ (ਐਚ), ਹਰੀਸ਼ ਬਹਿਲ ਡੀ ਐਸ ਪੀ, ਨਾਰੋਕੈਟਿਕ ਸੈੱਲ, ਐਸ.ਐਚ.ਓਜ਼ ਅਤੇ ਹੋਰ ਸੀਨੀਅਰ ਪੁਲਸ ਅਧਿਕਾਰੀ ਵੀ ਮੌਕੇ 'ਤੇ ਮੌਜੂਦ ਸਨ।

# ਕਿਸਾਨ ਆਗੂਆਂ ਦੀ ਰਿਹਾਈ ਤੱਕ ਮੋਰਚੇ ਜਾਰੀ ਰਹਿਣਗੇ : ਸ਼ਕਰੀ

ਚੋਹਲਾ ਸਾਹਿਬ (ਰਮਨ ਚੱਡਾ)-ਕੇਂਦਰ ਤੇ ਭਗਵੰਤ ਮਾਨ ਸਰਕਾਰ ਵੱਲੋਂ ਕਿਸਾਨ ਆਗੂਆਂ ਨੂੰ ਮੀਟਿੰਗ ਚੋਂ ਸੱਦ ਕੇ ਗ੍ਰਿਫ਼ਤਾਰ ਕਰਨ ਤੇ ਸ਼ੰਭੂ ਖਨੌਰੀ ਵਿਖੇ ਚਲ ਰਹੇ ਮੋਰਚੇ ਨੂੰ ਜਬਰੀ ਉਖੇੜਨ ਤੇ ਦੋਵਾਂ ਫੋਰਮਾਂ ਦੇ ਸੱਦੇ ਤੇ ਤਰਨ ਤਾਰਨ ਸਮੇਤ ਪੰਜਾਬ ਭਰ ਵਿੱਚ ਧਰਨੇ ਦਿੱਤੇ ਗਏ ਤੇ ਡੀਟੇਨ ਕਿਤੇ ਕਿਸਾਨ ਆਗੂਆਂ ਦੀ ਰਿਹਾਈ ਤੱਕ ਮੋਰਚੇ ਜਾਰੀ ਰੱਖਣ ਦਾ ਐਲਾਨ ਕੀਤਾ ਗਿਆ। ਦੋਵਾਂ ਫੋਰਸਾਂ ਦੇ ਸੱਦੇ ਉਤੇ ਅੱਜ ਤਰਨ ਤਾਰਨ ਅੰਮ੍ਰਿਤਸਰ ਮੋਗਾ ਫਿਰੋਜ਼ਪੁਰ ਸੰਗਰੂਰ ਪਟਿਆਲਾ ਮਲੇਰਕੋਟਲਾ ਅਤੇ ਐਸ ਡੀ ਐਮ ਸ਼ਾਹਕੋਟ ਉਤੇ ਭਗਵੰਤ ਮਾਨ ਤੇ ਕੇਂਦਰ ਸਰਕਾਰ ਵੱਲੋਂ ਸ਼ੰਭੂ ਖਨੌਰੀ ਬਾਰਡਰ ਤੇ ਕੀਤੇ ਜਬਰ ਤੇ ਕੇਂਦਰੀ ਮੰਤਰੀਆਂ ਨਾਲ ਮੀਟਿੰਗ ਮਗਰੋਂ ਕਿਸਾਨ ਆਗੂਆਂ ਨਾਲ ਵਿਸ਼ਵਾਸਘਾਤ ਕਰਦਿਆਂ ਗ੍ਰਿਫ਼ਤਾਰ ਕਰਨ ਵਿਰੁੱਧ ਧਰਨੇ ਸ਼ੁਰੂ ਕੀਤੇ ਗਏ। ਇਹਨਾਂ ਧਰਨਿਆਂ ਵਿੱਚ ਸ਼ਾਮਲ ਹੋਏ ਹਜ਼ਾਰਾਂ ਕਿਸਾਨਾਂ ਮਜ਼ਦੂਰਾਂ ਬੀਬੀਆਂ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਸਤਨਾਮ ਸਿੰਘ ਪੰਨੂ, ਸੁਵਿੰਦਰ ਸਿੰਘ ਚੁਤਾਲਾ, ਜਸਬੀਰ ਸਿੰਘ ਪੀਦੀ, ਸੁਖਵਿੰਦਰ ਸਿੰਘ ਸਭਰਾ, ਰਣਬੀਰ ਸਿੰਘ ਰਾਣਾ, ਹਰਪ੍ਰੀਤ ਸਿੰਘ ਸਿੱਧਵਾਂ, ਸਤਨਾਮ ਸਿੰਘ ਮਾਣੋਚਾਹਲ, ਹਰਜਿੰਦਰ ਸਿੰਘ ਸ਼ਕਰੀ ਨੇ ਕਿਹਾ ਕਿ ਇਹ ਧਰਨੇ ਓਨਾ ਚਿਰ ਜਾਰੀ ਰਹਿਣਗੇ ਜਿੰਨਾ ਚਿਰ ਤੱਕ ਗਿਰਫਤਾਰ ਕੀਤੇ ਸਾਰੇ ਕਿਸਾਨ ਆਗੂ ਰਿਹਾਅ ਨਹੀਂ ਕੀਤੇ ਜਾਂਦੇ। ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਭਗਵੰਤ ਮਾਨ ਦੇ ਮੰਤਰੀ ਮੀਡੀਆ ਵਿੱਚ ਝੂਠ ਬੋਲ ਰਹੇ ਹਨ ਕਿ ਸ਼ੰਭੂ ਖਨੌਰੀ ਬਾਰਡਰਾਂ ਤੇ ਸੜਕ ਰੋਕੀ ਸੀ, ਇਸ ਨਾਲ ਪੰਜਾਬ ਵਿੱਚ ਵਿਕਾਸ ਤੇ ਵਪਾਰ ਰੁਕ ਰਿਹਾ ਸੀ ਪਰ ਸਚਾਈ ਇਹ ਹੈ ਕਿ 13 ਫਰਵਰੀ 2024 ਨੂੰ ਕਿਸਾਨਾਂ ਨੇ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਦਿੱਲੀ ਕੂਚ ਦਾ ਐਲਾਨ ਕੀਤਾ ਸੀ ਨਾ ਕਿ ਸੜਕਾਂ ਰੋਕਣ ਦਾ। ਸੜਕਾਂ ਕੇਂਦਰ ਤੇ ਹਰਿਆਣਾ ਸਰਕਾਰ ਵਲੋਂ ਗੈਰਕਾਨੂੰਨੀ ਤੌਰ ਤੇ ਕੰਧਾਂ ਕੱਢ ਕੇ ਕਿੱਲ ਗੱਡ ਕੇ ਕਿਸਾਨਾਂ ਉੱਤੇ ਡਰੋਨਾਂ ਰਾਹੀਂ ਗੋਲਿਆਂ ਦਾ ਮੀਂਹ ਵਰ੍ਹਾ ਕੇ ਰੋਕੀਆ ਹਨ। ਇਸ ਦੀ ਪੁਸ਼ਟੀ 24 ਜੁਲਾਈ 2024 ਨੂੰ ਪੰਜਾਬ ਹਰਿਆਣਾ ਹਾਈਕੋਰਟ ਵਲੋਂ ਕੀਤੇ ਫੈਸਲੇ ਨਾਲ ਹੋ ਗਈ ਸੀ ਜਿਸ ਵਿੱਚ ਅਦਾਲਤ ਨੇ ਹਰਿਆਣਾ ਸਰਕਾਰ ਨੂੰ ਦੋਸ਼ੀ ਠਹਿਰਾਇਆ ਸੀ। ਇਸ ਤੋਂ ਬਾਅਦ ਹਰਿਆਣਾ ਸਰਕਾਰ ਵੱਲੋਂ ਸੁਪਰੀਮ ਕੋਰਟ ਵਿੱਚ ਕੀਤੀ ਅਪੀਲ ਦੇ ਮੱਦੇਨਜ਼ਰ ਸੁਪਰੀਮ ਕੋਰਟ ਨੇ ਇਥੇ ਸਟੇਟਸ ਕੋ ਦਿੱਤਾ ਹੋਇਆ ਹੈ ਜੋ ਅੱਜ ਵੀ ਲਾਗੂ ਹੈ। ਇਸ ਲਈ ਪੰਜਾਬ ਤੇ ਕੇਂਦਰ ਸਰਕਾਰ ਨੇ ਧਰਨੇ ਉਖੇੜ ਕੇ ਹਾਈਕੋਰਟ ਤੇ ਸੁਪਰੀਮ ਕੋਰਟ ਦੇ ਹੁਕਮਾਂ ਦੀ ਉਲੰਘਣਾ ਕੀਤੀ ਹੈ। ਇਸ ਲਈ ਭਗਵੰਤ ਮਾਨ ਦੀ ਸਰਕਾਰ ਝੂਠਾ ਬਿਰਤਾਂਤ ਰਚ ਰਹੀ ਹੈ ਜਿਸ ਦਾ ਜੁਆਬ ਪੰਜਾਬ ਦੇ ਲੋਕ ਦੇਣਗੇ। ਕਿਸਾਨ ਮੰਗਾਂ ਮਨਵਾਉਣ ਤੱਕ ਧਰਨਾ ਜਾਰੀ ਰੱਖਣਗੇ। ਇਸ ਮੌਕੇ ਸਰਵਨ ਸਿੰਘ ਬਾਊਪੁਰ, ਸ਼ੇਰ ਸਿੰਘ, ਦਿਆਲ ਸਿੰਘ, ਬਲਵਿੰਦਰ ਸਿੰਘ, ਜਰਨੈਲ ਸਿੰਘ, ਫਤਹਿ ਸਿੰਘ, ਨਿਰੰਜਨ ਸਿੰਘ, ਕੁਲਵੰਤ ਸਿੰਘ, ਮਨਜਿੰਦਰ ਸਿੰਘ, ਗੁਰਭੇਜ ਸਿੰਘ, ਮੇਹਰ ਸਿੰਘ, ਦਿਲਬਾਗ ਸਿੰਘ, ਸਲਵਿੰਦਰ ਸਿੰਘ, ਕੁਲਵਿੰਦਰ ਸਿੰਘ, ਪਰਮਜੀਤ ਸਿੰਘ, ਜਵਾਹਰ ਸਿੰਘ, ਇਕਬਾਲ ਸਿੰਘ, ਸਵਿੰਦਰ ਸਿੰਘ, ਮੁਖਤਿਆਰ ਸਿੰਘ, ਸੁਖਚੈਨ ਸਿੰਘ ਮਨਜੀਤ ਕੌਰ, ਦਵਿੰਦਰ ਕੌਰ ਹਾਜ਼ਰ ਸਨ।

# ਸੜਕ ਹਾਦਸੇ 'ਚ ਨੌਜਵਾਨ ਦੀ ਮੌਤ, 2 ਜ਼ਖਮੀ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ) ਫਤਿਹਗੜ੍ਹ ਚੂੜੀਆਂ-ਡੇਰਾ ਰੋਡ ਪਿੰਡ ਦਾਦੂਯੋਧ ਸਾਹਮਣੇ ਝੰਜੀਆਂ ਖੁਰਦ ਮੋੜ ਉਪਰ ਹੋਏ ਸੜਕ ਹਾਦਸੇ 'ਚ ਇੱਕ ਨੌਜਵਾਨ ਦੀ ਮੌਤ ਹੋਈ ਹੈ ਜਦ ਕਿ ਇੱਕ ਸਰਕਾਰੀ ਅਧਿਆਪਕ ਸਮੇਤ 2 ਵਿਅਕਤੀਆਂ ਦੇ ਜ਼ਖ਼ਮੀ ਹੋਣ ਦੀ ਖਬਰ ਹੈ। ਜਾਣਕਾਰੀ ਅਨੁਸਾਰ ਸਰਕਾਰੀ ਅਧਿਆਪਕ ਸੁਰਿੰਦਰਪਾਲ ਸਿੰਘ ਪੁੱਤਰ ਕਾਕਾ ਰਾਮ ਵਾਰਡ ਨੰਬਰ 1 ਫਤਿਹਗੜ੍ਹ ਚੂੜੀਆਂ ਹਰ ਰੋਜ਼ ਦੀ ਤਰ੍ਹਾਂ ਫਤਿਹਗੜ੍ਹ ਚੂੜੀਆਂ ਤੋਂ ਪਿੰਡ ਡੋਗਰ ਨੂੰ ਡਿਊਟੀ 'ਤੇ ਜਾ ਰਿਹਾ ਸੀ। ਜਦ ਉਹ ਦਾਦੂਯੋਧ ਨੇੜੇ ਪਹੁੰਚਿਆ ਤਾਂ ਉੱਥੇ ਕਾਰ ਅਤੇ ਅੱਗੋਂ 2 ਨੌਜਵਾਨ ਮੋਟਰਸਾਈਕਲ ਸਵਾਰ ਅੱਗੋਂ ਆ ਰਹੇ ਸਨ ਜਿਨ੍ਹਾਂ ਦੀ ਕਾਰ ਨਾਲ ਟੱਕਰ ਹੋ ਗਈ। ਜਿਸ ਨਾਲ ਮਨਪ੍ਰੀਤ ਸਿੰਘ ਭਿੰਡਰ ਪੁੱਤਰ ਸਤਨਾਮ ਸਿੰਘ 22 ਵਾਸੀ ਪਿੰਡ ਘਾੜਕੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦ ਕਿ ਅਧਿਆਪਕ ਸੁਰਿੰਦਰਪਾਲ ਸਿੰਘ ਅਤੇ ਜਤਿੰਦਰ ਸਿੰਘ ਪੁੱਤਰ ਵੀਰੂ ਵਾਸੀ ਪਿੰਡ ਸਰਫਕੋਟ ਜ਼ਖ਼ਮੀ ਹੋ ਗਏ ਜਿਨ੍ਹਾਂ ਨੂੰ ਫਤਿਹਗੜ੍ਹ ਚੂੜੀਆਂ ਦੇ ਸਰਕਾਰੀ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਜਿਨ੍ਹਾਂ ਚੋਂ ਮਾਸਟਰ ਸੁਰਿੰਦਰਪਾਲ ਸਿੰਘ ਨੂੰ ਅੰਮ੍ਰਿਤਸਰ ਰੈਫਰ ਕਰ ਦਿੱਤਾ ਗਿਆ ਹੈ। ਹਾਦਸੇ ਦੀ ਸੂਚਨਾ ਮਿਲਦੇ ਹੀ ਥਾਣਾ ਫਤਿਹਗੜ੍ਹ ਚੂੜੀਆਂ ਤੋਂ ਏ ਐਸ ਆਈ ਸੁਖਦੇਵ ਸਿੰਘ ਮੌਕੇ 'ਤੇ ਪਹੁੰਚ ਗਏ ਅਤੇ ਘਟਨਾ ਦਾ ਜਾਇਜ਼ਾ ਲਿਆ। ਏ ਐਸ ਆਈ ਸੁਖਦੇਵ ਸਿੰਘ ਨੇ ਕਿਹਾ ਕਿ ਮਿਤਕ ਮਨਪ੍ਰੀਤ ਸਿੰਘ ਭਿੰਡਰ ਦੇ ਪਰਵਾਰਕ ਮੈਂਬਰਾਂ ਦੇ ਬਿਆਨਾਂ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਪਿੰਡ ਘਾੜਕੀਆਂ ਦੇ ਸਰਪੰਚ ਗੁਰਵਿੰਦਰ ਸਿੰਘ ਬਾਜਵਾ ਨੇ ਫਤਿਹਗੜ੍ਹ ਚੂੜੀਆਂ ਦੇ ਸਰਕਾਰੀ ਹਸਪਤਾਲ ਦੇ ਪ੍ਰਬੰਧਾਂ ਉਪਰ ਗੁੱਸਾ ਪ੍ਰਗਟਾਉਂਦੇ ਹੋਏ ਕਿਹਾ ਕਿ ਜਦ ਉਹ ਮਨਪ੍ਰੀਤ ਸਿੰਘ ਨੂੰ ਹਸਪਤਾਲ ਲੈ ਕੇ ਆਏ ਸਨ ਤਾਂ ਉਦੋਂ ਉਸ ਦੀ ਮੌਤ ਨਹੀਂ ਹੋਈ ਪਰ ਹਸਪਤਾਲ 'ਚ ਡਾਕਟਰ ਮੌਜੂਦ ਨਹੀਂ ਸੀ। ਉਨ੍ਹਾਂ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਅਗਰ ਹਸਪਤਾਲ 'ਚ ਡਾਕਟਰ ਮੌਜੂਦ ਹੁੰਦਾ ਤਾਂ ਮਨਪ੍ਰੀਤ ਸਿੰਘ ਦੀ ਜਾਨ ਬਚ ਸਕਦੀ ਸੀ। ਉਨ੍ਹਾਂ ਮੰਗ ਕੀਤੀ ਕਿ ਫਤਿਹਗੜ੍ਹ ਚੂੜੀਆਂ ਸਰਕਾਰੀ ਹਸਪਤਾਲ 'ਚ 24 ਘੰਟੇ ਐਮਰਜੈਂਸੀ ਡਾਕਟਰ ਦੀ ਡਿਊਟੀ ਹੋਵੇ ਅਤੇ ਔਨ ਕੌਲ ਡਿਊਟੀ ਖਤਮ ਕੀਤੀ ਜਾਵੇ।

# ਅਸਿਸਟੈਂਟ ਕਮਿਸ਼ਨਰ ਫੂਡ ਵੱਲੋਂ ਫਾਸਟ ਫੂਡ ਦੀਆਂ ਦੁਕਾਨਾਂ ਤੇ ਫੜ੍ਹੀਆਂ ਦੀ ਚੈਕਿੰਗ



ਗੁਰਦਾਸਪੁਰ (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਸਿਵਲ ਸਰਜਨ ਗੁਰਦਾਸਪੁਰ ਡਾ. ਪ੍ਰਭਜੋਤ ਕੌਰ ਕਲਸੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ਼ਹਿਰ ਗੁਰਦਾਸਪੁਰ ਵਿਖੇ ਅਸਿਸਟੈਂਟ ਕਮਿਸ਼ਨਰ ਫੂਡ ਡਾ. ਜੀ.ਐਸ ਪੰਨੂੰ ਦੀ ਅਗਵਾਈ ਹੇਠ ਫਾਸਟ ਫੂਡ ਦੀਆਂ ਦੁਕਾਨਾਂ ਅਤੇ ਫੜ੍ਹੀਆਂ ਦੀ ਚੈਕਿੰਗ ਕੀਤੀ ਗਈ।

ਸਮੂਹ ਦੁਕਾਨਦਾਰਾਂ ਨੂੰ ਫੂਡ ਸੇਫਟੀ ਐਕਟ ਬਾਰੇ ਦੱਸਿਆ ਗਿਆ। ਐਫ.ਐਸ.ਐਸ.ਏ.ਆਈ. ਦੇ 12 ਗੋਲਡਨ ਰੂਲ ਬਾਰੇ ਦੱਸਿਆ ਅਤੇ ਇਨ੍ਹਾਂ ਦੀ ਪਾਲਣਾ ਲਈ ਕਿਹਾ ਗਿਆ। ਦੁਕਾਨਦਾਰਾਂ ਅਤੇ ਫੜ੍ਹੀ ਵਾਲਿਆਂ ਨੂੰ ਮੁਫ਼ਤ ਐਪਰਨ ਅਤੇ ਟੋਪੀਆਂ ਦਿੱਤੀਆਂ ਗਈਆਂ। ਇਸ ਮੌਕੇ ਅਸਿਸਟੈਂਟ ਕਮਿਸ਼ਨਰ ਫੂਡ ਡਾ. ਜੀ.ਐਸ ਪੰਨੂੰ ਨੇ ਫਾਸਟ ਫੂਡ ਵੇਚਣ ਵਾਲਿਆਂ ਨੂੰ ਕਿਹਾ ਕਿ ਉਹ ਐਫ.ਐਸ.ਐਸ.ਏ.ਆਈ. ਦੇ 12 ਗੋਲਡਨ ਰੂਲ ਦੀ ਪਾਲਣਾ ਕਰਨ। ਸਮਾਨ ਦੀ ਗੁਣਵੱਤਾ ਨੂੰ ਬਰਕਰਾਰ ਰੱਖਿਆ ਜਾਵੇ। ਸਮੂਹ ਕਾਰੀਗਰਾਂ ਦਾ ਸਮੇਂ ਸਿਰ ਡਾਕਟਰੀ ਮੁਆਇਨਾ ਕਰਵਾਉਣ। ਚੰਗੀ ਕਵਾਲਿਟੀ ਦਾ ਹੀ ਸਮਾਨ ਵੇਚਿਆ ਜਾਵੇ। ਕਿਸੇ ਵੀ ਕਿਸਮ ਦੀ ਕੋਤਾਹੀ ਵਰਤਣ 'ਤੇ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਸਮੂਹ ਦੁਕਾਨਦਾਰਾਂ ਨੂੰ ਫੂਡ ਸੇਫਟੀ ਵਿਭਾਗ ਵੱਲੋਂ ਕੀਤੀ ਜਾਂਦੀ ਰਜਿਸਟਰੇਸ਼ਨ ਅਤੇ ਹਦਾਇਤਾਂ ਦੀ ਪਾਲਨਾ ਕਰਨ ਲਈ ਕਿਹਾ। ਗ੍ਰਾਹਕਾਂ ਨੂੰ ਵਧੀਆ ਕਵਾਲਿਟੀ ਦਾ ਸਮਾਨ ਮੁਹੱਈਆ ਕਰਵਾਉਣ ਲਈ ਕਿਹਾ। ਇਸ ਮੌਕੇ ਫੂਡ ਸੇਫਟੀ ਅਫਸਰ ਸਿਮਰਨ ਕੌਰ, ਰਮਨ ਵਿਰਦੀ ਨੇ ਦੁਕਾਨਦਾਰਾਂ ਨੂੰ ਫੂਡ ਸੇਫਟੀ ਨਿਯਮਾਂ ਬਾਰੇ ਦੱਸਿਆ।

## ਕੇ ਵਾਈ ਸੀ 31 ਤੱਕ ਕਰਵਾਉਣ ਦਾ ਹੋਕਾ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਸੁਪਰੀਮ ਕੋਰਟ ਦੀਆਂ ਹਦਾਇਤਾਂ ਮੁਤਾਬਕ ਸਾਰੇ ਪੰਜਾਬ ਵਿੱਚ ਹੋ ਰਹੀ ਕਣਕ ਕਾਰਡ ਹੋਲਡਰ ਧਾਰਕਾਂ ਦੀ ਕੇ ਵਾਈ ਸੀ ਜੋ ਕਾਫੀ ਸਮੇਂ ਤੋਂ ਪੰਜਾਬ ਵਿੱਚ ਚੱਲ ਰਹੀ ਹੈ, ਰਹਿੰਦੀ ਕੇ ਵਾਈ ਸੀ 31 ਮਾਰਚ ਤੱਕ ਕਰਵਾਉਣ ਸਬੰਧੀ ਅਜਨਾਲਾ ਦੇ ਏ ਐਫ ਓ ਸੰਦੀਪ ਸਿੰਘ ਨੇ ਕਿਹਾ। ਉਹਨਾਂ ਦੱਸਿਆ ਕਿ ਜੋ ਕਾਰਡ ਹੋਲਡਰ ਕੇ ਵਾਈ ਸੀ ਨਹੀਂ ਕਰਵਾਏਗਾ, ਉਹ ਪੰਜਾਬ ਸਰਕਾਰ ਵੱਲੋਂ ਦਿੱਤਾ ਲਾਭ ਪ੍ਰਾਪਤ ਨਹੀਂ ਕਰ ਸਕੇਗਾ ਅਤੇ ਉਹਨਾਂ ਨੇ ਆਪਣੇ ਫੂਡ ਸਪਲਾਈ ਇੰਸਪੈਕਟਰਾਂ ਦੀ ਡਿਊਟੀਆਂ ਲਗਾਈਆਂ ਜੋ ਸਾਰੇ ਡੀਪੂ ਹੋਲਡਰਾਂ ਨਾਲ ਤਾਲਮੇਲ ਕਰਕੇ ਡੀਪੂਆਂ ਤੇ ਜਾ ਕੇ ਕੇ ਵਾਈ ਸੀ ਕਰਾਉਣ। ਇਸ ਮੌਕੇ ਫੂਡ ਸਪਲਾਈ ਇੰਸਪੈਕਟਰ ਹਰਜੋਤ ਸਿੰਘ, ਸੁਮੀਤ ਪ੍ਰਭਾਕਰ, ਤਜਿੰਦਰ ਸਿੰਘ, ਅਰਨ ਖੋਸਲਾ, ਸਿਮਰਜੀਤ ਸਿੰਘ ਆਦਿ ਹਾਜ਼ਰ ਸਨ।



## 11250 ਐੱਮ ਐੱਲ ਨਜਾਇਜ਼ ਸ਼ਰਾਬ ਬਰਾਮਦ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਦੋਰਾਂਗਲਾ ਪੁਲਸ ਦੇ ਏ.ਐਸ.ਆਈ. ਲੇਖ ਰਾਜ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਨੇ ਇੱਕ ਇਤਲਾਹ 'ਤੇ ਇਕ ਔਰਤ ਵਾਸੀ ਮੁਗਲਾਨੀ ਚੱਕ ਦੇ ਘਰ ਰੇਡ ਕਰਕੇ ਉਸ ਨੂੰ 11250 ਐਮ.ਐਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਥਾਣਾ ਦੋਰਾਂਗਲਾ ਪੁਲਸ ਨੇ ਉਕਤ ਔਰਤ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਡੀ ਆਰ ਹੈਰੀਟੇਜ ਪਬਲਿਕ ਸਕੂਲ 'ਚ ਨਵੇਂ ਸੈਸ਼ਨ ਦਾ ਆਰੰਭ

ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਅੱਜ ਬਟਾਲਾ ਦੇ ਡੀ ਆਰ ਹੈਰੀਟੇਜ ਪਬਲਿਕ ਸਕੂਲ ਵਿਖੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾ ਕੇ ਨਵਾਂ ਸੈਸ਼ਨ ਆਰੰਭ ਕੀਤਾ ਗਿਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ, ਸਿੱਖਿਆ ਸਲਾਹਕਾਰ ਸੁਰਿੰਦਰ ਕੁਮਾਰੀ, ਸਮੂਹ ਆਧਿਆਪਕ ਅਤੇ ਵਿਦਿਆਰਥੀ ਸ਼ਾਮਲ ਸਨ। ਇਸ ਮੌਕੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਮਿਲ ਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦਾ ਉਚਾਰਨ ਕੀਤਾ ਉਪਰੰਤ ਸਕੂਲ ਦੀ ਤਰੱਕੀ ਲਈ ਅਰਦਾਸ ਕੀਤੀ ਗਈ । ਇਸ ਮੌਕੇ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਤਿਆਰ ਕੀਤਾ ਗੁਰੂ ਦਾ ਲੰਗਰ ਸਭ ਨੂੰ ਛਕਾਇਆ ਗਿਆ ।ਸਕੂਲ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਮਿਹਨਤ ਨਾਲ ਪੜ੍ਹਾਈ ਕਰਕੇ ਅੱਗੇ ਵਧਣ ਅਤੇ ਸਕੂਲ ਦਾ ਨਾਂਅ ਰੋਸ਼ਨ ਕਰਨ ਦੀ ਪ੍ਰੇਰਨਾ ਦਿੱਤੀ।



## ਸ਼ਹੀਦੇ ਆਜ਼ਮ ਦੇ ਸ਼ਹੀਦੀ ਦਿਹਾੜੇ ਮੌਕੇ ਨਾਈਆਂ ਵਾਲੇ ਮੋੜ 'ਤੇ ਨੌਜਵਾਨਾਂ ਦਾ ਵਿਸ਼ਾਲ ਇਕੱਠ ਕੀਤਾ ਜਾਵੇਗਾ: ਝਬਾਲ

ਝਬਾਲ : ਸ਼ਹੀਦੇ ਆਜ਼ਮ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ 23 ਮਾਰਚ ਨੂੰ ਸਥਾਨਕ ਨਾਈਆਂ ਵਾਲੇ ਮੋੜ ਵਿਖੇ ਸਰਵ ਭਾਰਤੀ ਡੇਮੋਕ੍ਰੇਟਿਕ ਨੌਜਵਾਨ ਫੈਡਰੇਸ਼ਨ ਦੀ ਜ਼ਿਲ੍ਹਾ ਇਕਾਈ ਵਲੋਂ ਨੌਜਵਾਨਾਂ ਦਾ ਵਿਸ਼ਾਲ ਇਕੱਠ ਕੀਤਾ ਜਾਵੇਗਾ।ਇਹ ਜਾਣਕਾਰੀ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਕੇਂਦਰੀ ਕਮੇਟੀ ਦੇ ਮੈਂਬਰ ਅਤੇ ਜ਼ਿਲ੍ਹਾ ਇਕਾਈ ਦੇ ਜਨਰਲ ਸਕੱਤਰ ਕਾਮਰੇਡ ਜਸਬੀਰ ਸਿੰਘ ਝਬਾਲ ਨੇ ਦਿੰਦਿਆਂ ਦੱਸਿਆ ਕਿ ਇਸ ਮੌਕੇ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ, ਦੇਸ਼ ਨੂੰ ਕਾਰਪੋਰੇਟ ਘਰਾਣਿਆਂ ਤੋਂ ਨਿਜਾਤ ਦਿਵਾ ਕਿਰਤੀ ਮਜ਼ਦੂਰਾਂ ਦਾ ਰਾਜ ਸਥਾਪਤ ਕਰਨ ਲਈ ਜਿੱਥੇ ਪਿੰਡ ਪੱਧਰ 'ਤੇ ਨੌਜਵਾਨ ਵਰਗ ਨੂੰ ਜਾਗਰੂਕ ਕੀਤਾ ਜਾਵੇਗਾ ਉਥੇ ਪੰਜਾਬ ਅੰਦਰ ਨਸ਼ਿਆਂ ਦੇ ਵਗ ਰਹੇ ਛੇਵੇਂ ਦਰਿਆ ਨੂੰ ਸਦੀਵੀ ਰੋਕਣ ਲਈ ਪ੍ਰੇਰਿਤ ਕੀਤਾ ਜਾਵੇਗਾ। ਉਨ੍ਹਾਂ ਸਮੂਹ ਜ਼ਿਲ੍ਹਾ ਕਮੇਟੀ ਮੈਂਬਰਾਂ ਨੂੰ ਇਸ ਸਮਾਗਮ ਵਿੱਚ ਹਰ ਪੱਧਰ 'ਤੇ ਨੌਜਵਾਨਾਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਕਰਵਾਉਣ ਦੀ ਅਪੀਲ ਕੀਤੀ।ਇਸ ਮੌਕੇ ਚਰਨਜੀਤ ਸਿੰਘ ਮਜੀਠਾ, ਗੁਰਨਾਮ ਸਿੰਘ ਤਲਵੰਡੀ, ਸੁਭਾਸ਼ ਚੰਦਰ ਨੰਦੀ, ਸਤਨਾਮ ਸਿੰਘ ਕਲੇਰ, ਤਰਸੇਮ ਸਿੰਘ ਬਾਠ, ਕੰਵਲਜੀਤ ਕੌਰ ਖਿਆਲਾ, ਜਗੀਰ ਸਿੰਘ ਸਰਜਾ, ਕੁਲਦੀਪ ਸਿੰਘ ਜੱਬੋਵਾਲ ਆਦਿ ਹਾਜ਼ਰ ਸਨ।



## ਨਵਨਿਯੁਕਤ ਚੇਅਰਮੈਨ ਹਰਜੀਤ ਸਿੰਘ ਸਨਮਾਨਤ

ਚੋਹਲਾ ਸਾਹਿਬ (ਰਮਨ ਚੱਡਾ)-ਸਥਾਨਕ ਮਾਰਕੀਟ ਕਮੇਟੀ ਵਿੱਚ ਨਵੇਂ ਬਣੇ ਚੇਅਰਮੈਨ ਹਰਜੀਤ ਸਿੰਘ ਸੰਧੂ ਦੀ ਨਿਯੁਕਤੀ ਨਾਲ ਖੁਸ਼ੀ ਦੀ ਲਹਿਰ ਦੌੜ ਰਹੀ ਹੈ ।ਮਾਰਕੀਟ ਕਮੇਟੀ ਦੇ ਨਵ ਨਿਯੁਕਤ ਚੇਅਰਮੈਨ ਹਰਜੀਤ ਸਿੰਘ ਸੰਧੂ ਨੂੰ ਡਾਕਟਰ ਉਪਕਾਰ ਸਿੰਘ ਸੰਧੂ ਵੱਲੋਂ ਮੂੰਹ ਮਿੱਠਾ ਕਰਵਾ ਕੇ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਅਤੇ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ । ਇਸ ਮੌਕੇ ਪ੍ਰਦੀਪ ਢਿੱਲੋਂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਡਾਕਟਰ ਉਪਕਾਰ ਸਿੰਘ ਨੇ ਹਲਕਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਦੂਰਅੰਦੇਸ਼ੀ ਸੋਚ ਅਤੇ ਸਹੀ ਫ਼ੈਸਲੇ ਨਾਲ ਹੀ ਹਰਜੀਤ ਸਿੰਘ ਸੰਧੂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਹੈ । ਉਨ੍ਹਾਂ ਕਿਹਾ ਕਿ ਸੰਧੂ ਦੀ ਕੁਸ਼ਲ ਅਗਵਾਈ ਵਿੱਚ ਮਾਰਕੀਟ ਕਮੇਟੀ ਨਵੀਆਂ ਉਚਾਈਆਂ ਨੂੰ ਛੂਹੇਗੀ ਅਤੇ ਕਿਸਾਨਾਂ ਅਤੇ ਆਮ ਲੋਕਾਂ ਦੀ ਸੇਵਾ ਵਿੱਚ ਹੋਰ ਵਧੇਰੇ ਯੋਗਦਾਨ ਪਾਵੇਗੀ। ਨਵੇਂ ਚੇਅਰਮੈਨ ਹਰਜੀਤ ਸਿੰਘ ਸੰਧੂ ਨੇ ਆਪਣੀ ਨਿਯੁਕਤੀ 'ਤੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਨੇ ਮਾਰਕੀਟ ਕਮੇਟੀ ਦੇ ਸਮੂਹ ਮੈਂਬਰਾਂ ਅਤੇ ਸਟਾਫ਼ ਦੇ ਸਹਿਯੋਗ ਨਾਲ ਕੰਮ ਕਰਨ ਦਾ ਵਾਅਦਾ ਕੀਤਾ ਅਤੇ ਕਿਹਾ ਕਿ ਉਹ ਕਿਸਾਨਾਂ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਨਗੇ। ਇਸ ਮੌਕੇ ਮਾਰਕੀਟ ਕਮੇਟੀ ਦੇ ਮੈਂਬਰ ਸਟਾਫ਼ ਹਰਜੀਤ ਸਿੰਘ ਸੰਧੂ ਨੂੰ ਵਧਾਈ ਦੇਣ ਲਈ ਉਨ੍ਹਾ ਦੇ ਗ੍ਰਹਿ ਵਿਖੇ ਪਹੁੰਚੇ ।



# ਡਾ. ਉਬਰਾਏ ਵੱਲੋਂ ਸਮਾਜ ਸੇਵਾ ਦੇ ਪਰਉਪਕਾਰੀ ਕਾਰਜ ਸ਼ਲਾਘਾਯੋਗ : ਮਠਾਰੂ




ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸਰਬੱਤ ਦਾ ਭਲਾ ਚੈਰੀਟੇਬਲ ਟਰਸਟ ਦੇ ਬਾਨੀ ਅਤੇ ਸੰਸਾਰ ਪ੍ਰਸਿੱਧ ਸਮਾਜ ਸੇਵੀ ਸ਼ਖ਼ਸੀਅਤ ਡਾ. ਐਸ. ਪੀ. ਸਿੰਘ ਉਬਰਾਏ ਵੱਲੋਂ ਦੇਸ਼ ਵਿਦੇਸ਼ ਦੇ ਅੰਦਰ ਸਮਾਜ ਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਪਰਉਪਕਾਰੀ ਕਾਰਜਾਂ ਤਹਿਤ ਮਨੁੱਖਤਾ ਨੂੰ ਬਚਾਉਣ ਅਤੇ ਇਨਸਾਨੀਅਤ ਦੀਆਂ ਕਦਰਾਂ ਕੀਮਤਾਂ ਨੂੰ ਹੋਰ ਉੱਚਾ ਚੁੱਕਣ ਲਈ ਨੇਕ ਅਤੇ ਸ਼ਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਨੇ ਟਰੱਸਟ ਦੇ ਜ਼ਿਲ੍ਹਾ ਜਨਰਲ ਸੈਕਟਰੀ ਰਜਿੰਦਰ ਸਿੰਘ ਹੈਪੀ ਅਤੇ ਵਿੱਤ ਸਕੱਤਰ ਰਜਿੰਦਰ ਸਿੰਘ ਰਾਜੂ ਦੇ ਨਾਲ ਮਿਲ ਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਲੋੜਵੰਦਾਂ ਦੇ ਲਈ ਡੈਡ ਬਾਡੀ ਫਰੀਜਰਾਂ ਦੀ ਗੱਡੀ ਨੂੰ ਰਵਾਨਾ ਕਰਦਿਆਂ ਕੀਤਾ। ਸਮਾਜ ਸੇਵੀ ਆਗੂ ਤੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਨੇ ਕਿਹਾ ਕਿ ਸੈਂਕੜੇ ਨੌਜਵਾਨਾਂ ਦੀਆਂ ਜਾਨਾਂ ਬਚਾਉਣ ਵਾਲੇ ਡਾਕਟਰ ਐਸ. ਪੀ. ਸਿੰਘ ਉਬਰਾਏ ਵੱਲੋਂ ਆਪਣੀ ਨੇਕ ਕਿਰਤ ਕਮਾਈ ਦਾ 98 ਫੀਸਦੀ ਹਿੱਸਾ ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਵਿੱਚ ਖਰਚ ਕੀਤਾ ਜਾ ਰਿਹਾ ਹੈ। ਜਦਕਿ ਹੱਦਾਂ ਅਤੇ ਸਰਹੱਦਾਂ ਤੋਂ ਉੱਪਰ ਉੱਠ ਕੇ ਭਾਰਤ ਅਤੇ ਪਾਕਿਸਤਾਨ ਤੋਂ ਇਲਾਵਾ ਬੰਗਲਾਦੇਸ਼ ਦੇ ਪੀੜਿਤ ਲੋਕਾਂ ਦੀ ਸਹਾਇਤਾ ਵੀ ਕੀਤੀ ਜਾ ਰਹੀ ਹੈ। ਪ੍ਰਧਾਨ ਰਵਿੰਦਰ ਸਿੰਘ ਮਠਾਰੂ ਨੇ ਕਿਹਾ ਕਿ ਡਾਕਟਰ ਐਸ. ਪੀ. ਸਿੰਘ ਉਬਰਾਏ ਵੱਲੋਂ ਅਰਬ ਦੇਸ਼ਾਂ ਵਿੱਚ ਬਹੁਤ ਸਾਰੇ ਨੌਜਵਾਨਾਂ ਨੂੰ ਫਾਂਸੀ ਦੀ ਸਜ਼ਾ ਤੋਂ ਮੁਕਤ ਕਰਵਾਉਂਦਿਆਂ ਕਰੋੜਾਂ ਰੁਪਏ ਦੀ ਬਲੱਡ ਮਨੀ ਦਿੱਤੀ ਗਈ ਹੈ। ਉਹਨਾਂ ਕਿਹਾ ਕਿ ਇੱਥੇ ਹੀ ਬੱਸ ਨਹੀਂ, ਡਾਕਟਰ ਉਬਰਾਏ ਵੱਲੋਂ ਖਾੜੀ ਦੇਸ਼ਾਂ ਵਿੱਚ ਵੱਖ-ਵੱਖ ਹਾਦਸਿਆਂ ਦੌਰਾਨ ਮੌਤ ਦੇ ਮੂੰਹ ਵਿੱਚ ਜਾਣ ਵਾਲੇ ਬਦਨਸੀਬ ਨੌਜਵਾਨਾਂ ਦੀਆਂ ਮ੍ਰਿਤਕ ਦੇਹਾਂ ਵੀ ਆਪਣੇ ਦੇਸ਼ ਖਾਸ ਕਰਕੇ ਪੰਜਾਬ ਲਿਆਂਦੀਆਂ ਗਈਆਂ ਹਨ, ਜਦਕਿ ਇਹਨਾਂ ਪੀੜਿਤ ਪਰਵਾਰਾਂ ਦੀ ਸਾਰ ਲੈਂਦਿਆਂ ਡਾਕਟਰ ਉਬਰਾਏ ਵੱਲੋਂ ਪਰਵਾਰਾਂ ਦੀਆਂ ਪੈਨਸ਼ਨਾਂ ਵੀ ਲਗਾਈਆਂ ਗਈਆਂ ਹਨ। ਪ੍ਰਧਾਨ ਰਵਿੰਦਰ ਸਿੰਘ ਮਠਾਰੂ ਨੇ ਕਿਹਾ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰਸਟ ਜ਼ਿਲ੍ਹਾ ਗੁਰਦਾਸਪੁਰ ਦੀ ਇਕਾਈ ਪੂਰੀ ਤਨਦੇਹੀ ਦੇ ਨਾਲ ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਵਿੱਚ ਲੱਗੀ ਹੋਈ ਹੈ। ਇਸ ਮੌਕੇ ਹੋਰ ਵੀ ਮੈਂਬਰ ਹਾਜ਼ਰ ਸਨ।

# ਡੀ ਸੀ ਨੇ ਵਿੱਦਿਅਕ ਸੈਸ਼ਨ 'ਚ ਦਾਖਲਾ ਮੁਹਿੰਮ ਦਾ ਕੀਤਾ ਅਗਾਜ਼



ਵੇਰਕਾ (ਰਾਣਾ)- ਸਿੱਖਿਆ ਵਿਭਾਗ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਵੇਂ ਵਿੱਦਿਅਕ ਸੈਸ਼ਨ ਸਾਲ 2025 ਲਈ ਦਾਖਲਾ ਮੁਹਿੰਮ ਦਾ ਅਗਾਜ਼ ਸਰਕਾਰੀ ਐਲੀ: ਸਕੂਲ ਗਵਾਲਮੰਡੀ, ਬਲਾਕ ਅੰਮ੍ਰਿਤਸਰ-4 ਜ਼ਿਲ੍ਹਾ ਸਿੱਖਿਆ ਵਿਖੇ ਜ਼ਿਲ੍ਹਾ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਕੀਤਾ। ਇਸ ਮੌਕੇ ਜ਼ਿਲ੍ਹਾ ਅਫਸਰ (ਸੈ:ਸਿੱ:) ਅੰਮ੍ਰਿਤਸਰ ਹਰਭਗਵੰਤ ਸਿੰਘ, ਜ਼ਿਲ੍ਹਾ ਸਿੱਖਿਆ ਅਫਸਰ (ਐਲੀ:) ਅੰਮ੍ਰਿਤਸਰ ਕੰਵਲਜੀਤ ਸਿੰਘ, ਰਾਜੇਸ਼ ਖੰਨਾ, ਇੰਦੂ ਬਾਲਾ ਮੰਗੋਤਰਾ (ਦੋਵੇਂ ਡਿਪਟੀ ਡੀ.ਈ.ਓ), ਦਵਿੰਦਰ ਸਿੰਘ ਭਰਾਤਾ ਐਸ.ਐਲ.ਏ, ਜਸਬੀਰ ਸਿੰਘ ਸੰਧੂ ਆਦਿ ਹਾਜ਼ਰ ਸਨ।

ਇਸ ਦੌਰਾਨ ਬਲਾਕ ਸਿੱਖਿਆ ਅਫਸਰ (ਐਲੀ:) ਦਿਲਬਾਗ ਸਿੰਘ ਬਲਾਕ ਸਿੱਖਿਆ ਦਫਤਰ ਅੰਮ੍ਰਿਤਸਰ-4 ਵੱਲੋਂ ਆਏ ਸਾਰੇ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਪਤਵੰਤੇ ਸੱਜਣਾਂ ਨੂੰ ਜੀ ਆਇਆਂ ਆਖਿਆ ਤੇ ਸਕੂਲ ਦੇ ਵਿਦਿਆਰਥੀਆਂ ਨੂੰ ਲੱਡੂ ਵੰਡੇ ਗਏ।

ਇਸ ਮੌਕੇ ਸੀ.ਐਚ.ਟੀ ਗੁਰਪ੍ਰੀਤ ਸਿੰਘ, ਮਨਜੀਤ ਸਿੰਘ, ਰਣਜੀਤ ਸਿੰਘ, ਗੁਰਬਚਨ ਸਿੰਘ, ਲਿਵਤਾਰ ਸਿੰਘ, ਗੁਰਵਿੰਦਰ ਸਿੰਘ (ਸਾਰੇ ਸੀ.ਐਚ.ਟੀ), ਹੈੱਡਟੀਚਰ ਰਣਜੀਤ ਸਿੰਘ ਹੁਸ਼ਿਆਰਨਗਰ, ਦਵਿੰਦਰ ਸਿੰਘ ਫਤਾਹਪੁਰ, ਤਜਿੰਦਰ ਸਿੰਘ ਢਪੱਈ, ਨਿਰਮਲ ਸਿੰਘ ਮੂਲੇਚੱਕ ਸਮੇਤ ਹੋਰ ਕਈ ਪਤਵੰਤੇ ਹਾਜ਼ਰ ਸਨ।

## ਕੈਮਿਸਟ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਮੀਟਿੰਗ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਪੰਜਾਬ ਸਰਕਾਰ ਵਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਨਸ਼ੇ ਨੂੰ ਰੋਕਣ ਲਈ ਕੈਮਿਸਟ ਐਸੋਸੀਏਸ਼ਨ ਅਤੇ ਮੈਡੀਕਲ ਸਟੋਰ ਵਾਲਿਆਂ ਦੀ ਅਹਿਮ ਭੂਮਿਕਾ ਹੈ ਤਾਂ ਜੋ ਸੂਬੇ ਵਿਚ ਨਸ਼ੇ ਦਾ ਪੂਰੀ ਤਰ੍ਹਾਂ ਖਾਤਮਾ ਕੀਤਾ ਜਾ ਸਕੇ।ਇਸ ਸਬੰਧੀ ਅੱਜ ਐਸ.ਡੀ.ਐਮ.-1 ਸ: ਗੁਰਸਿਮਰਜੀਤ ਸਿੰਘ ਅਤੇ ਐਸ.ਡੀ.ਐਮ. 2 ਸ: ਮਨਕੰਵਲ ਸਿੰਘ ਚਾਹਲ ਵਲੋਂ ਜ਼ਿਲ੍ਹੇ ਦੀਆਂ ਕੈਮਿਸਟ ਐਸੋਸੀਏਸ਼ਨਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਚਾਹਲ ਨੇ ਕੈਮਿਸਟਾਂ ਨੂੰ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਦਵਾਈਆਂ ਦੀ ਵਿਕਰੀ ਅਤੇ ਖਰੀਦ ਡਾਕਟਰ ਦੀ ਪਰਚੀ ਤੋ ਬਿਨਾਂ ਨਾ ਕੀਤੀ ਜਾਵੇ। ਉਨਾਂ ਕੈਮਿਸਟ ਐਸੋਸੀਏਸ਼ਨਾਂ ਨੂੰ ਇਹ ਵੀ ਕਿਹਾ ਕਿ ਨਸ਼ੇ ਦੇ ਤੋਰ ਤੇ ਦੁਰਵਰਤੋ ਹੋਣ ਵਾਲੀਆਂ ਦਵਾਈਆਂ 'ਤੇ ਪੰਜਾਬ ਸਰਕਾਰ ਵਲੋ ਪਾਬੰਦੀ ਲਗਾਈ ਗਈ ਹੈ । ਉਨ੍ਹਾਂ ਕਿਹਾ ਕਿ ਇਨ੍ਹਾਂ ਦਵਾਈਆਂ ਨੂੰ ਵਿਭਾਗ ਦੀ ਮਨਜ਼ੂਰੀ ਤੋਂ ਬਿਨਾਂ ਰੱਖਣਾ ਅਤੇ ਵੇਚਣਾ ਕਾਨੂੰਨੀ ਜੁਰਮ ਹੈ ਮੀਟਿੰਗ ਦੌਰਾਨ ਐਸ.ਡੀ.ਐਮ ਗੁਰਸਿਮਰਨਜੀਤ ਸਿੰਘ ਨੇ ਕੈਮਿਸਟ ਐਸੋਸੀਏਸ਼ਨਾਂ ਨੂੰ ਕਿਹਾ ਕਿ ਦਵਾਈਆਂ ਦਾ ਪੂਰਾ ਰਿਕਾਰਡ ਮੇਨਟੇਨ ਕਰਨਾ ਯਕੀਨੀ ਬਣਾਇਆ ਜਾਵੇ ਅਤੇ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ।

ਉਨ੍ਹਾਂ ਕਿਹਾ ਕਿ ਨਸ਼ੇ ਨਾਲ ਸਬੰਧਤ ਦਵਾਈਆਂ ਦੀ ਵੇਚ ਅਤੇ ਖਰੀਦ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।ਹੋਲਸੇਲ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਰਾਜ ਕੁਮਾਰ ਸ਼ਰਮਾ ਨੇ ਵਿਸ਼ਵਾਸ ਦਵਾਇਆ ਕਿ ਉਹ ਕਿਸੇ ਵੀ ਨਸ਼ਾ ਵੇਚਣ ਵਾਲੇ ਕੈਮਿਸਟ ਦਾ ਸਾਥ ਨਹੀਂ ਦੇਣਗੇ ਅਤੇ ਪ੍ਰਸ਼ਾਸਨ ਨਾਲ ਮਿਲ ਕੇ ਸਰਕਾਰ ਵਲੋਂ ਵਿੱਢੀ ਗਈ ਮੁਹਿੰਮ ਵਿਚ ਸਰਕਾਰ ਦਾ ਸਾਥ ਦੇਣਗੇ। ਮੀਟਿੰਗ ਵਿਚ ਡਿਸਟ੍ਰਿਕਟ ਅੰਮ੍ਰਿਤਸਰ ਐਸੋਸੀਏਸ਼ਨ ਦੇ ਪ੍ਰਧਾਨ ਵਿਸ਼ਾਲ ਦੇਵਰਾਜ, ਰਾਜ ਕੁਮਾਰ, ਰਾਜੇਸ਼ ਸੋਹੀ, ਰਾਜੀਵ ਕਪੂਰ, ਸੰਜੀਵ ਭਾਟੀਆ, ਸੰਜੀਵ ਜੈਨ, ਅਮਨ ਕੁਮਾਰ ਪਿੰਕਾ, ਸ਼ਿਵਪਾਲ ਸਲੂਜਾ ਤੋ ਇਲਾਵਾ ਵੱਡੀ ਗਿਣਤੀ ਵਿਚ ਕੈਮਿਸਟ ਐਸੋਸੀਏਸ਼ਨ ਦੇ ਮੈਂਬਰ ਹਾਜ਼ਰ ਸਨ।

## ਕਿਸਾਨਾਂ 'ਤੇ ਅੱਤਿਆਚਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਬਲਵਿੰਦਰ ਸਿੰਘ



ਚੋਹਲਾ ਸਾਹਿਬ (ਰਮਨ ਚੱਡਾ)- ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੇ ਬਲਾਕ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਕੇਂਦਰ ਦੀ ਮੋਦੀ ਸਰਕਾਰ ਨਾਲ ਰਲ ਕੇ ਕਿਸਾਨਾਂ 'ਤੇ ਅੱਤਿਆਚਾਰ ਕਰ ਰਹੀ ਹੈ।

ਪਹਿਲਾਂ ਇਸ ਸਰਕਾਰ ਨੇ ਪੰਜ ਮਾਰਚ ਨੂੰ ਦਿੱਲੀ ਜਾਣ ਤੋਂ ਕਿਸਾਨਾਂ ਨੂੰ ਘਰਾਂ ਤੋਂ ਚੁੱਕ ਲਿਆ ਅਤੇ ਹੁਣ ਇਸ ਸਰਕਾਰ ਨੇ ਖਨੌਰੀ ਅਤੇ ਸ਼ੰਭੂ ਬਾਰਡਰ 'ਤੇ ਪੁਲਸ ਤੋਂ ਅੱਤਿਆਚਾਰ ਕਰਵਾ ਕੇ ਉਹਨਾਂ ਦੇ ਮੋਰਚੇ ਨੂੰ ਖੇਰੂੰ ਖੇਰੂੰ ਕਰ ਦਿੱਤਾ। ਇਸ ਸਰਕਾਰ ਨੂੰ 2027 ਦੀਆਂ ਚੋਣਾਂ ਵਿੱਚ ਲੋਕੀਂ ਸਬਕ ਸਿਖਾ ਦੇਣਗੇ ।

# ਸ਼ਮਸ਼ੇਰ ਸਿੰਘ ਵੱਲੋਂ ਦੀਨਾਨਗਰ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ 'ਚ ਦਾਖਲਾ ਮੁਹਿੰਮ ਦਾ ਆਗਾਜ਼



**ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ )**-ਦੀਨਾਨਗਰ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਅੰਦਰ ਸ਼ੁਰੂ ਹੋਣ ਜਾ ਰਹੇ ਨਵੇਂ ਵਿੱਦਿਅਕ ਸੈਸ਼ਨ ਲਈ ਦਾਖਲੇ ਦੀ ਮੁਹਿੰਮ ਦਾ ਆਗਾਜ਼ ਅੱਜ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਅਤੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਡੀਡਾ ਅਤੇ ਗਰੋਟੀਆਂ ਦੇ ਸਰਕਾਰੀ ਸਕੂਲਾਂ ਤੋਂ ਕੀਤਾ ਗਿਆ। ਇਸ ਸਬੰਧੀ ਬਲਾਕ ਦੀਨਾਨਗਰ 1 ਦਾ ਸਮਾਗਮ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਡੀਡਾ ਵਿਖੇ ਹੈੱਡ ਟੀਚਰ ਰਤਨੀ ਦੇਵੀ ਦੀ ਅਗਵਾਈ ਹੇਠ ਅਤੇ ਬਲਾਕ ਦੀਨਾਨਗਰ 2 ਦਾ ਸਰਕਾਰੀ ਪ੍ਰਾਇਮਰੀ ਸਕੂਲ ਗਰੋਟੀਆਂ ਵਿਖੇ ਬੀ ਪੀ ਈ ਓ ਬਲਵਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਬਲਾਕ ਦੀਨਾਨਗਰ 1 ਦੇ ਨੋਡਲ ਅਫਸਰ ਪ੍ਰਿੰਸੀਪਲ ਜਸਕਰਨਜੀਤ ਸਿੰਘ ਕਾਹਲੋਂ ਅਤੇ ਬਲਾਕ ਦੀਨਾਨਗਰ 2 ਦੇ ਨੋਡਲ ਅਫਸਰ ਪ੍ਰਕਾਸ਼ ਜੋਸ਼ੀ ਵੀ ਉਚੇਚੇ ਤੌਰ 'ਤੇ ਮੌਜੂਦ ਰਹੇ। ਸਰਕਾਰੀ ਪ੍ਰਾਇਮਰੀ ਸਕੂਲ ਗਰੋਟੀਆਂ ਵਿਖੇ ਦਾਖਲਾ ਮੁਹਿੰਮ ਦਾ ਆਗਾਜ਼ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਮਗਰੋਂ ਸਰਕਾਰੀ ਸਕੂਲਾਂ ਅੰਦਰ ਵੱਡੇ ਬਦਲਾਅ ਵੇਖਣ ਨੂੰ ਮਿਲੇ ਹਨ। ਜਿੱਥੇ ਮਾਨ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਨੂੰ ਵਰਲਡ ਕਲਾਸ ਸਕੂਲਾਂ ਦੇ ਮੁਕਾਬਲੇ ਤਿਆਰ ਕੀਤਾ ਜਾ ਰਿਹਾ ਹੈ ਉੱਥੇ ਹੀ ਸਰਕਾਰੀ ਸਕੂਲਾਂ ਅੰਦਰ ਇਮਾਰਤਾਂ ਅਤੇ ਹੋਰ ਪ੍ਰਬੰਧਾਂ ਵੱਲ ਵੀ ਉਚੇਚਾ ਧਿਆਨ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਦੀਨਾਨਗਰ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਦੀ ਹਾਲਤ ਸੁਧਾਰਨ ਲਈ 20 ਕਰੋੜ ਰੁਪਏ ਦੇ ਕਰੀਬ ਖਰਚ ਕੀਤੇ ਗਏ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਅਜੇ ਹੋਰ ਵੀ ਵੱਡੇ ਸੁਧਾਰ ਵੇਖਣ ਨੂੰ ਮਿਲਣਗੇ। ਉਹਨਾਂ ਕਿਹਾ ਕਿ ਪਹਿਲਾਂ ਦੇ ਮੁਕਾਬਲੇ ਸਰਕਾਰੀ ਸਕੂਲਾਂ ਅੰਦਰ ਵਿਦਿਆਰਥੀਆਂ ਦੀ ਗਿਣਤੀ 'ਚ ਕਾਫੀ ਵਾਧਾ ਹੋਇਆ ਹੈ। ਉਹਨਾਂ ਕਿਹਾ ਕਿ ਸਿੱਖਿਆ ਅਤੇ ਸਿਹਤ ਆਮ ਆਦਮੀ ਪਾਰਟੀ ਦੇ ਤਰਜੀਹੀ ਏਜੰਡੇ ਹਨ, ਜਿਨ੍ਹਾਂ ਉੱਤੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਦਿਨ ਰਾਤ ਕੰਮ ਕੀਤਾ ਜਾ ਰਿਹਾ ਹੈ ਅਤੇ ਜਲਦੀ ਹੀ ਪੰਜਾਬ ਦੇ ਸਕੂਲ ਦੇਸ਼ ਦੇ ਮੋਹਰੀ ਸਕੂਲਾਂ ਦੀ ਗਿਣਤੀ 'ਚ ਸ਼ਾਮਲ ਹੋਣਗੇ। ਇਸ ਮੌਕੇ ਤੇ ਹੈੱਡ ਟੀਚਰ ਪਵਨ ਕੁਮਾਰ, ਕਾਂਤਾ ਦੇਵੀ, ਸੰਜੀਵ ਕੁਮਾਰ, ਰਵਿੰਦਰ ਸਿੰਘ ਰੋਮੀ, ਬੀ ਆਰ ਸੀ ਸੰਦੀਪ ਕਾਟਲ, ਪ੍ਰਵੀਨ ਕੁਮਾਰ, ਸੀ ਐਚ ਟੀ ਕਮਲ ਕੁਮਾਰ, ਕਮਲ ਕੁਮਾਰ, ਕੁਲਦੀਪ ਸਿੰਘ, ਜਰਨੈਲ ਸਿੰਘ, ਸਾਹਿਲ ਬਾਵਾ, ਵਿਜੇ ਕੁਮਾਰ ਅਤੇ ਸਰਪੰਚ ਗੁਰਨਾਮ ਸਿੰਘ ਸਿੰਗੋਵਾਲ ਵੀ ਹਾਜ਼ਰ ਸਨ।

# ਸਰਕਾਰੀ ਸਕੂਲਾਂ ਅੰਦਰ ਪੜ੍ਹਨਾ ਹੁਣ ਮਾਣ ਵਾਲੀ ਗੱਲ : ਡਿਪਟੀ ਕਮਿਸ਼ਨਰ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿੱਖਿਆ ਵਿਭਾਗ ਪੰਜਾਬ ਵੱਲੋਂ ਬਿਹਤਰ ਅਨੁਭਵ ਵਿੱਦਿਆ ਮਿਆਰੀ ਮਾਣ ਪੰਜਾਬ ਦਾ ਸਕੂਲ ਸਰਕਾਰੀ ਦੇ ਨਾਅਰੇ ਹੇਠ ਨਵੇਂ ਸੈਸ਼ਨ ਲਈ ਨਰਸਰੀ ਤੋਂ ਬਾਰ੍ਹਵੀਂ ਜਮਾਤ ਤੱਕ ਸ਼ੁਰੂ ਕੀਤੀ ਗਈ ਦਾਖ਼ਲਾ ਮੁਹਿੰਮ ਦਾ ਅੱਜ ਜ਼ਿਲ੍ਹੇ ਅੰਦਰ ਆਗਾਜ਼ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਗਵਾਲ ਮੰਡੀ ਦੇ ਸਰਕਾਰੀ ਸਕੂਲ ਤੋਂ ਜਾਗਰੂਕਤਾ ਵੈਨ ਨੂੰ ਝੰਡੀ ਵਿਖਾ ਕੇ ਕੀਤਾ ਗਿਆ। ਜ਼ਿਲ੍ਹਾ ਸਿੱਖਿਆ ਅਫ਼ਸਰ ਅੰਮ੍ਰਿਤਸਰ (ਐਲੀਮੈਂਟਰੀ/ਸੈਕੰਡਰੀ) ਕੰਵਲਜੀਤ ਸਿੰਘ ਅਤੇ ਹਰਭਗਵੰਤ ਸਿੰਘ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਇੰਦੂ ਮੰਗੋਤਰਾ ਅਤੇ ਰਾਜੇਸ਼ ਖੰਨਾ ਦੀ ਸਾਂਝੀ ਦੇਖ-ਰੇਖ 'ਚ ਸ਼ੁਰੂ ਹੋਈ ਇਸ ਦਾਖ਼ਲਾ ਮੁਹਿੰਮ ਦੀ ਸ਼ੁਰੂਆਤ ਮੌਕੇ ਇਕੱਤਰ ਅਧਿਕਾਰੀਆਂ, ਅਧਿਆਪਕਾਂ, ਬੱਚਿਆਂ ਤੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਸੂਬੇ ਅੰਦਰ ਸਾਰੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਹੋ ਰਹੀ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਬੱਚਿਆਂ ਦੇ ਚੰਗੇਰੇ ਭਵਿੱਖ ਲਈ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਅੰਦਰ ਹੀ ਦਾਖ਼ਲ ਕਰਾਉਣ ਤਾਂ ਜੋ ਸਰਕਾਰ ਵੱਲੋਂ ਇਨ੍ਹਾਂ ਸਕੂਲਾਂ ਅੰਦਰ ਮਿਲਣ ਵਾਲੀਆਂ ਅਨੇਕਾਂ ਹੀ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਇਸ ਵੇਲੇ ਸਰਕਾਰੀ ਸਕੂਲਾਂ ਅੰਦਰ ਵਿੱਦਿਆ ਪ੍ਰਾਪਤ ਕਰ ਰਹੇ ਵਿਦਿਆਰਥੀ ਹਰ ਖੇਤਰ 'ਚ ਵੱਡੀਆਂ ਮੱਲਾਂ ਮਾਰ ਰਹੇ ਹਨ। ਉਨ੍ਹਾਂ ਕਿਹਾ ਹੁਣ ਸਰਕਾਰੀ ਸਕੂਲਾਂ 'ਚ ਪੜ੍ਹਨਾ ਮਾਣ ਵਾਲੀ ਗੱਲ ਹੈ। ਉਨ੍ਹਾਂ ਇਸ ਕਾਰਜ ਦੀ ਸ਼ੁਰੂਆਤ ਮੌਕੇ ਆਪਣੇ ਹੱਥੀਂ ਵਿਦਿਆਰਥੀਆਂ ਨੂੰ ਲੱਡੂ ਵੰਡਦਿਆਂ ਉਨ੍ਹਾਂ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸ਼ੁੱਭ ਇਛਾਵਾਂ ਵੀ ਦਿੱਤੀਆਂ।ਦੱਸਣਯੋਗ ਹੈ ਕਿ ਦਾਖ਼ਲਾ ਮੁਹਿੰਮ ਤਹਿਤ ਰਵਾਨਾ ਹੋਣ ਵਾਲੀ ਇਹ ਜਾਗਰੂਕਤਾ ਵੈਨ 22 ਮਾਰਚ ਤੱਕ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ, ਕਸਬਿਆਂ ਤੇ ਸ਼ਹਿਰਾਂ ਵਿੱਚ ਜਾਵੇਗੀ। ਜਿਸ ਦੌਰਾਨ ਬੱਚਿਆਂ ਦੇ ਮਾਪਿਆਂ ਤੇ ਹੋਰਨਾਂ ਆਮ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਅੰਦਰ ਮੁਹਈਆ ਕਰਵਾਈ ਜਾਣ ਵਾਲੀ ਮਿਆਰੀ ਸਿੱਖਿਆ ਦੇ ਨਾਲ- ਨਾਲ ਮਿਲਣ ਵਾਲੀਆਂ ਹੋਰਨਾਂ ਸਹੂਲਤਾਂ ਤੋਂ ਵੀ ਜਾਣੂ ਕਰਵਾਇਆ ਜਾਵੇਗਾ।ਇਸ ਮੌਕੇ ਉਪਰੋਕਤ ਤੋਂ ਇਲਾਵਾ ਬਲਾਕ ਸਿੱਖਿਆ ਅਫ਼ਸਰ ਦਿਲਬਾਗ ਸਿੰਘ, ਯਸ਼ਪਾਲ, ਜਤਿੰਦਰ ਸਿੰਘ, ਦਲਜੀਤ ਸਿੰਘ, ਪ੍ਰਿੰਸੀਪਲ ਨਵਦੀਪ ਕੌਰ, ਹੈੱਡ ਮਾਸਟਰ ਵਿਨੋਦ ਕਾਲੀਆ, ਡੀ.ਆਰ.ਸੀ.ਵਿਜੇ ਕੁਮਾਰ, ਏ.ਸੀ.ਸਮਾਰਟ ਸਕੂਲ ਰਜਿੰਦਰ ਸਿੰਘ, ਮਨੀਸ਼ ਕੁਮਾਰ ਮੇਘ, ਸੰਦੀਪ ਸਿਆਲ, ਮੀਡੀਆ ਕੋਆਰਡੀਨੇਟਰ ਪਰਮਿੰਦਰ ਸਿੰਘ ਸੰਧੂ, ਮੀਡੀਆ ਇੰਚਾਰਜ ਮਨਪ੍ਰੀਤ ਸੰਧੂ, ਬਲਜੀਤ ਸਿੰਘ ਮੱਲੀ, ਦਵਿੰਦਰ ਮੰਗੋਤਰਾ, ਸੀ.ਐਚ.ਟੀ.ਰਣਜੀਤ ਸਿੰਘ ਸੰਧੂ, ਮਨਜੀਤ ਸਿੰਘ, ਗੁਰਪ੍ਰੀਤ ਸਿੰਘ, ਲਿਵਤਾਰ ਸਿੰਘ, ਬਲਜੀਤ ਸਿੰਘ, ਗੁਰਵਿੰਦਰ ਸਿੰਘ, ਗੁਰਚਰਨ ਸਿੰਘ, ਅਰਵਿੰਦਰ ਕੁਮਾਰ, ਰਜਵੰਤ ਕੌਰ, ਮਿੰਨੀ, ਮਨਦੀਪ ਸਿੰਘ, ਕੁਲਵੰਤ ਸਿੰਘ, ਤਜਿੰਦਰ ਸਿੰਘ, ਹਰਮਨ ਵੇਰਕਾ, ਗੁਰਿੰਦਰ ਰੰਧਾਵਾ, ਗੁਰਪ੍ਰਤਾਪ ਸਿੰਘ, ਗੁਰਵੀਰ ਕੌਰ, ਰੀਨਾ, ਅਮਿਤਾ ਰੁਪਿੰਦਰ ਕੌਰ ਆਦਿ ਅਧਿਕਾਰੀਆਂ ਸਮੇਤ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਵੀ ਹਾਜ਼ਰ ਸਨ।

# ਬਾਬਾ ਸ੍ਰੀ ਚੰਦ ਚੈਰੀਟੇਬਲ ਟਰੱਸਟ ਨੇ 60 ਸਕੂਲੀ ਵਿਦਿਆਰਥੀਆਂ ਨੂੰ ਸਟੇਸ਼ਨਰੀ ਕਿੱਟਾਂ ਵੰਡੀਆਂ



**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**-ਬਾਬਾ ਸ੍ਰੀ ਚੰਦ ਚੈਰੀਟੇਬਲ ਟਰੱਸਟ 10 ਡੋਗਰਾ ਮਾਰਗ ਡੇਰਾ ਬਾਬਾ ਨਾਨਕ ਲੋੜਵੰਦ ਸਕੂਲੀ ਬੱਚਿਆਂ ਦੀ ਹਰ ਸੰਭਵ ਮਦਦ ਲਈ ਵਚਨਬੱਧ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਟਰੱਸਟ ਦੇ ਚੇਅਰਮੈਨ ਐੱਨ ਆਰ ਆਈ ਬਾਬਾ ਰਜਿੰਦਰ ਸਿੰਘ ਬੇਦੀ ਨੇ ਅੱਜ ਸਰਕਾਰੀ ਹਾਈ ਸਮਾਰਟ ਸਕੂਲ ਤਲਵੰਡੀ ਗੋਰਾਇਆ ਦੇ ਛੇਵੀਂ ਤੋਂ ਦਸਵੀਂ ਜਮਾਤ ਵਿੱਚ ਪੜ੍ਹਦੇ 60 ਵਿਦਿਆਰਥੀਆਂ ਨੂੰ ਸਟੇਸ਼ਨਰੀ ਕਿੱਟਾਂ ਵੰਡਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਕੀਤਾ।

ਇਸ ਮੌਕੇ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ ਨੇ ਬਾਬਾ ਸ੍ਰੀ ਚੰਦ ਚੈਰੀਟੇਬਲ ਟਰੱਸਟ ਵੱਲੋਂ ਸਕੂਲ ਦੀ ਭਲਾਈ ਲਈ 1 ਲੱਖ ਰੁਪਏ ਸਹਾਇਤਾ ਰਾਸ਼ੀ ਵਜੋਂ ਦੇਣ ਦਾ ਐਲਾਨ ਕੀਤਾ ਅਤੇ ਕਿਹਾ ਕਿ ਇਸ ਸਕੂਲ ਨੂੰ ਹੋਰ ਕਿਸੇ ਵੀ ਚੀਜ਼ ਦੀ ਲੋੜ ਹੋਵੇਗੀ ਉਹ ਟਰੱਸਟ ਵੱਲੋਂ ਪੂਰੀ ਕੀਤੀ ਜਾਵੇਗੀ । ਦੱਸਣਯੋਗ ਹੈ ਕਿ ਬਾਬਾ ਰਜਿੰਦਰ ਸਿੰਘ ਬੇਦੀ ਵੱਲੋਂ ਅਨੇਕਾਂ ਹੀ ਭਲਾਈ ਦੇ ਕਾਰਜ ਆਰੰਭ ਕੀਤੇ ਹੋਏ ਹਨ ਅਤੇ ਲੋੜਵੰਦਾਂ ਦੀ ਮਦਦ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਿੰਦੇ ਹਨ। ਇਸ ਮੌਕੇ ਸਕੂਲ ਇੰਚਾਰਜ ਗੁਰਚਰਨ ਸਿੰਘ ਅਤੇ ਮੈਡਮ ਰਮਨਦੀਪ ਕੌਰ ਨੇ ਬਾਬਾ ਰਜਿੰਦਰ ਸਿੰਘ ਬੇਦੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਬਾਬਾ ਜੀ ਨੇ ਸਾਡੇ ਸਕੂਲ ਨੂੰ ਬਹੁਤ ਪਿਆਰ ਦਿੱਤਾ ਹੈ ਅਸੀਂ ਹਮੇਸ਼ਾ ਬਾਬਾ ਜੀ ਦੇ ਰਿਣੀ ਰਹਾਂਗੇ ।

ਇਸ ਮੌਕੇ ਸਾਬਕਾ ਚੇਅਰਮੈਨ ਹਰਦੀਪ ਸਿੰਘ ਤਲਵੰਡੀ ਗੋਰਾਇਆ, ਅਮਰੀਕ ਸਿੰਘ ਤਲਵੰਡੀ ਗੋਰਾਇਆ, ਮਾਸਟਰ ਪਲਵਿੰਦਰ ਸਿੰਘ, ਮੈਡਮ ਰਮਨਜੀਤ ਕੌਰ, ਮਾਸਟਰ ਗੁਰਦਿਆਲ ਸਿੰਘ, ਮਾਸਟਰ ਰਘਵਿੰਦਰ ਸਿੰਘ, ਮਾਸਟਰ ਹਰਜੀਤ ਸਿੰਘ, ਮਾਸਟਰ ਗੁਰਪ੍ਰੀਤ ਸਿੰਘ, ਥਾਣੇਦਾਰ ਸੁਭਾਸ਼ ਕੁਮਾਰ, ਬਲਜਿੰਦਰ ਸਿੰਘ ਬੱਬੂ ਤੋਂ ਸਕੂਲ ਦਾ ਸਾਰਾ ਸਟਾਫ ਤੇ ਬੱਚੇ ਹਾਜ਼ਰ ਸਨ ।

21 Mar Page-12.qxd 3/20/2025 10:56 PM Page 1



# ਹੈਰੋਇਨ ਤਸਕਰੀ ਰੈਕੇਟ 'ਚ ਸ਼ਾਮਲ ਤਿੰਨ ਕਾਬੂ




**ਜਲੰਧਰ (ਸ਼ੈਲੀ ਐਲਬਰਟ)** ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ ਸੀਆਈਏ ਸਟਾਫ ਨੂੰ ਅਪਰਾਧਿਕ ਤੱਤਾਂ ਅਤੇ ਨਸ਼ੇ ਦੀ ਸਮੱਗਲਿੰਗ ਕਰਨ ਵਾਲਿਆਂ ਦੀ ਨਿਗਰਾਨੀ ਅਤੇ ਰੋਕ ਲਈ ਵਾਈ-ਪੁਆਇੰਟ ਭਗਤ ਸਿੰਘ ਕਲੋਨੀ, ਜਲੰਧਰ ਵਿਖੇ ਤਾਇਨਾਤ ਕੀਤਾ ਗਿਆ ਸੀ। ਰੁਟੀਨ ਜਾਂਚ ਅਤੇ ਦਸਤਾਵੇਜ਼ਾਂ ਦੀ ਤਸਦੀਕ ਲਈ, ਪੁਲਸ ਟੀਮ ਨੇ ਤਿੰਨ ਵਿਅਕਤੀਆਂ – ਰੋਹਿਤ ਅਰੋੜਾ (ਪੁੱਤਰ ਸ਼ੰਕਰ ਦਾਸ), ਰਾਕੇਸ਼ ਉਰਫ ਕੇਸ਼ੀ (ਪੁੱਤਰ ਸ਼ਰਮਾ ਸ਼ਰਮਾ, ਅਤੇ ਸੰਦੀਪ ਉਰਫ ਬਾਬਾ ਉਰਫ ਲਾਲੂ (ਪੁੱਤਰ ਸ਼ਿੰਦਾ ਸਿੰਘ), ਸਾਰੇ ਵਾਸੀ ਅੰਮ੍ਰਿਤਸਰ, ਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਕੀਤੀ। ਉਨ੍ਹਾਂ ਦੀ ਤਲਾਸ਼ੀ ਲੈਣ 'ਤੇ, 30 ਗ੍ਰਾਮ ਹੈਰੋਇਨ ਬਰਾਮਦ ਕੀਤੀ। ਨਤੀਜੇ ਵਜੋਂ, ਐਫਆਈਆਰ ਨੰਬਰ 29 ਮਿਤੀ 16.03.2025 ਐਨਡੀਪੀਐਸ ਐਕਟ ਦੀ ਧਾਰਾ 21/61/85 ਦੇ ਤਹਿਤ ਪੁਲਿਸ ਸਟੇਸ਼ਨ ਡਿਵੀਜ਼ਨ ਨੰਬਰ 1, ਜਲੰਧਰ ਵਿਖੇ ਦਰਜ ਕੀਤੀ ਗਈ।



# ਕਿਸਾਨਾਂ ਨਾਲ ਕੀਤੇ ਵਿਸ਼ਵਾਸਘਾਤ ਦਾ ਮਾਨ ਸਰਕਾਰ ਨੂੰ ਖਮਿਆਜ਼ਾ ਭੁਗਤਣਾ ਪਵੇਗਾ: ਹੀਰ

**ਮਾਹਿਲਪੁਰ (ਸ਼ਫ਼ਰੀ)** ਬੀਤੇ ਕੱਲ 13 ਮਹੀਨਿਆਂ ਤੋਂ ਬਾਰਡਰਾਂ 'ਤੇ ਡਟੇ ਕਿਸਾਨਾਂ ਦੇ ਆਗੂਆਂ ਨੂੰ ਮੀਟਿੰਗ 'ਤੇ ਬੁਲਾ ਕੇ ਮੋਦੀ ਤੇ ਸ਼ਾਹ ਦੇ ਇਸ਼ਾਰੇ 'ਤੇ ਭਗਵੰਤ ਮਾਨ ਨੇ ਪਲਿਸ ਰਾਹੀਂ ਜੋ ਕਹਿਰ ਢਾਹਿਆ ਉਸ ਦੀ ਕੁੱਲ ਦੁਨੀਆਂ ਵਿੱਚ ਵੱਸਦੇ ਇਨਸਾਫ਼ਪਸੰਦ ਕਿਰਤੀ ਲੋਕਾਂ ਵੱਲੋਂ ਘੋਰ ਨਿੰਦਿਆ ਕੀਤੀ ਜਾ ਰਹੀ ਤੇ ਇਸ ਮੰਦਭਾਗੀ ਘਟਨਾ ਨੂੰ ਅੰਜਾਮ ਦੇਣ ਵਾਲੀਆਂ ਕੇਂਦਰ ਤੇ ਸੂਬਾ ਸਰਕਾਰਾਂ ਨੂੰ ਲਾਹਨਤਾਂ ਪਾਈਆਂ ਜਾ ਰਹੀਆਂ ਹਨ।ਇਸੇ ਸਬੰਧ ਵਿੱਚ ਇਲਾਕਾ ਮਾਹਿਲਪੁਰ ਚੱਬੇਵਾਲ ਦੇ ਕਿਸਾਨ ਅੰਦੋਲਨ ਦੇ ਸਮੱਰਥਕਾਂ ਵਲੋਂ ਅੱਜ ਇਕੱਤਰ ਹੋ ਕੇ ਹੱਥਾਂ ਵਿੱਚ ਕਾਲੇ ਝੰਡੇ ਫੜ ਕੇ ਦੋਹਾਂ ਜ਼ਾਲਮ ਸਰਕਾਰਾਂ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ ਤੇ ਸੰਯੁਕਤ ਕਿਸਾਨ ਮੋਰਚੇ ਦੀ ਸੀਨੀਅਰ ਲੀਡਰਸ਼ਿਪ ਦਾ ਡੱਟ ਕੇ ਸਾਥ ਨਿਭਾਉਣ ਦਾ ਪ੍ਰਣ ਕੀਤਾ ਗਿਆ।ਇਸ ਮੌਕੇ ਤੇ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਸਾਰੇ ਸਾਥੀਆਂ ਨੂੰ ਸਰਕਾਰਾਂ ਦੀਆਂ ਸਾਜ਼ਿਸ਼ਾਂ ਤੇ ਧੱਕੇਸ਼ਾਹੀਆਂ ਦਾ ਡੱਟ ਕੇ ਸ਼ਾਂਤੀ ਪੂਰਵਕ ਵਿਰੋਧ ਕਰਨ ਲਈ ਆਪਸੀ ਏਕਤਾ ਬਣਾਉਣ ਤੇ ਹੰਕਾਰੇ ਹਾਕਮਾਂ ਨੂੰ ਸਬਕ ਸਿਖਾਉਣ ਲਈ ਸੰਘਰਸਾਂ ਦੇ ਮੈਦਾਨ ਚ ਜੂਝਣ ਦਾ ਸੱਦਾ ਦਿੱਤਾ। ਉਨਾਂ ਕਿਹਾ ਕਿ ਭਗਵੰਤ ਮਾਨ ਨੇ ਕਿਸਾਨਾਂ ਦੇ ਮੋਰਚੇ ਨਹੀਂ ਸਗੋਂ ਆਪਣੇ ਹੱਥੀਂ ਆਪਣੀਆਂ ਜੜ੍ਹਾਂ ਪੁੱਟੀਆਂ ਹਨ।

# ਵਿਧਾਇਕ ਰਾਜਾ ਨੇ ਕੀਤਾ ਜੇ ਸੀ ਬੀ ਮਸ਼ੀਨ ਦਾ ਉਦਘਾਟਨ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਸਮੁੱਚੇ ਸ਼ਹਿਰ ਅੰਦਰ ਸਫਾਈ ਵਿਵਸਥਾ ਤੇ ਸੁੰਦਰਤਾ ਨੂੰ ਕਾਇਮ ਰੱਖਣ ਲਈ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹਰ ਸੰਭਵ ਯਤਨ ਤੇ ਉਪਰਾਲੇ ਕੀਤੇ ਜਾਣਗੇ ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ



ਟਾਂਡਾ ਜਸਵੀਰ ਸਿੰਘ ਰਾਜਾ ਨੇ ਨਗਰ ਕੌਂਸਲ ਟਾਂਡਾ ਵਿਖੇ ਹੋਏ ਇੱਕ ਸਮਾਗਮ ਵਿੱਚ ਕੀਤਾ।ਇਸ ਮੌਕੇ ਉਨ੍ਹਾ ਪੰਜਾਬ ਸਰਕਾਰ ਵੱਲੋਂ ਪਹਿਲੀ ਵਾਰ ਨਗਰ ਕੌਂਸਲ ਟਾਂਡਾ ਲਈ 35 ਲੱਖ ਰੁਪਏ ਦੀ ਲਾਗਤ ਨਾਲ ਜੇ ਸੀ ਬੀ ਮਸ਼ੀਨ ਦਾ ਉਦਘਾਟਨ ਕਰਕੇ ਸ਼ਹਿਰ ਵਾਸੀਆਂ ਨੂੰ ਸਪੁਰਦ ਕੀਤੀ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕਿਹਾ ਹੈ ਕਿ ਇਹ ਪਹਿਲਾ ਮੌਕਾ ਹੈ ਕਿ ਨਗਰ ਕੌਂਸਲ ਟਾਂਡਾ ਵਿੱਚ ਆਪਣੀ ਜੇ ਸੀ ਬੀ ਮਸ਼ੀਨ ਆਈ ਹੈ। ਇਸ ਤੋਂ ਪਹਿਲਾਂ ਕਈ ਸਰਕਾਰਾਂ ਆਈਆਂ ਤੇ ਗਈਆਂ, ਪ੍ਰੰਤੂ ਕਿਸੇ ਵੀ ਸਰਕਾਰ ਨੇ ਨਗਰ ਕੌਂਸਲ ਟਾਂਡਾ ਦੀ ਇਸ ਵਿਸ਼ੇਸ਼ ਲੋੜ ਅਤੇ ਮੰਗ ਵੱਲ ਧਿਆਨ ਨਹੀਂ ਦਿੱਤਾ । ਉਨ੍ਹਾ ਹੋਰ ਕਿਹਾ ਕਿ ਕਿ ਸ਼ਹਿਰ ਦੀ ਸੀਵਰੇਜ ਦੀ ਵਿਵਸਥਾ ਨੂੰ ਠੀਕ ਅਤੇ ਸਾਫ ਕਰਨ ਲਈ ਪਿਛਲੇ ਕਈ ਦਿਨਾਂ ਤੋਂ ਪੰਜਾਬ ਸਰਕਾਰ ਵੱਲੋਂ ਭੇਜੀਆਂ ਗਈਆਂ ਮਸ਼ੀਨਾਂ ਲਗਾਤਾਰ ਕੰਮ ਕਰ ਰਹੀਆਂ ਹਨ, ਜਿਸ ਕਾਰਨ ਸ਼ਹਿਰ ਵਾਸੀਆਂ ਨੂੰ ਇੱਕ ਵੱਡੀ ਸਹੂਲਤ ਮਿਲੀ ਹੈ। ਇਸ ਮੌਕੇ ਕੌਂਸਲਰ ਹਰਕ੍ਰਿਸ਼ਨ ਸੈਣੀ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਨਗਰ ਕੌਂਸਲ ਟਾਂਡਾ ਨੂੰ ਜੇ ਸੀ ਬੀ ਕਿਰਾਏ 'ਤੇ ਲੈ ਕੇ ਕੰਮ ਕਰਨਾ ਪੈਂਦਾ ਸੀ। ਇਹ ਜੇ ਸੀਬੀ ਆਉਣ ਨਾਲ ਨਗਰ ਕੌਂਸਲ ਤੇ ਸ਼ਹਿਰ ਵਾਸੀਆਂ ਨੂੰ ਵੱਡੀ ਸਹੂਲਤ ਮਿਲੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਜਸਵਿੰਦਰ ਸੰਧੂ,ਏ ਐਮ ਈ ਕੁਲਦੀਪ ਸਿੰਘ ਘੁੰਮਣ, ਐਸ.ਓ ਗੁਰਵਿੰਦਰ ਸਿੰਘ, ਅਕਾਊਂਟੈਂਟ ਪਰਮਿੰਦਰ ਸਿੰਘ ਸੈਣੀ, ਨਗਰ ਕੌਂਸਲਰ ਹਰੀ ਕ੍ਰਿਸ਼ਨ ਸੈਣੀ, ਸੋਨੂ ਖੰਨਾ, ਬਬਲਾ ਸੈਣੀ, ਪ੍ਰੇਮ ਪਡਵਾਲ, ਅਨਿਲ ਗੋਰਾ ,ਰਾਜਨ ਸੋਧੀ, ਲੇਖ ਰਾਜ ਅਹੀਆਪੁਰ ,ਸੁਰਿੰਦਰ ਸਿੰਘ ਭਾਟੀਆ, ਜੱਸੀ ਬਿਜਲੀ ਘਰ ਕਲੋਨੀ,ਕਮਲ ਧੀਰ, ਲਖਵਿੰਦਰ ਸਿੰਘ ਮੁਲਤਾਨੀ, ਰਾਹੁਲ ਖੰਨਾ, ਬਲਜੀਤ ਸਿੰਘ ਸੈਣੀ, ਸਾਬਕਾ ਕੌਂਸਲਰ ਚੰਦਰ ਮੋਹਨ ਲਾਡੀ, ਸਰਬਜੀਤ ਸਿੰਘ ਵਿੱਕੀ ਵੀ ਮੌਜੂਦ ਸਨ।

# ਰਿਆਤ ਬਾਹਰਾ ਐਜੂਕੇਸ਼ਨ ਸਿਟੀ ਨੂੰ 'ਐਕਸੀਲੈਂਸ ਇਨ ਟੈਕਨੀਕਲ ਐਜੂਕੇਸ਼ਨ' ਐਵਾਰਡ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਚੰਡੀਗੜ੍ਹ 'ਚ ਹੋਏ ਟਾਈਮਜ਼ ਪਾਵਰ ਆਈਕਾਨਸ 2025 ਸਮਾਗਮ ਦੌਰਾਨ ਰਿਆਤ ਬਾਹਰਾ ਐਜੂਕੇਸ਼ਨ ਸਿਟੀ ਨੂੰ 'ਐਕਸੀਲੈਂਸ ਇਨ ਟੈਕਨੀਕਲ ਐਜੂਕੇਸ਼ਨ' ਐਵਾਰਡ ਮਿਲਿਆ। ਇਹ ਐਵਾਰਡ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੈਂਪਸ ਡਾਇਰੈਕਟਰ ਡਾ. ਚੰਦਰ ਮੋਹਨ ਨੂੰ ਦਿੱਤਾ।ਇਸ ਮੌਕੇ ਫ਼ਿਲਮ ਅਦਾਕਾਰ ਕੁਣਾਲ ਕਪੂਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਰਿਆਤ ਬਾਹਰਾ ਗਰੁੱਪ ਦੇ ਵਾਈਸ ਚੇਅਰਮੈਨ ਗੁਰਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਇਹ ਇਨਾਮ ਟੈਕਨੀਕਲ ਐਜੂਕੇਸ਼ਨ 'ਚ ਸੰਸਥਾਨ ਦੀ ਵਧੀਆ ਪੜ੍ਹਾਈ ਦਾ ਸਬੂਤ ਹੈ।ਕੈਂਪਸ ਡਾਇਰੈਕਟਰ ਡਾ. ਚੰਦਰ ਮੋਹਨ ਨੇ ਇਹ ਐਵਾਰਡ ਹੁਸ਼ਿਆਰਪੁਰ ਕੈਂਪਸ ਦੀ ਟੀਮ ਨੂੰ ਸਮਰਪਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਸਫਲਤਾ ਅਧਿਆਪਕਾਂ, ਵਿਦਿਆਰਥੀਆਂ ਅਤੇ ਪ੍ਰਸ਼ਾਸਨ ਦੀ ਮਿਹਨਤ ਦਾ ਨਤੀਜਾ ਹੈ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਇਹ ਸਨਮਾਨ ਸਿੱਖਿਆ, ਨਵੀਨਤਾ ਅਤੇ ਮਿਲ ਕੇ ਕੰਮ ਕਰਨ ਲਈ ਸਮੂਹ ਦੀ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ। ਇਸ ਸਮਾਗਮ ਵਿੱਚ ਵੱਖ-ਵੱਖ ਖੇਤਰਾਂ ਦੇ ਵਿਦਵਾਨ, ਉਦਯੋਗਪਤੀ ਅਤੇ ਵਪਾਰੀ 'ਮੇਕ ਇਨ ਇੰਡੀਆ' ਦੇ ਭਵਿੱਖ 'ਤੇ ਵਿਚਾਰ-ਚਰਚਾ ਕਰਨ ਲਈ ਇਕੱਠੇ ਹੋਏ। ਐਵਾਰਡ ਲੈ ਕੇ ਕੈਂਪਸ ਪਹੁੰਚਣ 'ਤੇ ਕੈਂਪਸ ਡਾਇਰੈਕਟਰ ਡਾ. ਚੰਦਰ ਮੋਹਨ ਅਤੇ ਸੀਨੀਅਰ ਡਾਇਰੈਕਟਰ ਹਰਿੰਦਰ ਜਸਵਾਲ ਦਾ ਕੈਂਪਸ ਸਟਾਫ਼ ਵੱਲੋਂ ਸਵਾਗਤ ਕੀਤਾ ਗਿਆ।




# ਨਗਰ ਨਿਗਮ ਕਮਿਸ਼ਨਰ ਨੇ ਦਾਖਲਾ ਵੈਨ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ



**ਫਗਵਾੜਾ (ਜਸਵਿੰਦਰ ਢੱਡਾ)** ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਵੱਲੋਂ ਸਾਲ 2025-26 ਲਈ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦਾ ਵੱਧ ਤੋਂ ਵੱਧ ਦਾਖਲਾ ਕਰਾਉਣ ਲਈ 'ਦਾਖਲਾ ਮੁਹਿੰਮ' ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਮੁਹਿੰਮ ਤਹਿਤ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਰੱਖੇ ਗਏ ਬਲਾਕ ਪੱਧਰੀ ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਸਥਾਨਕ ਏ.ਡੀ.ਸੀ. (ਜ)-ਕਮ- ਕਮਿਸ਼ਨਰ ਨਗਰ ਨਿਗਮ ਫਗਵਾੜਾ ਡਾ: ਅਕਸ਼ਿਤਾ ਗੁਪਤਾ ਆਈ.ਏ.ਐਸ. ਵੱਲੋਂ ਦਾਖਲਾ ਵੈਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਦੇ ਹੋਏ ਇਸ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾਂ ਵੱਲੋਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਫਗਵਾੜਾ ਵਿਖੇ ਇਸ ਦਾਖਲਾ ਮੁਹਿੰਮ ਬਾਰੇ ਆਟੋ-ਰਿਕਸ਼ਾ 'ਤੇ ਮਾਈਕ ਤੇ ਸਾਊਂਡ ਸਿਸਟਮ ਅਤੇ ਇਸਤਿਹਾਰ ਆਦਿ ਲਗਾ ਕੇ ਦਾਖਲਾ ਵੈਨ ਨੂੰ ਹਰੀ ਝੰਡੀ ਦੇ ਪੂਰੇ ਸ਼ਹਿਰ ਵਿੱਚ ਇਸ ਨੂੰ ਭੇਜਿਆ ਜਾ ਰਿਹਾ ਹੈ। ਇਹ ਆਟੋ-ਰਿਕਸ਼ਾ ਪੂਰੇ ਸ਼ਹਿਰ ਅਤੇ ਪਿੰਡਾਂ ਵਿੱਚ ਜਾਣਗੇ ਅਤੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਕਿ ਸਰਕਾਰੀ ਸਕੂਲਾਂ ਵਿੱਚ ਬਿਨਾਂ ਕਿਸੇ ਫੀਸ ਆਦਿ ਦੇ ਵਧੀਆ ਸਿੱਖਿਆ ਦਿੱਤੀ ਜਾ ਰਹੀ ਹੈ।ਜਿਸ ਨਾਲ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਦਾਖ਼ਲਿਆਂ ਦੀ ਗਿਣਤੀ ਵੱਧਣ ਦੀ ਪੂਰੀ ਉਮੀਦ ਹੈ।ਉਨ੍ਹਾਂ ਸਾਰੇ ਮਾਪਿਆਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇੱਥੇ ਵਧੀਆ ਤੇ ਪੜ੍ਹੇ-ਲਿਖੇ ਅਧਿਆਪਕ ਹਨ, ਵਧੀਆ ਇਨਫ੍ਰਾਸਟਰੱਕਚਰ, ਮੁਫਤ ਕਿਤਾਬਾਂ ਦੇ ਨਾਲ ਹੀ ਬੱਚਿਆਂ ਵਾਸਤੇ ਮਿਡ-ਡੇ-ਮੀਲ ਮੁਹੱਈਆ ਕੀਤਾ ਜਾਂਦਾ ਹੈ, ਅਤੇ ਉਹ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਭੇਜਣ ਅਤੇ ਪੰਜਾਬ ਸਰਕਾਰ ਵੱਲੋਂ ਨਾਗਰਿਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਇਸ ਮੌਕੇ 'ਤੇ ਜ਼ਿਲ੍ਹਾ ਸਿੱਖਿਆ ਅਫਸਰ (ਐਲੀ.), ਕਪੂਰਥਲਾ ਸ੍ਰੀਮਤੀ ਮਮਤਾ ਬਜਾਜ, ਡਿਪਟੀ ਜ਼ਿਲ੍ਹਾ ਸਿੱਖਿਆ ਅਫਸਰ (ਐਲੀ), ਕਪੂਰਥਲਾ ਡਾ: ਬਲਵਿੰਦਰ ਸਿੰਘ ਬਿੱਟੂ ਅਤੇ ਬੀ.ਪੀ.ਈ.ਓ., ਫਗਵਾੜਾ ਸੰਜੀਵ ਹਾਂਡਾ ਅਤੇ ਬਲਾਕ ਫਗਵਾੜਾ-2 ਦੇ ਸਾਰੇ ਸੀ.ਐਚ.ਟੀ., ਐਚ.ਟੀ., ਸਕੂਲ ਇੰਚਾਰਜ ਅਤੇ ਈ.ਟੀ.ਟੀ. ਅਧਿਆਪਕ ਆਦਿ ਵੀ ਹਾਜ਼ਰ ਸਨ।

# ਬਦਲਦੀ ਜੀਵਨਸ਼ੈਲੀ ਦੰਦਾਂ ਦੀ ਸਿਹਤ ਨੂੰ ਵਿਗਾੜ ਰਹੀ : ਸਿਵਲ ਸਰਜਨ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਦੀ ਯੋਗ ਰਹਿਨੁਮਾਈ ਹੇਠ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਵਿਖੇ ਵਿਸ਼ਵ ਓਰਲ ਹੈਲਥ ਦਿਵਸ ਮਨਾਇਆ ਗਿਆ। ਲੋਕਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਵਿਸ਼ਵ ਓਰਲ ਹੈਲਥ ਦਿਵਸ ਦੇ ਸੰਦਰਭ ਵਿੱਚ ਆਮ ਲੋਕਾਂ ਨੂੰ ਚੰਗੇ ਅਤੇ ਪੌਸ਼ਟਿਕ ਖਾਣ ਪੀਣ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਤਹਿਤ ਜਾਗਰੂਕਤਾ ਫੈਲਾਈ ਜਾ ਰਹੀ ਹੈ, ਕਿਉਂਕਿ ਮੌਜੂਦਾ ਸਮੇਂ ਵਿੱਚ ਬਦਲਦੀ ਜੀਵਨਸ਼ੈਲੀ ਦੰਦਾਂ ਦੀ ਸਿਹਤ ਨੂੰ ਵਿਗਾੜ ਰਹੀ ਹੈ। ਉਨ੍ਹਾਂ ਮਜ਼ਬੂਤ ਦੰਦਾਂ ਲਈ ਭੋਜਨ ਦੀ ਵਰਤੋਂ ਕਰਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਵਿਟਾਮਿਨ ਅਤੇ ਖਣਿਜ ਪਦਾਰਥਾਂ ਨਾਲ ਭਰਪੂਰ ਚੀਜ਼ਾਂ ਦਾ ਸੇਵਨ ਕੀਤਾ ਜਾਵੇ। ਜ਼ਿਆਦਾ ਮਿਠੀਆਂ ਚੀਜ਼ਾਂ ਜਾਂ ਚਿਪਕਣ ਵਾਲੇ ਪਦਾਰਥਾਂ ਦੀ ਵਰਤੋਂ ਕਰਨ ਤੋਂ ਗੁਰੇਜ਼ ਕੀਤਾ ਜਾਵੇ।ਖਾਣ ਤੋਂ ਬਾਅਦ ਚੰਗੀ ਤਰ੍ਹਾਂ ਮੂੰਹ ਦੀ ਸਫਾਈ ਕੀਤੀ ਜਾਵੇ। ਦੋ ਵਾਰ ਦੰਦਾਂ ਨੂੰ ਬੁਰਸ਼ ਨਾਲ ਸਾਫ ਕੀਤਾ ਜਾਵੇ। ਡਾਕਟਰੀ ਸਲਾਹ ਅਨੁਸਾਰ ਦੰਦਾਂ ਦੀ ਜਾਂਚ ਕਰਵਾਉਂਦੇ ਰਿਹਾ ਜਾਵੇ ਤਾਂ ਸੁਰਖਿਅਤ ਰਿਹਾ ਜਾ ਸਕੇ।ਇਸ ਮੌਕੇ ਮੈਡੀਕਲ ਅਫਸਰ ਡੈਂਟਲ ਪ੍ਰਦੀਪ ਕੁਮਾਰ ਤੇ ਪੀ ਏ ਅਜੇ ਕੁਮਾਰ ਮੌਜੂਦ ਸਨ।

# ਮੋਦੀ-ਮਾਨ ਸਰਕਾਰਾਂ ਨੇ ਕੀਤਾ ਕਿਸਾਨਾਂ ਨਾਲ ਵਸਾਹਘਾਤ : ਪਾਸਲਾ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਅਤੇ ਪੰਜਾਬ ਰਾਜ ਕਮੇਟੀ ਦੇ ਪ੍ਰਧਾਨ ਤੇ ਸਕੱਤਰ ਕਾਮਰੇਡ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ ਨੇ ਇੱਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀ ਮਿਲੀਭੁਗਤ ਨਾਲ ਕਿਸਾਨ ਆਗੂਆਂ ਨਾਲ ਕੀਤੇ ਗਏ ਵਸਾਹ ਘਾਤ ਅਤੇ ਕਿਸਾਨ ਅੰਦੋਲਨ ਦੇ ਮੋਰਚੇ ਜਬਰੀ ਪੁੱਟਣ ਵਾਲੀ ਸਿਰੇ ਦੀ ਧੱਕੜਸ਼ਾਹ ਕਾਰਵਾਈ ਦੀ ਜੋਰਦਾਰ ਨਿਖੇਧੀ ਕੀਤੀ ਹੈ।ਕਮਿਊਨਿਸਟ ਆਗੂਆਂ ਨੇ ਦੋਸ਼ ਲਾਇਆ ਹੈ ਕਿ ਇਕ ਪਾਸੇ ਜਿੱਥੇ ਕੇਂਦਰੀ ਸਰਕਾਰ ਰਹਿੰਦੀਆਂ ਕਿਸਾਨ ਮੰਗਾਂ ਮੰਨਣ ਤੋਂ ਪੂਰੀ ਤਰ੍ਹਾਂ ਭਾਜੂ ਹੋ ਚੁੱਕੀ ਹੈ, ਉੱਥੇ ਨਾਲ ਹੀ ਸੂਬਾਈ ਸਰਕਾਰ, ਖਾਸ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਸਾਰੀਆਂ ਕਿਸਾਨੀ ਫਸਲਾਂ ਦੀ ਐਮਐਸਪੀ 'ਤੇ ਖਰੀਦ ਕਰਨ ਦੇ ਆਪਣੇ ਬੜਬੋਲੇ ਦਾਅਵਿਆਂ ਦਾ ਖੋਖਲਾਪਨ ਉਜਾਗਰ ਹੋ ਗਿਆ ਹੈ। ਇਸ ਧੋਖਾਧੜੀ ਬਦਲੇ ਜਮਹੂਰੀ ਹਲਕਿਆਂ ਅਤੇ ਜਾਗਰੂਕ ਸ਼ਹਿਰੀਆਂ ਵਲੋਂ ਕੀਤੀ ਜਾ ਰਹੀ ਹੱਕ ਵਜਾਨਬ ਆਲੋਚਨਾ ਤੋਂ ਦੋਹੇਂ ਸਰਕਾਰਾਂ ਬੁਖਲਾਹਟ 'ਚ ਆਈਆਂ ਹੋਈਆਂ ਹਨ। ਬੀਤੇ ਕੱਲ੍ਹ ਕੀਤੀ ਗਈ ਕਿਸਾਨਾਂ ਨੂੰ ਖਦੇੜਣ ਦੀ ਲੋਕ ਰਾਜ ਵਿਰੋਧੀ ਕਾਰਵਾਈ ਨੂੰ ਦੋਹਾਂ ਸਰਕਾਰਾਂ ਦੀ ਉਕਤ ਅਸਫਲਤਾ ਅਤੇ ਹੱਕੀ ਲੋਕ ਘੋਲਾਂ ਨੂੰ ਪੁਲਸ ਤੇ ਸੁਰੱਖਿਆ ਬਲਾਂ ਦੀ ਦੁਰਵਰਤੋਂ ਰਾਹੀਂ ਦਬਾਉਣ ਦੀ ਤਾਨਾਸ਼ਾਹ ਪ੍ਰਵਿਰਤੀ ਦੇ ਨਜ਼ਰੀਏ ਤੋਂ ਸਮਝਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਉਕਤ ਕਾਰਵਾਈ ਤੋਂ ਇਹ ਗੱਲ ਬਾਖੂਬੀ ਸਿੱਧ ਹੋ ਗਈ ਹੈ ਕਿ ਮੋਦੀ-ਮਾਨ ਸਰਕਾਰਾਂ ਵਲੋਂ ਕੀਤੇ ਜਾ ਰਹੇ 'ਬੁਲਡੋਜ਼ਰ ਇਨਸਾਫ' ਅਤੇ ਪੁਲਸ ਮੁਕਾਬਲੇ ਅੰਤ ਨੂੰ ਜਮਹੂਰੀ ਲਹਿਰ ਨੂੰ ਸਾਬੋਤਾਜ ਕਰਨ ਦਾ ਸੰਦ ਬਨਣਗੇ।

# ਸ੍ਰੀ ਹਨੂਮਤ ਇੰਸਟੀਚਿਊਟ ਵਿਖੇ ਸਿਮਟ ਕਾਰਨੀਵਲ ਭਲਕੇ

**ਗੁਰਾਇਆ (ਬਿੰਦਰ ਸੁਮਨ)**- ਸ਼੍ਰੀ ਹਨੂਮਤ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ (ਸ਼ਿਮਟ) ਕੈਂਪਸ ਵਿਖੇ ਸ਼ਿਮਟ ਕਾਰਨੀਵਲ 2025 ਮੈਗਾ ਈਵੈਂਟ 22 ਮਾਰਚ ਨੂੰ ਬੜੀ ਧੂਮਧਾਮ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਨੇ ਦੱਸਿਆ ਕਿ ਕਾਰਨੀਵਲ ਦੌਰਾਨ ਭਾਰਤੀ ਸੱਭਿਆਚਾਰ ਅਤੇ ਖੇਡਾਂ ਨਾਲ ਸਬੰਧਤ ਪ੍ਰੋਗਰਾਮ ਹੋਣਗੇ। ਖਾਣ-ਪੀਣ ਦੇ ਸਟਾਲ, ਰਾਈਡਸ ਅਤੇ ਪ੍ਰਦਰਸ਼ਨੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹਿਣਗੇ। ਇਸ ਦੌਰਾਨ ਦੁਪਹਿਰ 1:30 ਵਜੇ ਦਾ ਬਫੇ ਵੀ ਸ਼ਾਮਲ ਹੋਵੇਗਾ। ਸ਼ਾਮ 4 ਵਜੇ ਗਾਇਕ ਸ਼ਿਵਜੋਤ ਵਲੋਂ ਖੂਬਸੂਰਤ ਲਾਈਵ ਕੰਸਰਟ ਪੇਸ਼ ਕੀਤਾ ਜਾਵੇਗਾ। ਜਿਸ ਦੀਆਂ ਟਿਕਟਾਂ ਕਾਲਜ ਕਾਊਂਟਰ ਤੋਂ ਲਈਆਂ ਜਾ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਸ਼ਿਮਟ ਕਾਰਨੀਵਲ ਨੂੰ ਲੈ ਕੇ ਨਾ ਸਿਰਫ ਸਾਰੇ ਵਿਭਾਗਾਂ ਦੇ ਵਿਦਿਆਰਥੀਆਂ ਸਗੋਂ ਫੈਕਲਟੀ ਸਟਾਫ਼ ਵਿੱਚ ਵੀ ਬਹੁਤ ਉਤਸ਼ਾਹ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਸਮਾਗਮ ਹਮੇਸ਼ਾ ਦੀ ਤਰ੍ਹਾਂ ਇਸ ਵਾਰ ਵੀ ਮਿੱਠੀਆਂ ਯਾਦਾਂ ਛੱਡ ਕੇ ਜਾਵੇਗਾ।



# ਵਿਸ਼ਵ ਓਰਲ ਹੈੱਲਥ ਦਿਵਸ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)**- ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ, ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਦੀ ਯੋਗ ਰਹਿਨੁਮਾਈ ਹੇਠ ਸਰਕਾਰ ਪ੍ਰਾਈਮਰੀ ਸਕੂਲ, ਧੌਲਾਂ ਵਿਖੇ ਵਿਸ਼ਵ ਓਰਲ ਹੈਲਥ ਦਿਵਸ ਮਨਾਇਆ ਗਿਆ।ਇਸ ਮੌਕੇ ਡਾ. ਮਾਨ ਨੇ ਦੱਸਿਆ ਕਿ ਮੂੰਹ ਦੀ ਤੰਦਰੁਸਤੀ ਤੇ ਦੰਦਾਂ ਦੀ ਮਜ਼ਬੂਤੀ ਲਈ ਹਰੇਕ ਵਿਅਕਤੀ ਨੂੰ ਸੁਨਹਿਰੇ ਨਿਯਮ ਅਪਣਾਉਣੇ ਚਾਹੀਦੇ ਹਨ ਜਿਵੇਂ ਕਿ ਸਾਡਾ ਭੋਜਨ ਵਿਟਾਮਿਨ, ਖਣਿਜ ਪਦਾਰਥ ਤੇ ਕੈਲਸ਼ੀਅਮ ਯੁਕਤ ਹੋਣਾ ਚਾਹੀਦਾ ਹੈ। ਭੋਜਨ 'ਚ ਜ਼ਿਆਦਾ ਚਿਪਕਣ ਵਾਲੀਆਂ ਅਤੇ ਮਿੱਠੀਆਂ ਚੀਜਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ, ਨਿਯਮਤ ਰੂਪ 'ਚ ਦੰਦਾਂ ਦੇ ਮਾਹਿਰ ਡਾਕਟਰ ਦੀ ਸਲਾਹ ਜ਼ਰੂਰ ਲੈਣੀ ਚਾਹੀਦੀ (ਖਾਸ ਕਰ ਹਰ ਛੇ ਮਹੀਨਿਆਂ ਬਾਅਦ) ਤੇ ਦੰਦਾਂ ਦੇ ਨਾਲ-ਨਾਲ ਜੀਭ ਦੀ ਸਫ਼ਾਈ ਵੀ ਰੱਖਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਸਵੇਰੇ ਨਾਸ਼ਤੇ ਤੇ ਰਾਤ ਦੇ ਭੋਜਨ ਤੋਂ ਬਾਅਦ ਬੁਰਸ਼ ਜ਼ਰੂਰ ਕਰਨਾ ਚਾਹੀਦਾ ਹੈ ਅਤੇ ਹਰ ਖਾਣੇ ਤੋਂ ਬਾਅਦ ਸਾਫ ਪਾਣੀ ਨਾਲ ਕੁਰਲਾ ਜ਼ਰੂਰ ਕਰਨਾ ਚਾਹੀਦਾ ਹੈ।ਦੰਦਾਂ ਨੂੰ ਸਾਫ ਕਰਨ ਲਈ ਹਮੇਸ਼ਾ ਫਲੋਰਾਈਡ ਟੂਥਪੇਸਟ ਦੀ ਵਰਤੋਂ ਕਰੋ।



# ਖਮੀਰੀਕ੍ਰਿਤ ਜੈਵਿਕ ਖਾਦ ਸੰਬੰਧੀ ਜਾਗਰੂਕਤਾ ਕੈਂਪ




**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)** ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ ਵੱਲੋਂ ਖਮੀਰੀਕ੍ਰਿਤ ਜੈਵਿਕ ਖਾਦ ਸਬੰਧੀ ਪਿੰਡ ਮੁਗੋਵਾਲ ਵਿਖੇ ਜਾਗਰੁਕਤਾ ਕੈਂਪ ਲਗਾਇਆ ਗਿਆ। ਕੈਂਪ ਦੀ ਸ਼ੁਰੂਆਤ ਵਿੱਚ ਸਹਿਯੋਗੀ ਪ੍ਰੋਫੈਸਰ ਡਾ. ਪਰਮਿੰਦਰ ਸਿੰਘ ਨੇ ਆਏ ਹੋਏ ਕਿਸਾਨਾਂ ਦਾ ਸਵਾਗਤ ਕੀਤਾ। ਉਨ੍ਹਾਂ ਇਸ ਕੇਂਦਰ ਦੁਆਰਾ ਕਿਸਾਨ ਭਲਾਈ ਸਬੰਧੀ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਖੇਤੀ ਤੋਂ ਵੱਧ ਮੁਨਾਫੇ ਲਈ ਫ਼ਸਲਾਂ ਦੀ ਕਾਸ਼ਤ ਦੌਰਾਨ ਖਮੀਰੀਕ੍ਰਿਤ ਜੈਵਿਕ ਖਾਦ ਦੀ ਵਰਤੋ ਬਾਰੇ ਜਾਣਕਾਰੀ ਦਿੱਤੀ, ਜਿਸ ਨਾਲ ਰਸਾਇਣਕ ਖਾਦਾਂ 'ਤੇ ਨਿਰਭਰਤਾ ਘਟਾਈ, ਜ਼ਮੀਨ ਦੀ ਸਿਹਤ ਵਿਚ ਸੁਧਾਰ ਅਤੇ ਵਾਤਾਵਰਣਪ੍ਰਦੂਸ਼ਣ ਘੱਟ ਕੀਤਾ ਜਾ ਸਕਦਾ ਹੈ। ਕ੍ਰਿਸ਼ੀ ਵਿਗਿਆਨ ਕੇਂਦਰ ਦੇ ਵਿਗਿਆਨੀਆਂ ਡਾ. ਅਜੈਬ ਸਿੰਘ, ਸਹਾਇਕ ਪ੍ਰੋਫੈਸਰ (ਖੇਤੀਬਾੜੀ ਇੰਜੀਨਿਅਰਿੰਗ) ਡਾ. ਕਰਮਵੀਰ ਸਿੰਘ ਗਰਚਾ, ਸਹਾਇਕ ਪ੍ਰੋਫੈਸਰ (ਸਬਜ਼ੀ ਵਿਗਿਆਨ) ਨੇ ਖੇਤੀ ਜਿਣਸਾਂ ਦੇ ਮੁੱਲ-ਵਾਧੇ ਲਈ ਪ੍ਰੋਸੈਸਿੰਗ ਅਪਣਾਉਣ, ਕੁਦਰਤੀ ਸਰੋਤਾਂ ਦੀ ਸਾਂਭ-ਸੰਭਾਲ, ਪੌਸ਼ਟਿਕ ਘਰੇਲੂ ਬਗੀਚੀ ਅਤੇ ਕੁਦਰਤੀ ਖੇਤੀ ਬਾਬਤ ਬਾਰੇ ਕਿਸਾਨਾਂ ਨਾਲ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸੰਪੂਰਨ ਐਗਰੀਵੈਂਚਰ ਪ੍ਰਾਈਵੇਟ ਲਿਮਿਟਿਡ, ਫਾਜਿਲਕਾ ਦੇ ਸੇਲਸ ਮੈਨੇਜਰ ਮਨੋਜ ਕੁਮਾਰ ਸਚਦੇਵਾ ਨੇ ਖਮੀਰੀਕ੍ਰਿਤ ਜੈਵਿਕ ਖਾਦ ਸਬੰਧੀ ਕਿਸਾਨਾਂ ਨਾਲ ਚਰਚਾ ਵੀ ਕੀਤੀ। ਕੈਂਪ ਦੌਰਾਨ ਕਿਸਾਨਾਂ ਨੂੰ ਖੇਤੀ ਸਾਹਿੱਤ ਅਤੇ ਗਰਮੀ ਦੀਆਂ ਸਬਜ਼ੀਆਂ ਦੀਆਂ ਕਿੱਟਾਂ ਵੀ ਉਪਲਬਧ ਕਰਵਾਈਆਂ ਗਈਆਂ।

# ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਰਹੇਗੀ : ਰਾਜਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਵਿਧਾਨ ਸਭਾ ਹਲਕਾ ਟਾਂਡਾ ਦੇ ਵੱਖ-ਵੱਖ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਜਾਵੇਗੀ ਤਾਂ ਜੋ ਸੂਬਾ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡਾਂ ਨੂੰ ਵਿਕਾਸ ਪੱਖੋਂ ਸਰਬਪੱਖੀ ਬਣਾਇਆ ਜਾ ਸਕੇ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾ. ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਬੀ. ਡੀ.ਪੀ. ਓ ਦਫਤਰ ਟਾਂਡਾ ਵਿਖੇ ਸਮੂਹ ਸਟਾਫ ਨਾਲ ਵਿਸ਼ੇਸ਼ ਮੀਟਿੰਗ ਦੌਰਾਨ ਕੀਤਾ। ਬੀ.ਡੀ.ਪੀ.ਓ ਟਾਂਡਾ ਮੈਡਮ ਰਾਜਵਿੰਦਰ ਕੌਰ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਦੌਰਾਨ ਦਫਤਰ ਦੇ ਸਮੂਹ ਅਮਲੇ ਨੇ ਤੇ ਵੱਖ-ਵੱਖ ਪਿੰਡਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ। ਰਾਜਾ ਨੇ ਦੱਸਿਆ ਕਿ ਜਿਥੇ ਪਿੰਡਾਂ ਵਿੱਚ ਵੱਖ ਵੱਖ ਵਿਕਾਸ ਕਾਰਜ ਚੱਲ ਰਹੇ ਹਨ ਉੱਥੇ ਹੀ ਖੇਡ ਪਾਰਕ ਅਤੇ ਸਟੇਡੀਅਮ ਬਣਾ ਕੇ ਅੱਜ ਦੀ ਨੌਜਵਾਨ ਪੀੜੀ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਇੱਕ ਵਿਸ਼ੇਸ਼ ਕਦਮ ਚੁੱਕਿਆ ਜਾ ਰਿਹਾ। ਉਨਾਂ ਬੀ.ਡੀ.ਪੀ.ਓ ਦੇ ਸਮੂਹ ਸਟਾਫ ਮੈਂਬਰਾਂ ਨੂੰ ਸਖਤ ਤੌਰ 'ਤੇ ਹਿਦਾਇਤਾਂ ਜਾਰੀ ਕੀਤੀਆਂ ਕਿ ਦੀ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਵਿੱਚ ਆਉਣ ਵਾਲੀਆਂ ਅੌਕੜਾਂ ਤੁਰੰਤ ਦੂਰ ਕੀਤੀਆਂ ਜਾਣ। ਇਸ ਮੌਕੇ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਜੇ.ਈ ਨਰੇਗਾ ਰਾਕੇਸ਼ ਘਈ, ਸੈਕਟਰੀ ਹਰਪਾਲ ਸਿੰਘ, ਸੈਕਟਰੀ ਰਵਿੰਦਰਜੀਤ ਸਿੰਘ, ਰਵਿੰਦਰ ਸਿੰਘ ਜੇ.ਈ ਐਸ.ਪੀ.ਉ ਦਲਜੀਤ ਸਿੰਘ, ਜੇ.ਈ ਜਸਦੀਪ ਸਿੰਘ, ਸੈਕਟਰੀ ਹਰਮੇਸ਼ ਸਿੰਘ, ਨੰਬਰਦਾਰ ਇਕਬਾਲ ਸਿੰਘ ਸਾਬੀ, ਸਰਪੰਚ ਮਨਪ੍ਰੀਤ ਸਿੰਘ ਗੋਲਡੀ, ਸਰਪੰਚ ਗੋਪੀ ਤੱਲਾ, ਸਰਪੰਚ ਮਨਪ੍ਰੀਤ ਕੌਰ, ਸਾਬਕਾ ਸਰਪੰਚ ਗੁਰਮਿੰਦਰ ਸਿੰਘ ਗੋਲਡੀ, ਠੇਕੇਦਾਰ ਤੀਰਥ ਸਿੰਘ,ਜਸਦੀਪ ਸਿੰਘ ਜੇ.ਈ, ਸਾਬਕਾ ਸਰਪੰਚ ਸ਼ਾਮ ਸਿੰਘ, ਸਾਬਕਾ ਸਰਪੰਚ ਹਰਬੰਸ ਸਿੰਘ, ਪੰਚ ਸਰਬਜੀਤ ਸਿੰਘ ਮੋਮੀ, ਪੰਚ ਹਰਪ੍ਰੀਤ ਸਿੰਘ ਕਾਕਾ, ਪੰਚ ਤਜਿੰਦਰ ਸਿੰਘ ਲਾਡੀ, ਪੰਚ ਜਤਿੰਦਰ ਸਿੰਘ ਲਾਡੀ, ਪੰਚ ਰਾਜਵਿੰਦਰ ਕੌਰ ਵੀ ਹਾਜ਼ਰ ਸਨ ।



# ਅੱਵਲ ਆਏ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਕੀਤਾ ਸਨਮਾਨਤ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ )** ਪਿੰਡ ਮੌਜੋਮਜਾਰਾ ਠੱਕਰਵਾਲ ਵਿਖੇ ਸੰਤ ਬਾਬਾ ਦੂਲਾ ਸਿੰਘ ਜੀ ਮੈਮੋਰੀਅਲ ਪਬਲਿਕ ਵੱਲੋਂ ਸਾਲਾਨਾ ਪਹਿਲੀ ਤੋਂ ਅੱਠਵੀਂ ਕਲਾਸ ਤੱਕ ਨਤੀਜਾ ਘੋਸ਼ਿਤ ਕੀਤਾ ਗਿਆ ਤੇ ਸਕੂਲ ਪ੍ਰਧਾਨ ਦਰਸ਼ਨ ਸਿੰਘ ਰਾਜਾ ਅਤੇ ਸਮੂਹ ਸਟਾਫ ਵੱਲੋਂ ਅਵੱਲ ਆਏ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਮੰਗਤ ਸਿੰਘ ਨੇ ਦੱਸਿਆ ਕਿ ਇਸ ਸਕੂਲ 'ਚ ਬਾਕੀ ਸਕੂਲਾਂ ਨਾਲੋਂ ਵਧੀਆ ਪੜ੍ਹਾਈ ਅਤੇ ਘੱਟ ਫੀਸ ਲਈ ਜਾਂਦੀ ਹੈ, ਨਤੀਜਾ ਸ਼ਾਨਦਾਰ ਆਉਂਦਾ ਹੈ। ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਵੀ ਕੀਤੀ ਜਾਂਦੀ ਹੈ। । ਇਸ ਮੌਕੇ ਸਕੂਲ ਦੇ ਚੇਅਰਮੈਨ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ, ਵਾਈਸ ਚੇਅਰਮੈਨ ਸੰਤ ਬਾਬਾ ਜਸਵੰਤ ਸਿੰਘ ਖੇੜਾ, ਪ੍ਰਧਾਨ ਦਰਸ਼ਨ ਸਿੰਘ ਰਾਜਾ, ਮੀਤ ਪ੍ਰਧਾਨ ਸਰਬਜੀਤ ਸਿੰਘ ਸਾਬੀ, ਪ੍ਰਿੰਸੀਪਲ ਮੰਗਤ ਸਿੰਘ, ਵਾਈਸ ਪ੍ਰਿੰਸੀਪਲ ਮਨਪ੍ਰੀਤ ਕੌਰ, ਪਰਮਜੀਤ ਕੌਰ, ਦੀਕਸ਼ਾ , ਨਵਦੀਪ ਕੌਰ, ਜੋਤੀ, ਆਂਚਲ, ਨਰਿੰਦਰ ਕੌਰ, ਮਨਦੀਪ ਕੌਰ, ਜਸਪ੍ਰੀਤ ਕੌਰ, ਨਿਸ਼ਾ, ਸੀਤਲ ਦੇਵੀ, ਸੁਨੈਨਾ, ਅਮਨਦੀਪ ਕੌਰ, ਗੁਰਪ੍ਰੀਤ ਸਿੰਘ ਗੋਪੀ, ਹਰਜੋਤ ਕੌਰ ਆਦਿ ਹਾਜ਼ਰ ਸਨ।

# ਸਾਬਕਾ ਜ਼ਿਲ੍ਹਾ ਪ੍ਰਧਾਨ ਨੂੰ ਗ੍ਰਿਫ਼ਤਾਰ ਕਰਕੇ ਕੀਤਾ ਰਿਹਾਅ

**ਸ਼੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਮੈਨੂੰ ਗ੍ਰਿਫਤਾਰ ਕਰਕੇ ਰਾਤ ਭਰ ਥਾਣੇ ਵਿੱਚ ਰੱਖ ਕੇ ਜੋ ਇਨਾਮ ਦਿੱਤਾ ਹੈ ਉਸਨੂੰ ਮੈਂ ਕਦੇ ਵੀ ਭੁੱਲ ਨਹੀਂ ਸਕਦਾ। ਇਹ ਗੱਲ ਆਮ ਆਦਮੀ ਪਾਰਟੀ ਲਈ ਦਿਨ ਰਾਤ ਇੱਕ ਕਰਕੇ ਮਿਹਨਤ ਕਰਨ ਵਾਲੇ ਪਾਰਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਮਾਸਟਰ ਹਰਦਿਆਲ ਸਿੰਘ ਨੇ ਕਹੀ । ਉਹਨਾਂ ਕਿਹਾ ਮੇਰੇ ਘਰ ਵਿੱਚ ਪੰਜ ਪੁਲਸ ਮੁਲਾਜ਼ਮ ਆਏ ਤੇ ਮੈਨੂੰ ਗ੍ਰਿਫਤਾਰ ਕਰਕੇ ਲੈ ਗਏ । ਰਾਤ ਭਰ ਥਾਣੇ ਵਿੱਚ ਰੱਖਿਆ ਤੇ ਸਵੇਰੇ ਮੈਨੂੰ ਰਿਹਾਅ ਕਰ ਦਿੱਤਾ ਗਿਆ। ਉਹਨਾਂ ਕਿਹਾ ਇਹ ਸਾਰਾ ਕੁਝ ਬਗੈਰ ਕਿਸੇ ਗੁਨਾਹ ਤੋਂ ਮੈਨੂੰ ਮਿਲਿਆ ਕਿਉਂਕਿ ਮੈਂ ਕਿਸਾਨਾਂ ਦੇ ਹੱਕ ਵਿੱਚ ਗੱਲ ਕਰਦਾ ਹਾਂ ਤੇ ਕਿਸਾਨਾਂ ਨੂੰ ਖਨੌਰੀ ਬਾਰਡਰ ਤੋਂ ਪੁਲਸ ਨੇ ਜ਼ਬਰਦਸਤੀ ਹਟਾਉਣਾ ਸੀ ਜਿਸ ਕਰਕੇ ਮੈਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ।ਉਨ੍ਹਾਂ ਨੇ ਕਿਹਾ ਕਿ ਸਰਕਾਰ ਨੇ ਕੇਂਦਰ ਦੇ ਇਸ਼ਾਰੇ 'ਤੇ ਕਿਸਾਨਾਂ ਨਾਲ ਧੱਕਾ ਕੀਤਾ ਹੈ।ਇਸ ਤੋਂ ਪਹਿਲਾਂ ਵੀ ਮੈਨੂੰ ਜੇਲ੍ਹ ਯਾਤਰਾ ਕਰਨੀ ਪਈ ਪਰ ਮੈਂ ਪਹਿਲਾਂ ਵੀ ਆਮ ਲੋਕਾਂ ਤੇ ਕਿਸਾਨਾਂ ਦੇ ਹੱਕ ਵਿੱਚ ਖੜ੍ਹਾ ਸੀ ,ਹੁਣ ਵੀ ਖੜ੍ਹਾ ਹਾਂ ਤੇ ਅੱਗੇ ਤੋਂ ਵੀ ਖੜ੍ਹਾ ਰਹਾਂਗਾ।



# ਹਰੇ ਰੁੱਖਾਂ ਦੀ ਕਟਾਈ 'ਤੇ ਪਾਬੰਦੀ ਦੇ ਹੁਕਮ

**ਨਵਾਂਸ਼ਹਿਰ (ਮਨੋਜ ਲਾਡੀ)** ਜ਼ਿਲ੍ਹਾ ਮੈਜਿਸਟ੍ਰੇਟ ਅੰਕੁਰਜੀਤ ਸਿੰਘ ਨੇ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਡੀਲਿਸਟ ਏਰੀਏ ਵਿਚੋਂ ਹਰੇ ਅੰਬ, ਨਿੰਮ, ਪਿੱਪਲ ਅਤੇ ਬੋਹੜ ਦੇ ਬਹੁਤ ਹੀ ਮਹੱਤਵਪੂਰਨ ਰੁੱਖਾਂ ਦੇ ਕੱਟਣ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮਾਂ ਵਿਚ ਕਿਹਾ ਗਿਆ ਹੈ ਕਿ ਜੇਕਰ ਉਕਤ ਰੁੱਖਾਂ ਨੂੰ ਵਿਸ਼ੇਸ਼ ਹਾਲਾਤ ਵਿਚ ਕੱਟਣਾ ਜ਼ਰੂਰੀ ਹੋਵੇ, ਤਾਂ ਜੰਗਲਾਤ ਵਿਭਾਗ ਦੀ ਪ੍ਰਵਾਨਗੀ ਨਾਲ ਹੀ ਕੱਟੇ ਜਾਣ।ਇਸ ਮੰਤਵ ਲਈ ਵਣ ਵਿਭਾਗ ਵੱਲੋਂ ਉਹੀ ਪ੍ਰਕਿਰਿਆ ਅਪਣਾਈ ਜਾਵੇਗੀ, ਜਿਹੜੀ ਕਿ ਪੰਜਾਬ ਭੂਮੀ ਸੁਰੱਖਿਆ ਐਕਟ 1900 ਦਫ਼ਾ-4 ਅਤੇ 5 ਅਧੀਨ ਬੰਦ ਰਕਬੇ ਵਿਚ ਪਰਮਿਟ ਦੇਣ ਲਈ ਅਪਣਾਈ ਜਾਂਦੀ ਹੈ। ਜੇਕਰ ਡੀਲਿਸਟ ਏਰੀਏ ਤੋਂ ਇਲਾਵਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਚ ਕਿਸੇ ਵੀ ਜਗ੍ਹਾਂ 'ਤੇ ਹਰੇ ਅੰਬ, ਨਿੰਮ, ਪਿੱਪਲ ਅਤੇ ਬੋਹੜ ਦੇ ਦਰਖੱਤਾਂ ਨੂੰ ਕੱਟਣਾ ਜ਼ਰੂਰੀ ਹੋਵੇ ਤਾਂ ਉਸ ਦੀ ਪ੍ਰਵਾਨਗੀ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਦੇ ਦਫ਼ਤਰ ਤੋਂ ਲੈਣ ਉਪਰੰਤ ਹੀ ਕੱਟੇ ਜਾਣ।ਇਹ ਹੁਕਮ 12 ਮਈ, 2025 ਤੱਕ ਲਾਗੂ ਰਹਿਣਗੇ।

# ਨਡਾਲੋਂ ਵਿਖੇ 39ਵਾਂ ਖੂਨਦਾਨ ਕੈਂਪ 25 ਨੂੰ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ )** ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ (ਰਜਿ.) ਅਜਨੋਹਾ ਵਲੋਂ 39ਵਾਂ ਖੂਨਦਾਨ ਕੈਂਪ 25 ਮਾਰਚ ਨੂੰ ਸਵੇਰੇ 10 ਤੋਂ 3 ਵਜੇ ਤੱਕ ਗੁਰਦੁਆਰਾ ਸਾਹਿਬ ਸੰਤ ਬਾਬਾ ਦੀਵਾਨ ਸਿੰਘ ਅਤੇ ਸੰਤ ਬਾਬਾ ਨਿਧਾਨ ਸਿੰਘ ਪਿੰਡ ਨਡਾਲੋਂ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਹੇਠ ਲਗਾਇਆ ਜਾ ਰਿਹਾ ਹੈ। ਇਸ ਮੌਕੇ ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਅਮਰਜੀਤ ਸਿੰਘ ਲੱਕੀ ਖਾਲਸਾ ਫਰਾਂਸ, ਗੁਰੂ ਨਾਨਕ ਦੇਵ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਇੰਚਾਰਜ ਜਤਿੰਦਰ ਸਿੰਘ ਰਾਣਾ ਖਾਲਸਾ ਮੁੱਖਲਿਆਣਾ, ਗੁਰਪ੍ਰੀਤ ਸਿੰਘ ਗੁਗਲੀ ਖਾਲਸਾ ਅਜਨੋਹਾ, ਸੁਖਦੇਵ ਸਿੰਘ ਮੁੱਖਲਿਆਣਾ ਅਤੇ ਦਰਬਾਰਾ ਸਿੰਘ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਕਿਸਾਨਾਂ ਨਾਲ ਵਿਸ਼ਵਾਸਘਾਤ ਕੀਤਾ : ਸੁਖਚੈਨ ਸਿੰਘ

**ਸੁਲਤਾਨਪੁਰ ਲੋਧੀ (ਬਲਵਿੰਦਰ ਧਾਲੀਵਾਲ)** ਅੱਜ ਇਥੇ ਸੁਲਤਾਨਪੁਰ ਲੋਧੀ ਵਿਖੇ ਇੱਕ ਧਾਰਮਿਕ ਸਮਾਗਮ 'ਚ ਸ਼ਮੂਲੀਅਤ ਕਰਨ ਪੁੱਜੇ ਭਾਈ ਅੰਮ੍ਰਿਤਪਾਲ ਸਿੰਘ ਦੇ ਚਾਚਾ ਭਾਈ ਸੁਖਚੈਨ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਨਾਲ ਮਿਲ ਕੇ ਸਿਨਾਂ ਨੂੰ ਖਦੇੜਨ ਦੀ ਜੋ ਕਾਰਵਾਈ ਕੀਤੀ ਹੈ, ਉਹ ਬਹੁਤ ਹੀ ਨਿੰਦਣ ਯੋਗ ਹੈ। ਸਰਕਾਰ ਨੇ ਕਿਸਾਨਾਂ ਨਾਲ ਵਿਸ਼ਵਾਸ ਘਾਤ ਕੀਤਾ ਹੈ। ਇੱਕ ਪਾਸੇ ਆਗੂਆਂ ਨੂੰ ਮੀਟਿੰਗ 'ਚ ਬੁਲਾਇਆ ਤੇ ਦੂਜੇ ਪਾਸੇ ਇਹੋ ਜਿਹਾ ਵਰਤਾਰਾ ਕੀਤਾ ਗਿਆ। ਪਹਿਲਾਂ ਹੀ ਪ੍ਰਤੀਤ ਹੋ ਰਿਹਾ ਸੀ ਕਿ ਸਰਕਾਰ ਦੀ ਮਨਸ਼ਾ ਠੀਕ ਨਹੀਂ ਹੈ। ਉੱਥੇ ਕੁਝ ਨਹੀ ਵੇਖਿਆ ਗਿਆ ਕੋਈ ਬਜ਼ੁਰਗ ਹੈ, ਕੋਈ ਬੱਚੇ ਨੇ ਜਾਂ ਬੀਬੀਆਂ ਹਨ। ਉਹਨਾਂ ਨੂੰ ਰਾਤ ਇਸ ਤਰ੍ਹਾਂ ਖਦੇੜਿਆ ਗਿਆ ਜਿਵੇਂ ਉਹ ਬਾਹਰਲ ਕੋਈ ਵਿਦੇਸ਼ੀ ਹੁੰਦੇ ਹਨ। ਭਾਈ ਅੰਮ੍ਰਿਤਪਾਲ ਸਿੰਘ ਦੇ ਕੁਝ ਸਾਥੀਆਂ ਨੂੰ ਪੰਜਾਬ ਲਿਆਏ ਜਾਣ ਦੇ ਸਵਾਲ ਦੇ ਜਵਾਬ 'ਚ ਉਨ੍ਹਾਂ ਕਿਹਾ ਕਿ ਸਰਕਾਰ ਨੇ ਬੜਾ ਧੱਕਾ ਕੀਤਾ ਸੀ, ਜਿਹੜਾ ਦੋ ਸਾਲ ਉਹਨਾਂ ਨੌਜਵਾਨਾਂ ਦੇ ਖਰਾਬ ਕੀਤੇ। ਇਹਨਾਂ ਨੇ ਵੇਖਿਆ ਕਿ ਜਦੋਂ ਹੁਣ ਅੱਗੇ ਕੋਈ ਪ੍ਰੋਵੀਜ਼ਨ ਹੀ ਹੈ ਕਿ ਉਹਨੂੰ ਵਧਾਉਣ ਦੀ ਇਸ ਕਰਕੇ ਹੁਣ ਉਹ ਸੱਤ ਨੌਜਵਾਨਾਂ ਨੂੰ ਲੈ ਕੇ ਆ ਰਹੇ ਹਨ। ਅਜੇ ਤੱਕ ਕਲੀਅਰ ਨਹੀਂ ਹੈ ਕਿ ਕਦੋਂ ਉਹਨਾਂ ਨੂੰ ਕੋਰਟ ਪੇਸ਼ ਕਰਨਾ ਹੈ। ਐਸ ਜੀ ਪੀ ਸੀ ਪ੍ਰਧਾਨ ਦੇ ਅਸਤੀਫਾ ਵਾਪਸ ਲਏ ਜਾਣ ਦੇ ਫੈਸਲੇ 'ਤੇ ਸੁਖਚੈਨ ਸਿੰਘ ਨੇ ਕਿਹਾ ਕਿ ਧਾਮੀ ਸਾਹਿਬ ਨੈਤਿਕਤਾ ਦੀਆਂ ਗੱਲਾਂ ਕਰਦੇ ਸਨ, ਦੇਖੋ। ਅਸੀਂ ਅਕਾਲ ਤਖਤ ਸਾਹਿਬ ਨੂੰ ਮੰਨਦੇ ਹਾਂ। ਅਕਾਲ ਤਖਤ ਦੇ ਜਥੇਦਾਰ ਸਾਹਿਬ ਵੀ ਧਾਮੀ ਸਾਹਿਬ ਦੇ ਘਰ ਜਾ ਕੇ ਉਹਨਾਂ ਨੂੰ ਅਪੀਲ ਕਰਕੇ ਆਏ ਕਿ ਪੰਥ 'ਤੇ ਸੰਕਟ ਚੱਲ ਰਿਹਾ ਤੁਹਾਨੂੰ ਸੱਤ ਮੈਂਬਰੀ ਕਮੇਟੀ ਦੇ ਵਿੱਚ ਸ਼ਾਮਲ ਹੋਣਾ ਚਾਹੀਦਾ ਤੇ ਪ੍ਰਧਾਨਗੀ ਦਾ ਅਹੁਦਾ ਮੁੜ ਸੰਭਾਲਣਾ ਚਾਹੀਦਾ ਹੈ। ਧਾਮੀ ਸਾਹਿਬ ਨੇ ਉਹਨਾਂ ਦੀ ਗੱਲ ਨਹੀਂ ਮੰਨੀ। ਪਰ ਜਦ ਸੁਖਬੀਰ ਬਾਦਲ ਉਹਨਾਂ ਕੋਲ ਜਾਂਦੇ ਹਨ ਤਾਂ ਉਹ ਮੰਨ ਜਾਂਦੇ ਹਨ। ਪਤਾ ਨਹੀਂ ਇਸ ਵਿੱਚ ਕੀ ਲਾਲਚ ਦਿੱਤਾ ਗਿਆ ਹੈ ਕਿ ਜਾਂ ਪਿਛਲਾ ਕੋਈ ਯਾਦ ਕਰਾਇਆ ਗਿਆ। ਇਸ ਤੋਂ ਸਪਸ਼ਟ ਹੁੰਦਾ ਹੈ ਕਿ ਬਾਦਲ ਪਰਿਵਾਰ ਦਾ ਸਾਡੀਆਂ ਸੰਸਥਾਵਾਂ ਉੱਤੇ ਬੜਾ ਵੱਡਾ ਦਬਦਬਾ ਹੈ। ਉਹ ਆਪਣੀ ਮਰਜ਼ੀ ਦੇ ਨਾਲ ਜਿਸ ਨੇ ਦਿਲ ਕਰਦਾ ਅਹੁਦੇ 'ਤੇ ਬਿਠਾ ਦਿੰਦੇ ਹਨ ਅਤੇ ਜਿਸ ਨੂੰ ਦਿਲ ਕਰਦਾ ਹਟਾ ਦਿੰਦੇ ਹਨ।ਜੋ ਹੁਣ ਹੋ ਰਿਹਾ ਹੈ ਇਹ ਬੇਹਦ ਸ਼ਰਮਨਾਕ ਹੈ। ਇਸ ਦਾ ਕੌਮ ਵਿੱਚ ਮਾੜਾ ਸੰਦੇਸ਼ ਜਾਂਦਾ ਹੈ।

# ਸ਼ਹੀਦਾਂ ਦੀ ਯਾਦ 'ਚ ਨਾਟਕ ਅੱਜ ਤੇ ਭਲਕੇ



**ਜਲੰਧਰ, ਕਰਤਾਰਪੁਰ (ਹਰਮੇਸ਼ ਦੱਤ)** ਸੰਘਰਸ਼ਸ਼ੀਲ ਜਥੇਬੰਦੀਆਂ ਨੌਜਵਾਨ ਭਾਰਤ ਸਭਾ, ਕਿਰਤੀ ਕਿਸਾਨ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਪੰਜਾਬ ਸਟੂਡੈਂਟਸ ਯੂਨੀਅਨ, ਡੈਮੋਕ੍ਰੇਟਿਕ ਟੀਚਰਜ਼ ਫਰੰਟ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਅਤੇ ਇਸਤਰੀ ਜਾਗ੍ਰਿਤੀ ਮੰਚ ਵਲੋਂ ਮੋਦੀ ਸਰਕਾਰ ਦੀਆਂ ਮਜ਼ਦੂਰ ਕਿਸਾਨ, ਵਿਦਿਆਰਥੀ, ਮੁਲਾਜ਼ਮ, ਦੁਕਾਨਦਾਰ ਵਿਰੋਧੀ ਨੀਤੀਆਂ ਖ਼ਿਲਾਫ਼ ਸ਼ਹੀਦ ਭਗਤ ਸਿੰਘ, ਰਾਜਗੁਰੂ ਸੁਖਦੇਵ ਦੇ ਸ਼ਹੀਦੀ ਦਿਨ ਨੂੰ ਸਮਰਪਿਤ ਜ਼ਿਲ੍ਹਾ ਜਲੰਧਰ ਦੇ ਵੱਖ ਵੱਖ ਇਲਾਕਿਆਂ ਵਿੱਚ ਸਮਾਗਮ ਅਤੇ ਨਾਟਕ ਮੇਲਾ ਕਰਵਾਇਆ ਜਾਵੇਗਾ।ਇਸ ਸੰਬੰਧੀ ਜਥੇਬੰਦੀਆਂ ਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਜ਼ਿਲ੍ਹਾ ਪ੍ਰਧਾਨ ਮਾਸਟਰ ਕੁਲਵਿੰਦਰ ਸਿੰਘ ਜੋਸ਼ਨ ਦੀ ਪ੍ਰਧਾਨਗੀ ਹੇਠ ਸਾਂਝੀ ਮੀਟਿੰਗ ਵਿੱਚ ਕੀਤਾ ਗਿਆ। ਪੰਜਾਬ ਸਟੂਡੈਂਟਸ ਯੂਨੀਅਨ ਦੇ ਸੂਬਾ ਆਗੂ ਮੰਗਲਜੀਤ ਪੰਡੋਰੀ ਅਤੇ ਨੌਜਵਾਨ ਭਾਰਤ ਸਭਾ ਦੇ ਆਗੂ ਸੋਨੂੰ ਅਰੋੜਾ ਨੇ ਦੱਸਿਆ ਕਿ 21 ਮਾਰਚ ਨੂੰ ਕਰਤਾਰਪੁਰ ਅਤੇ 22 ਮਾਰਚ ਨੂੰ ਲੋਹੀਆਂ ਖ਼ਾਸ ਵਿਖੇ ਇਹ ਸਮਾਗਮ ਕੀਤੇ ਜਾਣਗੇ। ਇਸ ਸੰਬੰਧੀ ਸਾਰੇ ਜ਼ਿਲ੍ਹੇ ਅੰਦਰ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਮੀਟਿੰਗ ਵਿੱਚ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰਧਾਨ ਤਰਸੇਮ ਪੀਟਰ, ਕਸ਼ਮੀਰ ਸਿੰਘ ਘੁੱਗਸ਼ੋਰ,ਚੰਨਣ ਸਿੰਘ ਬੁੱਟਰ, ਦਰਸ਼ਨ ਪਾਲ ਬੁੰਡਾਲਾ, ਕਸ਼ਮੀਰ ਮੰਡਿਆਲਾ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ,ਡੀ ਐਮ ਐੱਫ ਦੇ ਆਗੂਆ ਹਰਿੰਦਰ ਦੁਸਾਂਝ, ਇਸਤਰੀ ਜਾਗ੍ਰਿਤੀ ਮੰਚ ਦੇ ਜ਼ਿਲ੍ਹਾ ਪ੍ਰਧਾਨ ਅਨੀਤਾ ਸੰਧੂ, ਡੈਮੋਕ੍ਰੇਟਿਕ ਆਸ਼ਾ ਅਤੇ ਫੈਸਿਲੀਟੇਟਰ ਵਰਕਰਜ਼ ਯੂਨੀਅਨ ਦੇ ਆਗੂ ਆਂਚਲ, ਨੌਜਵਾਨ ਭਾਰਤ ਸਭਾ ਦੇ ਸੁਖਦੇਵ ਮੰਡਿਆਲਾ, ਨਵਜੋਤ ਸਿਆਣੀਵਾਲ, ਪੰਜਾਬ ਸਟੂਡੈਂਟਸ ਯੂਨੀਅਨ ਦੇ ਰਮਨਦੀਪ ਕੌਰ ,ਤਮੰਨਾ ਅਤੇ ਮਾਸਟਰ ਗੁਰਮੇਲ ਸਿੰਘ ਆਦਿ ਸ਼ਾਮਲ ਹੋਏ।

# ਭੁਪਿੰਦਰ ਸਿੰਘ ਕਾਂਗਰਸ ਪਾਰਟੀ ਵੱਲੋਂ ਹਲਕਾ ਚੱਬੇਵਾਲ ਦਾ ਐੱਲ ਡੀ ਐੱਮ ਇੰਚਾਰਜ ਨਿਯੁਕਤ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ )** ਪਿੰਡ ਦਿਹਾਣਾ ਦੇ ਉੱਘੇ ਸਮਾਜ ਸੇਵਕ ਭੁਪਿੰਦਰ ਸਿੰਘ ਨੂੰ ਕਾਂਗਰਸ ਪਾਰਟੀ ਵੱਲੋਂ ਹਲਕਾ ਚੱਬੇਵਾਲ ਦਾ ਐਲ ਡੀ ਐਮ ਦਾ ਇੰਚਾਰਜ ਨਿਯੁਕਤ ਗਿਆ। ਭੁਪਿੰਦਰ ਸਿੰਘ ਦਿਹਾਣਾ ਨੇ ਕਿਹਾ ਕਿ ਹਾਈ ਕਮਾਂਡ ਨੇ ਮੈਨੂੰ ਜੋ ਸੇਵਾ ਲਗਾਈ ਹੈ ਮੈਂ ਪੂਰੀ ਤਨਦੇਹੀ ਨਾਲ ਪੂਰੀ ਕਰਨ ਦੀ ਕੋਸ਼ਿਸ਼ ਕਰਾਂਗਾ। ਸਮੂਹ ਪਿੰਡ ਵਾਸੀਆਂ ਵੱਲੋਂ ਫੁੱਲਾਂ ਦੇ ਹਾਰ ਪਾ ਕੇ ਸ਼ਾਨਦਾਰ ਸਵਾਗਤ ਕੀਤਾ ਗਿਆ ਅਤੇ ਲੱਡੂ ਵੰਡੇ ਕੇ ਖੁਸ਼ੀ ਮਨਾਈ ਗਈ। ਇਸ ਮੌਕੇ ਮਾਸਟਰ ਗੁਰਦੇਵ ਸਿੰਘ ਜੰਜੂਆ ,ਜੁਗਰਾਜ ਸਿੰਘ, ਕਮਲਦੀਪ ਕੁਮਾਰ ਬੱਬੂ, ਗੁਰਪ੍ਰੀਤ ਸਿੰਘ ਜੰਜੂਆ, ਨਰਿੰਦਰ ਸਿੰਘ, ਜਗਜੀਤ ਸਿੰਘ ਸਰੋਆ ,ਅਮਰਜੀਤ ਸਿੰਘ, ਵਰਿੰਦਰ ਸਿੰਘ, ਲਛਮਣ ਦਾਸ, ਮਲਕੀਤ ਚੰਦ ਸਾਬਕਾ ਪੰਚ, ਸੁਖਮਿੰਦਰ ਸਿੰਘ, ਲਖਵਿੰਦਰ ਸਿੰਘ ਚਰਨਜੀਤ ਸਿੰਘ, ਰਵੀਪਾਲ, ਸੁੱਚਾ ਸਿੰਘ, ਰਣਜੀਤ ਸਿੰਘ, ਦਲਵੀਰ ਕੌਰ, ਸਤਵਿੰਦਰ ਕੌਰ, ਜਗੀਰ ਕੌਰ, ਸਰਬਜੀਤ ਕੌਰ, ਨੀਲਮ ਕੁਮਾਰੀ, ਬਲਜੀਤ ਕੌਰ, ਰਾਜ ਰਾਣੀ ਪੰਚ, ਕ੍ਰਿਸ਼ਨਾ ਦੇਵੀ, ਧਰਮਜੀਤ ਕੌਰ, ਮਹਿੰਦਰ ਕੌਰ, ਸਰਿੰਦਰ ਕੌਰ, ਬਲਵਿੰਦਰ ਕੌਰ, ਸੁਰਿੰਦਰ ਕੌਰ, ਨੀਲਮ ਕੁਮਾਰੀ, ਸੁਖਵਿੰਦਰ ਕੌਰ ਆਦਿ ਹਾਜ਼ਰ ਸਨ।

# ਐੱਨ ਐੱਸ ਐੱਸ ਤੇ ਈਕੋ ਕਲੱਬ ਵੱਲੋਂ ਜਾਗਰੂਕਤਾ ਰੈਲੀ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )** ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਸਿੱਧੇ ਪ੍ਰਬੰਧਾਂ ਹੇਠ ਆਉਂਦੇ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਉਪ ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਰਹਿਨੁਮਾਈ ਤੇ ਪ੍ਰਿੰ. (ਡਾ.) ਜਗਸੀਰ ਸਿੰਘ ਬਰਾੜ ਦੀ ਯੋਗ ਅਗਵਾਈ ਵਿਚ ਕਾਲਜ ਦੀ ਐਨ ਐਸ ਐਸ ਇਕਾਈ ਅਤੇ ਈਕੋ ਕਲੱਬ ਵੱਲੋਂ ਨਸ਼ਾ ਮੁਕਤ ਪਿੰਡ ਜੰਡਿਆਲਾ ਮੰਜਕੀ ਵਿਖੇ ਨਸ਼ਾ ਮੁਕਤ ਰੈਲੀ ਕੱਢੀ ਗਈ। ਰੈਲੀ ਕੱਢਣ ਦਾ ਮੁੱਖ ਉਦੇਸ਼ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਸੀ। ਇਸ ਰੈਲੀ ਵਿਚ ਵਿਦਿਆਰਥੀਆਂ ਦੁਆਰਾ ਤਖ਼ਤੀਆਂ ਤੇ ਨਸ਼ਿਆ ਵਿਰੁੱਧ ਲਿਖੇ ਗਏ ਸਲੋਗਨ ਤੇ ਪੋਸਟਰ ਹੱਥਾਂ ਵਿਚ ਫੜ ਕੇ ਸਲੋਗਨ ਉਚਾਰਦੇ ਹੋਏ, ਲੋਕਾਂ ਨੂੰ ਜਾਗਰੂਕ ਕੀਤਾ। ਕਾਲਜ ਕੈਂਪਸ ਵਿਖੇ ਵਿਦਿਆਰਥੀਆਂ ਦੁਆਰਾ ਬੂਟੇ ਲਗਾਏ ਗਏ ਅਤੇ ਬੂਟਿਆਂ ਦੀ ਸੰਭਾਲ ਦੀ ਜਿੰਮੇਵਾਰੀ ਲਈ ਗਈ। ਕਾਲਜ ਦੇ ਪ੍ਰਿੰ. (ਡਾ.) ਜਗਸੀਰ ਸਿੰਘ ਬਰਾੜ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ੇ ਸਮਾਜ ਦੇ ਲਈ ਇਕ ਗੰਭੀਰ ਚੁਣੌਤੀ ਬਣੇ ਹੋਏ ਹਨ ਅਤੇ ਇਨ੍ਹਾਂ ਦੀ ਵਰਤੋਂ ਦਾ ਮਾੜਾ ਪ੍ਰਭਾਵ ਸਰੀਰ ਅਤੇ ਮਾਨਸਿਕ ਦੋਨਾਂ ਰੂਪ ਵਿਚ ਪੈਂਦਾ ਹੈ। ਨਸ਼ਿਆਂ ਦੀ ਲਾਹਨਤ ਦੇ ਖਿਲਾਫ ਜਾਗਰੂਕਤਾ ਪੈਦਾ ਕਰਨ ਲਈ ਹਰੇਕ ਵਰਗ ਦੇ ਲੋਕਾਂ ਵੱਲੋਂ ਹੁੰਗਾਰਾ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੱਜ ਇਹ ਰੈਲੀ ਇਕ ਚੰਗੇ ਅਤੇ ਸਿਹਤਮੰਦ ਸਮਾਜ ਦੀ ਸਿਰਜਨਾ ਕਰਨ ਵਿਚ ਸਾਰਥਕ ਸਿੱਧ ਹੋਵੇਗੀ। ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਰੁੱਖਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਪੌਦੇ ਵਾਤਾਵਰਣ ਦੀ ਖੁਸ਼ਹਾਲੀ ਅਤੇ ਬੇਹਤਰੀ ਲਈਦਰੱਖਤਾਂ ਦਾ ਹੋਣਾ ਬਹੁਤ ਜ਼ਰੂਰੀ ਹਨ। ।ਵਿਦਿਆਰਥੀਆਂ ਨੂੰ ਆਪਣੇ ਆਲੇ-ਦੁਆਲੇ ਅਤੇ ਆਪਣੇ ਘਰਾਂ ਵਿਚ ਵੀ ਪੌਦੇ ਲਗਾਉਣ ਲਈ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਦਾ ਸੰਦੇਸ਼ ਦਿੱਤਾ। ਇਸ ਮੌਕੇ ਮੈਡਮ ਅੰਕੀਤਾ, ਸ. ਦਵਿੰਦਰ ਸਿੰਘ, ਸ੍ਰੀ ਲਲਿਤ ਕੁਮਾਰ ਤੋਂ ਇਲਾਵਾ ਕਾਲਜ ਦੇ ਸਟਾਫ ਮੈਂਬਰ ਅਤੇ ਵਿਦਿਆਰਥੀਆਂ ਦੁਆਰਾ ਰੈਲੀ ਕੱਢੀ ਗਈ। ਇਸ ਮੌਕੇ ਕਾਲਜ ਕੈਂਪਸ ਵਿਚ ਸ੍ਰੀ ਅੰਕਿਤ ਸੋਧੀ, ਸ੍ਰੀ ਸੂਰਜ ਭਗਤ ਤੇ ਮੈਡਮ ਸਰਬਜੀਤ ਕੌਰ ਦੁਆਰਾ ਵਿਦਿਆਰਥੀਆਂ ਵੱਲੋਂ ਕਾਲਜ ਕੈਂਪਸ ਵਿਚ ਬੂਟੇ ਲਗਾਏ ਗਏ।ਇਸ ਮੌਕੇ ਕਾਲਜ ਦਾ ਸਮੂਹ ਸਟਾਫ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।




# ਪੰਜਾਬ ਸਰਕਾਰ ਕਿਸਾਨਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ : ਸੰਧਵਾਂ

**ਚੰਡੀਗੜ੍ਹ (ਗੁਰਜੀਤ ਬਿੱਲਾ)** ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਸਾਨਾਂ ਦੇ ਹਿੱਤਾਂ ਪ੍ਰਤੀ ਪੰਜਾਬ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦੁਹਰਾਉਂਦਿਆਂ ਜ਼ੋਰ ਦੇ ਕੇ ਕਿਹਾ ਕਿ 'ਆਪ' ਸਰਕਾਰ ਹਮੇਸ਼ਾ ਕਿਸਾਨਾਂ ਦੀਆਂ ਮੰਗਾਂ ਨਾਲ ਖੜ੍ਹੀ ਹੈ ਅਤੇ ਅੱਗੇ ਵੀ ਖੜ੍ਹੀ ਰਹੇਗੀ। ਸੰਧਵਾਂ ਨੇ ਸਪੱਸ਼ਟ ਕੀਤਾ ਕਿ ਕਿਸਾਨਾਂ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ ਗਈ ਹੈ। ਇਸ ਦੀ ਬਜਾਏ, ਸਰਕਾਰ ਨੇ ਘੱਟੋ-ਘੱਟ ਸਮਰਥਨ ਮੁੱਲ (ਐਮ ਐਸ ਪੀ) ਵਰਗੀਆਂ ਨੀਤੀਆਂ ਲਈ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨਾਲ ਇਕਸਾਰ ਹੋ ਕੇ ਲਗਾਤਾਰ ਉਨ੍ਹਾਂ ਦੇ ਸੰਘਰਸ਼ ਦਾ ਸਮਰਥਨ ਕੀਤਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਰੋਸ ਕੇਂਦਰ ਸਰਕਾਰ ਵੱਲ ਸੇਧਿਤ ਕਰਨ, ਜਿਸ ਦੀਆਂ ਨੀਤੀਆਂ ਪੰਜਾਬ ਦੇ ਖੇਤੀ ਸੈਕਟਰ ਲਈ ਨੁਕਸਾਨਦੇਹ ਰਹੀਆਂ ਹਨ। ਸੰਧਵਾਂ ਨੇ ਸ਼ੰਭੂ ਅਤੇ ਖਨੌਰੀ ਸਰਹੱਦਾਂ 'ਤੇ ਲੰਬੇ ਸਮੇਂ ਤੋਂ ਸੜਕ ਬੰਦ ਹੋਣ ਦੇ ਮਾੜੇ ਪ੍ਰਭਾਵ ਨੂੰ ਉਜਾਗਰ ਕੀਤਾ, ਜਿਸ ਨੇ ਪੰਜਾਬ ਵਿੱਚ ਵਪਾਰਕ ਮਾਰਗਾਂ ਅਤੇ ਉਦਯੋਗਿਕ ਵਿਕਾਸ ਵਿੱਚ ਕਾਫ਼ੀ ਰੁਕਾਵਟ ਪਾਈ ਹੈ।ਰਾਜ ਦੀਆਂ ਆਰਥਿਕ ਜੀਵਨ ਰੇਖਾਵਾਂ



ਨੂੰ ਬਣਾਈ ਰੱਖਣ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਕਿਸਾਨ ਅੰਦੋਲਨ ਮਹੱਤਵਪੂਰਨ ਹੈ, ਪਰੰਤੂ ਪੰਜਾਬ ਦੇ ਵਪਾਰਕ ਮਾਰਗਾਂ 'ਚ ਵਿਘਨ ਪਾਉਣ ਨਾਲ ਰਾਜ ਦੀ ਆਰਥਿਕਤਾ ਅਤੇ ਰਜ਼ਜੀ-ਰੋਟੀ ਨੂੰ ਵੀ ਨੁਕਸਾਨ ਹੋਇਆ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਦੁੱਧ, ਬਾਸਮਤੀ ਚੌਲ ਅਤੇ ਹੋਰ ਖੇਤੀਬਾੜੀ ਉਤਪਾਦਾਂ ਵਰਗੀਆਂ ਜ਼ਰੂਰੀ ਵਸਤਾਂ ਦੇ ਪ੍ਰਵਾਹ ਨੂੰ ਰੋਕੇ ਬਿਨਾਂ ਜ਼ਿੰਮੇਵਾਰੀ ਨਾਲ ਵਿਰੋਧ ਪ੍ਰਦਰਸ਼ਨ ਕਰਨ, ਜੋ ਕਿ ਸੂਬੇ ਦੇ ਖੇਤੀਬਾੜੀ ਉਦਯੋਗਾਂ ਅਤੇ ਰੁਜ਼ਗਾਰ ਪੈਦਾ ਕਰਨ ਲਈ ਬਹੁਤ ਜ਼ਰੂਰੀ ਹਨ ।ਸਪੀਕਰ ਨੇ ਨਸ਼ਿਆਂ ਨੂੰ ਸੂਬੇ ਦੇ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਦੱਸਿਆ। ਉਨ੍ਹਾਂ ਨੇ ਸਰਕਾਰ ਦੇ ਉਨ੍ਹਾਂ ਅੱਗੇ ਕਿਹਾ ਕਿ ਰੁਜ਼ਗਾਰ ਸਿਰਜਣਾ ਨਸ਼ਿਆਂ ਨੂੰ ਖਤਮ ਕਰਨ ਦਾ ਇੱਕੋ ਮੁੱਖ ਪਹਿਲੂ ਹੈ। ਇਸ ਨੂੰ ਪ੍ਰਾਪਤ ਕਰਨ ਲਈ, ਪੰਜਾਬ ਨੂੰ ਉਦਯੋਗਿਕ ਅਤੇ ਖੇਤੀਬਾੜੀ ਵਿਕਾਸ ਨੂੰ ਤਰਜੀਹ ਦੇਣੀ ਚਾਹੀਦੀ ਹੈ, ਜੋ ਕਿ ਬਿਨਾਂ ਰੁਕਾਵਟ ਵਪਾਰ ਅਤੇ ਆਵਾਜਾਈ 'ਤੇ ਨਿਰਭਰ ਹੈ। ਸੰਧਵਾਂ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਨੇ ਹਮੇਸ਼ਾ ਕਿਸਾਨਾਂ ਦਾ ਸਮਰਥਨ ਕੀਤਾ ਹੈ ਅਤੇ ਅੱਗੇ ਵੀ ਬੇਇਨਸਾਫ਼ੀ ਵਾਲੀਆਂ ਕੇਂਦਰੀ ਨੀਤੀਆਂ ਵਿਰੁੱਧ ਉਨ੍ਹਾਂ ਦੀ ਲੜਾਈ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਰਹੇਗੀ। ਉਨ੍ਹਾਂ ਪ੍ਰਦਰਸ਼ਨਕਾਰੀਆਂ ਨੂੰ ਕੇਂਦਰ ਸਰਕਾਰ ਵਿਰੁੱਧ ਇੱਕਜੁੱਟ ਹੋਣ ਦੀ ਅਪੀਲ ਕੀਤੀ ਅਤੇ ਇਹ ਯਕੀਨੀ ਬਣਾਉਣ ਨੂੰ ਕਿਹਾ ਕਿ ਪੰਜਾਬ ਦੀ ਤਰੱਕੀ ਅਤੇ ਰੋਜ਼ੀ-ਰੋਟੀ ਵਿੱਚ ਵਿਘਨ ਨਾ ਪਵੇ।

# ਗੁਰੂ ਤੇਗ ਬਹਾਦਰ ਦੇ ਸ਼ਹੀਦੀ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ ਭਲਕੇ

**ਫਗਵਾੜਾ ( ਜਸਵਿੰਦਰ ਢੱਡਾ )** ਸਮੂਹ ਸਾਧ ਸੰਗਤ ਫਗਵਾੜਾ ਇਲਾਕਾ ਨਿਵਾਸੀਆਂ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਅਤੇ ਬਰਸੀ ਸਬੰਧੀ ਸ੍ਰੀਮਾਨ 108 ਸੰਤ ਬਾਬਾ ਬਸੰਤ ਸਿੰਘ , ਸ੍ਰੀਮਾਨ 108 ਸੰਤ ਬਾਬਾ ਗਿਆਨ ਸਿੰਘ , ਸ੍ਰੀਮਾਨ 108 ਸੰਤ ਬਾਬਾ ਹਰਭਜਨ ਸਿੰਘ (ਵਿਰੱਕਤ) ਨਿਰਮਲ ਕੁੱਟੀਆ ਜੌਹਲਾਂ ਸੰਪਰਦਾਇ ਹੋਤੀ ਮਰਦਾਨ ਮਹਾਨ ਗੁਰਮਤਿ ਸਮਾਗਮ 22 ਮਾਰਚ ਨੂੰ ਸਵੇਰੇ 10-30 ਵਜੇ ਤੋਂ ਦੁਪਹਿਰ 2-00 ਵਜੇ ਤੱਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ,ਮਾਡਲ ਟਾਊਨ ਫਗਵਾੜਾ ਵਿਖੇ ਕਰਵਾਇਆ ਜਾ ਰਿਹਾ ਹੈ ।ਜਿਸ ਵਿੱਚ ਨਿਰਮਲ ਕੁੱਟੀਆ ਜੌਹਲਾਂ ਦੇ ਮੁੱਖੀ ਸੰਤ ਬਾਬਾ ਜੀਤ ਸਿੰਘ ਉਚੇਚੇ ਤੌਰ ਤੇ ਪਹੁੰਚ ਰਹੇ ਹਨ ।ਇਸ ਮੌਕੇ ਭਾਈ ਸਿਮਰਪ੍ਰੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ, ਪੈਲੀ ਵਾਲਿਆਂ ਦਾ ਪੰਥਕ ਜਥਾ ਭਾਈ ਸੁਰਿੰਦਰ ਸਿੰਘ ਖਾਲਸਾ,ਮਨਪ੍ਰੀਤ ਸਿੰਘ ਪੈਲੀ,ਭਾਈ ਅਜੀਤ ,ਭਾਈ ਮਨਜੀਤ ਸਿੰਘ ਪੈਲੀ ਵਾਲੇ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕਰਨਗੇ ।ਅਟੁੱਟ ਲੰਗਰ ਵਰਤਾਇਆ ਜਾਵੇਗਾ।